ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 113
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 25 April, 2026) ਸ਼ਨੀਵਾਰ, 25 ਅਪ੍ਰੈਲ, 2026, 12 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਸੈਂਸੈਕਸ 772 ਅਤੇ ਨਿਫਟੀ 205 ਅੰਕ ਟੁੱਟਿਆ

ਮੁੰਬਈ, 24 ਅਪ੍ਰੈਲ (ਚ.ਨ.ਸ.): ਸ਼ੁੱਕਰਵਾਰ ਨੂੰ ਕਾਰੋਬਾਰ ਦੇ ਸ਼ੁਰੂਆਤੀ ਘੰਟਿਆਂ ਵਿੱਚ ਭਾਰਤੀ ਸ਼ੇਅਰ ਬਾਜ਼ਾਰ ਅਤੇ ਰੁਪਏ ਵਿੱਚ ਜ਼ਬਰਦਸਤ ਗਿਰਾਵਟ ਦੇਖਣ ਨੂੰ ਮਿਲੀ। ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਵਿਦੇਸ਼ੀ ਨਿਵੇਸ਼ਕਾਂ ਵੱਲੋਂ ਲਗਾਤਾਰ ਪੂੰਜੀ ਕੱਢਣ ਕਾਰਨ ਨਿਵੇਸ਼ਕਾਂ ਵਿੱਚ ਘਬਰਾਹਟ ਦਾ ਮਾਹੌਲ ਹੈ। ਬੀ.ਐਸ.ਈ. ਦਾ ਪ੍ਰਮੁੱਖ ਸੂਚਕ ਅੰਕ ਸੈਂਸੈਕਸ 772 ਅੰਕਾਂ ਦੇ ਵੱਡੇ ਨਿਘਾਰ ਨਾਲ 76,876 'ਤੇ ਆ ਗਿਆ, ਜਦੋਂਕਿ ਐਨ.ਐਸ.ਈ. ਨਿਫਟੀ 205 ਅੰਕ ਡਿੱਗ ਕੇ 23,967 ਦੇ ਪੱਧਰ 'ਤੇ ਕਾਰੋਬਾਰ ਕਰਦਾ ਦੇਖਿਆ (ਬਾਕੀ ਸਫਾ 2 'ਤੇ)

*7 ਸਾਂਸਦਾਂ ਦੇ ਬੀ.ਜੇ.ਪੀ. 'ਚ ਜਾਣ 'ਤੇ ਬੋਲੇ ਮੁੱਖ ਮੰਤਰੀ*

## ਭਾਜਪਾ ਕੱਢੇ, ਵੱਢੇ ਤੇ ਛੱਡੇ ਲੀਡਰਾਂ ਦੀ ਪਾਰਟੀ: ਮਾਨ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 24 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਜਪਾ ਨੂੰ ਇੱਕ ਸਪੱਸ਼ਟ ਸੁਨੇਹਾ ਦਿੰਦਿਆਂ ਕਿਹਾ ਕਿ ਜਦੋਂ ਤੋਂ 'ਬੇਅਦਬੀ' ਵਿਰੁੱਧ ਸਖਤ ਕਾਨੂੰਨ ਬਣਾਏ ਗਏ ਹਨ, ਭਾਜਪਾ ਦੀ ਬੇਚੈਨੀ ਸਪੱਸ਼ਟ ਦਿਖਾਈ ਦੇ ਰਹੀ ਹੈ ਕਿਉਂਕਿ ਭਾਜਪਾ ਪੰਜਾਬ ਦੀਆਂ ਭਾਵਨਾਵਾਂ ਨਾਲ ਜੁੜੇ ਇਸ ਮੁੱਦੇ 'ਤੇ ਪੰਜਾਬ ਸਰਕਾਰ ਦੀ ਫੈਸਲਾਕੁੰਨ ਕਾਰਵਾਈ ਨੂੰ ਸਵੀਕਾਰ ਨਹੀਂ ਕਰ ਪਾ ਰਹੀ। ਉਨ੍ਹਾਂ ਕਿਹਾ ਕਿ ਭਾਜਪਾ, ਜਿਸ ਨੂੰ ਪੰਜਾਬ ਨੇ ਵਾਰ-ਵਾਰ ਨਕਾਰਿਆ ਹੈ, ਸੂਬੇ ਅਤੇ ਆਮ ਆਦਮੀ ਪਾਰਟੀ (ਆਪ) ਪ੍ਰਤੀ ਬਦਲਾਖ਼ੋਰੀ ਤੇ ਦੁਸ਼ਮਣੀ ਵਾਲਾ ਰਵੱਈਆ ਅਪਣਾ ਕੇ ਡਰਾਉਣ-ਧਮਕਾਉਣ, ਲਾਲਚ ਦੇਣ ਅਤੇ ਦਲ-ਬਦਲੀ ਦੇ ਯਤਨਾਂ ਰਾਹੀਂ ਭ੍ਰਿਸ਼ਟਾਚਾਰ ਮੁਕਤ ਆਪ ਸਰਕਾਰ ਨੂੰ ਕਮਜ਼ੋਰ ਕਰਨ ਦੀ ਲਗਾਤਾਰ ਕੋਸ਼ਿਸ਼ ਕਰ ਰਹੀ ਹੈ। ਪਾਰਟੀ ਛੱਡਣ ਵਾਲਿਆਂ ਅਤੇ ਅਜਿਹੇ ਕਦਮ ਚੁੱਕਣ ਲਈ ਮਜਬੂਰ ਕਰਨ ਵਾਲਿਆਂ ਦੀ ਸਖ਼ਤ ਨਿੰਦਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਦਾ ਸਿਆਸੀ ਆਧਾਰ ਨਾਂ ਮਾਤਰ ਹੋਣ ਕਰਕੇ ਉਹ ਅਜਿਹੀਆਂ ਘਟੀਆਂ ਚਾਲਾਂ ਚੱਲ ਰਹੀ ਹੈ ਕਿਉਂਕਿ ਆਪ ਸਰਕਾਰ ਵੱਲੋਂ ਸਕੂਲਾਂ, ਹਸਪਤਾਲਾਂ, ਸੜਕਾਂ ਅਤੇ ਰੋਜ਼ਗਾਰ ਦੇ ਮਾਮਲੇ ਵਿੱਚ ਪ੍ਰਤੱਖ ਸੁਧਾਰਾਂ ਨੇ ਬੀਜੇਪੀ ਤੇ ਹੋਰ ਵਿਰੋਧੀ ਧਿਰਾਂ ਦਾ ਸੰਤੁਲਨ ਪੂਰੀ ਤਰ੍ਹਾਂ ਵਿਗਾੜ ਦਿੱਤਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਆਪ' ਦੀ ਤਾਕਤ ਆਮ ਲੋਕ ਹਨ ਅਤੇ ਸਿਧਾਂਤਕ ਮਾਪਦੰਡ ਤੇ ਕ੍ਰਾਂਤੀਕਾਰੀ ਸੋਚ ਸਾਡੀ ਪਾਰਟੀ ਦਾ ਆਧਾਰ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੂਬੇ ਨਾਲ ਦਗਾ ਕਮਾਉਣ ਵਾਲੇ ਲੋਕਾਂ ਨੂੰ ਪੰਜਾਬ ਦੇ ਵਸਨੀਕਾਂ ਨੇ ਸਦਾ ਜਵਾਬ ਦਿੱਤਾ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਜਿਹੀਆਂ ਘਟੀਆਂ ਚਾਲਾਂ ਨਾਲ ਲੋਕਤੰਤਰੀ ਰਾਜ ਪੰਜਾਬ ਵਿੱਚ ਰਾਜਨੀਤਿਕ ਸਫ਼ਲਤਾ ਹਾਸਲ ਨਹੀਂ ਹੋ ਸਕਦੀ। (ਬਾਕੀ ਸਫਾ 2 'ਤੇ)

# ਰਾਘਵ ਚੱਢਾ, ਅਸ਼ੋਕ ਮਿੱਤਲ ਤੇ ਸੰਦੀਪ ਪਾਠਕ ਵੱਲੋਂ ਭਾਜਪਾ 'ਚ ਸ਼ਾਮਲ ਹੋਣ ਦਾ ਐਲਾਨ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 24 ਅਪ੍ਰੈਲ : ਰਾਘਵ ਚੱਢਾ ਨੇ ਆਮ ਆਦਮੀ ਪਾਰਟੀ ਛੱਡਣ ਦਾ ਐਲਾਨ ਕਰ ਦਿੱਤਾ ਹੈ। ਉਨ੍ਹਾਂ ਨੇ ਦਿੱਲੀ 'ਚ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਦੋ-ਤਿਹਾਈ ਸੰਸਦ ਮੈਂਬਰਾਂ ਨਾਲ ਭਾਜਪਾ 'ਚ ਸ਼ਾਮਲ ਹੋ ਰਿਹਾ ਹਾਂ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਨਾਲ 'ਆਪ' ਦੇ ਕੁਝ ਹੋਰ ਨੇਤਾ ਵੀ ਆਮ ਆਦਮੀ ਪਾਰਟੀ ਛੱਡ ਰਹੇ ਹਨ। ਰਾਘਵ ਚੱਢਾ ਨਾਲ 'ਆਪ' ਦੇ ਕੁਝ ਹੋਰ ਸੰਸਦ ਮੈਂਬਰ ਭਾਜਪਾ 'ਚ ਜਾ ਰਹੇ ਹਨ। ਇਨ੍ਹਾਂ 'ਚ ਅਸ਼ੋਕ ਮਿੱਤਲ ਅਤੇ ਸੰਦੀਪ ਪਾਠਕ ਵੀ ਸ਼ਾਮਲ ਹਨ।

ਰਾਘਵ ਨੇ ਕਿਹਾ, "ਅਸੀਂ ਇਹ ਫ਼ੈਸਲਾ ਕੀਤਾ ਹੈ ਕਿ ਰਾਜ ਸਭਾ 'ਚ 'ਆਪ' ਦੇ ਦੋ ਤਿਹਾਈ ਮੈਂਬਰ, ਭਾਰਤ ਦੇ ਸੰਵਿਧਾਨ ਦੇ ਪ੍ਰਬੰਧਾਂ ਦਾ ਇਸਤੇਮਾਲ ਕਰਦੇ ਹੋਏ ਖੁਦ ਨੂੰ ਭਾਜਪਾ 'ਚ ਮਿਲਾ ਲਵਾਂਗੇ।" ਰਾਘਵ ਚੱਢਾ ਨੇ ਪ੍ਰੈੱਸ ਕਾਨਫਰੰਸ 'ਚ ਦਾਅਵਾ ਕਿਹਾ ਕਿ ਦੋ ਤਿਹਾਈ ਤੋਂ ਵੱਧ ਸੰਸਦ ਮੈਂਬਰ ਇਸ ਮੁਹਿੰਮ 'ਚ ਸਾਡੇ ਨਾਲ ਹਨ, ਉਨ੍ਹਾਂ ਨੇ ਹਸਤਾਖ਼ਰ ਕਰ ਦਿੱਤੇ ਹਨ, ਅੱਜ ਸਵੇਰੇ ਰਾਜ ਸਭਾ ਚੇਅਰਮੈਨ ਨੂੰ ਸਾਰੇ ਦਸਤਾਵੇਜ਼ ਜੋ ਜ਼ਰੂਰੀ ਕਾਗਜ਼ੀ ਕਾਰਵਾਈ ਹੁੰਦੀ ਹੈ, ਜੋ ਸਿਗਨੇਚਰ ਵਾਲੀ ਲੈਟਰ ਹੁੰਦੀ ਹੈ, ਉਸ ਨੂੰ ਸਬਮਿਟ ਕਰ ਦਿੱਤਾ ਹੈ।

ਭਾਜਪਾ 'ਚ ਸ਼ਾਮਲ ਹੋਣ ਵਾਲੇ ਵੱਡੇ ਚਿਹਰਿਆਂ 'ਚ ਸਵਾਤੀ ਮਾਲੀਵਾਲ, ਹਰਭਜਨ ਸਿੰਘ, ਰਾਘਵ ਚੱਢਾ, ਸੰਦੀਪ ਪਾਠਕ, ਅਸ਼ੋਕ ਮਿੱਤਲ, ਵਿਕਰਮਜੀਤ ਸਿੰਘ ਸਾਹਨੀ, ਰਾਜਿੰਦਰ ਗੁਪਤਾ ਸ਼ਾਮਲ ਹਨ।

ਇਸ ਦੌਰਾਨ ਰਾਘਵ ਨੇ ਕਿਹਾ, "ਜਿਸ ਪਾਰਟੀ ਨੂੰ ਮੈਂ ਆਪਣੇ 15 ਸਾਲ ਦਿੱਤੇ, ਉਹ ਆਪਣੇ ਸਿਧਾਂਤਾਂ ਤੋਂ ਭਟਕ ਗਈ ਹੈ। ਹੁਣ ਇਹ ਪਾਰਟੀ ਦੇਸ਼ ਦੇ ਹਿੱਤ 'ਚ ਨਹੀਂ ਹੈ, ਸਗੋਂ ਆਪਣੇ ਨਿੱਜੀ ਫਾਇਦੇ ਲਈ ਕੰਮ ਕਰਦੀ ਹੈ। ਪਿਛਲੇ ਕੁਝ ਸਾਲਾਂ ਤੋਂ, ਮੈਨੂੰ ਇਹ ਮਹਿਸੂਸ ਹੋ ਰਿਹਾ ਹੈ ਕਿ ਮੈਂ ਗਲਤ ਪਾਰਟੀ 'ਚ ਸਹੀ ਆਦਮੀ ਹਾਂ, ਇਸ ਲਈ, ਮੈਂ ਇਹ ਐਲਾਨ ਕਰਦਾ ਹਾਂ ਕਿ ਮੈਂ 'ਆਪ' ਤੋਂ ਖੁਦ ਨੂੰ ਵੱਖ ਕਰ ਰਿਹਾ ਹਾਂ ਅਤੇ ਜਨਤਾ ਦੇ ਕਰੀਬ ਜਾ ਰਿਹਾ ਹਾਂ।

ਉੱਥੇ ਹੀ ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਸੰਜੇ ਸਿੰਘ ਨੇ ਇਕ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਭਾਜਪਾ ਸਾਡੇ ਸੰਸਦ ਮੈਂਬਰਾਂ ਨੂੰ ਤੋੜ ਰਹੀ ਹੈ। ਭਾਜਪਾ ਨੂੰ ਪੰਜਾਬ ਦੀ ਜਨਤਾ ਮੁਆਫ਼ ਨਹੀਂ ਕਰੇਗੀ।

## ਨਿਤਿਨ ਨਬੀਨ ਨੇ ਚੱਢਾ, ਮਿੱਤਲ ਤੇ ਪਾਠਕ ਦਾ ਭਾਜਪਾ 'ਚ ਕੀਤਾ ਸੁਆਗਤ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 24 ਅਪ੍ਰੈਲ : ਆਮ ਆਦਮੀ ਪਾਰਟੀ ਨੂੰ ਛੱਡਣ ਦਾ ਐਲਾਨ ਕਰਨ ਮਗਰੋਂ ਰਾਜ ਸਭਾ ਮੈਂਬਰ ਰਾਘਵ ਚੱਢਾ, ਅਸ਼ੋਕ ਮਿੱਤਲ ਅਤੇ ਸੰਦੀਪ ਪਾਠਕ ਆਪਣੇ ਹੋਰ ਸਾਥੀਆਂ ਸਣੇ ਭਾਜਪਾ ਦੇ ਮੁੱਖ ਦਫ਼ਤਰ ਪਹੁੰਚੇ, ਜਿੱਥੇ ਉਨ੍ਹਾਂ ਨੇ ਭਾਜਪਾ ਪ੍ਰਧਾਨ ਨਿਤਿਨ ਨਬੀਨ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਨਿਤਿਨ ਨਬੀਨ, ਤਰੁਣ ਚੁਘ ਸਣੇ ਦਫ਼ਤਰ 'ਚ ਮੌਜੂਦ ਪਾਰਟੀ ਦੇ ਵੱਡੇ ਆਗੂਆਂ ਨੇ ਰਾਘਵ ਚੱਢਾ ਸਣੇ ਹੋਰ ਮੈਂਬਰਾਂ ਨੂੰ ਲੱਡੂ ਖੁਆ ਕੇ ਗੁਲਦਸਤੇ ਭੇਟ ਕੀਤੇ। ਇਸ ਦੌਰਾਨ ਇਸ ਤੋਂ ਪਹਿਲਾਂ ਰਾਘਵ ਚੱਢਾ ਨੇ 7 ਮੈਂਬਰਾਂ ਸਣੇ 'ਆਪ' ਨੂੰ ਛੱਡ ਭਾਜਪਾ 'ਚ ਸ਼ਾਮਲ ਹੋਣ ਦੀ ਗੱਲ ਆਖੀ ਸੀ। ਇਨ੍ਹਾਂ 7 ਮੈਂਬਰਾਂ 'ਚ ਰਾਘਵ ਚੱਢਾ, (ਬਾਕੀ ਸਫਾ 2 'ਤੇ)

## ਪੰਜਾਬ ਵਿੱਚ ਬਦਲੇਗਾ ਮੌਸਮ, 26 ਤੋਂ ਤਿੰਨ ਦਿਨ ਪਵੇਗਾ ਮੀਂਹ !

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 24 ਅਪ੍ਰੈਲ :ਪੰਜਾਬ 'ਚ ਪੈ ਰਹੀ ਗਰਮੀ ਤੋਂ ਹੁਣ ਲੋਕਾਂ ਨੂੰ ਥੋੜ੍ਹੀ ਰਾਹਤ ਮਿਲਣ ਵਾਲੀ ਹੈ। ਅਗਲੇ ਦਿਨਾਂ ਵਿਚ ਪੰਜਾਬ ਦੇ ਮੌਸਮ ਵਿਚ ਵੱਡੀ ਤਬਦੀਲੀ ਵੇਖਣ ਨੂੰ ਮਿਲੇਗੀ। ਮੌਸਮ ਵਿਭਾਗ ਵੱਲੋਂ ਅੱਜ ਤੋਂ ਲੈ ਕੇ 28 ਅਪ੍ਰੈਲ ਤੱਕ ਵੱਡੀ ਭਵਿੱਖਬਾਣੀ ਕੀਤੀ ਗਈ ਹੈ। ਇਨ੍ਹਾਂ 5 ਦਿਨਾਂ ਲਈ ਮੌਸਮ ਵਿਭਾਗ ਨੇ ਜਿੱਥੇ ਹੀਟ ਵੇਵ ਅਤੇ ਵਾਰਮ ਨਾਈਟ ਦਾ ਅਲਰਟ ਜਾਰੀ ਕੀਤਾ ਹੈ, ਉਥੇ ਹੀ ਤਿੰਨ ਦਿਨ ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਬਾਰਿਸ਼ ਦੀ ਸੰਭਾਵਨਾ ਵੀ ਜਤਾਈ ਗਈ ਹੈ। ਇਸ ਦੇ ਨਾਲ ਹੀ 30-40 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਅਤੇ ਹਨ੍ਹੇਰੀ-ਤੂਫ਼ਾਨ ਦਾ ਅਲਰਟ ਜਾਰੀ ਕੀਤਾ ਗਿਆ ਹੈ।

ਮੌਸਮ ਵਿਭਾਗ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਮੁਤਾਬਕ 24 ਅਤੇ 25 ਅਪ੍ਰੈਲ ਲਈ ਪੰਜਾਬ ਦੇ ਦੱਖਣੀ ਅਤੇ ਪੱਛਮੀ ਹਿੱਸਿਆਂ ਵਿੱਚ 'ਹੀਟਵੇਵ' (ਲੂ) ਅਤੇ 'ਗਰਮ ਰਾਤਾਂ' ਲਈ 'ਯੈਲੋ ਅਲਰਟ' ਜਾਰੀ ਕੀਤਾ ਹੈ। ਇਸ ਦਾ ਜ਼ਿਆਦਾਤਰ ਅਸਰ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ, ਫਰੀਦਕੋਟ, ਬਠਿੰਡਾ, ਮਾਨਸਾ, ਬਰਨਾਲਾ, ਸੰਗਰੂਰ, ਲੁਧਿਆਣਾ ਅਤੇ ਮੋਗਾ ਵਰਗੇ ਜ਼ਿਲ੍ਹਿਆਂ ਵਿੱਚ (ਬਾਕੀ ਸਫਾ 2 'ਤੇ)

## ਵਿਧਾਇਕ ਪਠਾਣਮਾਜਰਾ ਦੀ ਪਟੀਸ਼ਨ 'ਤੇ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਤੋਂ ਜਵਾਬ ਤਲਬ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.): ਪੰਜਾਬ ਦੇ ਸਨੌਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੀ ਪਟੀਸ਼ਨ 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਤਲਬ ਕੀਤਾ ਹੈ। ਅਦਾਲਤ ਨੇ ਰਾਜ ਸਰਕਾਰ ਤੋਂ ਪੁੱਛਿਆ ਹੈ ਕਿ ਪਟੀਸ਼ਨਰ ਵੱਲੋਂ ਉਠਾਏ ਗਏ ਗੰਭੀਰ ਦੋਸ਼ਾਂ 'ਤੇ ਉਸ ਦਾ ਕੀ ਪੱਖ ਹੈ। ਪਟੀਸ਼ਨ ਵਿੱਚ ਪਠਾਣਮਾਜਰਾ ਨੇ ਖ਼ਦਸ਼ਾ ਪ੍ਰਗਟਾਇਆ ਹੈ ਕਿ ਉਨ੍ਹਾਂ ਨੂੰ ਲਗਾਤਾਰ ਨਵੇਂ ਮਾਮਲਿਆਂ ਵਿੱਚ ਫਸਾਇਆ ਜਾ ਸਕਦਾ ਹੈ। ਉਨ੍ਹਾਂ ਦੇ ਵਕੀਲ ਦੀਪਿੰਦਰ ਸਿੰਘ ਵਿਰਕ ਨੇ ਅਦਾਲਤ ਨੂੰ ਦੱਸਿਆ ਕਿ ਵਿਧਾਇਕ ਖ਼ਿਲਾਫ਼ ਇਸ ਸਮੇਂ ਦੋ ਐਫ.ਆਈ.ਆਰ. - ਇੱਕ ਜਬਰ ਜਨਾਹ ਅਤੇ ਦੂਜੀ ਮਾਈਨਿੰਗ ਨਾਲ ਸਬੰਧਤ (ਬਾਕੀ ਸਫਾ 2 'ਤੇ)

## ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਲਈ ਵਿਰੋਧੀ ਧਿਰ ਦੇ 73 ਸਾਂਸਦਾਂ ਵੱਲੋਂ ਪ੍ਰਸਤਾਵ ਨੋਟਿਸ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 24 ਅਪ੍ਰੈਲ :ਵਿਰੋਧੀ ਧਿਰ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ ਨੂੰ ਲੈ ਕੇ ਇਕ ਵਾਰ ਮੁੜ ਰਾਜ ਸਭਾ 'ਚ ਰਸਮੀ ਪਹਿਲ ਕੀਤੀ ਹੈ। ਵਿਰੋਧੀ ਧਿਰ ਦੇ 73 ਸੰਸਦ ਮੈਂਬਰਾਂ ਨੇ ਰਾਜ ਸਭਾ ਦੇ ਜਨਰਲ ਸਕੱਤਰ ਨੂੰ ਪ੍ਰਸਤਾਵ ਦਾ ਨੋਟਿਸ ਸੌਂਪਿਆ ਹੈ, ਜਿਨ੍ਹਾਂ 'ਚ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਨੂੰ ਹਟਾਉਣ ਦੀ ਮੰਗ ਕੀਤੀ ਗਈ ਹੈ। ਇਹ ਨੋਟਿਸ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਸੰਚਾਰ ਵਿਭਾਗ ਦੇ ਇੰਚਾਰਜ ਜੈਰਾਮ ਰਮੇਸ਼ ਅਤੇ ਤ੍ਰਿਣਮੂਲ ਕਾਂਗਰਸ ਦੀ ਸੰਸਦ ਮੈਂਬਰ ਸਾਗਰਿਕਾ ਘੋਸ਼ ਨੇ ਪੇਸ਼ ਕੀਤਾ ਹੈ। ਫਿਲਹਾਲ ਇਹ ਪ੍ਰਸਤਾਵ ਸਿਰਫ਼ ਰਾਜ ਸਭਾ 'ਚ ਹੀ ਦਾਖ਼ਲ ਕੀਤਾ ਗਿਆ ਹੈ। ਜੈਰਾਮ ਰਮੇਸ਼ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਪ੍ਰਸਤਾਵ 'ਚ ਮੁੱਖ ਚੋਣ ਕਮਿਸ਼ਨਰ ਖ਼ਿਲਾਫ਼ ਕੁੱਲ 9 ਗੰਭੀਰ ਦੋਸ਼ ਲਗਾਏ ਗਏ ਹਨ, ਜਿਨ੍ਹਾਂ ਨੂੰ ਵਿਸਥਾਰ ਨਾਲ ਦਸਤਾਵੇਜ਼ੀ ਰੂਪ ਦਿੱਤਾ ਗਿਆ ਹੈ। ਉਨ੍ਹਾਂ ਅਨੁਸਾਰ, ਇਹ ਦੋਸ਼ 15 ਮਾਰਚ, 2026 ਤੋਂ ਬਾਅਦ ਕੀਤੇ ਗਏ ਕੰਮਾਂ ਅਤੇ ਲਾਪਰਵਾਹੀਆਂ ਨਾਲ ਜੁੜਿਆ ਹੈ, ਜਿਨ੍ਹਾਂ ਨੂੰ ਸੰਵਿਧਾਨ ਦੀ ਧਾਰਾ 324 (5) ਅਤੇ ਧਾਰਾ 124 (4) ਦੇ ਅਧੀਨ 'ਸਾਬਤ ਦੁਰਵਿਵਹਾਰ' ਮੰਨਿਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਪ੍ਰਸਤਾਵ ਮੁੱਖ ਚੋਣ ਕਮਿਸ਼ਨਰ ਅਤੇ ਹੋਰ ਚੋਣ ਕਮਿਸ਼ਨਰ (ਨਿਯੁਕਤੀ, ਸੇਵਾ ਸ਼ਰਤਾਂ ਅਤੇ ਕਾਰਜਕਾਲ) ਐਕਟ, 2023' ਅਤੇ ਜੱਜ (ਜਾਂਚ) ਐਕਟ, 1968' ਦੇ ਪ੍ਰਬੰਧਾਂ ਦੇ ਅਧੀਨ ਲਿਆਂਦਾ ਗਿਆ ਹੈ। ਜੈਰਾਮ ਰਮੇਸ਼ ਨੇ ਮੁੱਖ ਚੋਣ ਕਮਿਸ਼ਨਰ ਦੇ ਅਹੁਦੇ 'ਤੇ ਬਣੇ ਰਹਿਣ ਨੂੰ ਸੰਵਿਧਾਨ 'ਤੇ ਹਮਲਾ ਦੱਸਦੇ ਹੋਏ ਕਿਹਾ ਕਿ ਇਹ ਸਥਿਤੀ ਲੋਕਤੰਤਰੀ ਸੰਸਥਾਵਾਂ ਦੇ ਮਾਣ ਖ਼ਿਲਾਫ਼ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮੁੱਖ ਚੋਣ ਕਮਿਸ਼ਨਰ ਸਰਕਾਰ ਦੇ ਦਬਾਅ 'ਚ ਕੰਮ ਕਰ ਰਹੇ ਹਨ, ਜੋ ਬੇਹੱਦ ਚਿੰਤਾਜਨਕ ਹੈ। ਹੁਣ ਇਸ ਨੋਟਿਸ 'ਤੇ ਅੱਗੇ ਦੀ ਕਾਰਵਾਈ ਰਾਜ ਸਭਾ ਦੇ ਸਪੀਕਰ ਦੇ ਫੈਸਲੇ 'ਤੇ ਨਿਰਭਰ ਕਰੇਗੀ, ਜੋ ਤੈਅ ਕਰਨਗੇ ਕਿ ਇਸ ਪ੍ਰਸਤਾਵ ਨੂੰ ਸਵੀਕਾਰ ਕੀਤਾ ਜਾਵੇ ਜਾਂ ਨਹੀਂ।

*1984 ਸਿੱਖ ਨਸਲਕੁਸ਼ੀ ਮਾਮਲਾ*

## ਸੱਜਣ ਕੁਮਾਰ ਦੀ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਅਰਜ਼ੀ ਰੱਦ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 24 ਅਪ੍ਰੈਲ :1984 ਦੇ ਸਿੱਖ ਨਸਲਕੁਸ਼ੀ ਮਾਮਲੇ ਦੇ ਦੋਸ਼ੀ ਅਤੇ ਸਾਬਕਾ ਕਾਂਗਰਸੀ ਸਾਂਸਦ ਸੱਜਣ ਕੁਮਾਰ ਨੂੰ ਸੁਪਰੀਮ ਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਸੁਪਰੀਮ ਕੋਰਟ ਨੇ ਸੱਜਣ ਕੁਮਾਰ ਦੀ ਅੰਤਰਿਮ ਜ਼ਮਾਨਤ ਪਟੀਸ਼ਨ ਨੂੰ ਖਾਰਜ ਕਰਦੇ ਹੋਏ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ। ਦੱਸ ਦੇਈਏ ਕਿ ਸੱਜਣ ਕੁਮਾਰ ਨੇ ਆਪਣੀ ਵਧਦੀ ਉਮਰ ਅਤੇ ਵਿਗੜਦੀ ਸਿਹਤ ਦਾ ਹਵਾਲਾ ਦਿੰਦੇ ਹੋਏ ਅਦਾਲਤ ਤੋਂ ਅੰਤਰਿਮ ਜ਼ਮਾਨਤ ਦੀ ਮੰਗ ਕੀਤੀ ਸੀ। ਇਸ ਦੌਰਾਨ ਉਸ ਦੇ ਵਕੀਲਾਂ ਨੇ ਤਰਕ ਦਿੱਤਾ ਸੀ ਕਿ ਉਹ ਲੰਬੇ ਸਮੇਂ ਤੋਂ ਜੇਲ੍ਹ ਵਿਚ ਹਨ ਅਤੇ ਕਈ ਬਿਮਾਰੀਆਂ ਨਾਲ ਜੂਝ ਰਹੇ ਹਨ। ਇਸ ਲਈ ਮਨੁੱਖੀ ਆਧਾਰ 'ਤੇ ਉਸ ਨੂੰ ਰਾਹਤ ਦਿੱਤੀ ਜਾਵੇ। ਸੁਪਰੀਮ ਕੋਰਟ ਨੇ ਜ਼ਮਾਨਤ ਦੇਣ ਤੋਂ ਇਨਕਾਰ ਕਰਦੇ ਹੋਏ ਕਿਹਾ ਕਿ ਇਹ ਮਾਮਲਾ ਬਹੁਤ ਗੰਭੀਰ ਅਪਰਾਧਾਂ ਨਾਲ ਜੁੜਿਆ ਹੋਇਆ ਹੈ। ਅਪਰਾਧ ਦੀ ਗੰਭੀਰਤਾ ਨੂੰ ਦੇਖਦੇ ਹੋਏ ਫਿਲਹਾਲ ਕਿਸੇ ਵੀ ਤਰ੍ਹਾਂ ਦੀ ਰਾਹਤ ਦੇਣਾ ਉਚਿਤ ਨਹੀਂ ਹੈ।

## ਕੈਨੇਡਾ 'ਚ ਸਿੱਖ ਬਜ਼ੁਰਗ ਨੂੰ ਨਸਲੀ ਨਫ਼ਰਤ ਦਾ ਨਿਸ਼ਾਨਾ ਬਣਾਉਣ ਵਾਲਾ ਕਾਬੂ

ਓਨਟਾਰੀਓ , 24 ਅਪ੍ਰੈਲ (ਚ.ਨ.ਸ.): ਕੈਨੇਡਾ ਦੇ ਓਨਟਾਰੀਓ ਵਿੱਚ ਪੈਂਦੇ ਸ਼ਹਿਰ ਵੁੱਡਸਟਾਕ 'ਚ ਇੱਕ ਸਿੱਖ ਬਜ਼ੁਰਗ ਨਾਲ ਨਸਲੀ ਬਦਸਲੂਕੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਮਗਰੋਂ ਸਿੱਖ ਜਗਤ ਅਤੇ ਸਥਾਨਕ ਭਾਈਚਾਰੇ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪੁਲਿਸ ਨੇ ਇਸ ਸਬੰਧ ਵਿੱਚ ਇੱਕ ਨੌਜਵਾਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਵੁੱਡਸਟਾਕ ਪੁਲਿਸ ਮੁਤਾਬਿਕ ਇਹ ਮੰਦਭਾਗੀ ਘਟਨਾ 22 ਅਪ੍ਰੈਲ ਨੂੰ ਨਾਈਟਸ ਲੇਨ ਸਥਿਤ ਟਰਟਲ ਆਈਲੈਂਡ ਸਕੂਲ ਦੇ ਨੇੜੇ ਵਾਪਰੀ। ਜਾਣਕਾਰੀ ਅਨੁਸਾਰ, ਇੱਕ ਨਕਾਬਪੋਸ਼ ਨੌਜਵਾਨ ਨੇ ਬਿਨਾਂ ਕਿਸੇ ਉਕਸਾਵੇ ਦੇ ਫੁੱਟਪਾਥ 'ਤੇ ਜਾ ਰਹੇ ਸਿੱਖ ਬਜ਼ੁਰਗ ਨੂੰ ਨਿਸ਼ਾਨਾ ਬਣਾਇਆ। ਮੁਲਜ਼ਮ ਨੇ ਨਾ ਸਿਰਫ਼ ਬਜ਼ੁਰਗ (ਬਾਕੀ ਸਫਾ 2 'ਤੇ)

## ਈਰਾਨ 'ਚ ਵਧ ਰਹੇ ਤਣਾਅ ਦੇ ਮੱਦੇਨਜ਼ਰ ਭਾਰਤ ਵੱਲੋਂ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 24 ਅਪ੍ਰੈਲ :ਭਾਰਤ ਸਰਕਾਰ ਨੇ ਈਰਾਨ ਵਿੱਚ ਵਧ ਰਹੇ ਖੇਤਰੀ ਤਣਾਅ ਦੇ ਮੱਦੇਨਜ਼ਰ ਆਪਣੇ ਨਾਗਰਿਕਾਂ ਲਈ ਇੱਕ ਨਵੀਂ ਟ੍ਰੈਵਲ ਐਡਵਾਈਜ਼ਰੀ ਜਾਰੀ ਕੀਤੀ ਹੈ। ਵੀਰਵਾਰ ਨੂੰ ਜਾਰੀ ਕੀਤੇ ਗਏ ਇਸ ਪਰਾਮਰਸ਼ ਵਿੱਚ ਭਾਰਤੀ ਨਾਗਰਿਕਾਂ ਨੂੰ ਸਖ਼ਤ ਹਦਾਇਤ ਕੀਤੀ ਗਈ ਹੈ ਕਿ ਉਹ ਫਿਲਹਾਲ ਈਰਾਨ ਦੀ ਯਾਤਰਾ ਕਰਨ ਤੋਂ ਗੁਰੇਜ਼ ਕਰਨ। ਤਹਿਰਾਨ ਸਥਿਤ ਭਾਰਤੀ ਦੂਤਾਵਾਸ ਨੇ ਆਪਣੇ ਤਾਜ਼ਾ ਬਿਆਨ ਵਿੱਚ ਕਿਹਾ ਹੈ ਕਿ ਖੇਤਰੀ ਤਣਾਅ ਕਾਰਨ ਹਵਾਈ ਖੇਤਰ 'ਤੇ ਲਗਾਈਆਂ ਗਈਆਂ ਪਾਬੰਦੀਆਂ ਅਤੇ ਸੰਚਾਲਨ ਸਬੰਧੀ ਅਨਿਸ਼ਚਿਤਤਾਵਾਂ ਈਰਾਨ ਤੋਂ ਆਉਣ-ਜਾਣ ਵਾਲੀਆਂ ਅੰਤਰਰਾਸ਼ਟਰੀ ਉਡਾਣਾਂ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਦੂਤਾਵਾਸ ਨੇ ਸਪੱਸ਼ਟ ਕੀਤਾ ਹੈ ਕਿ ਭਾਵੇਂ ਦੋਵਾਂ ਦੇਸ਼ਾਂ ਵਿਚਾਲੇ ਕੁਝ ਉਡਾਣਾਂ ਦੇ ਸੰਚਾਲਨ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ ਪਰ ਸੁਰੱਖਿਆ ਦੇ ਲਿਹਾਜ਼ ਨਾਲ ਭਾਰਤੀ ਨਾਗਰਿਕਾਂ ਨੂੰ ਹਵਾਈ ਜਾਂ ਸੜਕੀ ਮਾਰਗ ਰਾਹੀਂ ਈਰਾਨ ਨਾ ਜਾਣ ਦੀ ਸਲਾਹ ਦਿੱਤੀ ਜਾਂਦੀ ਹੈ। ਦੂਤਾਵਾਸ ਨੇ ਈਰਾਨ ਵਿੱਚ ਮੌਜੂਦ ਸਾਰੇ ਭਾਰਤੀ ਨਾਗਰਿਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ (ਬਾਕੀ ਸਫਾ 2 'ਤੇ)

## ਭਾਰਤ ਨੇ ਟਰੰਪ ਦੀ 'ਨਰਕ' ਵਾਲੀ ਟਿੱਪਣੀ ਨੂੰ ਦਿੱਤਾ ਘਟੀਆ ਸੋਚ ਦਾ ਪ੍ਰਤੀਕ ਕਰਾਰ

ਨਵੀਂ ਦਿੱਲੀ, 24 ਅਪ੍ਰੈਲ (ਚ.ਨ.ਸ.):ਭਾਰਤ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਗਈ ਇੱਕ ਵਿਵਾਦਤ ਪੋਸਟ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਸ ਪੋਸਟ ਵਿੱਚ ਭਾਰਤ ਅਤੇ ਕੁਝ ਹੋਰ ਦੇਸ਼ਾਂ ਲਈ 'ਨਰਕ' ਵਰਗੇ ਇਤਰਾਜ਼ਯੋਗ ਸ਼ਬਦਾਂ ਦੀ ਵਰਤੋਂ ਕੀਤੀ ਗਈ ਸੀ। ਭਾਰਤ ਨੇ ਇਸ ਟਿੱਪਣੀ ਨੂੰ 'ਘਟੀਆ ਸੂਝ-ਬੂਝ' ਵਾਲੀ ਅਤੇ 'ਅਣਉਚਿਤ' ਕਰਾਰ ਦਿੱਤਾ ਹੈ। ਇਹ ਸਾਰਾ ਵਿਵਾਦ ਅਮਰੀਕੀ ਰੇਡੀਓ ਹੋਸਟ ਮਾਈਕਲ ਸੇਵੇਜ ਵੱਲੋਂ ਜਨਮ ਦੇ ਅਧਾਰ (ਬਾਕੀ ਸਫਾ 2 'ਤੇ)

## ਅਰਬਪਤੀਆਂ ਦੇ ਮਾਮਲੇ 'ਚ ਭਾਰਤ ਤੀਜੇ ਨੰਬਰ 'ਤੇ

ਨਵੀਂ ਦਿੱਲੀ,24 ਅਪ੍ਰੈਲ (ਚ.ਨ.ਸ.):ਦੇਸ਼ ਵਿਚ ਤਕਨਾਲੋਜੀ, ਉਦਯੋਗਿਕ ਖੇਤਰਾਂ ਅਤੇ ਪੂੰਜੀ ਬਾਜ਼ਾਰਾਂ ਵਿਚ ਦੌਲਤ ਸਿਰਜਣ ਨਾਲ 2031 ਤਕ ਉੱਚ-ਨੈੱਟ-ਵਰਥ ਵਾਲੇ ਵਿਅਕਤੀਆਂ ਦੀ ਗਿਣਤੀ 25,217 ਅਤੇ ਅਰਬਪਤੀਆਂ ਦੀ ਗਿਣਤੀ 313 ਹੋਣ ਦਾ ਅਨੁਮਾਨ ਹੈ। ਅਲਟਰਾ-ਹਾਈ ਨੈੱਟ-ਵਰਥ ਵਾਲੇ ਵਿਅਕਤੀ (ਯੂਐਚਐਨਡਬਲਿਊਆਈ) ਉਹ ਹੁੰਦੇ ਹਨ ਜਿਨ੍ਹਾਂ ਦੀ ਕੁਲ ਜਾਇਦਾਦ 3 ਕਰੋੜ ਡਾਲਰ ਜਾਂ ਇਸ ਤੋਂ ਵੱਧ ਹੁੰਦੀ ਹੈ।ਵਰਤਮਾਨ ਵਿਚ, ਭਾਰਤ ਵਿਚ ਅਜਿਹੇ 19,877 ਵਿਅਕਤੀ ਹਨ, ਜਦੋਂ ਕਿ ਅਰਬਪਤੀਆਂ ਦੀ ਗਿਣਤੀ 207 ਹੈ। ਰੀਅਲ ਅਸਟੇਟ ਸਲਾਹਕਾਰ ਨਾਈਟ ਫ਼ਰੈਂਕ ਨੇ ਅਪਣੀ 'ਦ ਵੈਲਥ ਰਿਪੋਰਟ 2026' ਵੀਰਵਾਰ ਨੂੰ ਜਾਰੀ ਕੀਤੀ। ਇਸ ਵਿਚ ਕਿਹਾ ਗਿਆ ਹੈ ਕਿ ਵਿਸ਼ਵਵਿਆਪੀ ਅਨਿਸ਼ਚਿਤਤਾਵਾਂ, ਵਧਦੀਆਂ ਵਿਆਜ (ਬਾਕੀ ਸਫਾ 2 'ਤੇ)

## ਸਮਾਣਾ ਮੋਰਚਾ ਸਮਾਪਤ, ਭਾਈ ਗੁਰਜੀਤ ਸਿੰਘ ਖ਼ਾਲਸਾ ਟਾਵਰ ਤੋਂ ਉਤਰੇ

**ਵਿਜੇ ਕੁਮਾਰ/ਜਵੰਦਾ/ ਸੁਖਜਿੰਦਰ ਸਿੰਘ ਕੁਲਾਰਾਂ/ ਅਮਿਤ**



ਸਮਾਣਾ, 24 ਅਪ੍ਰੈਲ :ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਨੇ ਸਮਾਣਾ ਵਿਖੇ ਇੱਕ ਸਾਂਝਾ ਬਚਾਅ ਆਪ੍ਰੇਸ਼ਨ ਚਲਾ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਟਾਵਰ ਤੋਂ ਸੁਰੱਖਿਅਤ ਹੇਠਾਂ ਉਤਾਰ ਲਿਆ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਨਿਗਰਾਨੀ ਹੇਠ ਫਾਇਰ ਬ੍ਰਿਗੇਡ ਟੀਮ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਦੇ ਸਹਿਯੋਗ ਨਾਲ ਇਸ ਬਚਾਅ ਆਪ੍ਰੇਸ਼ਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) 2026 ਕਾਨੂੰਨ ਲਾਗੂ ਕਰਨ ਮਗਰੋਂ ਟਾਵਰ ਮੋਰਚਾ ਸਮਾਣਾ ਨੇ ਭਾਈ ਖਾਲਸਾ ਨੂੰ ਹੇਠ ਉਤਾਰਨ ਲਈ ਪ੍ਰਸ਼ਾਸਨ ਤੱਕ ਪਹੁੰਚ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਮਗਰੋਂ ਪ੍ਰਸ਼ਾਸਨ ਨੇ ਪੰਜਾਬ ਫਾਇਰ ਸਰਵਿਸ ਸਮੇਤ ਵੱਖ-ਵੱਖ ਟੀਮਾਂ ਨੂੰ ਚੌਕਸ ਕਰਦਿਆਂ ਭਾਰਤੀ ਫੌਜ ਤੋਂ ਵੀ ਤਕਨੀਕੀ ਸਹਾਇਤਾ ਲਈ ਹੈ।

ਇਸ ਸਮੁੱਚੇ ਉਪਰੇਸ਼ਨ ਦੀ ਦੇਖਰੇਖ ਕਰ ਰਹੇ ਏਡੀਸੀ (ਜ) ਸਿਮਰਪ੍ਰੀਤ ਕੌਰ, ਐਸ ਪੀ (ਐਚ) ਵੈਭਵ ਚੌਧਰੀ, ਉਪਰੇਸ਼ਨ ਦੇ ਨੋਡਲ ਅਫ਼ਸਰ-ਐਸ ਡੀ ਐਮ (ਬਾਕੀ ਸਫਾ 2 'ਤੇ)

## ਕੇਜਰੀਵਾਲ ਕੇਂਦਰ ਵੱਲੋਂ ਅਲਾਟ ਕੀਤੇ ਬੰਗਲੇ 'ਚ ਹੋਏ ਸ਼ਿਫਟ

ਨਵੀਂ ਦਿੱਲੀ, 24 ਅਪ੍ਰੈਲ (ਚ.ਨ.ਸ.): ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਸ਼ੁੱਕਰਵਾਰ ਨੂੰ ਲੋਧੀ ਐਸਟੇਟ ਦੇ ਬੰਗਲਾ ਨੰਬਰ 95 (ਟਾਈਪ-7) ਵਿੱਚ ਸ਼ਿਫਟ ਹੋ ਗਏ ਹਨ। ਪਾਰਟੀ ਮੁਤਾਬਕ ਕੇਂਦਰ ਸਰਕਾਰ ਨੇ ਉਨ੍ਹਾਂ ਨੂੰ ਇਹ ਸਰਕਾਰੀ ਰਿਹਾਇਸ਼ ਅਲਾਟ ਕੀਤੀ ਹੈ। ਐਕਸ 'ਤੇ ਇੱਕ ਪੋਸਟ ਵਿੱਚ ਕੇਜਰੀਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਵਜੋਂ ਉਨ੍ਹਾਂ ਦੇ ਅਹੁਦੇ ਨੂੰ ਦੇਖਦੇ ਹੋਏ, ਅਦਾਲਤ ਦੇ ਨਿਰਦੇਸ਼ਾਂ ਤੋਂ ਬਾਅਦ ਕੇਂਦਰ ਨੇ ਹਾਲ ਹੀ ਵਿੱਚ ਉਨ੍ਹਾਂ ਨੂੰ ਇਹ ਬੰਗਲਾ ਅਲਾਟ ਕੀਤਾ ਸੀ। ਕੇਜਰੀਵਾਲ ਨੇ ਕਿਹਾ,'ਪਿਛਲੇ ਦਿਨੀਂ ਅਦਾਲਤ ਦੇ ਹੁਕਮਾਂ 'ਤੇ ਕੇਂਦਰ ਸਰਕਾਰ ਨੇ ਮੈਨੂੰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਵਜੋਂ ਇੱਕ ਘਰ ਅਲਾਟ ਕੀਤਾ ਹੈ। ਮੈਂ ਹੁਣ ਆਪਣੇ ਪਰਿਵਾਰ ਸਮੇਤ ਉਸ (ਬਾਕੀ ਸਫਾ 2 'ਤੇ)

## ਨਾਬਾਲ਼ਗ ਨੂੰ ਮਰਜ਼ੀ ਵਿਰੁੱਧ ਗਰਭ ਅਵਸਥਾ ਜਾਰੀ ਰੱਖਣ ਲਈ ਮਜਬੂਰ ਨਹੀਂ ਕਰ ਕੀਤਾ ਜਾ ਸਕਦਾ: ਸੁਪਰੀਮ ਕੋਰਟ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 24 ਅਪ੍ਰੈਲ :ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਇਕ ਅਹਿਮ ਫੈਸਲਾ ਸੁਣਾਉਂਦੇ ਹੋਏ ਇੱਕ 15 ਸਾਲ ਦੀ ਲੜਕੀ ਨੂੰ ਸੱਤ ਮਹੀਨਿਆਂ ਤੋਂ ਵੱਧ ਦੀ ਗਰਭ ਅਵਸਥਾ ਦਾ ਡਾਕਟਰੀ ਤੌਰ 'ਤੇ ਗਰਭਪਾਤ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ। ਅਦਾਲਤ ਨੇ ਟਿੱਪਣੀ ਕੀਤੀ ਕੋਈ ਵੀ ਅਦਾਲਤ ਕਿਸੇ ਔਰਤ, ਖਾਸ ਕਰਕੇ ਨਾਬਾਲਗ ਨੂੰ, ਉਸ ਦੀ ਮਰਜ਼ੀ ਦੇ ਵਿਰੁੱਧ ਗਰਭ ਅਵਸਥਾ ਜਾਰੀ ਰੱਖਣ ਲਈ ਮਜਬੂਰ ਨਹੀਂ ਕਰ ਸਕਦੀ। ਜੱਜ ਬੀ.ਵੀ. ਨਾਗਰਤਨਾ ਅਤੇ ਉੱਜਲ ਭੂਯਾਨ ਦੇ ਬੈਂਚ ਨੇ ਕਿਹਾ ਕਿ ਜਨਮ ਲੈਣ ਵਾਲੇ ਬੱਚੇ ਦੀ ਬਜਾਏ ਗਰਭਵਤੀ ਔਰਤ ਦੀ ਪਸੰਦ ਜ਼ਿਆਦਾ ਮਹੱਤਵਪੂਰਨ ਹੈ। ਬੈਂਚ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੀ ਗਰਭ ਅਵਸਥਾ ਨੂੰ ਜਾਰੀ ਰੱਖਣ ਨਾਲ ਨਾਬਾਲਗ ਦੀ ਮਾਨਸਿਕ ਸਿਹਤ, ਪੜ੍ਹਾਈ, ਸਮਾਜਿਕ ਰੁਤਬੇ ਅਤੇ ਸਮੁੱਚੇ ਵਿਕਾਸ 'ਤੇ ਲੰਮੇ ਸਮੇਂ ਤੱਕ ਪ੍ਰਭਾਵ ਪੈ ਸਕਦੇ ਹਨ। ਸੁਪਰੀਮ ਕੋਰਟ ਨੇ ਕਿਹਾ ਕਿ ਇੱਕ ਔਰਤ ਦੇ ਆਪਣੇ ਸਰੀਰ ਅਤੇ ਬੱਚਾ ਪੈਦਾ ਕਰਨ ਸਬੰਧੀ ਫੈਸਲੇ ਲੈਣ ਦੀ ਆਜ਼ਾਦੀ ਨੂੰ ਸਭ ਤੋਂ ਵੱਧ ਅਹਿਮੀਅਤ ਦਿੱਤੀ ਜਾਣੀ ਚਾਹੀਦੀ ਹੈ। ਅਦਾਲਤ ਮੁਤਾਬਕ ਜੇਕਰ ਕਿਸੇ ਔਰਤ ਨੂੰ ਅਣਚਾਹੇ ਗਰਭ ਨੂੰ ਜਾਰੀ ਰੱਖਣ ਲਈ ਮਜਬੂਰ ਕੀਤਾ ਜਾਂਦਾ ਹੈ, ਤਾਂ ਇਹ ਉਸ ਦੇ ਸੰਵਿਧਾਨਕ ਹੱਕਾਂ ਦਾ (ਬਾਕੀ ਸਫਾ 2 'ਤੇ)

*ਆਮ ਆਦਮੀ ਦੀ ਬਗ਼ਾਵਤ*

## ਪੰਜਾਬ 'ਚ ਤਿੰਨ ਦਰਜਨ ਤੋਂ ਵੱਧ ਐਮ.ਐਲ.ਏ. ਬਦਲ ਸਕਦੇ ਨੇ ਪਾਲਾ

➤ ਪੰਜਾਬ 'ਚ ਭਾਜਪਾ ਖੋਲ੍ਹੇਗੀ ਆਪਣੇ ਸਾਰੇ ਦਰਵਾਜ਼ੇ ➤ 'ਆਪ' ਲਈ ਇਹ ਸਭ ਤੋਂ ਵੱਡੀ ਕਸੌਟੀ ਦਾ ਸਮਾਂ

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਅੱਜ ਪੰਜਾਬ ਦੀ ਸਿਆਸਤ ਇਸ ਵੇਲੇ ਇਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਹਰ ਖ਼ਬਰ ਸਿਰਫ਼ ਖ਼ਬਰ ਨਹੀਂ ਰਹਿੰਦੀ, ਸਗੋਂ ਸੱਤਾ ਦੇ ਭਵਿੱਖ ਦਾ ਸੰਕੇਤ ਬਣ ਜਾਂਦੀ ਹੈ। ਦਿੱਲੀ ਦੇ ਰਾਜਨੀਤਿਕ ਸੂਤਰਾਂ ਤੋਂ ਆ ਰਹੀ ਇਹ ਚਰਚਾ ਕਿ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰਾਂ ਦੀ ਟੁੱਟ ਨਾਲ ਪੰਜਾਬ ਦੇ ਚਾਰ ਤੋਂ ਪੰਜ ਦਰਜਨ ਵਿਧਾਇਕ ਵੀ ਬਗਾਵਤ ਦੇ ਰਾਹ 'ਤੇ ਹੋ ਸਕਦੇ ਹਨ, ਸਿਰਫ਼ ਇੱਕ ਅਫ਼ਵਾਹ ਨਹੀਂ—ਇਹ ਪੰਜਾਬ ਸਰਕਾਰ ਲਈ ਵੱਡੀ ਖ਼ਤਰੇ ਦੀ ਘੰਟੀ ਹੈ।

ਜੇ ਇਹ ਸੰਕੇਤ ਸੱਚਾਈ ਦਾ ਰੂਪ ਲੈਂਦਾ ਹੈ, ਤਾਂ ਇਹ ਸਿਰਫ਼ ਪਾਰਟੀ ਦੀ ਟੁੱਟ ਨਹੀਂ ਰਹੇਗੀ, ਸਗੋਂ ਭਗਵੰਤ ਮਾਨ ਸਰਕਾਰ ਦੀ ਸਥਿਰਤਾ 'ਤੇ ਸਿੱਧਾ ਹਮਲਾ ਹੋਵੇਗਾ। ਪੰਜਾਬ ਵਿੱਚ ਆਪ ਦੀ ਸਰਕਾਰ ਭਾਰੀ ਬਹੁਮਤ ਨਾਲ ਬਣੀ ਸੀ, ਪਰ ਰਾਜਨੀਤੀ ਵਿੱਚ ਬਹੁਮਤ ਦਾ ਅਰਥ ਸਿਰਫ਼ ਗਿਣਤੀ ਨਹੀਂ ਹੁੰਦਾ—ਭਰੋਸਾ, ਨਿਯੰਤਰਣ ਅਤੇ ਅੰਦਰੂਨੀ ਇਕਜੁੱਟਤਾ ਵੀ ਉਤਨੀ ਹੀ ਜ਼ਰੂਰੀ ਹੁੰਦੀ ਹੈ।

ਰਾਘਵ ਚੱਢਾ ਵਰਗੇ ਵੱਡੇ ਚਿਹਰਿਆਂ ਦਾ ਜਾਣਾ ਪਹਿਲਾਂ ਹੀ ਇਹ ਸੰਦੇਸ਼ ਦੇ ਚੁੱਕਾ ਹੈ ਕਿ ਪਾਰਟੀ ਦੇ ਅੰਦਰ ਸਭ ਕੁਝ ਠੀਕ ਨਹੀਂ। ਜਦੋਂ ਉੱਪਰਲੇ ਪੱਧਰ 'ਤੇ ਅਸੰਤੁਸ਼ਟੀ ਖੁੱਲ੍ਹ ਕੇ ਸਾਹਮਣੇ ਆਉਂਦੀ ਹੈ, ਤਾਂ ਹੇਠਲੇ ਪੱਧਰ 'ਤੇ ਬੈਠੇ ਵਿਧਾਇਕ ਵੀ ਆਪਣੇ ਭਵਿੱਖ ਦੀ ਗਿਣਤੀ ਕਰਨ ਲੱਗਦੇ ਹਨ। ਖ਼ਾਸ ਕਰਕੇ ਉਹ ਨੇਤਾ ਜੋ ਟਿਕਟ, ਮੰਤਰੀਪਦ ਜਾਂ ਰਾਜਨੀਤਿਕ ਸੁਰੱਖਿਆ ਨੂੰ ਲੈ ਕੇ ਅਸੰਤੁਸ਼ਟ ਹਨ, ਉਹ ਨਵੇਂ ਠਿਕਾਣੇ ਦੀ ਭਾਲ ਵਿੱਚ ਤੇਜ਼ੀ ਨਾਲ ਹਿਲਦੇ ਹਨ।

ਅੱਜ ਭਾਜਪਾ ਲਈ ਇਹ ਮੌਕਾ ਸੋਨੇ ਵਰਗਾ ਹੈ। ਪੰਜਾਬ ਵਿੱਚ ਆਪਣਾ ਵੱਡਾ ਜਨ ਆਧਾਰ ਨਾ ਹੋਣ ਦੇ ਬਾਵਜੂਦ, ਜੇ ਉਹ ਆਪ ਦੇ ਅੰਦਰੋਂ ਹੀ ਚਿਹਰੇ ਖਿੱਚ ਲੈਂਦੀ ਹੈ, ਤਾਂ ਉਹ ਬਿਨਾਂ ਵੱਡੀ ਜਨਲਹਿਰ ਦੇ ਵੀ ਸਿਆਸੀ ਜ਼ਮੀਨ ਤਿਆਰ ਕਰ ਸਕਦੀ ਹੈ। ਇਹ ਸਿਰਫ਼ ਦਲ-ਬਦਲ ਨਹੀਂ, ਇਹ ਮਨੋਵਿਗਿਆਨਕ ਜੰਗ ਹੈ—ਵੋਟਰ ਨੂੰ ਇਹ ਦਿਖਾਉਣਾ ਕਿ ਆਪ ਹੁਣ ਡੁੱਬਦੀ ਕਿਸ਼ਤੀ ਹੈ।

ਅੱਜ ਭਗਵੰਤ ਮਾਨ ਲਈ ਇਹ ਸਭ ਤੋਂ ਵੱਡੀ ਕਸੌਟੀ ਦਾ ਸਮਾਂ ਹੈ। ਉਹਨਾਂ ਨੂੰ ਹੁਣ ਸਿਰਫ਼ ਵਿਰੋਧੀਆਂ ਨਾਲ ਨਹੀਂ, (ਬਾਕੀ ਸਫਾ 2 'ਤੇ)

## ਮੋਦੀ ਨੇ ਕੋਲਕਾਤਾ 'ਚ ਹੁਗਲੀ ਨਦੀ ਵਿੱਚ ਕਿਸ਼ਤੀ ਦੀ ਸਵਾਰੀ ਦੌਰਾਨ ਕੀਤੀ ਫ਼ੋਟੋਗ੍ਰਾਫ਼ੀ



**ਚੜ੍ਹਦੀਕਲਾ ਬਿਊਰੋ**

ਕੋਲਕਾਤਾ,24 ਅਪ੍ਰੈਲ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਪੱਛਮੀ ਬੰਗਾਲ ਵਿਚ ਹੁਗਲੀ ਨਦੀ 'ਚ ਕਿਸ਼ਤੀ ਦੀ ਸਵਾਰੀ ਕੀਤੀ। ਸਵਾਰੀ ਦੌਰਾਨ, ਉਨ੍ਹਾਂ ਨੇ ਕੁਝ ਫੋਟੋਆਂ ਵੀ ਖਿੱਚੀਆਂ। ਇਸ ਦੌਰਾਨ ਉਨ੍ਹਾਂ ਨੇ ਕਿਸ਼ਤੀ ਚਾਲਕਾਂ ਨਾਲ ਗੱਲਬਾਤ ਵੀ ਕੀਤੀ। ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਕਿਸ਼ਤੀ ਯਾਤਰਾ ਦੀਆਂ ਫੋਟੋਆਂ ਸਾਂਝੀਆਂ ਕੀਤੀਆਂ। ਉਨ੍ਹਾਂ ਲਿਖਿਆ, 'ਹਰ ਬੰਗਾਲੀ ਲਈ ਗੰਗਾ ਦਾ ਬਹੁਤ ਖਾਸ ਸਥਾਨ ਹੈ। ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਗੰਗਾ ਬੰਗਾਲ ਦੀ ਆਤਮਾ ਵਿੱਚ ਵਗਦੀ ਹੈ। ਹੁਗਲੀ ਦੇ ਕੰਢੇ, ਮੈਂ ਪੱਛਮੀ ਬੰਗਾਲ ਦੇ ਵਿਕਾਸ ਅਤੇ (ਬਾਕੀ ਸਫਾ 2 'ਤੇ)

# 'ਆਪ' ਵਿੱਚ ਬ਼ਗਾਵਤ ਪੰਜਾਬ ਸਰਕਾਰ ਲਈ ਖ਼ਤਰੇ ਦੀ ਘੰਟੀ

**➤ 'ਆਪ' ਦੀ ਟੁੱਟ ਜਾਂ ਪੰਜਾਬ ਦੀ ਸਿਆਸਤ ਦਾ ਨਵਾਂ ਅਧਿਆਇ? ➤ ਪੰਜਾਬ ਦੀ ਰਾਜਨੀਤੀ ਇੱਕ ਨਵੇਂ ਮੋੜ 'ਤੇ ਖੜ੍ਹੀ ਹੈ ➤2027-'ਆਪ' ਲਈ ਹੁਣ ਸਿਰਫ਼ ਚੋਣ ਨਹੀਂ, ਅਸਤਿਤਵ ਦੀ ਲੜਾਈ**

ਪ੍ਰੋ.ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

====================

ਆਮ ਆਦਮੀ ਪਾਰਟੀ ਵਿੱਚ ਅੱਜ ਜੋ ਬਗਾਵਤ ਹੋਈ ਹੈ।ਉਸਨੇ ਪੰਜਾਬ ਦੀ ਰਾਜਨੀਤੀ ਦਾ ਵੀ ਚਿਹਰਾ ਬਦਲ ਦਿੱਤਾ ਹੈ।

ਭਾਰਤੀ ਰਾਜਨੀਤੀ ਦੇ ਮੰਚ 'ਤੇ ਅੱਜ ਜੋ ਦ੍ਰਿਸ਼ ਉੱਭਰਿਆ ਹੈ, ਉਹ ਸਿਰਫ਼ ਇੱਕ ਪਾਰਟੀ ਦੇ ਅੰਦਰੂਨੀ ਬਗਾਵਤ ਦੀ ਖ਼ਬਰ ਨਹੀਂ, ਸਗੋਂ ਪੰਜਾਬ ਦੀ ਰਾਜਨੀਤੀ ਦੇ ਭਵਿੱਖ ਨੂੰ ਹਿਲਾ ਦੇਣ ਵਾਲਾ ਸੰਕੇਤ ਹੈ।

ਅੱਜ ਆਮ ਆਦਮੀ ਪਾਰਟੀ, ਜਿਸ ਨੇ ਆਪਣੇ ਆਪ ਨੂੰ ਇੱਕ ਸਮੇਂ ਵਿਕਲਪ ਅਤੇ ਇਮਾਨਦਾਰ ਰਾਜਨੀਤੀ ਦਾ ਪ੍ਰਤੀਕ ਦੱਸਿਆ ਸੀ, ਅੱਜ ਆਪਣੇ ਹੀ ਘਰ ਦੀਆਂ ਦਰਾਰਾਂ ਨਾਲ ਜੂਝਦੀ ਦਿਖਾਈ ਦੇ ਰਹੀ ਹੈ। ਰਾਘਵ ਚੱਢਾ ਸਮੇਤ ਰਾਜ ਸਭਾ ਦੇ ਕਈ ਮੈਂਬਰਾਂ ਦਾ ਭਾਜਪਾ ਵੱਲ ਜਾਣਾ ਕੇਵਲ ਦਲ-ਬਦਲ ਨਹੀਂ, ਇਹ ਉਸ ਵਿਸ਼ਵਾਸ ਦਾ ਹਿੱਲਣਾ ਹੈ, ਜਿਸ 'ਤੇ ਆਪ ਨੇ ਆਪਣੀ ਰਾਜਨੀਤੀ ਦੀ ਇਮਾਰਤ ਖੜ੍ਹੀ ਕੀਤੀ ਸੀ।

ਅੱਜ ਸਵਾਲ ਇਹ ਨਹੀਂ ਕਿ ਕਿੰਨੇ ਮੈਂਬਰ ਗਏ—ਸਵਾਲ ਇਹ ਹੈ ਕਿ ਕੀ ਹੁਣ ਆਪ ਦੀ ਰਾਜਨੀਤਿਕ ਰੂਹ ਵੀ ਖਿਸਕ ਰਹੀ ਹੈ?

ਆਪ ਦਾ ਉਭਾਰ—ਇੱਕ ਸੁਪਨਾ, ਇੱਕ ਭਰੋਸਾ ਸੀ ਸੋ ਅੱਜ ਟੁੱਟ ਗਿਆ ਹੈ।

ਆਮ ਆਦਮੀ ਪਾਰਟੀ ਦਾ ਜਨਮ ਇੱਕ ਆਮ ਰਾਜਨੀਤਿਕ ਪਾਰਟੀ ਵਾਂਗ ਨਹੀਂ ਹੋਇਆ ਸੀ। ਇਹ ਗੁੱਸੇ ਵਿੱਚੋਂ ਨਿੱਕਲੀ ਇੱਕ ਉਮੀਦ ਸੀ। ਅੰਨਾ ਹਜ਼ਾਰੇ ਦੇ ਅੰਦੋਲਨ ਤੋਂ ਉੱਠੀ ਇਹ ਲਹਿਰ ਲੋਕਾਂ ਦੇ ਮਨ ਵਿੱਚ ਇਹ ਭਰੋਸਾ ਲੈ ਕੇ ਆਈ ਸੀ ਕਿ ਰਾਜਨੀਤੀ ਸਿਰਫ਼ ਵੱਡੇ ਘਰਾਂ ਜਾਂ ਪੁਰਾਣੀਆਂ ਪਾਰਟੀਆਂ ਦੀ ਜਾਇਦਾਦ ਨਹੀਂ।

ਅਰਵਿੰਦ ਕੇਜਰੀਵਾਲ ਨੇ ਆਪਣੇ ਆਪ ਨੂੰ ਸਿਸਟਮ ਦੇ ਖ਼ਿਲਾਫ਼ ਖੜ੍ਹੇ ਇੱਕ ਸਾਫ਼-ਸੁਥਰੇ ਚਿਹਰੇ ਵਜੋਂ ਪੇਸ਼ ਕੀਤਾ। ਪੰਜਾਬ ਵਿੱਚ ਵੀ ਇਹੀ ਅ ਕੰਮ ਕਰ ਗਿਆ। ਲੋਕ ਕਾਂਗਰਸ ਤੋਂ ਥੱਕੇ ਹੋਏ ਸਨ, ਅਕਾਲੀ ਦਲ 'ਤੇ ਭਰੋਸਾ ਟੁੱਟ ਚੁੱਕਾ ਸੀ, ਅਤੇ ਭਾਜਪਾ ਦੀ ਜੜ੍ਹ ਪੰਜਾਬ ਵਿੱਚ ਡੂੰਘੀ ਨਹੀਂ ਸੀ। ਐਸੇ ਵੇਲੇ ਆਪ ਇੱਕ ਨਵਾਂ ਸੁਪਨਾ ਲੱਗੀ।



2022 ਵਿੱਚ ਪੰਜਾਬ ਵਿੱਚ ਭਾਰੀ ਬਹੁਮਤ ਨਾਲ ਜਿੱਤ ਕੇ ਆਪ ਨੇ ਸਾਬਤ ਕੀਤਾ ਕਿ ਲੋਕ ਬਦਲਾਅ ਚਾਹੁੰਦੇ ਹਨ। ਪਰ ਇਤਿਹਾਸ ਦੱਸਦਾ ਹੈ—ਜਿੱਤਣਾ ਆਸਾਨ ਹੁੰਦਾ ਹੈ, ਭਰੋਸਾ ਬਚਾਉਣਾ ਮੁਸ਼ਕਲ।ਅੱਜ ਅੰਦਰੂਨੀ ਲੋਕਤੰਤਰ ਦੀ ਕਮੀ—ਦਰਾਰ ਦੀ ਸ਼ੁਰੂਆਤ ਹੈ। ਆਪ ਦੇ ਅੰਦਰ ਜੋ ਸਭ ਤੋਂ ਵੱਡਾ ਇਲਜ਼ਾਮ ਲੰਮੇ ਸਮੇਂ ਤੋਂ ਲੱਗਦਾ ਰਿਹਾ, ਉਹ ਸੀ—ਅੰਦਰੂਨੀ ਲੋਕਤੰਤਰ ਦੀ ਘਾਟ। ਪਾਰਟੀ ਜਿਸ ਨੇ ਲੋਕਤੰਤਰ ਦੀ ਗੱਲ ਕੀਤੀ, ਉਸੇ 'ਤੇ ਦੋਸ਼ ਲੱਗਣ ਲੱਗੇ ਕਿ ਫ਼ੈਸਲੇ ਕੁਝ ਹੱਥਾਂ ਵਿੱਚ ਕੇਂਦਰਿਤ ਹੋ ਗਏ ਹਨ।

ਰਾਘਵ ਚੱਢਾ ਵਰਗੇ ਚਿਹਰੇ, ਜੋ ਪਾਰਟੀ ਦੇ ਸਭ ਤੋਂ ਪੜ੍ਹੇ-ਲਿਖੇ ਅਤੇ ਰਾਸ਼ਟਰੀ ਪੱਧਰ ਦੇ ਸੰਸਦੀ ਚਿਹਰੇ ਸਨ, ਜੇ ਉਹ ਖੁਦ ਇਹ ਕਹਿਣ ਲੱਗਣ ਕਿ ਸਾਨੂੰ ਚੁੱਪ ਕਰ ਦਿੱਤਾ ਗਿਆ, ਤਾਂ ਇਹ ਸਿਰਫ਼ ਨਿੱਜੀ ਸ਼ਿਕਾਇਤ ਨਹੀਂ ਰਹਿੰਦੀ। ਇਹ ਪਾਰਟੀ ਦੇ ਅੰਦਰੂਨੀ ਸੰਚਾਲਨ 'ਤੇ ਵੱਡਾ ਸਵਾਲ ਬਣ ਜਾਂਦਾ ਹੈ।

ਇਹ ਟੁੱਟ ਇੱਕ ਦਿਨ ਵਿੱਚ ਨਹੀਂ ਆਈ। ਇਹ ਲੰਮੇ ਸਮੇਂ ਦੀ ਅਸੰਤੁਸ਼ਟੀ ਦਾ ਨਤੀਜਾ ਹੈ—ਜਿੱਥੇ ਨੇਤਾ ਆਪਣੇ ਆਪ ਨੂੰ ਵਰਤਿਆ ਹੋਇਆ ਮਹਿਸੂਸ ਕਰਨ ਲੱਗੇ, ਨਾ ਕਿ ਸਾਂਝੇਦਾਰ।

ਅੱਜ ਭਾਜਪਾ ਦਾ ਦਾਅ—ਸਿਰਫ਼ ਦਲ-ਬਦਲ ਨਹੀਂ, ਮਨੋਵਿਗਿਆਨਕ ਹਮਲਾ ਵੀ ਹੈ। ਅੱਜ ਭਾਜਪਾ ਦੀ ਰਾਜਨੀਤੀ ਨੂੰ ਜੇ ਇੱਕ ਸ਼ਬਦ ਵਿੱਚ ਸਮਝਣਾ ਹੋਵੇ ਤਾਂ ਉਹ ਹੈ—ਟਾਈਮਿੰਗ।

ਜਦੋਂ ਵਿਰੋਧੀ ਕਮਜ਼ੋਰ ਹੋਵੇ, ਉਦੋਂ ਹਮਲਾ ਸਭ ਤੋਂ ਪ੍ਰਭਾਵਸ਼ਾਲੀ ਹੁੰਦਾ ਹੈ। ਭਾਜਪਾ ਨੇ ਇਹੀ ਕੀਤਾ। ਪੰਜਾਬ ਵਿੱਚ ਉਹ ਸਿੱਧੇ ਤੌਰ 'ਤੇ ਮਜ਼ਬੂਤ ਨਹੀਂ, ਪਰ ਉਸ ਨੇ ਇਹ ਸਮਝ ਲਿਆ ਕਿ ਜੇ ਆਪ ਦੀ ਰੀੜ੍ਹ ਕਮਜ਼ੋਰ ਕਰ ਦਿੱਤੀ ਜਾਵੇ, ਤਾਂ 2027 ਦੀ ਜੰਗ ਦਾ ਮੈਦਾਨ ਬਦਲ ਸਕਦਾ ਹੈ।

ਅੱਜ ਰਾਜ ਸਭਾ ਦੇ ਮੈਂਬਰਾਂ ਨੂੰ ਆਪਣੇ ਨਾਲ ਜੋੜਨਾ ਸਿਰਫ਼ ਗਿਣਤੀ ਦਾ ਖੇਡ ਨਹੀਂ। ਇਹ ਇੱਕ ਸੰਦੇਸ਼ ਹੈ—ਜਿਹੜੇ ਲੋਕ ਆਪ ਦੀ ਨੀਤੀ ਬਣਾਉਂਦੇ ਸਨ, ਉਹ ਵੀ ਹੁਣ ਉਸ ਵਿੱਚ ਭਵਿੱਖ ਨਹੀਂ ਦੇਖ ਰਹੇ। ਅੱਜ ਇਹ ਸੰਦੇਸ਼ ਕਾਰਕੁੰਨਾਂ ਨੂੰ ਵੀ ਜਾਂਦਾ ਹੈ, ਵੋਟਰਾਂ ਨੂੰ ਵੀ, ਅਤੇ ਵਿਰੋਧੀਆਂ ਨੂੰ ਵੀ। ਰਾਜਨੀਤੀ ਵਿੱਚ ਬਕਗਫਕਬਵਜਰਅ ਕਈ ਵਾਰ ਅਸਲ ਤੋਂ ਵੱਡਾ ਹੁੰਦਾ ਹੈ। ਭਾਜਪਾ ਇਸ ਬਕਗਫਕਬਵਜਰਅ ਨੂੰ ਆਪਣੇ ਹੱਕ ਵਿੱਚ ਲਿਖ ਰਹੀ ਹੈ। ਅੱਜ ਦੇ ਸਮੇਂ ਭਗਵੰਤ ਮਾਨ ਦੀ ਸਰਕਾਰ ਦੀ ਸਭ ਤੋਂ ਵੱਡੀ ਕਸੌਟੀ ਵੀ ਹੈ। ਪੰਜਾਬ ਵਿੱਚ ਇਸ ਟੁੱਟ ਦਾ ਸਭ ਤੋਂ ਸਿੱਧਾ ਅਸਰ ਮੁੱਖ ਮੰਤਰੀ ਭਗਵੰਤ ਮਾਨ 'ਤੇ ਪਵੇਗਾ। ਭਗਵੰਤ ਮਾਨ ਲੋਕਪ੍ਰਿਯ ਹਨ, ਉਨ੍ਹਾਂ ਦੀ ਜਨਤਾ ਨਾਲ ਭਾਵਨਾਤਮਕ ਜੋੜ ਹੈ, ਪਰ ਉਹ ਹਮੇਸ਼ਾ ਇਸ ਦੋਸ਼ ਨਾਲ ਘਿਰੇ ਰਹੇ ਕਿ ਪੰਜਾਬ ਦੀ ਸਰਕਾਰ ਅਸਲ ਵਿੱਚ ਦਿੱਲੀ ਤੋਂ ਚੱਲਦੀ ਹੈ। ਹੁਣ ਜੇ ਦਿੱਲੀ ਵਾਲੀ ਆਪ ਹੀ ਟੁੱਟ ਰਹੀ ਹੈ, ਤਾਂ ਇਹ ਪ੍ਰਚਾਰ ਹੋਰ ਤੇਜ਼ ਹੋਵੇਗਾ। ਵਿਰੋਧੀ ਕਹਿਣਗੇ ਕਿ ਜਿਹੜਾ ਘਰ ਖੁਦ ਸੰਭਲ ਨਹੀਂ ਰਿਹਾ, ਉਹ ਪੰਜਾਬ ਨੂੰ ਕੀ ਸੰਭਾਲੇਗਾ?

ਅੱਜ ਜੇ ਪੰਜਾਬ ਦੇ ਵਿਧਾਇਕਾਂ ਵਿੱਚ ਵੀ ਅਸੰਤੁਸ਼ਟੀ ਵਧਦੀ ਹੈ, ਤਾਂ ਇਹ ਸਿਰਫ਼ ਚਰਚਾ ਨਹੀਂ ਰਹੇਗੀ—ਇਹ ਸਰਕਾਰ ਦੀ ਸਥਿਰਤਾ ਦਾ ਮੁੱਦਾ ਬਣ ਸਕਦਾ ਹੈ। ਭਾਜਪਾ ਦਾ ਅਗਲਾ ਨਿਸ਼ਾਨਾ ਉਹ ਚਿਹਰੇ ਹੋ ਸਕਦੇ ਹਨ ਜੋ ਚੁੱਪ ਹਨ, ਪਰ ਨਾਰਾਜ਼ ਹਨ।

2027—ਹੁਣ ਸਿਰਫ਼ ਚੋਣ ਨਹੀਂ, ਅਸਤਿਤਵ ਦੀ ਲੜਾਈ ਹੋਵੇਗੀ।2027 ਦੀ ਪੰਜਾਬ ਚੋਣ ਹੁਣ ਆਮ ਚੋਣ ਨਹੀਂ ਰਹੇਗੀ। ਇਹ ਆਪ ਲਈ ਤਚਰਗਡਜਡ ਲ਼ਵਵ;ਕ ਹੋਵੇਗੀ। ਜੇ ਵੋਟਰ ਦੇ ਮਨ ਵਿੱਚ ਇਹ ਧਾਰਨਾ ਬਣ ਗਈ ਕਿ ਪਾਰਟੀ ਡੁੱਬ ਰਹੀ ਹੈ, ਨੇਤਾ ਛੱਡ ਕੇ ਜਾ ਰਹੇ ਹਨ, ਅਤੇ ਕੇਂਦਰੀ ਨੇਤ੍ਰਿਤਵ ਬਚਾਅ ਵਿੱਚ ਹੈ, ਤਾਂ ਇਹ ਸਿੱਧਾ ਵੋਟ 'ਤੇ ਅਸਰ ਪਾਏਗਾ। ਅੱਜ ਪੰਜਾਬ ਦਾ ਵੋਟਰ ਬਹੁਤ ਜਾਗਰੂਕ ਹੈ। ਉਹ ਸਿਰਫ਼ ਭਾਸ਼ਣ ਨਹੀਂ ਸੁਣਦਾ, ਉਹ ਹਵਾ ਦੀ ਦਿਸ਼ਾ ਵੀ ਪਛਾਣਦਾ ਹੈ। ਜੇ ਉਸ ਨੂੰ ਲੱਗੇ ਕਿ ਆਪ ਹੁਣ ਜਿੱਤਣ ਵਾਲੀ ਤਾਕਤ ਨਹੀਂ, ਤਾਂ ਉਸ ਦਾ ਰੁਖ਼ ਬਦਲ ਸਕਦਾ ਹੈ। ਕਾਂਗਰਸ ਇਸ ਖਾਲੀਪਣ ਨੂੰ ਭਰਨਾ ਚਾਹੇਗੀ। ਅਕਾਲੀ ਦਲ ਆਪਣੇ ਆਪ ਨੂੰ ਮੁੜ ਜਿਉਂਦਾ ਕਰਨ ਦੀ ਕੋਸ਼ਿਸ਼ ਕਰੇਗਾ। ਭਾਜਪਾ ਇਸ ਖ਼ਾਲੀ ਥਾਂ ਵਿੱਚ ਆਪਣਾ ਰਾਸ਼ਟਰੀ ਢਾਂਚਾ ਲਿਆਵੇਗੀ।

ਅੱਜ ਸਭ ਤੋਂ ਵੱਡਾ ਨੁਕਸਾਨ ਇਹ ਹੋਵੇਗਾ ਕਿ ਆਪ ਬਦਲਾਅ ਦੀ ਪਾਰਟੀ ਤੋਂ ਬਚਾਅ ਦੀ ਪਾਰਟੀ ਬਣਦੀ ਦਿਖੇਗੀ। ਭਾਜਪਾ ਦਾ ਪੰਜਾਬ ਮਾਡਲ—ਨਵਾਂ ਸਮੀਕਰਨ ਬਦਲ ਸਕਦਾ ਹੈ।

ਅੱਜ ਭਾਜਪਾ ਜਾਣਦੀ ਹੈ ਕਿ ਪੰਜਾਬ ਵਿੱਚ ਸਿਰਫ਼ ਧ੍ਰੁਵੀਕਰਨ ਨਾਲ ਸਰਕਾਰ ਨਹੀਂ ਬਣਦੀ। ਇੱਥੇ ਖੇਤੀ, ਪਾਣੀ, ਨਸ਼ਾ, ਬੇਰੁਜ਼ਗਾਰੀ, ਪਰਵਾਸ ਅਤੇ ਸੂਬਾਈ ਅਸਮਿਤਾ ਵੱਡੇ ਮੁੱਦੇ ਹਨ।

ਇਸ ਲਈ ਉਹ ਸਿਰਫ਼ ਆਪਣੀ ਪਰੰਪਰਾਗਤ ਰਾਜਨੀਤੀ ਨਹੀਂ ਲਿਆਉਂਦੀ—ਉਹਨਵੇਂ ਚਿਹਰੇ ਲਿਆਉਂਦੀਹੈ। ਰਾਘਵ ਚੱਢਾ ਵਰਗੇ ਚਗਲ਼ਅ, ਕਦਚਫ਼ਵਕਦ, ਚਿਹਰੇ ਉਸ ਨੂੰ ਤਰਵਿ ਦਿੰਦੇ ਹਨ। ਅੱਜ ਇਹ ਸਿਰਫ਼ ਨੀਤੀ ਨਹੀਂ—ਇਹ ਕ;ਕਫਵ ਦੀ ਰਾਜਨੀਤੀ ਹੈ। ਜੇ ਭਾਜਪਾ ਆਪ ਦੇ ਮੱਧਵਰਗੀ ਅਤੇ ਨੌਜਵਾਨ ਵੋਟਰ ਨੂੰ ਖਿੱਚ ਲੈਂਦੀ ਹੈ, ਤਾਂ ਪੰਜਾਬ ਦੀ ਸਿਆਸੀ ਗਿਣਤੀ ਬਦਲ ਸਕਦੀ ਹੈ।

ਅੱਜ ਸਵਾਲ ਇਹ ਹੈ ਕਿ ਕੀ ਆਪ ਮੁੜ ਖੜ੍ਹ ਸਕਦੀ ਹੈ?

ਹਾਂ—ਪਰ ਸਿਰਫ਼ ਭਾਵਨਾਤਮਕ ਭਾਸ਼ਣਾਂ ਨਾਲ ਨਹੀਂ। ਉਸ ਨੂੰ ਪਹਿਲਾਂ ਪੰਜਾਬ ਵਿੱਚ ਸਥਾਨਕ ਨੇਤ੍ਰਿਤਵ ਮਜ਼ਬੂਤ ਕਰਨਾ ਪਵੇਗਾ। ਲੋਕਾਂ ਨੂੰ ਇਹ ਭਰੋਸਾ ਦੇਣਾ ਪਵੇਗਾ ਕਿ ਪੰਜਾਬ ਦਾ ਫ਼ੈਸਲਾ ਪੰਜਾਬ ਵਿੱਚ ਹੋਵੇਗਾ। ਦੂਜਾ, ਦਿੱਲੀ ਹਾਈਕਮਾਨ ਦੀ ਛਵੀ ਨੂੰ ਬਦਲਣਾ ਪਵੇਗਾ। ਜੇ ਲੋਕਾਂ ਨੂੰ ਇਹ ਲੱਗਦਾ ਰਿਹਾ ਕਿ ਸਾਰੇ ਫ਼ੈਸਲੇ ਕੇਂਦਰ ਤੋਂ ਥੋਪੇ ਜਾਂਦੇ ਹਨ, ਤਾਂ ਇਹ ਨੁਕਸਾਨ ਵਧੇਗਾ। ਤੀਜਾ, ਭ੍ਰਿਸ਼ਟਾਚਾਰ, ਅਸੰਤੁਸ਼ਟੀ ਅਤੇ ਦਲ-ਬਦਲ 'ਤੇ ਖੁੱਲ੍ਹਾ ਅਤੇ ਸੱਚਾ ਜਵਾਬ ਦੇਣਾ ਪਵੇਗਾ। ਅੱਜ ਜੇ ਆਪ ਸਿਰਫ਼ ਇਹ ਕਹਿੰਦੀ ਰਹੀ ਕਿ ਸਾਡੇ ਨਾਲ ਧੋਖਾ ਹੋਇਆ, ਤਾਂ ਲੋਕ ਹਮਦਰਦੀ ਨਹੀਂ—ਵਿਕਲਪ ਲੱਭਣਗੇ।

ਅੱਜ ਸੱਚ ਤਾਂ ਇਹ ਹੈ —ਰਾਜਨੀਤੀ ਵਿੱਚ ਭਰੋਸਾ ਹੀ ਅਸਲੀ ਕਰੰਸੀ ਹੈ। ਰਾਜਨੀਤੀ ਵਿੱਚ ਕੁਰਸੀਆਂ ਬਦਲਦੀਆਂ ਰਹਿੰਦੀਆਂ ਹਨ, ਪਰ ਸਭ ਤੋਂ ਮਹੱਤਵਪੂਰਨ ਚੀਜ਼ ਭਰੋਸਾ ਹੁੰਦਾ ਹੈ। ਜਦੋਂ ਲੋਕਾਂ ਨੂੰ ਲੱਗੇ ਕਿ ਪਾਰਟੀ ਆਪਣੇ ਵਾਅਦਿਆਂ ਤੋਂ ਦੂਰ ਹੋ ਗਈ ਹੈ, ਤਾਂ ਸਭ ਤੋਂ ਪਹਿਲਾਂ ਉਸ ਦੀ ਰੂਹ ਟੁੱਟਦੀ ਹੈ।

ਅੱਜ ਰਾਘਵ ਚੱਢਾ ਦਾ ਜਾਣਾ ਸਿਰਫ਼ ਇੱਕ ਨਾਮ ਦਾ ਜਾਣਾ ਨਹੀਂ। ਇਹ ਉਸ ਕਹਾਣੀ ਵਿੱਚ ਦਰਾਰ ਹੈ ਜੋ ਆਪ ਨੇ ਸਿਆਸਤ ਬਦਲਾਂਗੇ ਕਹਿ ਕੇ ਸ਼ੁਰੂ ਕੀਤੀ ਸੀ। ਹੁਣ ਸਵਾਲ ਇਹ ਨਹੀਂ ਕਿ ਭਾਜਪਾ ਨੇ ਕਿੰਨੇ ਮੈਂਬਰ ਲਏ।

ਅੱਜ ਸਵਾਲ ਇਹ ਹੈ—ਕੀ ਆਪ ਆਪਣੇ ਕਾਰਕੁਨਾਂ ਦਾ ਭਰੋਸਾ ਬਚਾ ਸਕੇਗੀ? ਕੀ ਭਗਵੰਤ ਮਾਨ ਪੰਜਾਬ ਵਿੱਚ ਆਪਣੀ ਖੁਦ ਦੀ ਰਾਜਨੀਤਿਕ ਧੁਰੀ ਬਣ ਸਕਣਗੇ? ਕੀ 2027 ਵਿੱਚ ਪੰਜਾਬ ਮੁੜ ਇੱਕ ਨਵੇਂ ਪ੍ਰਯੋਗ ਵੱਲ ਜਾਵੇਗਾ?

ਅੱਜ ਪੰਜਾਬ ਦੀ ਰਾਜਨੀਤੀ ਇੱਕ ਨਵੇਂ ਮੋੜ 'ਤੇ ਖੜ੍ਹੀ ਹੈ। ਇਹ ਸਿਰਫ਼ ਸੀਟਾਂ ਦੀ ਲੜਾਈ ਨਹੀਂ—ਇਹ ਅ ਭਰੋਸੇ ਅਤੇ ਅਸਤਿਤਵ ਦੀ ਜੰਗ ਹੈ ਅਤੇ ਇਤਿਹਾਸ ਹਮੇਸ਼ਾ ਉਹਨਾਂ ਨੂੰ ਯਾਦ ਰੱਖਦਾ ਹੈ ਜੋ ਸਿਰਫ਼ ਸੱਤਾ ਨਹੀਂ, ਸਮੇਂ ਦੀ ਦਿਸ਼ਾ ਬਦਲਦੇ ਹਨ।

ਇਸ ਦੇ ਨਾਲ ਬਾਗੀ ਰਾਜ ਸਭਾ ਮੈਂਬਰਾਂ ਦੀਆਂ ਤਿੰਨ ਫੋਟੋ ਲਗਾ ਸਕਦੇ ਹੋ

## ਸੈਂਸੈਕਸ 772 ਅਤੇ ਨਿਫਟੀ 205 ਅੰਕ ਟੁੱਟਿਆ

ਗਿਆ।ਰੁਪਏ ਦੀ ਹਾਲਤ ਪਤਲੀ, ਪੰਜਵੇਂ ਦਿਨ ਵੀ ਗਿਰਾਵਟ ਜਾਰੀ ਸਟਾਕ ਮਾਰਕੀਟ ਦੇ ਨਾਲ-ਨਾਲ ਭਾਰਤੀ ਰੁਪਏ 'ਤੇ ਵੀ ਦਬਾਅ ਸਾਫ਼ ਦਿਖਾਈ ਦਿੱਤਾ। ਅਮਰੀਕੀ ਡਾਲਰ ਦੇ ਮੁਕਾਬਲੇ ਰੁਪਿਆ 24 ਪੈਸੇ ਟੁੱਟ ਕੇ 94.25 ਦੇ ਇਤਿਹਾਸਕ ਨੀਵੇਂ ਪੱਧਰ 'ਤੇ ਪਹੁੰਚ ਗਿਆ। ਮਾਹਿਰਾਂ ਅਨੁਸਾਰ, ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਅਤੇ ਹੋਰਮੁਜ਼ ਜਲਡਮਰੂ ਵਿੱਚ ਪੈਦਾ ਹੋਈ ਅਨਿਸ਼ਚਿਤਤਾ ਕਾਰਨ ਡਾਲਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ, ਜਿਸ ਦਾ ਸਿੱਧਾ ਅਸਰ ਭਾਰਤੀ ਕਰੰਸੀ 'ਤੇ ਪੈ ਰਿਹਾ ਹੈ।

ਗਲੋਬਲ ਆਇਲ ਬੈਂਚਮਾਰਕ ਬ੍ਰੈਂਟ ਕਰੂਡ 0.89 ਫੀਸਦੀ ਦੀ ਤੇਜ਼ੀ ਨਾਲ 106 ਡਾਲਰ ਪ੍ਰਤੀ ਬੈਰਲ 'ਤੇ ਪਹੁੰਚ ਗਿਆ ਹੈ।

## ਨਿਤਿਨ ਨਬੀਨ ਨੇ ਚੱਢਾ, ਮਿੱਤਲ ਤੇ

ਅਸ਼ੋਕ ਮਿੱਤਲ, ਸੰਦੀਪ ਪਾਠਕ ਸਣੇ ਸਵਾਤੀ ਮਾਲੀਵਾਲ, ਹਰਭਜਨ ਸਿੰਘ, ਵਿਕਰਮਜੀਤ ਸਿੰਘ ਸਾਹਨੀ, ਰਾਜਿੰਦਰ ਗੁਪਤਾ ਦੇ ਨਾਂ ਸ਼ਾਮਲ ਦੱਸੇ ਜਾ ਰਹੇ ਹਨ।

ਪ੍ਰੈੱਸ ਕਾਨਫਰੰਸ ਦੌਰਾਨ ਰਾਘਵ ਨੇ ਕਿਹਾ,"ਜਿਸ ਪਾਰਟੀ ਨੂੰ ਮੈਂ ਆਪਣੇ 15 ਸਾਲ ਦਿੱਤੇ, ਉਹ ਆਪਣੇ ਸਿਧਾਂਤਾਂ ਤੋਂ ਭਟਕ ਗਈ ਹੈ। ਹੁਣ ਇਹ ਪਾਰਟੀ ਦੇਸ਼ ਦੇ ਹਿੱਤ 'ਚ ਨਹੀਂ ਹੈ, ਸਗੋਂ ਆਪਣੇ ਨਿੱਜੀ ਫਾਇਦੇ ਲਈ ਕੰਮ ਕਰਦੀ ਹੈ। ਪਿਛਲੇ ਕੁਝ ਸਾਲਾਂ ਤੋਂ, ਮੈਨੂੰ ਇਹ ਮਹਿਸੂਸ ਹੋ ਰਿਹਾ ਹੈ ਕਿ ਮੈਂ ਗਲਤ ਪਾਰਟੀ 'ਚ ਸਹੀ ਆਦਮੀ ਹਾਂ, ਇਸ ਲਈ, ਅਸੀਂ ਇਹ ਐਲਾਨ ਕਰਦੇ ਹਾਂ ਕਿ ਮੈਂ 'ਆਪ' ਤੋਂ ਖੁਦ ਨੂੰ ਵੱਖ ਕਰ ਰਿਹਾ ਹਾਂ ਅਤੇ ਜਨਤਾ ਦੇ ਕਰੀਬ ਜਾ ਰਿਹਾ ਹਾਂ।"

## ਭਾਜਪਾ ਕੱਢੇ, ਵੱਢੇ ਤੇ ਛੱਡੇ

ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਸੂਝਵਾਨ ਅਤੇ ਅਣਖੀ ਲੋਕ ਉਨ੍ਹਾਂ ਗੱਦਾਰਾਂ ਨੂੰ ਕਦੇ ਮੁਆਫ ਨਹੀਂ ਕਰਨਗੇ, ਜਿਨ੍ਹਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਉਨ੍ਹਾਂ ਦੀ ਪਿੱਠ ਵਿੱਚ ਛੁਰਾ ਮਾਰਿਆ। ਪੰਜਾਬੀ ਕਦੇ ਵੀ ਵਿਸਵਾਸਘਾਤ ਕਰਨ ਵਾਲਿਆਂ ਨੂੰ ਨਹੀਂ ਭੁੱਲਦੇ ਅਤੇ ਜਿਨ੍ਹਾਂ ਨੇ ਵੀ ਉਨ੍ਹਾਂ ਨੂੰ ਧੋਖਾ ਦੇਣ ਦਾ ਸੋਚਿਆ, ਉਹ ਲੋਕ ਸਿਆਸਤ ਵਿੱਚੋਂ ਲੋਪ ਹੋ ਗਏ। ਕਮਾਲੂ, ਮਾਨਸਾਹੀਆ ਅਤੇ ਹੋਰਾਂ ਅਜਿਹੇ ਕਈ ਆਗੂਆਂ ਨੇ ਜਦੋਂ ਵੀ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਤਾਂ ਲੋਕਾਂ ਨੂੰ ਉਨ੍ਹਾਂ ਦਾ ਅਜਿਹਾ ਸਫ਼ਾਇਆ ਕੀਤਾ ਕਿ ਉਹ ਅੱਜ ਯਾਦਾਂ ਵਿੱਚੋਂ ਵੀ ਮਿਟ ਗਏ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਤੰਤਰ ਵਿੱਚ ਪਾਰਟੀ ਸਰਵਉੱਚ ਹੈ, ਨਾ ਕਿ ਉਹ ਵਿਅਕਤੀ ਜੋ ਆਪਣੀ ਮਰਜੀ ਅਤੇ ਫਾਇਦੇ ਲਈ ਦਲ ਬਦਲਦੇ ਰਹਿੰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਕਈ ਆਗੂਆਂ ਨੂੰ ਤਾਂ ਬਿਨਾਂ ਕਿਸੇ ਕੋਈ ਠੋਸ ਯੋਗਦਾਨ ਦੇ ਅਹੁਦੇ ਹਾਸਲ ਹੋਏ ਪਰ ਬਾਅਦ ਵਿੱਚ ਉਨ੍ਹਾਂ ਨੇ ਆਪਣੇ ਨਿੱਜੀ ਮੁਫ਼ਾਦਾਂ ਲਈ ਆਪਣੀ ਮਾਂ ਪਾਰਟੀ ਨੂੰ ਧੋਖਾ ਦੇਣਾ ਚੁਣਿਆ। ਭਾਜਪਾ ਦਾ ਅਸਲੀ ਨਾਮ 'ਕੱਢੇ ਛੱਡੇ ਪਾਰਟੀ' ਹੈ ਕਿਉਂਕਿ ਇਹ ਆਪਣੀ 'ਵਾਸ਼ਿੰਗ ਮਸੀਨ' ਦੀ ਵਰਤੋਂ ਹੋਰਨਾਂ ਪਾਰਟੀਆਂ ਦੇ ਦਾਗੀ ਆਗੂਆਂ ਨੂੰ ਸਾਫ ਕਰਨ ਲਈ ਕਰਦੀ ਹੈ। ਭਾਜਪਾ ਚਾਹੇ ਕਿਸੇ ਵੀ ਢੰਗ-ਤਰੀਕੇ ਕਿੰਨੇ ਵੀ ਆਗੂਆਂ ਨੂੰ ਆਪਣੇ ਪਾਲੇ ਵਿੱਚ ਲੈ ਲਵੇ, ਪਰ ਪੰਜਾਬ ਵਿਰੋਧੀ ਮਾਨਸਿਕਤਾ ਕਾਰਨ ਪੰਜਾਬ ਵਿੱਚ ਉਸਦਾ ਕੋਈ ਅਧਾਰ ਨਹੀਂ ਬਣ ਸਕਦਾ।

ਪੰਜਾਬ ਨੂੰ ਕਮਜੋਰ ਕਰਨ ਦੀ ਯੋਜਨਾਬੱਧ ਕੋਸ਼ਿਸ ਦਾ ਪਰਦਾਫਾਸ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਪੰਜਾਬ ਦੀ ਦੁਸਮਣ ਹੈ, ਜਿਸਨੇ ਪੇਂਡੂ ਵਿਕਾਸ ਫੰਡ (ਆਰਡੀਐਫ), ਰਾਸਟਰੀ ਸਿਹਤ ਮਿਸਨ (ਐਨਐਚਐਮ) ਫੰਡ ਅਤੇ ਹੋਰ ਯੋਜਨਾਵਾਂ ਅਧੀਨ ਸੂਬੇ ਦੇ ਫੰਡਾਂ ਦੇ ਹਿੱਸੇ ਨੂੰ ਰੋਕ ਰੱਖਿਆ ਹੈ, ਜਿਸ ਨਾਲ ਸੂਬੇ ਦੇ ਵਿਕਾਸ ਕਾਰਜਾਂ ਵਿੱਚ ਵਿਘਨ ਪੈ ਰਿਹਾ ਹੈ। ਪੰਜਾਬ ਵਿੱਚ ਕੋਈ ਅਧਾਰ ਨਾ ਹੋਣ ਕਰਕੇ, ਭਾਜਪਾ ਕੇਂਦਰੀ ਏਜੰਸੀਆਂ ਦੀ ਵਰਤੋਂ ਰਾਹੀਂ ਸਾਡੀ ਪਾਰਟੀ ਨੂੰ ਤੋੜਨ ਦੀ ਕੋਸ਼ਿਸ ਕਰ ਰਹੀ ਹੈ। ਪੰਜਾਬ ਅਤੇ ਪੰਜਾਬੀ ਅਜਿਹੀਆਂ ਘਟੀਆਂ ਚਾਲਾਂ ਦਾ ਸਖ਼ਤ ਵਿਰੋਧ ਕਰਨਗੇ ਅਤੇ ਗੱਦਾਰਾਂ ਨੂੰ ਚੰਗੀ ਤਰ੍ਹਾਂ ਸਬਕ ਸਿਖਾਉਣਗੇ।

ਉਨ੍ਹਾਂ ਜੋਰ ਦੇ ਕੇ ਕਿਹਾ ਕਿ ਦੇਸ ਭਰ ਵਿੱਚ ਭਾਜਪਾ ਦੀ ਰਾਜਨੀਤਿਕ ਰਣਨੀਤੀ, ਖੇਤਰੀ ਪਾਰਟੀਆਂ ਨੂੰ ਕਮਜੋਰ ਕਰਨ ਦੀ ਰਹੀ ਹੈ। ਭਾਜਪਾ ਸਿਰਫ ਦੂਜੀਆਂ ਪਾਰਟੀਆਂ ਨੂੰ ਤੋੜਨਾ ਜਾਣਦੀ ਹੈ ਕਿਉਂਕਿ ਇਸ ਕੋਲ ਭਰੋਸੇਯੋਗ ਲੀਡਰਸ਼ਿਪ ਦੀ ਘਾਟ ਹੈ। ਉਨ੍ਹਾਂ ਨੇ ਮਮਤਾ ਬੈਨਰਜੀ ਦੀ ਪਾਰਟੀ ਨੂੰ ਤੋੜਨ ਦੀ ਕੋਸ਼ਿਸ ਕੀਤੀ, ਊਧਵ ਠਾਕਰੇ ਦੀ ਪਾਰਟੀ 'ਚ ਵੰਡੀਆਂ ਪਾਈਆਂ ਅਤੇ ਸਰਦ ਪਵਾਰ ਦੀ ਪਾਰਟੀ ਦਾ ਵੀ ਇਹੀ ਹਾਲ ਕੀਤਾ। ਨਵੀਨ ਪਟਨਾਇਕ, ਦੁਸਯੰਤ ਚੌਟਾਲਾ ਅਤੇ ਨਿਤੀਸ ਕੁਮਾਰ ਵਰਗੇ ਆਗੂਆਂ ਨੂੰ ਵੀ ਇਸੇ ਤਰ੍ਹਾਂ ਦੀਆਂ ਚਾਲਾਂ ਰਾਹੀਂ ਨਿਸ਼ਾਨਾ ਬਣਾਇਆ ਗਿਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਅੰਗ ਕਰਦਿਆਂ ਕਿਹਾ ਕਿ ਰਾਜ ਸਭਾ ਮੈਂਬਰ, ਜੋ ਹੁਣ ਆਪਣੇ ਨਿੱਜੀ ਹਿੱਤਾਂ ਕਾਰਨ 'ਆਪ' ਵਿੱਚ ਘੁਟਣ ਮਹਿਸੂਸ ਕਰ ਰਿਹਾ ਹੈ, ਨੇ ਕੋਠੀ ਨੰਬਰ 50 ਵਿੱਚ ਸੱਤਾ ਦਾ ਆਨੰਦ ਮਾਣਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਪਹਿਲੇ ਦਿਨ ਤੋਂ ਹੀ ਆਮ ਆਦਮੀ ਪਾਰਟੀ ਦੇ ਪੰਜਾਬ-ਪੱਖੀ ਅਤੇ ਲੋਕ-ਪੱਖੀ ਰੁਖ ਕਾਰਨ ਇਸਨੂੰ ਨੁਕਸਾਨ ਪਹੁੰਚਾਉਣ 'ਤੇ ਤੁਲੀ ਹੋਈ ਹੈ। ਸਾਡੇ ਮੈਂਬਰਾਂ ਨੂੰ ਖਰੀਦਣ ਲਈ ਆਪ੍ਰੇਸਨ ਲੋਟਸ ਸੂਰੂ ਕੀਤਾ ਗਿਆ ਸੀ। ਭਾਜਪਾ, ਜਿਸਦਾ ਪੰਜਾਬ ਵਿੱਚ ਕੋਈ ਅਧਾਰ ਨਹੀਂ ਹੈ, ਨੇ ਦਾਗੀ ਆਗੂਆਂ ਨੂੰ ਕਲੀਨ ਚਿੱਟ ਦੇਣ ਲਈ ਇੱਥੇ ਆਪਣੀ 'ਵਾਸ਼ਿੰਗ ਮਸੀਨ' ਦੀ ਵਰਤੋਂ ਸੂਰੂ ਕਰ ਦਿੱਤੀ ਹੈ।

ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਅਤੇ ਉਸਦੇ ਪਿੱਠੂਆਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਸਾਡੀ ਸਰਕਾਰ ਨੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਕਿਵੇਂ ਪ੍ਰਦਾਨ ਕੀਤੀ ਹੈ, ਭ੍ਰਿਸ਼ਟਾਚਾਰ ਤੋਂ ਬਿਨਾਂ 65000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਕਿਵੇਂ ਦਿੱਤੀਆਂ ਗਈਆਂ, ਸੜਕਾਂ ਵਿੱਚ ਸੁਧਾਰ ਕੀਤਾ ਗਿਆ, ਟੋਲ ਪਲਾਜ਼ਾ ਬੰਦ ਕੀਤੇ , ਜਿਸ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬਚਤ ਹੋਈ ਹੈ ਅਤੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਗਿਆ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ, ਜਿਸ ਵਿੱਚ ਹਰੇਕ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲਦਾ ਹੈ, ਜਿਸ ਵਿੱਚ 30 ਲੱਖ ਤੋਂ ਵੱਧ ਲਾਭਪਾਤਰੀ ਪਹਿਲਾਂ ਹੀ ਸ਼ਾਮਲ ਹਨ। ਉਨ੍ਹਾਂ ਕਿਹਾ, "ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਦੇ ਟਿਊਬਵੈੱਲਾਂ ਨੂੰ ਦਿਨ ਵੇਲੇ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਕੀਤੀ ਗਈ ਸੀ।"

ਉਨ੍ਹਾਂ ਅੱਗੇ ਕਿਹਾ ਕਿ ਕਿਸਾਨਾਂ ਨੂੰ ਹੁਣ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ,"ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਸਮਝਦਾਰੀ ਨਾਲ ਕੀਤੀ ਜਾ ਰਹੀ ਹੈ। ਮਾਵਾਂ- ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ ਪ੍ਰਤੀ ਮਹੀਨਾ 1000 ਅਤੇ 18 ਸਾਲ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀ ਸ਼੍ਰੇਣੀ ਦੀਆਂ ਔਰਤਾਂ ਨੂੰ 1500 ਰੁਪਏ ਦਿੱਤੇ ਜਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 43000 ਕਿਲੋਮੀਟਰ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਲਈ ਵਿਸ਼ਾਲ ਪ੍ਰੋਗਰਾਮ ਸ਼ੁਰੂ ਕੀਤਾ ਹੈ। ਉਨ੍ਹਾਂ ਅੱਗੇ ਕਿਹਾ, "ਅਸੀਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਵੀ ਪਾਸ ਕੀਤਾ ਹੈ, ਜਿਸ ਨਾਲ ਬੇਅਦਬੀ ਲਈ ਸਖ਼ਤ ਸਜ਼ਾ ਯਕੀਨੀ ਬਣਾਈ ਗਈ ਹੈ।"

ਇਹ ਦੁਹਰਾਉਂਦੇ ਹੋਏ ਕਿ ਭਾਜਪਾ ਪੰਜਾਬ ਦੀ ਤਰੱਕੀ ਤੋਂ ਬੇਚੈਨ ਹੈ, ਉਨ੍ਹਾਂ ਕਿਹਾ, "ਭਾਜਪਾ ਪੰਜਾਬ ਦੀ ਖੁਸ਼ਹਾਲੀ ਤੋਂ ਨਾਖੁਸ਼ ਹੈ ਅਤੇ ਡੂੰਘੀਆਂ ਸਾਜ਼ਿਸ਼ਾਂ ਰਚ ਰਹੀ ਹੈ। ਪੰਜਾਬੀ 'ਆਪ' ਨਾਲ ਡਟ ਕੇ ਖੜ੍ਹੇ ਹਨ ਅਤੇ ਇਹ ਸੱਤ ਆਗੂ ਪੂਰੀ ਪਾਰਟੀ ਦੀ ਨੁਮਾਇੰਦਗੀ ਨਹੀਂ ਕਰਦੇ। ਉਨ੍ਹਾਂ ਦਾ ਅਸਲੀ ਚਿਹਰਾ ਬੇਨਕਾਬ ਹੋ ਗਿਆ ਹੈ। ਉਨ੍ਹਾਂ ਕਿਹਾ, "ਕੈਪਟਨ ਭਾਜਪਾ ਵਿੱਚ ਅਲੱਗ-ਥਲੱਗ ਮਹਿਸੂਸ ਕਰ ਰਹੇ ਹਨ ਅਤੇ ਸੁਖਪਾਲ ਖਹਿਰਾ ਵਰਗੇ ਹੋਰਾਂ ਦਾ ਵੀ ਇਹੋ ਹਾਲ ਹੋਇਆ ਹੈ"।

ਪਾਰਟੀ ਦੇ ਵਿਚਾਰਧਾਰਕ ਆਧਾਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪਾਰਟੀ ਖੂਨ-ਪਸੀਨੇ ਅਤੇ ਕੁਰਬਾਨੀ ਨਾਲ ਬਣੀ ਹੈ। ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਮੈਂ ਲੋਕਾਂ ਦੀ ਸੇਵਾ ਕਰਨ ਲਈ ਆਪਣਾ ਕਰੀਅਰ ਛੱਡ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ, " ਮੈਂ ਭਾਜਪਾ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਮੈਨੂੰ ਖਰੀਦਣ, ਪਰੇਸ਼ਾਨ ਕਰਨ ਜਾਂ ਡਰਾਉਣ ਦੀ ਕੋਸ਼ਿਸ਼ ਕਰਨ। ਉਨ੍ਹਾਂ ਕਿਹਾ ਕਿ ਨਾ ਤਾਂ ਭਾਜਪਾ ਅਤੇ ਨਾ ਹੀ ਇਸ ਦੀਆਂ ਕੇਂਦਰੀ ਏਜੰਸੀਆਂ ਕੋਲ ਅਜਿਹਾ ਕਰਨ ਦੀ ਹਿੰਮਤ ਹੈ।

"ਇਨ੍ਹਾਂ ਆਗੂਆਂ ਨੂੰ ਪੰਜਾਬ ਦੀ ਸੇਵਾ ਕਰਨ ਲਈ ਅਹਿਮ ਅਹੁਦੇ ਦਿੱਤੇ ਗਏ ਸਨ, ਪਰ ਉਨ੍ਹਾਂ ਨੇ ਆਪਣੇ ਆਹੁਦਿਆਂ ਤੇ ਜਿੰਮੇਵਾਰੀਆਂ ਨਾਲ ਸਮਝੌਤਾ ਕੀਤਾ। ਭਾਵੇਂ ਵਿਗਿਆਨ ਅਤੇ ਤਕਨਾਲੋਜੀ ਵਿੱਚ ਬਹੁਤ ਤਰੱਕੀ ਹੋਈ ਹੈ ਪਰ ਕਿਸੇ ਦੇ ਦਿਲ ਵਿੱਚ ਕੀ ਹੈ , ਇਹ ਕੋਈ ਵੀ ਮਸ਼ੀਨ ਨਹੀਂ ਪੜ੍ਹ ਸਕਦੀ। ਪੰਜਾਬੀਆਂ ਨੇ ਉਨ੍ਹਾਂ ਨੂੰ ਆਪਣੀਆਂ ਇੱਛਾਵਾਂ ਦੀ ਨੁਮਾਇੰਦਗੀ ਕਰਨ ਲਈ ਚੁਣਿਆ ਸੀ, ਪਰ ਉਨ੍ਹਾਂ ਨੇ ਨਿੱਜੀ ਹਿੱਤਾਂ ਲਈ ਲੋਕਾਂ ਨਾਲ ਧੋਖਾ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦਿੰਦਿਆਂ ਕਿਹਾ ਕਿ 'ਆਪ' ਰਾਸ਼ਟਰੀ ਸਾਖ਼ ਵਾਲੀ ਪਾਰਟੀ ਹੈ ਅਤੇ ਇਹ ਕਿਸੇ ਵੀ ਖੇਤਰ ਤੱਕ ਸੀਮਤ ਨਹੀਂ ਹੈ। ਉਨ੍ਹਾਂ ਕਿਹਾ,"ਇਸ ਦਲ ਬਦਲੀ ਤੋਂ ਬਾਅਦ, ਪਾਰਟੀ ਦੀ ਰਾਜਨੀਤਿਕ ਮਾਮਲਿਆਂ ਦੀ ਕਮੇਟੀ (ਪੀਏਸੀ) ਭਵਿੱਖ ਦਾ ਰਸਤਾ ਤੈਅ ਕਰੇਗੀ, ਜਿਸ ਵਿੱਚ ਅਨੁਸ਼ਾਸਨੀ ਕਾਰਵਾਈ ਵੀ ਸ਼ਾਮਲ ਹੈ। ਸਾਡਾ ਵਿਧਾਇਕ ਦਲ ਪੰਜਾਬ ਦੀ ਤਰੱਕੀ ਲਈ ਇੱਕਜੁੱਟ ਅਤੇ ਵਚਨਬੱਧ ਹੈ।"

ਅਖ਼ੀਰ ਵਿੱਚ ਉਨ੍ਹਾਂ ਕਿਹਾ, "ਭਾਜਪਾ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਉਸ ਦੀਆਂ ਚਾਲਾਂ ਪੰਜਾਬ ਵਿੱਚ ਸਫਲ ਨਹੀਂ ਹੋਣਗੀਆਂ। ਪੰਜਾਬੀ ਇਸ ਧੋਖੇਬਾਜ਼ੀ ਲਈ ਸਬਕ ਸਿਖਾਉਣਗੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: "ਭਾਜਪਾ ਹਮੇਸ਼ਾ ਪੰਜਾਬ ਵਿਰੋਧੀ ਰਹੀ ਹੈ। ਜਦੋਂ ਤੋਂ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਪਾਸ ਕੀਤੇ ਗਏ ਹਨ, ਭਾਜਪਾ ਅੰਦਰ ਬੇਚੈਨੀ ਦਿਖਾਈ ਦੇ ਰਹੀ ਹੈ ਅਤੇ ਉਹ ਇਸਨੂੰ ਬਰਦਾਸ਼ਤ ਨਹੀਂ ਕਰ ਪਾ ਰਹੇ ਹਨ। ਪੰਜਾਬ ਵਿੱਚ ਵਾਰ-ਵਾਰ ਹਾਰਾਂ ਦਾ ਸਾਹਮਣਾ ਕਰਨ ਤੋਂ ਬਾਅਦ ਭਾਜਪਾ ਨੇ ਲਗਾਤਾਰ ਪੰਜਾਬ ਅਤੇ ਆਮ ਆਦਮੀ ਪਾਰਟੀ ਪ੍ਰਤੀ ਦੁਸ਼ਮਣੀ ਰੱਖੀ ਹੈ। ਅਸੀਂ ਪਾਰਟੀ ਛੱਡਣ ਵਾਲਿਆਂ ਅਤੇ ਉਨ੍ਹਾਂ ਨੂੰ ਸ਼ਾਮਲ ਕਰਨ ਵਾਲਿਆਂ ਦੋਵਾਂ ਦੀ ਸਖ਼ਤ ਨਿੰਦਾ ਕਰਦੇ ਹਾਂ।"

ਉਨ੍ਹਾਂ ਕਿਹਾ,"ਪੰਜਾਬ ਦੀ ਪਵਿੱਤਰ ਧਰਤੀ ਤੋਂ ਮੈਂ ਇਹ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ 'ਆਪ' ਆਮ ਲੋਕਾਂ ਦੀ ਪਾਰਟੀ ਹੈ ਅਤੇ ਲੋਕ ਸਾਡੀ ਅਸਲ ਤਾਕਤ ਹਨ। ਪੰਜਾਬ ਦੇ ਲੋਕ ਉਨ੍ਹਾਂ ਨੂੰ ਜ਼ਰੂਰ ਸਬਕ ਸਿਖਾਉਣਗੇ ਜਿਨ੍ਹਾਂ ਨੇ ਸੂਬੇ ਨਾਲ ਵਿਸ਼ਵਾਸਘਾਤ ਕੀਤਾ ਹੈ। ਅਜਿਹੀਆਂ ਚਾਲਾਂ ਉਨ੍ਹਾਂ ਨੂੰ ਪੰਜਾਬ ਜਿੱਤਣ ਵਿੱਚ ਮੱਦਦ ਨਹੀਂ ਕਰਨਗੀਆਂ। ਲੋਕਤੰਤਰ ਵਿੱਚ, ਲੋਕ ਸਰਵਉੱਚ ਹੁੰਦੇ ਹਨ ਅਤੇ ਆਮ ਲੋਕ ਸਾਡੀ ਸਭ ਤੋਂ ਵੱਡੀ ਤਾਕਤ ਹਨ। ਉਨ੍ਹਾਂ ਨੇ ਅਖ਼ੀਰ ਵਿੱਚ ਕਿਹਾ ਕਿ ਆਪ' ਇੱਕ ਇਨਕਲਾਬੀ ਵਿਚਾਰਧਾਰਾ ਵਾਲੀ ਪਾਰਟੀ ਹੈ ਜੋ ਇੱਕਜੁੱਟ ਹੈ ਅਤੇ ਸੱਚਾਈ ਪ੍ਰਤੀ ਦ੍ਰਿੜ੍ਹ ਹੈ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## ਪਹਿਲੇ ਸਫ਼ੇ ਦੀ ਬਾਕੀ

## ਪੰਜਾਬ ਵਿੱਚ ਬਦਲੇਗਾ ਮੌਸਮ,

ਵੇਖਣ ਨੂੰ ਮਿਲੇਗਾ। ਇਨ੍ਹਾਂ ਦਿਨਾਂ ਦੌਰਾਨ ਤਾਪਮਾਨ ਵਧਣ ਦੀ ਸੰਭਾਵਨਾ ਹੈ, ਜਿਸ ਕਰਕੇ ਲੋਕਾਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ ਹੈ।26 ਤਾਰੀਖ਼ ਤੋਂ ਪੰਜਾਬ ਦੇ ਮੌਸਮ ਵਿਚ ਵੱਡਾ ਬਦਲਾਅ ਵੇਖਣ ਨੂੰ ਮਿਲੇਗਾ।26 ਅਤੇ 27 ਅਪ੍ਰੈਲ ਨੂੰ ਫਾਜ਼ਿਲਕਾ, ਮੁਕਤਸਰ ਸਾਹਿਬ, ਬਠਿੰਡਾ ਅਤੇ ਮਾਨਸਾ 'ਚ 30-40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਅਤੇ ਗਰਜ਼-ਚਮਕ ਦੇ ਨਾਲ ਬਿਜਲੀ ਲਿਸ਼ਕਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ ਬਾਰਿਸ਼ ਦੀ ਸੰਭਾਵਨਾ ਵੀ ਜਤਾਈ ਗਈ ਹੈ। ਉਥੇ ਹੀ 28 ਅਪ੍ਰੈਲ ਨੂੰ ਵੀ ਮੌਸਮ ਵਿਚ ਤਬਦੀਲੀ ਆਵੇਗੀ ਅਤੇ ਕੁਝ ਜ਼ਿਲ੍ਹਿਆਂ ਵਿਚ ਮੀਂਹ ਵੀ ਪਵੇਗਾ। ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਰਗੇ ਉੱਤਰੀ ਜ਼ਿਲ੍ਹਿਆਂ ਵਿੱਚ ਫਿਲਹਾਲ ਕੋਈ ਖ਼ਾਸ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ ਅਤੇ ਉੱਥੇ ਮੌਸਮ ਆਮ ਵਾਂਗ ਰਹਿਣ ਦੀ ਉਮੀਦ ਹੈ।

ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ, ਤਰਨਤਾਰਨ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ, ਪਟਿਆਲਾ ਵਿਚ ਬਦਲ ਗਰਜਣ, ਬਿਜਲੀ ਚਮਕਣ ਦੇ ਨਾਲ-ਨਾਲ ਹਨ੍ਹੇਰੀ-ਤੂਫ਼ਾਨ ਦਾ ਯੈਲੋ ਅਲਰਟ ਜਾਰੀ ਕੀਤਾ ਹੈ।

24 ਅਤੇ 25 ਅਪ੍ਰੈਲ ਲਈ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਰੀਦਕੋਟ, ਮੁਕਤਸਰ ਸਾਹਿਬ, ਫਾਜ਼ਿਲਕਾ, ਬਠਿੰਡਾ, ਮੋਗਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਪਟਿਆਲਾ ਵਿਚ ਹੀਟ ਵੇਵ ਅਤੇ ਵਾਰਮ ਨਾਈਟ ਦਾ ਮੌਸਮ ਵਿਭਾਗ ਨੇ ਯੈਲੋ ਅਲਰਟ ਜਾਰੀ ਕੀਤਾ ਹੈ।

## ਵਿਧਾਇਕ ਪਠਾਣਮਾਜਰਾ ਦੀ

ਦਰਜ ਹਨ ਅਤੇ ਉਹ ਫਿਲਹਾਲ ਹਿਰਾਸਤ ਵਿੱਚ ਹਨ।

ਵਕੀਲ ਨੇ ਦਲੀਲ ਦਿੱਤੀ ਕਿ ਜੇਕਰ ਭਵਿੱਖ ਵਿੱਚ ਉਨ੍ਹਾਂ ਨੂੰ ਇਨ੍ਹਾਂ ਮਾਮਲਿਆਂ ਵਿੱਚ ਜ਼ਮਾਨਤ ਮਿਲਦੀ ਹੈ, ਤਾਂ ਇਸ ਗੱਲ ਦੀ ਪੂਰੀ ਸੰਭਾਵਨਾ ਹੈ ਕਿ ਰਾਜ ਸਰਕਾਰ ਜਾਂ ਪੁਲਿਸ ਉਨ੍ਹਾਂ ਖ਼ਿਲਾਫ਼ ਕਿਸੇ ਹੋਰ ਮਾਮਲੇ ਵਿੱਚ ਨਵੀਂ ਐਫ.ਆਈ.ਆਰ. ਦਰਜ ਕਰਕੇ ਉਨ੍ਹਾਂ ਨੂੰ ਦੁਬਾਰਾ ਗ੍ਰਿਫ਼ਤਾਰ ਕਰ ਸਕਦੀ ਹੈ। ਇਸ ਖ਼ਦਸ਼ੇ ਦੇ ਮੱਦੇਨਜ਼ਰ ਪਟੀਸ਼ਨਰ ਨੇ ਅਦਾਲਤ ਤੋਂ ਵਿਸ਼ੇਸ਼ ਸੁਰੱਖਿਆ ਦੀ ਮੰਗ ਕੀਤੀ ਹੈ। ਪਟੀਸ਼ਨ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਜੇਕਰ ਭਵਿੱਖ ਵਿੱਚ ਕਿਸੇ ਵੀ ਨਵੇਂ ਮਾਮਲੇ ਵਿੱਚ ਗ੍ਰਿਫ਼ਤਾਰੀ ਦੀ ਕਾਰਵਾਈ ਕੀਤੀ ਜਾਂਦੀ ਹੈ ਤਾਂ ਉਸ ਤੋਂ ਪਹਿਲਾਂ ਘੱਟ-ਘੱਟ ਸੱਤ ਦਿਨਾਂ ਦਾ ਅਗਾਊਂ ਨੋਟਿਸ ਦਿੱਤਾ ਜਾਵੇ। ਇਸ ਨਾਲ ਪਟੀਸ਼ਨਰ ਨੂੰ ਅਦਾਲਤ ਦਾ ਦਰਵਾਜ਼ਾ ਖੜਕਾਉਣ ਅਤੇ ਕਾਨੂੰਨੀ ਚਾਰਾਜੋਈ ਕਰਨ ਦਾ ਮੌਕਾ ਮਿਲ ਸਕੇਗਾ।

ਪਠਾਣਮਾਜਰਾ ਨੇ ਆਪਣੀ ਪਟੀਸ਼ਨ ਵਿੱਚ ਇਹ ਵੀ ਦੋਸ਼ ਲਾਇਆ ਹੈ ਕਿ ਉਨ੍ਹਾਂ ਖ਼ਿਲਾਫ਼ ਦਰਜ ਮਾਮਲਿਆਂ ਪਿੱਛੇ ਸਿਆਸੀ ਕਾਰਨ ਹਨ ਅਤੇ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਪਟੀਸ਼ਨ ਵਿੱਚ ਇਹ ਤਰਕ ਦਿੱਤਾ ਗਿਆ ਹੈ ਕਿ ਅਜਿਹੀ ਕਾਰਵਾਈ ਉਨ੍ਹਾਂ ਦੇ ਮੌਲਿਕ ਅਧਿਕਾਰਾਂ - ਵਿਸ਼ੇਸ਼ ਤੌਰ 'ਤੇ ਜੀਵਨ ਅਤੇ ਨਿੱਜੀ ਆਜ਼ਾਦੀ, ਦੀ ਉਲੰਘਣਾ ਹੈ। ਮਾਮਲੇ ਦੀ ਸੁਣਵਾਈ ਦੌਰਾਨ ਹਾਈ ਕੋਰਟ ਨੇ ਮੁਢਲੇ ਤੌਰ 'ਤੇ ਪਟੀਸ਼ਨ ਵਿੱਚ ਉਠਾਏ ਗਏ ਨੁਕਤਿਆਂ ਨੂੰ ਗੰਭੀਰ ਮੰਨਦਿਆਂ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਅਤੇ ਜਵਾਬ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ।

## ਕੈਨੇਡਾ 'ਚ ਸਿੱਖ ਬਜ਼ੁਰਗ ਨੂੰ ਨਸਲੀ ਨ਼ਫ਼ਰਤ ਦਾ ਨਿਸ਼ਾਨਾ

ਨਾਲ ਹੱਥੋਪਾਈ ਕੀਤੀ, ਸਗੋਂ ਉਸ ਵਿਰੁੱਧ ਅਸ਼ਲੀਲ ਸ਼ਬਦਾਵਲੀ ਅਤੇ ਨਸਲੀ ਟਿੱਪਣੀਆਂ ਵੀ ਕੀਤੀਆਂ। ਹਾਲਾਂਕਿ, ਇਸ ਹਮਲੇ ਵਿੱਚ ਬਜ਼ੁਰਗ ਨੂੰ ਕੋਈ ਗੰਭੀਰ ਸਰੀਰਕ ਸੱਟ ਨਹੀਂ ਲੱਗੀ। ਘਟਨਾ ਨੂੰ ਅੰਜ਼ਾਮ ਦੇਣ ਤੋਂ ਬਾਅਦ ਮੁਲਜ਼ਮ ਸਕੂਲ ਦੀ ਵਾੜ ਟੱਪ ਕੇ ਫ਼ਰਾਰ ਹੋ ਗਿਆ ਸੀ। ਪੁਲਿਸ ਨੇ ਮੁਸਤੈਦੀ ਦਿਖਾਉਂਦਿਆਂ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਉਸ ਵਿਰੁੱਧ ਹਮਲਾ ਕਰਨ ਅਤੇ ਅਪਰਾਧਿਕ ਤੌਰ 'ਤੇ ਪਰੇਸ਼ਾਨ ਕਰਨ ਦੇ ਦੋਸ਼ ਆਇਦ ਕੀਤੇ ਗਏ ਹਨ। ਫ਼ਿਲਹਾਲ ਮੁਲਜ਼ਮ ਜ਼ਮਾਨਤ ਦੀ ਸੁਣਵਾਈ ਲਈ ਅਦਾਲਤੀ ਕਾਰਵਾਈ ਦਾ ਸਾਹਮਣਾ ਕਰ ਰਿਹਾ ਹੈ। ਇਸ ਘਟਨਾ ਕਾਰਨ ਸਿੱਖ ਸਮੂਹਾਂ ਵਿੱਚ ਡੂੰਘੀ ਚਿੰਤਾ ਪਾਈ ਜਾ ਰਹੀ ਹੈ। ਵੱਖ-ਵੱਖ ਸਿੱਖ ਜਥੇਬੰਦੀਆਂ ਨੇ ਕੈਨੇਡਾ ਵਿੱਚ ਵੱਧ ਰਹੀਆਂ ਨਫ਼ਰਤੀ ਘਟਨਾਵਾਂ 'ਤੇ ਸਖ਼ਤ ਇਤਰਾਜ਼ ਜਤਾਇਆ ਹੈ ਅਤੇ ਸਰਕਾਰ ਤੋਂ ਅਜਿਹੇ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਦੂਜੇ ਪਾਸੇ, ਪੁਲਿਸ ਅਧਿਕਾਰੀਆਂ ਨੇ ਭਰੋਸਾ ਦਿੱਤਾ ਹੈ ਕਿ ਨਫ਼ਰਤ ਫੈਲਾਉਣ ਵਾਲੀ ਕਿਸੇ ਵੀ ਕਾਰਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਭਾਈਚਾਰਕ ਸਾਂਝ ਤੇ ਸੁਰੱਖਿਆ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇਗਾ। ਪੁਲਿਸ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਕੋਲ ਘਟਨਾ ਨਾਲ ਸਬੰਧਿਤ ਕੋਈ ਹੋਰ ਵੀਡੀਓ ਜਾਂ ਸਬੂਤ ਹੋਵੇ ਤਾਂ ਜਾਂਚ ਵਿੱਚ ਸਹਿਯੋਗ ਦੇਣ ਲਈ ਅੱਗੇ ਆਉਣ।

## ਈਰਾਨ 'ਚ ਵੱਧ ਰਹੇ ਤਣਾਅ ਦੇ ਮੱਦੇਨਜ਼ਰ

ਦੂਤਾਵਾਸ ਦੇ ਤਾਲਮੇਲ ਨਾਲ ਨਿਰਧਾਰਿਤ ਜ਼ਮੀਨੀ ਸਰਹੱਦੀ ਰਸਤਿਆਂ ਰਾਹੀਂ ਦੇਸ਼ ਛੱਡ ਦੇਣ। ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਸਹਾਇਤਾ ਲਈ ਦੂਤਾਵਾਸ ਵੱਲੋਂ ਹੈਲਪਲਾਈਨ ਨੰਬਰ ਵੀ ਜਾਰੀ ਕੀਤੇ ਗਏ ਹਨ ਤਾਂ ਜੋ ਉੱਥੇ ਫਸੇ ਭਾਰਤੀਆਂ ਦੀ ਮੱਦਦ ਕੀਤੀ ਜਾ ਸਕੇ।

ਜ਼ਿਕਰਯੋਗ ਹੈ ਕਿ ਇਹ ਸਲਾਹ ਉਨ੍ਹਾਂ ਰਿਪੋਰਟਾਂ ਤੋਂ ਬਾਅਦ ਆਈ ਹੈ ਜਿਨ੍ਹਾਂ ਵਿੱਚ ਭਾਰਤ ਅਤੇ ਈਰਾਨ ਵਿਚਾਲੇ ਹਵਾਈ ਸੰਪਰਕ ਮੁੜ ਸ਼ੁਰੂ ਹੋਣ ਦਾ ਦਾਅਵਾ ਕੀਤਾ ਗਿਆ ਸੀ ਪਰ ਭਾਰਤ ਸਰਕਾਰ ਨੇ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਆਪਣੇ ਨਾਗਰਿਕਾਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਹੈ।

## ਭਾਰਤ ਨੇ ਟਰੰਪ ਦੀ 'ਨਰਕ' ਵਾਲੀ ਟਿੱਪਣੀ ਨੂੰ ਦਿੱਤਾ ਘਟੀਆ

'ਤੇ ਮਿਲਣ ਵਾਲੀ ਨਾਗਰਿਕਤਾ ਬਾਰੇ ਸੁਪਰੀਮ ਕੋਰਟ ਦੇ ਇੱਕ ਕੇਸ 'ਤੇ ਚਰਚਾ ਦੌਰਾਨ ਸ਼ੁਰੂ ਹੋਇਆ। ਸੇਵੇਜ ਨੇ ਤਰਕ ਦਿੱਤਾ ਸੀ ਕਿ ਕੁਝ ਪਰਵਾਸੀ ਅਮਰੀਕੀ ਕਾਨੂੰਨਾਂ ਦਾ ਨਾਜਾਇਜ਼ ਫ਼ਾਇਦਾ ਉਠਾਉਂਦੇਹਨ ਅਤੇ ਬੱਚਿਆਂ ਨੂੰ ਅਮਰੀਕੀ ਨਾਗਰਿਕਤਾ ਦਿਵਾਉਣ ਲਈ ਗਰਭ ਅਵਸਥਾ ਦੇ ਆਖਰੀ ਦਿਨਾਂ ਵਿੱਚ ਅਮਰੀਕਾ ਪਹੁੰਚਦੇ ਹਨ। ਇਸ ਦੌਰਾਨ ਉਨ੍ਹਾਂ ਭਾਰਤ ਅਤੇ ਚੀਨ ਵਰਗੇ ਦੇਸ਼ਾਂ ਦਾ ਨਾਮ ਲੈਂਦਿਆਂ ਇਨ੍ਹਾਂ ਨੂੰ 'ਧਰਤੀ ਦੇ ਨਰਕ' ਕਹਿ ਕੇ ਸੰਬੋਧਨ ਕੀਤਾ। ਰਾਸ਼ਟਰਪਤੀ ਡੋਨਲਡ ਟਰੰਪ ਨੇ ਇਨ੍ਹਾਂ ਅਪਮਾਨਜਨਕ ਟਿੱਪਣੀਆਂ ਨੂੰ ਆਪਣੇ ਸੋਸ਼ਲ ਮੀਡੀਆ ਖਾਤੇ 'ਤੇ ਰੀ-ਪੋਸਟ ਕਰਕੇ ਮੁੜ ਹਵਾ ਦਿੱਤੀ, ਜਿਸ ਕਾਰਨ ਭਾਰਤ ਦੇ ਕੂਟਨੀਤਕ ਹਲਕਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਭਾਰਤੀ ਵਿਦੇਸ਼ ਮੰਤਰਾਲੇ ਨਾਲ ਜੁੜੇ ਸੂਤਰਾਂ ਅਨੁਸਾਰ, ਅਜਿਹੇ ਗੈਰ-ਜ਼ਿੰਮੇਵਾਰਾਨਾ ਬਿਆਨ ਦੋਵਾਂ ਦੇਸ਼ਾਂ ਦੇ ਮਜ਼ਬੂਤ ਸਬੰਧਾਂ ਦੀ ਮਰਿਆਦਾ ਦੇ ਖ਼ਿਲਾਫ਼ ਹਨ। ਮਾਹਿਰਾਂ ਦਾ ਕਹਿਣਾ ਹੈ ਕਿ ਅਮਰੀਕਾ ਵਿੱਚ ਚੋਣਾਂ ਜਾਂ ਕਾਨੂੰਨੀ ਬਹਿਸਾਂ ਦੌਰਾਨ ਅਕਸਰ ਅਜਿਹੀ ਭਾਸ਼ਾ ਦੀ ਵਰਤੋਂ ਕੀਤੀ ਜਾਂਦੀ ਹੈ, ਪਰ ਇੱਕ ਰਾਸ਼ਟਰਪਤੀ ਵੱਲੋਂ ਅਜਿਹੀਆਂ ਟਿੱਪਣੀਆਂ ਨੂੰ ਅੱਗੇ ਵਧਾਉਣਾ ਕੌਮਾਂਤਰੀ ਸਬੰਧਾਂ ਵਿੱਚ ਕੁੜੱਤਣ ਪੈਦਾ ਕਰ ਸਕਦਾ ਹੈ। ਭਾਰਤ ਨੇ ਸਪੱਸ਼ਟ ਕੀਤਾ ਹੈ ਕਿ ਉਹ ਅਜਿਹੀਆਂ ਗੁੰਮਰਾਹਕੁੰਨ ਧਾਰਨਾਵਾਂ ਨੂੰ ਸਵੀਕਾਰ ਨਹੀਂ ਕਰੇਗਾ।

## ਅਰਬਪਤੀਆਂ ਦੇ ਮਾਮਲੇ 'ਚ ਭਾਰਤ ਤੀਜੇ ਨੰਬਰ 'ਤੇ

ਦਰਾਂ ਬਾਰੇ ਚਿੰਤਾਵਾਂ ਅਤੇ ਅਸਮਾਨ ਆਰਥਕ ਪ੍ਰਦਰਸ਼ਨ ਦੇ ਬਾਵਜੂਦ, ਵਿਸ਼ਵਵਿਆਪੀ ਦੌਲਤ ਸਿਰਜਣਾ ਵਿਚ 'ਤੇਜ਼ੀ ਨਾਲ ਵਾਧਾ' ਹੋਇਆ ਹੈ। ਨਾਈਟ ਫਰੈਂਕ ਅਨੁਸਾਰ, ਦੇਸ਼ ਵਿਚ ਪਿਛਲੇ ਪੰਜ ਸਾਲਾਂ ਵਿਚ ਅਰਬਪਤੀਆਂ ਦੀ ਗਿਣਤੀ 58 ਪ੍ਰਤੀਸ਼ਤ ਵੱਧ ਕੇ 2026 ਵਿਚ 207 ਹੋ ਗਈ ਹੈ, ਜਿਸ ਨਾਲ ਇਹ ਅਮਰੀਕਾ (914) ਅਤੇ ਚੀਨ (485) ਤੋਂ ਬਾਅਦ ਤੀਜੇ ਸਥਾਨ 'ਤੇ ਹੈ।

ਦੇਸ਼ ਵਿਚ ਅਰਬਪਤੀਆਂ ਦੀ ਗਿਣਤੀ 2026 ਦੀ ਸ਼ੁਰੂਆਤ ਵਿਚ 207 ਤੋਂ ਵੱਧ ਕੇ 2031 ਤਕ 51 ਪ੍ਰਤੀਸ਼ਤ ਵਾਧੇ ਨਾਲ 313 ਹੋਣ ਦਾ ਅਨੁਮਾਨ ਹੈ। ਭਾਰਤ ਵਿਚ ਯੂਐਚਐਨਡਬਲਿਊਆਈ ਦੀ ਕੁੱਲ ਗਿਣਤੀ ਵਿਚ ਮੁੰਬਈ ਦੀ ਹਿੱਸੇਦਾਰੀ 35.4 ਪ੍ਰਤੀਸ਼ਤ ਹੈ। ਭਾਰਤ ਹੁਣ ਦੁਨੀਆਂ ਵਿਚ ਯੂਐਚਐਨ ਡਬਲਿਊਆਈ ਦਾ ਛੇਵਾਂ ਸਭ ਤੋਂ ਵੱਡੀ ਆਬਾਦੀ ਵਾਲਾ ਦੇਸ਼ ਹੈ।ਵਿਸ਼ਵ ਪੱਧਰ 'ਤੇ ਯੂਐਚਐਨਡਬਲਿਊਆਈ ਦੀ ਗਿਣਤੀ 2021 ਵਿਚ 551,435 ਤੋਂ ਵੱਧ ਕੇ 713,626 ਹੋ ਗਈ ਹੈ। ਨਾਈਟ ਫਰੈਂਕ ਇੰਡੀਆ ਦੇ ਅੰਤਰਰਾਸ਼ਟਰੀ ਭਾਈਵਾਲ, ਚੇਅਰਮੈਨ ਅਤੇ ਪ੍ਰਬੰਧ ਨਿਰਦੇਸ਼ਕ ਸ਼ਿਸ਼ਿਰ ਬੈਜਲ ਨੇ ਕਿਹਾ, "ਭਾਰਤ ਵਿਚ ਅਮੀਰ ਵਿਅਕਤੀਆਂ ਦੀ ਗਿਣਤੀ ਵਿਚ ਵਾਧਾ ਭਾਰਤ ਦੇ ਆਰਥਕ ਵਿਕਾਸ ਨੂੰ ਦਰਸਾਉਂਦਾ ਹੈ। ਇਹ ਇਕ ਵਧੇਰੇ ਉੱਦਮੀ ਅਰਥਵਿਵਸਥਾ ਬਣਦੇ ਹੋਏ ਮਜ਼ਬੂਤ ਪੂੰਜੀ ਭੰਡਾਰ, ਵਧੇਰੇ ਵਿਕਸਤ ਵਿੱਤੀ ਬਜ਼ਾਰਾਂ ਅਤੇ ਵਿਸ਼ਵ ਪੱਧਰ 'ਤੇ ਜੁੜੇ ਸੰਸਥਾਪਕਾਂ ਅਤੇ ਨਿਵੇਸ਼ਕਾਂ ਦੇ ਵਧਦੇ ਸਮੂਹਾਂ ਨਾਲ ਅੱਗੇ ਵੱਧ ਰਿਹਾ ਹੈ। " ਉਨ੍ਹਾਂ ਕਿਹਾ ਕਿ ਡਿਜੀਟਲਾਈਜ਼ੇਸ਼ਨ, ਸੂਚੀਬੱਧ ਸਟਾਕ ਬਾਜ਼ਾਰ, ਨਿਜੀ ਪੂੰਜੀ ਅਤੇ ਪਰਵਾਰਕ ਮਾਲਕੀ ਵਾਲੇ ਕਾਰੋਬਾਰ ਸਾਰੇ ਇਸ ਵਿਚ ਭੂਮਿਕਾ ਨਿਭਾਉਂਦੇ ਹਨ।

## ਸਮਾਣਾ ਮੋਰਚਾ ਸਮਾਪਤ

ਸਮਾਣਾ ਰਿਚਾ ਗੋਇਲ ਅਤੇ ਡੀਐਸਪੀ ਫਤਹਿ ਸਿੰਘ ਬਰਾੜ ਦੀ ਹਾਜ਼ਰੀ ਵਿੱਚ ਪੰਜਾਬ ਫਾਇਰ ਸਰਵਿਸ ਦੇ ਸਹਾਇਕ ਮੰਡਲ ਫਾਇਰ ਅਫ਼ਸਰ ਹਰਿੰਦਰਪਾਲ ਸਿੰਘ ਦੀ ਫਾਇਰ ਬ੍ਰਿਗੇਡ ਟੀਮ ਨੇ ਇਹ ਬਚਾਅ ਕਾਰਜ ਨੇਪਰੇ ਚੜ੍ਹਾਇਆ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਪੂਰੇ ਉਪਰੇਸ਼ਨ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਨੇ ਭਾਈ ਖ਼ਾਲਸਾ ਦੀ ਸਿਹਤ ਤੇ ਜ਼ਿੰਦਗੀ ਦੀ ਸੁਰੱਖਿਆ ਨੂੰ ਮੁੱਖ ਰੱਖਿਆ ਹੈ। ਉਨ੍ਹਾਂ ਕਿਹਾ ਕਿ ਹੇਠ ਉਤਰਦਿਆਂ ਹੀ ਸਮਾਣਾ ਦੇ ਐਸ ਐਮ ਓ ਡਾ ਨੰਦਨੀ ਸ਼ਰਮਾ ਅਤੇ ਸਰਕਾਰੀ ਮੈਡੀਕਲ ਕਾਲਜ ਦੇ ਸਹਾਇਕ ਪ੍ਰੋਫੈਸਰ ਡਾ. ਪਰਮਿੰਦਰ ਪਾਲ ਸਿੰਘ ਦੀ ਮੈਡੀਕਲ ਟੀਮ ਨੇ ਉਨ੍ਹਾਂ ਦੀ ਸਿਹਤ ਦਾ ਨਿਰੀਖਣ ਕਰਕੇ ਲੋੜੀਂਦੀ ਮੈਡੀਕਲ ਸਹਾਇਤਾ ਪ੍ਰਦਾਨ ਕੀਤੀ।

ਟਾਵਰ ਤੋਂ ਸੁਰੱਖਿਅਤ ਹੇਠਾਂ ਉਤਾਰਨ ਲਈ ਟਾਵਰ ਮੋਰਚਾ ਸਮਾਣਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਤੇ ਐਸ ਐਸ ਪੀ ਵਰੁਣ ਸ਼ਰਮਾ ਦੀ ਅਗਵਾਈ ਹੇਠ ਐਸ ਡੀ ਐਮ ਰਿਚਾ ਗੋਇਲ, ਡੀਐਸਪੀ ਫ਼ਤਿਹ ਸਿੰਘ ਬਰਾੜ, ਪੰਜਾਬ ਫਾਇਰ ਸਰਵਿਸ ਅਤੇ ਮੈਡੀਕਲ ਟੀਮ ਦੇ ਪ੍ਰਬੰਧਾਂ ਤੇ ਯਤਨਾਂ ਦੀ ਸ਼ਲਾਘਾ ਕੀਤੀ ਹੈ।

ਉਪਰੇਸ਼ਨ ਦੇ ਨੋਡਲ ਅਫ਼ਸਰ-ਐਸ ਡੀ ਐਮ ਰਿਚਾ ਗੋਇਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਇਹ ਬਚਾਅ ਉਪਰੇਸ਼ਨ ਸਫਲਤਾਪੂਰਵਕ ਮੁਕੰਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫਾਇਰ ਬ੍ਰਿਗੇਡ ਵੱਲੋਂ ਨਗਰ ਨਿਗਮ ਲੁਧਿਆਣਾ ਤੋਂ ਟਰਨ ਟੇਬਲ ਲੈਡਰ ਲਿਆਂਦੀ ਗਈ ਸੀ।

ਇਸ ਬਚਾਅ ਉਪਰੇਸ਼ਨ ਬਾਰੇ ਦੱਸਦਿਆਂ ਫਾਇਰ ਬ੍ਰਿਗੇਡ ਦੇ ਸਹਾਇਕ ਮੰਡਲ ਫਾਇਰ ਅਫ਼ਸਰ ਹਰਿੰਦਰਪਾਲ ਸਿੰਘ, ਫਾਇਰ ਸਟੇਸ਼ਨ ਅਫ਼ਸਰ ਰਜਿੰਦਰ ਕੌਸ਼ਲ ਅਤੇ ਰਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਫਾਇਰ ਸਰਵਿਸ ਦੀ ਟਰੇਂਡ ਰੈਸਕਿਊ ਟੀਮ (ਫਸਟ ਰਿਸਪੌਂਡਰ) ਨੇ ਟਰਨ ਟੇਬਲ ਲੈਡਰ (ਟੀਟੀਐਲ) ਰਾਹੀਂ ਟਾਵਰ ਉਤੇ 180 ਫੁੱਟ ਉੱਚਾਈ ਤੱਕ ਪਹੁੰਚ ਬਣਾਈ। ਉਸ ਤੋਂ ਉਪਰ ਟੀਮ ਨੇ 150 ਫੁੱਟ ਤੱਕ ਹਾਰਨੈਸ ਪੁਲੀ, ਰੱਸੀ ਆਦਿ ਨਾਲ ਭਾਈ ਖਾਲਸਾ ਦੇ ਟਿਕਾਣੇ 'ਤੇ ਪਹੁੰਚ ਕੇ ਉਸ ਨੂੰ ਹਰ ਪੱਖੋਂ ਸੁਰੱਖਿਅਤ ਕਰਕੇ ਪੌੜੀ ਰਾਹੀਂ ਹਾਰਨੈਸ ਕਰਕੇ ਰੱਸੀ ਨਾਲ 125 ਫੁੱਟ ਹੇਠਾਂ ਲਿਆਂਦਾ ਅਤੇ ਫਾਇਰ ਬ੍ਰਿਗੇਡ ਦੀ ਟਰਨ ਟੇਬਲ ਲੈਡਰ ਹਾਈਡਰੌਲਿਕ ਦੇ ਕੈਬਿਨ ਵਿੱਚ ਸ਼ਿਫਟ ਕੀਤਾ। ਇਸ ਦੌਰਾਨ ਟਾਵਰ ਉਤੇ ਗਏ ਸਬ ਫਾਇਰ ਅਫਸਰ ਰਮਨ ਕੁਮਾਰ ਦੀ ਟੀਮ ਮੈਂਬਰਾਂ ਫਾਇਰਮੈਨ ਕਮਲਜੀਤ ਸਿੰਘ, ਗਗਨਦੀਪ ਸਿੰਘ, ਗੁਰਚਰਨ ਸਿੰਘ, ਅਮਨਦੀਪ ਸਿੰਘ ਤੇ ਕ੍ਰਿਸ਼ਨ ਕੁਮਾਰ ਨੇ ਫੁਲ ਬਾਡੀ ਹਾਰਨੈਸ (ਬੈਲਟ), ਸਟਰੈਚਰ, ਪੁਲੀ, ਰੱਸਾ, ਨਾਨ ਸਲਿਪਰੀ ਸੇਫਟੀ ਗਲੱਵਜ, ਸੇਫਟੀ ਲਈ ਹਾਈ ਵੋਲਟੇਜ ਸਿਸਟਮ ਅਤੇ ਵਾਇਰਲੈਸ ਸੈਟ ਦੀ ਵਰਤੋਂ ਕਰਕੇ ਇਹਤਿਆਤ ਤੇ ਸੁਰੱਖਿਅਤ ਢੰਗ ਨਾਲ ਪੂਰੇ ਉਪਰੇਸ਼ਨ ਨੂੰ ਸਿਰੇ ਚੜ੍ਹਾਇਆ। ਟੀਟੀਐਲ ਦੇ ਉਪਰੇਟਰ ਰਵੀ ਸ਼ੰਕਰ ਅਤੇ ਅਮਨਿੰਦਰ ਸਿੰਘ ਨੇ ਪੂਰੇ ਤਕਨੀਕੀ ਢੰਗ ਨਾਲ ਇਸ ਅਤਿਆਧੁਨਿਕ ਲਿਫ਼ਟ ਨੂੰ ਉਪਰੇਟ ਕੀਤਾ।

## ਕੇਜਰੀਵਾਲ ਕੇਂਦਰ ਵੱਲੋਂ ਅਲਾਟ ਕੀਤੇ

ਘਰ ਵਿੱਚ ਸ਼ਿਫਟ ਹੋ ਗਿਆ ਹਾਂ।' ਟਾਈਪ-7 ਬੰਗਲੇ ਦੀ ਇਹ ਅਲਾਟਮੈਂਟ ਪਿਛਲੇ ਸਾਲ ਅਕਤੂਬਰ ਵਿੱਚ ਕੀਤੀ ਗਈ ਸੀ, ਜਿਸ ਤੋਂ ਬਾਅਦ 'ਆਪ' ਨੇ ਪੁਸ਼ਟੀ ਕੀਤੀ ਸੀ ਕਿ ਕੇਜਰੀਵਾਲ 95, ਲੋਧੀ ਐਸਟੇਟ ਵਾਲੀ ਰਿਹਾਇਸ਼ ਵਿੱਚ ਰਹਿਣ ਲਈ ਜਾਣਗੇ। ਪਾਰਟੀ ਨੇ ਉਸ ਸਮੇਂ ਦੱਸਿਆ ਸੀ ਕਿ ਦਿੱਲੀ ਹਾਈ ਕੋਰਟ ਵੱਲੋਂ ਇਸ ਮਾਮਲੇ 'ਤੇ ਕੇਂਦਰ ਸਰਕਾਰ ਨੂੰ ਲਗਾਈ ਗਈ ਫਟਕਾਰ ਤੋਂ ਬਾਅਦ ਹੀ ਇਹ ਅਲਾਟਮੈਂਟ ਹੋਈ ਹੈ। ਕੇਜਰੀਵਾਲ ਮੁੱਖ ਮੰਤਰੀ ਹੁੰਦਿਆਂ ਸਿਵਲ ਲਾਈਨਜ਼ ਦੇ 6, ਫਲੈਗ ਸਟਾਫ ਰੋਡ ਵਾਲੇ ਘਰ ਵਿੱਚ ਰਹਿੰਦੇ ਸਨ। ਸਤੰਬਰ, 2024 ਵਿੱਚ ਅਸਤੀਫ਼ਾ ਦੇਣ ਤੋਂ ਬਾਅਦ, ਉਹ 'ਆਪ' ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਸਰਕਾਰੀ ਬੰਗਲੇ ਵਿੱਚ ਸ਼ਿਫਟ ਹੋ ਗਏ ਸਨ।

## ਮੋਦੀ ਨੇ ਕੋਲਕਾਤਾ 'ਚ ਹੁਗਲੀ ਨਦੀ ਵਿੱਚ

ਮਹਾਨ ਬੰਗਾਲੀ ਸਮਾਜ ਦੀ ਖੁਸ਼ਹਾਲੀ ਲਈ ਆਪਣੇ ਸੰਕਲਪ ਨੂੰ ਦੁਹਰਾਇਆ।' ਇਸ ਤੋਂ ਪਹਿਲਾਂ ਕੱਲ੍ਹ ਸ਼ਾਮ ਪ੍ਰਧਾਨ ਮੰਤਰੀ ਮੋਦੀ ਨੇ ਕੋਲਕਾਤਾ ਦੇ ਹਾਵੜਾ ਵਿੱਚ ਇੱਕ ਰੋਡ ਸ਼ੋਅ ਕੀਤਾ, ਜਿਸ ਵਿੱਚ ਵੱਡੀ ਭੀੜ ਇਕੱਠੀ ਹੋਈ। ਸੋਸ਼ਲ ਮੀਡੀਆ 'ਤੇ ਰੋਡ ਸ਼ੋਅ ਦੀਆਂ ਫੋਟੋਆਂ ਸਾਂਝੀਆਂ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਲਿਖਿਆ, 'ਹਾਵੜਾ ਰੋਡ ਸ਼ੋਅ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੈ।ਇਹ ਰੋਡ ਸ਼ੋਅ, ਜੋ ਹਾਵੜਾ ਬ੍ਰਿਜ ਤੋਂ ਲੰਘਿਆ ਅਤੇ ਕੋਲਕਾਤਾ ਵਿੱਚ ਸਮਾਪਤ ਹੋਇਆ, ਬੰਗਾਲ ਦੇ ਹਰ ਕੋਨੇ ਵਿੱਚ ਬਦਲਾਅ ਦੀ ਇੱਛਾ ਨੂੰ ਦਰਸਾਉਂਦਾ ਹੈ। ਭਾਜਪਾ ਬੰਗਾਲ ਦੀ ਪਸੰਦ ਹੈ।'

## ਨਾਬਾਲਗ ਨੂੰ ਮਰਜ਼ੀ ਵਿਰੁੱਧ ਗਰਭ ਅਵਸਥਾ

ਘਾਣ ਹੋਵੇਗਾ। ਬੈਂਚ ਨੇ ਕਿਹਾ,'ਆਪਣੇ ਸਰੀਰ ਬਾਰੇ ਫੈਸਲੇ ਲੈਣ ਦਾ ਹੱਕ, ਖਾਸ ਕਰਕੇ ਪ੍ਰਜਨਨ ਦੇ ਮਾਮਲਿਆਂ ਵਿੱਚ, ਸੰਵਿਧਾਨ ਦੀ ਧਾਰਾ 21 ਦੇ ਤਹਿਤ ਨਿੱਜੀ ਆਜ਼ਾਦੀ ਦਾ ਇੱਕ ਅਹਿਮ ਹਿੱਸਾ ਹੈ। ਇਸ ਹੱਕ 'ਤੇ ਬਿਨਾਂ ਵਜ੍ਹਾ ਪਾਬੰਦੀਆਂ ਨਹੀਂ ਲਗਾਈਆਂ ਜਾ ਸਕਦੀਆਂ, ਖਾਸ ਤੌਰ 'ਤੇ ਨਾਬਾਲਗਾਂ ਅਤੇ ਅਣਚਾਹੇ ਗਰਭ ਦੇ ਮਾਮਲਿਆਂ ਵਿੱਚ, ਜਿਵੇਂ ਕਿ ਇਸ ਕੇਸ ਵਿੱਚ ਦੇਖਿਆ ਗਿਆ ਹੈ।'

ਸਿਖਰਲੀ ਅਦਾਲਤ ਨੇ ਕਿਹਾ, 'ਕਿਸੇ ਵੀ ਅਦਾਲਤ ਨੂੰ ਕਿਸੇ ਔਰਤ, ਖਾਸ ਕਰਕੇ ਨਾਬਾਲਗ ਬੱਚੀ ਨੂੰ ਉਸ ਦੀ ਮਰਜ਼ੀ ਦੇ ਉਲਟ ਪੂਰਾ ਸਮਾਂ ਗਰਭਵਤੀ ਰਹਿਣ ਲਈ ਮਜਬੂਰ ਨਹੀਂ ਕਰਨਾ ਚਾਹੀਦਾ। ਅਜਿਹੀ ਮਜਬੂਰੀ ਨਾ ਸਿਰਫ ਉਸ ਦੀ ਆਪਣੀ ਮਰਜ਼ੀ ਨਾਲ ਫੈਸਲਾ ਲੈਣ ਦੀ ਆਜ਼ਾਦੀ ਨੂੰ ਖਤਮ ਕਰੇਗੀ, ਸਗੋਂ ਬੱਚੇ ਨੂੰ ਜਨਮ ਦੇਣ ਲਈ ਮਜਬੂਰ ਕੀਤੇ ਜਾਣ 'ਤੇ ਉਸ ਨੂੰ ਗੰਭੀਰ ਮਾਨਸਿਕ, ਭਾਵਨਾਤਮਕ ਅਤੇ ਸਰੀਰਕ ਸਦਮਾ ਵੀ ਪਹੁੰਚਾਏਗੀ।' ਬੈਂਚ ਨੇ ਕਿਹਾ, 'ਇਹ ਕਹਿਣਾ ਆਸਾਨ ਹੈ ਕਿ ਜੇਕਰ ਗਰਭਵਤੀ ਔਰਤ ਬੱਚੇ ਨੂੰ ਪਾਲਣ ਵਿੱਚ ਦਿਲਚਸਪੀ ਨਹੀਂ ਰੱਖਦੀ, ਤਾਂ ਉਹ ਬੱਚੇ ਨੂੰ ਗੋਦ ਦੇ ਸਕਦੀ ਹੈ ਅਤੇ ਇਸ ਲਈ ਉਸ ਨੂੰ ਬੱਚੇ ਨੂੰ ਜਨਮ ਦੇਣਾ ਚਾਹੀਦਾ ਹੈ।' ਸੁਪਰੀਮ ਕੋਰਟ ਨੇ ਕਿਹਾ ਕਿ ਸੰਵਿਧਾਨਕ ਅਦਾਲਤਾਂ ਨੂੰ ਜਨਮ ਲੈਣ ਵਾਲੇ ਬੱਚੇ ਦੀ ਬਜਾਏ ਗਰਭਵਤੀ ਔਰਤ ਦੀ ਭਲਾਈ ਅਤੇ ਉਸ ਦੇ ਹਾਲਾਤ ਨੂੰ ਪਹਿਲ ਦੇਣੀ ਚਾਹੀਦੀ ਹੈ। ਬੈਂਚ ਨੇ ਸਪਸ਼ਟ ਕੀਤਾ,'ਸੰਵਿਧਾਨਕ ਅਦਾਲਤ ਨੂੰ ਸਾਰੇ ਤੱਥਾਂ ਅਤੇ ਹਾਲਾਤ ਨੂੰ ਉਸ ਪੱਖ ਦੇ ਨਜ਼ਰੀਏ ਤੋਂ ਦੇਖਣਾ ਚਾਹੀਦਾ ਹੈ ਜੋ ਗਰਭਪਾਤ ਕਰਵਾਉਣਾ ਚਾਹੁੰਦੀ ਹੈ ਅਤੇ ਇਸ ਦੇ ਡਾਕਟਰੀ ਜੋਖਮ ਉਠਾਉਣ ਲਈ ਤਿਆਰ ਹੈ। ਅਦਾਲਤ ਨੂੰ ਗਰਭ ਅਵਸਥਾ ਪੂਰੀ ਕਰਨ ਅਤੇ ਕਿਸੇ ਅਣਚਾਹੇ ਬੱਚੇ ਨੂੰ ਜਨਮ ਦੇਣ ਦਾ ਹੁਕਮ ਨਹੀਂ ਦੇਣਾ ਚਾਹੀਦਾ।' ਸਿਖਰਲੀ ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿੱਚ ਨਾਬਾਲਗ 15 ਸਾਲ ਦੀ ਹੈ ਅਤੇ ਗਰਭ ਅਵਸਥਾ ਅਣਚਾਹੀ ਹੈ। ਅਦਾਲਤ ਨੇ ਕਿਹਾ ਕਿ ਗਰਭ ਅਵਸਥਾ ਨੂੰ ਜਾਰੀ ਰੱਖਣਾ ਗਰਭਵਤੀ ਨਾਬਾਲਗ ਦੇ ਹਿੱਤ ਵਿੱਚ ਨਹੀਂ ਹੈ, ਖਾਸ ਕਰਕੇ ਜਦੋਂ ਉਸ ਨੇ ਦੋ ਵਾਰ ਆਪਣੀ ਜਾਨ ਲੈਣ ਦੀ ਕੋਸ਼ਿਸ਼ ਕੀਤੀ ਹੋਵੇ।

## ਪੰਜਾਬ 'ਚ ਤਿੰਨ ਦਰਜਨ ਤੋਂ ਵੱਧ ਐਮ.ਐਲ.ਏ.

ਆਪਣੇ ਘਰ ਦੀਆਂ ਦਰਾਰਾਂ ਨਾਲ ਵੀ ਲੜਨਾ ਪਵੇਗਾ। ਜੇ ਉਹ ਵਿਧਾਇਕਾਂ ਦਾ ਭਰੋਸਾ ਨਹੀਂ ਬਚਾ ਸਕੇ, ਤਾਂ ਵਿਰੋਧੀ ਦਿੱਲੀ ਤੋਂ ਚੱਲਦੀ ਸਰਕਾਰ ਵਾਲਾ ਦੋਸ਼ ਹੋਰ ਜ਼ੋਰ ਨਾਲ ਉਠਾਉਣਗੇ। ਇਹ ਧਾਰਨਾ ਬਣ ਸਕਦੀ ਹੈ ਕਿ ਪੰਜਾਬ ਦੀ ਸਰਕਾਰ ਦਾ ਅਸਲੀ ਨਿਯੰਤਰਣ ਚੰਡੀਗੜ੍ਹ ਵਿੱਚ ਨਹੀਂ, ਦਿੱਲੀ ਵਿੱਚ ਹੈ—ਅਤੇ ਜੇ ਦਿੱਲੀ ਦੀ ਕਮਾਂਡ ਕਮਜ਼ੋਰ ਪਈ, ਤਾਂ ਪੰਜਾਬ ਦੀ ਸਰਕਾਰ ਵੀ ਹਿੱਲ ਜਾਵੇਗੀ।

2027 ਦੀ ਚੋਣ ਅਜੇ ਦੂਰ ਹੈ, ਪਰ ਉਸ ਦੀ ਪਰਛਾਈ ਅੱਜ ਹੀ ਦਿਖਣ ਲੱਗੀ ਹੈ। ਜੇ ਆਪ ਇਸ ਸੰਕਟ ਨੂੰ ਸਮੇਂ ਸਿਰ ਨਹੀਂ ਸੰਭਾਲਦੀ, ਤਾਂ ਇਹ ਟੁੱਟ ਚੋਣੀ ਹਾਰ ਦਾ ਬੀਜ ਬਣ ਸਕਦੀ ਹੈ। ਪੰਜਾਬ ਦਾ ਵੋਟਰ ਬਹੁਤ ਤੇਜ਼ੀ ਨਾਲ ਹਵਾ ਦੀ ਦਿਸ਼ਾ ਪਛਾਣਦਾ ਹੈ। ਜੇ ਉਸ ਨੂੰ ਲੱਗਿਆ ਕਿ ਸੱਤਾ ਦੀ ਨੌਕਾ ਡਗਮਗਾ ਰਹੀ ਹੈ, ਤਾਂ ਉਹ ਆਪਣਾ ਕਿਨਾਰਾ ਬਦਲਣ ਵਿੱਚ ਦੇਰ ਨਹੀਂ ਲਗਾਏਗਾ। ਅੱਜ ਰਾਜਨੀਤੀ ਵਿੱਚ ਕਈ ਵਾਰ ਸਰਕਾਰਾਂ ਵਿਰੋਧੀਆਂ ਨਾਲ ਨਹੀਂ, ਆਪਣੇ ਹੀ ਲੋਕਾਂ ਦੀ ਚੁੱਪ ਨਾਲ ਡਿੱਗਦੀਆਂ ਹਨ। ਪੰਜਾਬ ਵਿੱਚ ਆਪ ਲਈ ਅੱਜ ਸਭ ਤੋਂ ਵੱਡਾ ਸਵਾਲ ਇਹ ਨਹੀਂ ਕਿ ਵਿਰੋਧੀ ਕੀ ਕਰ ਸਕਦੇ ਹਨ।

# ਪੰਜਾਬ ਪੁਲਿਸ ਦਾ 'ਸੰਪਰਕ ਅਭਿਆਨ' ਨੌਜਵਾਨਾਂ ਨੂੰ ਗੈਂਗਸਟਰਾਂ ਦੀ ਹਨ੍ਹੇਰੀ ਦੁਨੀਆਂ 'ਚ ਸ਼ਾਮਲ ਹੋਣ ਦੇ ਮਾਰੂ ਪ੍ਰਭਾਵਾਂ ਤੋਂ ਕਰਵਾ ਰਿਹੈ ਜਾਗਰੂਕ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.): ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤਾ ਗਿਆ "ਸੰਪਰਕ ਅਭਿਆਨ" ਜਿਸ ਤਹਿਤ ਪੁਲਿਸ ਮੁਲਾਜ਼ਮ ਸੂਬੇ ਦੇ ਵਸਨੀਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਦੇ ਹਨ ਤੇ ਉਨ੍ਹਾਂ ਦਾ ਹੱਲ ਕਰਦੇ ਹਨ। ਇਸ ਦੇ ਨਾਲ ਹੀ ਕਮਿਊਨਿਟੀ ਪੁਲਿਸਿੰਗ ਨੂੰ ਉਤਸ਼ਾਹਿਤ ਕਰਕੇ ਨਸ਼ਿਆਂ ਦੀ ਸਮੱਸਿਆ ਨੂੰ ਨਜਿੱਠਣ ਵਾਲਾ ਇਹ ਅਭਿਆਨ ਹੁਣ ਨੌਜਵਾਨਾਂ ਨੂੰ ਗੈਂਗਸਟਰਾਂ ਦੀ 'ਹਨ੍ਹੇਰੀ ਦੁਨੀਆ' ਬਾਰੇ ਜਾਗਰੂਕ ਕਰਨ ਲਈ ਇੱਕ ਖੁੱਲ੍ਹਾ ਸੰਵਾਦ ਮੰਚ ਬਣਦਾ ਜਾ ਰਿਹਾ ਹੈ। ਜ਼ਿਲ੍ਹਿਆਂ, ਪਿੰਡਾਂ ਤੇ ਸ਼ਹਿਰਾਂ ਦੇ ਪੱਧਰ 'ਤੇ ਨਿਯਮਿਤ ਸੰਵਾਦ ਨਾਲ ਪੁਲਿਸ ਨੂੰ ਨੌਜਵਾਨਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨ ਦਾ ਮੌਕਾ ਮਿਲਿਆ ਹੈ, ਜਿਸ ਨਾਲ ਉਨ੍ਹਾਂ ਨੂੰ ਇਹ ਸਮਝਾਉਣ ਵਿੱਚ ਸਫ਼ਲਤਾ ਮਿਲੀ ਹੈ ਕਿ ਗੈਂਗ ਕਿਵੇਂ ਨੌਜਵਾਨ ਪੀੜ੍ਹੀ ਨੂੰ ਆਪਣੇ ਜਾਲ ਵਿੱਚ ਫਸਾ ਕੇ ਉਨ੍ਹਾਂ ਦਾ ਭਵਿੱਖ ਖ਼ਰਾਬ ਕਰਦੇ ਹਨ। ਪੰਜਾਬ ਸਰਕਾਰ ਵੱਲੋਂ ਸਮਰਥਿਤ "ਗੈਂਗਸਟਰਾਂ 'ਤੇ ਵਾਰ" ਅਭਿਆਨ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ ਪੁਲਿਸ ਨੇ ਪਾਇਆ ਹੈ ਕਿ ਗੈਂਗਸਟਰ ਨੌਜਵਾਨਾਂ ਨੂੰ ਛੇਤੀ ਅਤੇ ਸੁਖਾਲੇ ਢੰਗ ਨਾਲ ਪੈਸਾ ਕਮਾਉਣ, ਪਦਾਰਥਕ ਸੁੱਖ-ਸੁਵਿਧਾਵਾਂ ਜਾਂ ਵਿਦੇਸ਼ ਵਿੱਚ ਵਸਾਉਣ ਦੇ ਝੂਠੇ ਵਾਅਦਿਆਂ ਰਾਹੀਂ ਅਪਰਾਧ ਵਿੱਚ ਸ਼ਾਮਲ ਹੋਣ ਲਈ ਲੁਭਾਉਂਦੇ ਹਨ ਜੋ ਅਸਲ ਵਿੱਚ ਇੱਕ ਭਰਮ ਹੁੰਦਾ ਹੈ, ਜਿਸਨੂੰ ਕਈ ਨੌਜਵਾਨ ਸ਼ੁਰੂ ਵਿੱਚ ਸਮਝ ਨਹੀਂ ਪਾਉਂਦੇ। ਪੰਜਾਬ ਦੇ ਡਾਇਰੈਕਟਰ ਜਨਰਲ ਆਫ



ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਕਿਹਾ ਕਿ ਇਹ ਸੈਸ਼ਨ ਨੌਜਵਾਨਾਂ ਨੂੰ ਇਨ੍ਹਾਂ ਮਾਰੂ ਖ਼ਤਰਿਆਂ ਦੀ ਸਪੱਸ਼ਟ ਤਸਵੀਰ ਦਿਖਾ ਰਹੇ ਹਨ ਜਿਸਦਾ ਜ਼ਮੀਨੀ ਪੱਧਰ 'ਤੇ ਮਜ਼ਬੂਤ ਪ੍ਰਭਾਵ ਵੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਨੇ ਕਿਹਾ, "ਨੌਜਵਾਨ ਆਪਣੇ ਭਵਿੱਖ ਦਾ ਨਿਰਮਾਣ ਕਰਨ ਅਤੇ ਸੂਬੇ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਸਮਰੱਥ ਹਨ। ਪਰ ਅਸੀਂ ਵੇਖਿਆ ਹੈ ਕਿ ਉਹ ਬੜੀ ਆਸਾਨੀ ਨਾਲ ਗੁੰਮਰਾਹ ਹੋ ਜਾਂਦੇ ਹਨ। ਜਿਹੜੇ ਲੋਕ ਇਨ੍ਹਾਂ ਨੈੱਟਵਰਕਾਂ ਨੂੰ ਚਲਾਉਂਦੇ ਹਨ ਅਕਸਰ ਉਹ ਆਪ ਦੂਰ ਰਹਿਕੇ ਭਰਤੀ ਕੀਤੇ ਨੌਜਵਾਨਾਂ ਤੋਂ ਅਪਰਾਧ ਕਰਵਾਉਂਦੇ ਹਨ, ਜਿਨ੍ਹਾਂ ਦੇ ਨਤੀਜੇ ਉਹਨਾਂ ਨੂੰ ਭਵਿੱਖ ਵਿੱਚ ਭੁਗਤਣੇ ਪੈਂਦੇ ਹਨ। ਇਸ ਲਈ ਜ਼ਰੂਰੀ ਹੈ ਕਿ ਨੌਜਵਾਨ ਸਮੇਂ ਸਿਰ ਇਸ ਜਾਲ ਨੂੰ ਪਛਾਣਨ ਅਤੇ ਇਸ ਤੋਂ ਫਾਸਲਾ ਬਣਾ ਕੇ ਰੱਖਣ।"

ਕਈ ਵਿਦਿਆਰਥੀਆਂ 'ਤੇ ਇਸ ਗੱਲਬਾਤ ਨੇ ਡੂੰਘਾ ਅਸਰ ਛੱਡਿਆ ਹੈ। ਕੰਵਲਜੀਤ ਕੌਰ, ਜਿਸ ਨੇ ਹਾਲ ਵਿੱਚ ਹੀ ਇੱਕ ਸੈਸ਼ਨ ਵਿੱਚ ਭਾਗ ਲਿਆ ਸੀ, ਨੇ ਇਸਨੂੰ ਅੱਖਾਂ ਖੋਲ੍ਹਣ ਵਾਲਾ ਅਨੁਭਵ ਦੱਸਿਆ। ਉਸਨੇ ਕਿਹਾ, "ਇਸ ਨਾਲ ਸਾਨੂੰ ਸਮਝ ਆਈ ਕਿ ਗੈਂਗ ਕਿਵੇਂ ਭਾਵੁਕ ਨੌਜਵਾਨਾਂ ਦਾ ਫ਼ਾਇਦਾ ਚੁੱਕਦੇ ਹਨ। ਅੰਤ ਵਿੱਚ ਖ਼ਤਰਾ ਉਸੇ ਵਿਅਕਤੀ ਨੂੰ ਝੱਲਣਾ ਪੈਂਦਾ ਹੈ ਜੋ ਇਸ ਵਿੱਚ ਸ਼ਾਮਲ ਹੁੰਦਾ ਹੈ। ਅਜਿਹੇ ਸੈਸ਼ਨ ਜਾਰੀ ਰਹਿਣੇ ਚਾਹੀਦੇ ਹਨ। ਪਿਛਲੇ ਸਾਲ ਸ਼ੁਰੂ ਕੀਤੀ ਗਈ ਇਸ ਪਹਿਲ ਨੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਦੇ ਲੋਕਾਂ ਲਈ ਪੁਲਿਸ ਨਾਲ ਜੁੜਨ, ਆਪਣੀਆਂ ਸਮੱਸਿਆਵਾਂ ਤੇ ਚਿੰਤਾਵਾਂ ਸਾਂਝੀਆਂ ਕਰਨ ਅਤੇ ਆਸਾਨੀ ਨਾਲ ਆਪਣੀ ਗੱਲ ਰੱਖਣ ਦੇ ਯੋਗ ਬਣਾਇਆ ਹੈ। ਸਮੇਂ ਦੇ ਨਾਲ ਇਹ ਸਿੱਧਾ ਸੰਵਾਦ ਕਮਿਊਨਿਟੀਆਂ ਨੂੰ ਸੁਰੱਖਿਅਤ ਰੱਖਣ ਲਈ ਸਾਂਝੀ ਜ਼ਿੰਮੇਵਾਰੀ ਦੀ ਭਾਵਨਾ ਵੀ ਵਿਕਸਿਤ ਕਰ ਰਿਹਾ ਹੈ। ਇਹ ਅਭਿਆਨ "ਗੈਂਗਸਟਰਾਂ 'ਤੇ ਵਾਰ" ਮੁਹਿੰਮ ਨੂੰ ਵੀ ਮਜ਼ਬੂਤੀ ਦੇ ਰਿਹਾ ਹੈ, ਜਿਸ ਵਿੱਚ ਲੋਕਾਂ ਤੋਂ ਮਿਲੀ ਸੂਹ/ ਜਾਣਕਾਰੀ ਪੁਲਿਸ ਨੂੰ ਸਥਾਨਕ ਚੁਣੌਤੀਆਂ ਨੂੰ ਬਿਹਤਰ ਸਮਝਣ ਵਿੱਚ ਮਦਦ ਕਰ ਰਹੀ ਹੈ। ਸੀਨੀਅਰ ਅਧਿਕਾਰੀਆਂ ਅਤੇ ਫੀਲਡ ਕਰਮਚਾਰੀਆਂ ਨੇ ਵਿਦਿਆਰਥੀਆਂ, ਪਿੰਡਾਂ ਦੇ ਸਰਪੰਚਾਂ ਅਤੇ ਪਰਿਵਾਰਾਂ ਨਾਲ ਗੱਲਬਾਤ ਕਰਕੇ ਨਾ ਸਿਰਫ਼ ਅਪਰਾਧ, ਬਲਕਿ ਵਿਅਕਤੀਆਂ ਤੇ ਸਮਾਜ 'ਤੇ ਉਸਦੇ ਡੂੰਘੇ ਪ੍ਰਭਾਵਾਂ ਬਾਰੇ ਵੀ ਚਰਚਾ ਕੀਤੀ ਹੈ। ਜਿਵੇਂ-ਜਿਵੇਂ ਇਹ ਸੈਸ਼ਨ ਦੂਰ-ਦੁਰਾਡੇ ਦੇ ਖੇਤਰਾਂ ਤੱਕ ਪਹੁੰਚ ਰਹੇ ਹਨ, ਲੋਕਾਂ ਦੀ ਪ੍ਰਤੀਕਿਰਿਆ ਵਿੱਚ ਵੀ ਸਪੱਸ਼ਟ ਬਦਲਾਅ ਨਜ਼ਰ ਆ ਰਿਹਾ ਹੈ। ਕਈ ਲੋਕ ਅੱਗੇ ਆ ਕੇ ਇਸ ਪਹਿਲ ਦੀ ਸਰਾਹਨਾ ਕਰ ਰਹੇ ਹਨ ਤੇ ਅਜਿਹੇ ਪ੍ਰਭਾਵਾਂ ਤੋਂ ਸਾਵਧਾਨ ਰਹਿਣ ਦੀ ਮਹੱਤਤਾ ਨੂੰ ਸਵੀਕਾਰ ਰਹੇ ਹਨ। ਇਸ ਸਾਲ ਜਨਵਰੀ ਤੋਂ ਹੁਣ ਤੱਕ 28 ਜ਼ਿਲ੍ਹਿਆਂ ਵਿੱਚ 2800 ਤੋਂ ਵੱਧ ਅਜਿਹੇ ਸੈਸ਼ਨ ਕਰਵਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਹਰ ਉਮਰ ਵਰਗ ਦੇ ਲੋਕਾਂ ਨੇ ਹਿੱਸਾ ਲਿਆ। ਸਕਾਰਾਤਮਕ ਪ੍ਰਤੀਕਿਰਿਆ ਨਾਲ ਪੁਲਿਸ ਨੂੰ ਇਹ ਕੋਸ਼ਿਸ਼ਾਂ ਹੋਰ ਵਧਾਉਣ ਲਈ ਉਤਸ਼ਾਹ ਮਿਲਿਆ ਹੈ।

ਅਧਿਕਾਰੀਆਂ ਦਾ ਮੰਨਣਾ ਹੈ ਕਿ ਇਹ ਪਹਿਲ ਸਿਰਫ਼ ਕਾਨੂੰਨ ਲਾਗੂ ਕਰਨ ਤੱਕ ਸੀਮਿਤ ਨਹੀਂ ਸਗੋਂ ਲੋਕਾਂ ਵਿੱਚ ਭਰੋਸਾ ਬਣਾਉਣ ਅਤੇ ਉਨ੍ਹਾਂ ਨੂੰ ਬਿਨਾਂ ਡਰ ਤੋਂ ਆਪਣੀ ਗੱਲ ਕਹਿਣ ਲਈ ਪ੍ਰੇਰਿਤ ਕਰਨ ਦਾ ਯਤਨ ਵੀ ਹੈ। ਲੋਕਾਂ ਦੀ ਨਿਰੰਤਰ ਭਾਗੀਦਾਰੀ ਅਤੇ ਜਾਗਰੂਕਤਾ ਨਾਲ ਇਹ ਕੋਸ਼ਿਸ਼ ਸੁਰੱਖਿਅਤ ਅਤੇ ਮਜ਼ਬੂਤ ਪੰਜਾਬ ਸਿਰਜਣ ਵੱਲ ਅੱਗੇ ਵਧ ਰਹੀ ਹੈ। ਹਾਲ ਹੀ ਵਿੱਚ ਮਾਨਸਾ ਪੁਲਿਸ ਨੇ ਗੁਰੂ ਨਾਨਕ ਕਾਲਜ, ਬੁਢਲਾਡਾ (ਮਾਨਸਾ) ਵਿੱਚ ਵਿਦਿਆਰਥੀਆਂ ਅਤੇ ਸਟਾਫ ਨਾਲ ਇੱਕ ਮੀਟਿੰਗ ਕੀਤੀ, ਜਿਸ ਵਿੱਚ ਲਗਭਗ 1500 ਵਿਅਕਤੀਆਂ ਨੇ ਹਿੱਸਾ ਲਿਆ। ਇਸ ਮੀਟਿੰਗ ਨੂੰ ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ (ਆਈਪੀਐਸ) ਨੇ ਸੰਬੋਧਨ ਕੀਤਾ। ਇਸੇ ਤਰ੍ਹਾਂ, ਫਾਜ਼ਿਲਕਾ ਦੇ ਪਿੰਡ ਕਰਨੀ ਖੇੜਾ ਦੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਸਰਪੰਚਾਂ ਅਤੇ ਸਥਾਨਕ ਪਿੰਡ ਵਾਸੀਆਂ ਨੇ ਭਾਗ ਲਿਆ। ਐੱਸ.ਐੱਸ.ਪੀ. ਫਾਜ਼ਿਲਕਾ ਗੁਰਮੀਤ ਸਿੰਘ ਨੇ ਕਿਹਾ, "ਸਰਹੱਦੀ ਜ਼ਿਲ੍ਹਾ ਹੋਣ ਕਰਕੇ ਨੌਜਵਾਨਾਂ ਨੂੰ ਖਾਸ ਤੌਰ 'ਤੇ ਸਾਵਧਾਨ ਕੀਤਾ ਗਿਆ ਕਿ ਉਹਨਾਂ ਨੂੰ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਵੱਲੋਂ ਨਿਸ਼ਾਨਾ ਬਣਾਏ ਜਾਣ ਬਹੁਤ ਸੰਭਾਵਨਾ ਹੈ। ਉਹਨਾਂ ਨੂੰ ਸਾਵਧਾਨ ਰਹਿਣ ਅਤੇ ਆਸਾਨੀ ਨਾਲ ਪੈਸੇ ਕਮਾਉਣਾ, ਚਮਕ-ਦਮਕ ਜਾਂ ਝੂਠੀ ਸ਼ੋਹਰਤ ਦੇ ਵਾਅਦਿਆਂ ਦੇ ਲਾਲਚ ਵਿੱਚ ਨਾ ਆਉਣ ਦੀ ਸਲਾਹ ਦਿੱਤੀ ਗਈ।" ਸਹਿਭਾਗੀਆਂ ਨੂੰ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ 93946-93946 ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਅੱਗੇ ਦੱਸਿਆ ਗਿਆ ਕਿ ਜਾਣਕਾਰੀ ਸਾਂਝੀ ਕਰਨ ਵਾਲਿਆਂ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਇੱਕ ਇਨਾਮ ਨੀਤੀ ਲਾਗੂ ਕੀਤੀ ਗਈ ਹੈ, ਜਿਸ ਤਹਿਤ ਗੈਂਗਸਟਰਾਂ ਅਤੇ ਉਹਨਾਂ ਦੀਆਂ ਅਪਰਾਧਿਕ ਗਤੀਵਿਧੀਆਂ ਬਾਰੇ ਭਰੋਸੇਯੋਗ ਇਤਲਾਹ ਦੇਣ ਵਾਲਿਆਂ ਦੀ ਨਾ ਸਿਰਫ਼ ਪਛਾਣ ਗੁਪਤ ਰੱਖੀ ਜਾਂਦੀ ਹੈ ਸਗੋਂ ਉਨ੍ਹਾਂ ਨੂੰ ਇਨਾਮ ਦੇ ਕੇ ਸਨਮਾਨਿਤ ਵੀ ਜਾਂਦਾ ਹੈ।

# ਖੁੱਡੀਆਂ ਨੇ ਪੰਜਾਬ ਮੰਡੀ ਬੋਰਡ 'ਚ ਅੱਠ ਉਮੀਦਵਾਰਾਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀ ਪੱਤਰ ਸੌਂਪੇ



ਚੰਡੀਗੜ੍ਹ/ਐਸ.ਏ.ਐਸ. ਨਗਰ, 24 ਅਪ੍ਰੈਲ (ਚ.ਨ.ਸ.): ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਐਸ.ਏ.ਐਸ. ਨਗਰ ਸਥਿਤ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਅੱਠ ਉਮੀਦਵਾਰਾਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀ ਪੱਤਰ ਸੌਂਪੇ। ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਖੁੱਡੀਆਂ ਨੇ ਕਿਹਾ, "ਸਾਡੀ ਸਰਕਾਰ ਨੌਜਵਾਨਾਂ ਨੂੰ ਸਿਰਫ਼ ਮੈਰਿਟ ਦੇ ਆਧਾਰ 'ਤੇ, ਬਿਨਾਂ ਕਿਸੇ ਸਿਫਾਰਸ਼ ਤੋਂ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਰਹੀ ਹੈ ਅਤੇ ਨੌਜਵਾਨਾਂ ਨੂੰ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।" ਉਨ੍ਹਾਂ ਨੇ ਉਮੀਦਵਾਰਾਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਦੀ ਭਾਵਨਾ ਨਾਲ ਨਿਭਾਉਣ ਲਈ ਵੀ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਇਹ ਕਦਮ ਪ੍ਰਭਾਵਿਤ ਪਰਿਵਾਰਾਂ ਨੂੰ ਵੱਡਾ ਸਹਾਰਾ ਪ੍ਰਦਾਨ ਕਰੇਗਾ। ਇਹ ਨੌਜਵਾਨ ਉਮੀਦਵਾਰ ਹੁਣ ਪੰਜਾਬ ਮੰਡੀ ਬੋਰਡ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

# ਦੋ ਪੜਾਵਾਂ 'ਚ ਕੀਤੀ ਜਾਵੇਗੀ ਜਨਗਣਨਾ-2027 : ਡਾ. ਨਵਜੋਤ ਖੋਸਾ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.): 24 ਅਪ੍ਰੈਲ 2026 ਨੂੰ ਡਾ. ਨਵਜੋਤ ਖੋਸਾ ਆਈ.ਏ.ਐਸ., ਡਾਇਰੈਕਟਰ, ਡਾਇਰੈਕਟੋਰੇਟ ਜਨਗਣਨਾ ਆਪ੍ਰੇਸ਼ਨਜ਼, ਪੰਜਾਬ ਤੇ ਯੂਟੀ ਚੰਡੀਗੜ੍ਹ ਤੇ ਮਨਜੀਤ ਸਿੰਘ ਬਰਾੜ ਆਈਏਐਸ, ਪ੍ਰਸ਼ਾਸਕੀ ਸਕੱਤਰ, ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਵੱਲੋਂ ਸਾਂਝੀ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਤਹਿਤ ਮੀਡੀਆ ਨੂੰ, ਜਨਗਣਨਾ 2027 ਪੜਾਅ-1 (ਘਰ ਸੂਚੀਕਰਨ ਅਤੇ ਰਿਹਾਇਸ਼ੀ ਜਨਗਣਨਾ) ਬਾਰੇ ਸੰਖੇਤ ਜਾਣਕਾਰੀ ਦੇਣ ਅਤੇ ਸਵੈ-ਗਣਨਾ ਦੀ ਸ਼ੁਰੂਆਤ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਭਾਰਤ ਵਿੱਚ ਜਨਗਣਨਾ, ਜਨਗਣਨਾ ਐਕਟ, 1948 ਅਤੇ ਜਨਗਣਨਾ ਨਿਯਮਾਂ, 1990 ਦੇ ਉਪਬੰਧਾਂ ਅਧੀਨ ਕੀਤੀ ਜਾਂਦੀ ਹੈ। ਜਨਗਣਨਾ 2027 ਭਾਰਤ ਵਿੱਚ 16ਵੀਂ ਅਤੇ ਆਜ਼ਾਦੀ ਤੋਂ ਬਾਅਦ 8ਵੀਂ ਜਨਗਣਨਾ ਹੋਵੇਗੀ। ਆਖਰੀ ਜਨਗਣਨਾ 2011 ਵਿੱਚ ਕੀਤੀ ਗਈ ਸੀ, ਜਦੋਂ ਕਿ 2021 ਦੀ ਜਨਗਣਨਾ ਕੋਵਿਡ-19 ਮਹਾਂਮਾਰੀ ਕਾਰਨ ਮੁਲਤਵੀ ਕਰ ਦਿੱਤੀ ਗਈ ਸੀ। ਇਸ ਦੌਰਾਨ ਦੱਸਿਆ ਗਿਆ ਕਿ ਜਨਗਣਨਾ ਡੇਟਾ ਸਮਾਜਿਕ-ਆਰਥਿਕ ਅਤੇ ਜਨਸੰਖਿਆ ਸਬੰਧੀ ਜਾਣਕਾਰੀ ਦੇ ਇੱਕ ਵਿਆਪਕ ਸਰੋਤ ਵਜੋਂ ਕੰਮ ਕਰਦਾ ਹੈ ਅਤੇ ਵਿਕਾਸ ਯੋਜਨਾਬੰਦੀ, ਭਲਾਈ ਯੋਜਨਾਵਾਂ ਦੇ ਨਿਰਮਾਣ ਅਤੇ ਜਨਤਕ ਸੇਵਾਵਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਜਨਗਣਨਾ 2027 ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲੇ ਪੜਾਅ ਤਹਿਤ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਸਵੈ-ਗਣਨਾ ਜਦਕਿ 15 ਮਈ ਤੋਂ 13 ਜੂਨ 2026 ਤੱਕ ਘਰ-ਘਰ ਜਾ ਕੇ ਗਣਨਾ ਅਤੇ ਪੜਾਅ-2 ਆਬਾਦੀ ਗਣਨਾ, 9 ਤੋਂ 28 ਫਰਵਰੀ 2027 ਤੱਕ ਤਹਿ ਕੀਤੀ ਗਈ ਹੈ। ਪਹਿਲਾ ਪੜਾਅ ਰਿਹਾਇਸ਼ੀ ਸਥਿਤੀਆਂ,




ਸਹੂਲਤਾਂ ਅਤੇ ਸੰਪਤੀਆਂ 'ਤੇ ਕੇਂਦ੍ਰਿਤ ਹੈ ਤੇ ਆਬਾਦੀ ਗਣਨਾ ਪੜਾਅ ਲਈ ਆਧਾਰ ਬਣਾਏਗਾ।

ਡਾ. ਨਵਜੋਤ ਖੋਸਾ ਨੇ ਦੱਸਿਆ ਕਿ ਜਨਗਣਨਾ 2027 ਪਹਿਲੀ ਵਾਰ ਡਿਜੀਟਲ ਮੋਡ ਵਿੱਚ ਮੋਬਾਈਲ ਐਪਲੀਕੇਸ਼ਨਾਂ ਦੀ ਵਰਤੋਂ ਜ਼ਰੀਏ ਕੀਤੀ ਜਾਵੇਗੀ। ਇਸਦੇ ਨਾਲ ਹੀ ਔਨਲਾਈਨ ਪੋਰਟਲ (https://se.census.gov.in) ਰਾਹੀਂ ਸਵੈ-ਗਣਨਾ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ। ਲੋਕ ਨਿਰਧਾਰਤ ਸਮੇਂ ਦੌਰਾਨ ਆਪਣੇ ਵੇਰਵੇ ਭਰਕੇ ਅਤੇ ਜਮ੍ਹਾਂ ਕਰਕੇ ਇੱਕ ਵਿਲੱਖਣ ਸਵੈ-ਗਣਨਾ ਰੈਫਰੈਂਸ ਆਈਡੀ ਪ੍ਰਾਪਤ ਕਰ ਸਕਣਗੇ, ਜੋ ਫੀਲਡ ਵੈਰੀਫਿਕੇਸ਼ਨ ਦੌਰਾਨ ਗਿਣਤੀਕਾਰ ਨਾਲ ਸਾਂਝਾ ਕਰਨਾ ਹੋਵੇਗਾ। ਜਨਗਣਨਾ ਪ੍ਰਬੰਧਨ ਅਤੇ ਨਿਗਰਾਨੀ ਪ੍ਰਣਾਲੀ ਜ਼ਰੀਏ ਅਸਲ-ਸਮੇਂ ਦੀ ਨਿਗਰਾਨੀ ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਘਰ ਸੂਚੀਕਰਨ ਬਲਾਕਾਂ ਦੀ ਸਿਰਜਣਾ ਲਈ ਵੈੱਬ-ਅਧਾਰਤ ਮੈਪਿੰਗ ਦੀ ਵਰਤੋਂ ਕੀਤੀ ਗਈ ਹੈ। ਜਨਗਣਨਾ ਲਈ ਰਾਜ ਨੋਡਲ ਅਧਿਕਾਰੀ ਮਨਜੀਤ ਬਰਾੜ ਨੇ ਦੱਸਿਆ ਕਿ ਇਸ ਸਬੰਧੀ ਵਿਆਪਕ ਪ੍ਰਸ਼ਾਸਕੀ ਪ੍ਰਬੰਧ ਕੀਤੇ ਗਏ ਹਨ, ਜਿਸ ਵਿੱਚ ਰਾਜ ਭਰ ਵਿੱਚ ਘਰ ਸੂਚੀਕਰਨ ਬਲਾਕਾਂ ਦੀ ਸਿਰਜਣਾ ਅਤੇ ਲਗਭਗ 67,000 ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ (ਰਿਜ਼ਰਵ ਸਮੇਤ) ਦੀ ਨਿਯੁਕਤੀ ਕਰਨਾ ਸ਼ਾਮਲ ਹੈ। ਪੰਜਾਬ ਵਿੱਚ 52 ਮਾਸਟਰ ਟ੍ਰੇਨਰਾਂ (ਰਾਜ ਤੋਂ 36 ਅਤੇ ਡੀ.ਸੀ.ਓ., ਪੰਜਾਬ ਤੋਂ 16) ਅਤੇ 932 ਫੀਲਡ ਟ੍ਰੇਨਰਾਂ ਦੀ ਸਿਖਲਾਈ ਸਫ਼ਲਤਾਪੂਰਵਕ ਪੂਰੀ ਹੋ ਗਈ ਹੈ ਅਤੇ 16 ਅਪ੍ਰੈਲ ਤੋਂ 9 ਮਈ 2026 ਤੱਕ ਰਾਜ ਭਰ ਦੇ ਵੱਖ-ਵੱਖ ਸਥਾਨਾਂ 'ਤੇ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਲਈ ਸਿਖਲਾਈ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਜਨਗਣਨਾ ਅਭਿਆਸ ਦੇ ਸੁਚਾਰੂ ਤੇ ਪ੍ਰਭਾਵਸ਼ਾਲੀ ਅਮਲ ਲਈ ਤਿਆਰੀਆਂ ਨੂੰ ਯਕੀਨੀ ਬਣਾਇਆ ਜਾ ਸਕੇ। ਮੀਡੀਆ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਇਹ ਕਿਹਾ ਗਿਆ ਕਿ ਮੀਡੀਆ ਲੋਕਤੰਤਰ ਦਾ ਇੱਕ ਮਹੱਤਵਪੂਰਨ ਥੰਮ੍ਹ ਹੈ, ਜਿਸ ਲਈ ਮੀਡੀਆ ਨੂੰ ਜਾਗਰੂਕਤਾ ਫੈਲਾਉਣ, ਜਨਤਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਖਾਸ ਕਰਕੇ ਡਿਜੀਟਲ ਗਣਨਾ ਅਤੇ ਡੇਟਾ ਗੁਪਤਤਾ ਬਾਰੇ ਗਲਤ ਜਾਣਕਾਰੀ ਦੇ ਟਾਕਰੇ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਬੇਨਤੀ ਕੀਤੀ ਗਈ। ਇਹ ਦੁਹਰਾਇਆ ਗਿਆ ਕਿ ਇਸ ਪ੍ਰਕਰਿਆ ਦੌਰਾਨ ਇਕੱਤਰ ਕੀਤੀ ਗਈ ਸਾਰੀ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰਹੇਗੀ ਤੇ ਸਿਰਫ ਅੰਕੜਿਆਂ ਦੇ ਉਦੇਸ਼ਾਂ ਲਈ ਵਰਤੀ ਜਾਵੇਗੀ। ਜ਼ਿਕਰਯੋਗ ਹੈ ਕਿ ਜਨਗਣਨਾ 2027 ਦੇ ਸਬੰਧ ਵਿੱਚ ਇੱਕ ਕੌਮੀ ਟੋਲ-ਫ੍ਰੀ ਹੈਲਪਲਾਈਨ ਨੰਬਰ (1855) 30.04.2026 ਤੋਂ ਪੰਜਾਬ ਵਿੱਚ ਕਾਰਜਸ਼ੀਲ ਹੋਵੇਗਾ, ਜੋ ਸਵੈ-ਗਣਨਾ, ਘਰਾਂ ਦੇ ਸੂਚੀਕਰਨ ਸਬੰਧੀ ਕਾਰਜਾਂ ਨਾਲ ਸਬੰਧਤ ਸਵਾਲਾਂ ਦਾ ਜਵਾਬ ਦੇਣ ਦੇ ਨਾਲ-ਨਾਲ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਬੇੜਾ ਕਰੇਗਾ।

# "ਮੁੱਖ ਮੰਤਰੀ ਸਿਹਤ ਯੋਜਨਾ" ਹੇਠ ਮਾਨ ਸਰਕਾਰ ਨੇ ਜੀਵਨ-ਰੱਖਿਅਕ ਇਲਾਜ ਲਈ ਆਰਥਿਕ ਰੁਕਾਵਟਾਂ ਦੂਰ ਕੀਤੀਆਂ: ਡਾ. ਬਲਬੀਰ ਸਿੰਘ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਸਿਹਤ ਪ੍ਰਣਾਲੀ ਦੇ ਜ਼ਮੀਨੀ ਪੱਧਰ 'ਤੇ ਸਾਕਾਰਾਤਮਕ ਤੇ ਜੀਵਨ-ਰੱਖਿਅਕ ਨਤੀਜੇ ਸਾਹਮਣੇ ਆ ਰਹੇ ਹਨ। ਪੰਜਾਬ ਸਰਕਾਰ ਦੀ "ਮੁੱਖ ਮੰਤਰੀ ਸਿਹਤ ਯੋਜਨਾ" ਫੈਸਲਾਕੁੰਨ ਕਦਮ ਸਾਬਿਤ ਹੋ ਰਹੀ ਹੈ। ਜਿਸ ਤਹਿਤ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹੁਣ ਆਰਥਿਕ ਤੰਗੀ ਕਿਸੇ ਵੀ ਮਰੀਜ਼ ਦੇ ਇਲਾਜ ਦਰਮਿਆਨ ਰੁਕਾਵਟ ਨਾ ਬਣੇ। ਹੁਸ਼ਿਆਰਪੁਰ ਦਾ ਇੱਕ ਹਾਲੀਆ ਮਾਮਲਾ ਇਸ ਬਦਲਾਅ ਦਾ ਪ੍ਰਤੱਖ ਸਬੂਤ ਹੈ। ਸੰਦੀਪ ਸਿੰਘ, ਜਿਸਨੂੰ ਤੀਵਰ ਇਸਕੀਮਿਕ ਸਟਰੋਕ ਹੋਇਆ ਸੀ, ਨੂੰ ਏਮਸ ਬਠਿੰਡਾ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸਦਾ 32,300 ਰੁਪਏ ਦਾ ਇਲਾਜ ਪੂਰੀ ਤਰ੍ਹਾਂ ਯੋਜਨਾ ਹੇਠ ਕਵਰ ਕੀਤਾ ਗਿਆ। ਉਸਦੇ ਪਿਤਾ ਜਗਜੀਤ ਸਿੰਘ ਨੇ ਕਿਹਾ, "ਖੁਸ਼ਕਿਸਮਤੀ ਨਾਲ ਅਸੀਂ ਪਹਿਲਾਂ ਹੀ ਸਿਹਤ ਕਾਰਡ ਬਣਵਾ ਲਿਆ ਸੀ। ਇਸ ਨਾਲ ਇਲਾਜ ਦਾ ਸਾਰਾ ਖਰਚਾ ਕਵਰ ਹੋ ਗਿਆ।" ਇਹ ਮਾਮਲਾ ਦਰਸਾਉਂਦਾ ਹੈ ਕਿ ਭਗਵੰਤ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਕਿਸ ਤਰ੍ਹਾਂ ਮੈਡੀਕਲ ਐਮਰਜੈਂਸੀ ਦੌਰਾਨ ਪਰਿਵਾਰਾਂ ਨੂੰ ਅਣ-ਕਿਆਸੇ ਆਰਥਿਕ ਬੋਝ ਤੋਂ ਬਚਾ ਰਹੀਆਂ ਹਨ।

ਮਾਨ ਦੇ ਮਜ਼ਬੂਤ ਸਿਹਤ ਪ੍ਰਣਾਲੀ ਦੇ ਸੁਪਨੇ ਤੋਂ ਪ੍ਰੇਰਿਤ ਹੋ ਕੇ, "ਮੁੱਖ ਮੰਤਰੀ ਸਿਹਤ ਯੋਜਨਾ" ਹੇਠ ਹੁਣ ਤੱਕ 40 ਲੱਖ ਤੋਂ ਵੱਧ ਲੋਕਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਇਹ ਯੋਜਨਾ ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਨਕਦ-ਰਹਿਤ ਇਲਾਜ ਪ੍ਰਦਾਨ ਕਰਦੀ ਹੈ, ਜਿਸ ਵਿੱਚ ਸਟ੍ਰੋਕ, ਸਿਰ ਦੀ ਸੱਟ, ਦੌਰੇ ਤੇ ਰੀੜ੍ਹ ਦੀ ਹੱਡੀ ਦੀ ਚੋਟ ਵਰਗੀਆਂ ਗੰਭੀਰ ਨਿਊਰੋਲੋਜੀਕਲ ਸਥਿਤੀਆਂ ਸ਼ਾਮਲ ਹਨ। ਉੱਚ ਪੱਧਰੀ ਮੈਡੀਕਲ ਸੇਵਾਵਾਂ ਤੱਕ ਪਹੁੰਚ ਵਧਾ ਕੇ, ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਮਿਆਰੀ ਸਿਹਤ ਸੇਵਾ ਕਿਸੇ ਰਸੂਖ਼ਦਾਰ ਦਾ ਕੋਈ ਵਿਸ਼ੇਸ਼ ਅਧਿਕਾਰ ਨਹੀਂ ਸਗੋਂ ਪੰਜਾਬ ਦੇ ਹਰੇਕ ਨਾਗਰਿਕ ਦਾ ਹੱਕ ਬਣੇ। ਰਾਜਿੰਦਰਾ ਹਸਪਤਾਲ ਵਿੱਚ ਡਾ. ਹਰੀਸ਼ ਕੁਮਾਰ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਦਾ ਨਕਦ-ਰਹਿਤ ਸਿਹਤ ਮਾਡਲ ਐਮਰਜੈਂਸੀ ਵਿੱਚ ਕੀਮਤੀ ਸਮਾਂ ਬਚਾ ਰਿਹਾ ਹੈ।

ਲੁਧਿਆਣਾ ਦੇ ਡਾਕਟਰਾਂ ਨੇ ਵੀ ਮਰੀਜ਼ਾਂ ਦੇ ਵਿਵਹਾਰ ਵਿੱਚ ਬਦਲਾਅ ਦੀ ਪੁਸ਼ਟੀ ਕੀਤੀ ਹੈ, ਜਿਸਨੂੰ ਉਹ ਸਰਕਾਰੀ ਸਿਹਤ ਗਾਰੰਟੀ ਤੋਂ ਪੈਦਾ ਹੋਏ ਭਰੋਸੇ ਦਾ ਨਤੀਜਾ ਮੰਨਦੇ ਹਨ। ਡਾ. ਹਰਮਨ ਸੋਬਤੀ, ਸੀਨੀਅਰ ਕਨਸਲਟੈਂਟ ਨਿਊਰੋਸਰਜਨ ਅਤੇ ਸਪਾਈਨ ਸਰਜਨ, ਨੇ ਕਿਹਾ, "ਅਚਾਨਕ ਕਮਜ਼ੋਰੀ, ਚਿਹਰੇ ਦਾ ਢਿੱਲਾ ਪੈ ਜਾਣਾ ਜਾਂ ਬੋਲਣ ਵਿੱਚ ਦਿੱਕਤ ਵਰਗੇ ਸ਼ੁਰੂਆਤੀ ਲੱਛਣਾਂ 'ਤੇ ਤੁਰੰਤ ਧਿਆਨ ਦੇਣਾ ਲਾਜ਼ਮੀ ਹੈ। ਜਲਦੀ ਹਸਪਤਾਲ ਪਹੁੰਚਣ ਨਾਲ ਇਲਾਜ ਦੇ ਸਾਕਾਰਾਤਮਕ ਨਤੀਜੇ ਮਿਲਦੇ ਹਨ।" ਇਲਾਜ ਤੇ ਪੈਸਾ ਖਰਚਣ ਦੀ ਝਿਜਕ ਵਿੱਚ ਕਮੀ ਆਉਣ ਕਾਰਨ ਮਰੀਜ਼ ਸਮੇਂ 'ਤੇ ਇਲਾਜ ਲਈ ਅੱਗੇ ਆ ਰਹੇ ਹਨ, ਜੋ ਭਗਵੰਤ ਮਾਨ ਸਰਕਾਰ ਦੀ ਨੀਤੀ ਦਾ ਸਿੱਧਾ ਪ੍ਰਭਾਵ ਹੈ। ਹਸਪਤਾਲਾਂ ਦੇ ਅੰਕੜੇ ਨਕਦ-ਰਹਿਤ ਨਿਊਰੋਸਰਜੀਕਲ ਦਾਖ਼ਲਿਆਂ ਵਿੱਚ ਲਗਾਤਾਰ ਵਾਧਾ ਦਰਸਾਉਂਦਾ ਹੈ, ਜੋ ਇਸ ਯੋਜਨਾ 'ਤੇ ਵਧਦੇ ਭਰੋਸੇ ਤੇ ਪੰਜਾਬ ਸਰਕਾਰ ਵੱਲੋਂ ਇਸਦੇ ਪ੍ਰਭਾਵੀ ਲਾਗੂਕਰਨ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ, "ਹੁਣ ਪੈਸਿਆਂ ਦੀ ਕਮੀ ਕਾਰਨ ਕਿਸੇ ਵੀ ਮਰੀਜ਼ ਨੂੰ ਆਪਣੀ ਜਾਨ ਜਾਂ ਕੀਮਤੀ ਸਮਾਂ ਗੁਆਉਣ ਦੀ ਲੋੜ ਨਹੀਂ।" ਇਸ ਨਾਲ ਭਗਵੰਤ ਮਾਨ ਸਰਕਾਰ ਵੱਲੋਂ ਸਭ ਲਈ ਆਸਾਨ ਤੇ ਸਮੇਂ-ਸਿਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਸੰਕਲਪ ਨੂੰ ਹੋਰ ਮਜ਼ਬੂਤੀ ਮਿਲਦੀ ਹੈ।

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਸੱਜਣ ਕੁਮਾਰ ਨੂੰ ਜ਼ਮਾਨਤ ਨਾ ਮਿਲਣ 'ਤੇ ਜ਼ੋਰਦਾਰ ਸਵਾਗਤ

ਨਵੀਂ ਦਿੱਲੀ, 24 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਪਰੀਮ ਕੋਰਟ ਵੱਲੋਂ 1984 ਦੇ ਸਿੱਖ ਕਤਲੇਆਮ ਮਾਮਲੇ ਵਿਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਜ਼ਮਾਨਤ ਨਾ ਮਿਲਣ ਦੇ ਫੈਸਲੇ ਦਾ ਜ਼ੋਰਦਾਰ ਸਵਾਗਤ ਕੀਤਾ ਹੈ ਤੇ ਕਿਹਾ ਹੈ ਕਿ ਸੱਜਣ ਕੁਮਾਰ ਤੇ ਹੋਰ ਦੋਸ਼ੀਆਂ ਖਿਲਾਫ ਕਮੇਟੀ ਹਮੇਸ਼ਾ ਡੱਟ ਕੇ ਕਾਨੂੰਨੀ ਲੜਾਈ ਲੜਦੀ ਰਹੇਗੀ। ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸੱਜਣ ਕੁਮਾਰ ਬਹੁਤ ਲੰਬੇ ਸਮੇਂ ਤੋਂ ਇਹ ਕੋਸ਼ਿਸ਼ ਕਰ ਰਿਹਾ ਸੀ ਕਿ ਉਸਨੂੰ ਜ਼ਮਾਨਤ ਮਿਲ ਜਾਵੇ। ਉਸਨੇ ਇਹ ਬਹਾਨੇ ਵੀ ਬਣਾਏ ਕਿ ਉਹ 8 ਸਾਲਾਂ ਤੋਂ ਜੇਲ੍ਹ ਵਿਚ ਬੰਦ ਹੈ ਤੇ ਉਸਨੂੰ ਕਈ ਬਿਮਾਰੀਆਂ ਹਨ।

ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਨੇ ਉਸਦੀ ਕੋਈ ਵੀ ਦਲੀਲ ਮੰਨਣ ਤੋਂ ਇਨਕਾਰ ਕਰ ਦਿੱਤਾ ਤੇ ਨਾਲ ਹੀ ਕਿਹਾ ਕਿ ਇਸਦੀ ਰੈਗੂਲਰ ਸੁਣਵਾਈ ਜੁਲਾਈ ਤੋਂ ਸ਼ੁਰੂ ਹੋਵੇਗੀ। ਉਹਨਾਂ ਕਿਹਾ ਕਿ ਇਸ ਕੇਸ ਵਿਚ ਕਮੇਟੀ ਵੱਲੋਂ ਐਡ. ਗੁਰਬਖਸ਼ ਸਿੰਘ, ਸੀਨੀਅਰ ਵਕੀਲ ਐਚ ਐਸ ਫੂਲਕਾ, ਆਰ ਐਸ ਚੀਮਾ, ਸੋਲਿਸਟਰ ਜਨਰਲ ਆਫ ਇੰਡੀਆ ਤੁਸ਼ਾਰ ਮਹਿਤਾ ਵੀ ਹਾਜ਼ਰ ਹੋਏ ਸਨ ਜਿਸ ਲਈ ਉਹ ਭਾਰਤ ਸਰਕਾਰ ਦੇ ਧੰਨਵਾਦੀ ਹਨ। ਉਹਨਾਂ ਕਿਹਾ ਕਿ ਦਿੱਲੀ ਕਮੇਟੀ 1984 ਕਤਲੇਆਮ ਦੇ ਸਾਰੇ ਕੇਸਾਂ ਦੀ ਪੈਰਵੀ ਡੱਟ ਕੇ ਕਰ ਰਹੀ ਹੈ ਤੇ ਹਰ ਦੋਸ਼ੀ ਨੂੰ ਸਜ਼ਾ ਮਿਲਣੀ ਯਕੀਨੀ ਬਣਾਈ ਜਾਵੇਗੀ ਭਾਵੇਂ ਇਸ ਵਾਸਤੇ ਜਿੰਨੀ ਮਰਜ਼ੀ ਲੰਬੀ ਕਾਨੂੰਨੀ ਲੜਾਈ ਲੜਨੀ ਪਵੇ। ਅਦਾਲਤ ਵਿਚ ਸੁਣਵਾਈ ਲੜਾਈ ਨੂੰ ਸੰਜੀਦਗੀ ਨਾਲ ਲੜਨ ਲਈ ਦਿੱਲੀ ਗੁਰਦੁਆਰਾ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਆਪਣੀ ਟੀਮ ਨਾਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

# ਸਰਕਾਰ ਐਨ.ਆਰ.ਆਈ. ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਮਹੀਨੇ 'ਚ ਦੋ ਮਿਲਣੀਆਂ ਕਰੇਗੀ : ਡਾ. ਰਵਜੋਤ ਸਿੰਘ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.): ਪੰਜਾਬ ਸਰਕਾਰ ਨੇ ਵਿਦੇਸ਼ਾਂ 'ਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਤੇ ਪ੍ਰਭਾਵਸ਼ਾਲੀ ਹੱਲ ਲਈ ਮਹੱਤਵਪੂਰਨ ਕਦਮ ਚੁੱਕਦੇ ਹੋਏ ਮਹੀਨੇ 'ਚ ਦੋ ਐਨ.ਆਰ.ਆਈ. ਮਿਲਣੀਆਂ ਕਰਨ ਦਾ ਫ਼ੈਸਲਾ ਕੀਤਾ ਹੈ। ਪੰਜਾਬ ਸਿਵਲ ਸਕੱਤਰੇਤ ਵਿਖੇ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਉਪਰੰਤ ਇਹ ਜਾਣਕਾਰੀ ਦਿੰਦਿਆਂ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਹਰ ਮਹੀਨੇ ਦੇ ਦੂਜੇ ਬੁੱਧਵਾਰ ਨੂੰ ਆਨਲਾਈਨ ਮਿਲਣੀ ਕਰਵਾਈ ਜਾਵੇਗੀ, ਜਦਕਿ ਮਹੀਨੇ ਵਿੱਚ ਇੱਕ ਵਾਰ ਡਵੀਜ਼ਨ ਅਨੁਸਾਰ ਭੌਤਿਕ/ਫਿਜ਼ੀਕਲ ਮਿਲਣੀ ਹੋਵੇਗੀ। ਐਨ.ਆਰ.ਆਈ. ਮੰਤਰੀ ਨੇ ਦੱਸਿਆ ਕਿ ਇਹ ਮਿਲਣੀਆਂ ਮਾਲਵਾ-1, ਮਾਲਵਾ-2, ਮਾਝਾ ਤੇ ਦੁਆਬਾ ਡਵੀਜ਼ਨਾਂ ਅਨੁਸਾਰ ਆਯੋਜਿਤ ਕੀਤੀਆਂ ਜਾਣਗੀਆਂ, ਤਾਂ ਜੋ ਹਰ ਖੇਤਰ ਦੇ ਐਨ.ਆਰ.ਆਈ. ਪੰਜਾਬੀਆਂ ਨੂੰ ਆਪਣੀਆਂ ਸਮੱਸਿਆਵਾਂ ਦਰਜ ਕਰਵਾਉਣ ਤੇ ਉਨ੍ਹਾਂ ਦਾ ਹੱਲ ਕਰਨ ਦੀ ਲਈ ਸੁਵਿਧਾ ਪ੍ਰਾਪਤ ਹੋ ਸਕੇ।



ਉਨ੍ਹਾਂ ਦੱਸਿਆ ਕਿ ਆਨਲਾਈਨ ਮਿਲਣੀ ਲਈ ਦਰਖਾਸਤਾਂ ਹਰ ਮਹੀਨੇ ਨਿਰਧਾਰਤ ਮਿਤੀ ਤੋਂ ਤਿੰਨ ਦਿਨ ਪਹਿਲਾਂ ਤੱਕ ਸਵੀਕਾਰ ਕੀਤੀਆਂ ਜਾਣਗੀਆਂ ਤੇ ਮਿਲਣੀ ਵਾਲੇ ਦਿਨ ਉਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਉਪਰਾਲੇ ਦਾ ਮੁੱਖ ਉਦੇਸ਼ ਐਨ.ਆਰ.ਆਈ. ਪੰਜਾਬੀਆਂ ਨਾਲ ਸਿੱਧਾ ਸੰਪਰਕ ਕਾਇਮ ਕਰਨਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨਾ ਹੈ। ਇਸ ਮੌਕੇ ਐਨ.ਆਰ.ਆਈ. ਮਾਮਲਿਆਂ ਦੇ ਸਕੱਤਰ ਵੀ.ਐਨ. ਜਾੜੇ, ਜਲੰਧਰ ਦੇ ਡਵੀਜ਼ਨਲ ਕਮਿਸ਼ਨਰ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸਕੱਤਰ ਰਾਮਵੀਰ, ਸਪੈਸ਼ਲ ਸਕੱਤਰ ਐਨ.ਆਰ.ਆਈ. ਮਾਮਲੇ ਅਮਨਦੀਪ ਕੌਰ, ਏਡੀਜੀਪੀ ਐਨ.ਆਰ.ਆਈ. ਮਾਮਲੇ ਆਰ.ਕੇ. ਜੈਸਵਾਲ ਤੇ ਏਆਈਜੀ ਅਜਿੰਦਰ ਸਿੰਘ ਵੀ ਹਾਜ਼ਰ ਸਨ।


## ਪੀ.ਐਸ.ਆਈ.ਈ.ਸੀ. ਨੇ ਉਦਯੋਗਿਕ ਪਲਾਟਾਂ ਲਈ ਮਾਲਕੀ ਹੱਕ ਖੋਲ੍ਹੇ

ਜ਼ੀਰੋ ਸਟੈਂਪ ਡਿਊਟੀ ਨਾਲ ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਲਈ ਯਕਮੁਸ਼ਤ ਮੌਕਾ

## ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਮੁੱਖ ਫ਼ਾਇਦੇ:

1. 30.04.2026 ਤੱਕ ਪ੍ਰਾਪਤ ਹੋਈਆਂ ਅਰਜ਼ੀਆਂ ਲਈ ਲੀਜ਼ਹੋਲਡ ਉਦਯੋਗਿਕ ਸੰਪਤੀਆਂ ਨੂੰ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਸਮੇਂ ਕਨਵੇਐਂਸ ਡੀਡ ਰਜਿਸਟ੍ਰੇਸ਼ਨ 'ਤੇ ਸਟੈਂਪ ਡਿਊਟੀ ਤੋਂ ਯਕਮੁਸ਼ਤ ਮੁਕੰਮਲ ਛੋਟ।
2. ਫ੍ਰੀਹੋਲਡ ਪਲਾਟਾਂ ਲਈ ਪੋਸਟ-ਅਲਾਟਮੈਂਟ ਸੇਵਾਵਾਂ ਨੂੰ ਸਰਲ ਬਣਾ ਕੇ ਇਨ੍ਹਾਂ ਨੂੰ ਸਿਰਫ਼ ਦੋ ਹੈੱਡਾਂ ਵਿੱਚ ਵੰਡਿਆ ਗਿਆ ਹੈ- 5 ਲਾਜ਼ਮੀ ਅਤੇ 18 ਵਿਕਲਪਿਕ ਸੇਵਾਵਾਂ; ਅੱਗੇ ਇਸ ਨੂੰ ਤਿੰਨ ਯੂਨੀਫਾਈਡ ਕੈਟਾਗਿਰੀਜ਼ ਵਿੱਚ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਅਲਾਟੀਆਂ ਲਈ ਕਾਰੋਬਾਰ ਕਰਨ ਦੀ ਆਸਾਨੀ ਅਤੇ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ।
3. ਫ੍ਰੀਹੋਲਡ ਪਲਾਟਾਂ ਨਾਲ ਸਬੰਧਤ ਸਾਰੀਆਂ ਸੇਵਾਵਾਂ ਲਈ ਸਮਾਂ-ਸੀਮਾਵਾਂ ਨੂੰ ਤਰਕਸੰਗਤ ਬਣਾਇਆ ਅਤੇ ਘਟਾਇਆ ਗਿਆ ਹੈ। ਇਸ ਤੋਂ ਇਲਾਵਾ ਤੇਜ਼ੀ ਨਾਲ ਫ਼ੈਸਲਾ ਲੈਣ ਨੂੰ ਯਕੀਨੀ ਬਣਾਉਣ ਲਈ ਅਜਿਹੇ ਮਾਮਲਿਆਂ ਦੇ ਨਿਪਟਾਰੇ ਲਈ ਅਸਟੇਟ ਅਫਸਰ (ਈ.ਓ.) ਨੂੰ ਉੱਚ ਅਥਾਰਿਟੀ ਵਜੋਂ ਮਨੋਨੀਤ ਕੀਤਾ ਗਿਆ ਹੈ।
4. ਬੈਂਕਾਂ/ਐਨ.ਬੀ.ਐਫ.ਸੀਜ਼ ਕੋਲ ਗਿਰਵੀ ਪਈਆਂ ਲੀਜ਼ਹੋਲਡ ਸੰਪਤੀਆਂ ਫ੍ਰੀਹੋਲਡ ਵਿੱਚ ਤਬਦੀਲ ਕਰਾਉਣ ਦੇ ਯੋਗ ਹੋਣਗੀਆਂ, ਬਸ਼ਰਤੇ ਕਿ ਸਬੰਧਤ ਬੈਂਕ/ਐਨ.ਬੀ.ਐਫ.ਸੀ. ਤੋਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਮ੍ਹਾਂ ਕਰਵਾਇਆ ਜਾਵੇ।
5. ਫ੍ਰੀਹੋਲਡ ਪਲਾਟ ਧਾਰਕਾਂ ਨੂੰ ਹਲਫ਼ਨਾਮਿਆਂ ਦੀ ਥਾਂ ਸਵੈ-ਘੋਸ਼ਣਾ ਪੱਤਰ ਜਮ੍ਹਾਂ ਕਰਾਉਣ ਦੀ ਇਜਾਜ਼ਤ ਹੋਵੇਗੀ, ਜਿਸ ਨਾਲ ਪ੍ਰਕਿਰਿਆ ਸਬੰਧੀ ਵੱਖ-ਵੱਖ ਲੋੜਾਂ ਸਰਲ ਬਣਨਗੀਆਂ।
6. ਜਿਨ੍ਹਾਂ ਮਾਮਲਿਆਂ ਵਿੱਚ ਮੌਜੂਦਾ ਲੀਜ਼ਹੋਲਡ ਸਮਝੌਤੇ ਵਿੱਚ ਕੀਮਤ ਵਾਧੇ (ਅਨਅਰਨਡ ਇਨਕ੍ਰੀਜ਼) ਲਈ ਕੋਈ ਉਪਬੰਧ ਨਹੀਂ, ਉੱਥੇ ਫ੍ਰੀਹੋਲਡ ਵਿੱਚ ਤਬਾਦਲੇ ਸਮੇਂ ਇਹ ਲਾਗੂ ਨਹੀਂ ਹੋਵੇਗਾ।
7. ਪਰਿਵਾਰ ਅੰਦਰ ਕੀਤੇ ਜਾਣ ਵਾਲੇ ਤਬਾਦਲਿਆਂ, ਜਿਨ੍ਹਾਂ ਵਿੱਚ ਵਿਰਾਸਤ ਅਤੇ ਅਲਾਟੀ ਦੀ ਮੌਤ ਤੋਂ ਬਾਅਦ ਹੋਣ ਵਾਲੇ ਤਬਾਦਲੇ ਸ਼ਾਮਲ ਹਨ, ਦੇ ਮਾਮਲਿਆਂ ਵਿੱਚ, ਜਦੋਂ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ ਦਾ ਵਿਕਲਪ ਵਰਤਿਆ ਜਾ ਰਿਹਾ ਹੋਵੇ ਤਾਂ ਕੋਈ ਕੀਮਤ ਵਾਧਾ (ਅਨਅਰਨਡ ਇਨਕ੍ਰੀਜ਼) ਚਾਰਜ ਨਹੀਂ ਲੱਗੇਗਾ।
8. ਜੇਕਰ ਅਰਜ਼ੀਆਂ 30.04.2026 ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ ਤਾਂ ਅਲਾਟੀ ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲੇ 'ਤੇ 1,800 ਪ੍ਰਤੀ ਵਰਗ ਗਜ਼ ਦੇ ਹਿਸਾਬ ਨਾਲ ਬੱਚਤ ਲਾਭ ਪ੍ਰਾਪਤ ਕਰ ਸਕਦੇ ਹਨ। ਅਸਲ ਬੱਚਤ ਲਾਭ ਜਗ੍ਹਾ ਅਤੇ ਲਾਗੂ ਕੁਲੈਕਟਰ ਦਰਾਂ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੇ ਹਨ।



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਲਿਮਟਿਡ

## ਸੰਪਾਦਕੀ

# ਆਪ੍ਰੇਸ਼ਨ ਲੋਟਸ: 'ਆਪ' ਨੂੰ ਝਟਕਾ

ਭਾਰਤੀ ਸਿਆਸਤ ਵਿੱਚ ਅੱਜ 24 ਅਪ੍ਰੈਲ 2026 ਨੂੰ ਇੱਕ ਵੱਡਾ ਭੂਚਾਲ ਆਇਆ, ਜਦੋਂ ਆਮ ਆਦਮੀ ਪਾਰਟੀ (ਆਪ) ਦੇ ਸੱਤ ਰਾਜ ਸਭਾ ਮੈਂਬਰਾਂ ਨੇ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਇਹ ਘਟਨਾ ਅਰਵਿੰਦ ਕੇਜਰੀਵਾਲ ਦੀ ਪਾਰਟੀ ਲਈ ਹੁਣ ਤੱਕ ਦਾ ਸਭ ਤੋਂ ਵੱਡਾ ਸਿਆਸੀ ਝਟਕਾ ਮੰਨਿਆ ਜਾ ਰਿਹਾ ਹੈ। ਰਾਘਵ ਚੱਢਾ, ਅਸ਼ੋਕ ਮਿੱਤਲ ਅਤੇ ਸੰਦੀਪ ਪਾਠਕ ਨੇ ਦਿੱਲੀ ਵਿੱਚ ਪ੍ਰੈੱਸ ਕਾਨਫਰੰਸ ਕਰਕੇ ਐਲਾਨ ਕੀਤਾ ਕਿ ਆਪ ਦੇ ਰਾਜ ਸਭਾ ਵਿੱਚ ਦੋ-ਤਿਹਾਈ ਤੋਂ ਵੱਧ ਮੈਂਬਰ ਉਨ੍ਹਾਂ ਦੇ ਨਾਲ ਹਨ। ਇਸ ਤੋਂ ਇਲਾਵਾ ਸਵਾਤੀ ਮਾਲੀਵਾਲ, ਹਰਭਜਨ ਸਿੰਘ, ਰਾਜਿੰਦਰ ਗੁਪਤਾ ਅਤੇ ਵਿਕਰਮਜੀਤ ਸਿੰਘ ਸਾਹਨੀ ਵੀ ਇਸ ਫੈਸਲੇ ਵਿੱਚ ਭਾਈਵਾਲ ਹਨ। ਇਸ ਤਰ੍ਹਾਂ ਆਪ ਦੇ 10 ਰਾਜ ਸਭਾ ਮੈਂਬਰਾਂ ਵਿੱਚੋਂ 7 ਭਾਜਪਾ ਵਿੱਚ ਮਿਲ ਗਏ। ਰਾਘਵ ਚੱਢਾ ਨੇ ਕਿਹਾ ਆਪ, ਜਿਸ ਨੂੰ ਮੈਂ ਆਪਣੇ ਖ਼ੂਨ ਅਤੇ ਪਸੀਨੇ ਨਾਲ ਸਿੰਜਿਆ ਅਤੇ ਜਿਸ ਨੂੰ ਆਪਣੀ 15 ਸਾਲਾਂ ਦੀ ਜਵਾਨੀ ਦਿੱਤੀ, ਉਹ ਪਾਰਟੀ ਆਪਣੇ ਸਿਧਾਂਤਾਂ, ਕਦਰਾਂ-ਕੀਮਤਾਂ ਅਤੇ ਨੈਤਿਕਤਾ ਤੋਂ ਭਟਕ ਗਈ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਜੋ ਪਾਰਟੀ ਭ੍ਰਿਸ਼ਟਾਚਾਰ ਮਿਟਾਉਣ ਲਈ ਬਣੀ ਸੀ, ਉਹ ਖੁਦ ਭ੍ਰਿਸ਼ਟ ਹੋ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਉਹ ਮਹਿਸੂਸ ਕਰਦੇ ਰਹੇ ਕਿ ਉਹ ਗਲਤ ਪਾਰਟੀ ਵਿੱਚ ਸਹੀ ਬੰਦੇ ਹਨ। ਉਨ੍ਹਾਂ ਐਲਾਨ ਕੀਤਾ ਕਿ ਅਸੀਂ ਭਾਜਪਾ ਵਿੱਚ ਮਿਲ ਰਹੇ ਹਾਂ ਅਤੇ ਇਸ ਸੰਬੰਧੀ ਦਸਤਾਵੇਜ਼ ਰਾਜ ਸਭਾ ਸਕੱਤਰੇਤ ਵਿੱਚ ਜਮ੍ਹਾ ਕਰਵਾ ਦਿੱਤੇ ਗਏ ਹਨ। ਇਹ ਦਰਾੜ ਅਚਾਨਕ ਨਹੀਂ ਪਈ। ਪਿਛਲੇ ਕੁਝ ਮਹੀਨਿਆਂ ਤੋਂ ਆਪ ਵਿੱਚ ਅੰਦਰੂਨੀ ਖਿੱਚੋਤਾਣ ਚੱਲ ਰਹੀ ਸੀ। 2 ਅਪ੍ਰੈਲ ਨੂੰ ਚੱਢਾ ਨੂੰ ਰਾਜ ਸਭਾ ਵਿੱਚ ਆਪ ਦੇ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ। ਪਾਰਟੀ ਨੇ ਉਨ੍ਹਾਂ 'ਤੇ ਹਾਲੀਆ ਪਾਰਟੀ ਗਤੀਵਿਧੀਆਂ ਤੋਂ ਦੂਰ ਰਹਿਣ ਅਤੇ ਸੰਸਦ ਵਿੱਚ ਮੋਦੀ ਸਰਕਾਰ ਵਿਰੁੱਧ ਆਵਾਜ਼ ਨਾ ਚੁੱਕਣ ਦਾ ਦੋਸ਼ ਲਗਾਇਆ ਸੀ। ਇਸ ਤੋਂ ਇਲਾਵਾ 15 ਅਪ੍ਰੈਲ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਅਸ਼ੋਕ ਮਿੱਤਲ ਦੇ ਘਰ ਅਤੇ ਪੰਜਾਬ-ਹਰਿਆਣਾ ਵਿੱਚ ਕਈ ਥਾਵਾਂ 'ਤੇ ਵਿਦੇਸ਼ੀ ਮੁਦਰਾ ਉਲੰਘਣ ਦੇ ਮਾਮਲੇ ਵਿੱਚ ਛਾਪੇਮਾਰੀ ਕੀਤੀ ਸੀ। ਆਪ ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਭਾਜਪਾ 'ਤੇ ਦੋਸ਼ ਲਗਾਇਆ ਕਿ ਉਸਨੇ ਈਡੀ ਅਤੇ ਸੀਬੀਆਈ ਦੀ ਵਰਤੋਂ ਕਰਕੇ ਆਪ ਦੇ ਦੋ-ਤਿਹਾਈ ਮੈਂਬਰਾਂ ਨੂੰ ਖਰੀਦਿਆ ਹੈ ਅਤੇ ਇਸ ਨੂੰ ਆਪ੍ਰੇਸ਼ਨ ਲੋਟਸ ਦੱਸਿਆ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਭਗਵੰਤ ਮਾਨ ਦੀ ਸਰਕਾਰ ਨੂੰ ਡੇਗਣ ਦੀ ਕੋਸ਼ਿਸ਼ ਕਰ ਰਹੀ ਹੈ। ਆਪ ਦੇ ਪੰਜਾਬ ਯੂਨਿਟ ਦੇ ਮੁੱਖ ਬੁਲਾਰੇ ਬਲਤੇਜ ਪੰਨੂ ਨੇ ਦੋਸ਼ ਲਗਾਇਆ ਕਿ ਰਾਘਵ ਚੱਢਾ ਨੂੰ ਇੱਕ ਸਾਜ਼ਿਸ਼ ਵਿੱਚ ਹਥਿਆਰ ਵਜੋਂ ਵਰਤਿਆ ਗਿਆ ਅਤੇ ਚੱਢਾ ਨੂੰ ਕੇਂਦਰ ਵਿੱਚ ਮੰਤਰੀ ਅਹੁਦੇ ਦਾ ਲਾਲਚ ਦਿੱਤਾ ਗਿਆ ਸੀ। ਸੰਜੇ ਸਿੰਘ ਨੇ ਭਾਜਪਾ ਵਿੱਚ ਗਏ ਸੱਤਾਂ ਮੈਂਬਰਾਂ ਨੂੰ ਪੰਜਾਬ ਦੇ ਲੋਕਾਂ ਨਾਲ ਗੱਦਾਰੀ ਕਰਨ ਵਾਲੇ ਦੱਸਿਆ। ਇਹ ਸਾਰੇ ਮੈਂਬਰ ਪੰਜਾਬ ਤੋਂ ਚੁਣੇ ਗਏ ਸਨ, ਜਿੱਥੇ ਆਪ ਦੀ ਸਰਕਾਰ ਹੈ। ਇਸ ਘਟਨਾ ਨਾਲ ਭਗਵੰਤ ਮਾਨ ਦੀ ਸਰਕਾਰ ਸਿਆਸੀ ਤੌਰ 'ਤੇ ਕਮਜ਼ੋਰ ਨਜ਼ਰ ਆ ਰਹੀ ਹੈ। ਹਾਲਾਂਕਿ ਰਾਜ ਸਭਾ ਵਿੱਚ ਇਹ ਤਬਦੀਲੀ ਸਿੱਧੇ ਤੌਰ 'ਤੇ ਪੰਜਾਬ ਵਿਧਾਨ ਸਭਾ ਨੂੰ ਪ੍ਰਭਾਵਿਤ ਨਹੀਂ ਕਰਦੀ, ਪਰ ਇਸ ਨਾਲ ਪਾਰਟੀ ਦੀ ਸਾਖ ਨੂੰ ਡੂੰਘੀ ਸੱਟ ਲੱਗੀ ਹੈ। ਰਾਘਵ ਚੱਢਾ ਨੇ ਕਿਹਾ ਕਿ ਰਾਜ ਸਭਾ ਵਿੱਚ ਆਪ ਦੇ ਦੋ-ਤਿਹਾਈ ਤੋਂ ਵੱਧ ਮੈਂਬਰ ਭਾਜਪਾ ਨਾਲ ਮਿਲਣ ਦੇ ਹੱਕ ਵਿੱਚ ਹਨ, ਇਸ ਲਈ ਉਹ ਭਾਰਤ ਦੇ ਸੰਵਿਧਾਨ ਦੀਆਂ ਵਿਵਸਥਾਵਾਂ ਅਧੀਨ ਭਾਜਪਾ ਵਿੱਚ ਰਲੇਵਾਂ ਕਰ ਰਹੇ ਹਨ ਅਤੇ ਰਾਜ ਸਭਾ ਚੇਅਰਮੈਨ ਕੋਲ ਦਸਤਾਵੇਜ਼ ਜਮ੍ਹਾ ਕਰਵਾ ਦਿੱਤੇ ਗਏ ਹਨ। ਨਿਯਮਾਂ ਅਨੁਸਾਰ ਜੇ ਕਿਸੇ ਪਾਰਟੀ ਦੇ ਦੋ-ਤਿਹਾਈ ਮੈਂਬਰ ਕਿਸੇ ਦੂਜੀ ਪਾਰਟੀ ਵਿੱਚ ਰਲੇਵਾਂ ਕਰਦੇ ਹਨ ਤਾਂ ਉਨ੍ਹਾਂ ਨੂੰ ਅਯੋਗ ਨਹੀਂ ਠਹਿਰਾਇਆ ਜਾ ਸਕਦਾ। ਇਹ ਘਟਨਾ ਭਾਰਤੀ ਲੋਕਤੰਤਰ ਵਿੱਚ ਦਲ-ਬਦਲੀ ਦੀ ਰਾਜਨੀਤੀ ਦਾ ਇੱਕ ਹੋਰ ਕੌੜਾ ਅਧਿਆਇ ਹੈ। ਆਪ ਜਿਸ ਨੇ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਦੇ ਨਾਅਰੇ ਨਾਲ ਜਨਮ ਲਿਆ ਸੀ, ਉਹ ਅੱਜ ਆਪਣੀ ਅੰਦਰੂਨੀ ਫੁੱਟ ਅਤੇ ਭਰੋਸੇਯੋਗਤਾ ਦੇ ਸੰਕਟ ਨਾਲ ਜੂਝ ਰਹੀ ਹੈ। ਪੰਜਾਬ ਦੀ ਜਨਤਾ ਦੀਆਂ ਨਜ਼ਰਾਂ ਹੁਣ ਇਸ ਸਿਆਸੀ ਉਥਲ-ਪੁਥਲ ਦੇ ਅਗਲੇ ਮੋੜ 'ਤੇ ਟਿਕੀਆਂ ਹੋਈਆਂ ਹਨ।

-ਜਗਜੀਤ ਸਿੰਘ ਦਰਦੀ

# ਚੋਣਾਂ, ਲੋਕਤੰਤਰ ਅਤੇ ਲੋਕਾਂ ਦੀ ਆਵਾਜ਼: ਭਾਰਤੀ ਡੈਮੋਕ੍ਰੇਸੀ ਦਾ ਜੀਵੰਤ ਚਿਹਰਾ

## ਭਾਰਤੀ ਲੋਕਤੰਤਰ ਦਾ ਭਵਿੱਖ ਲੋਕਾਂ ਦੇ ਹੱਥਾਂ ਵਿੱਚ ਹੈ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਭਾਰਤ ਵਿੱਚ ਚੋਣਾਂ ਸਿਰਫ਼ ਇੱਕ ਰਾਜਨੀਤਿਕ ਪ੍ਰਕਿਰਿਆ ਨਹੀਂ ਹਨ, ਬਲਕਿ ਲੋਕਤੰਤਰ ਦੀ ਧੜਕਣ ਹਨ। ਇੱਥੇ ਹਰ ਪੰਜ ਸਾਲ ਬਾਅਦ ਕਰੋੜਾਂ ਲੋਕ ਆਪਣੀ ਆਵਾਜ਼ ਬਣ ਕੇ ਇੱਕ ਵੱਡੀ ਲਹਿਰ ਉਠਾਉਂਦੇ ਹਨ, ਜੋ ਪੂਰੀ ਦੁਨੀਆਂ ਨੂੰ ਹੈਰਾਨ ਕਰ ਦਿੰਦੀ ਹੈ। ਇਹ ਲਹਿਰ ਭਾਵਨਾਵਾਂ, ਆਸਾਂ, ਗੁੱਸੇ ਅਤੇ ਉਮੀਦਾਂ ਦੀ ਲਹਿਰ ਹੈ। ਇਸ ਲਹਿਰ ਵਿੱਚ ਗਰੀਬ ਤੋਂ ਅਮੀਰ, ਇੱਕ ਵਿਦਿਆਰਥੀ ਤੋਂ ਇੱਕ ਬਜ਼ੁਰਗ, ਇੱਕ ਮਜ਼ਦੂਰ ਤੋਂ ਇੱਕ ਕਿਸਾਨ– ਸਭ ਆਪਣੀ ਆਵਾਜ਼ ਬਣ ਕੇ ਲੋਕਤੰਤਰ ਨੂੰ ਜੀਵੰਤ ਰੱਖਦੇ ਹਨ।

ਅੱਜ ਭਾਰਤੀ ਲੋਕਤੰਤਰ ਦੀ ਇਹ ਸੰਵੇਦਨਸ਼ੀਲਤਾ ਅਤੇ ਲੋਕ ਸੰਵਾਦ ਦੀ ਤਾਕਤ ਦੁਨੀਆਂ ਲਈ ਇੱਕ ਅਜੀਬ ਉਦਾਹਰਣ ਹੈ। ਜਦੋਂ ਅਸੀਂ ਚੋਣਾਂ ਬਾਰੇ ਗੱਲ ਕਰਦੇ ਹਾਂ ਤਾਂ ਇੱਕ ਵੱਡਾ ਸਵਾਲ ਉੱਠਦਾ ਹੈ, ਇਹ ਚੋਣਾਂ ਸਿਰਫ਼ ਰਾਜਨੀਤਿਕ ਲੜਾਈ ਹੈ ਜਾਂ ਲੋਕਾਂ ਦੀ ਆਵਾਜ਼ ਦਾ ਇੱਕ ਵੱਡਾ ਉਤਸਵ? ਭਾਰਤ ਵਿੱਚ ਚੋਣਾਂ ਇੱਕ ਉਤਸਵ ਵੀ ਹਨ ਅਤੇ ਇੱਕ ਗੰਭੀਰ ਜ਼ਿੰਮੇਵਾਰੀ ਵੀ ਹੈ। ਇੱਥੇ ਲੋਕ ਆਪਣੀ ਆਵਾਜ਼ ਨਾਲ ਸੰਸਦ ਅਤੇ ਵਿਧਾਨ ਸਭਾਵਾਂ ਨੂੰ ਬਣਾਉਂਦੇ ਹਨ, ਆਪਣੀਆਂ ਉਮੀਦਾਂ ਅਤੇ ਗੁੱਸੇ ਨੂੰ ਬੈਲਟ ਪੇਪਰ ਰਾਹੀਂ ਪ੍ਰਗਟ ਕਰਦੇ ਹਨ। ਇਸ ਲਈ ਭਾਰਤੀ ਲੋਕਤੰਤਰ ਨੂੰ "ਪ੍ਰਯੋਗਸ਼ੀਲ ਲੋਕਤੰਤਰ" ਕਿਹਾ ਜਾਂਦਾ ਹੈ, ਕਿਉਂਕਿ ਇੱਥੇ ਹਰ ਚੋਣ ਇੱਕ ਨਵਾਂ ਪ੍ਰਯੋਗ ਹੈ, ਇੱਕ ਨਵੀਂ ਆਸ ਅਤੇ ਇੱਕ ਨਵੀਂ ਚੁਣੌਤੀ ਹੈ। ਲੋਕਤੰਤਰ ਵਿੱਚ ਲੋਕਾਂ ਦੀ ਆਵਾਜ਼ ਦੀ ਤਾਕਤ ਭਾਰਤ ਵਿੱਚ ਚੋਣਾਂ ਲੋਕਾਂ ਨੂੰ ਇੱਕ ਅਜਿਹਾ ਮੰਚ ਮੁਹੱਈਆ ਕਰਾਉਂਦੀਆਂ ਹਨ, ਜਿੱਥੇ ਉਨ੍ਹਾਂ ਦੀ ਆਵਾਜ਼ ਰਾਸ਼ਟਰੀ ਆਵਾਜ਼ ਬਣ ਜਾਂਦੀ ਹੈ। ਗਰੀਬ ਔਰਤ ਜੋ ਆਪਣੇ ਘਰ ਵਿੱਚ ਰੋਜ਼ਾਨਾ ਸੰਘਰਸ਼ ਕਰਦੀ ਹੈ, ਉਸਦੀ ਆਵਾਜ਼ ਵੀ ਚੋਣਾਂ ਵਿੱਚ ਗੂੰਜਦੀ ਹੈ।

ਅੱਜ ਜਿਥੇ ਇੱਕ ਨੌਜਵਾਨ ਜੋ ਬੇਰੁਜ਼ਗਾਰੀ ਨਾਲ ਜੂਝ ਰਿਹਾ ਹੈ, ਉਸਦਾ ਗੁੱਸਾ ਵੀ ਬੈਲਟ ਰਾਹੀਂ ਪ੍ਰਗਟ ਹੁੰਦਾ ਹੈ। ਇੱਕ ਕਿਸਾਨ ਜੋ ਆਪਣੀ ਫਸਲ ਦੀ ਘਾਟ ਤੋਂ ਤੰਗ ਆ ਚੁੱਕਾ ਹੈ, ਉਸਦੀ ਉਮੀਦ ਵੀ ਇਸ ਲੋਕਤੰਤਰ ਵਿੱਚ ਰੰਗ ਲਾਉਂਦੀ ਹੈ। ਇਸ ਲਈ ਚੋਣਾਂ ਲੋਕਤੰਤਰ ਦੀ ਧੜਕਣ ਹਨ। ਇਹ ਧੜਕਣ ਤਿੰਨ ਚੀਜ਼ਾਂ ਨੂੰ ਦਰਸਾਉਂਦੀ ਹੈ — ਲੋਕਾਂ ਦੀ ਆਸ, ਲੋਕਾਂ ਦਾ ਗੁੱਸਾ ਅਤੇ ਲੋਕਾਂ ਦੀ ਤਾਕਤ। ਜਦੋਂ ਵੋਟਿੰਗ ਪਰਸੈਂਟੇਜ ਵਧਦਾ ਹੈ ਤਾਂ ਇਹ ਦਰਸਾਉਂਦਾ ਹੈ ਕਿ ਲੋਕ ਆਪਣੀ ਆਵਾਜ਼ ਨੂੰ ਮਹੱਤਵ ਦੇ ਰਹੇ ਹਨ।

ਭਾਰਤ ਵਿੱਚ 93 ਫੀਸਦੀ ਤੋਂ ਵੱਧ ਵੋਟਿੰਗ ਇੱਕ ਵੱਡਾ ਸੰਦੇਸ਼ ਹੈ — ਲੋਕ ਆਪਣੇ ਭਵਿੱਖ ਲਈ ਚਿੰਤਤ ਹਨ ਅਤੇ ਉਹ ਆਪਣੀ ਆਵਾਜ਼ ਰਾਹੀਂ ਤਬਦੀਲੀ ਲਿਆਉਣਾ ਚਾਹੁੰਦੇ ਹਨ। ਪਰ ਇਸ ਲੋਕਤੰਤਰ ਵਿੱਚ ਇੱਕ ਵੱਡੀ ਸੰਵੇਦਨਸ਼ੀਲਤਾ ਵੀ ਹੈ। ਲੋਕਤੰਤਰ ਸਿਰਫ਼ ਚੋਣਾਂ ਤੱਕ ਸੀਮਤ ਨਹੀਂ, ਇਹ ਲੋਕਾਂ ਅਤੇ ਰਾਜਨੀਤਿਕ ਲੀਡਰਾਂ ਵਿਚਾਲੇ ਇੱਕ ਲਗਾਤਾਰ ਸੰਵਾਦ ਹੈ। ਇਸ ਸੰਵਾਦ ਵਿੱਚ ਲੋਕ ਆਪਣੀਆਂ ਉਮੀਦਾਂ ਪ੍ਰਗਟ ਕਰਦੇ ਹਨ ਅਤੇ ਲੀਡਰ ਉਨ੍ਹਾਂ ਨੂੰ ਪੂਰਾ ਕਰਨ ਦਾ ਵਾਅਦਾ ਕਰਦੇ ਹਨ।

ਪਰ ਜਦੋਂ ਇਹ ਵਾਅਦੇ ਖੋਖਲੇ ਸਾਬਤ ਹੁੰਦੇ ਹਨ ਤਾਂ ਲੋਕਾਂ ਦਾ ਗੁੱਸਾ ਅਗਲੀਆਂ ਚੋਣਾਂ ਵਿੱਚ ਇੱਕ ਵੱਡੀ ਲਹਿਰ ਬਣ ਕੇ ਉਭਰਦਾ ਹੈ। ਇਸ ਲਈ ਭਾਰਤੀ ਲੋਕਤੰਤਰ ਨੂੰ "ਪ੍ਰਯੋਗਸ਼ੀਲ" ਕਿਹਾ ਜਾਂਦਾ ਹੈ, ਕਿਉਂਕਿ ਇੱਥੇ ਹਰ ਚੋਣ ਇੱਕ ਨਵਾਂ ਪ੍ਰਯੋਗ ਹੈ।

ਅੱਜ ਲੋਕਤੰਤਰ ਦੀ ਸੰਵੇਦਨਸ਼ੀਲਤਾ ਅਤੇ ਚੁਣੌਤੀਆਂ ਭਾਰਤੀ ਲੋਕਤੰਤਰ ਬਹੁਤ ਸੰਵੇਦਨਸ਼ੀਲ ਹੈ। ਇੱਥੇ ਇੱਕ ਛੋਟੀ ਜਿਹੀ ਗਲਤੀ ਵੀ ਲੋਕਾਂ ਦੀ ਆਵਾਜ਼ ਨੂੰ ਭੜਕਾ ਸਕਦੀ ਹੈ। ਲੋਕਤੰਤਰ ਵਿੱਚ ਲੋਕਾਂ ਦੀ ਆਵਾਜ਼ ਨੂੰ ਸਨਮਾਨ ਦੇਣਾ ਲਾਜ਼ਮੀ ਹੈ। ਜੇਕਰ ਲੀਡਰ ਇਸ ਆਵਾਜ਼ ਨੂੰ ਨਜ਼ਰਅੰਦਾਜ਼ ਕਰਦੇ ਹਨ ਤਾਂ ਲੋਕ ਅਗਲੀਆਂ ਚੋਣਾਂ ਵਿੱਚ ਉਨ੍ਹਾਂ ਨੂੰ ਜਵਾਬ ਦੇ ਦਿੰਦੇ ਹਨ। ਇਸ ਲਈ ਚੋਣਾਂ ਲੋਕਤੰਤਰ ਦੀ ਇੱਕ ਜਾਂਚ ਵੀ ਹਨ — ਲੀਡਰਾਂ ਦੀ ਜਾਂਚ ਅਤੇ ਲੋਕਾਂ ਦੀ ਆਵਾਜ਼ ਦੀ ਜਾਂਚ। ਪਰ ਇਸ ਲੋਕਤੰਤਰ ਵਿੱਚ ਇੱਕ ਵੱਡੀ ਚੁਣੌਤੀ ਵੀ ਹੈ। ਰਾਜਨੀਤਿਕ ਪਾਰਟੀਆਂ ਅਕਸਰ ਲੋਕਾਂ ਦੀਆਂ ਭਾਵਨਾਵਾਂ ਨੂੰ ਭੜਕਾਉਣ ਲਈ ਧਰਮ, ਜਾਤ ਅਤੇ ਭਾਵਨਾਤਮਕ ਮੁੱਦਿਆਂ ਨੂੰ ਵਰਤਦੀਆਂ ਹਨ। ਇਸ ਨਾਲ ਲੋਕਤੰਤਰ ਦੀ ਸੰਵੇਦਨਸ਼ੀਲਤਾ ਘਟਦੀ ਹੈ ਅਤੇ ਲੋਕ ਸੰਵਾਦ ਘੱਟ ਹੋ ਜਾਂਦਾ ਹੈ।

ਅੱਜ ਲੋਕ ਆਪਣੀ ਆਵਾਜ਼ ਨੂੰ ਭਾਵਨਾਤਮਕ ਲਹਿਰ ਵਿੱਚ ਖੋਜਦੇ ਹਨ ਅਤੇ ਅਸਲੀ ਮੁੱਦਿਆਂ — ਰੁਜ਼ਗਾਰ, ਸਿਹਤ, ਸਿੱਖਿਆ ਅਤੇ ਵਿਕਾਸ ਤੋਂ ਭਟਕ ਜਾਂਦੇ ਹਨ। ਫਿਰ ਵੀ ਭਾਰਤੀ ਲੋਕਤੰਤਰ ਇਸ ਚੁਣੌਤੀ ਨੂੰ ਝੱਲਦਾ ਹੈ ਅਤੇ ਹਰ ਚੋਣ ਵਿੱਚ ਇੱਕ ਨਵੀਂ ਆਸ ਲੈ ਕੇ ਉਭਰਦਾ ਹੈ। ਇਸ ਲਈ ਇਸ ਨੂੰ ਦੁਨੀਆਂ ਵਿੱਚ ਸਭ ਤੋਂ ਵੱਡਾ ਲੋਕਤੰਤਰ ਕਿਹਾ ਜਾਂਦਾ ਹੈ। ਇੱਥੇ ਲੋਕਾਂ ਦੀ ਆਵਾਜ਼ ਇੱਕ ਵੱਡੀ ਤਾਕਤ ਹੈ, ਜੋ ਰਾਜਨੀਤਿਕ ਲੀਡਰਾਂ ਨੂੰ ਲਗਾਤਾਰ ਜਵਾਬਦੇਹ ਬਣਾਉਂਦੀ ਹੈ। ਲੋਕਤੰਤਰ ਦਾ ਭਵਿੱਖ ਅਤੇ ਲੋਕਾਂ ਦੀ ਜ਼ਿੰਮੇਵਾਰੀ ਭਾਰਤੀ ਲੋਕਤੰਤਰ ਦਾ ਭਵਿੱਖ ਲੋਕਾਂ ਦੀਆਂ ਹੱਥਾਂ ਵਿੱਚ ਹੈ। ਜੇਕਰ ਲੋਕ ਆਪਣੀ ਆਵਾਜ਼ ਨੂੰ ਸਹੀ ਢੰਗ ਨਾਲ ਵਰਤਦੇ ਹਨ ਅਤੇ ਭਾਵਨਾਤਮਕ ਲਹਿਰ ਤੋਂ ਉੱਪਰ ਉੱਠ ਕੇ ਅਸਲੀ ਮੁੱਦਿਆਂ 'ਤੇ ਧਿਆਨ ਦਿੰਦੇ ਹਨ ਤਾਂ ਇਹ ਲੋਕਤੰਤਰ ਹੋਰ ਮਜ਼ਬੂਤ ਹੋਵੇਗਾ। ਪਰ ਜੇਕਰ ਲੋਕ ਭਾਵਨਾਵਾਂ ਵਿੱਚ ਫਸ ਜਾਂਦੇ ਹਨ ਤਾਂ ਲੋਕਤੰਤਰ ਕਮਜ਼ੋਰ ਹੋ ਜਾਵੇਗਾ। ਇਸ ਲਈ ਲੋਕਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ।

ਅੱਜ ਉਨ੍ਹਾਂ ਨੂੰ ਚੋਣਾਂ ਵਿੱਚ ਸਿਰਫ਼ ਭਾਵਨਾਵਾਂ ਨਹੀਂ, ਬਲਕਿ ਅਸਲੀ ਮੁੱਦਿਆਂ 'ਤੇ ਵੀ ਧਿਆਨ ਦੇਣਾ ਚਾਹੀਦਾ ਹੈ। ਰਾਜਨੀਤਿਕ ਲੀਡਰਾਂ ਨੂੰ ਵੀ ਲੋਕਾਂ ਦੀ ਆਵਾਜ਼ ਨੂੰ ਸਨਮਾਨ ਦੇਣਾ ਚਾਹੀਦਾ ਹੈ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕਰਨਾ ਚਾਹੀਦਾ ਹੈ। ਭਾਰਤੀ ਲੋਕਤੰਤਰ ਦੀ ਇਹ ਸੰਵੇਦਨਸ਼ੀਲਤਾ ਦੁਨੀਆਂ ਲਈ ਇੱਕ ਉਦਾਹਰਣ ਹੈ। ਇੱਥੇ ਲੋਕ ਆਪਣੀ ਆਵਾਜ਼ ਨਾਲ ਇਤਿਹਾਸ ਰਚਦੇ ਹਨ। ਅੱਜ ਇਸ ਲਈ ਚੋਣਾਂ ਨੂੰ ਇੱਕ ਉਤਸਵ ਵਜੋਂ ਮਨਾਉਣਾ ਚਾਹੀਦਾ ਹੈ ਅਤੇ ਲੋਕਤੰਤਰ ਨੂੰ ਹਰ ਰੋਜ਼ ਜੀਵੰਤ ਰੱਖਣਾ ਚਾਹੀਦਾ ਹੈ। ਲੋਕਤੰਤਰ ਤਾਂ ਤਦ ਹੀ ਸਫਲ ਹੋਵੇਗਾ ਜਦੋਂ ਲੋਕ ਆਪਣੀ ਆਵਾਜ਼ ਨੂੰ ਸਹੀ ਢੰਗ ਨਾਲ ਵਰਤਣਗੇ ਅਤੇ ਰਾਜਨੀਤਿਕ ਲੀਡਰ ਲੋਕਾਂ ਦੀ ਆਵਾਜ਼ ਨੂੰ ਸਨਮਾਨ ਦੇਣਗੇ। ਇਸ ਲਈ ਭਾਰਤੀ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਇੱਕ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ। ਤਾਂ ਹੀ ਇਹ ਲੋਕਤੰਤਰ ਦੁਨੀਆਂ ਲਈ ਇੱਕ ਪ੍ਰੇਰਣਾ ਬਣਿਆ ਰਹੇਗਾ।

# ਭਾਜਪਾ ਨੇ ਅਕਾਲੀਆਂ ਨੂੰ ਫਿਰ ਦਿਖਾਇਆ ਠੁੱਠ

ਕਮਲਜੀਤ ਸਿੰਘ ਬਨਵੈਤ
98147 34035



- ☛ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਦੀ ਪੰਜਾਬ ਬਾਰੇ ਭੁਲੇਖੇ ਟਿੱਪਣੀ, ਇਹ ਪਾਰਟੀ 2027 ਦੀਆਂ ਚੋਣਾਂ ਆਪਣੇ ਦਮ 'ਤੇ ਲੜੇਗੀ
- ☛ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਗੱਠਬੰਧਨ ਦੀਆਂ ਅਟਕਲਾਂ ਨੂੰ ਲੱਗੀਆਂ ਬਰੇਕਾਂ, ਭਾਜਪਾ ਦੇ ਨਵੇਂ ਅੰਦਾਜ਼ ਵਿੱਚ ਉਤਰਨ ਦਾ ਦਾਅਵਾ
- ☛ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਅਤੇ ਵਾਰਿਸ ਪੰਜਾਬ ਦੇ ਚੋਣ ਸਮਝੌਤੇ ਤੋਂ ਬਾਅਦ ਦਾਗ਼ੀਆਂ ਅਤੇ ਬਾਗ਼ੀਆਂ ਵਿੱਚ ਮੁੜ ਤੋਂ ਰਲੇਵੇਂ ਦੀਆਂ ਸੰਭਾਵਨਾਵਾਂ ਮੁੱਕੀਆਂ

ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਦਾ ਇਹ ਕਹਿਣਾ ਕਿ ਭਾਰਤੀ ਜਨਤਾ ਪਾਰਟੀ 2027 ਦੀਆਂ ਚੋਣਾਂ ਆਪਣੇ ਦਮ 'ਤੇ ਲੜੇਗੀ, ਪੰਜਾਬ ਦੀ ਸਿਆਸਤ ਵਿੱਚ ਇੱਕ ਖ਼ਾਸ ਮਹੱਤਵ ਰੱਖਦਾ ਹੈ। ਮੁਲਕ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਮੋਗਾ ਦੀ ਕਿੱਲੀ ਚਾਹਲਾਂ ਰੈਲੀ ਵਿੱਚ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ। ਪਰ ਕੌਮੀ ਪ੍ਰਧਾਨ ਦਾ ਇਸ ਉੱਤੇ ਮੋਹਰ ਲਾਉਣ ਦਾ ਮਤਲਬ ਇਹ ਕਿ ਅਕਾਲੀਆਂ ਨਾਲ ਗੱਠਬੰਧਨ ਦੀਆਂ ਅਟਕਲਾਂ ਨੂੰ ਬਰੇਕਾਂ ਲੱਗ ਗਈਆਂ ਹਨ। ਇਹ ਗੱਲ ਵੀ ਮੰਨ ਲੈਣੀ ਚਾਹੀਦੀ ਹੈ ਕਿ ਨਵੀਨ ਨਿਤਿਨ ਚਾਹੇ ਭਾਜਪਾ ਦੇ ਕੌਮੀ ਪ੍ਰਧਾਨ ਹਨ ਪਰ ਪਾਰਟੀ ਦੇ ਫੈਸਲਿਆਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਵਧੇਰੇ ਪੁੱਗਦੀ ਹੈ।

ਭਾਜਪਾ ਦੇ ਕੌਮੀ ਪ੍ਰਧਾਨ ਦੇ ਇਸ ਕਥਨ 'ਤੇ ਕਿ ਪਾਰਟੀ ਪਹਿਲਾਂ ਹੀ ਚੋਣ ਰਣਨੀਤੀ ਉੱਤੇ ਕੰਮ ਕਰ ਰਹੀ ਹੈ ਅਤੇ ਪੰਜਾਬ ਵਿੱਚ ਇੱਕ ਨਵੇਂ ਅੰਦਾਜ਼ ਵਿੱਚ ਦਿਸੇਗੀ। ਇਸ ਦੇ ਅਰਥ ਵੱਡੇ ਲਏ ਜਾਣੇ ਬਣਦੇ ਹਨ। ਨਿਤਿਨ ਨਵੀਨ ਦਾ ਭਾਜਪਾ ਦੇ ਕੌਮੀ ਪ੍ਰਧਾਨ ਬਣਨ ਤੋਂ ਬਾਅਦ ਪੰਜਾਬ ਨੂੰ ਲੈ ਕੇ ਇਹ ਪਹਿਲਾ ਬਿਆਨ ਹੈ।

ਭਾਰਤੀ ਜਨਤਾ ਪਾਰਟੀ ਦੀ ਲੀਡਰਸ਼ਿਪ ਦਾ ਇਹ ਦਾਅਵਾ ਹੈ ਕਿ ਪੰਜਾਬ ਦੇ ਲੋਕ ਭਾਜਪਾ ਨਾਲ ਜੁੜਨ ਲੱਗੇ ਹਨ ਅਤੇ ਸੰਗਠਨ ਦੀ ਪਕੜ ਲਗਾਤਾਰ ਮਜ਼ਬੂਤ ਹੋ ਰਹੀ ਹੈ। ਭਾਜਪਾਈ ਵੀ ਮੰਨਦੇ ਹਨ ਕਿ ਜਿੱਥੇ ਜਿੱਥੇ ਵੀ ਪਾਰਟੀ ਦਾ ਵੋਟ ਬੈਂਕ ਬਣਿਆ ਹੈ, ਉੱਥੇ ਅੱਗੇ ਚੱਲ ਕੇ ਪਾਰਟੀ ਨੇ ਆਪਣੀ ਸਰਕਾਰ ਬਣਾਈ ਹੈ। ਭਾਰਤੀ ਜਨਤਾ ਪਾਰਟੀ ਨੂੰ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਛੇ ਫ਼ੀਸਦੀ ਵੋਟ ਪ੍ਰਾਪਤ ਹੋਏ ਸਨ। ਜਦਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਵੋਟ ਪ੍ਰਤੀਸ਼ਤਤਾ 19 ਨੂੰ ਪੁੱਜ ਗਈ ਸੀ। ਇੱਥੇ ਇਸ ਗੱਲ ਦਾ ਜ਼ਿਕਰ ਕਰਨਾ ਕੁਥਾਂ ਨਹੀਂ ਹੋਵੇਗਾ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਅਕਾਲੀਆਂ ਨਾਲ ਸਿਆਸੀ ਗੱਠਜੋੜ ਕਰਨ ਦੀ ਅਕਸਰ ਵਕਾਲਤ ਕਰਦੇ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਭਾਜਪਾ ਦੇ ਪਾਸੇ ਜਾਣ ਨਾਲ ਕੋਈ ਅਸਰ ਨਹੀਂ ਪਵੇਗਾ ਪਰ ਇੱਕ ਗੱਲ ਮੰਨਣੀ ਪਵੇਗੀ ਕਿ ਸ਼੍ਰੋਮਣੀ ਅਕਾਲੀ ਦਲ ਦੀ ਉੱਪਰਲੀ ਕਤਾਰ ਦੇ ਲੀਡਰ ਹਮੇਸ਼ਾ ਹੀ ਭਾਰਤੀ ਜਨਤਾ ਪਾਰਟੀ ਨਾਲ ਗੱਠਜੋੜ ਦਾ ਸਹਾਰਾ ਭਾਲਦੇ ਰਹੇ ਹਨ। ਭਾਰਤੀ ਜਨਤਾ ਪਾਰਟੀ ਅਗਲੀਆਂ ਚੋਣਾਂ ਵਿੱਚ 20 ਤੋਂ 23 ਤੱਕ ਸੀਟਾਂ ਉੱਤੇ ਜਿੱਤ ਪ੍ਰਾਪਤ ਕਰਨ ਦਾ ਅੰਦਾਜ਼ਾ ਲਾ ਰਹੀ ਹੈ ਜਦਕਿ ਪੰਜਾਬ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਭਾਜਪਾ ਨੂੰ 10 ਤੋਂ 12 ਸੀਟਾਂ ਦੇ ਰਹੇ ਹਨ। ਭਾਜਪਾ 12 ਸੀਟਾਂ ਜਿੱਤੇ ਜਾਂ 23 ਇਹ ਪ੍ਰਾਪਤੀ ਮੰਨੀ ਜਾਵੇਗੀ। ਇਸ ਵੇਲੇ ਭਾਜਪਾ ਦੇ ਪੰਜਾਬ ਵਿਧਾਨ ਸਭਾ ਵਿੱਚ ਕੇਵਲ ਦੋ ਵਿਧਾਇਕ ਹਨ। ਭਾਜਪਾ ਕੋਲ ਪੰਜਾਬ ਵਿੱਚ ਗਵਾਉਣ ਲਈ ਕੁਝ ਨਹੀਂ ਸਿਰਫ ਖੱਟਣ ਖੱਟਣ ਲਈ ਹੈ। ਬਾਵਜੂਦ ਇਸਦੇ ਪੰਜਾਬ ਦੀ ਸੱਤਾ ਉੱਤੇ ਕਬਜ਼ਾ ਕਰਨ ਲਈ ਹਰ ਹੀਲਾ ਹਰਬਾ ਵਰਤੇਗੀ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਪੰਜਾਬ ਗੇੜਿਆਂ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ ਹੈ।

ਸਿਆਸੀ ਮਾਹਿਰਾਂ ਦਾ ਕਹਿਣਾ ਹੈ ਕਿ ਪੰਜਾਬ ਦੀ ਰਾਜਨੀਤੀ ਇੱਕ ਅਹਿਮ ਬਦਲਾਅ ਦੇ ਦੌਰ ਵਿੱਚ ਦਾਖ਼ਲ ਹੋ ਚੁੱਕੀ ਹੈ। ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਆਪੋ ਆਪਣਾ ਰਸਤਾ ਅਖਤਿਆਰ ਕਰਨ ਦਾ ਮਤਲਬ ਹੋਵੇਗਾ ਕਿ ਸਿੱਧੇ ਤੌਰ ਉੱਤੇ ਪਰੰਪਰਿਕ ਵੋਟ ਬੈਂਕ ਪ੍ਰਭਾਵਿਤ ਹੋਣ ਜਾ ਰਿਹਾ ਹੈ। ਇਸ ਨਾਲ ਪੰਜਾਬ ਵਿੱਚ ਜਿੱਥੇ ਬਹੁਤ ਕੌਨੀ ਮੁਕਾਬਲਾ ਹੋਣ ਜਾ ਰਿਹਾ ਹੈ, ਉੱਥੇ ਨਤੀਜਿਆਂ ਬਾਰੇ ਭਵਿੱਖਬਾਣੀ ਕਰਨੀ ਵੀ ਹੋਰ ਮੁਸ਼ਕਲ ਹੋਣ ਲੱਗੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਭਾਜਪਾ ਸ਼ਹਿਰੀ ਅਤੇ ਨਵੇਂ ਵੋਟਰਾਂ ਨੂੰ ਭਰਮਾਉਣ ਸਮੇਤ ਪੇਂਡੂ ਖੇਤਰ ਵਿੱਚ ਆਪਣੀ ਪੈਂਠ ਵਧਾਉਣ ਦੀ ਤਾਕ ਵਿੱਚ ਹੈ। ਦੂਜੇ ਬੰਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਆਪਣਾ ਵੋਟ ਬੈਂਕ ਹੈ ਬਾਵਜੂਦ ਇਸਦੇ ਬਦਲੇ ਹੋਏ ਸਮੀਕਰਨਾਂ ਵਿੱਚ ਇਹ ਹੱਥੋਂ ਖਿਸਕ ਸਕਦਾ ਹੈ। ਦੋਹਾਂ ਧਿਰਾਂ ਦੇ ਅੱਡ ਅੱਡ ਹੋਣ ਨਾਲ ਸੱਤਾਧਾਰੀ ਅਤੇ ਵਿਰੋਧੀਆਂ ਨੂੰ ਨਵੇਂ ਮੌਕੇ ਜ਼ਰੂਰ ਮਿਲਣਗੇ ਪਰ ਇਸ ਨਾਲ ਮੁਕਾਬਲਾ ਵੀ ਸਖ਼ਤ ਹੋ ਜਾਵੇਗਾ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਚੁਫੇਰਿਓਂ ਘਿਰਦੇ ਨਜ਼ਰ ਆ ਰਹੇ ਹਨ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਇੱਕ ਵਾਰ ਫਿਰ ਤੋਂ ਸੁਖਬੀਰ ਨਾਲ ਰਲ ਕੇ ਚੱਲਣ ਨੂੰ ਲੈ ਕੇ ਡੂੰਘੀ ਲਕੀਰ ਖਿੱਚ ਦਿੱਤੀ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਅਤੇ ਵਾਰਸ ਪੰਜਾਬ ਦੇ ਵਿੱਚ ਚੋਣ ਗੱਠਜੋੜ ਦੀ ਗੱਲਬਾਤ ਸਿਰੇ ਚੜ੍ਹ ਚੁੱਕੀ ਹੈ। ਦੋਵੇਂ ਪਾਰਟੀਆਂ ਹੋਰ ਪੰਥਕ ਧਿਰਾਂ ਨੂੰ ਨਾਲ ਲੈ ਕੇ ਵਿਧਾਨ ਸਭਾ ਦੀਆਂ ਚੋਣਾਂ ਰਲ ਕੇ ਲੜਨਗੀਆਂ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਵੀ ਨਾਲ ਰਲ ਕੇ ਚੱਲਣ ਦੇ ਅਸਾਰ ਦਿਸਣ ਲੱਗੇ ਹਨ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਰਫ਼ਤਾਰ ਫੜਦਿਆਂ ਐਲਾਨਨਾਮਾ ਜਾਰੀ ਕਰ ਦਿੱਤਾ ਹੈ। ਇਕਬਾਲ ਸਿੰਘ ਝੂੰਦਾ ਦੀ ਅਗਵਾਈ ਵਾਲੀ ਇਸ ਕਮੇਟੀ ਨੇ ਤਿੰਨ ਦਰਜਨ ਦੇ ਕਰੀਬ ਮੀਟਿੰਗਾਂ ਕਰਨ ਤੋਂ ਬਾਅਦ ਇਹ ਐਲਾਨ ਨਵਾਂ ਤਿਆਰ ਕੀਤਾ ਹੈ। ਐਲਾਨਨਾਮੇ ਵਿੱਚ ਪੰਜਾਬ ਦੀ ਨੁਹਾਰ ਬਦਲਣ ਲਈ ਹਰ ਵਿਸ਼ੇ ਨੂੰ ਛੂਹਿਆ ਗਿਆ ਹੈ। ਪਾਰਟੀ ਇੱਕ ਆਗੂ ਇੱਕ ਅਹੁਦਾ ਅਤੇ ਇੱਕ ਪਰਿਵਾਰ ਇੱਕ ਟਿਕਟ ਦੇ ਸਿਧਾਂਤ ਉੱਤੇ ਦ੍ਰਿੜਤਾ ਨਾਲ ਚੱਲੇਗੀ। ਪਾਰਟੀ ਪ੍ਰਧਾਨ ਦਾ ਕਾਰਜਕਾਲ ਤਿੰਨ ਸਾਲ ਹੀ ਹੋਵੇਗਾ ਅਤੇ ਉਹ ਲਗਾਤਾਰ ਦੋ ਵਾਰ ਤੋਂ ਵੱਧ ਪ੍ਰਧਾਨ ਨਹੀਂ ਬਣ ਸਕੇਗਾ । ਪਾਰਟੀ ਪ੍ਰਧਾਨ ਵਿਧਾਇਕ ਸਮੇਤ ਕੋਈ ਵੀ ਸਿਆਸੀ ਚੋਣ ਨਹੀਂ ਲੜੇਗਾ। ਚੋਣ ਲੜਨ ਦੀ ਲਲਕ ਜਾਗਣ ਦੀ ਸੂਰਤ ਵਿੱਚ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇਣਾ ਪਵੇਗਾ। ਇਸੇ ਤਰ੍ਹਾਂ ਪਾਰਟੀ ਦੇ ਯੂਥ ਵਿੰਗ ਦੀ ਉਮਰ 37 ਸਾਲ ਹੋਵੇਗੀ। ਚੋਣਾਂ ਵਿੱਚ ਸਾਬਤ ਸੂਰਤ ਸਿੱਖਾਂ ਨੂੰ ਟਿਕਟਾਂ ਦਿੱਤੀਆਂ ਜਾਣਗੀਆਂ। ਇਸ ਦੇ ਨਾਲ ਹੀ ਔਰਤਾਂ ਲਈ 35 ਫ਼ੀਸਦੀ ਅਤੇ ਨੌਜਵਾਨਾਂ ਲਈ 40 ਫ਼ੀਸਦੀ ਟਿਕਟਾਂ ਰਾਖਵੀਆਂ ਹੋਣਗੀਆਂ। ਪਾਰਟੀ ਸ਼੍ਰੀ ਅਕਾਲ ਤਖਤ ਸਾਹਿਬ ਸਮੇਤ ਸਾਰੇ ਤਖਤਾਂ ਦੇ ਜਥੇਦਾਰ ਸਾਹਿਬਾਨਾਂ ਦੀ ਆਜ਼ਾਦ ਹਸਤੀ ਨੂੰ ਕਾਇਮ ਰੱਖਣ ਲਈ ਵਿਧੀ ਵਿਧਾਨ ਬਣਾਉਣ ਬਾਰੇ ਉਪਰਾਲੇ ਕਰੇਗੀ। ਇਸ ਤੋਂ ਪਹਿਲਾਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਪਾਰਟੀ ਦੇ ਇਸਤਰੀ ਵਿੰਗ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ।

ਸੁਖਬੀਰ ਸਿੰਘ ਬਾਦਲ ਦੀਆਂ ਰੈਲੀਆਂ ਨੂੰ ਤਕੜਾ ਹੁੰਗਾਰਾ ਮਿਲਣ ਤੋਂ ਬਾਅਦ ਸੁਰਜੀਤ ਅਕਾਲੀ ਦਲ ਦੇ ਕਈ ਸਾਰੇ ਲੀਡਰ ਮੁੜ ਪਰਤਣ ਦੀ ਝਾਕ ਰੱਖਣ ਲੱਗੇ ਸਨ ਪਰ ਭਾਜਪਾ ਵੱਲੋਂ ਨਾਂਹ ਕਰਨ 'ਤੇ ਵਾਰਿਸ ਪੰਜਾਬ ਦੇ ਨਾਲ ਹੱਥ ਜੁੜਨ ਤੋਂ ਪਿੱਛੋਂ ਉਹ ਆਪਣੇ ਘਰ ਹੀ ਟਿਕ ਕੇ ਬੈਠਣ ਨੂੰ ਬਿਹਤਰ ਸਮਝਣ ਲੱਗੇ ਹਨ। ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਰਲ ਕੇ ਤੁਰ ਪੈਂਦੇ ਹਨ ਅਤੇ ਦੂਜੀਆਂ ਪੰਥਕ ਧਿਰਾਂ ਇਹਨਾਂ ਨਾਲ ਆ ਜੁੜਦੀਆਂ ਹਨ ਤਾਂ ਸੁਖਬੀਰ ਸਿੰਘ ਬਾਦਲ ਦਾ ਰਾਹ ਹੋਰ ਔਖਾ ਹੋ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਕੋਲ ਆਪਣਾ ਇੱਕ ਕਾਡਰ ਹੈ। 2015 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਾਪਰਨ ਅਤੇ ਸ਼ਾਂਤਮਈ ਵਿਖਾਵਾਕਾਰੀ ਸਿੰਘਾਂ ਉੱਤੇ ਗੋਲੀਆਂ ਦਾਗਣ ਤੋਂ ਬਾਅਦ ਪਾਰਟੀ ਦੇ ਆਪਣੇ ਵਰਕਰ ਵੀ ਵੋਟਾਂ ਪਾਉਣ ਤੋਂ ਹਟਣ ਲੱਗ ਪਏ ਹਨ। ਪਿਛਲੀਆਂ ਦੋ ਵਾਰ ਦੀਆਂ ਚੋਣਾਂ ਗਵਾਹ ਹਨ ਕਿ ਸੁਖਬੀਰ ਸਿੰਘ ਬਾਦਲ ਦੀਆਂ ਰੈਲੀਆਂ ਨੂੰ ਹੁੰਗਾਰਾ ਮਿਲ ਰਿਹਾ ਹੈ ਪਰ ਸਪੋਰਟਰ ਹੋਰਾਂ ਵਿੱਚ ਨਹੀਂ ਬਦਲੇ ਜਾ ਰਹੇ ਹਨ।

ਭਾਰਤੀ ਜਨਤਾ ਪਾਰਟੀ ਦੇ ਪੈਰ ਵੀ ਹਾਲੇ ਪੰਜਾਬ ਦੀ ਜ਼ਮੀਨ ਉੱਤੇ ਟਿਕ ਨਹੀਂ ਰਹੇ ਹਨ । ਦੂਜੀਆਂ ਪਾਰਟੀਆਂ ਛੱਡ ਕੇ ਆਏ ਟਕਸਾਲੀ ਕਾਂਗਰਸੀ ਜਾਂ ਅਕਾਲੀ ਆਪਣੀ ਪਕੜ ਦਾ ਰੰਗ ਨਹੀਂ ਦਿਖਾ ਸਕੇ ਹਨ। ਕਿਸਾਨਾਂ ਦਾ ਭਾਜਪਾਈਆਂ ਨਾਲ ਹਾਲੇ ਦਿਲ ਨਹੀਂ ਭਿੱਜਦਾ ਹੈ। ਹਾਲ ਦੀ ਘੜੀ ਤਾਂ ਇੰਝ ਲੱਗਦਾ ਹੈ ਕਿ ਭਾਜਪਾ ਵਾਸਤੇ ਪੰਜਾਬ ਤੋਂ ਦਿੱਲੀ ਹਾਲੇ ਦੂਰ ਹੈ ਪਰ ਭਾਜਪਾ ਜਿਸ ਨਵੇਂ ਅੰਦਾਜ਼ ਵਿੱਚ ਵਿਚਰਨ ਦੀ ਰਣਨੀਤੀ ਤਿਆਰ ਕਰੀ ਬੈਠੀ, ਕਿਸੇ ਨੂੰ ਹਾਲੇ ਤੱਕ ਭੇਦ ਨਹੀਂ ਲੱਗਾ। ਭਾਜਪਾ ਨਾਲ ਜੁੜੇ ਸੂਤਰਾਂ ਦਾਅਵੇ ਵਿੱਚ ਪਤਾ ਨਹੀਂ ਕਿੰਨਾ ਸੱਚ ਹੈ ਜਦੋਂ ਉਹ ਕਹਿੰਦੇ ਹਨ ਕਿ ਅਗਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਅੰਦਰ ਖ਼ਾਤੇ ਰਲ ਕੇ ਤੁਰਨਗੇ। ਸਿਆਸੀ ਪਾਰਟੀਆਂ ਜੋ ਕਰਦੀਆਂ ਹਨ ਉਹ ਕਹਿੰਦੀਆਂ ਨਹੀਂ ਅਤੇ ਜੋ ਦਿਸਦਾ ਹੈ ਉਹ ਹੁੰਦਾ ਨਹੀਂ। ਸਿਆਸਤ ਵਿੱਚ ਪੱਕੇ ਤੌਰ 'ਤੇ ਨਾ ਕਿਸੇ ਦਾ ਕੋਈ ਮਿੱਤਰ ਹੁੰਦਾ ਹੈ ਅਤੇ ਨਾ ਹੀ ਵੈਰੀ। ਸਿਆਸਤ ਤਾਂ ਉਹ ਵੇਹੜਾ ਹੈ ਜਿੱਥੇ ਮਾਵਾਂ ਪੁੱਤ ਨਹੀਂ ਪਛਾਣਦੀਆਂ। ਹਾਲੇ ਤੱਕ ਪੰਜਾਬੀਆਂ ਨੇ ਵੀ ਡੋਰ ਉੱਪਰ ਵਾਲੇ ਦੇ ਹੱਥ ਛੱਡ ਰੱਖੀ ਲੱਗਦੀ ਹੈ।



ਵਿੰਕਲਜੀਤ ਸਿੰਘ ਸਰਾ
9501477889

## ਲੋਕਤੰਤਰ ਦੀ ਨਵੀਂ ਇਬਾਰਤ

# ਬੰਗਾਲ ਤੋਂ ਤਾਮਿਲਨਾਡੂ ਤੱਕ 'ਮੁਫ਼ਤ ਸਿਆਸਤ' ਅਤੇ 'ਛਵੀ' ਦਾ ਮਨੋਵਿਗਿਆਨ

**ਲੋਕਤੰਤਰ ਦੇ ਬਦਲਦੇ ਸਰੂਪ ਅਤੇ ਵੋਟਾਂ ਦੀ ਮੰਡੀ** : ਭਾਰਤੀ ਰਾਜਨੀਤੀ ਦੇ ਇਤਿਹਾਸ ਵਿੱਚ ਚੋਣਾਂ ਹਮੇਸ਼ਾ ਹੀ ਵਿਚਾਰਧਾਰਾਵਾਂ ਅਤੇ ਮੁੱਦਿਆਂ ਦਾ ਅਖਾੜਾ ਰਹੀਆਂ ਹਨ, ਪਰ ਸਮੇਂ ਦੇ ਨਾਲ ਇਸ ਦਾ ਸਰੂਪ ਬਦਲ ਕੇ ਇੱਕ **'ਵਪਾਰਕ ਲੈਣ-ਦੇਣ'** ਵਿੱਚ ਤਬਦੀਲ ਹੋ ਗਿਆ ਹੈ। ਅੱਜ ਜਦੋਂ ਅਸੀਂ ਪੱਛਮੀ ਬੰਗਾਲ ਅਤੇ ਤਾਮਿਲਨਾਡੂ ਵਰਗੇ ਰਾਜਾਂ ਦੀਆਂ ਚੋਣ ਸਰਗਰਮੀਆਂ ਨੂੰ ਦੇਖਦੇ ਹਾਂ, ਤਾਂ ਸਾਨੂੰ ਸਪੱਸ਼ਟ ਨਜ਼ਰ ਆਉਂਦਾ ਹੈ ਕਿ ਸਿਆਸੀ ਪਾਰਟੀਆਂ ਹੁਣ ਵੋਟਰਾਂ ਨੂੰ ਨਾਗਰਿਕਾਂ ਦੀ ਬਜਾਏ ਲਾਭਪਾਤਰੀਆਂ ਦੇ ਇੱਕ ਸਮੂਹ ਵਜੋਂ ਦੇਖ ਰਹੀਆਂ ਹਨ। ਇਹ ਬਦਲਾਅ ਸਿਰਫ਼ ਚੋਣ ਜਿੱਤਣ ਦੀ ਰਣਨੀਤੀ ਨਹੀਂ ਹੈ, ਸਗੋਂ ਇਹ ਲੋਕਤੰਤਰ ਦੀ ਬੁਨਿਆਦ 'ਤੇ ਇੱਕ ਗਹਿਰਾ ਸਵਾਲੀਆ ਚਿੰਨ੍ਹ ਹੈ। ਅਖ਼ਬਾਰੀ ਸੁਰਖੀਆਂ ਵਿੱਚ ਜਦੋਂ 'ਦੀਦੀ' ਦੀ ਹਰਮਨਪਿਆਰਤਾ ਅਤੇ ਮੋਦੀ ਦੀਆਂ ਗਾਰੰਟੀਆਂ ਦੀ ਚਰਚਾ ਹੁੰਦੀ ਹੈ, ਤਾਂ ਇਹ ਉਸ ਡੂੰਘੇ ਸਿਆਸੀ ਮੁਕਾਬਲੇ ਨੂੰ ਦਰਸਾਉਂਦੀ ਹੈ, ਜਿੱਥੇ ਵਿਕਾਸ ਦੇ ਲੰਬੇ ਸਮੇਂ ਦੇ ਮਾਡਲ ਪਿੱਛੇ ਰਹਿ ਗਏ ਹਨ ਅਤੇ ਤੁਰੰਤ ਮਿਲਣ ਵਾਲੀ ਨਕਦ ਰਾਹਤ ਜਾਂ ਮੁਫ਼ਤ ਸਹੂਲਤਾਂ ਨੇ ਮੋਹਰੀ ਕਤਾਰ ਵਿੱਚ ਥਾਂ ਬਣਾ ਲਈ ਹੈ।

**ਮਮਤਾ ਬੈਨਰਜੀ ਅਤੇ 'ਛਵੀ' ਦੀ ਸਿਆਸਤ ਦਾ ਜਾਦੂ** : ਬੰਗਾਲ ਦੀ ਸਿਆਸਤ ਵਿੱਚ ਮਮਤਾ ਬੈਨਰਜੀ ਦਾ ਉਭਾਰ ਅਤੇ ਉਨ੍ਹਾਂ ਦੀ ਸਥਿਰਤਾ ਇੱਕ ਅਜਿਹਾ ਅਧਿਐਨ ਹੈ ਜੋ ਸਿਆਸੀ ਮਾਹਿਰਾਂ ਨੂੰ ਵੀ ਹੈਰਾਨ ਕਰਦਾ ਹੈ। ਉਨ੍ਹਾਂ ਨੇ ਖ਼ੁਦ ਨੂੰ ਇੱਕ ਅਜਿਹੇ ਨੇਤਾ ਵਜੋਂ ਸਥਾਪਿਤ ਕੀਤਾ ਹੈ ਜੋ ਆਪਣੀ ਪਾਰਟੀ ਦੀਆਂ ਕਮੀਆਂ ਅਤੇ ਆਪਣੇ ਕਾਰਡਰ ਦੇ ਕਥਿਤ ਭ੍ਰਿਸ਼ਟਾਚਾਰ ਤੋਂ ਬਿਲਕੁਲ ਅਲੱਗ ਨਜ਼ਰ ਆਉਂਦੀ ਹੈ। ਪੱਤਰਕਾਰੀ ਦੀ ਭਾਸ਼ਾ ਵਿੱਚ ਇਸ ਨੂੰ **'ਇਮੇਜ਼ ਬਿਲਡਿੰਗ'** ਕਿਹਾ ਜਾਂਦਾ ਹੈ, ਜਿੱਥੇ ਨੇਤਾ ਖੁਦ ਨੂੰ 'ਲੋਕਾਂ ਦੀ ਧੀ' ਅਤੇ 'ਰੱਖਿਅਕ' ਵਜੋਂ ਪੇਸ਼ ਕਰਦਾ ਹੈ। ਜਦੋਂ ਜਨਤਾ ਇਹ ਮਹਿਸੂਸ ਕਰਨ ਲੱਗ ਪਵੇ ਕਿ ਉਨ੍ਹਾਂ ਦੀ ਮੁੱਖ ਮੰਤਰੀ ਇੱਕ 'ਸੰਘਰਸ਼ਸ਼ੀਲ ਯੋਧਾ' ਹੈ ਜੋ ਸਿਸਟਮ ਦੇ ਅੰਦਰ ਰਹਿ ਕੇ ਵੀ ਉਨ੍ਹਾਂ ਲਈ ਲੜ ਰਹੀ ਹੈ, ਤਾਂ ਪਾਰਟੀ ਦੇ ਹੇਠਲੇ ਪੱਧਰ 'ਤੇ ਹੋ ਰਹੀਆਂ ਗੜਬੜੀਆਂ ਵੋਟਰ ਲਈ ਗੌਣ ਹੋ ਜਾਂਦੀਆਂ ਹਨ। ਇਹੋ ਕਾਰਨ ਹੈ ਕਿ ਬੰਗਾਲ ਵਿੱਚ ਪਾਰਟੀ ਨੂੰ ਨਾਂਹ, ਪਰ ਮਮਤਾ ਨੂੰ ਹਾਂ ਦਾ ਨਾਅਰਾ ਬਹੁਤ ਪ੍ਰਭਾਵਸ਼ਾਲੀ ਸਾਬਤ ਹੋਇਆ ਹੈ। ਉਨ੍ਹਾਂ ਦੀ ਸਾਦਗੀ ਅਤੇ ਆਮ ਲੋਕਾਂ ਵਰਗੀ ਰਹਿਣੀ-ਬਹਿਣੀ ਨੇ ਉਨ੍ਹਾਂ ਨੂੰ ਇੱਕ **'ਮੈਨੂਫੈਕਚਰਡ ਸੁਪਰਹੀਰੋ'** ਦੇ ਰੂਪ ਵਿੱਚ ਪੇਸ਼ ਕੀਤਾ ਹੈ, ਜਿਸ ਦੀ ਛਵੀ ਹਰ ਸਕੀਮ ਦੇ ਪਿੱਛੇ ਅਸਲ ਤਾਕਤ ਬਣ ਕੇ ਉਭਰਦੀ ਹੈ।

**ਮੁਫ਼ਤਖੋਰੀ ਦਾ ਆਰਥਿਕ ਜਾਲ ਅਤੇ ਸਰਕਾਰੀ ਖ਼ਜ਼ਾਨੇ ਦੀ ਦਸ਼ਾ** : ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਵਿਸ਼ਲੇਸ਼ਣ ਇਹ ਚੇਤਾਵਨੀ ਦਿੰਦੇ ਹਨ ਕਿ 'ਮੁਫ਼ਤ ਦੀਆਂ ਰੇਵੜੀਆਂ' ਜਾਂ ਨਕਦ ਸਹਾਇਤਾ ਦੀਆਂ ਸਕੀਮਾਂ ਰਾਜਾਂ ਦੀ ਆਰਥਿਕ ਸਿਹਤ ਲਈ ਘਾਤਕ ਸਾਬਤ ਹੋ ਰਹੀਆਂ ਹਨ। ਜਦੋਂ ਰਾਜ ਸਰਕਾਰਾਂ ਆਪਣੇ ਮਾਲੀਏ ਦਾ ਵੱਡਾ ਹਿੱਸਾ ਸਿੱਧੇ ਨਕਦ ਤਬਾਦਲੇ ਵਿੱਚ ਲਗਾ ਦਿੰਦੀਆਂ ਹਨ, ਤਾਂ ਸਿੱਖਿਆ, ਸਿਹਤ ਅਤੇ ਬੁਨਿਆਦੀ ਢਾਂਚੇ ਵਰਗੇ ਜ਼ਰੂਰੀ ਖੇਤਰਾਂ ਲਈ ਪੂੰਜੀ ਨਿਵੇਸ਼ (Capital Investment) ਘੱਟ ਜਾਂਦਾ ਹੈ। ਇਹ ਇੱਕ ਅਜਿਹੀ **'ਆਰਥਿਕ ਖ਼ੁਦਕੁਸ਼ੀ'** ਵਾਂਗ ਹੈ, ਜਿੱਥੇ ਅਸੀਂ ਮੌਜੂਦਾ ਵੋਟ ਹਾਸਲ ਕਰਨ ਲਈ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਦਾਅ 'ਤੇ ਲਗਾ ਰਹੇ ਹਾਂ। ਜੇਕਰ ਸੂਬੇ ਕੋਲ ਸੜਕਾਂ ਬਣਾਉਣ, ਉਦਯੋਗ ਸਥਾਪਿਤ ਕਰਨ ਜਾਂ ਨਵੀਆਂ ਨੌਕਰੀਆਂ ਪੈਦਾ ਕਰਨ ਲਈ ਫੰਡ ਨਹੀਂ ਬਚਣਗੇ, ਤਾਂ ਸਿਰਫ਼ 500 ਜਾਂ 1000 ਰੁਪਏ ਦੀ ਮਹੀਨਾਵਾਰ ਸਹਾਇਤਾ ਕਿਸੇ ਨੌਜਵਾਨ ਦੇ ਜੀਵਨ ਪੱਧਰ ਨੂੰ ਸਥਾਈ ਤੌਰ 'ਤੇ ਉੱਚਾ ਨਹੀਂ ਚੁੱਕ ਸਕਦੀ। ਆਰਥਿਕ ਸਰਵੇਖਣਾਂ ਮੁਤਾਬਕ ਕਈ ਰਾਜ ਆਪਣੀ ਕਮਾਈ ਤੋਂ ਵੱਧ ਖ਼ਰਚ ਕਰ ਰਹੇ ਹਨ, ਜੋ ਕਿ ਭਵਿੱਖ ਵਿੱਚ ਇੱਕ ਵੱਡੇ ਵਿੱਤੀ ਸੰਕਟ ਦਾ ਸਬੱਬ ਬਣ ਸਕਦਾ ਹੈ।

**ਤਾਮਿਲਨਾਡੂ ਦੀ ਪੁਰਾਣੀ ਰਵਾਇਤ ਅਤੇ ਨਕਦ ਤਬਾਦਲੇ ਦਾ ਨਵਾਂ ਰੁਝਾਨ** : ਤਾਮਿਲਨਾਡੂ ਭਾਰਤ ਵਿੱਚ ਉਸ ਸਿਆਸਤ ਦਾ ਕੇਂਦਰ ਰਿਹਾ ਹੈ, ਜਿੱਥੇ ਮੁਫ਼ਤ ਚੀਜ਼ਾਂ ਵੰਡਣ ਦੀ ਰਵਾਇਤ ਸਭ ਤੋਂ ਪਹਿਲਾਂ ਸ਼ੁਰੂ ਹੋਈ ਸੀ। ਪਹਿਲਾਂ ਇਹ ਮੁਕਾਬਲਾ ਟੀਵੀ, ਮਿਕਸੀ ਅਤੇ ਗ੍ਰਾਈਂਡਰ ਤੱਕ ਸੀ, ਪਰ ਹੁਣ ਇਹ ਬੈਂਕ ਖਾਤਿਆਂ ਵਿੱਚ ਸਿੱਧੇ ਪੈਸੇ ਪਾਉਣ ਤੱਕ ਪਹੁੰਚ ਗਿਆ ਹੈ। ਇੱਥੇ ਪਾਰਟੀਆਂ ਵਿਚਕਾਰ ਇੱਕ **'ਨਿਲਾਮੀ'** ਵਰਗਾ ਮਾਹੌਲ ਬਣ ਜਾਂਦਾ ਹੈ, ਜਿੱਥੇ ਇੱਕ ਪਾਰਟੀ ਜੇਕਰ 1500 ਰੁਪਏ ਦਾ ਵਾਅਦਾ ਕਰਦੀ ਹੈ ਤਾਂ ਦੂਜੀ 2000 ਰੁਪਏ ਦੀ ਗੱਲ ਕਰਦੀ ਹੈ। ਇਹ ਰੁਝਾਨ ਸਿਰਫ਼ ਦੱਖਣ ਤੱਕ ਸੀਮਤ ਨਹੀਂ ਰਿਹਾ, ਸਗੋਂ ਉੱਤਰ ਭਾਰਤ ਅਤੇ ਬੰਗਾਲ ਵਿੱਚ ਵੀ ਇਸ ਨੇ ਆਪਣੇ ਪੈਰ ਪਸਾਰ ਲਏ ਹਨ। ਜਦੋਂ ਵੋਟਰ ਨੂੰ ਲੱਗਦਾ ਹੈ ਕਿ ਸਰਕਾਰ ਉਸ ਦੀਆਂ ਰੋਜ਼ਾਨਾ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਪੈਸੇ ਦੇ ਰਹੀ ਹੈ, ਤਾਂ ਉਹ ਰਾਜ ਦੇ ਵੱਡੇ ਵਿਕਾਸ ਮੁੱਦਿਆਂ 'ਤੇ ਸਵਾਲ ਪੁੱਛਣਾ ਬੰਦ ਕਰ ਦਿੰਦਾ ਹੈ। ਇਹ ਸਿਆਸਤ ਵੋਟਰ ਨੂੰ **'ਨਾਗਰਿਕ'** ਦੀ ਥਾਂ **'ਆਸ਼ਰਿਤ'** ਬਣਾ ਰਹੀ ਹੈ, ਜੋ ਲੋਕਤੰਤਰੀ ਕਦਰਾਂ-ਕੀਮਤਾਂ ਲਈ ਸ਼ੁਭ ਸੰਕੇਤ ਨਹੀਂ ਹੈ।

**ਮਹਿਲਾ ਵੋਟਰਾਂ ਦਾ**




**ਕੇਂਦਰੀਕਰਨ ਅਤੇ ਸਿਆਸੀ ਗਣਿਤ** : ਹਾਲ ਹੀ ਦੀਆਂ ਚੋਣਾਂ ਵਿੱਚ ਇੱਕ ਨਵਾਂ ਰੁਝਾਨ ਇਹ ਦੇਖਣ ਨੂੰ ਮਿਲਿਆ ਹੈ ਕਿ ਮਹਿਲਾਵਾਂ ਇੱਕ ਵੱਖਰੇ ਵੋਟ ਬੈਂਕ ਵਜੋਂ ਉੱਭਰੀਆਂ ਹਨ। ਸਿਆਸੀ ਪਾਰਟੀਆਂ ਨੇ ਮਹਿਸੂਸ ਕਰ ਲਿਆ ਹੈ ਕਿ ਮਹਿਲਾਵਾਂ ਨੂੰ ਦਿੱਤੀ ਗਈ ਸਿੱਧੀ ਆਰਥਿਕ ਮਦਦ ਪੂਰੇ ਪਰਿਵਾਰ ਦੇ ਵੋਟ ਨੂੰ ਪ੍ਰਭਾਵਿਤ ਕਰ ਸਕਦੀ ਹੈ। **'ਲਕਸ਼ਮੀ ਭੰਡਾਰ'** ਵਰਗੀਆਂ ਸਕੀਮਾਂ ਨੇ ਬੰਗਾਲ ਦੀਆਂ ਪੇਂਡੂ ਮਹਿਲਾਵਾਂ ਵਿੱਚ ਮਮਤਾ ਬੈਨਰਜੀ ਲਈ ਇੱਕ ਅਟੁੱਟ ਵਿਸ਼ਵਾਸ ਪੈਦਾ ਕੀਤਾ ਹੈ। ਦੂਜੇ ਪਾਸੇ, ਭਾਜਪਾ ਨੇ ਵੀ ਆਪਣੀਆਂ **'10 ਗਾਰੰਟੀਆਂ'** ਰਾਹੀਂ ਮਹਿਲਾਵਾਂ ਦੇ ਸਨਮਾਨ ਅਤੇ ਆਰਥਿਕ ਸ਼ਕਤੀਕਰਨ ਦਾ ਵਾਅਦਾ ਕੀਤਾ ਹੈ। ਇਹ ਸਿਰਫ਼ ਸਮਾਜ ਭਲਾਈ ਦਾ ਮਾਮਲਾ ਨਹੀਂ ਹੈ, ਸਗੋਂ ਇਹ ਇੱਕ ਸੋਚੀ-ਸਮਝੀ ਸਿਆਸੀ ਗਣਿਤ ਹੈ। ਜਦੋਂ ਇੱਕ ਗ਼ਰੀਬ ਔਰਤ ਦੇ ਹੱਥ ਵਿੱਚ ਨਕਦ ਰਾਸ਼ੀ ਆਉਂਦੀ ਹੈ, ਤਾਂ ਉਹ ਉਸ ਨੂੰ ਸਰਕਾਰ ਦੀ **'ਨਿੱਜੀ ਕਿਰਪਾ'** ਸਮਝਦੀ ਹੈ ਅਤੇ ਇਹੋ ਅਹਿਸਾਸ ਉਸ ਨੂੰ ਉਸ ਪਾਰਟੀ ਨਾਲ ਭਾਵਨਾਤਮਕ ਤੌਰ 'ਤੇ ਜੋੜ ਦਿੰਦਾ ਹੈ।

**ਵਿਰੋਧੀ ਧਿਰਾਂ ਦੀ ਚੁਣੌਤੀ ਅਤੇ ਭਾਜਪਾ ਦਾ 'ਗਾਰੰਟੀ' ਮਾਡਲ** : ਜਿੱਥੇ ਖੇਤਰੀ ਪਾਰਟੀਆਂ ਮੁਫ਼ਤ ਸਕੀਮਾਂ ਰਾਹੀਂ ਆਪਣਾ ਕਿਲ੍ਹਾ ਮਜ਼ਬੂਤ ਕਰ ਰਹੀਆਂ ਹਨ, ਉੱਥੇ ਭਾਜਪਾ ਵਰਗੀਆਂ ਰਾਸ਼ਟਰੀ ਪਾਰਟੀਆਂ ਨੇ **'ਗਾਰੰਟੀ'** ਸ਼ਬਦ ਨੂੰ ਆਪਣੀ ਰਣਨੀਤੀ ਦਾ ਹਿੱਸਾ ਬਣਾਇਆ ਹੈ। ਭਾਜਪਾ ਦਾ ਦਾਅਵਾ ਹੈ ਕਿ ਉਨ੍ਹਾਂ ਦਾ ਮਾਡਲ ਸਿਰਫ਼ ਮੁਫ਼ਤਖੋਰੀ ਨਹੀਂ, ਸਗੋਂ ਲੋਕਾਂ ਨੂੰ ਸੁਵਿਧਾਵਾਂ ਦੇ ਕੇ ਉਨ੍ਹਾਂ ਦੇ ਜੀਵਨ ਵਿੱਚ ਬਦਲਾਅ ਲਿਆਉਣ ਵਾਲਾ ਹੈ। ਪਰ ਹਕੀਕਤ ਵਿੱਚ, ਬੰਗਾਲ ਵਰਗੇ ਸੂਬਿਆਂ ਵਿੱਚ ਭਾਜਪਾ ਨੂੰ ਵੀ ਉਹੀ ਭਾਸ਼ਾ ਬੋਲਣੀ ਪੈ ਰਹੀ ਹੈ ਜੋ ਉੱਥੋਂ ਦੀ ਸਥਾਨਕ ਰਾਜਨੀਤੀ ਦੀ ਮੰਗ ਹੈ। ਪ੍ਰਧਾਨ ਮੰਤਰੀ ਮੋਦੀ ਦੀਆਂ 10 ਗਾਰੰਟੀਆਂ ਇਸ ਗੱਲ ਦਾ ਪ੍ਰਮਾਣ ਹਨ ਕਿ ਜਦੋਂ ਲੜਾਈ ਸੱਤਾ ਦੀ ਹੁੰਦੀ ਹੈ, ਤਾਂ ਆਰਥਿਕ ਸਿਧਾਂਤ ਅਕਸਰ ਪਿੱਛੇ ਛੁੱਟ ਜਾਂਦੇ ਹਨ। ਭਾਜਪਾ ਨੇ ਸੁਰੱਖਿਆ, ਕੇਂਦਰੀ ਸਕੀਮਾਂ ਅਤੇ ਹਿੰਦੂਤਵ ਦੇ ਨਾਲ-ਨਾਲ ਆਰਥਿਕ ਲਾਭਾਂ ਦਾ ਇੱਕ ਅਜਿਹਾ ਮਿਸ਼ਰਣ ਤਿਆਰ ਕੀਤਾ ਹੈ ਜੋ ਸਿੱਧਾ 'ਦੀਦੀ' ਦੇ ਮਾਡਲ ਨੂੰ ਚੁਣੌਤੀ ਦਿੰਦਾ ਹੈ।

**ਵੋਟਰਾਂ ਦਾ ਦਵੰਦ: ਤੁਰੰਤ ਲਾਭ ਬਨਾਮ ਲੰਬਾ ਭਵਿੱਖ** : ਅੱਜ ਦਾ ਵੋਟਰ ਇੱਕ ਅਜੀਬ ਦੁਬਿਧਾ ਵਿੱਚ ਹੈ। ਇੱਕ ਪਾਸੇ ਉਸ ਕੋਲ ਬਿਹਤਰ ਸਿੱਖਿਆ, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਸੁਪਨੇ ਹਨ, ਪਰ ਦੂਜੇ ਪਾਸੇ ਉਸ ਦੀਆਂ ਰੋਜ਼ਾਨਾ ਦੀਆਂ ਤੰਗੀਆਂ-ਤੁਰਸ਼ੀਆਂ ਹਨ। ਜਦੋਂ ਕੋਈ ਨੇਤਾ ਉਸ ਨੂੰ ਤੁਰੰਤ ਰਾਹਤ ਦਾ ਵਾਅਦਾ ਕਰਦਾ ਹੈ, ਤਾਂ ਉਹ ਉਸ ਨੂੰ ਚੁਣਨਾ ਜ਼ਿਆਦਾ ਸੌਖਾ ਸਮਝਦਾ ਹੈ। ਇਹ ਸਥਿਤੀ ਸਿਆਸੀ ਪਾਰਟੀਆਂ ਲਈ ਬਹੁਤ ਅਨੁਕੂਲ ਹੈ ਕਿਉਂਕਿ ਉਨ੍ਹਾਂ ਨੂੰ ਵੱਡੇ ਸਿਸਟਮ ਸੁਧਾਰ ਕਰਨ ਦੀ ਬਜਾਏ ਸਿਰਫ਼ ਕੁਝ ਪੈਸੇ ਵੰਡ ਕੇ ਵੋਟ ਹਾਸਲ ਕਰਨ ਦਾ ਸੌਖਾ ਰਸਤਾ ਮਿਲ ਜਾਂਦਾ ਹੈ। ਇਹ **'ਸ਼ੌਰਟਕੱਟ'** ਰਾਜਨੀਤੀ ਦੇਸ਼ ਦੇ ਲੋਕਤੰਤਰ ਨੂੰ ਇੱਕ ਅਜਿਹੇ ਮੋੜ 'ਤੇ ਲੈ ਆਈ ਹੈ, ਜਿੱਥੇ ਸਹੀ ਅਤੇ ਗ਼ਲਤ ਦੀ ਪਛਾਣ ਕਰਨਾ ਮੁਸ਼ਕਲ ਹੋ ਗਿਆ ਹੈ। ਕੀ ਅਸੀਂ ਆਪਣੇ ਵੋਟ ਦੀ ਕੀਮਤ ਸਿਰਫ਼ ਕੁਝ ਸੌ ਰੁਪਏ ਜਾਂ ਮੁਫ਼ਤ ਦੀਆਂ ਵਸਤੂਆਂ ਤੱਕ ਸੀਮਤ ਕਰ ਦਿੱਤੀ ਹੈ? ਇਹ ਸਵਾਲ ਹਰ ਸੁਚੇਤ ਨਾਗਰਿਕ ਨੂੰ ਖੁਦ ਨੂੰ ਪੁੱਛਣਾ ਚਾਹੀਦਾ ਹੈ।

**ਮੀਡੀਆ ਦੀ ਭੂਮਿਕਾ ਅਤੇ ਸੱਤਾ ਦਾ ਪ੍ਰਚਾਰ** : ਇਸ ਪੂਰੇ ਖੇਡ ਵਿੱਚ ਮੀਡੀਆ ਦੀ ਭੂਮਿਕਾ ਵੀ ਬਹੁਤ ਅਹਿਮ ਰਹੀ ਹੈ। ਜਦੋਂ ਅਖ਼ਬਾਰੀ ਸੁਰਖੀਆਂ ਵਿੱਚ ਨੇਤਾਵਾਂ ਨੂੰ 'ਫ਼ਰਿਸ਼ਤੇ' ਜਾਂ **'ਸੁਪਰਹੀਰੋ'** ਵਜੋਂ ਪੇਸ਼ ਕੀਤਾ ਜਾਂਦਾ ਹੈ, ਤਾਂ ਜਨਤਾ ਦਾ ਧਿਆਨ ਅਸਲ ਮੁੱਦਿਆਂ ਤੋਂ ਭਟਕ ਜਾਂਦਾ ਹੈ। ਵਿਸ਼ਲੇਸ਼ਣਾਤਮਕ ਰਿਪੋਰਟਾਂ ਵਿੱਚ ਜਿਸ ਤਰ੍ਹਾਂ ਮਮਤਾ ਬੈਨਰਜੀ ਦੀ **'ਡ੍ਰਿਬਲਿੰਗ'** (ਸਿਆਸੀ ਚਾਲਾਂ) ਦੀ ਚਰਚਾ ਹੁੰਦੀ ਹੈ, ਉਹ ਪਾਠਕ ਨੂੰ ਇਹ ਪ੍ਰਭਾਵ ਦਿੰਦੀ ਹੈ ਕਿ ਰਾਜਨੀਤੀ ਸਿਰਫ਼ ਜਿੱਤ-ਹਾਰ ਦਾ ਇੱਕ ਮੈਚ ਹੈ। ਪਰ ਇੱਕ ਜ਼ਿੰਮੇਵਾਰ ਪੱਤਰਕਾਰੀ ਦਾ ਕੰਮ ਇਨ੍ਹਾਂ ਚਾਲਾਂ ਦੇ ਪਿੱਛੇ ਲੁਕੇ ਆਰਥਿਕ ਅਤੇ ਸਮਾਜਿਕ ਨੁਕਸਾਨਾਂ ਨੂੰ ਸਾਹਮਣੇ ਲਿਆਉਣਾ ਹੈ। ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਜੋ ਕੁਝ **'ਮੁਫ਼ਤ'** ਦਿੱਤਾ ਜਾ ਰਿਹਾ ਹੈ, ਉਸ ਦੀ ਕੀਮਤ ਆਖ਼ਰਕਾਰ ਟੈਕਸ ਦੇਣ ਵਾਲੇ ਆਮ ਲੋਕਾਂ ਨੂੰ ਹੀ ਚੁਕਾਉਣੀ ਪਵੇਗੀ।

**ਇੱਕ ਨਵੇਂ ਰਾਜਨੀਤਿਕ ਸੱਭਿਆਚਾਰ ਦੀ ਲੋੜ** : ਬੰਗਾਲ ਤੋਂ ਲੈ ਕੇ ਤਾਮਿਲਨਾਡੂ ਤੱਕ ਦੀ ਇਹ ਕਹਾਣੀ ਸਿਰਫ਼ ਦੋ ਰਾਜਾਂ ਦੀ ਨਹੀਂ, ਸਗੋਂ ਪੂਰੇ ਭਾਰਤ ਦੀ ਬਣਦੀ ਜਾ ਰਹੀ ਹੈ। ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡਾ ਲੋਕਤੰਤਰ ਸਿਰਫ਼ **'ਵੋਟਾਂ ਦੇ ਲੈਣ-ਦੇਣ'** ਦਾ ਅੱਡਾ ਨਾ ਬਣੇ, ਤਾਂ ਸਾਨੂੰ ਇੱਕ ਨਵੇਂ ਰਾਜਨੀਤਿਕ ਸੱਭਿਆਚਾਰ ਦੀ ਲੋੜ ਹੈ। ਸਰਕਾਰਾਂ ਦੀ ਜ਼ਿੰਮੇਵਾਰੀ ਲੋਕਾਂ ਨੂੰ 'ਬੈਸਾਖੀਆਂ' ਦੇਣ ਦੀ ਨਹੀਂ, ਸਗੋਂ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਕਰਨ ਦੀ ਹੋਣੀ ਚਾਹੀਦੀ ਹੈ। ਜਦੋਂ ਤੱਕ ਸਿਆਸਤ ਵਿੱਚ ਵਿਕਾਸ ਦੀ ਪਰਿਭਾਸ਼ਾ ਸਿਰਫ਼ **'ਵੰਡਣ'** ਤੱਕ ਸੀਮਤ ਰਹੇਗੀ, ਉਦੋਂ ਤੱਕ ਦੇਸ਼ ਵਿੱਚ ਅਸਲ ਖ਼ੁਸ਼ਹਾਲੀ ਨਹੀਂ ਆ ਸਕਦੀ। ਸਾਨੂੰ ਅਜਿਹੇ ਨੇਤਾਵਾਂ ਦੀ ਲੋੜ ਹੈ ਜੋ ਮੁਫ਼ਤਖੋਰੀ ਦੀ ਬਜਾਏ ਮੌਕਿਆਂ ਦੀ ਬਰਾਬਰੀ ਦੀ ਗੱਲ ਕਰਨ ਅਤੇ ਵੋਟਰਾਂ ਨੂੰ ਇੱਕ ਅਜਿਹਾ ਭਵਿੱਖ ਦੇਣ ਜੋ ਸਿਰਫ਼ ਚੋਣਾਂ ਤੱਕ ਸੀਮਤ ਨਾ ਹੋਵੇ।

# ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ

## ☛ਕਿਸਾਨਾਂ ਦੇ ਖਾਤਿਆਂ 'ਚ 543 ਕਰੋੜ ਦੀ ਅਦਾਇਗੀ

ਗੁਰਦਾਸਪੁਰ, 24 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ ਹੈ ਤੇ ਬੀਤੀ ਸ਼ਾਮ ਤੱਕ 269399 ਮੀਟ੍ਰਿਕ ਟਨ ਕਣਕ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 262882 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਤੇ ਫਸਲ ਦੀ ਚੁਕਾਈ ਵੀ ਕੀਤੀ ਜਾ ਰਹੀ। ਕਿਸਾਨਾਂ ਦੇ ਖਾਤਿਆਂ ਵਿੱਚ 543 ਕਰੋੜ 06 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 96 ਫੀਸਦੀ ਬਣਦੀ ਹੈ। ਡਿਪਟੀ ਕਮਿਸ਼ਨਰ ਆਦਿੱਤਿਆ ਉਪਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਫਸਲ ਦੀ ਖਰੀਦ ਤੇ ਚੁਕਾਈ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ ਤੇ ਨਿਰਧਾਰਿਤ ਸਮੇਂ ਅੰਦਰ ਕਿਸਾਨਾਂ ਦੀ ਫਸਲ ਦੀ ਅਦਾਇਗੀ ਵੀ ਸੁਨਿਸ਼ਚਿਤ ਕੀਤੀ ਗਈ ਹੈ। ਦੱਸਣਯੋਗ ਹੈ ਕਿ ਪਨਗ੍ਰੇਨ ਵੱਲੋਂ 73846 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 74838 ਮੀਟ੍ਰਿਕ ਟਨ, ਪਨਸਪ ਵੱਲੋਂ 59039 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 47458 ਤੇ ਐਫਸੀਆਈ ਵੱਲੋਂ 7701 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।



# ਪਿੰਡਾਂ ਅੰਦਰ ਚਹੁੰਪੱਖੀ ਵਿਕਾਸ ਕਾਰਜ ਕਰਵਾਉਣ 'ਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ: ਵਿਧਾਇਕ ਸ਼ੈਰੀ ਕਲਸੀ



ਬਟਾਲਾ, 24 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਅੰਦਰ ਕਰੋੜਾਂ ਰੁਪਏ ਦੇ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ ਤੇ ਪਿੰਡਾਂ ਦੇ ਚਹੁੰਪੱਖੀ ਵਿਕਾਸ ਕੰਮਾਂ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਤਤਲਾ ਰੋਡ ਤੋਂ ਕੋਹਾੜ ਡੇਰੇ ਗੁਲਜ਼ਾਰ ਸਿੰਘ ਤੱਕ ਸੜਕ ਬਣਾਉਣ ਦਾ ਨੀਂਹ ਪੱਥਰ ਰੱਖਣ ਉਪਰੰਤ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸੜਕ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀ ਚੁਣੀਆਂ ਹੋਈਆਂ ਪੰਚਾਇਤਾਂ ਨੂੰ ਕਿਹਾ ਗਿਆ ਹੈ ਕਿ ਉਹ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਉਣ ਤੇ ਪਿੰਡ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਪੂਰੀ ਮਿਹਨਤ ਨਾਲ ਕੰਮ ਕਰਨ।

# ਸੁਰਿੰਦਰ ਪਾਲ ਨੇ ਸੰਭਾਲਿਆ ਜ਼ਿਲ੍ਹਾ ਖਜ਼ਾਨਾ ਦਫ਼ਤਰ ਵਿਖੇ ਸੁਪਰਡੈਂਟ ਗ੍ਰੇਡ-2 ਦਾ ਚਾਰਜ

ਐਸ.ਬੀ.ਐਸ. ਨਗਰ, 24 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਸੁਰਿੰਦਰ ਪਾਲ ਨੇ ਅੱਜ ਜ਼ਿਲ੍ਹਾ ਖਜ਼ਾਨਾ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਸੁਪਰਡੈਂਟ ਗ੍ਰੇਡ-2 ਵਜੋਂ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਜ਼ਿਲ੍ਹਾ ਖਜ਼ਾਨਾ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਕੁਮਾਰ, ਜ਼ਿਲ੍ਹਾ ਖਜ਼ਾਨਾ ਅਫਸਰ ਮੁਕੇਰੀਆਂ ਠਾਕੁਰ ਮੋਹਨ ਦਾਸ, ਸੀਨੀਅਰ ਸਹਾਇਕ ਸੁਭਾਸ਼ ਕੌਸ਼ਲ, ਸੀਨੀਅਰ ਸਹਾਇਕ ਲਕਸ਼ਮੀ ਰਾਣੀ, ਜੂਨੀਅਰ ਸਹਾਇਕ ਕੁਲਬੀਰ ਸਿੰਘ ਤੇ ਸਰਜੀਵਨ ਕੁਮਾਰ ਤੇ ਦਫ਼ਤਰ ਦੇ ਸਮੂਹ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਚਾਰਜ ਸੰਭਾਲਣ ਉਪਰੰਤ ਸੁਰਿੰਦਰ ਪਾਲ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਤਨਦੇਹੀ ਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਦਫ਼ਤਰ ਵਿੱਚ ਆਉਣ ਵਾਲੇ ਹਰ ਵਿਅਕਤੀ ਦੇ ਕੰਮ ਨੂੰ ਪਹਿਲ ਦੇ ਆਧਾਰ 'ਤੇ ਅਤੇ ਨਿਰਧਾਰਿਤ ਸਮੇਂ ਵਿੱਚ ਕਰਨਾ ਉਨ੍ਹਾਂ ਦੀ ਪਹਿਲ ਹੋਵੇਗੀ। ਉਨ੍ਹਾਂ ਸਮੂਹ ਸਟਾਫ਼ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਤੇ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਦੇਣ ਲਈ ਪ੍ਰੇਰਿਤ ਕੀਤਾ। ਜ਼ਿਕਰਯੋਗ ਹੈ ਕਿ ਸੁਰਿੰਦਰ ਪਾਲ ਇਸ ਤੋਂ ਪਹਿਲਾਂ ਖਜ਼ਾਨਾ ਦਫਤਰ ਪਠਾਨਕੋਟ ਵਿਖੇ ਬਤੌਰ ਸੀਨੀਅਰ ਸਹਾਇਕ, ਜ਼ਿਲ੍ਹਾ ਖਜ਼ਾਨਾ ਦਫਤਰ ਗੁਰਦਾਸਪੁਰ ਤੇ ਹੋਰ ਵੱਖ-ਵੱਖ ਥਾਵਾਂ 'ਤੇ ਸੇਵਾਵਾਂ ਨਿਭਾਅ ਚੁੱਕੇ ਹਨ ਤੇ ਉਹ ਪ੍ਰਸ਼ਾਸਨਿਕ ਕੰਮਾਂ ਦਾ ਲੰਬਾ ਤਜਰਬਾ ਰੱਖਦੇ ਹਨ।



# ਚੇਅਰਮੈਨ ਜੋਬਨ ਰੰਧਾਵਾ ਵੱਲੋਂ ਖੇਡ ਮੈਦਾਨ ਬਣਾਉਣ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ

## ☛ਦੋ ਵਿਦਿਆਰਥਣਾਂ ਦੀ ਸਿੱਖਿਆ 'ਤੇ ਦਿੱਤੀ ਪ੍ਰਭਾਵਿਤ ਸਪੀਚ ਤੋਂ ਖੁਸ਼ ਹੋ ਕੇ ਜ਼ਿਲ੍ਹਾ ਯੋਜਨਾ ਬੋਰਡ ਦੀ ਇੱਕ ਮਹੀਨੇ ਦੀ ਤਨਖਾਹ ਸਨਮਾਨ ਰਾਸ਼ੀ ਦੇ ਤੌਰ 'ਤੇ ਦਿੱਤੀ

ਕਾਹਨੂੰਵਾਨ, 24 ਅਪ੍ਰੈਲ (ਕੁਲਜੀਤ ਸਿੰਘ ਖੋਖਰ): ਸਿੱਖਿਆ ਕ੍ਰਾਂਤੀ ਦੀ ਲਹਿਰ ਤਹਿਤ ਬਲਾਕ ਕਾਹਨੂੰਵਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਬਣੇ ਨਵੇਂ ਬਣੇ ਸਾਇੰਸ ਲੈਬ ਦਾ ਉਦਘਾਟਨ ਕੀਤਾ ਗਿਆ। ਜੋਬਨ ਰੰਧਾਵਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਉਨ੍ਹਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਯੋਜਨਾ ਬੋਰਡ ਫੰਡ ਵਿੱਚੋਂ 10 ਲੱਖ ਰੁਪਏ ਸਕੂਲ ਦਾ ਖੇਡ ਮੈਦਾਨ ਤਿਆਰ ਕਰਨ ਵਾਸਤੇ ਦਿੱਤੇ। ਇਸ ਮੌਕੇ ਸਕੂਲ ਦੀਆਂ ਦੋ ਵਿਦਿਆਰਥਣਾਂ ਧੀਆਂ ਵੱਲੋਂ ਬਹੁਤ ਹੀ ਵਧੀਆ ਸਿੱਖਿਆ ਉਤੇ ਸਪੀਚ ਦਿੱਤੀ ਗਈ। ਉਨ੍ਹਾਂ ਦੀ ਸਿੱਖਿਆ ਤੇ ਅਗਾਂਹਵਧੂ ਸੋਚ ਨੂੰ ਦੇਖ ਕੇ ਚੇਅਰਮੈਨ ਜੋਬਨ ਰੰਧਾਵਾ ਵੱਲੋਂ ਆਪਣੀ ਜ਼ਿਲ੍ਹਾ ਯੋਜਨਾ ਬੋਰਡ ਦੀ 1 ਮਹੀਨੇ ਦੀ ਤਨਖਾਹ ਉਨ੍ਹਾਂ ਦੋ ਧੀਆਂ ਨੂੰ ਸਨਮਾਨਤ ਰਾਸ਼ੀ ਦੇ ਤੌਰ 'ਤੇ ਦੇਣ ਦੀ ਗੱਲ ਆਖੀ। ਇਸ ਮੌਕੇ ਕਾਦੀਆਂ ਤੋਂ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ, ਐਜੂਕੇਸ਼ਨ ਵਿੰਗ ਮਾਝਾ ਜ਼ੋਨ ਦੇ ਇੰਚਾਰਜ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਸੰਧੂ, ਚੇਅਰਮੈਨ ਮਾਰਕੀਟ ਕਮੇਟੀ ਕਾਹਨੂੰਵਾਨ ਜਸਪਾਲ ਸਿੰਘ ਪੰਧੇਰ, ਹਲਕਾ ਕੋਆਰਡੀਨੇਟਰ ਐਜੂਕੇਸ਼ਨ ਵਿੰਗ ਜਗਰੂਪ ਸਿੰਘ ਰਿਆੜ, ਸੋਸ਼ਲ ਮੀਡੀਆ ਜ਼ਿਲ੍ਹਾ ਗੁਰਦਾਸਪੁਰ ਤੋਂ ਵਾਈਸ ਪ੍ਰਧਾਨ ਗੁਰਵਿੰਦਰ ਸਿੰਘ ਪੰਨੂੰ, ਬਲਾਕ ਪ੍ਰਧਾਨ ਇੰਦਰਜੀਤ ਸਿੰਘ ਤੇ ਸਮੁੱਚੀ ਸਕੂਲ ਦੀ ਮੈਨੇਜਮੈਂਟ ਅਧਿਆਪਕ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਸਕੂਲ ਵਿੱਚ ਆਧੁਨਿਕ ਸਿੱਖਿਆ ਨੂੰ ਉਤਸ਼ਾਹਿਤ ਕਰਦਿਆਂ ਡਿਜੀਟਲ ਸਹੂਲਤਾਂ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਵਿਦਿਆਰਥੀਆਂ ਨੂੰ ਨਵੀਂ ਤਕਨਾਲੋਜੀ ਰਾਹੀਂ ਪੜ੍ਹਨ ਦਾ ਸੁਨਹਿਰਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਸਮਾਰਟ ਕਲਾਸ ਰੂਮਾਂ ਦੇ ਜ਼ਰੀਏ ਪੜ੍ਹਾਈ ਹੋਰ ਵੀ ਰੁਚੀ ਵਾਲੀ ਤੇ ਪ੍ਰਭਾਵਸ਼ਾਲੀ ਬਣੇਗੀ, ਜੋ ਵਿਦਿਆਰਥੀਆਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਵੇਗੀ।

# ਮਾਲਵਿਕਾ ਸੂਦ ਦੀ ਅਗਵਾਈ 'ਚ ਨਿਰੋਤਮ ਪੁਰੀ ਕਾਂਗਰਸ 'ਚ ਸ਼ਾਮਲ

ਮੋਗਾ, 24 ਅਪ੍ਰੈਲ (ਨਿਸ਼ੀ ਮਨਚੰਦਾ): ਮੋਗਾ ਸ਼ਹਿਰ ਦੀ ਸਿਆਸਤ ਵਿੱਚ ਅੱਜ ਇੱਕ ਵੱਡਾ ਮੋੜ ਵੇਖਣ ਨੂੰ ਮਿਲਿਆ, ਜਦੋਂ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਝਟਕਾ ਲੱਗਿਆ, ਜਦੋਂ ਪੁਰੀ ਗਰੁੱਪ ਦੇ ਪ੍ਰਧਾਨ ਨਿਰੋਤਮ ਪੁਰੀ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ ਦੀ ਅਗਵਾਈ ਹੇਠ ਸ਼ਾਮਲ ਹੋਏ, ਜਿਸ ਨਾਲ ਸਥਾਨਕ ਰਾਜਨੀਤੀ ਵਿੱਚ ਨਵਾਂ ਰੰਗ ਭਰਿਆ ਗਿਆ ਹੈ। ਇਸ ਮੌਕੇ ਮਾਲਵਿਕਾ ਸੂਦ ਨੇ ਨਿਰੋਤਮ ਪੁਰੀ ਤੇ ਉਨ੍ਹਾਂ ਦੇ ਸਾਥੀਆਂ ਦਾ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਪਾਰਟੀਆਂ ਦੇ ਆਗੂ ਕਾਂਗਰਸ ਦੀਆਂ ਨੀਤੀਆਂ ਤੇ ਲੋਕ-ਹਿਤੀ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ, ਜੋ ਕਿ ਪਾਰਟੀ ਲਈ ਬਹੁਤ ਹੀ ਸ਼ੁਭ ਸੰਕੇਤ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਤਰ੍ਹਾਂ ਦੀਆਂ ਸ਼ਾਮਲੀਆਂ ਨਾਲ ਆਉਣ ਵਾਲੀਆਂ ਕਾਰਪੋਰੇਸ਼ਨ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਵੱਡਾ ਫਾਇਦਾ ਹੋਵੇਗਾ ਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੀ ਪਾਰਟੀ ਹੋਰ ਮਜ਼ਬੂਤੀ ਨਾਲ ਉਭਰੇਗੀ। ਮਾਲਵਿਕਾ ਸੂਦ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਲੋਕਾਂ ਦੇ ਹਿੱਤਾਂ ਲਈ ਕੰਮ ਕਰਦੀ ਆਈ ਹੈ ਤੇ ਅੱਗੇ ਵੀ ਕਰਦੀ ਰਹੇਗੀ। ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਸ ਤਰ੍ਹਾਂ ਦੀਆਂ ਸ਼ਾਮਲੀਆਂ ਨਾਲ ਮੋਗਾ ਦੀ ਸਿਆਸਤ ਵਿੱਚ ਨਵੇਂ ਸਮੀਕਰਨ ਬਣ ਰਹੇ ਹਨ, ਜੋ ਆਉਣ ਵਾਲੀਆਂ ਚੋਣਾਂ ਵਿੱਚ ਨਤੀਜਿਆਂ 'ਤੇ ਸਿੱਧਾ ਅਸਰ ਪਾ ਸਕਦੇ ਹਨ। ਇਸ ਮੌਕੇ ਕਾਂਗਰਸ ਵਿੱਚ ਸ਼ਾਮਲ ਹੋਣ ਤੋਂ ਬਾਅਦ ਨਿਰੋਤਮ ਪੁਰੀ ਨੇ ਕਿਹਾ ਕਿ ਉਹ ਮਾਲਵਿਕਾ ਸੂਦ ਦੀ ਮਿਹਨਤ, ਜਜ਼ਬੇ ਤੇ ਲੋਕਾਂ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਪਾਰਟੀ ਨਾਲ ਜੁੜੇ ਹਨ। ਉਨ੍ਹਾਂ ਕਿਹਾ ਕਿ ਮੋਗਾ ਦੀ ਧੀ ਮਾਲਵਿਕਾ ਸੂਦ ਨੂੰ ਸਮਰਥਨ ਦੇਣਾ ਸਾਡਾ ਫਰਜ਼ ਹੈ ਤੇ ਅਸੀਂ ਪੂਰੀ ਤਰ੍ਹਾਂ ਨਾਲ ਕਾਂਗਰਸ ਦੀ ਨੀਤੀ ਨਾਲ ਖੜ੍ਹੇ ਹਾਂ।ਉਨ੍ਹਾਂ ਕਿਹਾ ਕਿ ਇਸ ਵਾਰ ਇਮਾਨਦਾਰੀ ਦਾ ਝੰਡਾ ਬੁਲੰਦ ਕਰਕੇ ਸਾਫ-ਸੁਥਰੀ ਪ੍ਰਸ਼ਾਸਨਿਕ ਪ੍ਰਣਾਲੀ ਲਿਆਂਦੀ ਜਾਵੇ।



# ਤੇਜ਼ ਰਫ਼ਤਾਰ ਲੰਘ ਰਹੀਆਂ ਬੱਸਾਂ ਨੂੰ ਪਾਈ ਜਾਵੇਗੀ ਨਕੇਲ,ਆਰਟੀਏ ਨੂੰ ਮੰਗ ਪੱਤਰ ਸੌਂਪਿਆ

ਧਾਰੀਵਾਲ, 24 ਅਪ੍ਰੈਲ (ਅਸ਼ੋਕ ਕੁਮਾਰ): ਧਾਰੀਵਾਲ ਸ਼ਹਿਰ ਅੰਦਰ ਬੀਤੇ ਸਮੇਂ ਤੋਂ ਤੇਜ਼ ਰਫ਼ਤਾਰ ਲੰਘ ਰਹੀਆਂ ਬੱਸਾਂ ਨਾਲ ਕਈ ਹਾਦਸੇ ਵਾਪਰ ਰਹੇ ਹਨ, ਜਿਸ 'ਤੇ ਇਨ੍ਹਾਂ ਬੱਸਾਂ 'ਤੇ ਨਕੇਲ ਕੱਸਣ ਲਈ ਸਾਬਕਾ ਉਪ-ਚੇਅਰਮੈਨ ਪੰਜਾਬ ਤੇ ਆਮ ਆਦਮੀ ਪਾਰਟੀ ਦੇ ਆਗੂ ਜਗਦੀਸ਼ ਧਾਰੀਵਾਲ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਆਰ.ਟੀ.ਏ. ਡਾ. ਨਵਜੋਤ ਸ਼ਰਮਾ ਪੀ.ਸੀ.ਐਸ. ਨੂੰ ਮਿਲ ਕੇ ਮੰਗ ਪੱਤਰ ਸੌਂਪਿਆ ਗਿਆ ਤੇ ਉਨ੍ਹਾਂ ਦੇ ਧਿਆਨ ਵਿੱਚ ਲੋਕਾਂ ਦੀ ਜਾਨ ਦਾ ਖੌਅ ਬਣ ਸ਼ਹਿਰ ਵਿੱਚੋਂ ਲੰਘ ਰਹੀਆਂ ਇਨ੍ਹਾਂ ਤੇਜ਼ ਰਫ਼ਤਾਰ ਬੱਸਾਂ ਦਾ ਮਸਲਾ ਲਿਆਂਦਾ ਗਿਆ, ਜਿਸ ਨੂੰ ਬਹੁਤ ਹੀ ਸੁਲਝੇ ਹੋਏ ਅਫ਼ਸਰ ਡਾ. ਨਵਜੋਤ ਸ਼ਰਮਾ ਰੀਜਨਲ ਟਰਾਂਸਪੋਰਟ ਅਫ਼ਸਰ ਗੁਰਦਾਸਪੁਰ ਵੱਲੋਂ ਬਹੁਤ ਗੰਭੀਰਤਾ ਨਾਲ ਵਿਚਾਰਨ ਤੋਂ ਬਾਅਦ ਜਲਦ ਹੀ ਇਨ੍ਹਾਂ ਬੱਸਾਂ 'ਤੇ ਸਖ਼ਤ ਕਾਰਵਾਈ ਕਰਨ ਦਾ ਯਕੀਨ ਦਿਵਾਇਆ ਗਿਆ ਹੈ।ਇਸ ਮੌਕੇ ਜਗਦੀਸ਼ ਧਾਰੀਵਾਲ ਨੇ ਦੱਸਿਆ ਕਿ ਇਨ੍ਹਾਂ ਤੇਜ਼ ਰਫ਼ਤਾਰ ਬੱਸਾਂ ਨਾਲ ਧਾਰੀਵਾਲ ਸ਼ਹਿਰ ਅੰਦਰ ਬੀਤੇ ਸਮੇਂ ਤੋਂ ਕਈ ਹਾਦਸੇ ਵਾਪਰ ਚੁੱਕੇ ਹਨ, ਜਿਸ ਕਾਰਨ ਕੁਝ ਦਿਨ ਪਹਿਲਾਂ ਕਲਿਆਣਪੁਰ ਵਾਸੀ ਇੱਕ ਨੌਜਵਾਨ ਦੀ ਜਾਨ ਵੀ ਚਲੀ ਸੀ, ਇਸ ਲਈ ਉਨ੍ਹਾਂ ਵੱਲੋਂ ਲੋਕਾਂ ਦੀ ਜਾਨ ਦਾ ਖੌਅ ਬਣ ਦੌੜ ਰਿਹਾ। ਇਨ੍ਹਾਂ ਬੱਸਾਂ 'ਤੇ ਸਖ਼ਤ ਕਾਰਵਾਈ ਕਰਨ ਲਈ ਇਹ ਮੰਗ ਪੱਤਰ ਦਿੱਤਾ ਗਿਆ ਤੇ ਉਨ੍ਹਾਂ ਦੱਸਿਆ ਕਿ ਜਲਦੀ ਹੀ ਇਨ੍ਹਾਂ ਬੱਸਾਂ ਨੂੰ ਨਕੇਲ ਪਾਈ ਜਾਵੇਗੀ ਤੇ ਧਾਰੀਵਾਲ ਨਿਵਾਸੀਆਂ ਨੂੰ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮਨਮੋਹਨ ਜੋਸ਼ੀ ਵੀ ਹਾਜ਼ਰ ਸਨ।



# ਵਿਧਾਇਕ ਰੰਧਾਵਾ ਵੱਲੋਂ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਿਤ

ਡੇਰਾ ਬਾਬਾ ਨਾਨਕ/ਗੁਰਦਾਸਪੁਰ, 24 ਅਪ੍ਰੈਲ (ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਭੀਖੋਵਾਲੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਖੇਤਰ ਵਿੱਚ ਜ਼ਿਕਰਯੋਗ ਉਪਰਾਲੇ ਕੀਤੇ ਗਏ ਹਨ ਤੇ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਆਧੁਨਿਕ ਕਲਾਸ ਰੂਮ ਵਿੱਚ ਸਮਾਰਟ ਇੰਟਰਐਕਟਿਵ ਪੈਨਲ, ਡਿਜੀਟਲ ਸਿੱਖਿਆ ਸਾਧਨ ਤੇ ਬੱਚਿਆਂ ਲਈ ਸੁਵਿਧਾਜਨਕ ਬੈਠਕ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਨਵੀਂ ਤਕਨੀਕ ਨਾਲ ਸਿੱਖਣ ਦਾ ਮੌਕਾ ਮਿਲੇਗਾ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਅੱਗੇ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿਖੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ। ਸਕੂਲਾਂ ਅੰਦਰ ਅਤਿ-ਆਧੁਨਿਕ ਸਹੂਲਤਾਂ ਉਪਲੱਬਧ ਕਰਵਾਈਆਂ ਗਈਆਂ ਹਨ ਜਿਸ ਸਦਕਾ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ। ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹਨ।



# ਵਿਧਾਇਕ ਅਮਰਪਾਲ ਸਿੰਘ ਨੇ 'ਮੁੱਖ ਮੰਤਰੀ ਤੀਰਥ ਯਾਤਰਾ' ਨੂੰ ਰਵਾਨਾ ਕੀਤਾ

ਸ੍ਰੀ ਹਰਿਗੋਬਿੰਦਪੁਰ ਸਾਹਿਬ/ ਬਟਾਲਾ, 24 ਅਪ੍ਰੈਲ (ਸੁਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਭਿੰਡਰ):



ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਸੁਵਿਧਾਜਨਕ ਢੰਗ ਨਾਲ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਪਹਿਲ ਨਾਲ ਨਾ ਸਿਰਫ਼ ਲੋਕਾਂ ਦੀਆਂ ਆਸਥਾਵਾਂ ਨੂੰ ਮਜ਼ਬੂਤੀ ਮਿਲਦੀ ਹੈ, ਸਗੋਂ ਸਮਾਜ ਵਿੱਚ ਏਕਤਾ ਤੇ ਸਾਂਝ ਨੂੰ ਵੀ ਹੋਰ ਮਜ਼ਬੂਤੀ ਮਿਲਦੀ ਹੈ।ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖ਼ਾਲਸਾ, ਸ੍ਰੀ ਕੀਰਤਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਧਾਇਕ ਅਮਰਪਾਲ ਸਿੰਘ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ।

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਈਵੀਐਮ ਵੇਅਰਹਾਊਸ ਦੀ ਮਾਸਿਕ ਜਾਂਚ



ਹੁਸ਼ਿਆਰਪੁਰ, 24 ਅਪ੍ਰੈਲ (ਦੀਪਕ ਅਗਨੀਹੋਤਰੀ): ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ ਅੱਜ ਜ਼ਿਲ੍ਹਾ ਪੱਧਰ 'ਤੇ ਬਣਾਏ ਗਏ ਈਵੀਐਮ ਵੇਅਰਹਾਊਸ ਦੀ ਬਿਨਾਂ ਖੋਲ੍ਹੇ ਅਪ੍ਰੈਲ 2026 ਦੀ ਮਾਸਿਕ ਜਾਂਚ ਕੀਤੀ ਗਈ। ਜਾਂਚ ਪ੍ਰਕਿਰਿਆ ਦੌਰਾਨ ਸਾਰੇ ਸਬੰਧਤ ਰਿਕਾਰਡ, ਲਾਗਬੁੱਕ ਤੇ ਐਂਟਰੀ ਰਜਿਸਟਰਾਂ ਦੀ ਵੀ ਜਾਂਚ ਕੀਤੀ ਗਈ ਤਾਂ ਜੋ ਪਾਰਦਰਸ਼ਤਾ ਯਕੀਨੀ ਬਣਾਈ ਜਾ ਸਕੇ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਈਵੀਐਮ ਵੇਅਰਹਾਊਸ ਦੀ ਮਾਸਿਕ ਜਾਂਚ ਇੱਕ ਨਿਯਮਿਤ ਤੇ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਮਕਸਦ ਚੋਣ ਪ੍ਰਕਿਰਿਆ ਦੀ ਨਿਰਪੱਖਤਾ, ਸੁਰੱਖਿਆ ਤੇ ਪਾਰਦਰਸ਼ਤਾ ਨੂੰ ਬਰਕਰਾਰ ਰੱਖਣਾ ਹੈ। ਉਨ੍ਹਾਂ ਸੰਤੋਸ਼ ਜਤਾਇਆ ਕਿ ਜ਼ਿਲ੍ਹੇ ਵਿੱਚ ਵੇਅਰਹਾਊਸ ਦੀ ਵਿਵਸਥਾ ਉਚਤਮ ਮਿਆਰਾਂ ਦੇ ਅਨੁਸਾਰ ਪਾਈ ਗਈ ਹੈ। ਇਸ ਦੌਰਾਨ ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਬੂਥ ਲੈਵਲ ਏਜੰਟ (ਬੀਐਲਏ) ਨਿਯੁਕਤ ਕਰਨ ਦੀ ਅਪੀਲ ਵੀ ਕੀਤੀ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਇਸ ਮੌਕੇ 'ਤੇ ਕਿਹਾ ਕਿ ਚੋਣ ਕਮਿਸ਼ਨ ਦੀ ਇਹ ਪਹਿਲ ਲੋਕਤੰਤਰਕ ਪ੍ਰਕਿਰਿਆ ਵਿੱਚ ਆਮ ਜਨਤਾ ਦੇ ਭਰੋਸੇ ਨੂੰ ਮਜ਼ਬੂਤ ਕਰਦੀ ਹੈ। ਇਸ ਮੌਕੇ 'ਤੇ ਆਮ ਆਦਮੀ ਪਾਰਟੀ ਤੋਂ ਜੈ ਰਾਮ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਭਾਜਪਾ ਤੋਂ ਭੂਸ਼ਨ ਕੁਮਾਰ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਤੋਂ ਜਗਤਾਰ ਸਿੰਘ, ਸੀਪੀਆਈ (ਐਮ) ਤੋਂ ਬਲਵਿੰਦਰ ਸਿੰਘ ਤੋਂ ਇਲਾਵਾ ਸਹਾਇਕ ਨੋਡਲ ਅਫ਼ਸਰ ਰੁਪਿੰਦਰ ਪਾਲ ਸਿੰਘ, ਚੋਣ ਕਾਨੂੰਨਗੋ ਦੀਪਕ ਕੁਮਾਰ, ਲਖਵੀਰ ਸਿੰਘ ਮੌਜੂਦ ਸਨ।

# ਅਮਰਪਾਲ ਸਿੰਘ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ

ਸ੍ਰੀ ਹਰਿਗੋਬਿੰਦਪੁਰ ਸਾਹਿਬ/ ਬਟਾਲਾ, 24 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਆਪਣੇ ਦਫਤਰ ਵਿਖੇ ਲੋਕ ਮਿਲਣੀ ਕੀਤੀ ਗਈ ਤੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਗਈਆਂ। ਇਸ ਮੌਕੇ ਲੋਕਾਂ ਨਾਲ ਗੱਲ ਕਰਦਿਆਂ ਵਿਧਾਇਕ ਐਡ. ਅਮਰਪਾਲ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈਸ ਸਹੂਲਤ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਹਲਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ। ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ। ਇਸ ਮੌਕੇ ਪੀ.ਏ. ਸੁਖਦੇਵ ਸਿੰਘ ਰੋਮੀ, ਰਾਜੂ ਭਿੰਡਰ, ਸਲਾਹਕਾਰ ਤੇ ਜ਼ਿਲ੍ਹਾ ਮੀਡੀਆ ਇੰਚਾਰਜ (ਸੋਸ਼ਲ) ਪਰਮਬੀਰ ਰਾਣਾ ਸਮੇਤ ਵੱਖ ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਮੌਜੂਦ ਸਨ।



# ਯੋਗਾ ਮੁਕਾਬਲਿਆਂ 'ਚੋਂ ਐਚ.ਆਰ.ਏ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ

ਗੁਰਦਾਸਪੁਰ, 24 ਅਪ੍ਰੈਲ (ਜਸਵਿੰਦਰ ਸਿੰਘ): 17 ਅਪ੍ਰੈਲ ਨੂੰ ਕਰਾਈਸ ਦਾ ਕਿੰਗ ਕਾਨਵੈਂਟ ਸਕੂਲ ਸੁਜਾਨਪੁਰ ਵਿਖੇ ਯੋਗਾ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਐਚ.ਆਰ.ਏ. ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ, ਜਿਨ੍ਹਾਂ ਵਿੱਚੋਂ ਅੰਡਰ-14 (ਲੜਕੀਆਂ) ਕੈਟਾਗਰੀ ਦੇ ਤਹਿਤ ਟਰਡੀਸ਼ਨਲ ਯੋਗਾ ਵਿੱਚੋਂ ਜੈਸਮੀਨ ਨੇ ਦੂਜਾ ਸਥਾਨ (ਸੋਲੋ ਯੋਗਾ), ਪ੍ਰਿਤਸ਼ਠਾ ਤੇ ਜੈਸਮੀਨ ਨੇ ਤੀਸਰਾ ਸਥਾਨ (ਪੇਅਰ ਯੋਗਾ) ਵਿੱਚੋਂ ਹਾਸਲ ਕੀਤਾ, ਐਥਿਕਸ ਵਿੱਚੋਂ ਪ੍ਰਿਤਸ਼ਠਾ ਨੇ ਸੋਲੋ ਯੋਗਾ ਵਿੱਚੋਂ ਤੀਸਰਾ ਸਥਾਨ ਤੇ ਪੇਅਰ ਯੋਗਾ ਵਿੱਚੋਂ ਜੈਸਮੀਨ ਤੇ ਪ੍ਰਿਤਸ਼ਠਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਅੰਡਰ-14 ਲੜਕਿਆਂ ਵਿੱਚੋਂ ਟਰਡੀਸ਼ਨਲ ਯੋਗਾ ਵਿੱਚੋਂ ਅਦਰਸ਼ਮਨ ਨੇ ਪਹਿਲਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਲੜਕੀਆਂ ਨੇ ਟਰਡੀਸ਼ਨਲ ਯੋਗਾ ਵਿੱਚੋਂ ਗੁਰਕੀਰਤ ਨੇ ਸੋਲੋ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ ਤੇ ਜਪਨੀਤ ਕੌਰ ਤੇ ਮਹਿਕਪ੍ਰੀਤ ਨੇ ਪੇਅਰ ਯੋਗਾ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਐਥਿਕਸ ਵਿੱਚੋਂ ਜਪਨੂਰ ਨੇ ਸੋਲੋ ਵਿੱਚੋਂ ਤੀਸਰਾ ਸਥਾਨ ਤੇ ਗੁਰਕੀਰਤ ਤੇ ਜਪਨੂਰ ਨੇ ਪੇਅਰ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-19 ਵਿੱਚੋਂ ਪਰੀਸਾ ਨੇ ਟਰਡੀਸ਼ਨਲ ਵਿੱਚੋਂ ਤੀਸਰਾ ਸਥਾਨ ਤੇ ਗੁਰਲੀਨ ਕੌਰ ਪਰੀਸਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਐਥਿਕਸ ਵਿੱਚੋਂ ਗੁਰਲੀਨ ਕੌਰ ਨੇ ਤੀਸਰਾ ਸਥਾਨ ਤੇ ਪਰੀਸਾ ਤੇ ਗੁਰਲੀਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਮਹਾਨ ਪ੍ਰਾਪਤੀ ਤੋਂ ਖੁਸ਼ ਹੋ ਕੇ ਸਕੂਲ ਦੇ ਚੇਅਰਮੈਨ ਹੀਰਾਮਨੀ ਅਗਰਵਾਲ, ਡਾਇਰੈਕਟਰ ਸੱਤਿਆ ਸੇਨ ਅਗਰਵਾਲ, ਆਂਚਲ ਅਗਰਵਾਲ, ਨੀਲੋਫ਼ਰ, ਪ੍ਰਿੰਸੀਪਲ ਸਤੀਸ਼ ਕੁਮਾਰ ਤੇ ਨਵਦੀਪ ਕੌਰ ਨੇ ਜੇਤੂ ਵਿਦਿਆਰਥੀਆਂ ਤੇ ਉਨ੍ਹਾਂ ਦੀ ਕੋਚ ਰੀਤੂ ਨੂੰ ਬਹੁਤ-ਬਹੁਤ ਵਧਾਈ ਦਿੱਤੀ।



# ਨਸ਼ੀਲੀਆਂ ਗੋਲੀਆਂ ਸਣੇ ਦੋ ਕਾਬੂ

ਗੜ੍ਹਦੀਵਾਲਾ, 24 ਅਪ੍ਰੈਲ (ਗੌਰਵ): ਐਸ.ਆਈ. ਸਤਪਾਲ ਸਿੰਘ ਮੁੱਖ ਅਫਸਰ ਥਾਣਾ ਗੜ੍ਹਦੀਵਾਲਾ ਦੀ ਨਿਗਰਾਨੀ ਹੇਠ ਥਾਣਾ ਗੜ੍ਹਦੀਵਾਲਾ ਦੇ ਇਲਾਕਾ ਵਿੱਚ ਚੱਲ ਰਹੀ ਚੈਕਿੰਗ ਦੌਰਾਨ ਏ.ਐਸ.ਆਈ. ਦਰਸ਼ਨ ਸਿੰਘ ਸਮੇਤ ਪੁਲਿਸ ਪਾਰਟੀ ਨਾਲ ਗਸ਼ਤ ਵਾ ਚੈਕਿੰਗ ਸ਼ੱਕੀ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਥਾਣਾ ਗੜ੍ਹਦੀਵਾਲਾ ਤੋਂ ਪਿੰਡ ਗੋਂਦਪੁਰ, ਸਰਹਾਲਾ ਬਾਹਗਾ ਦਾਰਾਪੁਰ ਔਰਤ ਨੇ ਆਪਣੇ ਹੱਥ ਵਿਚ ਫੜਿਆ ਵਜ਼ਨਦਾਰ ਮੌਮੀ ਲਿਫਾਫਾ ਕੱਚੇ ਰਸਤੇ ਦੇ ਸੱਜੇ ਪਾਸੇ ਸੁੱਟ ਕੇ ਪਿੱਛੇ-ਪਿੱਛੇ ਨੂੰ ਕਾਹਲੇ-ਕਾਹਲੇ ਕਦਮੀ ਤੁਰ ਪਏ, ਜਿਸ ਨੂੰ ਏ.ਐਸ.ਆਈ. ਨੇ ਸ਼ੱਕ ਦੀ ਬਿਨਾਹ 'ਤੇ ਨਾਮ ਪਤਾ ਪੁੱਛਿਆ, ਜਿਸ ਨੇ ਆਪਣਾ ਨਾਮ ਬੂਟਾ ਰਾਮ ਪੁੱਤਰ ਸ਼ਾਮ ਲਾਲ ਵਾਸੀ ਕੀੜੀ ਅਫਗਾਨਾ ਥਾਣਾ ਹਰਿਗੋਬਿੰਦਪੁਰ ਜ਼ਿਲ੍ਹਾ ਗੁਰਦਾਸਪੁਰ ਹਾਲ ਵਾਸੀ ਜੇਹਲਾ ਥਾਣਾ ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ ਤੇ ਔਰਤ ਨੇ ਆਪਣਾ ਨਾਮ ਰਮਾ ਪਤਨੀ ਬੂਟਾ ਰਾਮ ਪੁੱਤਰ ਸ਼ਾਮ ਲਾਲ ਵਾਸੀ ਕੀੜੀ ਅਫਗਾਨਾ ਥਾਣਾ ਹਰਿਗੋਬਿੰਦਪੁਰ ਜ਼ਿਲ੍ਹਾ ਗੁਰਦਾਸਪੁਰ ਹਾਲ ਵਾਸੀ ਮੁਹੱਲਾ ਥਾਣਾ ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ। ਜਿਸ ਦੇ ਬੂਟਾ ਸਿੰਘ ਵੱਲੋਂ ਜ਼ਮੀਨ 'ਤੇ ਸੁੱਟੇ ਵਜ਼ਨਦਾਰ ਮੌਮੀ ਲਿਫਾਫੇ ਦੀ ਤਲਾਸ਼ੀ ਕਰਨ 'ਤੇ 83 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ ਤੇ ਰਮਾ ਵੱਲੋਂ ਜ਼ਮੀਨ 'ਤੇ ਸੁੱਟੇ ਵਜ਼ਨਦਾਰ ਮਮੀ ਲਿਫਾਫੇ ਦੀ ਤਲਾਸ਼ੀ ਕਰਨ 'ਤੇ 52 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

# ਪੁਲਿਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਖ਼ਿਲਾਫ਼ ਮੁਰਦਾਬਾਦ ਦੇ ਨਾਅਰੇ ਲਗਾਏ

ਬੁਲ੍ਹੋਵਾਲ, 24 ਅਪ੍ਰੈਲ (ਕਮਲਜੀਤ): ਬੀਤੇ ਦਿਨੀਂ ਢੋਲਬਾਹਾ ਰੋਡ ਨਜ਼ਦੀਕ ਜੰਗਲਾਤ ਦਫ਼ਤਰ 'ਤੇ ਵਾਪਰੇ ਸੜਕ ਹਾਦਸੇ ਵਿੱਚ ਰਿਟਾਇਡ ਹੈਡ ਮਾਸਟਰ ਗੁਰਦਿਆਲ ਸਿੰਘ ਦੀ ਮੌਤ ਹੋਣ ਤੋਂ ਬਾਅਦ ਪੁਲਿਸ ਵੱਲੋਂ ਹਾਦਸਾ ਕਰਨ ਵਾਲੇ ਜ਼ਿੰਮੇਵਾਰ ਵਿਅਕਤੀ ਦੀ ਭਾਲ ਕਰਨ ਵਿੱਚ ਸਮਾਂ ਲਗਾਉਣ ਦੇ ਸਬੰਧ 'ਚ ਅੱਜ ਥਾਣਾ ਹਰਿਆਣਾ ਦੇ ਬਾਹਰ ਬਹੁਜਨ ਸਮਾਜ ਪਾਰਟੀ ਦੇ ਆਗੂਆਂ ਤੇ ਡਾ. ਬੀਆਰ ਅੰਬੇਡਕਰ ਵੈਲਫੇਅਰ ਸੁਸਾਇਟੀ ਹਰਿਆਣਾ ਦੇ ਕਮੇਟੀ ਮੈਂਬਰਾਂ ਵੱਲੋਂ ਪੁਲਿਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਖ਼ਿਲਾਫ਼ ਮੁਰਦਾਬਾਦ ਦੇ ਨਾਅਰੇ ਲਗਾਏ ਗਏ।ਇਸ ਮੌਕੇ ਗੱਲਬਾਤ ਕਰਦਿਆਂ ਬਸਪਾ ਆਗੂ ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਸੁਖਦੇਵ ਸਿੰਘ ਬਿੱਟਾ ਸੂਬਾ ਸਕੱਤਰ, ਪ੍ਰਗਟ ਸਿੰਘ , ਕਰਨੈਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਿਟਾ. ਹੈਡ ਮਾਸਟਰ ਗੁਰਦਿਆਲ ਸਿੰਘ ਬਸਪਾ ਆਗੂ ਤੇ ਅੰਬੇਡਕਰ ਸੁਸਾਇਟੀ ਦੇ ਮੈਂਬਰ ਸਨ। ਜਿਨ੍ਹਾਂ ਦੀ ਬੀਤੇ ਦਿਨੀਂ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ ਤੇ ਪੁਲਿਸ ਵੱਲੋਂ ਹਾਦਸਾ ਕਰਨ ਵਾਲੇ ਜ਼ਿੰਮੇਵਾਰ ਵਿਅਕਤੀ ਦੀ ਭਾਲ ਕਰਨ ਵਿੱਚ ਸਮਾਂ ਲਗਾਇਆ ਜਾ ਰਿਹਾ ਹੈ। ਜਿਸ ਦੇ ਕਾਰਨ ਉਨ੍ਹਾਂ ਵੱਲੋਂ ਅੱਜ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਧਰਨਾ ਲਗਾਇਆ ਜਾ ਰਿਹਾ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪੁਲਿਸ ਵੱਲੋਂ ਹਾਦਸਾ ਕਰਕੇ ਮੌਕੇ ਤੋਂ ਫਰਾਰ ਹੋਣ ਵਾਲੇ ਵਿਅਕਤੀ ਦੀ ਜਲਦ ਤੋਂ ਜਲਦ ਭਾਲ ਕੀਤੀ ਜਾਵੇ ਤੇ ਉਸ ਖ਼ਿਲਾਫ ਬਣਦੀ ਕਾਰਵਾਈ ਕੀਤੀ ਜਾਵੇ।ਸੜਕ ਜਾਮ ਲੱਗਣ ਕਾਰਨ 20 ਮਿੰਟ ਤੱਕ ਗੱਡੀਆਂ ਦਾ ਜਾਮ ਲੱਗਿਆ ਰਿਹਾ।ਜਿਸ ਨਾਲ ਆਵਾਜਾਈ ਵੀ ਪ੍ਰਭਾਵਿਤ ਹੋਈ। ਥਾਣਾ ਮੁਖੀ ਕਿਰਨ ਸਿੰਘ ਵੱਲੋਂ ਦੋ ਦਿਨ ਵਿੱਚ ਹਾਦਸਾ ਕਰਨ ਵਾਲੇ ਵਿਅਕਤੀ ਦੀ ਭਾਲ ਕਰਕੇ ਉਸ ਖ਼ਿਲਾਫ ਬਣਦੀ ਕਾਰਵਾਈ ਕਰਨ ਦਾ ਭਰੋਸਾ ਦੇਣ 'ਤੇ ਜਾਮ ਨੂੰ ਖੋਲ੍ਹਿਆ ਗਿਆ ਤੇ ਆਵਾਜਾਈ ਚਾਲੂ ਕੀਤੀ ਗਈ। ਇਸ ਮੌਕੇ ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ ਬੀਐਸਪੀ, ਵਰਿੰਦਰ ਵਿੱਕੀ ਯੂਥ ਵਾਈਸ ਪ੍ਰਧਾਨ, ਸੁਖਦੇਵ ਬਿੱਟਾ ਸੂਬਾ ਸਕੱਤਰ, ਮਨਿੰਦਰ ਸਿੰਘ ਸ਼ੇਰਪੁਰ ਸੂਬਾ ਸਕੱਤਰ, ਸਰਵਨ ਸਿੰਘ ਨਿਆਜੀਆਂ ਜ਼ਿਲ੍ਹਾ ਸਕੱਤਰ, ਜੇਡੀ ਹਰਿਆਣਾ ਸ਼ਹਿਰੀ ਪ੍ਰਧਾਨ, ਨਰਿੰਦਰ ਸਿੰਘ ਬਸਪਾ ਆਗੂ, ਨਿਸ਼ਾਨ ਚੌਧਰੀ ਬਸਪਾ ਆਗੂ, ਹੈਪੀ ਬੰਬੀਆ ਵਿਧਾਨ ਸਭਾ ਇੰਚਾਰਜ ਲਾਡੀ, ਰਾਮ ਲਾਲ ਬਸਪਾ ਆਗੂ, ਡਾ. ਬੀਆਰ ਅੰਬੇਡਕਰ ਮਿਸ਼ਨ ਐਂਡ ਵੈਲਫੇਅਰ ਸੁਸਾਇਟੀ ਦੇ ਮੈਂਬਰ ਕਰਨੈਲ ਸਿੰਘ, ਅਵਤਾਰ ਸਿੰਘ, ਕੁਲਦੀਪ ਸਿੰਘ, ਮਦਨ ਲਾਲ, ਪਰਗਟ ਸਿੰਘ, ਦੇਸ ਰਾਜ, ਐਡ. ਕਰਨੈਲ ਸਿੰਘ ਤੇ ਹੋਰ ਪਿੰਡ ਵਾਸੀ ਮੌਜੂਦ ਸਨ।



# ਟ੍ਰੈਫਿਕ ਐਜੂਕੇਸ਼ਨ ਸੈਲ ਦੇ ਸਟਾਫ਼ ਨੇ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਬਾਰੇ ਦਿੱਤੀ ਜਾਣਕਾਰੀ

ਸ੍ਰੀ ਹਰਿਗੋਬਿੰਦਪੁਰ ਸਾਹਿਬ/ ਬਟਾਲਾ, 24 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਡਾ. ਮਹਿਤਾਬ ਸਿੰਘ, ਐਸ.ਐਸ.ਪੀ. ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਿਸ ਦੇ ਟ੍ਰੈਫਿਕ ਐਜੂਕੇਸ਼ਨ ਸੈਲ ਦੇ ਸਟਾਫ਼ ਨੇ ਹੋਲੀ ਫੈਮਲੀ ਕਾਨਵੈਂਟ ਸਕੂਲ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਤੇ ਟ੍ਰੈਫਿਕ ਸੇਫਟੀ ਬਾਰੇ ਵੱਡਮੁੱਲੀ ਜਾਣਕਾਰੀ ਦਿੱਤੀ। ਜਾਗਰੂਕਤਾ ਸੈਮੀਨਾਰ ਵਿੱਚ ਵਿਦਿਆਰਥੀਆਂ ਨੂੰ ਨਾਬਾਲਿਗ ਬੱਚਿਆਂ ਨੂੰ ਗੱਡੀ ਚਲਾਉਣ ਵਿਰੁੱਧ ਨਵੇਂ ਕਾਨੂੰਨ ਤੇ ਸੜਕ ਸੁਰੱਖਿਆ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਪੁਲਿਸ ਦੇ ਟ੍ਰੈਫਿਕ ਐਜੂਕੇਸ਼ਨ ਸੈਲ ਦੇ ਅਧਿਕਾਰੀਆਂ ਵੱਲੋਂ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਰੋਡ ਲਾਈਨ ਤੇ ਰੋਡ ਸਾਈਨ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਤੇ ਹੈਲਮਟ, ਸੀਟ ਬੈਲਟ ਲਗਾਉਣ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਜਾਗਰੂਕਤਾ ਸੈਮੀਨਾਰ ਵਿੱਚ ਵਿਦਿਆਰਥੀਆਂ ਨੂੰ ਘੱਟ ਉਮਰ ਵਿੱਚ ਡਰਾਈਵਿੰਗ ਕਰਨ ਉਪਰੰਤ ਹੋਣ ਵਾਲੀ ਕਾਨੂੰਨੀ ਕਾਰਵਾਈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਤੇ ਫ਼ਰਿਸ਼ਤੇ ਸਕੀਮ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਵੀ ਜਾਗਰੂਕ ਕਤਾ ਗਿਆ। ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਤੇ ਪੌਦਿਆਂ ਦੀ ਸਾਂਭ-ਸੰਭਾਲ ਬਾਰੇ ਪ੍ਰੇਰਿਤ ਕੀਤਾ ਗਿਆ।



# ਲਾਰੈਂਸ ਇੰਟਰਨੈਸ਼ਨਲ ਸਕੂਲ ਨੇ 'ਅਰਥ ਡੇਅ' ਮਨਾਇਆ

ਕਲਾਨੌਰ, 24 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ, ਤਾਰਾਗੜ੍ਹ (ਡੇਰਾ ਬਾਬਾ ਨਾਨਕ ਰੋਡ) ਬਟਾਲਾ ਵਿਖੇ ਵਿਦਿਆਰਥੀਆਂ ਵੱਲੋਂ ਅਰਥ ਡੇਅ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਖਾਸ ਦਿਨ ਦਾ ਉਦੇਸ਼ ਵਿਦਿਆਰਥੀਆਂ ਵਿੱਚ ਆਪਣੇ ਧਰਤੀ ਤੇ ਆਪਣੇ ਵਾਤਾਵਰਨ ਨੂੰ ਲੈ ਕੇ ਵਿਦਿਆਰਥੀਆਂ ਵਿੱਚ ਚੇਤਨਾ ਭਰਨਾ ਸੀ। ਸਕੂਲ ਦੇ ਸਾਰੇ ਹੀ ਵਿਦਿਆਰਥੀਆਂ ਵੱਲੋਂ ਇਸ ਦਿਨ ਨੂੰ ਸਮਰਪਿਤ ਵੱਖੋ-ਵੱਖਰੇ ਰੰਗਾਂ ਦੇ ਵਿੱਚ ਆਪਣੀਆਂ ਭਾਵਨਾਵਾਂ ਨੂੰ ਪੇਸ਼ ਕੀਤਾ। ਕਿੰਡਰ ਗਾਰਡਨ ਸੈਕਸ਼ਨ ਵੱਲੋਂ ਛੋਟੇ-ਛੋਟੇ ਬੂਟੇ ਲਗਾਏ ਗਏ ਤੇ ਛੋਟੇ-ਛੋਟੇ ਹੱਥਾਂ ਨਾਲ ਅਰਥ ਡੇਅ ਨੂੰ ਸਮਰਪਿਤ ਪੇਂਟਿੰਗ ਬਣਾਈਆਂ ਗਈਆਂ। ਉਥੇ ਹੀ ਸੀਨੀਅਰ ਸੈਕਸ਼ਨ ਵੱਲੋਂ ਵਿਦਿਆਰਥੀਆਂ ਨੇ ਭਾਸ਼ਣ ਮੁਕਾਬਲੇ, ਕਵਿਤਾਵਾਂ ਤੇ ਵੱਖੋ-ਵੱਖਰੇ ਪੋਸਟਰ ਤਿਆਰ ਕਰਕੇ ਅਰਥ ਡੇਅ ਦੇ ਉਤੇ ਆਪਣੇ ਵਿਚਾਰ ਤੇ ਤਰਕ ਪੇਸ਼ ਕੀਤੇ। ਇਸ ਮੌਕੇ ਪ੍ਰਿੰਸੀਪਲ ਡਾ. ਉਪਮਾ ਮਹਾਜਨ ਵੱਲੋਂ ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਸੁਚੇਤ ਕਰਦੇ ਹੋਏ ਵਾਤਾਵਰਨ ਤੇ ਵੱਧ ਰਹੇ ਤਾਪਮਾਨ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਪਾਉਂਦੇ ਹੋਏ ਉਨ੍ਹਾਂ ਨੇ ਇਹ ਦੱਸਿਆ ਕਿ ਧਰਤੀ ਨੂੰ ਬਚਾਉਣ ਲਈ ਸਾਨੂੰ ਉਹ ਕੰਮ ਨਹੀਂ ਕਰਨੇ ਚਾਹੀਦੇ ਜੋ ਧਰਤੀ ਦਾ ਤੇ ਇਸ ਵਾਤਾਵਰਨ ਦਾ ਤਾਪਮਾਨ ਵਧਾਉਣ ਜਿਵੇਂ ਕਿ ਪਲਾਸਟਿਕ ਦੀ ਵਰਤੋਂ ਨਾ ਕਰਨੀ, ਪਾਣੀ ਨੂੰ ਬਰਬਾਦ ਨਾ ਕਰਨਾ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਬੈਂਸ, ਵਾਈਸ ਚੇਅਰਮੈਨ ਕੁਲਦੀਪ ਸਿੰਘ ਬੈਂਸ, ਐਗਜ਼ੀਕਿਊਟਿਵ ਡਾਇਰੈਕਟਰ ਗੁਰਜੀਤ ਸਿੰਘ ਬੈਂਸ, ਡਾਇਰੈਕਟਰ ਡਾ. ਗੁਰਿੰਦਰ ਕੌਰ ਮਾਨ, ਪ੍ਰਿੰਸੀਪਲ ਡਾ. ਉਪਮਾ ਮਹਾਜਨ, ਸਮੂਹ ਅਧਿਆਪਕ ਵਰਗ ਤੇ ਵਿਦਿਆਰਥੀ ਵਰਗ ਵੱਲੋਂ ਅਰਥ ਡੇਅ ਨੂੰ ਸਮਰਪਿਤ ਸਕੂਲ ਦੇ ਵਿੱਚ ਨਵੇਂ ਪੌਦੇ ਲਗਾਏ ਗਏ।



# ਸਿਲਵਰ ਓਕ ਸਕੂਲ 'ਚ ਅਰਥ ਡੇਅ 'ਤੇ ਹਾਊਸ ਵਾਈਜ਼ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

ਟਾਂਡਾ ਉੜਮੁੜ, 24 ਅਪ੍ਰੈਲ (ਅਰਜੁਨ ਜੈਨ): ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਵਿੱਚ ਅਰਥ ਡੇਅ ਜੋਸ਼ ਨਾਲ ਮਨਾਇਆ ਗਿਆ।ਇਸ ਮੌਕੇ 'ਤੇ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿਚ ਸਕੂਲ ਅੰਦਰ ਹਾਊਸ ਵਾਈਜ਼ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੌਰਾਨ ਬੱਚਿਆਂ ਨੇ ਅਲੱਗ ਅਲੱਗ ਹਾਊਸ ਦੀ ਅਗਵਾਈ ਕਰਦੇ ਹੋਏ ਅਰਥ ਡੇਅ ਦੇ ਮੌਕੇ 'ਤੇ ਪੋਸਟਰ ਬਣਾ ਕੇ ਆਵਾਮ ਨੂੰ ਧਰਤੀ ਦੇ ਖਰਾਬ ਹੋ ਰਹੇ ਹਾਲਾਤਾਂ ਤੇ ਉਨ੍ਹਾਂ ਨੂੰ ਸੰਭਾਲਣ ਦੇ ਲਈ ਜੋ ਹੱਲ ਕੀਤੇ ਜਾ ਸਕਦੇ ਹਨ, ਉਨ੍ਹਾਂ ਬਾਰੇ ਦੱਸਿਆ। ਉਨ੍ਹਾਂ ਧਰਤੀ 'ਤੇ ਵੱਧ ਰਹੇ ਪ੍ਰਦੂਸ਼ਣ ਤੇ ਧਰਤੀ ਦੀ ਸਾਂਭ-ਸੰਭਾਲ ਪ੍ਰਤੀ ਆਪਣੇ ਮਨ ਦੇ ਭਾਵਾਂ ਨੂੰ ਪੋਸਟਰਾਂ ਦੇ ਰੂਪ ਦੇ ਵਿੱਚ ਕਾਗਜ਼ 'ਤੇ ਉਕੇਰਿਆ। ਇਸ ਦੇ ਨਾਲ ਹੀ ਨਰਸਰੀ ਕਲਾਸ ਦੇ ਬੱਚਿਆਂ ਨੇ ਰੁੱਖ ਲਗਾਉਣ ਦੀ ਗਤੀਵਿਧੀ ਦੌਰਾਨ ਪੂਰੇ ਸਮਾਜ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੁਨੇਹਾ ਦਿੱਤਾ।ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਬਲਜੀਤ ਕੌਰ, ਸੁਮੀਤ ਕੌਰ, ਪਰਮਜੀਤ ਕੌਰ, ਕੰਚਨ, ਰਾਜਵੀਰ ਕੌਰ, ਗੁਰਪ੍ਰੀਤ, ਰਜਮੀਤ, ਵਿਸ਼ਾਲੀ ਅਰਚਨਾ, ਨੇਹਾ, ਸੁਮਨ, ਰਾਜਵਿੰਦਰ, ਵਿਨੇ, ਸ਼ਿਲਪਾ, ਹਰਜੀਤ, ਸੋਨੂੰ, ਕਿਰਨ, ਸੁਸ਼ੀਲ, ਸੁਰੇਸ਼, ਬਲਦੇਵ, ਰੁਪਿੰਦਰ, ਮਮਤਾ, ਇਕਬਾਲ, ਹਰਮਿੰਦਰ, ਨੀਨਾ, ਰੁਪਿੰਦਰ, ਮਨੀਸ਼ਾ, ਅਨੁਰਾਧਾ, ਹਰਜੀਤ, ਗੁਰਦੇਵ, ਅਜੇ ਤੇ ਬਾਕੀ ਸਟਾਫ਼ ਵੀ ਮੌਜੂਦ ਸੀ।



# 1.60 ਕਰੋੜ ਦੀ ਲਾਗਤ ਨਾਲ ਫ਼ਿਰੋਜ਼ਪੁਰ ਦਿਹਾਤੀ ਹਲਕੇ ਦੇ 3 ਪਿੰਡਾਂ 'ਚ ਬਣਨਗੇ ਵਾਟਰ ਵਰਕਸ: ਦਹੀਯਾ

## ☛424 ਘਰਾਂ ਦੇ 2388 ਲੋਕਾਂ ਨੂੰ ਮੁਹੱਈਆ ਹੋਵੇਗਾ ਪੀਣ ਵਾਲਾ ਸਾਫ਼ ਪਾਣੀ



ਫ਼ਿਰੋਜ਼ਪੁਰ, 24 ਅਪ੍ਰੈਲ (ਤਿਵਾੜੀ): ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਕੁਮਾਰ ਦਹੀਯਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਪਿੰਡ ਹਰੀਪੁਰਾ, ਝਾਲ ਬਸਤੀ ਤੇ ਬਸਤੀ ਢਾਬ ਵਾਲੀ ਵਿਖੇ 1 ਕਰੋੜ 60 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੇਂ ਵਾਟਰ ਵਰਕਸ ਬਣਨਗੇ ਤੇ ਇਨ੍ਹਾਂ ਵਾਟਰ ਵਰਕਸ ਦੇ ਬਣਨ ਨਾਲ 424 ਘਰਾਂ ਦੇ 2388 ਲੋਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਹੋਵੇਗਾ। ਵਿਧਾਇਕ ਦਹੀਯਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੰਜਾਬ ਦੇ ਵਾਸੀਆਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਹਰੇਕ ਖੇਤਰ ਵਿੱਚ ਵਿਕਾਸ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਹਰੀਪੁਰਾ ਵਿੱਚ 25 ਹਜ਼ਾਰ ਲੀਟਰ ਦੀ ਸਮੱਰਥਾ ਵਾਲਾ ਵਾਟਰ ਵਰਕਸ 51.50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗਾ ਤੇ ਇਸ ਦੇ ਤਿਆਰ ਹੋਣ ਨਾਲ 147 ਘਰਾਂ ਵਿੱਚ ਪੀਣ ਵਾਲਾ ਸਾਫ਼ ਪਾਣੀ ਪਹੁੰਚੇਗਾ। ਇਸੇ ਤਰ੍ਹਾਂ ਝਾਲ ਬਸਤੀ ਵਿਖੇ 15 ਹਜ਼ਾਰ ਲੀਟਰ ਦੀ ਸਮੱਰਥਾ ਵਾਲਾ ਵਾਟਰ ਵਰਕਸ 36.15 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗਾ ਤੇ ਇਸ ਦੇ ਤਿਆਰ ਹੋਣ ਨਾਲ 90 ਘਰਾਂ ਵਿੱਚ ਪੀਣ ਵਾਲਾ ਸਾਫ਼ ਪਾਣੀ ਪਹੁੰਚੇਗਾ। ਵਿਧਾਇਕ ਦਹੀਯਾ ਨੇ ਅੱਗੇ ਇਹ ਵੀ ਦੱਸਿਆ ਕਿ ਬਸਤੀ ਢਾਬ ਵਾਲੀ ਵਿੱਚ 50 ਹਜ਼ਾਰ ਲੀਟਰ ਦੀ ਸਮੱਰਥਾ ਵਾਲਾ ਵਾਟਰ ਵਰਕਸ 72.95 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗਾ ਤੇ ਇਸ ਦੇ ਤਿਆਰ ਹੋਣ ਨਾਲ 187 ਘਰਾਂ ਵਿੱਚ ਪੀਣ ਵਾਲਾ ਸਾਫ਼ ਪਾਣੀ ਪਹੁੰਚੇਗਾ। ਵਿਧਾਇਕ ਦਹੀਯਾ ਨੇ ਅੱਗੇ ਇਹ ਵੀ ਦੱਸਿਆ ਕਿ ਇਨ੍ਹਾਂ ਪਿੰਡ ਵਾਸੀਆਂ ਦੀ ਪੁਰਾਣੀ ਮੰਗ ਨੂੰ ਪੂਰਾ ਕੀਤਾ ਗਿਆ ਹੈ ਤੇ ਜਲਦੀ ਹੀ ਇਨ੍ਹਾਂ ਪਿੰਡਾਂ ਵਿੱਚ ਵਾਟਰ ਵਰਕਸ ਨਾਬਾਰਡ ਤੇ ਸਟੇਟ ਸ਼ੇਅਰ ਰਾਹੀਂ ਬਣ ਜਾਣਗੇ, ਜੋ ਕਿ ਮਨਜ਼ੂਰ ਹੋ ਚੁੱਕੇ ਹਨ। ਵਿਧਾਇਕ ਦਹੀਯਾ ਨੇ ਕਿਹਾ ਕਿ ਉਹ ਆਪਣੇ ਹਲਕੇ ਦੇ ਵਾਸੀਆਂ ਦੀ ਮੁਸ਼ਕਿਲਾਂ ਨੂੰ ਹੱਲ ਕਰਨ ਲਈ ਤੱਤਪਰ ਰਹਿੰਦੇ ਹਨ ਤੇ ਉਨ੍ਹਾਂ ਦੀਆਂ ਮੰਗਾਂ ਅਨੁਸਾਰ ਹਲਕੇ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡ ਵਾਸੀਆਂ ਦੀ ਵਾਟਰ ਵਰਕਸ ਦੀ ਮੰਗ ਪੁਰਾਣੀਆਂ ਸਰਕਾਰਾਂ ਸਮੇਂ ਵੀ ਰਹੀ ਹੈ ਪਰ ਕਿਸੇ ਸਰਕਾਰ ਨੇ ਇਨ੍ਹਾਂ ਦੀ ਮੰਗ ਵੱਲ ਧਿਆਨ ਨਹੀਂ ਦਿੱਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ 3 ਪਿੰਡਾਂ ਦੇ ਵਾਟਰ ਵਰਸਕ ਮਨਜ਼ੂਰ ਹੋ ਗਏ ਹਨ ਤੇ ਜਲਦੀ ਹੀ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

# ਦੇਸ਼ ਭਗਤ ਯੂਨੀਵਰਸਿਟੀ ਵਿਖੇ ਡਾ. ਅੰਬੇਡਕਰ ਦੇ ਸਮਾਜਿਕ ਨਿਆਂ ਦੇ ਦ੍ਰਿਸ਼ਟੀਕੋਣ 'ਤੇ ਵਿਸ਼ੇਸ਼ ਭਾਸ਼ਣ ਕਰਵਾਇਆ



ਮੰਡੀ ਗੋਬਿੰਦਗੜ੍ਹ, 24 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਵਿਖੇ ਡਾ. ਬੀ.ਆਰ. ਅੰਬੇਡਕਰ ਨੂੰ ਸਮਰਪਿਤ ਵਿਸ਼ੇਸ਼ ਐਕਸਟੈਂਸ਼ਨ ਲੈਕਚਰ ਸਮਾਜਿਕ ਵਿਗਿਆਨ ਤੇ ਭਾਸ਼ਾਵਾਂ ਫੈਕਲਟੀ ਤੇ ਫੈਕਲਟੀ ਆਫ ਲੀਗਲ ਸਟੱਡੀਜ਼ ਦੁਆਰਾ ਸਾਂਝੇ ਤੌਰ 'ਤੇ ਕਰਵਾਇਆ ਗਿਆ। ਇਸ ਦਾ ਵਿਸ਼ਾ 'ਡਾ. ਬੀ.ਆਰ. ਅੰਬੇਡਕਰ: ਸੰਵਿਧਾਨ ਨਿਰਮਾਣ ਤੇ ਸਮਾਜਿਕ ਨਿਆਂ' ਸੀ। ਸਮਾਗਮ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾ. ਤੇਜਿੰਦਰ ਕੌਰ ਦੀ ਪ੍ਰੇਰਨਾ ਹੇਠ ਕੀਤਾ ਗਿਆ, ਜਿਸ ਵਿੱਚ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ, ਸੀਨੀਅਰ ਫੈਕਲਟੀ ਤੇ ਵਿਦਿਆਰਥੀਆਂ ਨੇ ਭਾਗ ਲਿਆ। ਸਮਾਜਿਕ ਵਿਗਿਆਨ ਤੇ ਭਾਸ਼ਾਵਾਂ ਫੈਕਲਟੀ ਦੀ ਇੰਚਾਰਜ ਡਾ. ਰੇਣੂ ਸ਼ਰਮਾ ਨੇ ਹਾਜ਼ਰੀਨ ਦਾ ਸਵਾਗਤ ਕੀਤਾ। ਬੁਲਾਰਿਆਂ ਨੇ ਡਾ. ਅੰਬੇਡਕਰ ਦੇ ਸੰਵਿਧਾਨਕ ਦ੍ਰਿਸ਼ਟੀਕੋਣ ਤੇ ਸਮਾਜਿਕ ਨਿਆਂ ਦੇ ਸਿਧਾਂਤਾਂ ਬਾਰੇ ਚਰਚਾ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਮੁੱਖ ਭਾਸ਼ਣ ਫੈਕਲਟੀ ਆਫ ਲੀਗਲ ਸਟੱਡੀਜ਼ ਦੇ ਪ੍ਰਿੰਸੀਪਲ ਡਾ. ਜੈਵੀਰ ਸਿੰਘ ਨੇ ਕਿਹਾ ਕਿ ਸੰਵਿਧਾਨ ਦੇ ਅਨੁਛੇਦ 17 ਤੇ 46 ਸਮਾਜਿਕ ਲੋਕਤੰਤਰ ਦੀ ਨੀਂਹ ਹਨ। ਉਨ੍ਹਾਂ ਕਿਹਾ ਕਿ ਸੰਵਿਧਾਨ ਇੱਕ ਅਕਾਦਮਿਕ ਵਿਸ਼ੇ ਵਜੋਂ ਨਹੀਂ ਸਗੋਂ ਆਪਣੇ ਜੀਵਨ ਵਿੱਚ ਮਾਰਗ ਦਰਸ਼ਕ ਵਚਨਬੱਧਤਾ ਵਜੋਂ ਅਪਣਾਉਣ ਲਈ ਉਤਸ਼ਾਹਿਤ ਕਰਦਾ ਹੈ। ਪ੍ਰੋਗਰਾਮ ਕੋਆਰਡੀਨੇਟਰ ਤੇ ਹਿੰਦੀ ਵਿਭਾਗ ਦੇ ਮੁਖੀ ਡਾ. ਅਜੈਪਾਲ ਸਿੰਘ ਨੇ ਕਿਹਾ ਕਿ ਡਾ. ਅੰਬੇਡਕਰ ਭਾਸ਼ਾ ਨੂੰ ਸਸ਼ਕਤੀਕਰਨ ਲਈ ਇੱਕ ਸ਼ਕਤੀਸ਼ਾਲੀ ਸਾਧਨ ਵਜੋਂ ਦੇਖਦੇ ਸਨ। ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਪ੍ਰੋ.ਵਾਈਸ ਚਾਂਸਲਰ ਪ੍ਰੋ. ਡਾ. ਅਮਰਜੀਤ ਸਿੰਘ ਨੇ ਟਿੱਪਣੀ ਕੀਤੀ ਕਿ ਸੰਸਥਾਵਾਂ ਨੂੰ ਨਿਰਪੱਖ ਰਹਿਣ ਦੀ ਬਜਾਏ ਇੱਕ ਸਮਾਵੇਸ਼ੀ ਪਹੁੰਚ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੱਚੀ ਸੰਸਥਾ-ਨਿਰਮਾਣ ਡਾ. ਅੰਬੇਡਕਰ ਦੁਆਰਾ ਕਲਪਨਾ ਕੀਤੀ ਗਈ ਸਮਾਵੇਸ਼ੀਤਾ ਵਿੱਚ ਹੈ ਤੇ ਵਿਦਿਆਰਥੀਆਂ ਨੂੰ ਸੰਵਿਧਾਨ ਵਿੱਚ ਦਰਜ ਕਦਰਾਂ-ਕੀਮਤਾਂ ਨੂੰ ਯਾਦ ਰੱਖਣ ਦੀ ਥਾਂ ਉਨ੍ਹਾਂ ਨੂੰ ਜਿਉਣ ਦੀ ਅਪੀਲ ਕੀਤੀ। ਪ੍ਰੋਗਰਾਮ ਦਾ ਸੰਚਾਲਨ ਡਾ. ਨਵਨਿੰਦਰ ਕੌਰ ਗਰੇਵਾਲ ਤੇ ਪ੍ਰੋ. ਡਾ. ਅਜੈਪਾਲ ਸਿੰਘ ਨੇ ਕੀਤਾ, ਜਦੋਂ ਕਿ ਪ੍ਰੋ. ਰਾਮ ਸਿੰਘ ਨੇ ਧੰਨਵਾਦ ਕੀਤਾ।

# ਪੂਜਾ ਲੂਥਰਾ ਵੱਲੋਂ ਵੈਭਵ ਅਰੋੜਾ ਦਾ ਸਨਮਾਨ, ਕਾਮਯਾਬੀ 'ਤੇ ਦਿੱਤੀਆਂ ਮੁਬਾਰਕਾਂ



ਫਾਜ਼ਿਲਕਾ, 24 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸੀ.ਬੀ.ਐੱਸ.ਈ. 10ਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸ਼ਹਿਰ ਦਾ ਨਾਂ ਰੌਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀ ਵੈਭਵ ਅਰੋੜਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਟੀਮ ਪੂਜਾ ਲੂਥਰਾ ਸਚਦੇਵਾ ਵੱਲੋਂ ਵੈਭਵ ਦੇ ਘਰ ਪਹੁੰਚ ਕੇ ਉਸ ਦੀ ਕਾਮਯਾਬੀ 'ਤੇ ਖੁਸ਼ੀ ਸਾਂਝੀ ਕੀਤੀ ਗਈ ਤੇ ਉਸ ਨੂੰ ਮੁਬਾਰਕਬਾਦ ਦਿੱਤੀ ਗਈ। ਵੈਭਵ ਅਰੋੜਾ, ਜੋ ਕਿ ਡਿੰਪਲ ਅਰੋੜਾ ਤੇ ਸ਼ਬਨਮ ਅਰੋੜਾ ਦੇ ਸਪੁੱਤਰ ਹਨ, ਨੇ ਆਪਣੀ ਮਿਹਨਤ, ਲਗਨ ਤੇ ਅਡਿੱਗ ਇਰਾਦਿਆਂ ਨਾਲ ਇਹ ਉਪਲਬਧੀ ਹਾਸਲ ਕੀਤੀ ਹੈ। ਉਸ ਦੀ ਇਸ ਸਫਲਤਾ ਨਾਲ ਨਾ ਸਿਰਫ਼ ਉਸ ਦਾ ਪਰਿਵਾਰ ਗੌਰਵਾਨਵਿਤ ਹੋਇਆ ਹੈ, ਸਗੋਂ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਰਿਤੂ ਭੁਸਰੀ, ਸਟਾਫ ਮੈਂਬਰਾਂ ਤੇ ਪ੍ਰਸਿੱਧ ਭਜਨ ਗਾਇਕਾ ਪੱਲਵੀ ਅਗਰਵਾਲ ਵੀ ਵੈਭਵ ਦੇ ਘਰ ਪਹੁੰਚੇ। ਉਨ੍ਹਾਂ ਵੈਭਵ ਦੀ ਉਪਲਬਧੀ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਇਹ ਨਤੀਜਾ ਉਸ ਦੀ ਲਗਾਤਾਰ ਮਿਹਨਤ ਤੇ ਅਨੁਸ਼ਾਸਨ ਦਾ ਪਰਿਣਾਮ ਹੈ। ਟੀਮ ਪੂਜਾ ਲੂਥਰਾ ਸਚਦੇਵਾ ਵੱਲੋਂ ਰਾਧਾ ਸਵਾਮੀ ਕਲੋਨੀ ਵਿੱਚ ਸਥਿਤ ਵੈਭਵ ਦੇ ਨਿਵਾਸ 'ਤੇ ਮਠਿਆਈਆਂ ਵੰਡੀਆਂ ਗਈਆਂ ਤੇ ਪਰਿਵਾਰ ਨਾਲ ਖੁਸ਼ੀ ਸਾਂਝੀ ਕੀਤੀ ਗਈ। ਉਨ੍ਹਾਂ ਹੋਰ ਕਿਹਾ ਕਿ ਮਾਪਿਆਂ ਦੀ ਸਹੀ ਮਾਰਗਦਰਸ਼ਨ ਤੇ ਅਧਿਆਪਕਾਂ ਦੀ ਮਿਹਨਤ ਵੀ ਬੱਚਿਆਂ ਦੀ ਸਫਲਤਾ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।

# ਅਵਤਾਰ ਸਿੰਘ ਕਲੇਰ ਨੇ ਸਾਬਕਾ ਮੰਤਰੀ ਚੀਮਾ ਨੂੰ ਸਨਮਾਨਤ ਕੀਤਾ



ਭੋਗਪੁਰ, 24 ਅਪ੍ਰੈਲ (ਜੰਡੀਰ ਸੈਣੀ): ਅਵਤਾਰ ਸਿੰਘ ਕਲੇਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਿਹਾਤੀ ਪਠਾਨਕੋਟ ਪੂਰੀ ਟੀਮ ਨਾਲ ਚੰਡੀਗੜ੍ਹ ਵਿਖੇ ਅਕਾਲੀ ਦਲ ਦਫਤਰ ਵਿਖੇ ਪਹੁੰਚੇ। ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ ਨੂੰ ਚਿੰਨ੍ਹ ਨਾਲ ਸਨਮਾਨਤ ਕੀਤਾ। ਦਲਜੀਤ ਸਿੰਘ ਚੀਮਾ ਨੇ ਅਵਤਾਰ ਸਿੰਘ ਕਲੇਰ ਨੂੰ ਵਧਾਈ ਦਿੱਤੀ। ਅਵਤਾਰ ਸਿੰਘ ਕਲੇਰ ਕਾਂਗਰਸ ਪਾਰਟੀ ਵੱਲੋਂ ਖੇਤੀਬਾੜੀ ਬੈਂਕ ਪਠਾਨਕੋਟ ਚੇਅਰਮੈਨ ਸਨ ਤੇ ਕੁਝ ਸਮਾਂ ਪਹਿਲਾਂ ਹੀ ਉਨ੍ਹਾਂ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ ਸੀ ਤੇ ਅਕਾਲੀ ਦਲ ਵਿੱਚ ਵੱਡੀ ਜ਼ਿੰਮੇਵਾਰੀ ਦੇ ਕੇ ਉਨ੍ਹਾਂ ਨੂੰ ਵੱਡੀਆਂ ਸੇਵਾਵਾਂ ਸੌਂਪੀਆਂ ਗਈਆਂ ਸਨ ਤੇ ਅੱਜ ਉਹ ਚੰਡੀਗੜ੍ਹ ਅਕਾਲੀ ਦਲ ਦਫਤਰ ਵਿਖੇ ਪਹੁੰਚੇ ਸਨ। ਇਸ ਮੌਕੇ 'ਤੇ ਅਵਤਾਰ ਸਿੰਘ ਕਲੇਰ ਦੇ ਨਾਲ ਅਕਾਲੀ ਨੇਤਾ ਬੀਜੇ ਬਾਗੀ, ਪਰਮਜੀਤ ਸਿੰਘ ਧਮਾਨ ਤੇ ਭੋਗਪੁਰ ਤੋਂ ਜਸਬੀਰ ਸਿੰਘ, ਅੰਮ੍ਰਿਤਪਾਲ ਸਿੰਘ, ਅਮਰਜੀਤ ਸਿੰਘ ਜੰਡੀਰ ਆਦਿ ਹਾਜ਼ਰ ਸਨ।

# ਸੂਦ ਪਰਿਵਾਰ ਨੇ ਗਊਸ਼ਾਲਾ 'ਚ ਤੂੜੀ ਲਈ ਦਿੱਤੀ 30 ਹਜ਼ਾਰ ਦੀ ਰਾਸ਼ੀ



ਅਮਲੋਹ, 24 ਅਪ੍ਰੈਲ (ਜਸਵੰਤ ਸਿੰਘ): ਚੰਭਾ ਰਾਮ ਜਵਾਲਾ ਦੇਵੀ ਸੂਦ ਟਰੱਸਟ ਅਮਲੋਹ ਵੱਲੋਂ ਚੇਅਰਮੈਨ ਰਾਮ ਸਰਨ ਸੂਦ ਦੀ ਅਗਵਾਈ ਹੇਠ ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਨੂੰ ਤੂੜੀ ਲਈ 30 ਹਜ਼ਾਰ ਰੁਪਏ ਦੀ ਰਾਸ਼ੀ ਦਾਨ ਵਜੋਂ ਦਿੱਤੀ ਗਈ। ਸ੍ਰੀ ਸੂਦ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਇਹ ਟਰੱਸਟ ਬਣਾਇਆ ਹੈ, ਜਿਸ ਵਿੱਚ ਹਰ ਸਾਲ ਪਰਿਵਾਰ ਵੱਲੋਂ ਦਾਨ ਦੀ ਰਾਸ਼ੀ ਜਮ੍ਹਾਂ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਟਰੱਸਟ ਵੱਲੋਂ ਪਿਛਲੇ ਕਈ ਸਾਲਾਂ ਤੋਂ ਹਰ ਸਾਲ ਤੂੜੀ ਲਈ ਗਊਸ਼ਾਲਾ ਨੂੰ ਮਾਲੀ ਸਹਾਇਤਾ ਦਿੱਤੀ ਜਾਂਦੀ ਹੈ। ਟਰੱਸਟ ਦੇ ਮੈਂਬਰ ਤੇ ਗਊ ਸੇਵਾ ਸੰਮਤੀ ਦੇ ਪ੍ਰਧਾਨ ਭੂਸ਼ਨ ਸੂਦ, ਰਿਟ. ਸਿੱਖਿਆ ਡਾਇਰੈਕਟਰ ਰੋਸ਼ਨ ਸੂਦ ਤੇ ਮੁਕੇਸ਼ ਸੂਦ ਨੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਗਊਸ਼ਾਲਾ ਨੂੰ ਹਰ ਸਾਲ ਮਾਲੀ ਸਹਾਇਤਾ ਦਿੱਤੀ ਜਾਵੇਗੀ। ਭੂਸ਼ਨ ਸੂਦ ਨੇ ਦੱਸਿਆ ਕਿ ਸੰਮਤੀ ਦੇ ਮੈਂਬਰਾਂ ਤੇ ਅਹੁਦੇਦਾਰਾਂ ਵੱਲੋਂ 1 ਲੱਖ ਰੁਪਏ ਦੇ ਕਰੀਬ ਰਾਸ਼ੀ ਇਕੱਠੀ ਕਰਕੇ ਤੂੜੀ ਲਈ ਦਿੱਤੀ ਜਾ ਰਹੀ ਹੈ। ਗਊਸ਼ਾਲਾ ਦੇ ਸਰਪ੍ਰਸਤ ਪ੍ਰੇਮ ਚੰਦ ਸ਼ਰਮਾ ਤੇ ਪ੍ਰਧਾਨ ਸ਼ਿਵ ਕੁਮਾਰ ਗਰਗ ਨੇ ਧੰਨਵਾਦ ਕਰਦਿਆਂ ਸੂਦ ਪਰਿਵਾਰ ਵੱਲੋਂ ਗਊਸ਼ਾਲਾ ਲਈ ਦਿੱਤੀ ਜਾ ਰਹੀ ਮਦਦ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਖੁਸ਼ੀ ਪ੍ਰਗਟ ਕੀਤੀ ਕਿ ਗਊ ਸੇਵਾ ਸੰਮਤੀ ਵੱਲੋਂ ਭੂਸ਼ਨ ਸੂਦ ਪ੍ਰਧਾਨ ਦੀ ਅਗਵਾਈ ਹੇਠ ਹਰ ਮਹੀਨੇ ਦੀ ਪੂਰਨਮਾਸ਼ੀ ਤੇ ਮੱਸਿਆ ਨੂੰ ਗਊਸ਼ਾਲਾ ਵਿੱਚ ਗਊ ਪੂਜਨ ਕਰਵਾਇਆ ਜਾਂਦਾ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਸ਼ਾਮਲ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਸੰਮਤੀ ਵੱਲੋਂ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਗਵਾਲਿਆਂ ਲਈ ਲੱਖਾਂ ਰੁਪਏ ਦੀ ਰਾਸ਼ੀ ਖਰਚ ਕਰਕੇ ਸ਼ਾਨਦਾਰ 3 ਕਮਰਿਆਂ ਦਾ ਨਿਰਮਾਣ ਕਰਵਾਇਆ ਗਿਆ। ਉਨ੍ਹਾਂ ਹੋਰ ਸ਼ਹਿਰੀਆਂ ਨੂੰ ਵੀ ਗਊ ਸੇਵਾ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਦਿਨੇਸ਼ ਗੋਇਲ, ਡਾ. ਮਨਜੀਤ ਸਿੰਘ, ਦੰਦਾਂ ਦੇ ਮਾਹਿਰ ਡਾ. ਹਿਮਾਂਸ਼ੂ ਸੂਦ, ਐਡ. ਆਦਿਸ਼ ਸੂਦ, ਸਵਰਨਜੀਤ ਸਿੰਘ ਤੇ ਕਿਆਂਸ਼ ਸੂਦ ਹਾਜ਼ਰ ਸਨ।

# ਅਕਾਲੀ ਦਲ ਪੁਨਰ ਸੁਰਜੀਤ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਇਕੱਠੇ ਹੋਣ ਨਾਲ ਆਉਣ ਵਾਲੀ ਰਾਜਨੀਤੀ 'ਚ ਇੱਕ ਨਵਾਂ ਇਤਿਹਾਸ ਰਚਿਆ ਜਾਵੇਗਾ: ਲਿਬੜਾ



ਸ੍ਰੀ ਫਤਹਿਗੜ੍ਹ ਸਾਹਿਬ, 24 ਅਪ੍ਰੈਲ (ਨਰਿੰਦਰ ਸਿੰਘ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਕੋਰ ਕਮੇਟੀ ਮੈਂਬਰ ਤੇ ਸੀਨੀਅਰ ਆਗੂ ਅਮਰਿੰਦਰ ਸਿੰਘ ਲਿਬੜਾ ਨੇ ਕਿਹਾ ਕਿ ਅਕਾਲੀ ਦਲ ਪੁਨਰ ਸੁਰਜੀਤ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਇਕੱਠ ਨਾਲ ਆਉਣ ਵਾਲੀ ਰਾਜਨੀਤੀ ਵਿੱਚ ਇੱਕ ਨਵਾਂ ਇਤਿਹਾਸ ਰਚਿਆ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਦੇ ਪੰਥਕ ਏਕਤਾ ਤਾਲਮੇਲ ਕਮੇਟੀ ਦੇ ਕਨਵੀਨਰ ਬਣਨ ਦੀ ਵੀ ਖੁਸ਼ੀ ਮਨਾਈ ਗਈ ਤੇ ਵਰਕਰਾਂ ਵੱਲੋਂ ਇਕੱਠੇ ਹੋ ਕੇ ਕਰਕੇ ਲੱਡੂ ਵੰਡੇ ਗਏ, ਕਿਉਂਕਿ ਇਯਾਲੀ ਦੀ ਨਿਯੁਕਤੀ ਪੰਥਕ ਤਾਕਤਾਂ ਨੂੰ ਇਕੱਠਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਗਠਜੋੜ ਸਿਰਫ ਰਾਜਨੀਤਿਕ ਨਹੀਂ, ਸਗੋਂ ਪੰਥਕ ਹਿੱਤਾਂ ਦੀ ਰੱਖਿਆ ਤੇ ਪੰਜਾਬ ਦੇ ਮਸਲਿਆਂ ਨੂੰ ਇਕੱਠੇ ਹੋ ਕੇ ਹੱਲ ਕਰਨ ਲਈ ਇੱਕ ਮਜ਼ਬੂਤ ਮੰਚ ਸਾਬਤ ਹੋਵੇਗਾ। ਇਸ ਮੌਕੇ ਉਨ੍ਹਾਂ ਹੋਰ ਪੰਥਕ ਜਥੇਬੰਦੀਆਂ ਤੇ ਸਮਾਜਿਕ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਏਕਤਾ ਯਤਨ ਨਾਲ ਜੁੜ ਕੇ ਸਾਂਝੀ ਤਾਕਤ ਨੂੰ ਹੋਰ ਮਜ਼ਬੂਤ ਬਣਾਉਣ। ਵਰਕਰਾਂ ਨੇ ਉਮੀਦ ਜਤਾਈ ਕਿ ਮਨਪ੍ਰੀਤ ਸਿੰਘ ਇਯਾਲੀ ਦੀ ਅਗਵਾਈ ਹੇਠ ਪੰਥਕ ਏਕਤਾ ਨੂੰ ਹੋਰ ਬਲ ਮਿਲੇਗਾ ਤੇ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਸਕਾਰਾਤਮਕ ਬਦਲਾਅ ਦੇਖਣ ਨੂੰ ਮਿਲੇਗਾ। ਇਸ ਮੌਕੇ ਜਥੇ. ਜੱਸਾ ਸਿੰਘ ਆਹਲੂਵਾਲੀਆ, ਕੁਲਵੰਤ ਸਿੰਘ ਬਧੌਛੀ, ਲਖਵੀਰ ਸਿੰਘ ਰੁਪਾਲੇੜੀ, ਜਸਪਾਲ ਸਿੰਘ ਦਾਦੂਮਾਜਰਾ ਸਾਬਕਾ ਸਰਪੰਚ, ਗੁਰਮੇਲ ਸਿੰਘ ਬਧੌਛੀ, ਸਵਰਨ ਸਿੰਘ ਬਾਠ, ਪ੍ਰੀਤਮ ਸਿੰਘ ਨਾਗਰਾ, ਬਲਵਿੰਦਰ ਸਿੰਘ ਸੋਹੀ, ਜਸਵੀਰ ਸਿੰਘ ਲੋਹਾਖੇੜੀ, ਰਣਜੀਤ ਸਿੰਘ ਜੱਲ੍ਹਾ, ਬਲਜਿੰਦਰ ਸਿੰਘ, ਰਾਜਿੰਦਰ ਸਿੰਘ ਖਰੌੜ, ਤੇਜਾ ਸਿੰਘ ਪੰਜੋਲਾ, ਸੰਪੂਰਨ ਸਿੰਘ ਪੰਜੋਲਾ, ਹਰਪ੍ਰੀਤ ਸਿੰਘ ਬਾਬਲਾਂ, ਪੱਪੂ ਬਾਠ ਆਦਿ ਹਾਜ਼ਰ ਸਨ।

# ਨੌਜਵਾਨੀ ਦੀ ਆਵਾਜ਼ ਬਣ ਕੇ ਉਭਰੇ ਕਾਂਗਰਸੀ ਉਮੀਦਵਾਰ ਇਸਰਪ੍ਰੀਤ ਸਿੱਧੂ ਨੇ ਵਿਰੋਧੀਆਂ ਨੂੰ ਦਿੱਤੀ ਚੁਣੌਤੀ



ਮੰਡੀ ਗੋਬਿੰਦਗੜ੍ਹ, 24 ਅਪ੍ਰੈਲ (ਸੂਦ): ਬਲਾਕ ਖੇੜਾ ਦੇ ਪਿੰਡ ਬਡਾਲੀ ਮਾਈ ਕੀ ਵਿਖੇ ਕਾਂਗਰਸ ਪਾਰਟੀ ਦੀ ਵਿਦਿਆਰਥੀ ਜਥੇਬੰਦੀ ਐਨ.ਐਸ.ਯੂ.ਆਈ. ਦੇ ਸੂਬਾ ਪ੍ਰਧਾਨ ਤੇ ਕਾਂਗਰਸ ਟਿਕਟ ਦੇ ਮਜ਼ਬੂਤ ਦਾਅਵੇਦਾਰ ਇਸਰਪ੍ਰੀਤ ਸਿੱਧੂ ਨੇ ਇੱਕ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਲੋਕਾਂ ਨੂੰ ਆਉਣ ਵਾਲੀਆਂ 2027 ਦੀਆਂ ਚੋਣਾਂ ਲਈ ਹੁਣ ਤੋਂ ਹੀ ਤਿਆਰੀਆਂ ਵਿੱਢਣ ਤੇ ਕਾਂਗਰਸ ਪਾਰਟੀ ਦਾ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਹਲਕੇ ਦੇ ਲੋਕਾਂ ਤੇ ਬਜ਼ੁਰਗਾਂ ਦਾ ਆਸ਼ੀਰਵਾਦ ਹਾਸਲ ਕਰਦੇ ਹੋਏ ਉਨ੍ਹਾਂ ਨੂੰ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਉਸ ਦੀ ਡਿਊਟੀ ਹਲਕਾ ਫਤਹਿਗੜ੍ਹ ਸਾਹਿਬ ਵਿਖੇ ਲਗਾਈ ਹੈ, ਜਿਥੇ ਉਹ ਟਕਸਾਲੀ ਕਾਂਗਰਸ ਪਰਿਵਾਰ ਜੋ ਘਰਾਂ ਵਿੱਚ ਬੈਠੇ ਸਨ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਮੁੜ ਸਰਗਰਮ ਕਰ ਰਹੇ ਹਨ। ਪੰਜਾਬ ਵਿੱਚ ਵੱਧ ਰਹੇ ਅਪਰਾਧ ਤੇ ਗੈਂਗਸਟਰ ਕਲਚਰ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਆਉਣ 'ਤੇ ਇਸ ਨੂੰ ਸਖਤੀ ਨਾਲ ਰੋਕਿਆ ਜਾਵੇਗਾ ਤੇ ਬੱਚਿਆਂ ਦੇ ਭਵਿੱਖ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਉਹ ਬਹੁਤ ਸੰਘਰਸ਼ਾਂ ਤੇ ਅੰਦੋਲਨ ਜਿਵੇਂ ਕਿ ਪੰਜਾਬ ਯੂਨੀਵਰਸਿਟੀ ਸੰਘਰਸ਼ ਵਿੱਚੋਂ ਨਿਕਲ ਕੇ ਇੱਥੇ ਪਹੁੰਚੇ ਹਨ, ਇਸ ਲਈ ਹਰ ਵਰਗ ਦਾ ਦੁੱਖ ਜਾਣਦੇ ਹਨ। ਉਨ੍ਹਾਂ ਅਖੌਤੀ 'ਧਰਨਾਟ' ਲੀਡਰਾਂ 'ਤੇ ਤੰਜ਼ ਕੱਸਦਿਆਂ ਕਿਹਾ ਕਿ ਹੁਣ ਸਮਾਂ ਕੇਵਲ ਨਾਮ ਦੇ 'ਜਰਨੈਲਾਂ' ਦਾ ਨਹੀਂ ਸਗੋਂ ਕੰਮ ਵਾਲਿਆਂ ਦਾ ਹੈ। ਉਨ੍ਹਾਂ ਦੀਵਾਨ ਟੋਡਰ ਮਲ ਤੇ ਭਾਈ ਮੋਤੀ ਰਾਮ ਮਹਿਰਾ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਇਸ ਪਵਿੱਤਰ ਧਰਤੀ ਦੇ ਲੋਕ ਕਦੇ ਗਲਤ ਨਹੀਂ ਹੋ ਸਕਦੇ ਸਗੋਂ ਲੀਡਰ ਗਲਤ ਹੋ ਸਕਦੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਦਿੱਲੀ ਤੋਂ ਟਿਕਟ ਲਿਆਉਣ ਲਈ ਤਿਆਰ ਹਨ ਪਰ ਉਨ੍ਹਾਂ ਨੂੰ ਲੋਕਾਂ ਦੇ ਸਾਥ ਦੀ ਜ਼ਰੂਰਤ ਹੈ ਤਾਂ ਜੋ ਜਿੱਤ ਕੇ ਉਹ ਹਲਕੇ ਦੀ ਨੁਹਾਰ ਬਦਲ ਸਕਣ। ਇਸ ਮੌਕੇ ਪੰਚ, ਸਰਪੰਚ ਤੇ ਪਤਵੰਤੇ ਹਾਜ਼ਰ ਸਨ, ਜਿਨ੍ਹਾਂ ਟਕਸਾਲੀ ਕਾਂਗਰਸ ਆਗੂ ਅੰਮ੍ਰਿਤਪਾਲ ਸਿੰਘ ਟਿਵਾਣਾ ਦੀ ਅਗਵਾਈ ਹੇਠ ਸ੍ਰੀ ਸਿੱਧੂ ਦਾ ਸਨਮਾਨ ਵੀ ਕੀਤਾ।

# ਸਰਕਾਰੀ ਕਾਲਜ (ਲੜਕੀਆਂ) 'ਚ ਪਹਿਲਾ ਕਨਵੋਕੇਸ਼ਨ ਤੇ ਇਨਾਮ ਵੰਡ ਸਮਾਰੋਹ ਕਰਵਾਇਆ



ਜਲਾਲਾਬਾਦ, 24 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਰਕਾਰੀ ਕਾਲਜ (ਲੜਕੀਆਂ), ਜਲਾਲਾਬਾਦ ਵਿੱਚ ਪਹਿਲਾ ਕਨਵੋਕੇਸ਼ਨ ਤੇ ਇਨਾਮ ਵੰਡ ਸਮਾਰੋਹ ਪ੍ਰਿੰਸੀਪਲ ਡਾ. ਜਯੋਤਸਨਾ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਮੌਕੇ 'ਤੇ ਪ੍ਰੋ. ਰਵੀ ਇੰਦਰ ਸਿੰਘ, ਡੀਨ ਕਾਲਜ ਡਿਵੈਲਪਮੈਂਟ ਕੌਂਸਲ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਹ ਕਾਲਜ ਦੇ ਇਤਿਹਾਸ ਦਾ ਪਹਿਲਾ ਡਿਗਰੀ ਵੰਡ ਸਮਾਰੋਹ ਸੀ, ਜਿਸ ਵਿੱਚ ਸੈਸ਼ਨ 2015-16 ਤੋਂ 2024-25 ਤੱਕ ਪਾਸ ਆਊਟ ਹੋਈਆਂ ਲਗਭਗ 250 ਵਿਦਿਆਰਥਣਾਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਮੁੱਖ ਮਹਿਮਾਨ ਨੇ ਵਿਦਿਆਰਥਣਾਂ ਨੂੰ ਭਵਿੱਖ ਵਿੱਚ ਉੱਚੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਤੇ ਉਨ੍ਹਾਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ। ਇਸ ਮੌਕੇ ਮੁੱਖ ਮਹਿਮਾਨ, ਕਾਲਜ ਪ੍ਰਿੰਸੀਪਲ ਤੇ ਕਾਲਜ ਕੌਂਸਲ ਵੱਲੋਂ ਕਾਲਜ ਦੀ ਸਾਲਾਨਾ ਰਿਪੋਰਟ ਵੀ ਜਾਰੀ ਕੀਤੀ ਗਈ। ਪ੍ਰਿੰਸੀਪਲ ਡਾ. ਜਯੋਤਸਨਾ ਨੇ ਰਿਪੋਰਟ ਪੇਸ਼ ਕਰਦਿਆਂ ਕਾਲਜ ਦੀਆਂ ਵਿੱਦਿਅਕ ਤੇ ਸੱਭਿਆਚਾਰਕ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਸਮਾਰੋਹ ਵਿੱਚ ਅਮਿਤ ਗਗਨੇਜਾ (ਪ੍ਰਿੰਸੀਪਲ, ਸ.ਸ.ਸ.ਸ. ਜਲਾਲਾਬਾਦ), ਐਡਵੋਕੇਟ ਪਰਮਜੀਤ ਢਾਬਾਂ, ਸੋਨਾ ਸਿੰਘ ਧੁੰਨਕੀਆਂ, ਕੁਲਦੀਪ ਸਿੰਘ ਬਰਾੜ, ਡਾ. ਨੇਹਾ ਸਚਦੇਵਾ, ਡਾ. ਨਿਤਿਕਾ ਤੇ ਭਗਵਾਨ ਸਹਿਗਲ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਰਹੇ। ਕਾਲਜ ਰਜਿਸਟਰਾਰ ਪ੍ਰੋ. ਰਾਘਵ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਹੋਰ ਉਚੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਮਾਰੋਹ ਦੇ ਅੰਤ 'ਤੇ ਕਾਲਜ ਇੰਚਾਰਜ ਡਾ. ਰਾਜੀਵ ਨੇ ਧੰਨਵਾਦ ਪ੍ਰਸਤਾਵ ਪੇਸ਼ ਕੀਤਾ ਤੇ ਪ੍ਰਬੰਧਕੀ ਕਮੇਟੀ ਦੇ ਯੋਗਦਾਨ ਦੀ ਸਰਾਹਨਾ ਕੀਤੀ। ਪ੍ਰਿੰਸੀਪਲ ਵੱਲੋਂ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਡਾ. ਪਰਮਿੰਦਰ ਕੌਰ, ਪ੍ਰੋ. ਏਕਤਾ, ਪ੍ਰੋ. ਪਰਮਜੀਤ ਕੌਰ, ਪ੍ਰੋ. ਸਤਨਾਮ ਸਿੰਘ, ਡਾ. ਪ੍ਰਭਲੀਨ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਸੋਨੀਆ ਕਵਾਤਰਾ, ਪ੍ਰੋ. ਪ੍ਰਵੀਨ ਰਾਣੀ, ਪ੍ਰੋ. ਪ੍ਰਵੀਨਾ ਰਾਣੀ, ਮਿਸ ਸ਼ਿਲਪਾ, ਅਜੈ ਕੁਮਾਰ, ਕ੍ਰਿਸ਼ਨ ਕੁਮਾਰ, ਅਨੂਪ ਕੁਮਾਰ, ਪੂਜਾ ਰਾਣੀ ਤੇ ਹਰਸ਼ ਕੁਮਾਰ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਦਾਨੀ ਸੱਜਣਾਂ ਨੇ ਟਰੈਕ ਸੂਟ ਵੰਡੇ



ਸ੍ਰੀ ਫਤਹਿਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਬਲਾਕ ਫਤਹਿਗੜ੍ਹ ਸਾਹਿਬ ਦੇ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਧੀਰਪੁਰ ਦੇ ਸਾਰੇ ਵਿਦਿਆਰਥੀਆਂ ਨੂੰ ਪਿੰਡ ਦੇ ਦਾਨੀ ਸੱਜਣਾਂ ਰਣਧੀਰ ਸਿੰਘ ਸਰਪੰਚ, ਸੁਖਜਿੰਦਰ ਸਿੰਘ ਸਾਬਕਾ ਅਧਿਆਪਕ, ਸ਼ਿੰਗਾਰਾ ਸਿੰਘ ਸਾਬਕਾ ਐਸਡੀਓ ਤੇ ਅਮਰੀਕ ਸਿੰਘ ਸਾਬਕਾ ਪਟਵਾਰੀ ਵੱਲੋਂ ਤਿੰਨ ਪੀਸ ਟਰੈਕ ਸੂਟ ਬਣਵਾ ਕੇ ਵੰਡੇ ਗਏ ਹਨ, ਜਿਸ ਤੋਂ ਸਾਰੇ ਵਿਦਿਆਰਥੀ ਬਹੁਤ ਖੁਸ਼ ਹਨ। ਪਿੰਡ ਵਾਸੀਆਂ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਸਦਾ ਹੀ ਅਕਾਦਮਿਕ, ਸਹਿ-ਅਕਾਦਮਿਕ ਤੇ ਖੇਡਾਂ ਦੇ ਖੇਤਰ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ ਤੇ ਚੰਗੇ ਸਥਾਨ ਹਾਸਲ ਕਰਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਕੂਲ ਵਿੱਚ ਕੰਮ ਕਰਨ ਵਾਲੇ ਅਧਿਆਪਕ ਬਹੁਤ ਮਿਹਨਤੀ ਹਨ। ਸਕੂਲ ਵਿੱਚ ਵਿਦਿਆਰਥੀਆਂ ਦੀ ਚੰਗੀ ਪੜ੍ਹਾਈ ਤੇ ਹੋਰ ਗਤੀਵਿਧੀਆਂ ਵਿੱਚ ਚੰਗੀਆਂ ਪ੍ਰਾਪਤੀਆਂ ਤੋਂ ਵਿਦਿਆਰਥੀਆਂ ਦੇ ਮਾਪੇ ਤੇ ਪਿੰਡ ਨਿਵਾਸੀ ਖੁਸ਼ ਹਨ। ਸਕੂਲ ਦੇ ਅਧਿਆਪਕਾਂ ਗੁਰਦੀਸ਼ ਕੌਰ, ਸਕੂਲ ਇੰਚਾਰਜ ਤੇ ਮਿਸ ਬਬਲਪ੍ਰੀਤ ਵੱਲੋਂ ਵਿਦਿਆਰਥੀਆਂ ਨੂੰ ਟਰੈਕ ਸੂਟ ਦਾਨ ਕਰਨ ਵਾਲੇ ਸਾਰੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

# ਫੇਲ੍ਹ ਹੋਣ 'ਤੇ ਲੜਕੀ ਨੇ ਫਾਹਾ ਲਗਾ ਕੇ ਕੀਤੀ ਖੁਦਕੁਸ਼ੀ, ਡਿਪਲੋਮਾ ਪੇਪਰਾਂ 'ਚੋਂ ਹੋਈ ਸੀ ਫੇਲ੍ਹ

ਮੋਗਾ, 24 ਅਪ੍ਰੈਲ (ਨਿਸ਼ੀ ਮਨਚੰਦਾ): ਮੋਗਾ ਦੇ ਨਜ਼ਦੀਕੀ ਪਿੰਡ ਖੋਸਾ ਰਣਧੀਰ ਦੀ ਰਹਿਣ ਵਾਲੀ ਸਿਮਰਜੀਤ ਕੌਰ (20) ਨੇ ਡਿਪਲੋਮਾ ਦੇ ਪੇਪਰਾਂ ਵਿੱਚ ਫੇਲ੍ਹ ਹੋਣ ਕਾਰਨ ਮਾਨਸਿਕ ਤਣਾਅ ਵਿੱਚ ਆ ਕੇ ਆਪਣੇ ਘਰ ਵਿੱਚ ਹੀ ਫਾਹਾ ਲਗਾ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ। ਇਸ ਸਬੰਧ ਵਿੱਚ ਥਾਣਾ ਕੋਟ ਈਸੇ ਖਾਂ ਦੇ ਸਹਾਇਕ ਥਾਣੇਦਾਰ ਨਛੱਤਰ ਸਿੰਘ ਨੇ ਮ੍ਰਿਤਕਾ ਦੇ ਪਿਤਾ ਜਗਤਾਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਧਾਰਾ 194 ਤਹਿਤ ਕਾਰਵਾਈ ਕਰਦੇ ਹੋਏ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ। ਪੁਲਿਸ ਸੂਤਰਾਂ ਮੁਤਾਬਿਕ ਸਿਮਰਜੀਤ ਕੌਰ ਲੁਧਿਆਣਾ ਵਿੱਚ ਡਿਪਲੋਮਾ ਕਰ ਰਹੀ ਸੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਹਾਲ ਹੀ ਵਿੱਚ ਐਲਾਨੇ ਗਏ ਨਤੀਜਿਆਂ ਵਿੱਚ ਉਹ 2-3 ਵਿਸ਼ਿਆਂ ਵਿੱਚ ਫੇਲ੍ਹ ਹੋ ਗਈ ਸੀ। ਅਸੀਂ ਉਸਨੂੰ ਕਾਫੀ ਸਮਝਾਇਆ, ਪਰ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗ ਪਈ ਸੀ। ਉਨ੍ਹਾਂ ਦੱਸਿਆ ਕਿ ਜਦੋਂ ਅਸੀਂ ਮਜ਼ਦੂਰੀ ਲਈ ਘਰ ਤੋਂ ਬਾਹਰ ਗਏ ਹੋਏ ਸੀ ਤਾਂ ਸਾਡੀ ਧੀ ਘਰ ਵਿੱਚ ਇਕੱਲੀ ਸੀ। ਉਸ ਨੇ ਗਲੇ ਵਿੱਚ ਚੁੰਨੀ ਪਾ ਕੇ ਪੱਖੇ ਨਾਲ ਲਟਕ ਕੇ ਖੁਦਕੁਸ਼ੀ ਕਰ ਲਈ। ਇਸ ਦੀ ਜਾਣਕਾਰੀ ਸਾਨੂੰ ਘਰ ਵਾਪਸ ਆਉਣ 'ਤੇ ਮਿਲੀ, ਜਿਸ ਤੋਂ ਬਾਅਦ ਅਸੀਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ। ਪੁਲਿਸ ਵੱਲੋਂ ਲਾਸ਼ ਨੂੰ ਸਿਵਲ ਹਸਪਤਾਲ ਮੋਗਾ ਵਿੱਚ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ।

# ਐਂਮਬਰੋਜ਼ੀਅਲ ਪਬਲਿਕ ਸਕੂਲ 'ਚ ਚਾਰ ਦਿਨਾਂ ਸਾਲਾਨਾ ਸਪੋਰਟਸ ਮੀਟ ਦਾ ਸ਼ਾਨਦਾਰ ਸਮਾਪਨ: ਸਤਨਾਮ ਸਿੰਘ ਬੁੱਟਰ



ਜ਼ੀਰਾ, 24 ਅਪ੍ਰੈਲ (ਦੀਪਕ ਭਾਰਗੋ): ਐਂਮਬਰੋਜ਼ੀਅਲ ਪਬਲਿਕ ਸਕੂਲ ਵਿੱਚ ਚਾਰ ਦਿਨਾਂ ਤੱਕ ਚੱਲੀ ਸਾਲਾਨਾ ਸਪੋਰਟਸ ਮੀਟ ਦਾ ਸ਼ਾਨਦਾਰ ਤੇ ਸਫਲ ਸਮਾਪਨ ਹੋਇਆ। ਇਹ ਸਪੋਰਟਸ ਮੀਟ ਉਤਸ਼ਾਹ, ਅਨੁਸ਼ਾਸਨ ਤੇ ਖੇਡ ਭਾਵਨਾ ਨਾਲ ਆਯੋਜਿਤ ਕੀਤੀ ਗਈ, ਜਿਸ ਵਿੱਚ ਹਰ ਦਿਨ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਲਈ ਸਮਰਪਿਤ ਕੀਤਾ ਗਿਆ ਤਾਂ ਜੋ ਹਰ ਵਿਦਿਆਰਥੀ ਨੂੰ ਆਪਣੀ ਯੋਗਤਾ ਦਰਸਾਉਣ ਦਾ ਪੂਰਾ ਮੌਕਾ ਮਿਲ ਸਕੇ। ਪਹਿਲਾ ਦਿਨ ਸਮਾਰੋਹਕ ਢੰਗ ਨਾਲ ਸ਼ੁਰੂ ਹੋਇਆ ਜਿਸ ਵਿੱਚ ਸੀਨੀਅਰ ਕਲਾਸਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਾਰਚ ਪਾਸਟ, ਸ਼ਪਥ ਗ੍ਰਹਿਣ ਤੇ ਉਤਸ਼ਾਹ ਭਰਪੂਰ ਮਾਹੌਲ ਨੇ ਪੂਰੀ ਸਪੋਰਟਸ ਮੀਟ ਲਈ ਮਜ਼ਬੂਤ ਬੁਨਿਆਦ ਰੱਖੀ। ਦੂਸਰੇ ਦਿਨ ਪ੍ਰੀ-ਨਰਸਰੀ ਤੋਂ ਦੂਜੀ ਕਲਾਸ ਤੱਕ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਲਈ ਸਮਰਪਿਤ ਸੀ। ਬੱਚਿਆਂ ਨੇ ਖੁਸ਼ੀ ਤੇ ਉਤਸ਼ਾਹ ਨਾਲ ਵੱਖ-ਵੱਖ ਦੌੜਾਂ ਤੇ ਮਨੋਰੰਜਕ ਗਤੀਵਿਧੀਆਂ ਵਿੱਚ ਭਾਗ ਲਿਆ। ਉਨ੍ਹਾਂ ਦੇ ਨਿਰਮਲ ਚਿਹਰੇ ਤੇ ਉਤਸ਼ਾਹ ਭਰੇ ਪ੍ਰਦਰਸ਼ਨ ਨੇ ਸਭ ਦਾ ਮਨ ਮੋਹ ਲਿਆ। ਤੀਜੇ ਦਿਨ ਤੀਜੀ ਤੋਂ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਲਈ ਸਪੋਰਟਸ ਮੁਕਾਬਲੇ ਕਰਵਾਏ ਗਏ। ਚੌਥੇ ਦਿਨ ਛੇਵੀਂ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਨਾਲ ਸਪੋਰਟਸ ਮੀਟ ਦਾ ਸਮਾਪਨ ਹੋਇਆ। ਇਸ ਦਿਨ ਵਿਦਿਆਰਥੀਆਂ ਨੇ ਸ਼ਾਨਦਾਰ ਸਟੈਮਿਨਾ, ਅਨੁਸ਼ਾਸਨ ਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦੇ ਹੋਏ ਤਿੱਖੀ ਪਰ ਨਿਰਪੱਖ ਮੁਕਾਬਲੇਬਾਜ਼ੀ ਪੇਸ਼ ਕੀਤੀ। ਚੇਅਰਮੈਨ ਸਤਨਾਮ ਸਿੰਘ ਬੁੱਟਰ ਨੇ ਆਪਣੇ ਸੰਦੇਸ਼ ਵਿੱਚ ਸਪੋਰਟਸ ਮੀਟ ਦੀ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਖੇਡਾਂ ਸਿਰਫ ਸਰੀਰਕ ਗਤੀਵਿਧੀਆਂ ਨਹੀਂ ਹਨ, ਸਗੋਂ ਇਹ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਨੇਤ੍ਰਿਤਵ ਤੇ ਚਰਿੱਤਰ ਨਿਰਮਾਣ ਦਾ ਮਹੱਤਵਪੂਰਨ ਸਾਧਨ ਹਨ।

# ਸ੍ਰੀ ਹੇਮਕੁੰਟ ਸਕੂਲ ਵਿਖੇ ਕਿੰਡਰਗਾਰਟਨ ਦਾ ਗ੍ਰੈਜੂਏਸ਼ਨ ਸਮਾਰੋਹ ਮਨਾਇਆ



ਜ਼ੀਰਾ, 24 ਅਪ੍ਰੈਲ (ਦੀਪਕ ਭਾਰਗੋ): ਸਥਾਨਕ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਇੰਟਰਨੈਸ਼ਨਲ ਸਕੂਲ, ਜੋ ਕਿ ਉਚ ਗੁਣਵੱਤਾ ਵਾਲੀ ਸਿੱਖਿਆ, ਅਨੁਸ਼ਾਸਨ ਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਜਾਣਿਆ ਜਾਂਦਾ ਹੈ। ਬੱਚਿਆਂ ਨੇ ਹਮੇਸ਼ਾ ਹੀ ਵਿੱਦਿਆ ਦੇ ਖੇਤਰ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅਨੇਕਾਂ ਮੱਲਾਂ ਮਾਰ ਕੇ ਆਪਣਾ-ਆਪਣੇ ਪਰਿਵਾਰ ਤੇ ਮਾਤਾ-ਪਿਤਾ ਦਾ ਨਾਂ ਰੌਸ਼ਨ ਕੀਤਾ ਹੈ। ਇਸ ਦੇ ਚੱਲਦੇ ਹੀ ਸਕੂਲ ਵਿੱਚ ਕਿੰਡਰਗਾਰਟਨ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਲਈ ਤਿੰਨ ਦਿਨਾਂ ਗ੍ਰੈਜੂਏਸ਼ਨ ਸਮਾਰੋਹ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਤਿੰਨ ਦਿਨਾਂ ਦੇ ਚੱਲੇ ਸਮਾਰੋਹ ਦੌਰਾਨ ਸਕੂਲ ਦਾ ਮਾਹੌਲ ਖੁਸ਼ੀ ਤੇ ਉਤਸ਼ਾਹ ਨਾਲ ਭਰਪੂਰ ਰਿਹਾ। ਇਸ ਪ੍ਰੋਗਰਾਮ ਦਾ ਆਰੰਭ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐਮ.ਡੀ.ਰਣਜੀਤ ਕੌਰ ਸੰਧੂ, ਪ੍ਰਿੰਸੀਪਲ ਸੋਨੀਆ ਸ਼ਰਮਾ ਤੇ ਪ੍ਰਿੰਸੀਪਲ ਰਮਨਜੀਤ ਕੌਰ ਤੇ ਹੋਰ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪ੍ਰੋਗਰਾਮ ਦੀ ਸ਼ੁਰੂਆਤ ਮਾਣਯੋਗ ਮਹਿਮਾਨਾਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਕਿੰਡਰਗਾਰਟਨ ਤੋਂ ਗ੍ਰੈਜੂਏਟ ਹੋਣ ਦੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਬੱਚਿਆਂ ਨੇ ਪੈਪੀ ਨੰਬਰਾਂ 'ਤੇ ਡਾਂਸ ਪੇਸ਼ ਕੀਤਾ। ਵਿਦਿਆਰਥੀਆਂ ਦੀ ਇਸ ਪੇਸ਼ਕਸ਼ ਨੇ ਸਭ ਨੂੰ ਮੰਤਰਮੁਗਧ ਕਰ ਦਿੱਤਾ। ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐਮ.ਡੀ.ਰਣਜੀਤ ਕੌਰ ਸੰਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬੱਚਿਆਂ ਦੀ ਬੁਨਿਆਦੀ ਸਿੱਖਿਆ ਉਨ੍ਹਾਂ ਦੇ ਭਵਿੱਖ ਦੀ ਮਜ਼ਬੂਤ ਨੀਂਹ ਹੁੰਦੀ ਹੈ। ਉਨ੍ਹਾਂ ਮਾਪਿਆਂ ਤੇ ਅਧਿਆਪਕਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਦੇ ਸਾਂਝੇ ਯਤਨਾਂ ਨਾਲ ਹੀ ਬੱਚੇ ਉਚੀਆਂ ਉਡਾਨਾਂ ਭਰ ਸਕਦੇ ਹਨ। ਪ੍ਰਿੰਸੀਪਲ ਸੋਨੀਆ ਸ਼ਰਮਾ ਨੇ ਗ੍ਰੈਜੂਏਟਾਂ ਨੂੰ ਉਨ੍ਹਾਂ ਦੀ ਸਖਤ ਮਿਹਨਤ, ਲਗਨ ਤੇ ਪ੍ਰਾਪਤੀਆਂ 'ਤੇ ਵਧਾਈ ਦਿੱਤੀ।

# ਸਰਬਜੀਤ ਸਿੰਘ ਰੌਲੀ ਨੂੰ ਸਦਮਾ, ਚਾਚੀ ਦਾ ਦੇਹਾਂਤ, ਵੱਖ-ਵੱਖ ਆਗੂਆਂ ਵੱਲੋਂ ਦੁੱਖ ਸਾਂਝਾ



ਮੋਗਾ, 24 ਅਪ੍ਰੈਲ (ਸਰਬਜੀਤ ਰੌਲੀ): ਮੋਗਾ ਤੋਂ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਰੌਲੀ ਨੂੰ ਉਸ ਵਕਤ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੀ ਸਤਿਕਾਰਯੋਗ ਚਾਚੀ ਤੇ ਹਰਜੀਤ ਸਿੰਘ ਰਾਜੂ ਤੇ ਗੁਰਮੇਲ ਸਿੰਘ ਨਿੱਕਾ ਮਨੀਲਾ ਦੀ ਮਾਤਾ ਮਨਜੀਤ ਕੌਰ ਸੰਖੇਪ ਬਿਮਾਰੀ ਕਾਰਨ ਅਚਾਨਕ ਸਦੀਵੀ ਵਿਛੋੜਾ ਦੇ ਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਵਿਰਾਜੇ। ਬੀਤੇ ਕੱਲ੍ਹ ਸੈਂਕੜੇ ਤਾਦਾਦ ਵਿੱਚ ਪੁੱਜੇ ਲੋਕਾਂ ਨੇ ਮਾਤਾ ਮਨਜੀਤ ਕੌਰ ਨੂੰ ਅੰਤਿਮ ਵਿਦਾਈ ਦਿੱਤੀ, ਇਸ ਦੁਖਦਾਈ ਸਮੇਂ ਵਿੱਚ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਧਾਰਮਿਕ, ਰਾਜਨੀਤਿਕ ਤੋਂ ਇਲਾਵਾ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ। ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਰੌਲੀ ਵਾਲੇ, ਬਾਬਾ ਤੇਗਾ ਸਿੰਘ, ਬਾਬਾ ਰਛਪਾਲ ਸਿੰਘ, ਬਰਜਿੰਦਰ ਸਿੰਘ ਮੱਖਣ ਬਰਾੜ, ਨਿਹਾਲ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ, ਖਣਮੁੱਖ ਭਾਰਤੀ ਪੱਤੋਂ ਜ਼ਿਲ੍ਹਾ ਸ਼ਹਿਰੀ ਪ੍ਰਧਾਨ, ਜਥੇ. ਤੀਰਥ ਸਿੰਘ ਮਾਹਲਾ ਮੈਂਬਰ ਕੋਰ ਕਮੇਟੀ, ਡਾ. ਅਮਨਦੀਪ ਕੌਰ ਅਰੋੜਾ ਹਲਕਾ ਵਿਧਾਇਕ ਮੋਗਾ, ਰਾਜਿੰਦਰ ਸਿੰਘ ਡੱਲਾ ਸੀਨੀਅਰ ਅਕਾਲੀ ਆਗੂ, ਸੰਜੀਤ ਸਿੰਘ ਸਨੀ ਗਿੱਲ ਹਲਕਾ ਇੰਚਾਰਜ ਮੋਗਾ, ਹਰਪ੍ਰੀਤ ਹੀਰੋ ਸੀਨੀਅਰ ਅਕਾਲੀ ਆਗੂ ਮੱਖੂ, ਸੁਖਵਿੰਦਰ ਸਿੰਘ ਬਰਾੜ ਸੀਨੀਅਰ ਆਗੂ, ਮਲਕਾ ਸੂਦ ਸੱਚਰ ਹਲਕਾ ਇੰਚਾਰਜ ਮੋਗਾ, ਸੁਖਮੰਦਰ ਸਿੰਘ ਇੰਚਾਰਜ ਟ੍ਰੈਫਿਕ ਪੁਲਿਸ ਮੋਗਾ, ਭੂਪਿੰਦਰ ਸਿੰਘ ਦੌਲਤਪੁਰਾ ਕਿਸਾਨ ਆਗੂ ਬੀਕੇਯੂ ਲੱਖੋਵਾਲ, ਗੁਰਬਿੰਦਰ ਸਿੰਘ ਸਿੰਘਾਵਾਲਾ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬੂਟਾ ਸਿੰਘ ਦੌਲਤਪੁਰਾ, ਰਾਜਵੰਤ ਸਿੰਘ ਮਾਹਲਾ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਸਾਬਕਾ ਸਰਪੰਚ ਜੁਗਰਾਜ ਸਿੰਘ ਰਾਜਾ, ਗੁਰਬਿੰਦਰ ਸਿੰਘ ਕੌਂਕੀ ਸਰਪੰਚ, ਅੰਗਰੇਜ ਸਿੰਘ ਸੰਘਾ ਡਰੋਲੀ ਭਾਈ, ਲਵਜੀਤ ਸਿੰਘ ਦੱਦਾਹੂਰ, ਜੱਗਾ ਪੰਡਤ ਧੱਲੇਕੇ, ਜਰਨੈਲ ਸਿੰਘ ਬਿੱਟੂ ਸਰਪੰਚ, ਬਸੰਤ ਸਿੰਘ ਪ੍ਰਧਾਨ, ਪ੍ਰਿੰਸੀਪਲ ਦਰਸ਼ਨ ਸਿੰਘ ਬੁੱਟਰ, ਸਰਪੰਚ ਤੀਰਥ ਸਿੰਘ ਸਿੰਘਾਵਾਲਾ, ਸੁਖਮੰਦਰ ਸਿੰਘ ਪੱਪੂ, ਮੰਦਰ ਸਿੰਘ ਗਿੱਲ, ਕੁਲਵਿੰਦਰ ਸਿੰਘ ਕਿੰਦੋ ਕੋਕਰੀ, ਜਗਦੀਪ ਸਿੰਘ ਸੈਦੋਕੇ ਸਿੰਘ ਮੇਜਰ ਸਿੰਘ ਰੌਲੀ, ਸਾਬਕਾ ਸਰਪੰਚ ਕੁਲਵੰਤ ਸਿੰਘ ਤਖਾਣ ਵੱਧ, ਬਲਵਿੰਦਰ ਸਿੰਘ ਗਿੱਲ, ਕੁਲਵੰਤ ਸਿੰਘ ਕੰਤਾ ਸੁਸਾਇਟੀ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰਿਸ਼ਤੇਦਾਰਾਂ ਦੋਸਤਾਂ ਮਿੱਤਰਾਂ ਤੇ ਸੁਨੇਹੀਆਂ ਨੇ ਦੁਖਦਾਈ ਘੜੀ ਵਿੱਚ ਪਰਿਵਾਰ ਨਾਲ ਮਿਲ ਕੇ ਦੁੱਖ ਸਾਂਝਾ ਕੀਤਾ।

# ਡੀਈਓ ਪ੍ਰਾਇਮਰੀ ਵੱਲੋਂ ਸਕੂਲਾਂ 'ਚ ਗੁਣਾਤਮਕ ਸਿੱਖਿਆ ਮਜ਼ਬੂਤ ਕਰਨ ਸਬੰਧੀ ਅਹਿਮ ਮੀਟਿੰਗ



ਫ਼ਿਰੋਜ਼ਪੁਰ, 24 ਅਪ੍ਰੈਲ (ਤਿਵਾੜੀ): ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਫ਼ਿਰੋਜ਼ਪੁਰ ਸੁਨੀਤਾ ਰਾਣੀ ਦੀ ਪ੍ਰਧਾਨਗੀ ਹੇਠ ਸਪ੍ਰਸ ਮਾਡਲ ਸਕੂਲ ਵਿਖੇ ਅਕੈਡਮਿਕ ਸਪੋਰਟ ਗਰੁੱਪ ਦੀ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਡੀਆਰਸੀ ਸੁਭਾਸ਼ ਚੰਦਰ ਮੌਜੂਦ ਰਹੇ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਕੂਲਾਂ ਵਿੱਚ ਗੁਣਾਤਮਕ ਸਿੱਖਿਆ ਨੂੰ ਹੋਰ ਮਜ਼ਬੂਤ ਬਣਾਉਣਾ ਤੇ ਯੋਜਨਾਵਾਂ ਦੀ ਸੁਚੱਜੇ ਢੰਗ ਨਾਲ ਲਾਗੂ ਨੂੰ ਯਕੀਨੀ ਬਣਾਉਣਾ ਸੀ। ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਗੁਣਾਤਮਕ ਸਿੱਖਿਆ ਅਧੀਨ ਮਿਸ਼ਨ ਸਮਰੱਥ 4.0 ਨੂੰ ਸਕੂਲ ਪੱਧਰ 'ਤੇ ਪੂਰੀ ਤਰ੍ਹਾਂ ਲਾਗੂ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਮੋਨੀਟਰਿੰਗ ਤੇ ਆਬਜ਼ਰਵੇਸ਼ਨ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਨਿਰਦੇਸ਼ ਜਾਰੀ ਕੀਤੇ ਗਏ। ਡੀ.ਈ.ਓ. ਵੱਲੋਂ ਇਸ ਗੱਲ 'ਤੇ ਖ਼ਾਸ ਜ਼ੋਰ ਦਿੱਤਾ ਗਿਆ ਕਿ ਹਰ ਸਕੂਲ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਨਿਰੰਤਰ ਸੁਧਾਰ ਹੋਣਾ ਚਾਹੀਦਾ ਹੈ। ਵਿੱਦਿਆ ਪ੍ਰਵੇਸ਼ ਪ੍ਰੋਗਰਾਮ ਨੂੰ ਢੰਗ ਨਾਲ ਲਾਗੂ ਕਰਨ ਸਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਬੱਚਿਆਂ ਦੀ ਬੁਨਿਆਦੀ ਸਿੱਖਣ ਸਮਰੱਥਾ ਨੂੰ ਮਜ਼ਬੂਤ ਕਰਨ ਲਈ ਇਸ ਪ੍ਰੋਗਰਾਮ ਦੀ ਅਹਿਮੀਅਤ ਉਭਾਰੀ ਗਈ। ਇਸ ਦੌਰਾਨ ਸਕੂਲਾਂ ਵਿੱਚ ਟੀਚਿਆਂ ਦੇ ਚਾਰਟ, ਸਮਾਂ-ਸਾਰਣੀ ਤੇ ਵਿਦਿਆਰਥੀਆਂ ਦੀ ਪੱਧਰ ਅਨੁਸਾਰ ਗਰੁਪਿੰਗ ਬਾਰੇ ਵੀ ਵਿਚਾਰ ਕੀਤਾ ਗਿਆ। ਉਨ੍ਹਾਂ ਨੇ ਸਪਲੀਮੈਂਟਰੀ ਮਟੀਰੀਅਲ ਤੇ ਵਰਕਬੁੱਕਾਂ ਦੀ ਵਰਤੋਂ ਸਬੰਧੀ ਰਿਪੋਰਟਾਂ ਦੀ ਸਮੀਖਿਆ ਕਰਦੇ ਹੋਏ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਸਾਧਨ ਬੱਚਿਆਂ ਦੇ ਅਧਿਐਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦਗਾਰ ਸਾਬਤ ਹੋਣ। ਇਸ ਦੇ ਨਾਲ ਹੀ ਸਕੂਲ ਲਾਇਬ੍ਰੇਰੀਆਂ ਦੀ ਹਾਲਤ ਤੇ ਕਿਤਾਬਾਂ ਦੀ ਵੰਡ ਬਾਰੇ ਵੀ ਜਾਣਕਾਰੀ ਲਈ ਗਈ। ਗੁਣਾਤਮਕ ਸਿੱਖਿਆ ਨਾਲ ਸਬੰਧਤ ਸਕੂਲਾਂ ਨੂੰ ਮਿਲ ਰਹੀਆਂ ਗ੍ਰਾਂਟਾਂ ਦੀ ਸੁਚੱਜੀ ਤੇ ਪਾਰਦਰਸ਼ੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਵੀ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ।

# ਲਾਭਪਾਤਰੀ ਟੀਕਾਕਰਨ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ: ਡਾ. ਮੀਨਾਕਸ਼ੀ



ਫ਼ਿਰੋਜ਼ਪੁਰ, 24 ਅਪ੍ਰੈਲ (ਤਿਵਾੜੀ): ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ 24 ਤੋਂ 30 ਅਪ੍ਰੈਲ ਤੱਕ ਵਿਸ਼ਵ ਟੀਕਾਕਰਨ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਮੀਨਾਕਸ਼ੀ ਢੀਂਗਰਾ ਨੇ ਦੱਸਿਆ ਕਿ ਇਸ ਟੀਕਾਕਰਨ ਮੁਹਿੰਮ ਦਾ ਮੁੱਖ ਮੰਤਵ ਆਮ ਲੋਕਾਂ ਨੂੰ ਟੀਕਾਕਰਨ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਤੇ ਟੀਕਿਆਂ ਰਾਹੀਂ ਰੋਕੀਆਂ ਜਾ ਸਕਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਸਮੂਹਕ ਯਤਨਾਂ ਨੂੰ ਤੇਜ਼ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਹਫ਼ਤੇ ਦੌਰਾਨ ਉਚ ਜ਼ੋਖਮ ਵਾਲੇ ਸਾਰੇ ਖੇਤਰਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾਣਗੇ ਤੇ ਜਾਗਰੂਕਤਾ ਸਰਗਰਮੀਆਂ ਕੀਤੀਆਂ ਜਾਣਗੀਆਂ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਤੇ ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਦੱਸਿਆ ਕਿ ਇਹ ਕੈਂਪ ਵਿਸ਼ੇਸ਼ ਤੌਰ 'ਤੇ ਪ੍ਰਵਾਸੀ ਆਬਾਦੀ ਵਾਲੇ ਖੇਤਰਾਂ, ਝੁੱਗੀਆਂ, ਬਸਤੀਆਂ ਆਦਿ ਵਿੱਚ ਰਹਿਣ ਵਾਲੀਆਂ ਗਰਭਵਤੀ ਔਰਤਾਂ ਤੇ ਛੋਟੇ ਬੱਚਿਆਂ ਨੂੰ ਕਵਰ ਕਰਨ ਕਰਨਗੇ। ਸ਼ਹਿਰੀ ਖੇਤਰਾਂ ਤੇ ਪ੍ਰਵਾਸੀ ਆਬਾਦੀ ਵਾਲੇ ਇਲਾਕਿਆਂ ਵਿੱਚ ਟੀਕਾਕਰਨ ਕਵਰੇਜ ਵਧਾਉਣ ਲਈ ਕੈਂਪ ਲਗਾਏ ਜਾਣਗੇ ਤਾਂ ਕਿ ਕੋਈ ਵੀ ਬੱਚਾ ਜਾਂ ਗਰਭਵਤੀ ਮਹਿਲਾ ਟੀਕਾਕਰਨ ਤੋਂ ਵਾਂਝਾ ਨਾ ਰਹੇ। ਜਾਗਰੂਕਤਾ ਵਧਾਉਣ ਲਈ ਆਈ.ਈ.ਸੀ. ਗਤੀਵਿਧੀਆਂ ਵੀ ਕੀਤੀਆਂ ਜਾਣਗੀਆਂ, ਖਾਸ ਕਰਕੇ ਸ਼ਹਿਰੀ ਤੇ ਮਾਈਗ੍ਰੇਟਰੀ ਆਬਾਦੀ ਵਾਲੇ ਖੇਤਰਾਂ ਵਿੱਚ, ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੇ ਕਰਮਚਾਰੀ ਘਰ-ਘਰ ਜਾ ਕੇ ਵੀ ਲੋਕਾਂ ਨੂੰ ਟੀਕਾਕਰਨ ਬਾਰੇ ਪ੍ਰੇਰਿਤ ਕਰਨਗੇ।

# ਅਕਾਲੀ ਦਲ 'ਵਾਰਿਸ ਪੰਜਾਬ ਦੇ' ਵੱਲੋਂ ਪੰਥਕ ਇਕੱਤਰਤਾ ਭਲਕੇ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਅਕਾਲੀ ਦਲ'ਵਾਰਿਸ ਪੰਜਾਬ ਦੇ' ਵੱਲੋਂ 26 ਅਪ੍ਰੈਲ ਨੂੰ ਲੁਧਿਆਣਾ ਵਿਖੇ ਵਿਸ਼ਾਲ ਪੰਥਕ ਇਕੱਤਰਤਾ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਸਬੰਧੀ ਇੱਕ ਪ੍ਰੈੱਸ ਕਾਨਫਰੰਸ ਦਾ ਅੱਜ ਇੱਥੇ ਆਯੋਜਨ ਕੀਤਾ ਗਿਆ। ਪ੍ਰੈੱਸ ਕਾਨਫਰੰਸ ਨੂੰ ਪਾਰਟੀ ਦੇ ਪੰਜਾਬ ਕੋਆਰਡੀਨੇਟਰ ਪਰਮਜੀਤ ਸਿੰਘ ਜੌਹਲ ਤੋਂ ਇਲਾਵਾ, ਸੀਨੀਅਰ ਆਗੂ ਰਾਜੀਵ ਕੁਮਾਰ ਲਵਲੀ, ਸ਼੍ਰੀ ਫਤਿਹਗੜ੍ਹ ਸਾਹਿਬ ਦੇ ਕੋਆਰਡੀਨੇਟਰ ਸੰਦੀਪ ਸਿੰਘ ਰੁਪਾਲੋਂ, ਪੰਥਕ ਇਕੱਤਰਤਾ ਦੇ ਆਯੋਜਕ ਗੁਰਪ੍ਰੀਤ ਸਿੰਘ ਸੋਨੂੰ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਪ੍ਰੈੱਸ ਕਾਨਫਰੰਸ ਦੀ ਸ਼ੁਰੂਆਤ ਕਰਦਿਆਂ, ਸੀਨੀਅਰ ਆਗੂ ਲਵਲੀ ਅਤੇ ਸੋਨੂੰ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਤਤਪਰ ਹੈ। ਉਨ੍ਹਾਂ ਨੇ ਕਿਹਾ ਕਿ ਪਾਰਟੀ ਵੱਲੋਂ 26 ਅਪ੍ਰੈਲ ਨੂੰ ਲੁਧਿਆਣਾ ਵਿਖੇ ਦੁਪਹਿਰ 12 ਵਜੇ ਲੁਧਿਆਣਾ ਸਥਿਤ ਆਸ਼ਾ ਰਾਣੀ ਪਾਰਕ, 33 ਫੁੱਟਾ ਰੋਡ, ਨੇੜੇ ਰਾਮ ਨਗਰ, ਮੁੰਡੀਆਂ ਕਲਾਂ ਵਿਖੇ ਇੱਕ ਵਿਸ਼ਾਲ ਪੰਥਕ ਇਕੱਤਰਤਾ ਕੀਤੀ ਜਾ ਰਹੀ ਹੈ। ਜਿਸ ਵਿਚ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਸਣੇ ਸੀਨੀਅਰ ਅਗਵਾਈ ਸ਼ਾਮਿਲ ਹੋਵੇਗੀ। ਉਹਨਾਂ ਨੇ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਪ੍ਰਤੀ ਲੋਕਾਂ ਵਿੱਚ ਭਾਰੀ ਉਤਸਾਹ ਹੈ ਅਤੇ ਵੱਡੀ ਗਿਣਤੀ ਵਿੱਚ ਲੋਕ ਆਪਣੀ ਸ਼ਮੂਲੀਅਤ ਦਰਜ ਕਰਵਾਉਣਗੇ। ਪਰਮਜੀਤ ਸਿੰਘ ਜੌਹਲ ਨੇ ਕਿਹਾ ਕਿ ਅੰਮ੍ਰਿਤਪਲ ਨੇ ਪੰਜਾਬ ਦੀ ਭਲਾਈ ਵਾਸਤੇ ਕੰਮ ਕੀਤਾ, ਲੇਕਿਨ ਸੂਬੇ ਤੇ ਕੇਂਦਰ ਦੀਆਂ ਸਰਕਾਰਾਂ ਨੇ ਸਾਜਿਸ਼ ਤਹਿਤ ਉਨ੍ਹਾਂ ਉਪਰ ਐਨਐਸਏ ਦਾ ਝੂਠਾ ਮਾਮਲਾ ਲਗਾ ਕੇ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ। ਜਦਕਿ ਹੁਣ ਭਾਈ ਅੰਮ੍ਰਿਤਪਾਲ ਤੇ ਲੱਗਿਆ ਐਨਐਸਏ ਖਤਮ ਹੋ ਚੁੱਕਾ ਹੈ, ਅਤੇ ਜੇਕਰ ਕੋਈ ਅਪਰਾਧ ਬਣਦਾ ਹੈ, ਤਾਂ ਪੰਜਾਬ ਦੇ ਅਪਰਾਧ ਲਈ ਇੱਥੇ ਹੀ ਕੇਸ ਚਲਾਇਆ ਜਾਣਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਉੱਪਰ ਕੇਸ ਪੰਜਾਬ ਵਿੱਚ ਦਰਜ ਹੋਏ ਹਨ, ਤਾਂ ਉਸਦੀ ਕਾਰਵਾਈ ਅਸਾਮ ਵਿੱਚ ਕਿਉਂ ਚੱਲੇ। ਉਨ੍ਹਾਂ ਨੇ ਐਲਾਨ ਕੀਤਾ ਕਿ ਭਾਈ ਅੰਮ੍ਰਿਤਪਾਲ ਸਿੰਘ ਹੀ ਆਉਂਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪਾਰਟੀ ਦੇ ਮੁੱਖ ਮੰਤਰੀ ਅਹੁਦੇ ਦੇ ਚਿਹਰੇ ਹੋਣਗੇ।ਜੌਹਲ ਨੇ ਸਪੱਸ਼ਟ ਕੀਤਾ ਕਿ ਪਾਰਟੀ ਦੀ ਵਿਚਾਰਧਾਰਾ ਵਿੱਚ ਸਾਰੇ ਵਰਗਾਂ ਦਾ ਸਵਾਗਤ ਹੈ, ਫਿਰ ਭਾਵੇਂ ਉਹ ਹਿੰਦੂ, ਸਿੱਖ, ਮੁਸਲਮਾਨ ਆਦਿ ਕਿਸੇ ਵੀ ਧਰਮ ਨਾਲ ਸਬੰਧਤ ਹੋਵੇ, ਸਿਰਫ ਉਸਦਾ ਚਰਿੱਤਰ ਸਾਫ ਹੋਣਾ ਚਾਹੀਦਾ ਹੈ। ਜਦਕਿ ਅਕਾਲੀ ਦਲ ਪੁਨਰ ਸੁਰਜੀਤ ਨਾਲ ਗੱਠਜੋੜ ਬਾਰੇ ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਇਸ ਬਾਰੇ ਅਤੇ ਸਮਾਨ ਵਿਚਾਰਧਾਰਾ ਵਾਲੀਆਂ ਜੱਥੇਬੰਦੀਆਂ ਨੂੰ ਨਾਲ ਤਾਲਮੇਲ ਸਥਾਪਤ ਕਰਨ ਲਈ ਇਕ 8 ਮੈਂਬਰੀ ਕਮੇਟੀ ਦਾ ਵੀ ਗਠਨ ਕੀਤਾ ਗਿਆ ਹੈ। ਰੁਪਾਲੋਂ ਨੇ ਕਿਹਾ ਕਿ 'ਅਕਾਲੀ ਦਲ ਵਾਰਿਸ ਪੰਜਾਬ ਦੇ' ਨੂੰ ਲੋਕਾਂ ਦਾ ਮਿਲ ਰਿਹਾ ਭਾਰੀ ਸਮਰਥਨ ਦਰਸਾਉਂਦਾ ਹੈ ਕਿ ਸਾਲ 2027 ਦੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਅੰਦਰ ਪੰਥਕ ਸਰਕਾਰ ਬਣਨ ਜਾ ਰਹੀ ਹੈ, ਜਿਹੜੀ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲੇਗੀ।ਇਸ ਮੌਕੇ ਇੰਦਰਜੀਤ ਸਿੰਘ ਐਡਵੋਕੇਟ, ਭਾਈ ਦੀਪ ਸਿੱਧੂ ਦੇ ਪੁਰਾਣੇ ਸਾਥੀ ਰਹੇ ਗੁਰਦੀਪ ਸਿੰਘ ਪ੍ਰਿੰਸ, ਹਰਪਾਲ ਸਿੰਘ ਕੋਹਲੀ, ਮਨਜੀਤ ਸਿੰਘ ਬੱਲ, ਬਾਬਾ ਦਰਸ਼ਨ ਸਿੰਘ ਪੰਚ, ਪ੍ਰਗਟ ਸਿੰਘ, ਰਿੰਕੂ ਰਠੌਰ, ਮਧੂ ਸੂਦਨ, ਅਵਤਾਰ ਸਿੰਘ, ਸੁਰਜੀਤ ਸਿੰਘ, ਗੁਰਵਿੰਦਰ ਸਿੰਘ, ਜੋਰਾ ਸਿੰਘ, ਮਨਮੋਹਨ ਸਿੰਘ, ਜਸਰਾਜ ਸਿੰਘ, ਜਸਵੀਰ ਸਿੰਘ, ਅਮ੍ਰਿਤਪਾਲ ਸਿੰਘ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ, ਗੁਰਚਰਨ ਸਿੰਘ ਚੌਹਾਨ, ਸ਼ੁਭ ਸ਼ਰਮਾ ਹਰਮੀਤ ਸਿੰਘ, ਦਾਨ ਸਿੰਘ ਵੀ ਮੌਜੂਦ ਰਹੇ।

# ਵਿਧਾਇਕ ਛੀਨਾ ਵੱਲੋਂ ਗਲ਼ੀਆਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਅੱਜ ਵਾਰਡ ਨੰਬਰ 33 ਅਧੀਨ ਕਰਮਜੀਤ ਨਗਰ ਅਤੇ ਸਤਿਗੁਰੂ ਨਗਰ ਵਿੱਚ ਲਗਭਗ 72 ਲੱਖ ਰੁਪਏ ਦੀ ਲਾਗਤ ਨਾਲ ਆਰ.ਐਮ.ਸੀ. ਗਲੀਆਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਇਲਾਕੇ ਦੇ ਵਸਨੀਕਾਂ ਨੇ ਦੱਸਿਆ ਕਿ ਪਿਛਲੇ ਲੱਗਭੱਗ 20 ਸਾਲਾਂ ਤੋਂ ਇਹ ਗਲੀਆਂ ਬਹੁਤ ਹੀ ਖਰਾਬ ਹਾਲਤ ਵਿੱਚ ਸਨ ਅਤੇ ਕਿਸੇ ਵੀ ਸਰਕਾਰ ਜਾਂ ਨੁਮਾਇੰਦੇ ਵੱਲੋਂ ਇਸ ਵੱਲ ਧਿਆਨ ਨਹੀਂ ਦਿੱਤਾ ਗਿਆ। ਲੋਕਾਂ ਨੇ ਖੁਸ਼ੀ ਜਤਾਉਂਦੇ ਹੋਏ ਕਿਹਾ ਕਿ ਇਹ ਕੰਮ ਸਿਰਫ਼ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਹੀ ਕਰਵਾਇਆ ਗਿਆ ਹੈ, ਜਿਸ ਨਾਲ ਇਲਾਕਾ ਨਿਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਇਸ ਦੌਰਾਨ ਲੋਕਾਂ ਨੇ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਸੱਚਮੁੱਚ ਆਮ ਲੋਕਾਂ ਦੀ ਸਰਕਾਰ ਹੈ ਜੋ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰ ਰਹੀ ਹੈ। ਵਿਧਾਇਕ ਛੀਨਾ ਨੇ ਕਿਹਾ ਕਿ ਜਿੱਥੇ ਸਾਲਾਂ ਤੱਕ ਲੋਕ ਬੁਨਿਆਦੀ ਸਹੂਲਤਾਂ ਤੋਂ ਵੰਚਿਤ ਰਹੇ, ਉੱਥੇ ਹੁਣ ਵਿਕਾਸ ਦੀ ਨਵੀਂ ਸ਼ੁਰੂਆਤ ਹੋ ਚੁੱਕੀ ਹੈ। ਇਹ ਸਿਰਫ਼ ਇੱਕ ਪ੍ਰੋਜੈਕਟ ਨਹੀਂ, ਸਗੋਂ ਪੁਰਾਣੀ ਅਣਡਿੱਠੀ ਦਾ ਕਰਾਰਾ ਜਵਾਬ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰੋਸਾ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਉਹ ਇਸ ਭਰੋਸੇ 'ਤੇ ਖਰਾ ਉਤਰਦੇ ਹੋਏ ਇਲਾਕੇ ਦੇ ਹਰ ਗਲੀ-ਮੁਹੱਲੇ ਵਿੱਚ ਵਿਕਾਸ ਦੇ ਕੰਮ ਲਗਾਤਾਰ ਕਰਵਾ ਰਹੇ ਹਨ। ਇਸ ਮੌਕੇ ਰਾਜਿੰਦਰ ਸ਼ਰਮਾ (ਬਲਾਕ ਕੋਆਰਡੀਨੇਟਰ, ਟ੍ਰੇਡ ਵਿੰਗ), ਮਮਤਾ ਸ਼ਰਮਾ (ਬਲਾਕ ਕੋਆਰਡੀਨੇਟਰ, ਮਹਿਲਾ ਵਿੰਗ), ਧਰੀਂਦਰ ਸ਼ਾਹ (ਮੋਹੱਲਾ ਪ੍ਰਧਾਨ, ਕਰਮਜੀਤ ਨਗਰ), ਮੋਹੰਮਦ ਆਸ਼ਿਕ, ਰਿੰਕੂ, ਲਲਿਤਾ, ਮਨੀਸ਼ਾ, ਸ਼ਾਂਤੀ ਅਤੇ ਲੇਡੀ ਵਿੰਗ ਟੀਮ ਦੇ ਨਾਲ ਸਥਾਨਕ ਵਸਨੀਕ ਵੀ ਮੌਜੂਦ ਸਨ।

# ਪ੍ਰਸ਼ਾਸਨ ਨੇ 'ਫਿਊਚਰ ਟਾਈਕੂਨ' ਪੁਰਸਕਾਰ ਸਮਾਰੋਹ ਵਿੱਚ ਉੱਦਮੀਆਂ ਦਾ ਕੀਤਾ ਸਨਮਾਨ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ) : ਜ਼ਿਲ੍ਹਾ ਪ੍ਰਸ਼ਾਸਨ ਨੇ ਸ਼ੁੱਕਰਵਾਰ ਨੂੰ ਫਿਊਚਰ ਟਾਈਕੂਨ ਪ੍ਰੋਗਰਾਮ ਦਾ ਪੁਰਸਕਾਰ ਅਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ, ਜੋ ਕਿ ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਨੌਕਰੀ ਲੱਭਣ ਵਾਲਿਆਂ ਨੂੰ ਨੌਕਰੀ ਸਿਰਜਣਹਾਰਾਂ ਵਿੱਚ ਬਦਲਣ ਦੇ ਉਦੇਸ਼ ਨਾਲ ਇੱਕ ਉੱਦਮੀ ਪਹਿਲਕਦਮੀ ਦੇ ਸਫਲ ਸਿੱਟੇ ਵਜੋਂ ਦਰਸਾਇਆ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਦੁਆਰਾ 15 ਅਗਸਤ, 2024 ਨੂੰ ਸਟਾਰਟਅੱਪ ਪੰਜਾਬ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਇਸ ਪ੍ਰੋਗਰਾਮ ਨੂੰ 4,600 ਤੋਂ ਵੱਧ ਅਰਜ਼ੀਆਂ ਨਾਲ ਭਰਵਾਂ ਹੁੰਗਾਰਾ ਮਿਲਿਆ। ਇੱਕ ਸਖ਼ਤ ਬਹੁ-ਪੜਾਵੀ ਚੋਣ ਪ੍ਰਕਿਰਿਆ ਤੋਂ ਬਾਅਦ, ਜਿਸ ਵਿੱਚ ਵਿਚਾਰ ਸਕ੍ਰੀਨਿੰਗ, ਬੂਟਕੈਂਪ ਅਤੇ ਜਿਊਰੀ ਦੌਰ ਸ਼ਾਮਲ ਸਨ, 25 ਫਾਈਨਲਿਸਟ ਟੀਮਾਂ ਉੱਭਰ ਕੇ ਸਾਹਮਣੇ ਆਈਆਂ ਜੋ ਕਿ ਭਾਗੀਦਾਰਾਂ ਦੇ ਸਿਖਰਲੇ 0.5 ਫੀਸਦੀ ਦੀ ਨੁਮਾਇੰਦਗੀ ਕਰਦੀਆਂ ਸਨ। ਇਸ ਪਹਿਲਕਦਮੀ ਵਿੱਚ ਓਪਨ, ਵਿਦਿਆਰਥੀ, ਔਰਤਾਂ, ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਅਤੇ ਸਸਟੇਨੇਬਲ ਐਗਰੀਕਲਚਰ ਵਰਗੀਆਂ ਕਈ ਸ਼੍ਰੇਣੀਆਂ ਸ਼ਾਮਲ ਸਨ। 16 ਅਪ੍ਰੈਲ, 2026 ਨੂੰ ਹੋਏ ਗ੍ਰੈਂਡ ਫਿਨਾਲੇ ਦੌਰਾਨ ਫਾਈਨਲਿਸਟਾਂ ਨੇ ਆਪਣੇ ਨਵੀਨਤਾਕਾਰੀ ਵਿਚਾਰ ਪੇਸ਼ ਕੀਤੇ। ਓਪਨ ਸ਼੍ਰੇਣੀ ਵਿੱਚ ਗੌਰਵ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਰਾਜੀਵ ਕੁਮਾਰ ਅਤੇ ਮਨਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਮਹਿਲਾ ਸ਼੍ਰੇਣੀ ਵਿੱਚ ਡਾ. ਨੀਲਮ ਸੋਢੀ ਪਹਿਲੇ ਸਥਾਨ 'ਤੇ ਰਹੇ, ਵਾਸੂ ਸਿੰਘ ਅਤੇ ਸ਼ਰੂਤੀ ਗੋਇਲ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੀ ਸ਼੍ਰੇਣੀ ਵਿੱਚ ਕੌਰ ਸਿੰਘ ਗਰੇਵਾਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਚਾਹਤ ਗੋਇਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀ ਸ਼੍ਰੇਣੀ ਵਿੱਚ ਯਸ਼ਿਕ ਜੈਨ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਅਰਮਾਨਜੋਤ ਸਿੰਘ ਤੇ ਪ੍ਰੀਸ਼ਾ ਸਾਹੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸਸਟੇਨੇਬਲ ਐਗਰੀਕਲਚਰ ਸ਼੍ਰੇਣੀ ਵਿੱਚ ਅਦਿਤੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਅਨਮੋਲ ਭਾਟੀਆ ਅਤੇ ਡਾ. ਰੁਚਿਕਾ ਨੇ ਸਾਂਝੇ ਤੌਰ 'ਤੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਡਾ. ਵਿਪਾਸ਼ਾ ਤੀਜੇ ਸਥਾਨ 'ਤੇ ਰਹੇ।

# RAMP ਸਕੀਮ ਅਧੀਨ ਗੈਬਰੀਅਲ ਇੰਡੀਆ ਲਿਮਟਿਡ ਦਾ ਉਦਯੋਗਿਕ ਐਕਸਪੋਜ਼ਰ ਦੌਰਾ



ਚੰਡੀਗੜ੍ਹ/ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ): ਮੈਗਸੀਪਾ ਨੇ ਜ਼ਿਲ੍ਹਾ ਉਦਯੋਗ ਕੇਂਦਰ ਲੁਧਿਆਣਾ ਦੇ ਸਹਿਯੋਗ ਨਾਲ, ਭਾਰਤ ਸਰਕਾਰ ਦੀ ਰਾਈਜ਼ਿੰਗ ਐਂਡ ਐਕਸੀਲੇਰੇਟਿੰਗ MSME ਪਰਫਾਰਮੈਂਸ (RAMP) ਸਕੀਮ ਅਧੀਨ ਗੈਬਰੀਅਲ ਇੰਡੀਆ ਲਿਮਟਿਡ, ਪਰਵਾਣੂ (ਹਿਮਾਚਲ ਪ੍ਰਦੇਸ਼) ਦਾ ਅੰਤਰ-ਰਾਜੀ ਉਦਯੋਗਿਕ ਐਕਸਪੋਜ਼ਰ ਦੌਰਾ ਕੀਤਾ। ਇਹ ਦੌਰਾ ਡਾ. ਸੰਜੀਵ ਚੱਢਾ, ਮੁਖੀ ਅਤੇ ਪ੍ਰੋਫੈਸਰ, MGSIPA ਅਤੇ ਪ੍ਰਿੰਸੀਪਲ ਇਨਵੈਸਟੀਗੇਟਰ - RAMP ਦੀ ਯੋਗ ਅਗਵਾਈ ਹੇਠ ਕੀਤਾ ਗਿਆ ਸੀ। ਲੁਧਿਆਣਾ ਦੇ ਮੁੱਖ ਉਦਯੋਗਿਕ MSME ਉੱਦਮੀਆਂ ਵੱਲੋਂ ਇੱਕ ਵਫ਼ਦ ਨੇ ਦੌਰੇ ਵਿੱਚ ਹਿੱਸਾ ਲਿਆ। ਇਸ ਪਹਿਲਕਦਮੀ ਨੂੰ ਜ਼ਿਲ੍ਹਾ ਉਦਯੋਗ ਕੇਂਦਰਾਂ (DICs) ਅਤੇ ਲੁਧਿਆਣਾ ਜ਼ਿਲ੍ਹੇ ਦੇ ਪ੍ਰਮੁੱਖ ਉਦਯੋਗਿਕ ਸੰਗਠਨਾਂ ਨਾਲ ਨੇੜਲੇ ਤਾਲਮੇਲ ਵਿੱਚ ਸੁਵਿਧਾਜਨਕ ਬਣਾਇਆ ਗਿਆ ਸੀ। ਐਕਸਪੋਜ਼ਰ ਦੌਰੇ ਨੇ ਭਾਗੀਦਾਰਾਂ ਨੂੰ ਉੱਨਤ ਨਿਰਮਾਣ ਪ੍ਰਣਾਲੀਆਂ, ਗੁਣਵੱਤਾ ਪ੍ਰਬੰਧਨ ਅਭਿਆਸਾਂ, ਉਤਪਾਦਨ ਪ੍ਰਕਿਰਿਆਵਾਂ ਵਿੱਚ ਨਵੀਨਤਾ, ਅਤੇ ਆਟੋ ਕੰਪੋਨੈਂਟ ਸੈਕਟਰ ਵਿੱਚ ਇੱਕ ਮੋਹਰੀ ਖਿਡਾਰੀ ਗੈਬਰੀਅਲ ਇੰਡੀਆ ਲਿਮਟਿਡ ਦੁਆਰਾ ਅਪਣਾਏ ਗਏ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਸੰਚਾਲਨ ਮਿਆਰਾਂ ਬਾਰੇ ਕੀਮਤੀ ਸੂਝ ਪ੍ਰਦਾਨ ਕੀਤੀ। ਆਉਣ ਵਾਲੇ MSMEs ਨੂੰ ਦੁਕਾਨ-ਮੰਜ਼ਿਲ ਦੇ ਅਭਿਆਸਾਂ, ਆਟੋਮੇਸ਼ਨ, ਵਿਕਰੇਤਾ ਵਿਕਾਸ ਵਾਤਾਵਰਣ ਪ੍ਰਣਾਲੀਆਂ, ਅਤੇ ਇੱਕ ਵੱਡੇ ਪੱਧਰ ਦੇ ਨਿਰਮਾਣ ਉੱਦਮ ਦੁਆਰਾ ਅਪਣਾਏ ਗਏ ਗੁਣਵੱਤਾ ਮਾਪਦੰਡਾਂ ਨੂੰ ਸਮਝਣ ਦਾ ਮੌਕਾ ਮਿਲਿਆ। ਗੱਲਬਾਤ ਨੇ MSMEs ਵਿੱਚ ਉਤਪਾਦਕਤਾ, ਮੁਕਾਬਲੇਬਾਜ਼ੀ ਅਤੇ ਮਾਰਕੀਟ ਤਿਆਰੀ ਨੂੰ ਬਿਹਤਰ ਬਣਾਉਣ 'ਤੇ ਗਿਆਨ ਦੇ ਆਦਾਨ-ਪ੍ਰਦਾਨ ਨੂੰ ਵੀ ਸਮਰੱਥ ਬਣਾਇਆ।

ਪ੍ਰੋਗਰਾਮ ਦਾ ਤਾਲਮੇਲ MGSIPA ਵਿਖੇ ਸਮਰਪਿਤ RAMP ਟੀਮ ਦੁਆਰਾ ਕੀਤਾ ਗਿਆ ਸੀ, ਜਿਸ ਵਿੱਚ ਸ਼ਾਮਲ ਡਾ. ਮੰਜੂਲਾ ਵਰਮਾ, ਸਿਖਲਾਈ ਐਸੋਸੀਏਟ ਨਵਸੁਦੀਪ ਕੌਰ, ਸੀਨੀਅਰ ਸਲਾਹਕਾਰ ਸੰਕੇਤ ਜੈਨ, ਖੋਜ ਐਸੋਸੀਏਟ ਡਾ. ਜਤਿੰਦਰ ਕਪੂਰ, GM, IPFC, ਆਟੋ ਪਾਰਟਸ ਮੈਨੂਫੈਕਚਰਰਜ਼ ਐਸੋਸੀਏਸ਼ਨ (APMA), ਅਰਜੁਨ ਸਿੰਘ (APMA), ਅਤੇ ਰਾਹੁਲ ਗਰਗ, ਫੰਕਸ਼ਨਲ ਮੈਨੇਜਰ, DIC ਲੁਧਿਆਣਾ ਦਾ ਉਨ੍ਹਾਂ ਦੇ ਕੀਮਤੀ ਸਮਰਥਨ ਅਤੇ ਤਾਲਮੇਲ ਲਈ ਵਿਸ਼ੇਸ਼ ਧੰਨਵਾਦ। ਇਹ ਪਹਿਲਕਦਮੀ ਇੱਕ ਲਚਕੀਲੇ ਅਤੇ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ MSME ਸੈਕਟਰ ਬਣਾਉਣ ਲਈ RAMP ਸਕੀਮ ਦੇ ਵਿਆਪਕ ਦ੍ਰਿਸ਼ਟੀਕੋਣ ਦੇ ਅਨੁਸਾਰ, ਅੰਤਰ-ਰਾਜ ਉਦਯੋਗਿਕ ਸਹਿਯੋਗ, ਗਿਆਨ ਸਾਂਝਾਕਰਨ ਅਤੇ MSMEs ਦੀ ਸਮਰੱਥਾ ਵਧਾਉਣ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਦਰਸਾਉਂਦੀ ਹੈ।

# ਲੁਧਿਆਣਾ ਮੰਡੀ 'ਚ ਵੱਡੀ ਸਫ਼ਾਈ ਮੁਹਿੰਮ, ਪ੍ਰਸ਼ਾਸਨ ਦੀ ਤੁਰੰਤ ਕਾਰਵਾਈ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ): ਮੰਡੀ ਖੇਤਰ ਵਿੱਚ ਸਫਾਈ ਸਬੰਧੀ ਚਿੰਤਾਵਾਂ ਨੂੰ ਉਜਾਗਰ ਕਰਨ ਵਾਲੀਆਂ ਹਾਲੀਆ ਰਿਪੋਰਟਾਂ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਨੇ ਤੇਜ਼ ਅਤੇ ਫੈਸਲਾਕੁੰਨ ਕਾਰਵਾਈ ਕੀਤੀ ਹੈ। ਤਰਜੀਹੀ ਕਾਰਵਾਈ ਕਰਦੇ ਹੋਏ ਸੀਨੀਅਰ ਅਧਿਕਾਰੀਆਂ ਦੀ ਸਿੱਧੀ ਨਿਗਰਾਨੀ ਹੇਠ ਇੱਕ ਵਿਆਪਕ ਸਫਾਈ ਮੁਹਿੰਮ ਚਲਾਈ ਗਈ ਤਾਂ ਜੋ ਸਾਈਟ 'ਤੇ ਸਹੀ ਸਥਿਤੀਆਂ ਨੂੰ ਬਹਾਲ ਕੀਤਾ ਜਾ ਸਕੇ। ਫ਼ਸਲਾਂ ਦੀ ਰਹਿੰਦ-ਖੂੰਹਦ ਅਤੇ ਖਿੰਡੇ ਹੋਏ ਕੂੜੇ ਸਮੇਤ ਸਾਰੇ ਇਕੱਠੇ ਹੋਏ ਕੂੜੇ ਨੂੰ ਤੁਰੰਤ ਸਾਫ਼ ਕਰ ਦਿੱਤਾ ਗਿਆ ਹੈ। ਮੰਡੀ ਏਰੀਆ ਨੂੰ ਪੂਰੀ ਤਰ੍ਹਾਂ ਸਾਫ਼ ਕਰ ਦਿੱਤਾ ਗਿਆ ਹੈ ਅਤੇ ਨਿਯਮਿਤ ਰੱਖ-ਰਖਾਅ ਅਤੇ ਸਫਾਈ ਨੂੰ ਯਕੀਨੀ ਬਣਾਉਣ ਲਈ ਪ੍ਰਬੰਧ ਕੀਤੇ ਗਏ ਹਨ। ਜਿਵੇਂ ਕਿ ਮੌਜੂਦਾ ਸਥਿਤੀ ਵਿੱਚ ਦਰਸਾਇਆ ਗਿਆ ਹੈ, ਖੇਤਰ ਹੁਣ ਕ੍ਰਮਬੱਧ ਹੈ, ਸਾਫ਼ ਰਸਤੇ ਅਤੇ ਸਮੁੱਚੀ ਸਫਾਈ ਵਿੱਚ ਸੁਧਾਰ ਹੋਇਆ ਹੈ, ਜਿਸ ਨਾਲ ਸੁਚਾਰੂ ਖਰੀਦ ਕਾਰਜਾਂ ਨੂੰ ਸੁਵਿਧਾਜਨਕ ਬਣਾਇਆ ਗਿਆ ਹੈ। ਅਧਿਕਾਰੀਆਂ ਨੇ ਸਬੰਧਤ ਏਜੰਸੀਆਂ ਨੂੰ ਸਖ਼ਤ ਚੌਕਸੀ ਬਣਾਈ ਰੱਖਣ ਅਤੇ ਇਹ ਯਕੀਨੀ ਬਣਾਉਣ ਲਈ ਵੀ ਨਿਰਦੇਸ਼ ਦਿੱਤੇ ਹਨ ਕਿ ਅਜਿਹੇ ਮੁੱਦੇ ਦੁਬਾਰਾ ਨਾ ਹੋਣ। ਖਰੀਦ ਸੀਜ਼ਨ ਦੌਰਾਨ ਨਿਰੰਤਰ ਦੇਖਭਾਲ ਲਈ ਨਿਯਮਤ ਨਿਗਰਾਨੀ ਵਿਧੀਆਂ ਸਥਾਪਤ ਕੀਤੀਆਂ ਗਈਆਂ ਹਨ। ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ, ਮਜ਼ਦੂਰਾਂ ਅਤੇ ਮੰਡੀ ਕਾਰਜਾਂ ਨਾਲ ਜੁੜੇ ਸਾਰੇ ਹਿੱਸੇਦਾਰਾਂ ਲਈ ਇੱਕ ਸਾਫ਼, ਸੁਰੱਖਿਅਤ ਅਤੇ ਕੁਸ਼ਲ ਵਾਤਾਵਰਣ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਸੀਚੇਵਾਲ ਨੇ ਬੁੱਢਾ ਨਾਲਾ ਪੁਨਰ ਸੁਰਜੀਤੀ ਪ੍ਰੋਜੈਕਟ ਦਾ ਲਿਆ ਜਾਇਜ਼ਾ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ 'ਬੁੱਢੇ ਦਰਿਆ' ਨੂੰ ਮੁੜ ਸੁਰਜੀਤ ਕਰਨ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਨਾਲ ਮਿਲ ਕੇ ਵੀਰਵਾਰ ਨੂੰ ਸਰਾਭਾ ਨਗਰ ਸਥਿਤ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿੱਚ ਹੋਈ ਮੀਟਿੰਗ ਦੌਰਾਨ 'ਬੁੱਢਾ ਦਰਿਆ ਪੁਨਰ ਸੁਰਜੀਤੀ ਪ੍ਰੋਜੈਕਟ' ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ, ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਤੋਂ ਗੋਬਰ ਦੀ ਲਿਫਟਿੰਗ ਲਈ ਰੱਖੇ ਗਏ ਠੇਕੇਦਾਰ ਨੂੰ ਗੋਬਰ ਦੀ ਲਿਫਟਿੰਗ ਨੂੰ ਸੁਚਾਰੂ ਬਣਾਉਣ ਲਈ ਡੇਅਰੀ ਮਾਲਕਾਂ ਨੂੰ ਰੇਹੜ੍ਹੇ ਸੌਂਪਣ ਦੇ ਨਿਰਦੇਸ਼ ਦਿੱਤੇ ਗਏ। ਇਹ ਫੈਸਲਾ ਕੀਤਾ ਗਿਆ ਹੈ ਕਿ ਡੇਅਰੀ ਮਾਲਕ ਗੋਬਰ ਨੂੰ ਰੇਹੜ੍ਹਿਆਂ ਵਿੱਚ ਡੰਪ ਕਰਨਗੇ। ਜਿਸਨੂੰ ਫਿਰ ਠੇਕੇਦਾਰ ਦੁਆਰਾ ਲੈ ਜਾਇਆ ਜਾਵੇਗਾ। ਇਸ ਤੋਂ ਇਲਾਵਾ, ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ 'ਬੁੱਢੇ ਦਰਿਆ' ਵਿੱਚ ਅਜੇ ਵੀ ਗੋਬਰ ਸੁੱਟਣ ਵਾਲੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ। ਜੇਕਰ ਲੋੜ ਪਈ ਤਾਂ ਉਲੰਘਣਾ ਕਰਨ ਵਾਲਿਆਂ ਵਿਰੁੱਧ ਐਫ.ਆਈ.ਆਰ ਵੀ ਦਰਜ ਕੀਤੀਆਂ ਜਾਣਗੀਆਂ। ਅਧਿਕਾਰੀਆਂ ਨੇ ਦੱਸਿਆ ਕਿ ਹਾਲ ਹੀ ਵਿੱਚ, ਤਾਜਪੁਰ ਰੋਡ 'ਤੇ 16 ਡੇਅਰੀ ਯੂਨਿਟਾਂ ਦੇ ਬਿਜਲੀ ਕੁਨੈਕਸ਼ਨ ਵੀ ਕੱਟ ਦਿੱਤੇ ਗਏ ਹਨ। ਰਾਜ ਸਭਾ ਐਮ.ਪੀ ਸੀਚੇਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ, ਸਬੰਧਤ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਗੋਬਰ ਬੁੱਢੇ ਦਰਿਆ ਜਾਂ ਐਸ.ਟੀ.ਪੀ, ਈ.ਟੀ.ਪੀ ਵਿੱਚ ਨਾ ਜਾਵੇ। ਠੇਕੇਦਾਰ ਨੇ ਭਰੋਸਾ ਦਿੱਤਾ ਹੈ ਕਿ ਡੇਅਰੀ ਵਾਲਿਆਂ ਨੂੰ 50 ਰੇਹੜਿਆਂ ਦੀ ਡਿਲੀਵਰੀ ਇੱਕ ਦਿਨ ਵਿੱਚ ਕਰ ਦਿੱਤੀ ਜਾਵੇਗੀ, ਜਦੋਂ ਕਿ ਬਾਕੀ ਰੇਹੜੇ ਜਲਦੀ ਤੋਂ ਜਲਦੀ ਸੌਂਪ ਦਿੱਤੇ ਜਾਣਗੇ। 'ਬੁੱਢੇ ਦਰਿਆ' ਨੂੰ ਮੁੜ ਸੁਰਜੀਤ ਕਰਨ ਲਈ ਸਾਂਝੇ ਯਤਨਾਂ ਦੀ ਲੋੜ ਹੈ। ਇਸ ਤੋਂ ਪਹਿਲਾਂ, ਰਾਜ ਸਭਾ ਐਮ.ਪੀ ਸੀਚੇਵਾਲ ਨੇ ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਦਾ ਨਿਰੀਖਣ ਵੀ ਕੀਤਾ ਅਤੇ ਗੋਬਰ ਦੀ ਨਿਯਮਤ ਲਿਫਟਿੰਗ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ।

# ਕੈਦੀ ਰਾਜੂ ਦੇ ਵਾਰਿਸ ਜੇਲ੍ਹ ਵਿਭਾਗ ਨਾਲ ਕਰ ਸਕਦੇ ਨੇ ਸੰਪਰਕ : ਸੁਪਰਡੈਂਟ ਜੇਲ੍ਹ

## ਬੀਤੇ ਕੱਲ੍ਹ ਇਲਾਜ ਦੌਰਾਨ ਪਟਿਆਲਾ ਦੇ ਹਸਪਤਾਲ 'ਚ ਹੋਈ ਮੌਤ

ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ): ਸੁਪਰਡੈਂਟ ਕੇਂਦਰੀ ਜੇਲ੍ਹ, ਲੁਧਿਆਣਾ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਉਮਰ ਕੈਦ ਦੀ ਸਜ਼ਾ ਕੱਟ ਰਹੇ ਕੈਦੀ ਰਾਜੂ ਉਰਫ ਰਾਜਾ ਉਰਫ ਦਾਦੂ ਪੁੱਤਰ ਡਾਂਡੀਆ (ਉਮਰ ਲਗਭਗ 40 ਸਾਲ), ਵਾਸੀ ਸਰੌਂਦੇ, ਜ਼ਿਲ੍ਹਾ ਰਾਂਚੀ (ਝਾਰਖੰਡ), ਦੀ ਮਿਤੀ 23 ਅਪ੍ਰੈਲ, 2026 ਨੂੰ ਇਲਾਜ ਅਧੀਨ ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ ਮੌਤ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਕੈਦੀ ਰਾਜੂ ਕੇਸ ਮੁਕੱਦਮਾ ਨੰਬਰ, 92 ਮਿਤੀ 01.08.2006, ਧਾਰਾ 302/201 ਆਈ.ਪੀ.ਸੀ ਥਾਣਾ ਕੋਤਵਾਲੀ ਕਪੂਰਥਲਾ, ਜ਼ਿਲ੍ਹਾ ਕਪੂਰਥਲਾ ਤਹਿਤ ਕੇਂਦਰੀ ਜੇਲ੍ਹ ਲੁਧਿਆਣਾ ਵਿਖੇ ਉਮਰ ਕੈਦ ਦੀ ਸਜਾ ਕੱਟ ਰਿਹਾ ਸੀ ਅਤੇ ਇਸ ਬੰਦੀ ਦੇ ਵਾਰਸਾਂ ਬਾਰੇ ਕੋਈ ਰਿਕਾਰਡ ਮੌਜੂਦ ਨਹੀਂ ਹੈ। ਸੁਪਰਡੈਂਟ ਕੇਂਦਰੀ ਜੇਲ੍ਹ ਨੇ ਕਿਹਾ ਕਿ ਕੈਦੀ ਰਾਜੂ ਉਰਫ ਰਾਜਾ ਉਰਫ ਦਾਦੂ ਪੁੱਤਰ ਡਾਂਡੀਆ ਬਾਰੇ ਜੇਕਰ ਕੋਈ ਜਾਣਕਾਰੀ ਰੱਖਦਾ ਹੈ ਜਾਂ ਉਸਦੀ ਮ੍ਰਿਤਕ ਦੇਹ ਕਲੇਮ ਕਰਨਾ ਚਾਹੁੰਦਾ ਹੈ ਤਾਂ ਕੰਟਰੋਲ ਰੂਮ, ਕੇਂਦਰੀ ਜੇਲ੍ਹ ਲੁਧਿਆਣਾ: 0161-266106 ਅਤੇ ਲਾਇਨ ਅਫਸਰ, ਕੇਂਦਰੀ ਜੇਲ੍ਹ ਲੁਧਿਆਣਾ (90417-24472) ਨਾਲ ਸੰਪਰਕ ਸਕਦੇ ਹਨ।

# ਨਸ਼ਿਆਂ ਵਿਰੁੱਧ ਜੰਗ ਵਿੱਚ ਖੰਨਾ ਪੁਲਿਸ ਦੀ ਅਨੋਖੀ ਮਿਸਾਲ, ਨਸ਼ਿਆਂ ਦੇ ਹਨੇਰੇ 'ਚ ਰੋਸ਼ਨੀ ਬਣੇ ਐਸ.ਐਸ.ਪੀ.

## ਸਿੱਖ ਕੌਮ ਹਮੇਸ਼ਾ ਨਿਰਸਵਾਰਥ ਸੇਵਾ ਲਈ ਜਾਣੀ ਜਾਂਦੀ ਹੈ ਅਤੇ ਅੱਜ ਵੀ ਲੋੜ ਹੈ ਕਿ ਨਸ਼ਿਆਂ ਵਿਰੁੱਧ ਜੰਗ ਵਿੱਚ ਸਾਰੇ ਲੋਕ ਸੇਵਾ ਦੇ ਭਾਵ ਨਾਲ ਅੱਗੇ ਆਉਣ : ਡਾ. ਦਰਪਣ ਆਹਲੂਵਾਲੀਆ



ਖੰਨਾ, (ਲੁਧਿਆਣਾ) 24 ਅਪ੍ਰੈਲ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ) : ਪੰਜਾਬ ਵਿੱਚ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦੇ ਦਰਮਿਆਨ ਖੰਨਾ ਪੁਲਿਸ ਵੱਲੋਂ ਮਨੁੱਖਤਾ ਦੀ ਇੱਕ ਅਜਿਹੀ ਮਿਸਾਲ ਪੇਸ਼ ਕੀਤੀ ਗਈ ਹੈ, ਜਿਸਨੇ ਨਾ ਸਿਰਫ਼ ਲੋਕਾਂ ਦੇ ਦਿਲ ਜਿੱਤੇ ਹਨ, ਸਗੋਂ ਪੁਲਿਸ ਦੀ ਸ਼ਖ਼ਸੀਅਤ ਨੂੰ ਵੀ ਇੱਕ ਨਵੇਂ ਪੱਖ ਨਾਲ ਰੌਸ਼ਨ ਕੀਤਾ ਹੈ। ਐਸ.ਐਸ.ਪੀ ਖੰਨਾ ਡਾ. ਦਰਪਣ ਆਹਲੂਵਾਲੀਆ ਵੱਲੋਂ ਕੀਤੀ ਗਈ ਇਹ ਅਨੋਖੀ ਪਹਿਲ ਅੱਜ ਸੂਬੇ ਭਰ ਵਿੱਚ ਚਰਚਾ ਦਾ ਵਿਸ਼ਾ ਬਣ ਗਈ ਹੈ।

ਦਰਅਸਲ ਕੁੱਝ ਦਿਨ ਪਹਿਲਾਂ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋਈ ਸੀ, ਜਿਸ ਵਿੱਚ ਇੱਕ ਨੌਜਵਾਨ ਲੜਕੀ ਨਸ਼ੇ ਦੀ ਹਾਲਤ ਵਿੱਚ ਨਜ਼ਰ ਆ ਰਹੀ ਸੀ। ਦੱਸਿਆ ਜਾ ਰਿਹਾ ਸੀ ਕਿ ਇਹ ਲੜਕੀ ਖੰਨਾ ਇਲਾਕੇ ਨਾਲ ਸੰਬੰਧਿਤ ਹੈ ਅਤੇ ਨਸ਼ੇ ਦੀ ਲੱਤ ਵਿੱਚ ਫਸ ਚੁੱਕੀ ਹੈ। ਜਿਵੇਂ ਹੀ ਇਹ ਵੀਡੀਓ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਧਿਆਨ ਵਿੱਚ ਆਈ, ਉਨ੍ਹਾਂ ਨੇ ਇਸਨੂੰ ਸਿਰਫ਼ ਇੱਕ ਕੇਸ ਨਹੀਂ, ਸਗੋਂ ਇੱਕ ਸਮਾਜਿਕ ਜ਼ਿੰਮੇਵਾਰੀ ਵਜੋਂ ਲਿਆ।

ਐਸ.ਐਸ.ਪੀ ਖੰਨਾ ਨੇ ਤੁਰੰਤ ਕਾਰਵਾਈ ਕਰਦੇ ਹੋਏ ਸਪੈਸ਼ਲ ਬਰਾਂਚ, ਸਿਟੀ ਥਾਣਾ-1, ਸਿਟੀ ਥਾਣਾ-2 ਅਤੇ ਸਦਰ ਥਾਣਾ ਦੀਆਂ ਵੱਖ-ਵੱਖ ਟੀਮਾਂ ਤਿਆਰ ਕਰਕੇ ਲੜਕੀ ਅਤੇ ਉਸਦੇ ਪਰਿਵਾਰ ਨੂੰ ਟਰੇਸ ਕਰਨ ਦਾ ਮਿਸ਼ਨ ਸ਼ੁਰੂ ਕਰ ਦਿੱਤਾ। ਪੁਲਿਸ ਦੀ ਮਿਹਨਤ ਰੰਗ ਲਿਆਈ ਅਤੇ ਆਖ਼ਿਰਕਾਰ ਇਹ ਪਰਿਵਾਰ ਖੰਨਾ ਦੇ ਕਰਤਾਰ ਨਗਰ ਵਿੱਚ ਟਰੇਸ ਕਰ ਲਿਆ ਗਿਆ। ਪਰਿਵਾਰ ਨੂੰ ਟਰੇਸ ਕਰਨ 'ਚ ਸ਼ਪੈਸ਼ਲ ਬਰਾਂਚ ਦੇ ਇੰਚਾਰਜ ਜਰਨੈਲ ਸਿੰਘ ਤੇ ਉਹਨਾਂ ਦੀ ਟੀਮ ਦਾ ਖਾਸ ਯੋਗਦਾਨ ਰਿਹਾ।

ਜਦੋਂ ਐਸ.ਐਸ.ਪੀ ਨੂੰ ਇਸ ਗੱਲ ਦਾ ਪਤਾ ਲੱਗਾ ਕਿ ਪਰਿਵਾਰ ਬਹੁਤ ਹੀ ਗਰੀਬ ਹਾਲਾਤਾਂ ਵਿੱਚ ਜੀਵਨ ਬਿਤਾ ਰਿਹਾ ਹੈ। ਘਰ ਵਿੱਚ ਰਾਸ਼ਨ ਤੱਕ ਨਹੀਂ ਹੈ, ਰਸੋਈ ਲਈ ਗੈਸ ਸਿਲੰਡਰ ਨਹੀਂ ਹੈ ਅਤੇ ਚਾਹ ਬਣਾਉਣ ਲਈ ਦੁੱਧ ਵੀ ਨਹੀਂ ਹੈ। ਇਸ ਤਰ੍ਹਾਂ ਦੀ ਮੰਦਹਾਲੀ ਦਾ ਕਾਰਨ ਬੱਚਿਆਂ ਦਾ ਨਸ਼ਿਆਂ ਵੱਲ ਜਾਣਾ ਹੈ। ਇਸ ਮੰਜ਼ਰ ਨੂੰ ਸੁਣ ਕੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਤੁਰੰਤ ਮਨੁੱਖਤਾ ਦਾ ਫਰਜ਼ ਨਿਭਾਉਂਦੇ ਹੋਏ ਮੱਦਦ ਦਾ ਹੱਥ ਵਧਾਇਆ। ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਖੁਦ ਪਰਿਵਾਰ ਨੂੰ ਮਿਲਣ ਪੁੱਜੇ। ਉਨ੍ਹਾਂ ਨੇ ਖੱਤਰੀ ਚੇਤਨਾ ਮੰਚ ਅਤੇ ਜਜ਼ਬਾ ਸਮਾਜ ਸੇਵੀ ਸੰਸਥਾਵਾਂ ਨੂੰ ਨਾਲ ਜੋੜ ਕੇ ਪਰਿਵਾਰ ਨੂੰ ਇੱਕ ਮਹੀਨੇ ਦਾ ਰਾਸ਼ਨ ਮੁਹੱਈਆ ਕਰਵਾਇਆ ਅਤੇ ਅਗਲੇ ਸਮੇਂ ਲਈ ਹਰ ਮਹੀਨੇ ਰਾਸ਼ਨ ਦੇਣ ਦਾ ਭਰੋਸਾ ਵੀ ਦਿੱਤਾ। ਇਸ ਦੇ ਨਾਲ ਹੀ ਪਰਿਵਾਰ ਦੇ ਦਿਵਿਆਂਗ ਲੜਕੇ ਲਈ ਵ੍ਹੀਲਚੇਅਰ ਦਿੱਤੀ ਗਈ, ਜੋ ਇਸ ਪਰਿਵਾਰ ਲਈ ਵੱਡੀ ਰਾਹਤ ਬਣੀ। ਨਸ਼ੇ ਦੀ ਲੱਤ ਵਿੱਚ ਫਸੀ ਲੜਕੀ ਨੂੰ ਤੁਰੰਤ ਪਟਿਆਲਾ ਦੇ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿੱਚ ਦਾਖਲ ਕਰਵਾ ਕੇ ਉਸਦਾ ਮੁਫ਼ਤ ਇਲਾਜ ਸ਼ੁਰੂ ਕਰਵਾਇਆ ਗਿਆ। ਐਸ.ਐਸ.ਪੀ ਨੇ ਪਰਿਵਾਰ ਨੂੰ ਇਹ ਵੀ ਭਰੋਸਾ ਦਵਾਇਆ ਕਿ ਪੁਲਿਸ ਅਤੇ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਉਹਨਾਂ ਨੂੰ ਨਸ਼ਾ ਛੱਡਣ ਵਿੱਚ ਪੂਰੀ ਮੱਦਦ ਕੀਤੀ ਜਾਵੇਗੀ। ਇੱਥੇ ਹੀ ਇਹ ਪਹਿਲ ਖਤਮ ਨਹੀਂ ਹੋਈ। ਜਦੋਂ ਐਸ.ਐਸ.ਪੀ ਨੂੰ ਪਤਾ ਲੱਗਿਆ ਕਿ ਪਰਿਵਾਰ ਦੇ ਮੁਖੀ ਅਤੇ ਉਸਦੀ ਪਤਨੀ ਕੋਲ ਕੋਈ ਰੋਜ਼ਗਾਰ ਨਹੀਂ ਹੈ, ਤਾਂ ਉਨ੍ਹਾਂ ਨੇ ਤੁਰੰਤ ਖੱਤਰੀ ਚੇਤਨਾ ਮੰਚ ਦੇ ਸਹਿਯੋਗ ਨਾਲ ਦੋਹਾਂ ਨੂੰ ਰੁਜਗਾਰ ਵੀ ਦਿਵਾਇਆ। ਮਹਿਲਾ ਰਾਣੀ ਤੇ ਉਸਦੇ ਪਤੀ ਨੂੰ ਇੱਕ ਨਿੱਜੀ ਰੈਸਟੋਰੈਂਟ ਵਿਖੇ ਕੰਮ ਦਿਵਾਇਆ ਗਿਆ। ਇਸ ਕਦਮ ਨਾਲ ਪਰਿਵਾਰ ਨੂੰ ਆਰਥਿਕ ਮਜ਼ਬੂਤੀ ਮਿਲਣ ਦੀ ਉਮੀਦ ਜਾਗੀ। ਐਸ.ਐਸ.ਪੀ ਦੀ ਇਸ ਅਨੋਖੀ ਪਹਿਲ ਨਾਲ ਪੂਰੇ ਇਲਾਕੇ ਵਿੱਚ ਚਰਚਾ ਛਿੜ ਗਈ ਤੇ ਹਰ ਕਿਸੇ ਨੇ ਇਸਦੀ ਸ਼ਲਾਘਾ ਕੀਤੀ।

ਇਸ ਮੌਕੇ ਡੀ.ਐਸ.ਪੀ ਸਪੈਸ਼ਲ ਬਰਾਂਚ ਤਰਲੋਚਨ ਸਿੰਘ, ਡੀ.ਐਸ.ਪੀ ਖੰਨਾ ਸਬ ਡਿਵੀਜ਼ਨ ਵਿਨੋਦ ਕੁਮਾਰ, ਸ਼ਪੈਸ਼ਲ ਬਰਾਂਚ ਇੰਚਾਰਜ ਜਰਨੈਲ ਸਿੰਘ, ਸਿਟੀ ਥਾਣਾ-2 ਦੇ ਮੁਖੀ ਅਜੀਤੇਜ ਕੌਸ਼ਲ ਵੀ ਮੌਜੂਦ ਸਨ।

# ਜਗਰਾਓਂ ਦੇ ਅਸਮਾਨੀ ਮੁਹੱਲਾ 'ਚ ਲੁਟੇਰਿਆਂ ਦੇ ਹੌਂਸਲੇ ਬੁਲੰਦ : ਮਹਿਲਾ ਤੋਂ ਪਰਸ ਖੋਹ ਕੇ ਫਰਾਰ




ਜਗਰਾਓਂ, 24 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸ਼ਹਿਰ ਦੇ ਮੇਨ ਬਾਜ਼ਾਰ ਵਿੱਚ ਸਥਿਤ ਅਸਮਾਨੀ ਮੁਹੱਲਾ ਵਿੱਚ ਵੀਰਵਾਰ ਦੇਰ ਰਾਤ ਦੋ ਨੌਜਵਾਨਾਂ ਵੱਲੋਂ ਇੱਕ ਮਹਿਲਾ ਦਾ ਪਰਸ ਖੋਹ ਕੇ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਉਸ ਵੇਲੇ ਵਾਪਰੀ ਜਦੋਂ ਪੀੜਤ ਮਹਿਲਾ ਆਪਣੀ ਛੋਟੀ ਦੋਹਤੀ ਨਾਲ ਘਰ ਦਾ ਰਾਸ਼ਨ ਲੈ ਕੇ ਵਾਪਸ ਪਰਤ ਰਹੀ ਸੀ। ਪੀੜਤ ਮਹਿਲਾ, ਜਿਸ ਦੀ ਪਛਾਣ ਆਸ਼ਾ ਰਾਣੀ ਵਜੋਂ ਹੋਈ ਹੈ, ਆਸ਼ਾ ਰਾਣੀ ਨੇ ਦੱਸਿਆ ਕਿ ਉਹ ਆਪਣੀ ਦੋਹਤੀ ਨਾਲ ਬਾਜ਼ਾਰ ਵਿੱਚੋਂ ਸਬਜ਼ੀ ਅਤੇ ਘਰ ਦਾ ਜ਼ਰੂਰੀ ਰਾਸ਼ਨ ਲੈਣ ਗਈ ਸੀ। ਜਦੋਂ ਉਹ ਸਾਮਾਨ ਲੈ ਕੇ ਆਪਣੇ ਘਰ ਦੇ ਨੇੜੇ ਪਹੁੰਚੀ, ਤਾਂ ਪਿੱਛਾ ਕਰ ਰਹੇ ਦੋ ਅਣਪਛਾਤੇ ਨੌਜਵਾਨਾਂ ਨੇ ਤੇਜ਼ੀ ਨਾਲ ਉਸਦਾ ਪਰਸ ਝਪਟ ਲਿਆ ਅਤੇ ਮੌਕੇ ਤੋਂ ਫਰਾਰ ਹੋ ਗਏ। ਪੀੜਤਾ ਅਨੁਸਾਰ ਪਰਸ ਵਿੱਚ ਕੁਝ ਨਕਦੀ ਅਤੇ ਬਹੁਤ ਹੀ ਜ਼ਰੂਰੀ ਕਾਗਜ਼ਾਤ ਮੌਜੂਦ ਸਨ।ਵਾਰਦਾਤ ਤੋਂ ਤੁਰੰਤ ਬਾਅਦ ਇਸ ਦੀ ਸੂਚਨਾ ਸਥਾਨਕ ਪੁਲਿਸ ਨੂੰ ਦਿੱਤੀ ਗਈ। ਮੌਕੇ 'ਤੇ ਪਹੁੰਚੀ ਪੁਲਿਸ ਨੇ ਇਲਾਕੇ ਵਿੱਚ ਲੱਗੇ ਸੀਸੀਟੀਵੀ (CCTV) ਕੈਮਰਿਆਂ ਦੀ ਫੁਟੇਜ ਖੰਗਾਲਣੀ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਦੋਸ਼ੀਆਂ ਦੀ ਪਛਾਣ ਕੀਤੀ ਜਾ ਸਕੇ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਲਦ ਹੀ ਲੁਟੇਰਿਆਂ ਨੂੰ ਕਾਬੂ ਕਰ ਲਿਆ ਜਾਵੇਗਾ। ਜ਼ਿਕਰਯੋਗ ਹੈ ਕਿ ਜਗਰਾਓਂ ਵਿੱਚ ਖੋਹ-ਖਿੱਚ ਦੀਆਂ ਅਜਿਹੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਸਥਾਨਕ ਲੋਕਾਂ ਵਿੱਚ ਇਸ ਘਟਨਾ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਇਹ ਕੋਈ ਪਹਿਲੀ ਘਟਨਾ ਨਹੀਂ ਹੈ, ਇਸ ਤੋਂ ਪਹਿਲਾਂ ਵੀ ਕਈ ਵਾਰਦਾਤਾਂ ਹੋ ਚੁੱਕੀਆਂ ਹਨ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਦੇ ਅੰਦਰੂਨੀ ਬਾਜ਼ਾਰਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਪੁਲਿਸ ਦੀ ਗਸ਼ਤ ਵਧਾਈ ਜਾਵੇ ਤਾਂ ਜੋ ਅਜਿਹੇ ਅਨਸਰਾਂ 'ਤੇ ਨੱਥ ਪਾਈ ਜਾ ਸਕੇ।

# ਮੁਫ਼ਤ ਕੈਂਸਰ ਜਾਂਚ ਕੈਂਪ ਲਗਾਇਆ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਅਮ੍ਰਿਤ ਇੰਡੋ ਕਨੇਡੀਅਨ ਅਕੈਡਮੀ, ਲਾਡੀਆਂ ਖੁਰਦ ਵਿੱਚ ਐਸਬੀਆਈ ਕਾਰਡਸ ਐਂਡ ਪੇਮੈਂਟ ਸਰਵਿਸਿਜ਼, ਵਿਸ਼ਵ ਕੈਂਸਰ ਕੇਅਰ ਸੋਸਾਇਟੀ ਅਤੇ ਆਪਣਾ ਪੰਜਾਬ ਫਾਊਂਡੇਸ਼ਨ ਦੇ ਸਹਿਯੋਗ ਨਾਲ ਇੱਕ ਮੁਫ਼ਤ ਕੈਂਸਰ ਜਾਂਚ ਕੈਂਪ ਲਗਾਇਆ ਗਿਆ। 400 ਦੇ ਕਰੀਬ ਲੋਕਾਂ ਨੇ ਆਪਣੀ ਜਾਂਚ ਕਰਵਾਈ। ਇਸ ਪਹਲ ਦਾ ਮੁੱਖ ਉਦੇਸ਼ ਕੈਂਸਰ ਦੀ ਸ਼ੁਰੂਆਤੀ ਪਛਾਣ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਰੋਕਥਾਮੀ ਸਿਹਤ ਸੇਵਾਵਾਂ ਨੂੰ ਪ੍ਰੋਤਸਾਹਿਤ ਕਰਨਾ ਸੀ। ਡਾ. ਜਗਜੀਤ ਸਿੰਘ ਧੂਰੀ, ਬਲਦੇਵ ਦਾਸ ਬਾਵਾ, ਡਾ. ਹਰਵਿੰਦਰ ਸਿੰਘ ਧਾਲੀਵਾਲ, ਡਾ. ਮੰਦੀਪ ਚੌਹਾਨ, ਜੈ ਸਿੰਘ ਅਤੇ ਬਲਦੇਵ ਅਰੋੜਾ ਵੀ ਇਸ ਮੌਕੇ ਹਾਜ਼ਰ ਰਹੇ।ਪ੍ਰਧਾਨ ਹਰਮਿੰਦਰ ਸਿੰਘ ਅਤੇ ਪ੍ਰਿੰਸੀਪਲ ਜਸਕੀਰਨ ਕੌਰ ਨੇ ਆਯੋਜਕ ਸੰਸਥਾਵਾਂ, ਡਾਕਟਰੀ ਟੀਮ, ਫੈਡਰੇਸ਼ਨ ਦੇ ਮੈਂਬਰਾਂ ਅਤੇ ਸੇਵਾਦਾਰਾਂ ਦਾ ਇਸ ਮਹਾਨ ਉਪਰਾਲੇ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।

# ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ ): ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚੱਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ। ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਮੈਂਬਰਾਂ ਵੱਲੋਂ ਕੀਰਤਨੀ ਜੱਥੇ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਹਰਮੀਤ ਸਿੰਘ ਡੰਗ, ਸੁਖਵਿੰਦਰ ਸਿੰਘ ਹੈਪੀ ਕੋਚਰ, ਹਰਵਿੰਦਰ ਸਿੰਘ ਕੋਹਲੀ, ਗੁਰਦੀਪ ਸਿੰਘ ਡੀਮਾਰਟੇ, ਸੁਰਿੰਦਰਪਾਲ ਸਿੰਘ ਭੁਟੀਆਨੀ, ਨਰਿੰਦਰਪਾਲ ਸਿੰਘ ਕਥੂਰੀਆ, ਇੰਦਰਬੀ ਸਿੰਘ ਬੱਤਰ, ਦਾਨ ਸਿੰਘ, ਪ੍ਰੇਮ ਸਿੰਘ ,ਅਵਤਾਰ ਸਿੰਘ ਬੀ.ਕੇ, ਅਵਤਾਰ ਸਿੰਘ ਮਿੱਡਾ, ਮਨਮੋਹਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

# ਮਾਤਾ ਚਿੰਤਪੁਰਨੀ ਦੇ ਦਰਸ਼ਨਾਂ ਲਈ ਬੱਸ ਰਵਾਨਾ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਚਿੰਤਪੁਰਨੀ ਸੇਵਾ ਕਮੇਟੀ ਵੱਲੋਂ ਮਾਤਾ ਚਿੰਤਪੁਰਨੀ ਜੀ ਦੀ ਅਪਾਰ ਕ੍ਰਿਪਾ ਸਦਕਾ ਬੱਸ ਯਾਤਰਾ ਲੁਧਿਆਣਾ ਤੋਂ ਚਿੰਤਪੁਰਨੀ ਅਤੇ ਮਾਤਾ ਬਾਲਾ ਜੀ ਦੇ ਦਰਸ਼ਨਾਂ ਲਈ ਕਮੇਟੀ ਦੇ ਪ੍ਰਧਾਨ ਰਮਨ ਕੌੜਾ ਦੀ ਅਗਵਾਈ ਹੇਠ ਰਵਾਨਾ ਹੋਈ। ਬੱਸ ਨੂੰ ਕੰਨਿਆ ਪੂਜਨ ਕਰਨ ਉਪਰੰਤ ਦੇਵਾ , ਨਿਰਮਲਾ ਪ੍ਰਭਾਕਰ ਅਤੇ ਮੋਹਨ ਲਾਲ ਅਰੋੜਾ ਨੇ ਪੂਜਾ ਤੋਂ ਬਾਅਦ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਸ਼ੀਸ਼ਪਾਲ ਗੋਇਲ, ਨੰਦਕਿਸ਼ੋਰ ਉੱਪਲ, ਰਜਨੀਸ਼ ਕੌੜਾ, ਬਲਵਿੰਦਰ ਸ਼ਰਮਾ, ਸੁਰਿੰਦਰ ਕੁਮਾਰ ਗੁਲਾਟੀ, ਵਿਨੋਦ ਕੁਮਾਰ ਗੁਲਾਟੀ, ਸੰਦੀਪ ਤੁਲੀ, ਰੋਹਿਤ ਕੌੜਾ, ਅਸ਼ਵਨੀ ਪਾਠਕ ਅਤੇ ਸਤਪਾਲ ਪਾਠਕ ਨੇ ਮਹਾਂਮਾਈ ਦੀ ਉਸਤਤ ਵਿੱਚ ਉਨ੍ਹਾਂ ਦੇ ਭਜਨ ਗਾ ਕੇ ਭਗਤਾਂ ਨੂੰ ਨਿਹਾਲ ਕੀਤਾ।

# ਸਫ਼ਾਈ ਸੇਵਕਾਂ ਤੋਂ ਮਿਊਂਸੀਪਲ ਐਕਟ ਦੇ ਉਲਟ ਕੰਮ, ਸ਼ਹਿਰ ਵਿੱਚ ਸਫ਼ਾਈ ਪ੍ਰਣਾਲੀ ਠੱਪ

## ਯੂਨੀਅਨ ਦਾ ਤਿੱਖਾ ਸੰਘਰਸ਼ ਸ਼ੁਰੂ ਇਨਸਾਫ ਤੱਕ ਚੱਲੂ ਮੋਰਚਾ



ਜਗਰਾਓਂ, 24 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਨਗਰ ਕੌਂਸਲ ਜਗਰਾਓਂ ਦੀ ਲਾਪਰਵਾਹੀ ਅਤੇ ਪ੍ਰਸ਼ਾਸਨਿਕ ਗਲਤ ਨੀਤੀਆਂ ਦੇ ਖ਼ਿਲਾਫ਼ ਅੱਜ ਸਫਾਈ ਸੇਵਕਾਂ ਦਾ ਗੁੱਸਾ ਖੁੱਲ੍ਹ ਕੇ ਸਾਹਮਣੇ ਆ ਗਿਆ। ਮਿਊਂਸੀਪਲ ਐਕਟ ਦੇ ਸਪੱਸ਼ਟ ਨਿਯਮਾਂ ਦੇ ਬਾਵਜੂਦ ਸਫਾਈ ਸੇਵਕਾਂ ਤੋਂ ਸਫਾਈ ਦੀ ਥਾਂ ਦਫਤਰੀ ਕੰਮ ਲੈਣ ਦੇ ਮਾਮਲੇ ਨੇ ਸ਼ਹਿਰ ਦੀ ਸਫਾਈ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਹਿਲਾ ਕੇ ਰੱਖ ਦਿੱਤਾ ਹੈ। ਗੁੱਸੇ ਵਿੱਚ ਆਏ ਸਫਾਈ ਕਰਮਚਾਰੀਆਂ ਨੇ ਕੰਮ ਕਾਜ ਠੱਪ ਕਰਦੇ ਹੋਏ ਨਗਰ ਕੌਂਸਲ ਦਫਤਰ ਅੰਦਰ ਧਰਨਾ ਦੇ ਦਿੱਤਾ। ਜਾਣਕਾਰੀ ਮੁਤਾਬਕ ਕਈ ਰਾਜਨੀਤਿਕ ਆਗੂਆਂ ਦੀ ਸਿਫ਼ਾਰਸ਼ 'ਤੇ ਆਪਣੇ ਚਹੇਤੇ ਸਫਾਈ ਕਰਮਚਾਰੀਆਂ ਨੂੰ ਦਫਤਰੀ ਡਿਊਟੀਆਂ 'ਤੇ ਲਾਇਆ ਗਿਆ ਹੈ, ਜਦਕਿ ਉਹਨਾਂ ਤੋਂ ਮੈਦਾਨੀ ਸਫਾਈ ਦਾ ਕੰਮ ਨਹੀਂ ਲਿਆ ਜਾ ਰਿਹਾ। ਕਰੀਬ ਪੰਜ ਕਰਮਚਾਰੀ ਨਗਰ ਕੌਂਸਲ ਜਗਰਾਓਂ ਦਫਤਰ ਵਿੱਚ ਬੈਠੇ ਹਨ, ਜਿਸ ਦਾ ਸਿੱਧਾ ਅਸਰ ਇਹ ਹੋਇਆ ਕਿ ਬਾਕੀ ਸਫਾਈ ਸੇਵਕਾਂ 'ਤੇ ਕੰਮ ਦਾ ਬੋਝ ਬੇਹੱਦ ਵੱਧ ਗਿਆ ਹੈ। ਇਸ ਅਨਿਆਂ ਕਾਰਨ ਨਾ ਸਿਰਫ਼ ਉਹਨਾਂ ਦੀ ਕਾਰਗੁਜ਼ਾਰੀ ਪ੍ਰਭਾਵਿਤ ਹੋ ਰਹੀ ਹੈ, ਸਗੋਂ ਮਾਨਸਿਕ ਤਣਾਅ ਵੀ ਵਧ ਰਿਹਾ ਹੈ। ਸਫਾਈ ਸੇਵਕ ਯੂਨੀਅਨ (ਪੰਜਾਬ ਬ੍ਰਾਂਚ, ਜਗਰਾਓਂ) ਨੇ ਇਸਨੂੰ ਸਾਫ਼ ਤੌਰ 'ਤੇ ਸਿਸਟਮੈਟਿਕ ਸ਼ੋਸ਼ਣ ਕਰਾਰ ਦਿੰਦਿਆਂ ਸੰਘਰਸ਼ ਦਾ ਐਲਾਨ ਕੀਤਾ। ਜ਼ਿਲ੍ਹਾ ਪ੍ਰਧਾਨ ਅਰੁਣ ਗਿੱਲ ਦੀ ਅਗਵਾਈ ਹੇਠ ਸਵੇਰੇ ਤੋਂ ਹੀ ਸੈਂਕੜਿਆਂ ਕਰਮਚਾਰੀਆਂ ਨੇ ਇਕੱਠੇ ਹੋ ਕੇ ਨਾਅਰੇਬਾਜ਼ੀ ਕੀਤੀ ਅਤੇ ਇਹ ਸਪੱਸ਼ਟ ਕਰ ਦਿੱਤਾ ਕਿ ਜਦ ਤੱਕ ਦਫਤਰਾਂ ਵਿੱਚ ਬੈਠੇ ਸਫਾਈ ਕਰਮਚਾਰੀਆਂ ਨੂੰ ਮੈਦਾਨ ਵਿੱਚ ਵਾਪਸ ਨਹੀਂ ਭੇਜਿਆ ਜਾਂਦਾ, ਇਹ ਸੰਘਰਸ਼ ਰੁਕਣ ਵਾਲਾ ਨਹੀਂ। ਯੂਨੀਅਨ ਵੱਲੋਂ ਇਸ ਸੰਘਰਸ਼ ਨੂੰ ਪੱਕਾ ਮੋਰਚਾ ਕਰਾਰ ਤਾਂ ਦੇ ਦਿੱਤਾ ਗਿਆ, ਪਰ ਮੌਕੇ 'ਤੇ ਬੈਠੇ ਕਰਮਚਾਰੀਆਂ ਲਈ ਟੈਂਟ, ਕੂਲਰ ਅਤੇ ਬੈਠਣ ਲਈ ਸਾਰੇ ਢੰਗ ਦੇ ਪ੍ਰਬੰਧ ਕੀਤੇ ਗਏ। ਇਸ ਵਾਰ ਯੂਨੀਅਨ ਵੱਲੋਂ ਪੂਰੀ ਤਿਆਰੀ ਨਾਲ ਸੰਘਰਸ਼ ਕੀਤਾ ਜਾ ਰਿਹਾ ਹੈ। ਸ਼ਹਿਰ ਵਿੱਚ ਪਹਿਲਾਂ ਹੀ ਕੂੜੇ ਦੇ ਢੇਰ ਲੋਕਾਂ ਦੀ ਜ਼ਿੰਦਗੀ ਨੂੰ ਨਰਕ ਬਣਾਉਂਦੇ ਪਏ ਹਨ ਅਤੇ ਹੁਣ ਸਫਾਈ ਸੇਵਕਾਂ ਦੀ ਹੜਤਾਲ ਨਾਲ ਹਾਲਾਤ ਹੋਰ ਵੀ ਗੰਭੀਰ ਹੋ ਸਕਦੇ ਹਨ। ਲੋਕਾਂ ਵਿੱਚ ਰੋਸ ਵਧਦਾ ਜਾ ਰਿਹਾ ਹੈ ਅਤੇ ਉਹ ਨਗਰ ਕੌਂਸਲ ਦੀ ਨਾਕਾਮੀ 'ਤੇ ਸਿੱਧੇ ਸਵਾਲ ਉਠਾ ਰਹੇ ਹਨ। ਜੇ ਪ੍ਰਸ਼ਾਸਨ ਨੇ ਤੁਰੰਤ ਹਾਲਾਤ 'ਤੇ ਕਾਬੂ ਨਾ ਪਾਇਆ ਤਾਂ ਜਗਰਾਓਂ ਵਿੱਚ ਸਫਾਈ ਸੰਕਟ ਵੱਡੇ ਸਿਹਤ ਸੰਕਟ ਦਾ ਰੂਪ ਧਾਰ ਸਕਦਾ ਹੈ।

# ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਫੀਸਾਂ ਲਈ ਸ਼੍ਰੋਮਣੀ ਕਮੇਟੀ ਨੇ ਦਿੱਤੀ 22 ਲੱਖ 35 ਹਜ਼ਾਰ ਰੁਪਏ ਦੀ ਸਹਾਇਤਾ



ਅੰਮ੍ਰਿਤਸਰ, 24 ਅਪ੍ਰੈਲ (ਗੁਰਦਿਆਲ ਸਿੰਘ):ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਸਕੂਲ/ਕਾਲਜ ਦੀਆਂ ਫੀਸਾਂ ਲਈ 22 ਲੱਖ 35 ਹਜ਼ਾਰ 247 ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਇਹ ਰਾਸ਼ੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਰਾਏਪੁਰ ਅਤੇ ਛੱਤੀਸਗੜ੍ਹ ਦੇ ਵੱਖ-ਵੱਖ ਥਾਵਾਂ 'ਤੇ ਪੜ੍ਹਦੇ 151 ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਸਾਲ 2025-26 ਦੀਆਂ ਫੀਸਾਂ ਦੇ ਰੂਪ ਵਿਚ ਸਕੂਲਾਂ/ਕਾਲਜਾਂ ਨੂੰ ਸੌਂਪੀ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿਕਲੀਗਰ ਸਿੱਖ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਲਈ ਹਰ ਸਾਲ ਬੱਚਿਆਂ ਦੀਆਂ ਸਕੂਲ ਫੀਸਾਂ ਦੇ ਰੂਪ ਵਿੱਚ ਸਹਾਇਤਾ ਕਰਨ ਦਾ ਫੈਸਲਾ ਕੀਤਾ ਹੋਇਆ ਹੈ। ਇਸੇ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਵਿਦਿਅਕ ਅਦਾਰਿਆਂ ਨੂੰ ਇਹ ਫੀਸਾਂ ਭੇਜੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਰਾਏਪੁਰ ਤੇ ਛੱਤੀਸਗੜ੍ਹ ਦੇ ਵੱਖ-ਵੱਖ ਸਕੂਲਾਂ ਕਾਲਜਾਂ ਵਿੱਚ ਜਾ ਕੇ ਇਥੇ ਪੜ੍ਹ ਰਹੇ ਸਿਕਲੀਗਰ ਤੇ ਵਣਜਾਰੇ ਸਿੱਖ ਬੱਚਿਆਂ ਦੀਆਂ ਫੀਸਾਂ ਸਿੱਧੇ ਤੌਰ 'ਤੇ ਸਕੂਲਾਂ ਤੇ ਕਾਲਜਾਂ ਨੂੰ ਸੌਂਪੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਬੀਤੇ 'ਚ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਸਾਲ ਭਰ ਦੀਆਂ ਫੀਸਾਂ ਇਕੋ ਸਮੇਂ ਖੁਦ ਜਾ ਕੇ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ, ਤਾਂ ਜੋ ਇਸ ਦੀ ਸੁਜੋਗ ਵਰਤੋਂ ਯਕੀਨੀ ਬਣੀ ਰਹੇ। ਉਨ੍ਹਾਂ ਕਿਹਾ ਕਿ ਇਹ ਫੀਸਾਂ ਦੇਣ ਦਾ ਮੰਤਵ ਸਿਕਲੀਗਰ ਸਿੱਖ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਲਈ ਸਿੱਖਿਅਤ ਕਰਨਾ ਹੈ, ਤਾਂ ਜੋ ਭਵਿੱਖ ਵਿਚ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ। ਇਸ ਮੌਕੇ ਉਨ੍ਹਾਂ ਨਾਲ ਇੰਚਾਰਜ ਸ. ਬਲਦੇਵ ਸਿੰਘ, ਗੁਰਮਤਿ ਵਿਦਿਆਲਾ ਛੱਤੀਸਗੜ੍ਹ ਦੇ ਇੰਚਾਰਜ ਸ. ਅਜੀਤ ਸਿੰਘ, ਇੰਸਪੈਕਟਰ ਸ. ਚੰਚਲਦੀਪ ਸਿੰਘ ਵੀ ਮੌਜੂਦ ਸਨ।

## ਖ਼ਾਲਸਾ ਯੂਨੀਵਰਸਿਟੀ ਵਿਖੇ ਇਕ ਰੋਜ਼ਾ ਉੱਚ ਸਿੱਖਿਆ ਰਾਸ਼ਟਰੀ ਕਾਨਫ਼ਰੰਸ ਆਯੋਜਿਤ

# ਰਾਜਪਾਲ ਕਟਾਰੀਆ ਨੇ ਉੱਚ ਸਿੱਖਿਆ ਨੂੰ ਦਰਪੇਸ਼ ਚੁਣੌਤੀਆਂ ਦੇ ਹੱਲ ਲਈ ਇੱਕਜੁੱਟਤਾ ਦਾ ਦਿੱਤਾ ਸੱਦਾ






ਅੰਮ੍ਰਿਤਸਰ, 24 ਅਪ੍ਰੈਲ (ਬਬਲੂ ਮਹਾਜਨ) :ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਉੱਚ ਸਿੱਖਿਆ ਸੰਸਥਾਵਾਂ ਨੂੰ ਨਵੀਆਂ ਤਕਨੀਕਾਂ, ਬਦਲਦੀਆਂ ਆਰਥਿਕ ਸਥਿਤੀਆਂ ਅਤੇ ਉੱਭਰਦੀਆਂ ਸਮਾਜਿਕ ਚੁਣੌਤੀਆਂ ਦੇ ਹੱਲ ਲਈ ਸਾਂਝੇ ਤੌਰ 'ਤੇ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਵੀਆਂ ਤਬਦੀਲੀਆਂ ਅਪਨਾਉਂਦਿਆਂ ਅਦਾਰਿਆਂ ਨੂੰ ਆਪਣੀਆਂ ਕਦਰਾਂ-ਕੀਮਤਾਂ ਅਤੇ ਵਿੱਦਿਆ ਦੇ ਬੁਨਿਆਦੀ ਟੀਚੇ ਨਹੀਂ ਭੁੱਲਣੇ ਚਾਹੀਦੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਖ਼ਾਲਸਾ ਯੂਨੀਵਰਸਿਟੀ ਵਿਖੇ ਅੱਜ ਸ੍ਰੀ ਕਟਾਰੀਆ ਨੇ 'ਉੱਚ ਸਿੱਖਿਆ ਨੀਤੀ: ਨੈਵੀਗੇਟਿੰਗ ਗਲੋਬਲ ਚੁਣੌਤੀਆਂ ਅਤੇ ਰਾਸ਼ਟਰੀ ਤਰਜੀਹਾਂ' ਵਿਸ਼ੇ 'ਤੇ ਕਰਵਾਈ ਗਈ ਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਸ਼ਵ ਪੱਧਰ 'ਤੇ ਉੱਭਰ ਰਹੇ ਬਦਲਾਅ ਸਬੰਧੀ ਤਿਆਰ-ਬਰ-ਤਿਆਰ ਰਹਿਣ ਲਈ ਹੋਕਾ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਨੂੰ ਸਮਾਵੇਸ਼ੀ ਵਿਕਾਸ, ਸਮਾਜਿਕ ਸਮਾਨਤਾ ਅਤੇ ਰੁਜ਼ਗਾਰ ਪੈਦਾ ਕਰਨ ਨੂੰ ਉਤਸ਼ਾਹਿਤ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਉਣੀ ਚਾਹੀਦੀ ਹੈ।ਯੂਨੀਵਰਸਿਟੀ ਵੱਲੋਂ ਉਕਤ ਪ੍ਰੋਗਰਾਮ ਭਾਰਤ ਅਤੇ ਦੁਨੀਆਂ ਭਰ 'ਚ ਉੱਚ ਸਿੱਖਿਆ ਦੇ ਵਿਕਸਿਤ ਹੋ ਰਹੇ ਨਵੇਂ ਕੀਰਤੀਮਾਨ ਨੂੰ ਗਹੁ ਨਾਲ ਤੱਕਣ ਲਈ ਉੱਘੇ ਵਿਦਵਾਨਾਂ, ਸਿੱਖਿਆ ਸ਼ਾਸਤਰੀਆਂ, ਨੀਤੀ ਨਿਰਮਾਤਾਵਾਂ ਨਾਲ ਗੱਲਬਾਤ ਕਰਨ ਸਬੰਧੀ ਉਲੀਕਿਆ ਗਿਆ ਸੀ। ਕਾਨਫਰੰਸ ਸ਼ੁਰੂ ਹੋਣ ਤੋਂ ਪਹਿਲਾਂ ਰਾਜਪਾਲ ਨੇ ਇਤਿਹਾਸਕ ਖਾਲਸਾ ਕਾਲਜ ਅਤੇ ਖ਼ਾਲਸਾ 'ਵਰਸਿਟੀ ਕੈਂਪਸ' ਦੀ ਵਿਰਾਸਤੀ ਇਮਾਰਤ ਦਾ ਦੌਰਾ ਕੀਤਾ ਅਤੇ ਸਿੱਖ ਇਤਿਹਾਸ ਖੋਜ ਕੇਂਦਰ 'ਚ ਲੰਬਾ ਸਮਾਂ ਬਿਤਾਇਆ, ਜਿੱਥੇ ਉਨ੍ਹਾਂ ਨੇ ਖੋਜ਼ ਅਧਾਰਿਤ ਅਤੇ ਸਿੱਖ ਵਿਰਸੇ ਨਾਲ ਸਬੰਧਿਤ ਕਿਤਾਬਾਂ ਅਤੇ ਮਿਊਜ਼ਿਮ 'ਚ ਸ਼ੁਸ਼ੋਭਿਤ ਖਰੜਿਆਂ ਨੂੰ ਵੇਖਿਆ।ਇਸ ਤੋਂ ਪਹਿਲਾਂ ਉਨ੍ਹਾਂ ਨੇ ਖ਼ਾਲਸਾ ਯੂਨੀਵਰਸਿਟੀ ਦੇ ਵਿਜ਼ਟਰ ਵਜੋਂ 'ਵਰਸਿਟੀ ਦੇ ਪ੍ਰੋ-ਚਾਂਸਲਰ ਸ: ਰਜਿੰਦਰ ਮੋਹਨ ਸਿੰਘ ਛੀਨਾ, ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਅਤੇ ਯੂ. ਜੀ. ਸੀ. ਵੱਲੋਂ ਸੰਯੁਕਤ ਸਕੱਤਰ ਡਾ. ਅਮੋਲ ਐਮ. ਅੰਧਾਰੇ ਨਾਲ ਯੂਨੀਵਰਸਿਟੀ ਦੇ ਪ੍ਰਸ਼ਾਸ਼ਨਿਕ ਅਤੇ ਅਕਾਦਮਿਕ ਕਾਰਵਾਈਆਂ ਸਬੰਧੀ ਜਾਣਕਾਰੀਆਂ ਹਾਸਲ ਕੀਤੀ। ਇਸ ਮੌਕੇ ਸ੍ਰੀ ਕਟਾਰੀਆ ਨੇ ਆਪਣੇ ਭਾਸ਼ਣ ਦੌਰਾਨ ਖਾਲਸਾ ਯੂਨੀਵਰਸਿਟੀ ਪ੍ਰਬੰਧਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ਾਲਸਾ ਕਾਲਜ ਸੋਸਾਇਟੀ ਜੋ ਕਿ 1890 ਤੋਂ ਸਿੱਖਿਆ ਪ੍ਰਦਾਨ ਕਰਨ 'ਚ ਅਹਿਮ ਭੂਮਿਕਾ ਨਿਭਾਅ ਰਹੀ ਹੈ।ਪ੍ਰੋਫੈਸ਼ਨਲ ਕਾਲਜਿਸ, ਯੂਨੀਵਰਸਿਟੀ ਅਤੇ ਸਕੂਲ ਚਲਾ ਕੇ ਸਮਾਜ ਸੇਵਾ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ-2020 ਅਨੁਸਾਰ ਸਿੱਖਿਆ ਨੀਤੀ 'ਚ ਰਾਸ਼ਟਰੀ ਪੱਧਰ 'ਤੇ ਵੱਡੇ ਬਦਲਾਅ ਹੋ ਰਹੇ ਹਨ, ਜਿਸ ਨੂੰ ਅਪਨਾ ਕੇ ਉਚ ਸਿੱਖਿਆ ਸੰਸਥਾਵਾਂ ਬਹੁ-ਅਨੁਸ਼ਾਸਨੀ ਅਤੇ ਸਰਲ ਸਿੱਖਿਆ ਦੇ ਮੌਕੇ ਪ੍ਰਦਾਨ ਕਰ ਸਕਦੀਆਂ ਹਨ। ਉਨ੍ਹਾਂ ਨੇ ਉੱਚ ਸਿੱਖਿਆ 'ਚ ਡਿਜੀਟਲ ਤਕਨਾਲੋਜੀ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਆਨਲਾਈਨ ਸਿਖਲਾਈ ਮੰਚਾਂ ਦੀ ਵੱਧ ਰਹੀ ਭੂਮਿਕਾ ਨੂੰ ਅਪਣਾਉਣ 'ਤੇ ਵੀ ਜ਼ੋਰ ਦਿੱਤਾ।ਇਸ ਮੌਕੇ ਛੀਨਾ ਨੇ ਆਪਣੇ ਸਵਾਗਤੀ ਭਾਸ਼ਣ 'ਚ ਜਿੱਥੇ ਰਾਜਪਾਲ ਨੂੰ ਜੀ ਆਇਆਂ ਕਿਹਾ, ਉੱਥੇ ਉਨ੍ਹਾਂ ਨੇ ਉੱਚ ਸਿੱਖਿਆ 'ਚ ਉੱਭਰ ਰਹੀਆਂ ਚੁਣੌਤੀਆਂ ਤੇ ਉੱਚ ਸਿੱਖਿਆ ਦੇ ਡਿੱਗਦੇ ਮਿਆਰ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਕੋਈ ਵਪਾਰ ਨਹੀਂ, ਸਗੋਂ ਨਿਰੋਇਆ ਸਮਾਜ ਸਿਰਜਣ ਦਾ ਜਰੀਆ ਹੈ। ਉਨ੍ਹਾਂ ਕਿਹਾ ਕਿ ਸੋਸਾਇਟੀਆਂ ਅਤੇ ਟਰੱਸਟਾਂ ਵੱਲੋਂ ਚਲਾਈਆਂ ਜਾ ਰਹੀਆਂ ਸੰਸਥਾਵਾਂ ਦਹਾਕਿਆਂ ਤੋਂ ਬਹੁਮੁੱਲੀ ਸਿੱਖਿਆ ਮੁਹੱਈਆ ਕਰਵਾ ਰਹੀਆਂ ਹਨ, ਜਿਸ ਦੀ ਜਿੰਨ੍ਹੀ ਸ਼ਲਾਘਾ ਕੀਤੀ ਜਾਵੇ, ਉਹ ਘੱਟ ਹੈ। ਇਸ ਮੌਕੇ ਡਾ. ਮਹਿਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਨੇ ਉਕਤ ਵਿਸ਼ੇ 'ਤੇ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਹੋਣ ਤੋਂ ਪਹਿਲਾਂ ਆਪਣੀ ਇਸ ਪਲੇਠੀ ਦੀ ਕਾਨਫਰੰਸ ਆਯੋਜਿਤ ਕਰਕੇ ਇਕ ਪਹਿਲਕਦਮੀ ਕੀਤੀ ਹੈ, ਜਿਸ ਦਾ ਮੰਤਵ ਅਕਾਦਮਿਕ ਐਕਸੀਲੈਂਸ, ਨਵੀਨਤਾ ਅਤੇ ਪ੍ਰੋਫੈਸ਼ਨਲ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਡਾ. ਅੰਧਾਰੇ ਨੇ ਕਿਹਾ ਕਿ ਸਾਨੂੰ ਅਜਿਹੀਆਂ ਸੰਸਥਾਵਾਂ ਦਾ ਪਾਲਣ-ਪੋਸ਼ਣ ਕਰਨਾ ਚਾਹੀਦਾ ਹੈ ਜੋ ਸਮਾਜ ਅਤੇ ਰਾਸ਼ਟਰ ਦੀਆਂ ਬਦਲਦੀਆਂ ਜ਼ਰੂਰਤਾਂ ਪ੍ਰਤੀ ਸਰਗਰਮ ਹੋ ਕੇ ਇਨ੍ਹਾਂ ਦੇ ਹੱਲ ਤਲਾਸ਼ਣ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਹ ਕਾਨਫਰੰਸ ਖਾਲਸਾ ਯੂਨੀਵਰਸਿਟੀ ਦੇ ਸਿੱਖਿਆ ਦੇ ਮਿਆਰ ਨੂੰ ਵਧਾਉਣ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਣਾ ਹੈ।ਇਸ ਮੌਕੇ ਖ਼ਾਲਸਾ 'ਵਰਸਿਟੀ ਦੇ ਰਜਿਸਟਰਾਰ ਅਤੇ ਡੀਨ ਫੈਕਲਟੀ ਆਫ਼ ਐਜੂਕੇਸ਼ਨ ਡਾ. ਖੁਸ਼ਵਿੰਦਰ ਕੁਮਾਰ, ਜਿਨ੍ਹਾਂ ਨੇ ਇਸ ਕਾਨਫਰੰਸ ਨੂੰ ਉਲੀਕਣ 'ਚ ਆਪਣੀ ਅਹਿਮ ਭੂਮਿਕਾ ਨਿਭਾਈ, ਨੇ ਇਸ ਪ੍ਰੋਗਰਾਮ ਦੀ ਟੀਚਿਆਂ ਨੂੰ ਉਜਾਗਰ ਕਰਦਿਆਂ ਕਿਹਾ ਕਿ ਕਾਨਫਰੰਸ 'ਚ ਵਿੱਦਿਅਕ ਮਾਹਿਰਾਂ ਵੱਲੋਂ ਨਵੀਂ ਵਿੱਦਿਅਕ ਨੀਤੀ ਨੂੰ ਅਪਨਾਉਣ ਬਾਰੇ ਜਾਣਕਾਰੀਆਂ ਸਾਂਝੀਆਂ ਕਰਨਾ ਸੀ। ਉਨ੍ਹਾਂ ਕਿਹਾ ਕਿ ਉਚ ਸਿੱਖਿਆ ਨੂੰ ਮੌਜ਼ੂਦਾ ਚੁਣੌਤੀਆਂ ਲਈ ਰਣਨੀਤੀਆਂ ਤਿਆਰ ਕਰਨ ਲਈ ਉਕਤ ਕਾਨਫਰੰਸ ਸਾਂਝਾ ਪਲੇਟਫਾਰਮ ਪ੍ਰਦਾਨ ਕਰਨ ਲਈ ਰਾਹ ਪੱਧਰਾ ਕਰੇਗੀ। ਇਸ ਮੌਕੇ ਡੀਨ ਅਕਾਦਮਿਕ ਡਾ. ਸੁਰਿੰਦਰ ਕੌਰ ਨੇ ਆਪਣੇ ਧੰਨਵਾਦੀ ਪ੍ਰਸਤਾਵ 'ਚ ਰਾਜਪਾਲ, ਵਿਸ਼ੇਸ਼ ਮਹਿਮਾਨਾਂ, ਭਾਗੀਦਾਰਾਂ ਅਤੇ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਜ਼ ਜਿਨ੍ਹਾਂ 'ਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਕਰਮਜੀਤ ਸਿੰਘ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਜਸਪਾਲ ਸਿੰਘ ਸੰਧੂ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਉੱਪ ਕੁਲਪਤੀ ਪ੍ਰੋ. (ਡਾ.) ਸੰਜੀਵ ਸ਼ਰਮਾ, ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਦੇ ਉੱਪ ਕੁਲਪਤੀ ਪ੍ਰੋ. (ਡਾ.) ਸੁਸ਼ੇਂਦਰ ਕੁਮਾਰ ਮਿਸ਼ਰਾ, ਸਰਕਾਰੀ ਕਾਲਜ, ਗੁਰਦਾਸਪੁਰ ਤੋਂ ਪ੍ਰਿੰਸੀਪਲ ਪ੍ਰੋ. (ਡਾ.) ਅਸ਼ਵਨੀ ਭੱਲਾ ਅਤੇ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਹਿੱਸਾ ਲਿਆ ਅਤੇ ਵੱਖ-ਵੱਖ ਅਕਾਦਮਿਕ ਵਿਸ਼ਿਆਂ 'ਤੇ ਚਰਚਾ ਦੀ ਅਗਵਾਈ ਕੀਤੀ।ਇਸ ਮੌਕੇ ਕੌਂਸਲ ਦੇ ਮੀਤ ਪ੍ਰਧਾਨ ਸਵਿੰਦਰ ਸਿੰਘ ਕੱਥੂਨੰਗਲ, ਜੁਆਇੰਟ ਸਕੱਤਰ ਸ: ਗੁਨਬੀਰ ਸਿੰਘ, ਸ: ਰਾਜਬੀਰ ਸਿੰਘ, ਸ: ਸੰਤੋਖ ਸਿੰਘ ਸੇਠੀ, ਸ: ਲਖਵਿੰਦਰ ਸਿੰਘ ਢਿੱਲੋਂ, ਸ: ਪਰਮਜੀਤ ਸਿੰਘ ਬੱਲ, ਸ: ਗੁਰਪ੍ਰੀਤ ਸਿੰਘ ਗਿੱਲ ਤੋਂ ਇਲਾਵਾ ਖ਼ਾਲਸਾ ਅਦਾਰਿਆਂ ਦੇ ਵੱਖ-ਵੱਖ ਪ੍ਰਿੰਸੀਪਲ, ਡਾਇਰੈਕਟਰ ਤੋਂ ਇਲਾਵਾ ਹੋਰ ਕਈ ਸਖ਼ਸ਼ੀਅਤਾਂ ਹਾਜ਼ਰ ਸਨ

# ਅਪਰਨਾ ਭਾਟੀਆ, ਆਈ.ਏ.ਐਸ. ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੀ ਟਾਂਗਰਾ ਦਾਣਾ ਮੰਡੀ ਦਾ ਦੌਰਾ

## ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਕੀਤੀ ਮੀਟਿੰਗ



ਅੰਮ੍ਰਿਤਸਰ, 24 ਅਪ੍ਰੈਲ (ਬਬਲੂ ਮਹਾਜਨ) : ਭਾਰਤ ਸਰਕਾਰ ਦੇ ਫੂਡ ਸਪਲਾਈ ਅਤੇ ਵੰਡ ਮੰਤਰਾਲੇ ਦੀ ਐਡੀਸ਼ਨਲ ਸਕੱਤਰ ਸ੍ਰੀਮਤੀ ਅਪਰਨਾ ਭਾਟੀਆ, ਆਈ.ਏ.ਐਸ. ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੀ ਦਾਣਾ ਮੰਡੀ ਟਾਂਗਰਾ ਦਾ ਦੌਰਾ ਕਰਕੇ ਕਣਕ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾਂ ਨਾਲ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਸਕੱਤਰ ਵਰਿੰਦਰ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰੋਹਿਤ ਗੁਪਤਾ, ਐਸ.ਡੀ.ਐਮ. ਬਾਬਾ ਬਕਾਲਾ ਰਜਨੀਸ਼ ਕੁਮਾਰ, ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।ਟਾਂਗਰਾ ਦਾਣਾ ਮੰਡੀ ਵਿੱਚ ਕਣਕ ਦੀ ਖਰੀਦ ਦਾ ਜਾਇਜ਼ਾ ਲੈਣ ਮੌਕੇ ਐਡੀਸ਼ਨਲ ਸਕੱਤਰ ਅਪਰਨਾ ਭਾਟੀਆ ਨੇ ਮੰਡੀ ਵਿੱਚ ਆਏ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਗੱਲ ਕੀਤੀ ਅਤੇ ਮੰਡੀ ਵਿੱਚ ਕਣਕ ਦੀ ਖਰੀਦ ਸਬੰਧੀ ਸਾਰੀ ਪ੍ਰੀਕ੍ਰਿਆ ਦੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਆੜ੍ਹਤੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਨੂੰ ਵੀ ਸੁਣਿਆ ਅਤੇ ਸਰਕਾਰ ਤੱਕ ਉਨ੍ਹਾਂ ਦੀ ਗੱਲ ਪਹੁੰਚਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਅੰਮ੍ਰਿਤਸਰ ਦੀ ਟਾਂਗਰਾ ਦਾਣਾ ਮੰਡੀ ਵਿੱਚ ਕਣਕ ਦੀ ਖ਼ਰੀਦ ਬਹੁਤ ਵਧੀਆ ਢੰਗ ਨਾਲ ਚੱਲ ਰਹੀ ਹੈ ਅਤੇ ਕਿਸਾਨਾਂ ਨੂੰ ਖਰੀਦੀ ਫਸਲ ਦਾ ਭੁਗਤਾਨ ਨਾਲ ਦੀ ਨਾਲ ਹੋ ਰਿਹਾ ਹੈ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਪੰਜਾਬ ਇਸ ਵਾਰ ਵੀ ਕੇਂਦਰੀ ਅੰਨ ਭੰਡਾਰ ਵਿੱਚ ਆਪਣਾ ਵੱਡਾ ਯੋਗਦਾਨ ਪਾਵੇਗਾ।ਜ਼ਿਲ੍ਹੇ ਵਿੱਚ ਚੱਲ ਰਹੀ ਕਣਕ ਦੀ ਖਰੀਦ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਦਾ ਅੰਕੜਾ 353186 ਮੀਟਰਿਕ ਟਨ ਤੋਂ ਪਾਰ ਪਹੁੰਚ ਗਿਆ ਹੈ।ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 390780 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 353186 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚ ਖ਼ਰੀਦ ਏਜੰਸੀ ਪਨਗਰੇਨ ਨੇ 120982 ਮੀਟਰਿਕ ਟਨ, ਮਾਰਕਫੈੱਡ ਨੇ 83256 ਮੀਟਰਿਕ ਟਨ, ਪਨਸਪ ਨੇ 80741 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 55295 ਮੀਟਰਿਕ ਟਨ ਅਤੇ ਐਫ਼.ਸੀ.ਆਈ. ਨੇ 9437 ਮੀਟਰਿਕ ਟਨ ਕਣਕ ਖ਼ਰੀਦੀ ਹੈ। ਇਸ ਤੋਂ ਇਲਾਵਾ 3475 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ।

# ਸਿਹਤ ਵਿਭਾਗ ਵੱਲੋਂ ਵਿਸ਼ਵ ਮਲੇਰੀਆ ਦਿਵਸ ਮੌਕੇ ਜਾਗਰੂਕਤਾ ਮੁਹਿੰਮ ਦੀ



ਅੰਮ੍ਰਿਤਸਰ, 24 ਅਪ੍ਰੈਲ (ਬਬਲੂ ਮਹਾਜਨ) : ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਆਮ ਲੋਕਾਂ ਨੂੰ ਮਲੇਰੀਆ ਅਤੇ ਡੇਂਗੂ ਸੰਬਧੀ ਜਾਗਰੂਕ ਕਰਨ ਲਈ ਅੱਜ ਦਫ਼ਤਰ ਸਿਵਲ ਸਰਜਨ ਤੋਂ ਜਾਗਰੂਕਤਾ ਟੀਮਾਂ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਡਾ ਬਜਾਜ ਨੇ ਕਿਹਾ ਕਿ ਮਲੇਰੀਆ ਅਤੇ ਡੇਂਗੂ ਤੋਂ ਬਚਣ ਲਈ ਸਭ ਤੋਂ ਜ਼ਿਆਦਾ ਜ਼ਰੂਰੀ ਹੈ ਕੀ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ, ਕਿਉਂਕਿ ਇਲਾਜ ਨਾਲੋਂ ਪਰਹੇਜ ਜ਼ਿਆਦਾ ਜ਼ਰੂਰੀ ਹੈ। ਸਿਵਲ ਸਰਜਨ ਨੇ ਦੱਸਿਆ ਕਿ ਮਲੇਰੀਆ ਇੱਕ ਵੈਕਟਰ ਬੋਰਨ ਬਿਮਾਰੀ ਹੈ ਜੋ ਕਿ ਮਾਦਾ ਐਨਾਫਲੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ। ਜਿਸਦੇ ਲੱਛਣ ਕਾਂਬਾ ਲੱਗ ਕੇ ਤੇਜ਼ ਬੁਖਾਰ ਚੜ੍ਹਨਾ, ਤੇਜ ਸਿਰਦਰਦ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅੱਖਾਂ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜਿਆ ਵਿੱਚੋਂ ਖੂਨ ਵਗਣਾ ਸ਼ੁਰੂ ਹੋ ਜਾਂਦਾ ਹੈ। ਮਲੇਰੀਆ ਬੁਖਾਰ ਦੇ ਸ਼ੱਕ ਹੋਣ ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੋਂ ਹੀ ਫਰੀ ਚੈਕਅੱਪ ਅਤੇ ਇਲਾਜ ਕਰਵਾਇਆ ਜਾਵੇ।ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਹਰਜੋਤ ਕੌਰ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਰੋਜ਼ਾਨਾ ਟੀਮਾਂ ਭੇਜ ਕੇ ਫੌਗਿੰਗ, ਸਪਰੇਅ ਅਤੇ ਜਾਗਰੂਕਤਾ ਟੀਮਾਂ ਭੇਜੀਆਂ ਜਾ ਰਹੀਆ ਹਨ ਅਤੇ ਖਾਸ ਕਰਕੇ ਹੌਟ ਸਪੌਟ ਇਲਾਕਿਆ ਵਿੱਚ ਇਸਦਾ ਵਿਸ਼ੇਸ ਧਿਆਨ ਦਿੱਤਾ ਜਾ ਰਿਹਾ ਹੈ।ਇਸ ਇਸ ਮੌਕੇਜ਼ਿਲ੍ਹਾਐਮ.ਈ.ਆਈ.ਓ.ਅਮਰਦੀਪ ਸਿੰਘ ਵੱਲੋਂ ਕਿਹਾ ਕਿ ਜ਼ਿਲ੍ਹੇਭਰ ਵਿੱਚ ਆਮ ਲੋਕਾਂ ਨੂੰ ਪੋਸਟਰਾਂ, ਬੈਨਰਾ ਅਤੇ ਪੈਂਫਲਿਟ ਆਦਿ ਰਾਹੀਂ ਡੇਂਗੂ ਅਤੇ ਮਲੇਰੀਆ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਜ਼ਿਲ੍ਹਾ ਸਿਹਤ ਅਫ਼ਸਰ ਡਾ ਜਸਪਾਲ ਸਿੰਘ, ਜ਼ਿਲ੍ਹਾ ਟੀਕਾਕਰਣ ਅਫ਼ਸਰ ਡਾ ਰਸ਼ਮੀ ਵਿੱਜ, ਏ ਐਮ ਓ ਗੁਰਦੇਵ ਸਿੰਘ, ਪ੍ਰਿਤਪਾਲ ਸਿੰਘ, ਐਸ ਆਈ ਸੁਖਦੇਵ ਸਿੰਘ, ਗੁਰਕਿਰਨ ਸਿੰਘ, ਬਲਵਿੰਦਰ ਸਿੰਘ, ਹਰਕਮਲ ਸਿੰਘ, ਹਰਮੀਤ ਸਿੰਘ, ਰਣਜੋਤ ਸਿੰਘ, ਕੁਲਦੀਪ ਸਿੰਘ, ਸਮੇਤ ਸਮੂਹ ਸਟਾਫ਼ ਹਾਜ਼ਰ ਸਨ।

# ਸਿੱਖਿਆ ਨੀਤੀ ਦੀ ਮੂੰਹ ਬੋਲਦੀ ਤਸਵੀਰ, ਪਿਛਲੇ ਸੱਤ ਸਾਲ ਤੋਂ ਸਕੂਲ ਵਿੱਚ ਪੰਜਾਬੀ ਅਧਿਆਪਕ ਹੀ ਨਹੀਂ

ਗੜ੍ਹਦੀਵਾਲਾ, 24 ਅਪ੍ਰੈਲ (ਗੌਰਵ): ਇਸ ਸਰਕਾਰੀ ਹਾਈ ਸਕੂਲ ਪੰਡੋਰੀ ਅਟਵਾਲ ਵਿਖੇ ਪਿਛਲੇ ਸੱਤ ਸਾਲ ਤੋਂ ਪੰਜਾਬੀ ਟੀਚਰ ਹੀ ਨਹੀਂ ਹੈ। ਹੈੱਡ ਟੀਚਰ, ਡਰਾਇੰਗ ਟੀਚਰ, ਕਲਰਕ, ਚਪੜਾਸੀ ਤੇ ਡਰਾਇੰਗ ਮਾਸਟਰ ਵੀ ਨਹੀਂ ਹਨ । ਸਰਕਾਰ ਦਾ ਇਸ ਵੱਲ ਕੋਈ ਧਿਆਨ ਨਹੀਂ ਹੈ । ਜਦ ਕਿ ਹਰ ਜੌਬ ਵਿੱਚ ਪੰਜਾਬੀ ਲਾਜ਼ਮੀ ਹੈ ਫਿਰ ਬੱਚੇ ਪੁੱਛਦੇ ਹਨ ਕਿ ਸਾਡਾ ਪੰਜਾਬੀ ਵਾਲਾ ਗੁਰੂ ਕਿੱਥੇ ਹੈ।ਇਸ ਸਕੂਲ ਵਿੱਚ 123 ਵਿਦਿਆਰਥੀ ਹੁਣ ਤੱਕ ਦਾਖਲਾ ਲੈ ਚੁੱਕੇ ਹਨ, ਹੋਰ ਵੀ ਵਿਦਿਆਰਥੀ ਆ ਰਹੇ ਹਨ, ਇੱਥੇ 12 ਅਧਿਆਪਕ ਸਨ ਜਿਨਾਂ 'ਚੋਂ ਹੁਣ 3 ਅਧਿਆਪਕ ਡੈਪੂਟੇਸ਼ਨ 'ਤੇ ਜਾ ਚੁੱਕੇ ਹਨ। ਅਧਿਆਪਕ ਡੈਪੂਟੇਸ਼ਨ 'ਤੇ ਜਾਣ ਕਰਕੇ ਵਿਦਿਆਰਥੀ ਸਕੂਲ ਤੋਂ ਸਰਟੀਫਿਕੇਟ ਲੈ ਕੇ ਹੋਰ ਸਕੂਲਾਂ ਵੱਲ ਜਾ ਰਹੇ ਹਨ ।ਅੱਜ ਇੱਥੇ 6 ਪਿੰਡਾਂ ਦੇ ਲੋਕ ਪਤਵੰਤੇ ਪਿੰਡ ਪੰਡੋਰੀ ਅਟਵਾਲ, ਸਹਿਜੋਵਾਲ, ਮੂਸਾ, ਨੰਗਲ ਥੱਥਲ, ਨੰਗਲ ਘੋੜੇਵਾਹ ਮਸਤੀਵਾਲ ਦੇ ਪਤਵੰਤੇ ਇਕੱਠੇ ਹੋਏ। ਇਹਨਾਂ ਨੇ ਸਕੂਲ ਦੇ ਸਟਾਫ ਨਾਲ ਮੀਟਿੰਗ ਕੀਤੀ ਤੇ ਬੱਚਿਆਂ ਦੇ ਭਵਿੱਖ ਬਾਰੇ ਚਿੰਤਾ ਪ੍ਰਗਟ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਜਿੱਥੇ ਸਕੂਲ ਵਿੱਚ ਅਧਿਆਪਕ ਹੀ ਨਹੀਂ ਹਨ ਉਹ ਬੱਚੇ ਕੀ ਪੜ੍ਹਨਗੇ ਤੇ ਕੀ ਸਿੱਖਿਆ ਹਾਸਲ ਕਰ ਸਕਦੇ ਹਨ। ਸਾਡੇ ਬੱਚਿਆਂ ਤੋਂ ਸਾਡੀ ਸਿੱਖਿਆ ਖੋਹੀ ਜਾ ਰਹੀ ਹੈ ਇਹ ਹੈ ਭਗਵੰਤ ਮਾਨ ਦੀ ਸਿੱਖਿਆ ਨੀਤੀ ? ਉਹਨਾਂ ਕਿਹਾ ਸਰਕਾਰ ਇਸ ਤੇ ਜਲਦੀ ਨਾਲ ਐਕਸ਼ਨ ਲਵੇ ਨਹੀਂ ਤਾਂ ਸਰਕਾਰੀ ਸਕੂਲਾਂ ਨੂੰ ਜੰਦਰੇ ਲੱਗ ਜਾਣਗੇ ਤੇ ਇਸ ਮੌਕੇ ਦੀ ਸਰਕਾਰ ਦੀ ਜ਼ਿੰਮੇਵਾਰੀ ਹੋਵੇਗੀ। ਮਹਿਕਮਾ ਡੈਪੂਟੇਸ਼ਨ 'ਤੇ ਭੇਜੇ ਅਧਿਆਪਕ ਪਿੰਡ ਪੰਡੋਰੀ ਅਟਵਾਲ ਵਿੱਚ ਵਾਪਸ ਬੁਲਾਵੇ।ਇਹ ਸਿੱਖਿਆ ਨੀਤੀ ਵਿੱਚ ਸੁਧਾਰ ਲਿਆਵੇ ਟੀਚਰਾਂ ਦੀਆ ਦੂਜੀਆਂ ਜਗ੍ਹਾਂ 'ਤੇ ਡਿਊਟੀਆਂ ਨਾ ਲਗਾਈਆਂ ਜਾਣ। ਤਨਖਾਹ ਟੀਚਰ ਇੱਥੋਂ ਲੈ ਰਹੇ ਹਨ, ਪਰ ਸੇਵਾਵਾਂ ਕਿਸੇ ਹੋਰ ਥਾਂ ਦੇ ਰਹੇ ਹਨ। ਅੱਜ ਲਾਸਟ ਵਿੱਚ ਇਹ ਵੀ ਫੈਸਲਾ ਹੋਇਆ ਕਿ ਇਸ ਸਬੰਧੀ ਹਲਕਾ ਵਿਧਾਇਕ ਜਸਬੀਰ ਸਿੰਘ ਰਾਜਾ ਨਾਲ ਗੱਲਬਾਤ ਕੀਤੀ ਜਾਵੇਗੀ। ਅੱਜ ਦੇ ਇਸ ਇਕੱਠ ਵਿੱਚ ਅੰਕਿਤ ਸ਼ਰਮਾ, ਸੰਦੀਪ ਕੁਮਾਰ, ਕਰਨੈਲ ਸਿੰਘ, ਬਲਜੀਤ ਕੁਮਾਰੀ ,ਰਾਜਕੁਮਾਰੀ ਸੰਦੀਪ ਕੌਰ, ਮਮਤਾ, ਮੋਨਕਾ, ਰਾਜ ਰਾਣੀ ,ਰਜਨੀਤ ਕੌਰ ,ਸ਼ਿਖਾ ਰਾਣੀ ,ਦੀਪਕ ਰਾਜ ਅਵਤਾਰ ਸਿੰਘ ਗੁਰਜੀਤ ਸਿੰਘ ਰਾਜੇਸ਼ ਸੁਖਵਿੰਦਰ ਸਿੰਘ ਸਰਬਜੀਤ ਕੌਰ ਰੇਸ਼ਮ ਕੌਰ ਕੁਲਦੀਪ ਸਿੰਘ ਸਰਬਜੀਤ ਕੌਰ ਬਲਦੀਪ ਕੌਰ ਆਦਿ ਹਾਜਰ ਸਨ

# ਸਮਸ਼ੇਰ ਸਿੰਘ ਹਲਕਾ ਇੰਚਾਰਜ ਦੁਰਾਗਲਾ ਦਾਣਾ ਮੰਡੀ ਵਿਖੇ ਪਹੁੰਚੇ, ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਗੁਰਦਾਸਪੁਰ, 24 ਅਪ੍ਰੈਲ (ਜਸਵਿੰਦਰ ਸਿੰਘ): ਸਮਸ਼ੇਰ ਸਿੰਘ ਹਲਕਾ ਇੰਚਾਰਜ ਦੀਨਾਨਗਰ ਨੇ ਅੱਜ ਦੁਰਾਗਲਾ ਦਾਣਾ ਮੰਡੀ ਵਿਖੇ ਪਹੁੰਚੇ ਅਤੇ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਉਹਨਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਣਕ ਦਾ ਇੱਕ-ਇੱਕ ਦਾਣਾ ਖਰੀਦਣ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਹੁਣ ਤੱਕ ਜ਼ਿਲ੍ਹੇ ਦੀ ਮੰਡੀਆਂ ਦੀ 218723 ਮੀਟਰਕ ਟਨ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਆਮਦ ਵਿੱਚ ਤੇਜ਼ੀ ਆਈ ਹੈ ਅਤੇ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਰੋਜ਼ਾਨਾ ਵੱਡੀ ਤਾਦਾਦ ਵਿੱਚ ਫ਼ਸਲ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਉਹ ਰੋਜ਼ਾਨਾ ਵੱਖ ਵੱਖ ਹਲਕਾ ਦੀਨਾਨਗਰ ਦੀਆਂ ਦਾਣਾ ਮੰਡੀਆਂ ਵਿੱਚ ਜਾ ਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਹਨ, ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ ਅਤੇ ਆੜ੍ਹਤੀਆਂ ਨਾਲ ਵੀ ਗੱਲਬਾਤ ਕੀਤੀ। ਅੱਜ ਹੀ ਉਨ੍ਹਾਂ ਦੀ ਢੇਰੀ ਖਰੀਦ ਕੀਤੀ ਗਈ ਅਤੇ 24 ਘੰਟੇ ਅੰਦਰ ਕਿਸਾਨਾਂ ਨੂੰ ਪੇਮੈਂਟ ਕਰਨ ਦਾ ਵਾਅਦਾ ਪੰਜਾਬ ਸਰਕਾਰ ਵੱਲੋਂ ਨਿਭਾਇਆ ਜਾ ਰਿਹਾ ਹੈ, ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਹਨਾਂ ਨੇ ਮੰਡੀਆਂ ਵਿੱਚ ਬਾਰਦਾਨੇ ਦੀ ਉਪਲੱਬਧਤਾ, ਲਿਫਟਿੰਗ, ਸਾਫ਼-ਸਫਾਈ ਅਤੇ ਕਿਸਾਨਾਂ ਲਈ ਪੀਣ ਵਾਲੇ ਪਾਣੀ, ਛਾਂ ਆਦਿ ਦੇ ਪ੍ਰਬੰਧਾਂ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ ਅਤੇ ਲਿਫਟਿੰਗ ਦਾ ਕੰਮ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇ।

# ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਵਿਸ਼ੇਸ਼ ਲੈਕਚਰ ਦਾ ਆਯੋਜਨ

ਗੜ੍ਹਦੀਵਾਲਾ, 24 ਅਪ੍ਰੈਲ (ਗੌਰਵ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ( ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ :ਜਸਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਇਤਿਹਾਸ ਵਿਭਾਗ ਵੱਲੋਂ ਭਾਰਤੀ ਗਿਆਨ ਪ੍ਰਣਾਲੀ ਤਹਿਤ ਪੰਜਾਬੀ ਸਭਿਆਚਾਰ, ਰੀਤਾਂ ਅਤੇ ਸਾਹਿਤ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਲੈਕਚਰ ਵਿੱਚ ਇਤਿਹਾਸ ਵਿਭਾਗ ਦੇ ਮੈਡਮ ਡਾ: ਮਨਜੀਤ ਕੌਰ ਬਾਜਵਾ ਨੇ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ, ਗੀਤਾਂ, ਅਤੇ ਸਾਹਿਤ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ । ਇਸ ਸੈਮੀਨਾਰ ਦਾ ਉਦੇਸ਼ ਪੰਜਾਬੀ ਸੱਭਿਆਚਾਰ ਅਤੇ ਗੀਤਾਂ ਨੂੰ ਉਤਸ਼ਾਹਿਤ ਕਰਨਾ ਅਤੇ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ ਅਤੇ ਇਤਿਹਾਸ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।ਅੰਤ ਵਿੱਚ ਡਾ. ਮਨਜੀਤ ਕੌਰ ਬਾਜਵਾ ਨੇ ਵਿਦਿਆਰਥੀਆਂ ਲਈ ਅਜਿਹੇ ਲੈਕਚਰਾਂ ਦੀ ਸੀਰੀਜ਼ ਸ਼ੁਰੂ ਕਰਨ ਲਈ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦਾ ਧੰਨਵਾਦ ਕੀਤਾ।

# ਅੰਮ੍ਰਿਤ ਵੇਲਾ 'ਜਿਨੀ ਨਾਮ ਧਿਆਇਆ' ਸਮਾਗਮ ਦਾ ਸਮਾਪਨ



ਅੰਮ੍ਰਿਤਸਰ, 24 ਅਪ੍ਰੈਲ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵੱਲੋਂ ਸਿੱਖੀ ਨਾਲ ਜੋੜਨ 5 ਰੋਜ਼ਾ ਵਿਸ਼ੇਸ਼ ਅੰਮ੍ਰਿਤ ਵੇਲਾ 'ਜਿਨੀ ਨਾਮ ਧਿਆਇਆ' ਸਮਾਗਮ ਦਾ ਆਯੋਜਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ 13 ਅਖੰਡ ਪਾਠਾਂ ਦੇ ਭੋਗ ਵੀ ਪਾਏ ਗਏ।ਸਮਾਗਮ ਦੌਰਾਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਵੱਲੋਂ ਉਹਨਾਂ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਜਿਹੜੇ ਖਾਲਸਾ ਬਾਣੇ ਵਿੱਚ ਸਮਾਗਮ 'ਚ ਸ਼ਾਮਲ ਹੋਏ। ਉਨ੍ਹਾਂ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਸਿੱਖੀ ਰੂਪ-ਰਿਹਤ ਨਾਲ ਜੁੜਨਾ ਹਰ ਸਿੱਖ ਬੱਚੇ ਲਈ ਮਾਣ ਦੀ ਗੱਲ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰੂ ਘਰ ਨਾਲ ਜੋੜ ਕੇ ਰੱਖਣ ਅਤੇ ਉਨ੍ਹਾਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜਾਣੂੰ ਕਰਵਾਉਣ।ਉਨ੍ਹਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਬੱਚਿਆਂ ਵਿੱਚ ਸਿੱਖੀ ਪ੍ਰਤੀ ਪਿਆਰ, ਆਦਰ ਅਤੇ ਸਮਰਪਣ ਦੀ ਭਾਵਨਾ ਪੈਦਾ ਕਰਦੇ ਹਨ। ਸਮਾਗਮ ਦੌਰਾਨ ਬੱਚਿਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਖਾਲਸਾਈ ਬਾਣੇ ਵਿੱਚ ਆਪਣੀ ਅਟੱਲ ਸ਼ਰਧਾ ਦਾ ਪ੍ਰਗਟਾਵਾ ਕੀਤਾ। ਅੰਤ ਵਿੱਚ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਅਤੇ ਸੱਚੇ ਜੀਵਨ ਦੀ ਪ੍ਰੇਰਣਾ ਦਿੱਤੀ ਗਈ।ਇਸ ਮੌਕੇ ਕਥਾ ਵਾਚਕ ਗਿਆਨੀ ਵਿਸ਼ਾਲਜੀਤ ਸਿੰਘ ਅਤੇ ਬਾਬਾ ਮੇਜਰ ਸਿੰਘ ਮੁਖੀ ਤਰਨਾਂ ਦਲ ਨੇ ਵੀ ਸੰਗਤ ਨੂੰ ਸੰਬੋਧਨ ਕੀਤਾ। ਉਨ੍ਹਾਂ ਨਾਮ ਸਿਮਰਨ ਦੀ ਮਹੱਤਤਾ 'ਤੇ ਵਿਸਥਾਰ ਨਾਲ ਚਾਨਣ ਪਾਉਂਦਿਆਂ ਕਿਹਾ ਕਿ ਮਨੁੱਖੀ ਜੀਵਨ ਦਾ ਅਸਲ ਮਕਸਦ ਪ੍ਰਭੂ ਦੇ ਨਾਮ ਨਾਲ ਜੁੜਨਾ ਹੈ। ਜੋ ਵਿਅਕਤੀ ਨਾਮ ਬਾਣੀ ਨਾਲ ਜੁੜਦਾ ਹੈ, ਉਹੀ ਅਸਲ ਖ਼ੁਸ਼ੀ ਅਤੇ ਆਤਮਿਕ ਸ਼ਾਂਤੀ ਪ੍ਰਾਪਤ ਕਰਦਾ ਹੈ।ਗਿਆਨੀ ਵਿਸ਼ਾਲਜੀਤ ਸਿੰਘ ਨੇ ਕਿਹਾ ਕਿ ਗੁਰਬਾਣੀ ਸਾਡੇ ਜੀਵਨ ਲਈ ਰਾਹਦਾਰੀ ਹੈ, ਜੋ ਸਾਨੂੰ ਸਹੀ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰਮਤਿ ਅਨੁਸਾਰ ਜੀਵਨ ਬਿਤਾਇਆ ਜਾਵੇ ਅਤੇ ਰੋਜ਼ਾਨਾ ਅੰਮ੍ਰਿਤ ਵੇਲੇ ਉੱਠ ਕੇ ਨਾਮ ਜਪਿਆ ਜਾਵੇ।ਇਸਦੇ ਨਾਲ ਹੀ ਬਾਬਾ ਮੇਜਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜੋਕੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਗੁਰਮਤਿ ਨਾਲ ਜੋੜਨਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਨਸ਼ਿਆਂ ਅਤੇ ਮੰਦੀ ਸੰਗਤ ਤੋਂ ਦੂਰ ਰਹਿ ਸਕਣ। ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮਾਂ ਰਾਹੀਂ ਨੌਜਵਾਨਾਂ ਵਿੱਚ ਚੰਗੀਆਂ ਮੁੱਲਾਂ ਦੀ ਪੈਦਾਵਾਰ ਹੁੰਦੀ ਹੈ।ਸਮਾਗਮ ਦੌਰਾਨ ਸੰਗਤ ਨੇ ਬੜੇ ਸ਼ਰਧਾ ਭਾਵ ਨਾਲ ਕਥਾ-ਕੀਰਤਨ ਸੁਣਿਆ ਅਤੇ ਵਾਹਿਗੁਰੂ ਦੇ ਨਾਮ ਦੇ ਜਾਪ ਨਾਲ ਰਸਭਰਾ ਮਾਹੌਲ ਬਣਿਆ ਰਿਹਾ। ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਮੈਨੇਜਰ ਦਲਬੀਰ ਸਿੰਘ ਪਰਮਜੀਤ ਸਿੰਘ, ਰਣਜੀਤ ਸਿੰਘ ਗੋਲਡੀ, ਮਨਦੀਪ ਸਿੰਘ ਭੋਲੋ ਪ੍ਰੀਤ ਸਿੰਘ ਪ੍ਰੀਤ ਗੁਰਪਾਲ ਸਿੰਘ ਉਸਤਾਦ ਜੀ, ਤਜਿੰਦਰ ਸਿੰਘ ਬਿੱਟੂ, ਓਂਕਾਰ ਸਿੰਘ ਪੱਪੂ, ਹਰਿੰਦਰ ਸਿੰਘ ਗੋਲਡੀ, ਸਤਵਿੰਦਰ ਸਿੰਘ ਕਾਲੂ, ਭੁਪਿੰਦਰ ਸਿੰਘ ਰਾਜੂ, ਸੁਰਿੰਦਰ ਸਿੰਘ ਰਿੰਕੂ, ਹਰਿੰਦਰ ਸਿੰਘ ਗੋਲਡੀ ਸੁੱਖਵਿੰਦਰ ਸਿੰਘ ਗੋਗਾ ਵੀਰ ਜੀ, ਮਨਪ੍ਰੀਤ ਸਿੰਘ, ਸਰਵਣ ਸਿੰਘ ਅਤੇ ਗੁਰਪ੍ਰੀਤ ਸਿੰਘ ਚਾਹਤ ਸਮੇਤ ਹੋਰ ਸੰਗਤਾਂ ਵੀ ਹਾਜ਼ਰ ਸਨ।

# ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਬਾਬਾ ਜੋਗਿੰਦਰ ਸਿੰਘ ਰਕਬੇਵਾਲੇ ਹੋਏ ਨਤਮਸਤਕ



ਅੰਮ੍ਰਿਤਸਰ, 24 ਅਪ੍ਰੈਲ (ਗੁਰਦਿਆਲ ਸਿੰਘ) : ਅੱਜ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੀ ਛਾਉਣੀ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ, ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਾਬਾ ਜੋਗਿੰਦਰ ਸਿੰਘ ਰਕਬੇ ਵਾਲੇ ਨਤਮਸਤਕ ਹੋਏ। ਉਨ੍ਹਾਂ ਇਸ ਸਮੇਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨਾਲ ਫੋਨ 'ਤੇ ਫਤਿਹ ਸਾਂਝੀ ਕੀਤੀ ਅਤੇ ਪੰਥਕ ਵਿਚਾਰ ਵਟਾਦਰਾਂ ਕੀਤੀਆਂ। ਉਨ੍ਹਾਂ ਦੱਸਿਆ ਕਿ ਬੁੰਗਾ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਅਸਥਾਨ 'ਤੇ ਪੁੱਜਣ 'ਤੇ ਬਾਬਾ ਜੋਗਿੰਦਰ ਸਿੰਘ ਨੂੰ ਬੁੱਢਾ ਦਲ ਵੱਲੋਂ ਸਿਰਪਾਓ, ਦੋਸ਼ਾਲਾ ਨਾਲ ਉਨ੍ਹਾਂ ਦਾ ਸੁਆਗਤ ਕੀਤਾ ਗਿਆ। ਇਸ ਸਮੇਂ ਬਾਬਾ ਭਗਤ ਸਿੰਘ, ਪਰਮਜੀਤ ਸਿੰਘ ਬਾਜਵਾ, ਬਾਬਾ ਅਮਰੀਕ ਸਿੰਘ, ਬਾਬਾ ਗੁਰਲਾਲ ਸਿੰਘ, ਬਾਬਾ ਗਗਨਦੀਪ ਸਿੰਘ ਅਤੇ ਅਨੇਕਾਂ ਨਿਹੰਗ ਸਿੰਘ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਇੱਕ ਧਰਮ ਲਈ ਬੇਅਦਬੀ ਕਾਨੂੰਨ ਪਾਸ ਕਰਨਾ ਗ਼ਲਤ : ਰਾਹੁਲ ਖੰਨਾ



ਟਾਂਡਾ ਉੜਮੁੜ, 24 ਅਪ੍ਰੈਲ (ਅਰਜੁਨ ਜੈਨ) : ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤਾ ਗਿਆ ਮਤਾ ਸਾਰੇ ਧਰਮਾਂ ਲਈ ਬਰਾਬਰ ਹੋਣ ਤੋਂ ਇਲਾਵਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਨਵੀਂ ਰਣਨੀਤੀ ਤਿਆਰ ਕਰਨ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਸ਼ਿਵ ਸੈਨਾ ਦੇ ਦਫਤਰ ਟਾਂਡਾ ਵਿਖੇ ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ ਅਤੇ ਜ਼ਿਲ੍ਹਾ ਪ੍ਰਧਾਨ ਪੁਨੀਤ ਢਿੰਗਰਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ 'ਚ ਸ਼ਾਮਿਲ ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਬਲਾਕ ਪ੍ਰਧਾਨ ਗੌਰਵ ਬੇਦੀ, ਸੀਨੀਅਰ ਸਿਟੀ ਚੇਅਰਮੈਨ ਹਰਦੀਪ ਸਿੰਘ, ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ, ਸਰਕਲ ਪ੍ਰਧਾਨ ਪਰਮਜੀਤ ਸਿੰਘ ਅਤੇ ਵਾਈਸ ਚੇਅਰਮੈਨ ਬਬਲੂ ਕੁਮਾਰ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਪਾਸ ਕੀਤਾ ਗਿਆ ਕਾਨੂੰਨ ਦੂਜੇ ਧਰਮਾਂ 'ਤੇ ਲਾਗੂ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੂੰ ਬੇਅਦਬੀ ਸਬੰਧੀ ਅਜਿਹਾ ਕਾਨੂੰਨ ਪਾਸ ਕਰਨਾ ਚਾਹੀਦਾ ਸੀ ਜੋ ਸਾਰੇ ਧਰਮਾਂ ਤੇ ਇੱਕ ਸਮਾਨ ਲਾਗੂ ਹੁੰਦਾ। ਉਨ੍ਹਾਂ ਕਿਹਾ ਕਿ ਅਜਿਹਾ ਹੋਣ ਨਾਲ ਪੰਜਾਬ ਸਰਕਾਰ ਦੇ ਬਾਕੀ ਸਾਰੇ ਧਰਮਾਂ ਨਾਲ ਜਿਹੜਾ ਵਿਤਕਰਾ ਕੀਤਾ ਗਿਆ ਹੈ, ਉਸਨੂੰ ਸ਼ਿਵ ਸੈਨਾ ਹਿੰਦੁਸਤਾਨ ਕਦੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਬੇਅਦਬੀ ਕਾਨੂੰਨ 'ਚੋਂ ਹਿੰਦੂ ਧਰਮ ਅਤੇ ਬਾਕੀ ਧਰਮਾਂ ਨੂੰ ਬਾਹਰ ਰੱਖ ਕੇ ਮਾਨ ਸਰਕਾਰ ਨੇ ਇਹ ਸਾਬਿਤ ਕਰ ਦਿੱਤਾ ਕਿ ਉਨ੍ਹਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਇਨ੍ਹਾਂ ਵੋਟਾਂ ਦੀ ਜ਼ਰੂਰਤ ਨਹੀਂ ਹੈ। ਰਾਹੁਲ ਖੰਨਾ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਸਾਰੇ ਧਰਮਾਂ ਨੂੰ ਬਰਾਬਰ ਦੇ ਹੱਕ ਦਿੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਕਿਸੇ ਖਾਸ ਧਰਮ ਲਈ ਵੱਖਰੇ ਕਾਨੂੰਨ ਨਹੀਂ ਬਣ ਸਕਦੇ। ਅਜਿਹਾ ਹੋਣ ਨਾਲ ਬਾਕੀ ਧਰਮਾਂ ਵਿੱਚ ਹੀਨਤਾ ਦੀ ਭਾਵਨਾ ਪੈਦਾ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਇਹ ਕਾਨੂੰਨ ਪਾਸ ਕਰਕੇ ਕੇਂਦਰ ਸਰਕਾਰ ਦੇ ਰਾਜਪਾਲ ਨੇ ਵੀ ਇਹ ਸਾਬਤ ਕਰ ਦਿੱਤਾ ਕਿ ਉਹ ਵੀ ਇਸ ਸਰਕਾਰ ਨਾਲ ਮਿਲੇ ਹੋਏ ਹਨ। ਉਨ੍ਹਾਂ ਕਿਹਾ ਕਿ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਤੇ ਐਨ.ਐਸ.ਏ ਮੁੜ ਲਾਗੂ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀ ਨੂੰ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਰੱਖਣ ਨਾਲ ਪੰਜਾਬ ਵਿੱਚ ਅਮਨ ਕਾਨੂੰਨ ਕਾਇਮ ਰਹਿ ਸਕਦਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਸ਼ਿਵ ਸੈਨਾ ਵਰਕਰਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਅਤੇ ਬੂਥ ਵਾਈਜ਼ ਡਿਊਟੀਆਂ ਲਗਾਉਣ ਸਬੰਧੀ ਜ਼ਿਲ੍ਹੇ ਦੇ ਹਰ ਪਿੰਡ ਵਿੱਚ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੀ ਦੇਖ ਰੇਖ ਵਿੱਚ ਹਿੰਦੁਸਤਾਨ ਸ਼ਕਤੀ ਸੈਨਾ ਪੰਜਾਬ ਦੀਆਂ ਸਾਰੀਆਂ ਵਿਧਾਨ ਸਭਾ ਸੀਟਾਂ 'ਤੇ ਆਪਣੇ ਉਮੀਦਵਾਰ ਖੜ੍ਹੇ ਕਰੇਗੀ।

# ਪੰਜਾਬ ਪੁਲਿਸ ਕਾਂਸਟੇਬਲ ਅਤੇ ਅਗਨੀਵੀਰ ਭਰਤੀ ਦੀ ਤਿਆਰੀ ਸਬੰਧੀ ਮੁਫ਼ਤ ਕੋਚਿੰਗ

ਅੰਮ੍ਰਿਤਸਰ, 24 ਅਪ੍ਰੈਲ (ਬਬਲੂ ਮਹਾਜਨ) :ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਰੁਪਿੰਦਰ ਪਾਲ ਸਿੰਘ ਵਧੀਕ ਡਿਪਟੀ ਕਮਿਸ਼ਨਰ(ਸ਼ਹਿਰੀ ਵਿਕਾਸ)-ਕਮ-ਮੁੱਖ ਕਾਰਜਕਾਰੀ ਅਫਸਰ ਡੀ.ਬੀ.ਈ.ਈ ਅੰਮ੍ਰਿਤਸਰ ਨੇ ਕੀਤਾ। ਉਹਨਾਂ ਕਿਹਾ ਕਿ ਆਰਮੀ ਭਰਤੀ ਵਿੱਚ ਰਜਿਸਟਰ ਕੀਤੇ ਗਏ ਪ੍ਰਾਰਥੀਆਂ ਲਈ ਸੁਨਹਿਰਾ ਮੌਕਾ ਹੈ, ਕਿਉਂਕਿ ਇਸ ਵਾਰ ਭਰਤੀ ਰੈਲੀ ਅੰਮ੍ਰਿਤਸਰ ਵਿਖੇ ਹੋ ਰਹੀ ਹੈ। ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼੍ਰੀ ਮੁਕੇਸ਼ ਸਰੰਗਲ ਨੇ ਦੱਸਿਆ ਕਿ ਪੰਜਾਬ ਪੁਲਿਸ ਅਤੇ ਭਾਰਤੀ ਸੈਨਾ ਵਿੱਚ ਸੇਵਾ ਨਿਭਾਉਣ ਦੇ ਚਾਹਵਾਨ ਲੜਕੇ ਅਤੇ ਲੜਕੀਆਂ ਲਈ ਫ੍ਰੀ ਕੋਚਿੰਗ ਲਈ ਸੀ-ਪਾਈਟ ਰਣੀਕੇ ਵਿਖੇ ਟਰੇਨਿੰਗ ਕੈਂਪ ਚਲਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਪ੍ਰਾਰਥੀਆਂ ਨੂੰ ਲਿਖਤੀ ਪੇਪਰ ਅਤੇ ਫਿਜ਼ੀਕਲ ਟੈਸਟ ਲਈ ਤਿਆਰ ਕੀਤਾ ਜਾਂਦਾ ਹੈ। ਇਸ ਕੈਂਪ ਵਿੱਚ ਲੜਕਿਆਂ ਲਈ ਰਿਹਾਇਸ਼, ਖਾਣਾ, ਕੋਚਿੰਗ ਆਦਿ ਸਭ ਸਹੂਲਤਾਂ ਪੰਜਾਬ ਸਰਕਾਰ ਵੱਲੋਂ ਮੁਫਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਦੇ ਹੈਲਪਲਾਈਨ ਨੰਬਰ 9915789068 'ਤੇ ਜਾਂ ਸੀ.ਪਾਈਟ ਸੈਂਟਰ ਨੇੜੇ ਸਰਕਾਰੀ ਆਈ.ਟੀ.ਆਈ ਰਣੀਕੇ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।



ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ



## ਖਾਲੀ ਪੇਟ ਕੇਸਰ ਦਾ ਪਾਣੀ ਪੀਣ ਦੇ ਜ਼ਬਰਦਸਤ ਫਾਇਦੇ

ਸਿਹਤ ਤੇ ਫਿਟਨੈੱਸ ਨੂੰ ਲੈ ਕੇ ਲੋਕ ਹਮੇਸ਼ਾ ਨਵੇਂ ਤੇ ਕੁਦਰਤੀ ਉਪਾਅ ਲੱਭਦੇ ਰਹਿੰਦੇ ਹਨ। ਅਜਿਹੇ ਵਿਚ ਕੇਸਰ ਦਾ ਪਾਣੀ ਇਕ ਆਸਾਨ ਤੇ ਅਸਰਦਾਰ ਘਰੇਲੂ ਉਪਾਅ ਹੈ। ਕੇਸਰ, ਜਿਸਦੀ ਸੁਗੰਧ ਤੇ ਰੰਗ



ਦੋਵੇਂ ਹੀ ਖਾਸ ਹਨ, ਸਿਰਫ ਖਾਣੇ ਦੇ ਸੁਆਦ ਨੂੰ ਹੀ ਨਹੀਂ ਵਧਾਉਂਦਾ ਸਗੋਂ ਸਿਹਤ ਲਈ ਵੀ ਬਹੁਤ ਫਾਇਦੇਮੰਦ ਹੈ।ਸਵੇਰੇ ਖਾਲੀ ਪੇਟ ਕੇਸਰ ਦਾ ਪਾਣੀ ਪੀਣਾ ਇਸ ਦੇ ਫਾਇਦੇ ਵਧਾ ਦਿੰਦਾ ਹੈ। ਇਹ ਨਾ ਸਿਰਫ ਸਰੀਰ ਵਿਚ ਊਰਜਾ ਵਧਾਉਂਦਾ ਹੈ ਸਗੋਂ ਇਮਊਨਿਟੀ ਨੂੰ ਮਜ਼ਬੂਤ ਕਰਦਾ ਹੈ, ਪਾਚਣ ਸੁਧਾਰਦਾ ਹੈ।

**ਭਾਰ ਨੂੰ ਕਰਦਾ ਹੈ ਕੰਟਰੋਲ ;** ਕੇਸਰ ਮੈਟਾਬਾਲਿਜ਼ਮ ਨੂੰ ਵਧਾ ਕੇ ਕੈਲੋਰੀ ਬਰਨ ਕਰਨ ਵਿਚ ਮਦਦ ਕਰਦਾ ਹੈ। ਇਹ ਭਾਰ ਨੂੰ ਕੰਟਰੋਲ ਰੱਖਣ ਤੇ ਸਰੀਰ ਨੂੰ ਫਿਟ ਬਣਾਏ ਰੱਖਣ ਲਈ ਕੁਦਰਤੀ ਉਪਾਅ ਵਜੋਂ ਕੰਮ ਆਉਂਦਾ ਹੈ।

**ਪਾਚਣ ਵਿਚ ਸੁਧਾਰ ;** ਕੇਸਰ ਦਾ ਪਾਣੀ ਪਾਚਣ ਤੰਤਰ ਨੂੰ ਸੁਧਾਰਦਾ ਹੈ ਤੇ ਗੈਸ, ਬਦਹਜ਼ਮੀ ਜਾਂ ਪੇਟ ਵਿਚ ਸੋਜਿਸ਼ ਵਰਗੀਆਂ ਸਮੱਸਿਆਵਾਂ ਨੂੰ ਘੱਟ ਕਰਦਾ ਹੈ। ਇਸ ਨੂੰ ਰੈਗੂਲਰ ਪੀਣ ਨਾਲ ਪੇਟ ਸਿਹਤਮੰਦ ਰਹਿੰਦਾ ਹੈ ਤੇ ਭੋਜਨ ਸਹੀ ਤਰੀਕੇ ਨਾਲ ਪਚਦਾ ਹੈ।

**ਇਮਊਨਿਟੀ ਵਧਾਓ ;** ਕੇਸਰ ਵਿਚ ਐਂਟੀਆਕਸੀਡੈਂਟਸ ਭਰਪੂਰ ਮਾਤਰਾ ਵਿਚ ਪਾਏ ਜਾਂਦੇ ਹਨ, ਜੋ ਸਰੀਰ ਦੀ ਰੋਗ ਰੋਕੂ ਸਮਰੱਥਾ ਨੂੰ ਮਜ਼ਬੂਤ ਬਣਾਉਂਦੇ ਹਨ।

**ਊਰਜਾ ਤੇ ਫੋਕਸ ;** ਸਵੇਰੇ ਖਾਲੀ ਪੇਟ ਕੇਸਰ ਦਾ ਪਾਣੀ ਪੀਣ ਨਾਲ ਮਾਨਸਿਕ ਜਾਗਰੂਕਤਾ ਤੇ ਧਿਆਨ ਕੇਂਦਰਿਤ ਕਰਨ ਦੀ ਸਮਰੱਥਾ ਵਧਦੀ ਹੈ। ਇਹ ਥਕਾਵਟ ਘੱਟ ਕਰਨ ਤੇ ਦਿਨ ਭਰ ਊਰਜਾ ਬਣਾਏ ਰੱਖਣ ਵਿਚ ਵੀ ਮਦਦ ਕਰਦਾ ਹੈ।

**ਸਕਿਨ ਤੇ ਵਾਲਾਂ ਲਈ ;** ਕੇਸਰ ਦਾ ਪਾਣੀ ਸਕਿਨ ਨੂੰ ਚਮਕਦਾਰ ਬਣਾਉਣ ਤੇ ਵਾਲਾਂ ਨੂੰ ਮਜ਼ਬੂਤ ਕਰਨ ਵਿਚ ਸਹਾਇਕ ਹੈ। ਇਸ ਵਿਚ ਮੌਜੂਦ ਪੋਸ਼ਕ ਤੱਤ ਸਕਿਨ ਦੀ ਨਮੀ ਨੂੰ ਬਣਾਏ ਰੱਖਦੇ ਹਨ ਤੇ ਵਾਲਾਂ ਨੂੰ ਝੜਨ ਤੋਂ ਰੋਕਦੇ ਹਨ।

## ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਸਸ਼ਕਤੀਕਰਨ ਮੰਤਰੀ ਡਾ. ਵੀਰੇਂਦਰ ਕੁਮਾਰ ਨੇ ਰਾਸ਼ਟਰੀ ਚਿੰਤਨ ਕੈਂਪ ਦਾ ਕੀਤਾ ਉਦਘਾਟਨ

ਚੰਡੀਗੜ੍ਹ, 24 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਰਾਜਧਾਨੀ ਚੰਡੀਗੜ੍ਹ ਵਿਖੇ ਇੱਕ ਉੱਚ ਪੱਧਰੀ ਸਮਾਗਮ ਦੌਰਾਨ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਦੇ ਨਵੇਂ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਸਮਾਜ ਦੇ ਪਛੜੇ ਅਤੇ ਕਮਜ਼ੋਰ ਵਰਗਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ ’ਤੇ ਮਜ਼ਬੂਤ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਚੰਡੀਗੜ੍ਹ ਪ੍ਰਸ਼ਾਸਨ ਕੇਂਦਰੀ ਸਕੀਮਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਮੌਕੇ @ਤੇ ਬੋਲਦੇ ਹੋਏ, ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਰਾਸ਼ਟਰੀ ਚਿੰਤਨ ਸ਼ਿਵਿਰ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਦੇ ਮੁੱਖ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕਰਨ ਅਤੇ ਸਮਾਵੇਸ਼ੀ ਵਿਕਾਸ ਵੱਲ ਸਮੂਹਿਕ ਯਤਨਾਂ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦਾ ਹੈ।




ਉਨ੍ਹਾਂ ਇਸ ਗੱਲ @ਤੇ ਜ਼ੋਰ ਦਿੱਤਾ ਕਿ ਸਮਾਜਿਕ ਨਿਆਂ ਭਾਰਤ ਦੇ ਲੋਕਤੰਤਰੀ ਸਿਧਾਂਤਾਂ ਦੇ ਮੂਲ ਵਿੱਚ ਹੈ ਅਤੇ ÷ਅੰਤਯੋਦਯ ਕਾ ਸੰਕਲਪ, ਅੰਮ੍ਰਿਤ ਕਾਲ ਕਾ ਪ੍ਰਤੀਬਿੰਬ - ਵਿਕਾਸ ਭਾਰਤ 02047÷ ਦੇ ਸੰਕਲਪ ਨੂੰ ਉਦੋਂ ਹੀ ਸਾਕਾਰ ਕੀਤਾ ਜਾ ਸਕਦਾ ਹੈ, ਜਦੋਂ ਸਭ ਤੋਂ ਗਰੀਬ ਅਤੇ ਸਭ ਤੋਂ ਕਮਜ਼ੋਰ ਲੋਕਾਂ ਦੀਆਂ ਚਿੰਤਾਵਾਂ ਨੂੰ ਨੀਤੀ ਅਤੇ ਸ਼ਾਸਨ ਦੇ ਕੇਂਦਰ ਵਿੱਚ ਰੱਖਿਆ ਜਾਵੇ। ਸ਼੍ਰੀ ਕਟਾਰੀਆ ਨੇ ਭਲਾਈ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ, ਕੇਂਦਰ ਅਤੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿਚਕਾਰ ਨਜ਼ਦੀਕੀ ਤਾਲਮੇਲ, ਅਤੇ ਸਰਗਰਮ ਭਾਈਚਾਰਕ ਭਾਗੀਦਾਰੀ ਦੀ ਲੋੜ ’ਤੇ ਜ਼ੋਰ ਦਿੱਤਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲਾਭ ਹਰੇਕ ਯੋਗ ਲਾਭਪਾਤਰੀ ਤੱਕ ਬਿਨਾਂ ਕਿਸੇ ਭੇਦਭਾਵ ਜਾਂ ਦੇਰੀ ਦੇ ਪਹੁੰਚ ਸਕਣ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਚਿੰਤਨ ਸ਼ਿਵਿਰ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ, ਬੇਦਖਲੀ ਅਤੇ ਵਾਂਝੇ ਵਰਗੀਆਂ ਚੁਣੌਤੀਆਂ ਦਾ ਹੱਲ ਕਰਨ ਅਤੇ ਜ਼ਮੀਨੀ ਪੱਧਰ ’ਤੇ ਸਵੈਮਾਣ, ਭਾਗੀਦਾਰੀ ਅਤੇ ਸਮਾਜਿਕ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਵਿਹਾਰਕ, ਸਮਾਂਬੱਧ ਸਿਫ਼ਾਰਸ਼ਾਂ ਵੱਲ ਲੈ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਵਿਕਸਿਤ ਭਾਰਤ 2047 ਦਾ ਦ੍ਰਿਸ਼ਟੀਕੋਣ ਉਦੋਂ ਤੱਕ ਸਾਕਾਰ ਨਹੀਂ ਹੋ ਸਕਦਾ ਜਦੋਂ ਤੱਕ ਸਮਾਜ ਦੇ ਹਰ ਹਾਸ਼ੀਏ ’ਤੇ ਧੱਕੇ ਵਰਗ ਨੂੰ ਵਿਕਾਸ ਦੀ ਮੁੱਖ ਧਾਰਾ ਵਿੱਚ ਨਹੀਂ ਲਿਆਂਦਾ ਜਾਂਦਾ। ਉਨ੍ਹਾਂ ਨੇ ਸਮਾਵੇਸ਼ੀ ਨੀਤੀਆਂ, ਮੌਕਿਆਂ ਤੱਕ ਬਰਾਬਰ ਪਹੁੰਚ ਅਤੇ ਸਮੂਹਿਕ ਯਤਨਾਂ ਦੀ ਲੋੜ ’ਤੇ ਜ਼ੋਰ ਦਿੱਤਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਦੇਸ਼ ਦੀ ਵਿਕਾਸ ਯਾਤਰਾ ਵਿੱਚ ਕੋਈ ਵੀ ਪਿੱਛੇ ਨਾ ਰਹੇ। ਆਪਣੇ ਉਦਘਾਟਨੀ ਭਾਸ਼ਣ ਵਿੱਚ, ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ. ਵੀਰੇਂਦਰ ਕੁਮਾਰ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਚਿੰਤਨ ਸ਼ਿਵਿਰ ਨੀਤੀ ਨਿਰਮਾਤਾਵਾਂ ਅਤੇ ਪ੍ਰਸ਼ਾਸਕਾਂ ਦੀ ਇੱਕ ਨਿਯਮਤ ਮੀਟਿੰਗ ਨਹੀਂ ਸੀ, ਸਗੋਂ ਵਿਚਾਰਾਂ, ਵਚਨਬੱਧਤਾ ਅਤੇ ਸਾਂਝੇ ਰਾਸ਼ਟਰੀ ਉਦੇਸ਼ ਦਾ ਇੱਕ ਸਮੂਹਿਕ ਪਲੇਟਫਾਰਮ ਸੀ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ 2047 ਦਾ ਦ੍ਰਿਸ਼ਟੀਕੋਣ ਨਿਆਂ, ਸਮਾਨਤਾ, ਮਾਣ ਅਤੇ ਮੌਕੇ ਦੀ ਨੀਂਹ ’ਤੇ ਟਿਕਿਆ ਹੋਇਆ ਹੈ ਅਤੇ ਇਹ ਕਿ ਸਮਾਵੇਸ਼ੀ ਵਿਕਾਸ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਤਰੱਕੀ ਉਨ੍ਹਾਂ ਲੋਕਾਂ ਤੱਕ ਪਹੁੰਚੇ ਜੋ ਇਤਿਹਾਸਕ ਤੌਰ ’ਤੇ ਹਾਸ਼ੀਏ ’ਤੇ ਰਹਿ ਗਏ ਹਨ।

ਕੇਂਦਰੀ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਿਵਿਰ ਦੌਰਾਨ ਨੀਤੀਗਤ ਵਿਚਾਰ-ਵਟਾਂਦਰੇ ਤਿੰਨ ਮੁੱਖ ਥੰਮ੍ਹਾਂ- ਮਾਣ, ਪਹੁੰਚਯੋਗਤਾ ਅਤੇ ਨਿਰੰਤਰਤਾ ਤੋਂ ਸੇਧਿਤ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਇਹ ਸਿੱਖਿਆ ਦੀ ਇੱਛਾ ਰੱਖਣ ਵਾਲਾ ਵਿਦਿਆਰਥੀ ਹੋਵੇ, ਦੇਖਭਾਲ ਦੀ ਮੰਗ ਕਰਨ ਵਾਲਾ ਸੀਨੀਅਰ ਨਾਗਰਿਕ ਹੋਵੇ, ਜਾਂ ਆਤਮ-ਨਿਰਭਰਤਾ ਲਈ ਯਤਨਸ਼ੀਲ ਅਪੰਗਤਾ ਵਾਲਾ ਵਿਅਕਤੀ ਹੋਵੇ, ਜਨਤਕ ਨੀਤੀ ਨੂੰ ਭਲਾਈ ਤੋਂ ਪਰੇ ਸਸ਼ਕਤੀਕਰਨ ਵੱਲ ਵਧਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਪ੍ਰਣਾਲੀਆਂ ਮਨੁੱਖੀ, ਜਵਾਬਦੇਹ ਅਤੇ ਸਮਾਵੇਸ਼ੀ ਹੋਣ।

## ਈਰਾਨ ਦੀ ਫੀਫਾ ਵਿਸ਼ਵ ਕੱਪ ਵਿਚ ਭਾਗੀਦਾਰੀ ਬਾਰੇ ਬਹੁਤ ਜ਼ਿਆਦਾ ਨਹੀਂ ਸੋਚਦਾ : ਟਰੰਪ

ਵਾਸ਼ਿੰਗਟਨ , 24 ਅਪ੍ਰੈਲ (ਚ.ਨ.ਸ.) : ਫੀਫਾ ਵਿਸ਼ਵ ਕੱਪ 2026 ਵਿਚ ਈਰਾਨ ਦੀ ਭਾਗੀਦਾਰੀ ਬਾਰੇ ਅਨਿਸ਼ਚਿਤਤਾ



ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਵਲੋਂ ਸੰਭਾਵੀ ਸੁਰੱਖਿਆ ਅਤੇ ਪ੍ਰਵੇਸ਼ ਮੁੱਦਿਆਂ ਨੂੰ ਉਜਾਗਰ ਕਰਨ ਤੋਂ ਬਾਅਦ ਹੋਰ ਵੀ ਡੂੰਘੀ ਹੋ ਗਈ ਹੈ।ਅਮਰੀਕਾ ਦੇ ਵਿਸ਼ੇਸ਼ ਦੂਤ ਪਾਓਲੋ ਜ਼ੈਂਪੋਲੀ ਨੇ ਪਹਿਲਾਂ ਮੁਕਾਬਲੇ ਵਿਚ ਈਰਾਨ ਦੀ ਫੁੱਟਬਾਲ ਟੀਮ ਨੂੰ ਇਟਲੀ ਨਾਲ ਬਦਲਣ ਦਾ ਪ੍ਰਸਤਾਵ ਰੱਖਿਆ ਸੀ।ਜਦੋਂ 11 ਜੂਨ ਤੋਂ 19 ਜੁਲਾਈ, 2026 ਤੱਕ ਸੰਯੁਕਤ ਰਾਜ, ਕੈਨੇਡਾ ਅਤੇ ਮੈਕਸੀਕੋ ਦੁਆਰਾ ਸਹਿ-ਮੇਜ਼ਬਾਨੀ ਕੀਤੇ ਜਾਣ ਵਾਲੇ ਵਿਸ਼ਵ ਕੱਪ ਟੂਰਨਾਮੈਂਟ ਵਿਚ ਈਰਾਨ ਦੀ ਜਗ੍ਹਾ ਇਟਲੀ ਦੇ ਲੈਣ ਦੇ ਸੰਭਾਵੀ ਵਿਚਾਰ ਬਾਰੇ ਪੁੱਛਿਆ ਗਿਆ ਤਾਂ ਟਰੰਪ ਨੇ ਵ੍ਹਾਈਟ ਹਾਊਸ ਵਿਖੇ ਮੀਡੀਆ ਨੂੰ ਕਿਹਾ ÷ਮੈਂ ਇਸ ਬਾਰੇ ਬਹੁਤ ਜ਼ਿਆਦਾ ਨਹੀਂ ਸੋਚਦਾ... ਮੈਨੂੰ ਇਸ ਬਾਰੇ ਥੋੜ੍ਹਾ ਸੋਚਣ ਦਿਓ,÷।ਹਾਲਾਂਕਿ, ਮਾਰਕੋ ਰੂਬੀਓ ਨੇ ਇਕ ਹੋਰ ਸਿੱਧੇ ਸੁਰ ਵਿਚ ਕਿਹਾ, ਸਪੱਸ਼ਟ ਕੀਤਾ ਕਿ ਸੰਯੁਕਤ ਰਾਜ ਨੇ ਰਸਮੀ ਤੌਰ ’ਤੇ ਈਰਾਨ ਦੀ ਟੀਮ ’ਤੇ ਪਾਬੰਦੀ ਨਹੀਂ ਲਗਾਈ ਹੈ, ਪਰ ਨਾਲ ਆਉਣ ਵਾਲੇ ਕਰਮਚਾਰੀਆਂ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਹਨ।

## ਈਰਾਨ ਨੇ ਹੋਰਮੁਜ਼ ’ਤੇ ਲਗਾਇਆ ਟੋਲ; ਇਜ਼ਰਾਈਲ-ਅਮਰੀਕਾ ਸਮੇਤ ਕਈ ਦੇਸ਼ਾਂ ਦੇ ਜਹਾਜ਼ਾਂ ’ਤੇ ਲਾਈ ਪਾਬੰਦੀ

ਤਹਿਰਾਨ, 24 ਅਪ੍ਰੈਲ (ਚ.ਨ.ਸ.) : ਈਰਾਨ ਨੇ ਇੱਕ ਵੱਡਾ ਫੈਸਲਾ ਲੈਂਦਿਆਂ ਹੋਰਮੁਜ਼ ਜਲਡਮਰੂ ਰਾਹੀਂ ਲੰਘਣ ਵਾਲੇ ਸਾਰੇ ਸਮੁੰਦਰੀ ਜਹਾਜ਼ਾਂ ’ਤੇ ਟੋਲ ਟੈਕਸ ਲਗਾਉਣ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਹੀ ਈਰਾਨ ਨੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਇਸ ਖੇਤਰ ਦਾ ਨਾਮ ਬਦਲ ਕੇ ਪਰਸ਼ੀਆ ਦੀ ਖਾੜੀ (Strait of Persia) ਰੱਖਣ ਲਈ ਕਿਹਾ ਹੈ। ਈਰਾਨ ਦੇ ਇਸ ਐਲਾਨ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਲਈ ਇੱਕ ਸਿੱਧੀ ਚੁਣੌਤੀ



ਵਜੋਂ ਦੇਖਿਆ ਜਾ ਰਿਹਾ ਹੈ।ਜਹਾਜ਼ਾਂ ਨੂੰ ਟੋਲ ਦੀ ਅਦਾਇਗੀ ਈਰਾਨ ਦੀ ਸਥਾਨਕ ਕਰੰਸੀ ਵਿੱਚ ਕਰਨੀ ਪਵੇਗੀ।ਜਿਹੜੇ ਦੇਸ਼ ਪਿਛਲੀ ਜੰਗ ਵਿੱਚ ਸ਼ਾਮਲ ਸਨ, ਉਨ੍ਹਾਂ ਨੂੰ ਵਾਧੂ ਫੀਸ ਦੇਣੀ ਪਵੇਗੀ।ਇਜ਼ਰਾਈਲ ਦੇ ਕਿਸੇ ਵੀ ਜਹਾਜ਼ ਨੂੰ ਇਸ ਰਸਤੇ ਰਾਹੀਂ ਲੰਘਣ ਦੀ ਇਜਾਜ਼ਤ ਨਹੀਂ ਹੋਵੇਗੀ।

**ਪਾਬੰਦੀਆਂ ਲਗਾਉਣ ਵਾਲੇ ਦੇਸ਼ਾਂ ’ਤੇ ਰੋਕ:** ਈਰਾਨ ਨੇ ਉਨ੍ਹਾਂ ਦੇਸ਼ਾਂ ਦੇ ਜਹਾਜ਼ਾਂ ਨੂੰ ਵੀ ਬੈਨ ਕਰ ਦਿੱਤਾ ਹੈ ਜੋ ਉਸ ਵਿਰੁੱਧ ਆਰਥਿਕ ਪਾਬੰਦੀਆਂ ਲਗਾ ਰਹੇ ਹਨ, ਜਿਨ੍ਹਾਂ ਵਿੱਚ ਅਮਰੀਕਾ, ਯੂਰਪੀਅਨ ਯੂਨੀਅਨ, ਬ੍ਰਿਟੇਨ, ਕੈਨੇਡਾ, ਆਸਟ੍ਰੇਲੀਆ, ਜਾਪਾਨ ਅਤੇ ਦੱਖਣੀ ਕੋਰੀਆ ਸ਼ਾਮਲ ਹਨ।

## ਦਿੱਲੀ ਦੇ ਐਲਜੀ ਤਰਨਜੀਤ ਸਿੰਘ ਸੰਧੂ ਵੱਲੋਂ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਨਾਲ ਮੁਲਾਕਾਤ

### ਦਿੱਲੀ ਦੇ ਵਿਕਾਸ ਅਤੇ ਚੁਣੌਤੀਆਂ ’ਤੇ ਹੋਈ ਅਹਿਮ ਚਰਚਾ

ਨਵੀਂ ਦਿੱਲੀ, 24 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ



ਭਾਰਤ ਦੇ ਸਾਬਕਾ ਰਾਸ਼ਟਰਪਤੀ ਸ੍ਰੀ ਰਾਮ ਨਾਥ ਕੋਵਿੰਦ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ, ਜਿਸ ਵਿੱਚ ਰਾਸ਼ਟਰੀ ਰਾਜਧਾਨੀ ਦੇ ਪ੍ਰਸ਼ਾਸਨਿਕ ਮੁੱਦਿਆਂ ਅਤੇ ਭਵਿੱਖੀ ਵਿਕਾਸ ਬਾਰੇ ਡੂੰਘਾਈ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਨੂੰ ਬੇਹੱਦ ਸਾਰਥਕ ਅਤੇ ਪ੍ਰੇਰਨਾਦਾਇਕ ਦੱਸਦਿਆਂ ਉਪ ਰਾਜਪਾਲ ਨੇ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਸਾਂਝੀ ਕੀਤੀ ਕਿ ਸਾਬਕਾ ਰਾਸ਼ਟਰਪਤੀ ਨਾਲ ਹੋਈ ਇਹ ਗੱਲਬਾਤ ਦਿੱਲੀ ਦੀਆਂ ਮੌਜੂਦਾ ਚੁਣੌਤੀਆਂ ਨੂੰ ਸਮਝਣ ਅਤੇ ਉਨ੍ਹਾਂ ਦੇ ਢੁਕਵੇਂ ਹੱਲ ਲੱਭਣ ਵਿੱਚ ਕਾਫੀ ਸਹਾਈ ਸਿੱਧ ਹੋਵੇਗੀ।

ਗੱਲਬਾਤ ਦੌਰਾਨ ਦਿੱਲੀ ਦੇ ਸ਼ਹਿਰੀ ਪ੍ਰਸ਼ਾਸਨ ਵਿੱਚ ਸੁਧਾਰ, ਵਾਤਾਵਰਣ ਦੀ ਸੰਭਾਲ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਰਗੇ ਅਹਿਮ ਵਿਸ਼ਿਆਂ ’ਤੇ ਸਾਬਕਾ ਰਾਸ਼ਟਰਪਤੀ ਦੇ ਦੂਰਅੰਦੇਸ਼ੀ ਸੁਝਾਅ ਪ੍ਰਾਪਤ ਕੀਤੇ ਗਏ। ਐਲਜੀ ਸੰਧੂ ਨੇ ਕਿਹਾ ਕਿ ਸ੍ਰੀ ਕੋਵਿੰਦ ਦੇ ਵਿਸ਼ਾਲ ਸੰਵਿਧਾਨਕ ਅਤੇ ਪ੍ਰਸ਼ਾਸਨਿਕ ਤਜ਼ਰਬੇ ਤੋਂ ਮਿਲੀ ਸੇਧ ਰਾਜਧਾਨੀ ਦੇ ਪ੍ਰਬੰਧਾਂ ਨੂੰ ਵਧੇਰੇ ਕੁਸ਼ਲ ਬਣਾਉਣ ਵਿੱਚ ਮਦਦਗਾਰ ਹੋਵੇਗੀ। ਇਸ ਮੌਕੇ ਸਤਿਕਾਰ ਵਜੋਂ ਉਪ ਰਾਜਪਾਲ ਨੇ ਸਾਬਕਾ ਰਾਸ਼ਟਰਪਤੀ ਨੂੰ ਇੱਕ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ। ਇਹ ਮੁਲਾਕਾਤ ਦਿੱਲੀ ਦੇ ਸਰਬਪੱਖੀ ਵਿਕਾਸ ਲਈ ਸੀਨੀਅਰ ਰਾਜਨੇਤਾਵਾਂ ਦੇ ਮਾਰਗਦਰਸ਼ਨ ਅਤੇ ਪ੍ਰਸ਼ਾਸਨਿਕ ਤਾਲਮੇਲ ਦੀ ਇੱਕ ਵਧੀਆ ਮਿਸਾਲ ਵਜੋਂ ਦੇਖੀ ਜਾ ਰਹੀ ਹੈ, ਜੋ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਦੀਆਂ ਨੀਤੀਆਂ ’ਤੇ ਸਕਾਰਾਤਮਕ ਪ੍ਰਭਾਵ ਪਾ ਸਕਦੀ ਹੈ।

## ਅਮਰੀਕੀ ਟੈਰਿਫ਼ਾਂ ’ਚ ਰਾਹਤ ਬਿਨਾਂ ਨਹੀਂ ਹਟੇਗੀ ਸ਼ਰਾਬ ਪਾਬੰਦੀ : ਮਾਰਕ ਕਾਰਨੀ

ਓਟਵਾ , 24 ਅਪ੍ਰੈਲ (ਚ.ਨ.ਸ.) : ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਸਪੱਸ਼ਟ ਕੀਤਾ ਹੈ ਕਿ ਅਮਰੀਕੀ ਸ਼ਰਾਬ ’ਤੇ ਲੱਗੀ ਪਾਬੰਦੀ ਓਦੋਂ ਹੀ ਹਟ ਸਕਦੀ ਹੈ ਜੇ ਟਰੰਪ ਦੀ ਸਰਕਾਰ ਸਟੀਲ, ਆਟੋਮੋਬੀਲ ਅਤੇ ਲੱਕੜ ਉੱਤੇ ਲੱਗੇ ਟੈਰਿਫ਼ਾਂ ਵਿੱਚ ਰਾਹਤ ਦੇਵੇ। ਉਨ੍ਹਾਂ ਕਿਹਾ ਕਿ ਜੇ ਅਮਰੀਕਾ ਵਪਾਰਕ ਮਸਲਿਆਂ ’ਚ ਨਰਮੀ ਦਿਖਾਉਂਦਾ ਹੈ ਤਾਂ ਇਸ ਮਾਮਲੇ ’ਚ ਤੇਜ਼ੀ ਨਾਲ ਹੱਲ ਨਿਕਲ ਸਕਦਾ ਹੈ। ਕਾਰਨੀ ਨੇ ਦੱਸਿਆ ਕਿ ਕੈਨੇਡਾ ਦੇ ਸੂਬਿਆਂ ਨੇ ਅਮਰੀਕੀ ਬੀਅਰ, ਵਾਈਨ ਅਤੇ ਹੋਰ ਸ਼ਰਾਬ ਉਤਪਾਦਾਂ ਤੇ ਪਾਬੰਦੀ ਇਸ ਲਈ ਲਗਾਈ ਹੈ ਕਿਉਂਕਿ ਅਮਰੀਕਾ ਵੱਲੋਂ ਲਗਾਏ ਟੈਰਿਫ਼ਾਂ ਨੇ ਕੈਨੇਡੀਅਨ ਉਦਯੋਗਾਂ ਖ਼ਾਸ ਕਰਕੇ ਸਟੀਲ, ਆਟੋ ਅਤੇ ਲੰਬਰ ਨੂੰ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਜਦ ਤੱਕ ਟੈਰਿਫ਼ਾਂ ਵਿੱਚ ਕਟੌਤੀ ਨਹੀਂ ਹੁੰਦੀ, ਸੂਬਿਆਂ ਵੱਲੋਂ ਪਾਬੰਦੀ ਹਟਾਉਣ ਦੀ ਸੰਭਾਵਨਾ ਘੱਟ ਹੈ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਹਾਲਾਂਕਿ ਉਹ ਹੱਲ ਦੀ ਉਮੀਦ ਰੱਖਦੇ ਹਨ, ਪਰ ਆਖ਼ਰੀ ਫੈਸਲੇ ਸੂਬਾਈ ਸਰਕਾਰਾਂ ਦੇ ਹੱਥ ਵਿੱਚ ਹੀ ਰਹਿਣਗੇ। ਇਸ ਦੌਰਾਨ, ਅਮਰੀਕਾ ਦੇ ਟ੍ਰੇਡ ਰੈਪ੍ਰਿਜ਼ੈਂਟੇਟਿਵ Jamieson Greer ਨੇ ਚਿਤਾਵਨੀ ਦਿੱਤੀ ਹੈ ਕਿ ਜੇ ਕੈਨੇਡਾ ਵੱਲੋਂ ਪਾਬੰਦੀ ਜਾਰੀ ਰਹੀ ਤਾਂ ਅਮਰੀਕਾ ਵੱਲੋਂ ਵੀ ਜਵਾਬੀ ਕਦਮ ਚੁੱਕੇ ਜਾ ਸਕਦੇ ਹਨ। ਹਾਲਾਂਕਿ ਉਨ੍ਹਾਂ ਨੇ ਕੋਈ ਵਿਸਥਾਰ ਨਹੀਂ ਦਿੱਤਾ। ਕਾਰਨੀ ਨੇ ਇਸ ’ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਅਸਲ ਸਮੱਸਿਆ ਸ਼ਰਾਬ ਪਾਬੰਦੀ ਨਹੀਂ, ਸਗੋਂ ਅਮਰੀਕਾ ਵੱਲੋਂ ਲਗਾਏ ਗਏ ਭਾਰੀ ਟੈਰਿਫ਼ ਹਨ, ਜਿਨ੍ਹਾਂ ਵਿੱਚ ਸਟੀਲ ਅਤੇ ਐਲੂਮੀਨਮ ’ਤੇ 50%, ਆਟੋ ‘ਤੇ 25% ਅਤੇ ਲੱਕੜ ਉਤਪਾਦਾਂ ‘ਤੇ ਵੀ ਵੱਡੇ ਟੈਰਿਫ਼ ਸ਼ਾਮਲ ਹਨ। ਉਹਨਾਂ ਇਸਨੂੰ ਵਪਾਰਕ ਸਮਝੌਤਿਆਂ ਦੀ ਉਲੰਘਣਾ ਕਰਾਰ ਦਿੱਤਾ।



## ਫੀਫਾ ਵਰਲਡ ਕੱਪ: ਵੈਨਕੂਵਰ ਦੇ ਬੀ.ਸੀ. ਪਲੇਸ ਸਟੇਡੀਅਮ ’ਚ ਹੋਣਗੇ 7 ਮੁਕਾਬਲੇ

ਵੈਨਕੂਵਰ , 24 ਅਪ੍ਰੈਲ (ਚ.ਨ.ਸ.) : ਕੈਨੇਡਾ ਦੇ ਮਹਾਨਗਰ ਵੈਨਕੂਵਰ ਵਿੱਚ ਸਥਿਤ ਬੀ.ਸੀ. ਪਲੇਸ ਸਟੇਡੀਅਮ ਨੂੰ ਫੀਫਾ ਵਰਲਡ ਕੱਪ ਦੇ ਮਹੱਤਵਪੂਰਨ ਮੈਚਾਂ ਦੀ ਮੇਜ਼ਬਾਨੀ ਲਈ ਤਿਆਰ ਕੀਤਾ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇੱਥੇ ਕੁੱਲ 7 ਵਰਲਡ ਕੱਪ ਮੁਕਾਬਲੇ ਖੇਡੇ ਜਾਣਗੇ।ਜ਼ਿਕਰਯੋਗ ਹੈ ਕਿ ਵੈਨਕੂਵਰ ਦਾ ਬੀ.ਸੀ. ਪਲੇਸ ਸਟੇਡੀਅਮ ਉੱਤਰੀ ਅਮਰੀਕਾ ਦੇ ਚੋਣਵੇਂ ਸਟੇਡੀਅਮਾਂ ਵਿੱਚੋਂ ਇੱਕ ਹੈ ਇਸ ਮੌਕੇ ਸਟੇਡੀਅਮ ਅਤੇ ਆਸਪਾਸ ਦੇ ਇਲਾਕਿਆਂ ਵਿੱਚ ਵੱਡੇ ਪੱਧਰ ‘ਤੇ ਤਿਆਰੀਆਂ



ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਦਰਸ਼ਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਟੂਰਨਾਮੈਂਟ ਦੌਰਾਨ ਦੁਨੀਆ ਭਰ ਤੋਂ ਹਜ਼ਾਰਾਂ ਫੁੱਟਬਾਲ ਪ੍ਰੇਮੀਆਂ ਦੇ ਵੈਨਕੂਵਰ ਪਹੁੰਚਣ ਦੀ ਚਰਚਾ ਹੈ, ਜਿਸ ਨਾਲ ਸਥਾਨਕ ਅਰਥਵਿਵਸਥਾ ਨੂੰ ਵੀ ਵੱਡਾ ਲਾਭ ਹੋਣ ਦੀ ਸੰਭਾਵਨਾ ਹੈ। ਇਸਦੇ ਨਾਲ ਹੀ ਸ਼ਹਿਰ ਦੀ ਵਿਸ਼ਵ ਪੱਧਰੀ ਪਹਿਚਾਣ ਨੂੰ ਹੋਰ ਮਜ਼ਬੂਤੀ ਮਿਲੇਗੀ।

## ਮੋਟੇ ਲੋਕਾਂ ਨੂੰ ਹੋ ਰਹੀ ਹੈ ਜੇਲ੍ਹ! ਦਿਨ ’ਚ ਦੋ ਵਾਰ ਤੋਲਿਆ ਜਾਵੇਗਾ ਭਾਰ ਨਹੀਂ ਤਾਂ...

ਬੀਜਿੰਗ , 24 ਅਪ੍ਰੈਲ (ਚ.ਨ.ਸ.) : ਚੀਨ ’ਚ ਮੋਟਾਪੇ ਦੀ ਵਧਦੀ ਸਮੱਸਿਆ ਦੇ ਹੱਲ ਲਈ ਇੱਕ ਅਨੋਖਾ



ਅਤੇ ਸਖ਼ਤ ਰੁਝਾਨ ਸਾਹਮਣੇ ਆਇਆ ਹੈ, ਜਿਸ ਨੂੰ ‘ਫੈਟ ਜੇਲ੍ਹਾਂ’ ਕਿਹਾ ਜਾ ਰਿਹਾ ਹੈ। ਇਹ ਮਿਲਟਰੀ ਸਟਾਈਲ ਦੇ ਰਿਹਾਇਸ਼ੀ ਬੂਟ ਕੈਂਪ ਹਨ, ਜਿੱਥੇ ਲੋਕ ਤੇਜ਼ੀ ਨਾਲ ਭਾਰ ਘਟਾਉਣ ਲਈ ਲੱਖਾਂ ਰੁਪਏ ਖਰਚ ਕਰ ਰਹੇ ਹਨ।ਇੱਕ ਰਿਪੋਰਟ ਅਨੁਸਾਰ, ਇੱਥੇ ਦਿਨ ਵਿੱਚ ਲਗਭਗ 12 ਘੰਟੇ ਕਸਰਤ ਕਰਨੀ ਪੈਂਦੀ ਹੈ। ਦਿਨ ਦੀ ਸ਼ੁਰੂਆਤ ਸਵੇਰੇ 7:30 ਵਜੇ ਹੁੰਦੀ ਹੈ ਅਤੇ ਇਸ ਵਿੱਚ ਐਰੋਬਿਕਸ, ਕਾਰਡੀਓ, ਵੇਟ-ਲਿਫਟਿੰਗ ਅਤੇ ਹਾਈ-ਇੰਟੈਂਸਿਟੀ ਟ੍ਰੇਨਿੰਗ ਸ਼ਾਮਲ ਹੁੰਦੀ ਹੈ।ਖਾਣ-ਪੀਣ @ਤੇ ਸਖ਼ਤ ਕੰਟਰੋਲ ਰੱਖਿਆ ਜਾਂਦਾ ਹੈ। ਨਾਸ਼ਤੇ ਵਿੱਚ ਅੰਡੇ ਅਤੇ ਸਬਜ਼ੀਆਂ, ਦੁਪਹਿਰ ਦੇ ਖਾਣੇ ਵਿੱਚ ਬਤਖ ਦਾ ਮੀਟ ਅਤੇ ਸਬਜ਼ੀਆਂ, ਜਦੋਂ ਕਿ ਰਾਤ ਦੇ ਖਾਣੇ ਵਿੱਚ ਸਿਰਫ਼ ਤਲੀਆਂ ਹੋਈਆਂ ਸਬਜ਼ੀਆਂ ਜਾਂ ਮੇਲਨ ਦਿੱਤੇ ਜਾਂਦੇ ਹਨ।ਇੱਕ 28-ਦਿਨਾਂ ਦੇ ਪ੍ਰੋਗਰਾਮ ਦੀ ਕੀਮਤ ਲਗਭਗ £1,000 (ਕਰੀਬ 90,490 ਰੁਪਏ) ਹੈ, ਜਿਸ ਵਿੱਚ ਰਹਿਣਾ, ਖਾਣਾ ਅਤੇ ਸਿਖਲਾਈ ਸ਼ਾਮਲ ਹੁੰਦੀ ਹੈ। ਲੋਕਾਂ ਨੂੰ ਸਾਂਝੇ ਕਮਰਿਆਂ ਵਿੱਚ ਰਹਿਣਾ ਪੈਂਦਾ ਹੈ। ਇੱਕ ਆਸਟ੍ਰੇਲੀਆਈ Influencer ਨੇ ਸੋਸ਼ਲ ਮੀਡੀਆ ’ਤੇ ਆਪਣਾ ਅਨੁਭਵ ਸਾਂਝਾ ਕਰਦੇ ਹੋਏ ਦੱਸਿਆ ਕਿ ਉਸਨੇ ਚਾਰ ਹਫ਼ਤਿਆਂ ਵਿੱਚ 6 ਕਿਲੋ ਭਾਰ ਘਟਾਇਆ, ਜਿਸ ਨਾਲ ਉਸਦਾ ਭਾਰ 85.6 ਕਿਲੋ ਤੋਂ ਘਟ ਕੇ 79.6 ਕਿਲੋ ਰਹਿ ਗਿਆ।

## ਤੇਲ ਅਤੇ ਗੈਸ ਦੇ ਕਾਰੋਬਾਰ ਲਈ ਰੂਸ ਨੇ ਲਿਆ ਅਹਿਮ ਫੈਸਲਾ; ਹੁਣ ਯੂਆਨ ਕਰੰਸੀ ’ਚ ਕਰੇਗਾ ਸਾਰੇ ਸਮਝੌਤੇ

ਰੂਸ, 24 ਅਪ੍ਰੈਲ (ਚ.ਨ.ਸ.) : ਰੂਸ ਨੇ ਅੰਤਰਰਾਸ਼ਟਰੀ ਊਰਜਾ ਬਾਜ਼ਾਰ ਵਿੱਚ ਇੱਕ ਬਹੁਤ ਵੱਡਾ ਕਦਮ ਚੁੱਕਦਿਆਂ ਯੂਰਪੀ ਦੇਸ਼ਾਂ ਨੂੰ ਵੱਡਾ ਝਟਕਾ ਦਿੱਤਾ ਹੈ। ਰੂਸ ਨੇ ਅਧਿਕਾਰਤ ਤੌਰ ’ਤੇ ਇਸ ਗੱਲ ਦੀ ਪੁਸ਼ਟੀ ਕਰ ਦਿੱਤੀ ਹੈ ਕਿ ਯੂਰਪ ਦੇ ਨਾਲ ਤੇਲ ਅਤੇ ਗੈਸ ਦੇ ਸਾਰੇ ਭਵਿੱਖੀ ਸਮਝੌਤੇ ਹੁਣ ਚੀਨੀ ਕਰੰਸੀ ਯੂਆਨ ਵਿੱਚ ਕੀਤੇ ਜਾਣਗੇ।ਰੂਸ ਵੱਲੋਂ ਲਏ ਗਏ ਇਸ ਫੈਸਲੇ ਮੁਤਾਬਕ, ਹੁਣ ਤੋਂ ਯੂਰਪੀ ਦੇਸ਼ਾਂ ਨਾਲ ਊਰਜਾ ਸਪਲਾਈ ਸਬੰਧੀ ਜੋ ਵੀ ਨਵੇਂ ਇਕਰਾਰਨਾਮੇ ਹੋਣਗੇ, ਉਨ੍ਹਾਂ ਦੀ ਅਦਾਇਗੀ ਲਈ ਚੀਨੀ ਯੂਆਨ ਨੂੰ ਹੀ ਮਿਆਰੀ ਕਰੰਸੀ ਮੰਨਿਆ ਜਾਵੇਗਾ। ਮਾਹਰਾਂ ਅਨੁਸਾਰ, ਰੂਸ ਦਾ ਇਹ ਕਦਮ ਗਲੋਬਲ ਪੱਧਰ @ਤੇ ਅਮਰੀਕੀ ਡਾਲਰ ਅਤੇ ਯੂਰੋ ਦੇ ਦਬਦਬੇ ਨੂੰ ਘੱਟ ਕਰਨ ਦੀ ਇੱਕ ਵੱਡੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ।ਇਸ ਨਵੇਂ ਫੈਸਲੇ ਤੋਂ ਬਾਅਦ ਹੁਣ ਯੂਰਪੀ ਦੇਸ਼ਾਂ ਨੂੰ ਰੂਸ ਤੋਂ ਤੇਲ ਅਤੇ ਗੈਸ ਦੀ ਖਰੀਦ ਜਾਰੀ ਰੱਖਣ ਲਈ ਆਪਣੀ ਵਿਦੇਸ਼ੀ ਮੁਦਰਾ ਨੀਤੀ ਵਿੱਚ ਵੱਡੀ ਤਬਦੀਲੀ ਕਰਨੀ ਪੈ ਸਕਦੀ ਹੈ।

## ਵੈਸਟਜੈੱਟ ਵੱਲੋਂ ਬੈਗੇਜ ਫੀਸ ਵਿੱਚ ਵਾਧਾ, ਯਾਤਰਾ ਹੋਈ ਹੋਰ ਮਹਿੰਗੀ

ਓਟਵਾ, 24 ਅਪ੍ਰੈਲ (ਚ.ਨ.ਸ.) : ਕੈਨੇਡਾ ਦੀ ਪ੍ਰਮੁੱਖ ਏਅਰਲਾਈਨ WestJet ਨੇ ਬੈਗੇਜ ਫੀਸ ਵਿੱਚ ਨਵਾਂ ਵਾਧਾ ਕਰਕੇ ਯਾਤਰੀਆਂ ’ਤੇ ਵਿੱਤੀ ਬੋਝ ਵਧਾ ਦਿੱਤਾ ਹੈ। ਕੰਪਨੀ ਮੁਤਾਬਕ ਇਹ ਨਵੇਂ ਰੇਟ 23 ਅਪ੍ਰੈਲ ਤੋਂ ਕੀਤੀਆਂ ਬੁਕਿੰਗਾਂ ’ਤੇ ਲਾਗੂ ਹੋ ਰਹੇ ਹਨ ਅਤੇ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤੇ ਗਏ ਹਨ। ਨਵੇਂ ਨਿਯਮਾਂ ਅਨੁਸਾਰ, ਜੇ ਯਾਤਰੀ ਏਅਰਪੋਰਟ ’ਤੇ ਬੈਗ ਚੈਕ-ਇਨ ਕਰਵਾਉਂਦਾ ਹੈ ਤਾਂ ਪਹਿਲੇ ਅਤੇ ਦੂਜੇ ਬੈਗ ਲਈ £10 ਵੱਧ ਦੇਣੇ ਪੈਣਗੇ। ਜਦਕਿ ਅਡਵਾਂਸ ਜਾਂ ਔਨਲਾਈਨ ਭੁਗਤਾਨ ਕਰਨ ‘ਤੇ ਹਰ ਬੈਗ ‘ਤੇ £5 ਵਾਧਾ ਕੀਤਾ ਗਿਆ ਹੈ। ਇਹ ਪਿਛਲੇ ਤਿੰਨ ਸਾਲਾਂ ਵਿੱਚ ਤੀਜੀ ਵਾਰ ਹੈ ਜਦੋਂ ਕੰਪਨੀ ਨੇ ਬੈਗੇਜ ਫੀਸ ਵਧਾਈ ਹੈ। ਨਵੇਂ ਰੇਟਾਂ ਦੇ ਤਹਿਤ, ਅਲਟਰਾ-ਬੇਸਿਕ ਟਿਕਟ ਵਾਲੇ ਯਾਤਰੀਆਂ ਨੂੰ ਹੁਣ ਪਹਿਲੇ ਬੈਗ ਲਈ £60 ਤੋਂ £93 ਅਤੇ ਦੂਜੇ ਲਈ £75 ਤੋਂ £111 ਤੱਕ ਦੇਣੇ ਪੈ ਸਕਦੇ ਹਨ। ਸਟੈਂਡਰਡ ਇਕਾਨੋਮੀ ਟਿਕਟ ਵਾਲਿਆਂ ਲਈ ਪਹਿਲੇ ਬੈਗ ਦੀ ਫੀਸ £45 ਤੋਂ £81 ਅਤੇ ਦੂਜੇ ਦੀ £60 ਤੋਂ £99 ਤੱਕ ਹੋ ਸਕਦੀ ਹੈ। ਅੰਤਰਰਾਸ਼ਟਰੀ ਯਾਤਰਾਵਾਂ, ਖਾਸ ਕਰਕੇ ਏਸ਼ੀਆ ਅਤੇ ਯੂਰਪ ਵੱਲ, ਇੱਕ ਬੈਗ ਦੀ ਫੀਸ £85 ਤੋਂ £123 ਤੱਕ ਪਹੁੰਚ ਸਕਦੀ ਹੈ। ਵੱਧ ਵਜ਼ਨ ਜਾਂ ਵੱਡੇ ਆਕਾਰ ਵਾਲੇ ਬੈਗਾਂ ਲਈ ਵੀ ਫੀਸ ਵਿੱਚ ਵੱਡਾ ਵਾਧਾ ਕੀਤਾ ਗਿਆ ਹੈ, ਜੋ ਕਿ £50 ਤੱਕ ਵਧਾਇਆ ਗਿਆ ਹੈ। ਕੁਝ ਮਾਮਲਿਆਂ ਵਿੱਚ ਇੱਕ ਵੱਧ ਵਜ਼ਨ ਵਾਲਾ ਬੈਗ £168 ਤੱਕ ਪੈ ਸਕਦਾ ਹੈ।




## ਸਹਿਯੋਗ ਰਾਹੀਂ ਖੁਸ਼ਹਾਲੀ ਦੇ ਤਹਿਤ ਜੈਪੁਰ ਵਿਖੇ ਪਹਿਲੀ ਖੇਤਰੀ ਵਰਕਸ਼ਾਪ

ਨਵੀਂ ਦਿੱਲੀ, 24 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਸਹਿਯੋਗ ਰਾਹੀਂ ਖੁਸ਼ਹਾਲੀ ਦੇ ਮੰਤਰ ਰਾਹੀਂ ਇੱਕ ਖੁਸ਼ਹਾਲ ਅਤੇ ਸਵੈ-ਨਿਰਭਰ ਭਾਰਤ ਬਣਾਉਣ ਦੇ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ, ਸਹਿਕਾਰਤਾ ਮੰਤਰਾਲਾ ਸਹਿਕਾਰੀ ਖੇਤਰ ਵਿੱਚ ਪਰਿਵਰਤਨਸ਼ੀਲ ਸੁਧਾਰਾਂ ਨੂੰ ਤੇਜ਼ ਕਰਨ ਲਈ ਦੇਸ਼ ਭਰ ਵਿੱਚ ਖੇਤਰੀ ਵਰਕਸ਼ਾਪਾਂ ਦੀ ਇੱਕ ਲੜੀ ਦਾ ਆਯੋਜਨ ਕਰ ਰਿਹਾ ਹੈ। ਮਾਨਯੋਗ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਅਗਵਾਈ ਹੇਠ, ਇਹਨਾਂ ਪਹਿਲਕਦਮੀਆਂ ਦਾ ਉਦੇਸ਼ ਆਧੁਨਿਕ ਅਨਾਜ ਭੰਡਾਰਨ ਸਹੂਲਤਾਂ ਨੂੰ ਕਿਸਾਨਾਂ ਦੇ ਨੇੜੇ ਲਿਆਉਣਾ, ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੋਸਾਇਟੀਜ਼ (ਪੀਏਸੀਐਸ) ਦੇ ਨੈੱਟਵਰਕ ਨੂੰ ਮਜ਼ਬੂਤ ??ਅਤੇ ਵਿਸਤਾਰ ਕਰਨਾ, ਸਹਿਕਾਰੀ ਗਤੀਵਿਧੀਆਂ ਨੂੰ ਵਿਭਿੰਨ ਬਣਾਉਣਾ, ਅਤੇ ਸਹਿਕਾਰੀ ਮੈਂਬਰਾਂ ਅਤੇ ਲਾਭਪਾਤਰੀਆਂ ਦੀ ਭਲਾਈ



ਲਈ ਸਹਿਯੋਗ ਦੇ ਅੰਦਰ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਹੈ। ਇਸ ਦੇਸ਼ ਵਿਆਪੀ ਪਹਿਲ ਦੇ ਹਿੱਸੇ ਵਜੋਂ, ÷ਸਹਰਕਾਰ ਸੇ ਸਮ੍ਰਿੱਧੀ÷ ਵਿਸ਼ੇ @ਤੇ ਪਹਿਲੀ ਖੇਤਰੀ ਵਰਕਸ਼ਾਪ ਅੱਜ ਰਾਜਸਥਾਨ ਦੇ ਜੈਪੁਰ ਵਿੱਚ ਆਯੋਜਿਤ ਕੀਤੀ ਗਈ, ਜਿਸ ਵਿੱਚ ਭਾਰਤ ਸਰਕਾਰ, ਨਾਬਾਰਡ, ਰਾਸ਼ਟਰੀ ਸਹਿਕਾਰੀ ਸੰਸਥਾਵਾਂ ਦੇ ਸੀਨੀਅਰ ਅਧਿਕਾਰੀਆਂ ਅਤੇ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਪ੍ਰਤੀਨਿਧੀਆਂ ਨੇ ਸ਼ਿਰਕਤ ਕੀਤੀ। ਇਹ ਵਰਕਸ਼ਾਪ ਨੀਤੀ ਸਮੀਖਿਆ, ਪ੍ਰਗਤੀ ਮੁਲਾਂਕਣ, ਵਧੀਆ ਅਭਿਆਸਾਂ ਦੇ ਆਦਾਨ-ਪ੍ਰਦਾਨ ਅਤੇ ਜ਼ਮੀਨੀ ਪੱਧਰ ’ਤੇ ਸਹਿਕਾਰੀ ਵਾਤਾਵਰਣ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਸਮੇਂ ਸਿਰ ਕਾਰਜ ਯੋਜਨਾਵਾਂ ਦੀ ਤਿਆਰੀ ਲਈ ਇੱਕ ਪ੍ਰਭਾਵਸ਼ਾਲੀ ਪਲੇਟਫਾਰਮ ਵਜੋਂ ਕੰਮ ਕਰਦੀ ਸੀ। ਇਹ ਵਰਕਸ਼ਾਪ ਦੇਸ਼ ਭਰ ਵਿੱਚ ਪੀਏਸੀਐਸ, ਡੇਅਰੀ ਸਹਿਕਾਰੀ, ਮੱਛੀ ਪਾਲਣ ਸਹਿਕਾਰੀ ਅਤੇ ਸਟੋਰੇਜ ਬੁਨਿਆਦੀ ਢਾਂਚੇ ਦੀ ਪਹੁੰਚ ਅਤੇ ਕੁਸ਼ਲਤਾ ਨੂੰ ਵਧਾਉਣ ਲਈ ਮੁੱਖ ਸਹਿਕਾਰੀ ਪਹਿਲਕਦਮੀਆਂ ਦੀ ਪ੍ਰਗਤੀ ਦੀ ਸਮੀਖਿਆ ਕਰਨ, ਲਾਗੂ ਕਰਨ ਦੀਆਂ ਚੁਣੌਤੀਆਂ @ਤੇ ਚਰਚਾ ਕਰਨ ਅਤੇ ਵਿਹਾਰਕ ਰਣਨੀਤੀਆਂ ਨੂੰ ਅੰਤਿਮ ਰੂਪ ਦੇਣ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਵਜੋਂ ਕੰਮ ਕਰਦੀ ਸੀ। ਉਦਘਾਟਨੀ ਸੈਸ਼ਨ ਵਿੱਚ ਸਵਾਗਤੀ ਭਾਸ਼ਣ ਦਿੱਤੇ ਗਏ, ਜਿਸ ਤੋਂ ਬਾਅਦ ਨਾਬਾਰਡ ਦੇ ਚੇਅਰਮੈਨ, ਸਹਿਕਾਰਤਾ ਮੰਤਰਾਲੇ ਦੇ ਵਧੀਕ ਸਕੱਤਰ ਅਤੇ ਸਹਿਕਾਰਤਾ ਮੰਤਰਾਲੇ ਦੇ ਸਕੱਤਰ ਨੇ ਸੰਬੋਧਨ ਕੀਤਾ। ਵਿਚਾਰ-ਵਟਾਂਦਰੇ ਪੇਂਡੂ ਖੁਸ਼ਹਾਲੀ, ਰੁਜ਼ਗਾਰ ਪੈਦਾ ਕਰਨ ਅਤੇ ਸਮਾਵੇਸ਼ੀ ਆਰਥਿਕ ਵਿਕਾਸ ਦੇ ਇੱਕ ਮੁੱਖ ਥੰਮ੍ਹ ਵਜੋਂ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ’ਤੇ ਕੇਂਦ੍ਰਿਤ ਸਨ।

ਵਰਕਸ਼ਾਪ ਦੇ ਇੱਕ ਮੁੱਖ ਸੈਸ਼ਨ ਵਿੱਚ ਸਹਿਕਾਰੀ ਖੇਤਰ ਵਿੱਚ ਦੁਨੀਆ ਦੀ ਸਭ ਤੋਂ ਵੱਡੀ ਅਨਾਜ ਭੰਡਾਰਨ ਯੋਜਨਾ (WLGSP) ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਵਿਚਾਰ-ਵਟਾਂਦਰੇ ਵਿੱਚ ਕਰਜ਼ਾ ਪ੍ਰਵਾਨਗੀ ਪ੍ਰਕਿਰਿਆਵਾਂ ਦੀ ਨਿਗਰਾਨੀ, ਖੇਤੀਬਾੜੀ ਮਾਰਕੀਟਿੰਗ ਬੁਨਿਆਦੀ ਢਾਂਚੇ (AMI) ਅਧੀਨ ਲਾਗੂਕਰਨ, PACS ਦੀ ਪਛਾਣ, ਜ਼ਮੀਨ ਦੀ ਚੋਣ, ਵਿਸਤ੍ਰਿਤ ਪ੍ਰੋਜੈਕਟ ਰਿਪੋਰਟਾਂ (DPRs) ਦੀ ਤਿਆਰੀ, ਅਤੇ ਸੰਚਾਲਨ ਤਾਲਮੇਲ ਸ਼ਾਮਲ ਸਨ।

## ਸਚਿਨ ਤੇਂਦੁਲਕਰ ਨੂੰ 53ਵੇਂ ਜਨਮਦਿਨ ’ਤੇ ਬੀ.ਸੀ.ਸੀ.ਆਈ. ਨੇ ਦਿੱਤੀਆਂ ਸ਼ੁੱਭਕਾਮਨਾਵਾਂ

ਨਵੀਂ ਦਿੱਲੀ , 24 ਅਪ੍ਰੈਲ (ਚ.ਨ.ਸ.) : ਕ੍ਰਿਕਟ




ਦੇ ਭਗਵਾਨ - ਸਚਿਨ ਤੇਂਦੁਲਕਰ ਸ਼ੁੱਕਰਵਾਰ ਨੂੰ 53 ਸਾਲ ਦੇ ਹੋ ਗਏ। ਇਸ ਮਹਾਨ ਭਾਰਤੀ ਬੱਲੇਬਾਜ਼ ਦੇ ਸ਼ਾਨਦਾਰ ਅੰਤਰਰਾਸ਼ਟਰੀ ਕ੍ਰਿਕਟ ਕਰੀਅਰ ਰਿਕਾਰਡ-ਤੋੜ ਪ੍ਰਾਪਤੀਆਂ ਅਤੇ ਅਭੁੱਲ ਪ੍ਰਦਰਸ਼ਨਾਂ ਨਾਲ ਭਰਿਆ ਹੋਇਆ ਹੈ।ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀ.ਸੀ.ਸੀ.ਆਈ.) ਨੇ ਤੇਂਦੁਲਕਰ ਦੇ ਜਨਮਦਿਨ @ਤੇ ਸੋਸ਼ਲ ਮੀਡੀਆ @ਤੇ ਇਕ ਪੋਸਟ ਸਾਂਝੀ ਕੀਤੀ ਅਤੇ ਲਿਖਿਆ, ÷664 ਅੰਤਰਰਾਸ਼ਟਰੀ ਮੈਚ। 34,357 ਅੰਤਰਰਾਸ਼ਟਰੀ ਦੌੜਾਂ। 100 ਅੰਤਰਰਾਸ਼ਟਰੀ ਸੈਂਕੜੇ ਬਣਾਉਣ ਵਾਲਾ ਇਕਲੌਤਾ ਕ੍ਰਿਕਟਰ। ਟੀ ਇੰਡੀਆ ਦੇ ਆਈਸੀਸੀ ਪੁਰਸ਼ ਇਕਦਿਨਾਂ ਵਿਸ਼ਵ ਕੱਪ 2011 ਦੀ ਜੇਤੂ ਮੁਹਿੰਮ ਦਾ ਮੈਂਬਰ। ਮਹਾਨ ਸਚਿਨ ਤੇਂਦੁਲਕਰ ਨੂੰ ਜਨਮਦਿਨ ਦੀਆਂ ਬਹੁਤ ਬਹੁਤ ਮੁਬਾਰਕਾਂ।÷ਤੇਂਦੁਲਕਰ ਆਪਣੇ ਸਮੇਂ ਦਾ ਸਭ ਤੋਂ ਸੰਪੂਰਨ ਬੱਲੇਬਾਜ਼, ਹੁਣ ਤੱਕ ਦਾ ਸਭ ਤੋਂ ਵੱਧ ਦੌੜਾਂ ਬਣਾਉਣ ਵਾਲਾ, ਅਤੇ ਸ਼ਾਇਦ ਖੇਡ ਦਾ ਸਭ ਤੋਂ ਵੱਡਾ ਕ੍ਰਿਕਟ ਆਈਕਨ ਸੀ।ਉਸ ਕੋਲ ਟੈਸਟ ਅਤੇ ਇਕਦਿਨਾਂ ਦੋਵਾਂ ਵਿਚ ਸਭ ਤੋਂ ਵੱਧ ਸੈਂਕੜੇ ਲਗਾਉਣ ਦਾ ਰਿਕਾਰਡ ਹੈ, ਇਕ ਸ਼ਾਨਦਾਰ ਕਾਰਨਾਮਾ, ਖ਼ਾਸ ਕਰਕੇ ਜਦੋਂ ਉਸਨੇ ਆਪਣੇ 79ਵੇਂ ਮੈਚ ਤੱਕ ਆਪਣਾ ਪਹਿਲਾ ਇਕ ਦਿਨਾਂ ਅੰਤਰਰਾਸ਼ਟਰੀ ਸੈਂਕੜਾ ਦਰਜ ਨਹੀਂ ਕੀਤਾ ਸੀ।

### ਜਨਮ ਦਿਨ ਮੁਬਾਰਕ



ਦਿਵਿਆ



ਦੇਵ

## ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਇਮਤਿਹਾਨਾਂ ਵਿੱਚ ਵਧੀਆ ਪ੍ਰਦਰਸ਼ਨ ਕਰ ਕਾਲਜ ਦਾ ਨਾਮ ਕੀਤਾ ਰੌਸ਼ਨ

ਧਾਰੀਵਾਲ 24 ਅਪ੍ਰੈਲ (ਅਸ਼ੋਕ ਕੁਮਾਰ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਬੀ.ਏ ਅਤੇ ਬੀ. ਐੱਸ. ਸੀ ਸਮੈਸਟਰ ਪਹਿਲਾ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਲਈ ਗਈ ਪ੍ਰੀਖਿਆ ਵਿੱਚੋਂ ਵਧੀਆ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਜ਼ਿਕਰਯੋਗ ਹੈ ਕਿ ਕਾਲਜ ਦਾ ਨਤੀਜਾ ਹਮੇਸ਼ਾ ਸਲਾਹੁਣਯੋਗ ਰਿਹਾ ਹੈ। ਬੀ.ਐੱਸ.ਸੀ ਸਮੈਸਟਰ ਪਹਿਲਾ ਵਿੱਚੋਂ ਕਾਲਜ ਵਿਦਿਆਰਥਣ ਅਨਮੋਲਪ੍ਰੀਤ ਕੌਰ ਨੇ 73.6 ਪ੍ਰਤੀਸ਼ਤ ਨੰਬਰ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਗੁਰਸਿਮਰਨ ਕੌਰ ਅਤੇ ਸ਼ੁਭਕਰਮਨਦੀਪ ਕੌਰ ਨੇ 70 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਦੂਸਰਾ ਅਤੇ ਆਯੂਸ਼ ਮਹਾਜਨ ਨੇ 69 % ਨੰਬਰ ਲੈ ਕੇ ਕਾਲਜ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰਾਂ ਬੀ.ਏ ਸਮੈਸਟਰ ਪਹਿਲਾ ਵਿੱਚੋਂ ਅੰਜਲੀ ਨੇ 68 ਪ੍ਰਤੀਸ਼ਤ, ਮਨਬੀਰ ਸਿੰਘ ਨੇ 67 ਪ੍ਰਤੀਸ਼ਤ ਅਤੇ ਜਸ਼ਨਪ੍ਰੀਤ ਸਿੰਘ ਨੇ 66 % ਨੰਬਰ ਲੈ ਕੇ ਕਾਲਜ ਵਿੱਚੋਂ ਕ੍ਰਮਵਾਰ ਪਹਿਲਾ,ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਚੰਗੇ ਨੰਬਰ ਲੈ ਕੇ ਕਾਲਜ ਦਾ ਨਾਮ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਤੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ।ਪ੍ਰਿੰਸੀਪਲ ਸਾਹਿਬ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਜ਼ਿਆਦਾ ਮਿਹਨਤ ਕਰਕੇ ਕਾਲਜ ਦਾ ਨਾਮ ਰੌਸ਼ਨ ਕਰਨ ਦੀ ਗੱਲ ਆਖੀ।ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਗੜੇਮਾਰੀ ਨਾਲ ਨੁਕਸਾਨੀ ਫਸਲਾਂ ਲਈ ਮਾਨ ਸਰਕਾਰ ਵੱਲੋਂ 123.28 ਕਰੋੜ ਰੁਪਏ ਦੀ ਰਾਹਤ ਮਨਜ਼ੂਰ



ਮਲੋਟ , 24 ਅਪ੍ਰੈਲ:(ਅਮਨਦੀਪ ਸਿੰਘ ਮਹਿਰਾ)ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਨੇ ਗੜੇਮਾਰੀ ਕਾਰਨ ਨੁਕਸਾਨ ਝੱਲਣ ਵਾਲੇ ਕਿਸਾਨਾਂ ਲਈ ਵੱਡਾ ਫੈਸਲਾ ਲੈਂਦਿਆਂ 123.28 ਕਰੋੜ ਰੁਪਏ ਦਾ ਰਾਹਤ ਪੈਕੇਜ ਮਨਜ਼ੂਰ ਕੀਤਾ ਹੈ। ਇਹ ਰਾਹਤ ਸੱਤ ਜ਼ਿਲ੍ਹਿਆਂ ਦੇ 111 ਪਿੰਡਾਂ ਵਿੱਚ 92,695 ਏਕੜ ਰਕਬੇ 'ਚ ਹੋਏ ਫਸਲੀ ਨੁਕਸਾਨ ਲਈ ਦਿੱਤੀ ਜਾਵੇਗੀ।ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੁਕਸਾਨ ਦਾ ਮੁਲਾਂਕਣ ਪੂਰਾ ਹੋਣ ਦੇ ਤੁਰੰਤ ਬਾਅਦ ਸਰਕਾਰ ਨੇ ਇਹ ਫੈਸਲਾ ਕੀਤਾ ਹੈ, ਤਾਂ ਜੋ ਕਿਸਾਨਾਂ ਨੂੰ ਸਮੇਂ ਸਿਰ ਰਾਹਤ ਮਿਲ ਸਕੇ ਅਤੇ ਉਹ ਵਾਢੀ ਦੇ ਮੌਸਮ ਵਿੱਚ ਹੋਏ ਨੁਕਸਾਨ ਤੋਂ ਉਭਰ ਸਕਣ।ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕੁੱਲ 123,28,05,938 ਰੁਪਏ ਦੇ ਪੈਕੇਜ ਵਿੱਚ 992 ਏਕੜ ਵਿੱਚ 26% ਤੋਂ 32% ਨੁਕਸਾਨ, 61,115 ਏਕੜ ਵਿੱਚ 33% ਤੋਂ 75% ਨੁਕਸਾਨ ਅਤੇ 30,588 ਏਕੜ ਵਿੱਚ 76% ਤੋਂ 100% ਤੱਕ ਨੁਕਸਾਨ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਸਰਕਾਰ ਮੁਸੀਬਤ ਦੇ ਸਮੇਂ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੁਦਰਤੀ ਆਫ਼ਤਾਂ ਕਾਰਨ ਪੈਦਾ ਹੋਈ ਆਰਥਿਕ ਮੁਸ਼ਕਲ ਨੂੰ ਘਟਾਇਆ ਜਾਵੇ।ਮੰਤਰੀ ਮੁਤਾਬਕ ਜ਼ਿਲ੍ਹਾ ਫਾਜ਼ਿਲਕਾ ਨੂੰ ਸਭ ਤੋਂ ਵੱਧ 44.24 ਕਰੋੜ ਰੁਪਏ ਦੀ ਰਾਹਤ ਮਿਲੀ ਹੈ, ਜਦਕਿ ਸ੍ਰੀ ਮੁਕਤਸਰ ਸਾਹਿਬ ਨੂੰ 43.01 ਕਰੋੜ ਰੁਪਏ, ਬਠਿੰਡਾ ਨੂੰ 22.83 ਕਰੋੜ ਰੁਪਏ, ਮੋਗਾ ਨੂੰ 7.73 ਕਰੋੜ ਰੁਪਏ ਅਤੇ ਅੰਮ੍ਰਿਤਸਰ ਨੂੰ 5.26 ਕਰੋੜ ਰੁਪਏ ਦੀ ਰਾਹਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਫਿਰੋਜ਼ਪੁਰ ਅਤੇ ਰੂਪਨਗਰ ਦੇ ਕਿਸਾਨਾਂ ਲਈ ਕ੍ਰਮਵਾਰ 17.10 ਲੱਖ ਅਤੇ 1.35 ਲੱਖ ਰੁਪਏ ਦੀ ਮਦਦ ਮਨਜ਼ੂਰ ਕੀਤੀ ਗਈ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਮੁਆਵਜ਼ਾ ਫਸਲਾਂ ਦੇ ਨੁਕਸਾਨ ਦੀ ਗੰਭੀਰਤਾ ਦੇ ਅਧਾਰ 'ਤੇ ਦਿੱਤਾ ਜਾਵੇਗਾ, ਜਿਸ ਨਾਲ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਰਪੱਖ ਬਣਾਇਆ ਗਿਆ ਹੈ। ਮਾਲ ਵਿਭਾਗ ਵੱਲੋਂ ਡਿਪਟੀ ਕਮਿਸ਼ਨਰਾਂ ਨੂੰ ਸਾਰੇ ਲੋੜੀਂਦੇ ਕਦਮ ਤੁਰੰਤ ਪੂਰੇ ਕਰਨ ਦੇ ਹੁਕਮ ਦਿੱਤੇ ਗਏ ਹਨ ਤਾਂ ਜੋ ਰਕਮ ਬਿਨਾਂ ਦੇਰੀ ਕਿਸਾਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾ ਸਕੇ।ਸਰਕਾਰ ਨੇ ਦੁਹਰਾਇਆ ਹੈ ਕਿ ਉਹ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਕੁਦਰਤੀ ਆਫ਼ਤ ਦੇ ਸਮੇਂ ਤੁਰੰਤ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ।

## ਰੋਲਰ ਸਕੇਟਿੰਗ ਚੈਂਪੀਅਨਸ਼ਿਪ ਵਿੱਚ ਜ਼ੇਵੀਅਰਜ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

ਰਾਮਪੁਰਾ ਫੂਲ,24 ਅਪ੍ਰੈਲ (ਮਨਪ੍ਰੀਤ ਮਿੰਟੂ) ਸੇਂਟ ਜ਼ੇਵੀਅਰਜ ਸਕੂਲ ਰਾਮਪੁਰਾ ਫੂਲ ਦੇ ਵਿਦਿਆਰਥੀਆਂ ਨੇ ਤੀਜੀ ਰੋਲਰ ਸਕੇਟਿੰਗ ਚੈਂਪੀਅਨਸ਼ਿਪ ਜੋ ਕਿ ਲੁਧਿਆਣੇ ਦੇ ਗੁਰੂ ਨਾਨਕ ਸਕੂਲ ਸਰਾਭਾ ਨਗਰ ਵਿਖੇ 5 ਅਪ੍ਰੈਲ 2026 ਨੂੰ ਹੋਈ ਵਿੱਚ ਭਾਗ ਲਿਆ ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸੁਖਮਨਦੀਪ ਸਿੰਘ ਭੁੱਲਰ ਨੇ 1 ਲੈਪ ਰੇਸ ਵਿੱਚ ਸੋਨ ਤਮਗਾ ਤੇ 2 ਲੈਪ ਰੇਸ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਖੁਸ਼ਾਂਤ ਮਿੱਤਲ ਨੇ 4 ਲੈਪ ਰੇਸ ਵਿੱਚ ਚਾਂਦੀ ਦੇ ਤਮਗੇ ਤੇ ਕਬਜ਼ਾ ਕੀਤਾ। ਸਕੂਲ ਦੀ ਨੰਨ੍ਹੀ ਖਿਡਾਰਨ ਨੱਵਿਆ ਮਿੱਤਲ ਨੇ 2 ਲੈਪ ਰੇਸ ਵਿੱਚ ਸੋਨ ਤਮਗਾ ਤੇ 1 ਲੈਪ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਆਲ ਇੰਡੀਆ ਸਪੀਡ ਸਕੇਟਿੰਗ ਪ੍ਰਮੋਸ਼ਨ ਰੋਲਰ ਸਕੇਟਿੰਗ ਚੈਂਪੀਅਨਸ਼ਿਪ ਜੋ ਕਿ 12 ਅਪ੍ਰੈਲ 2024 ਨੂੰ ਮੋਹਾਲੀ ਵਿਖੇ ਹੋਈ ਉਸ ਵਿੱਚ ਵੀ ਸੇਂਟ ਜ਼ੇਵੀਅਰਜ ਸਕੂਲ ਦੇ ਵਿਦਿਆਰਥੀਆਂ ਨੇ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸੁਖਮਨਦੀਪ ਸਿੰਘ ਭੁੱਲਰ ਨੇ ਅੰਡਰ -14 ਵਿੱਚ 3000 ਰੇਸ ਤੇ 5000 ਰੇਸ ਵਿੱਚ ਸੋਨੇ ਦੇ ਤਮਗੇ ਜਿੱਤੇ। ਇਸੇ ਹੀ ਸਕੂਲ ਦੇ ਵਿਦਿਆਰਥਣ ਨੱਵਿਆ ਮਿੱਤਲ ਨੇ 3000 ਰੇਸ ਤੇ 5000 ਰੇਸ ਅੰਡਰ -9 ਵਿੱਚ ਸੋਨੇ ਦੇ ਤਮਗੇ ਜਿੱਤੇ। ਸਕੂਲ ਦੇ ਪ੍ਰਿ$ਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਤੇ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ ਨੇ ਖੇਡਾਂ ਵਿੱਚ ਭਾਗ ਲੈ ਕੇ ਵਾਪਸ ਆਏ ਇਹਨਾਂ ਵਿਦਿਆਰਥੀਆਂ ਦਾ ਸਵਾਗਤ ਕੀਤਾ । ਪ੍ਰਿ$ਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਵਿਦਿਆਰਥੀਆਂ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਮੁਬਾਰਕਾਂ ਦਿੱਤੀਆਂ ਅਤੇ ਭਵਿੱਖ ਵਿੱਚ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਮਾਤਾ ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਆ। ਸਕੂਲ ਮੈਨੇਜਮੈਂਟ ਵੱਲੋਂ ਖੇਡਾਂ ਦੇ ਮਾਹਰ ਅਧਿਆਪਕ ਗੁਰਪਿੰਦਰ ਸਿੰਘ ਭੁੱਲਰ, ਪਰਮਿੰਦਰ ਸਿੰਘ, ਅਮਨਦੀਪ ਕੌਰ ਤੇ ਮੈਡਮ ਜੋਤੀ ਨੂੰ ਵੀ ਉਨ੍ਹਾਂ ਵੱਲੋਂ ਕਰਵਾਈ ਗਈ ਅਣਥੱਕ ਮਿਹਨਤ ਦੀ ਵੀ ਪ੍ਰਸੰਸਾ ਕੀਤੀ। ਆਉਣ ਵਾਲੇ ਸਮੇਂ ਵਿੱਚ ਹੋਰ ਮਾਣਮੱਤੇ ਖਿਡਾਰੀ ਤਿਆਰ ਕਰਨ ਲਈ ਪ੍ਰੇਰਿਤ ਕੀਤਾ।ਇਸ ਸੁਭਾਗੇ ਮੌਕੇ ਤੇ ਕੋਆਰਡੀਨੇਟਰ ਪ੍ਰੇਮ ਲਤਾ , ਅੰਜੂ ਬਾਲਾ ਤੇ ਸਕੂਲ ਦਾ ਸਾਰਾ ਸਟਾਫ਼ ਹਾਜ਼ਰ ਸੀ।

## ਬੇਅਦਬੀ ਕਾਨੂੰਨ ਸ਼ਲਾਘਾਯੋਗ ਕਦਮ : ਬੱਬੂ ਠੇਕੇਦਾਰ



ਗੁਰਦਾਸਪੁਰ 24 ਅਪ੍ਰੈਲ (ਜਸਵਿੰਦਰ ਸਿੰਘ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਲਿਆਂਦਾ ਗਿਆ ਬਿੱਲ ਹੁਣ ਰਾਜਪਾਲ ਦੇ ਦਸਤਖ਼ਤਾਂ ਨਾਲ ਕਾਨੂੰਨ ਬਣ ਗਿਆ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਸੀਨੀਅਰ ਆਗੂ ਬੱਬੂ ਠੇਕੇਦਾਰ ਹਲਕਾ ਕੋਡੀਨੇਟਰ ਅਤੇ ਬਲਾਕ ਯੂਥ ਪ੍ਰਧਾਨ ਗੁਰਦਾਸਪੁਰ ਨੇ ਕਿਹਾ ਕਿ ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ ਉਮਰ ਕੈਦ ਅਤੇ ਜੁਰਮਾਨੇ ਦੀ ਸਜ਼ਾ ਦਾ ਪ੍ਰਾਵਧਾਨ ਕੀਤਾ ਗਿਆ ਹੈ ਇਹ ਮਹੱਤਵਪੂਰਨ ਕਦਮ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਦੇ ਨਾਲ ਨਾਲ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਦੀ ਰੱਖਿਆ ਵੱਲ ਇੱਕ ਮਜ਼ਬੂਤ ਸੰਦੇਸ਼ ਦੇਂਦਾ ਹੈ ਇਹ ਬਿੱਲ ਪਹਿਲਾਂ ਪੰਜਾਬ ਸਰਕਾਰ ਵੱਲੋਂ ਕੈਬਿਨੇਟ ਮੀਟਿੰਗ ਵਿੱਚ ਮਨਜ਼ੂਰ ਕੀਤਾ ਗਿਆ ਸੀ, ਜਿਸ ਤੋਂ ਬਾਅਦ ਇਸ ਨੂੰ ਗਵਰਨਰ ਸਾਹਿਬ ਕੋਲ ਮਨਜ਼ੂਰੀ ਲਈ ਭੇਜਿਆ ਗਿਆ ਪਿੱਛਲੇ ਦਿਨੀਂ ਸਾ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਵਿੱਚ ਇਹ ਬਿੱਲ ਪਾਸ ਕੀਤਾ ਗਿਆ ਸੀ, ਜਿਸ ਨੂੰ ਅੱਜ ਗਵਰਨਰ ਵੱਲੋਂ ਮਨਜ਼ੂਰੀ ਮਿਲਣ ਉਪਰੰਤ ਕਾਨੂੰਨ ਦਾ ਦਰਜਾ ਪ੍ਰਾਪਤ ਹੋ ਗਿਆ ਹੈ ਅੱਜ ਦਾ ਦਿਨ ਪੰਜਾਬ ਦੇ ਇਤਿਆਸ ਵਿਚ ਬਹੁਤ ਮਹੱਤਵਪੂਰਨ ਮੰਨਿਆ ਜਾਵੇਗਾ, ਕਿਉਂਕਿ ਇਸ ਫ਼ੈਸਲੇ ਨਾਲ ਧਾਰਮਿਕ ਅਦਬ-ਸਤਿਕਾਰ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਸਮਾਜ ਵਿੱਚ ਸਕਾਰਾਤਮਕ ਸੰਦੇਸ਼ ਜਾਵੇਗਾ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਬੇਅਦਬੀ ਵਰਗੀਆਂ ਘਟਨਾਵਾਂ 'ਤੇ ਕੜੀ ਨਜ਼ਰ ਰੱਖੀ ਜਾਵੇਗੀ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ ਸਰਕਾਰ ਦਾ ਇਹ ਕਦਮ ਸਮਾਜ ਵਿੱਚ ਅਮਨ-ਚੈਨ, ਧਾਰਮਿਕ ਸਾਂਝ ਅਤੇ ਆਪਸੀ ਸਤਿਕਾਰ ਨੂੰ ਹੋਰ ਮਜ਼ਬੂਤ ਕਰੇਗਾ ਸਰਕਾਰ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਕਿਸੇ ਵੀ ਧਰਮ ਦੀ ਬੇਅਦਬੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰ ਨਾਗਰਿਕ ਨੂੰ ਆਪਣੀ ਆਸਥਾ ਅਨੁਸਾਰ ਜੀਵਨ ਜਿਉਣ ਦਾ ਪੂਰਾ ਅਧਿਕਾਰ ਹੈ ਇਸ ਮੌਕੇ ਸਾਰਿਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਧਾਰਮਿਕ ਸਾਂਝ ਅਤੇ ਕਾਨੂੰਨ ਦੀ ਪਾਲਣਾ ਕਰਦੇ ਹੋਏ ਸਮਾਜ ਵਿੱਚ ਸ਼ਾਂਤੀ ਅਤੇ ਭਾਈਚਾਰੇ ਨੂੰ ਬਣਾਈ ਰੱਖਣ ਲਈ ਆਪਣਾ ਯੋਗਦਾਨ ਪਾਉਣ

## ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਕਰਵਾਇਆ ਗਿਆ ਸਰਕਾਰ-ਏ-ਖ਼ਾਲਸਾ : ਇੱਕ ਪੁਨਰ ਚਿੰਤਨ ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ



ਫਤਿਹਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ )ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਅਤੇ ਸਕੱਤਰ ਵਿੱਦਿਆ.ਲ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ ਹੇਠ 'ਸਰਕਾਰ-ਏ-ਖ਼ਾਲਸਾ: ਇੱਕ ਪੁਨਰ ਚਿੰਤਨ' ਵਿਸ਼ੇ ਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਵਿਖੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਸੈਮੀਨਾਰ ਵਿੱਚ ਵੱਖ—ਵੱਖ ਯੂਨੀਵਰਸਿਟੀਆਂ ਤੋਂ ਵਿਦਵਾਨਾਂ, ਖੋਜ ਕਰਤਿਆਂ, ਪ੍ਰੋਫੈਸਰ ਸਾਹਿਬਾਨ ਅਤੇ ਵੱਖ—ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਲਗਭਗ 90 ਪਰਚੇ ਪੜ੍ਹੇ ਗਏ। ਸੈਮੀਨਾਰਾਂ ਦੀ ਸ਼ੁਰੂਆਤ ਖਾਲਸਾ ਕਾਲਜ, ਪਟਿਆਲਾ ਦੇ ਵਿਦਿਆਰਥੀਆਂ ਵੱਲੋਂ ਉਦਘਾਟਨੀ ਸ਼ਬਦ ਰਾਹੀਂ ਕੀਤੀ ਗਈ। ਡਾ. ਰਜਿੰਦਰ ਕੌਰ, ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ, ਲੁਧਿਆਣਾ ਨੇ ਸਵਾਗਤੀ ਭਾਸ਼ਣ ਦਿੱਤਾ ਅਤੇ ਮੰਚ ਸੰਚਾਲਨ ਵੀ ਕੀਤਾ। ਇਸ ਮੌਕੇ ਪ੍ਰਧਾਨਗੀ ਭਾਸ਼ਣ ਵਿੱਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਸ਼੍ਰੋਮਣੀ ਕਮੇਟੀ ਕਮੇਟੀ ਨੇ ਕਿਹਾ ਕਿ ਸਰਕਾਰ-ਏ-ਖ਼ਾਲਸਾ ਸਿਰਫ਼ ਇੱਕ ਰਾਜਨੀਤਿਕ ਪ੍ਰਣਾਲੀ ਨਹੀਂ ਸੀ, ਸਗੋਂ ਨਿਆਂ, ਸਮਾਨਤਾ ਅਤੇ ਧਾਰਮਿਕ ਆਜਾਦੀ ਦੇ ਅਧਾਰ ਤੇ ਖੜੀ ਇੱਕ ਵਿਲੱਖਣ ਪ੍ਰਣਾਲੀ ਸੀ। ਉਨ੍ਹਾਂ ਕਿਹਾ ਕਿ ਅੱਜ ਦੇ ਸੈਮੀਨਾਰ ਦਾ ਉਦੇਸ਼ ਸਿਰਫ਼ ਇਤਿਹਾਸ ਨੂੰ ਯਾਦ ਕਰਨਾ ਹੀ ਨਹੀਂ, ਸਗੋਂ ਉਸ ਤੋਂ ਸੇਧ ਲੈਣਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਗੁਰੂ ਸਾਹਿਬ ਵੱਲੋਂ ਮਿਲੇ ਹੋਏ ਗੁਰੂ ਸਿਧਾਂਤਾਂ ਦੀ ਬਖ਼ਸ਼ਿਸ਼ ਅਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਅਤੇ ਨੈਤਿਕ ਜਿੰਮੇਵਾਰੀ ਹੈ।ਇਸ ਮੌਕੇ ਪ੍ਰੋ. ਸੁਲੱਖਣ ਸਿੰਘ, ਰਿਟਾ. ਪ੍ਰੋ. ਹਿਸਟਰੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਇਸ ਸੈਮੀਨਾਰ ਦਾ ਵਿਸ਼ਾ ਸਿਰਫ ਇਤਿਹਾਸਕ ਅਧਿਐਨ ਤੱਕ ਸੀਮਿਤ ਨਹੀਂ, ਸਗੋਂ ਸਾਡੇ ਸਮਾਜਿਕ, ਰਾਜਨੀਤਿਕ ਅਤੇ ਨੈਤਿਕ ਮੁੱਲ੍ਹਾਂ ਨਾਲ ਜੁੜਿਆ ਹੋਇਆ ਹੈ। ਸਰਕਾਰ—ਏ—ਖ਼ਾਲਸਾ ਦੀ ਸੰਕਲਪਨਾ ਸਾਨੂੰ ਸਿੱਖ ਇਤਿਹਾਸ ਦੇ ਸੁਨਹਿਰੀ ਯੁੱਗ ਵੱਲ ਲੈ ਜਾਂਦੀ ਹੈ, ਜਿੱਥੇ ਨਿਆਂ, ਸਮਾਨਤਾ ਅਤੇ ਸੇਵਾ ਦੇ ਮੂਲ ਸਿਧਾਂਤਾਂ 'ਤੇ ਅਧਾਰਿਤ ਪ੍ਰਬੰਧ ਸਥਾਪਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਸਮੁੱਚੀ ਸਖ਼ਸ਼ੀਅਤ ਨੂੰ ਸਮਝਣ ਲਈ ਪਾਠਕਾਂ, ਸਰੋਤਿਆਂ ਅਤੇ ਆਪ ਵਿਅਕਤੀ ਨੂੰ ਜਾਣਕਾਰੀ ਹੋਣੀ ਜ਼ਰੂਰੀ ਹੈ, ਜਿਸ ਵਿੱਚ ਇਹ ਸੈਮੀਨਾਰ ਆਪਣਾ ਵਿਸ਼ੇਸ਼ ਯੋਗਦਾਨ ਪਾਵੇਗਾ। ਮਹਾਰਾਜਾ ਰਣਜੀਤ ਸਿੰਘ ਦੇ ਸਮਕਾਲ ਵਿੱਚ ਰਾਜ—ਪ੍ਰਬੰਧ, ਸਿਧਾਂਤ ਅਤੇ ਧਰਮ ਆਦਿ ਪੱਖਾਂ ਨੂੰ ਵੀ ਇਸ ਸੈਮੀਨਾਰ ਵਿੱਚ ਵਿਚਾਰਿਆ ਗਿਆ। ਉਦਘਾਟਨੀ ਸਮਾਰੋਹ ਦੀ ਸਮਾਪਤੀ ਮੌਕੇ ਧੰਨਵਾਦ ਸਕੱਤਰ ਵਿੱਦਿਆ ਸ. ਸੁਖਮਿੰਦਰ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ। ਡਾ. ਪਰਮਜੀਤ ਕੌਰ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਅਤੇ ਡਾ. ਦਵਿੰਦਰ ਸਿੰਘ, ਖਾਲਸਾ ਕਾਲਜ, ਪਟਿਆਲਾ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।ਇਸ ਸੈਮੀਨਾਰ ਦੇ ਵਿਸ਼ੇਸ਼ ਭਾਸ਼ਣ ਵਿੱਚ ਪ੍ਰੋ. ਮੁਹੰਮਦ ਇਦਰੀਸ, ਪ੍ਰੋ. ਹਿਸਟਰੀ ਵਿਭਾਗ ਅਤੇ ਇੰਚਾਰਜ, ਸ਼ਹੀਦ ਊਧਮ ਸਿੰਘ ਚੇਅਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਕਿਹਾ ਕਿ ਸਰਕਾਰ— ਏ—ਖ਼ਾਲਸਾ ਦੀ ਨੀਂਹ ਸਚਾਈ, ਨਿਆਂ, ਨਿਰਭਉਤਾ ਅਤੇ ਸੇਵਾ ਦੇ ਅਸੂਲਾਂ 'ਤੇ ਟਿੱਕੀ ਸੀ। ਮਹਾਰਾਜਾ ਰਣਜੀਤ ਸਿੰਘ ਦੀ ਇਹ ਪ੍ਰਣਾਲੀ ਕਿਸੇ ਇੱਕ ਵਰਗ ਜਾਂ ਧਰਮ ਲਈ ਨਹੀਂ ਸੀ, ਬਲਕਿ ਸਮੁੱਚੀ ਲੋਕਾਈ ਲਈ ਸੀ, ਜਿਸ ਵਿੱਚ ਸ਼ਾਸਨ ਦਾ ਮਤਲਬ ਹਕੂਮਤ ਨਹੀਂ, ਬਲਕਿ ਸੇਵਾ ਸੀ। ਸੱਤਾ ਦਾ ਮਤਲਬ ਦਬਦਬਾ ਨਹੀਂ, ਸਗੋਂ ਜਿੰਮੇਵਾਰੀ ਸੀ। ਮਹਾਰਾਜਾ ਦਾ ਆਮ ਰਾਜ ਨਾ ਹੋ ਕੇ ਧਰਮਨਿਰਪੇਖਤਾ ਅਤੇ ਸਮਾਨਤਾ ਦਾ ਰਾਜ ਸੀ।ਇਸ ਸੈਮੀਨਾਰ ਵਿੱਚ 4 ਟੈਕਨੀਕਲ ਸੈਸ਼ਨ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਚੇਅਰਪਰਸਨ ਵੱਜੋਂ ਡਾ. ਜਸਬੀਰ ਸਿੰਘ, ਡਾ. ਸੰਦੀਪ ਕੌਰ, ਡਾ. ਜਗਜੀਵਨ ਸਿੰਘ ਨੇ ਸ਼ਮੂਲੀਅਤ ਕੀਤੀ। ਡਾ. ਬਲਜੀਤ ਸਿੰਘ ਵਿਰਕ, ਡਾ. ਪਰਨੀਤ ਕੌਰ ਢਿੱਲੋਂ ਅਤੇ ਡਾ. ਰਾਕੇਸ਼ ਬਾਵਾ ਨੇ ਵਿਸ਼ੇਸ਼ ਬੁਲਾਰਿਆਂ ਵੱਜੋਂ ਵਿਸ਼ੇਸ਼ ਭੂਮਿਕਾ ਨਿਭਾਈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਕਿਰਪਾਲ ਸਿੰਘ ਬਡੂੰਗਰ, ਸੁਰਜੀਤ ਸਿੰਘ ਗੜ੍ਹੀ, ਮੈਂਬਰ, ਅੰਤ੍ਰਿੰਗ ਕਮੇਟੀ, ਸ. ਗੁਰਮੀਤ ਸਿੰਘ ਬੂਹ, ਮੈਂਬਰ, ਇੰਚਾਰਜ ਵਿੱਦਿਆ (ਸਕੂਲ), ਸ. ਰਘਬੀਰ ਸਿੰਘ ਸਹਾਰਨਮਾਜਰਾ, ਮੈਂਬਰ, ਸ. ਜਸਮੇਰ ਸਿੰਘ ਲਾਛੜੂ, ਮੈਂਬਰ ਅਤੇ ਪ੍ਰੋ. ਹਾਜ਼ਰ ਸਨ।

## ਖੇਡਾਂ ਨਸ਼ਿਆਂ ਤੋਂ ਦੂਰ ਰਹਿਣ ਦਾ ਸਭ ਤੋਂ ਵਧੀਆ ਸਾਧਨ :ਵਿਧਾਇਕ ਰਾਏ



ਫਤਿਹਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ)ਨਸ਼ਿਆਂ ਦੇ ਕੋਹੜ ਨੂੰ ਜੜੋਂ ਖ਼ਤਮ ਕਰਨ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲਗਾਤਾਰ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਸਥਾਨਕ ਬੱਚਤ ਭਵਨ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਕਰਵਾਏ ਇਕ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਹਰ ਵਰਗ ਵੱਲੋਂ ਸਰਾਹਨਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਖੇਡਾਂ ਨਸ਼ਿਆਂ ਤੋਂ ਦੂਰ ਰਹਿਣ ਦਾ ਸਭ ਤੋਂ ਵਧੀਆ ਸਾਧਨ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਮੈਦਾਨ ਅਤੇ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤਾਂ ਜੋ ਸ਼ਹਿਰਾਂ ਅਤੇ ਪਿੰਡਾਂ ਦੇ ਬੱਚੇ ਅਤੇ ਨੌਜਵਾਨ ਆਪਣੇ ਹੁਨਰ ਨੂੰ ਨਿਖਾਰ ਸਕਣ। ਉਨ੍ਹਾਂ ਨੌਜਵਾਨ ਵਰਗ ਨੂੰ ਰਾਜ ਸਰਕਾਰ ਦੀ ਨਸ਼ਿਆਂ ਖ਼ਿਲਾਫ਼ ਵਿੱਢੀ ਜੰਗ ਵਿੱਚ ਮੋਹਰੀ ਭੂਮਿਕਾ ਨਿਭਾਉਣ ਲਈ ਸੱਦਾ ਦਿੱਤਾ। ਉਨ੍ਹਾਂ ਕਿਹਾ ਨੌਜਵਾਨ ਸਾਡੇ ਦੇਸ਼ ਅਤੇ ਸੂਬੇ ਦਾ ਰੋਸ਼ਨ ਭਵਿੱਖ ਹਨ ਅਤੇ ਸਾਡੀ ਨਵੀਂ ਪੀੜ੍ਹੀ ਨੂੰ ਨਸ਼ਿਆਂ ਖ਼ਿਲਾਫ਼ ਡੱਟ ਕੇ ਪਹਿਰਾ ਦੇਣ ਦੀ ਲੋੜ ਹੈ ਤਾਂ ਜ਼ੋ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾ ਸਕੇ।ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਖੇਡਾਂ ਨਾ ਸਿਰਫ਼ ਬੱਚਿਆਂ ਦੀ ਸਰੀਰਕ ਤੰਦਰੁਸਤੀ ਨੂੰ ਮਜ਼ਬੂਤ ਕਰਦੀਆਂ ਹਨ, ਸਗੋਂ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਵਰਕ ਅਤੇ ਆਤਮ-ਵਿਸ਼ਵਾਸ ਵੀ ਵਿਕਸਿਤ ਕਰਦੀਆਂ ਹਨ। ਇਸ ਨਾਲ ਬੱਚਿਆਂ ਦੀ ਊਰਜਾ ਸਕਾਰਾਤਮਕ ਦਿਸ਼ਾ ਵਿੱਚ ਲੱਗਦੀ ਹੈ ਅਤੇ ਉਹ ਨਕਾਰਾਤਮਕ ਆਦਤਾਂ ਤੋਂ ਦੂਰ ਰਹਿੰਦੇ ਹਨ। ਡਿਪਟੀ ਕਮਿਸ਼ਨਰ ਨੇ ਮਾਪਿਆਂ ਅਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਵੱਲ ਪ੍ਰੇਰਿਤ ਕਰਨ ਤਾਂ ਜੋ ਇੱਕ ਤੰਦਰੁਸਤ ਅਤੇ ਨਸ਼ਾ-ਮੁਕਤ ਸਮਾਜ ਦੀ ਨਿਰਮਾਣ ਕੀਤਾ ਜਾ ਸਕੇ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਅਤੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਖੇਡਾਂ ਦਾ ਸਮਾਨ ਵੰਡਿਆ ਅਤੇ ਸਕੂਲੀ ਬੱਚਿਆਂ ਅਤੇ ਅਧਿਅਪਕਾਂ ਵੱਲੋਂ 'ਸੇ ਨੋ ਟੂ ਡਰੱਗ' ਦੀ ਸਹੁੰ ਚੁੱਕਵਾਈ ਗਈ। ਸਕੂਲਾਂ ਦੇ ਅਧਿਆਪਕਾਂ ਨੇ ਖੁਦ ਅਤੇ ਬੱਚਿਆਂ ਨੂੰ ਨਸ਼ੇ ਤੋ ਦੂਰ ਰੱਖਣ ਦਾ ਪ੍ਰਣ ਲਿਆ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਸ੍ਰੀਮਤੀ ਜਸਵੀਰ ਕੌਰ, ਉਪ ਜ਼ਿਲਾ ਸਿੱਖਿਆ ਅਫਸਰ ਦੀਦਾਰ ਸਿੰਘ ਮਾਂਗਟ, ਜ਼ਿਲ੍ਹਾ ਨੋਡਲ ਅਫਸਰ ਦੀਪਕ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਅਤੇ ਵਿਦਿਆਰਥੀ ਹਾਜਰ ਸਨ।

## ਪੰਜਾਬ ਸਰਕਾਰ ਸਿੱਖਿਆ ਦੇ ਆਧੁਨਿਕਰਨ ਲਈ ਕਰ ਰਹੀ ਹੈ ਵਿਸ਼ੇਸ਼ ਯਤਨ : ਵਿਧਾਇਕ ਭੁੱਲਰ

### ਡਿਜੀਟਲ ਕ੍ਰਾਂਤੀ ਤਹਿਤ ਵੱਖ-ਵੱਖ ਸਕੂਲਾਂ 'ਚ ਕੰਪਿਊਟਰ ਅਤੇ ਇਨਟਰੈਕਟਿਵ ਪੈਨਲਾਂ ਦਾ ਕੀਤਾ ਉਦਘਾਟਨ



ਫ਼ਿਰੋਜ਼ਪੁਰ 24 ਅਪ੍ਰੈਲ (ਤਿਵਾੜੀ ) ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ ਨੇ 'ਡਿਜੀਟਲ ਕ੍ਰਾਂਤੀ ਤਹਿਤ ਸ਼ਹਿਰੀ ਹਲਕੇ ਦੇ ਵੱਖ-ਵੱਖ ਸਕੂਲਾਂ 'ਚ ਕੰਪਿਊਟਰ ਅਤੇ ਇਨਟਰੈਕਟਿਵ ਪੈਨਲਾਂ ਦਾ ਉਦਘਾਟਨ ਕੀਤਾ, ਜਿਸ ਵਿੱਚ ਕੰਟੋਨਮੈਂਟ ਬੋਰਡ ਸੀਨੀਅਰ ਸੈਕੰਡਰੀ ਸਕੂਲ ਸੇਠੀ ਰੋਡ, ਫ਼ਿਰੋਜ਼ਪੁਰ ਕੈਂਟ, ਕੰਟੋਨਮੈਂਟ ਬੋਰਡ ਐਲੀਮੈਂਟਰੀ ਸਕੂਲ, ਬਾਜ਼ਾਰ ਨੰਬਰ 1, ਕੰਟੋਨਮੈਂਟ ਬੋਰਡ ਐਲੀਮੈਂਟਰੀ ਸਕੂਲ ਗਵਾਰ ਮੰਡੀ, ਕੰਟੋਨਮੈਂਟ ਬੋਰਡ ਹਾਈ ਸਕੂਲ ਬੀ.ਆਈ.ਬੀ., ਪੀਐਮਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਫ਼ਿਰੋਜ਼ਪੁਰ ਅਤੇ ਸਕੂਲ ਆਫ਼ ਐਮੀਨੈਂਸ ਫ਼ਿਰੋਜ਼ਪੁਰ ਸ਼ਹਿਰ ਵਿਖੇ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਸ਼ਾਮਲ ਸੀ। ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਡਾ. ਸਤਿੰਦਰ ਸਿੰਘ ਨੈਸ਼ਨਲ ਅਵਾਰਡੀ, ਸ੍ਰੀ ਜੋਨਸ ਵਿਕਾਸ, ਸੀਈਓ ਕਨਟੋਨਮੈਂਟ ਬੋਰਡ ਹਾਜ਼ਰ ਸਨ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿੱਦਿਆ ਮਨੁੱਖੀ ਜੀਵਨ ਦਾ ਅਨਿੱਖੜਵਾਂ ਅੰਗ ਹੈ ਵਿੱਦਿਆ ਤੋਂ ਬਿਨਾ ਮਨੁੱਖ ਅਧੂਰਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੜ੍ਹਾਈ, ਖੇਡਾਂ, ਅਤੇ ਆਪਣੀ ਦਿਲਚਸਪੀ ਅਨੁਸਾਰ ਹੋਰ ਚੰਗੇ ਖੇਤਰਾਂ ਵਿੱਚ ਆਪੋ-ਆਪਣੇ ਮਿੱਥੇ ਟੀਚਿਆਂ ਨੂੰ ਸਖਤ ਮਿਹਨਤ ਕਰ ਕੇ ਸਰ ਕਰਨ ਅਤੇ ਆਪਣੇ ਮਾਪਿਆਂ, ਅਧਿਆਪਕਾਂ ਤੇ ਦੇਸ਼ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਡਿਜਿਟਲ ਕ੍ਰਾਂਤੀ ਨਾਲ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਿਕ ਫੈਸਲੇ ਲੈਂਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਰਕਾਰੀ ਸਕੂਲਾਂ ਵਿੱਚ ਵਿਦਿਅਕ ਸੁਧਾਰਾਂ ਦੇ ਨਾਲ-ਨਾਲ ਖੇਡਾਂ, ਸਿਹਤ, ਰੁਜ਼ਗਾਰ ਆਦਿ ਹੋਰ ਖੇਤਰਾਂ ਵਿੱਚ ਵੀ ਰਾਜ ਨੂੰ ਮੋਹਰੀ ਬਣਾਉਣ ਲਈ ਹਰ ਸੰਭਵ ਉਪਰਾਲੇ ਕਰ ਰਹੀ ਹੈ।

## ਕੀਰਤਪੁਰ ਸਾਹਿਬ ਦੀ 400 ਸਾਲਾ ਸਥਾਪਨਾ ਸ਼ਤਾਬਦੀ ਦੀਆਂ ਤਿਆਰੀਆਂ ਦਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਤੇ ਉੱਚ ਅਧਿਕਾਰੀਆਂ ਵਲੋਂ ਜਾਇਜ਼ਾ

### 29 ਅਪ੍ਰੈਲ ਨੂੰ ਗੁ. ਸ਼ੀਸ਼ ਮਹਿਲ ਸਾਹਿਬ ਕੀਰਤਪੁਰ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੇ ਨਾਲ ਆਰੰਭ ਹੋਣਗੇ ਸ਼ਤਾਬਦੀ ਸਮਾਗਮ,



ਕੀਰਤਪੁਰ ਸਾਹਿਬ, 24 ਅਪ੍ਰੈਲ ( ਬੀ ਐਸ ਰਾਣਾ) ਛੇ ਗੁਰੂ ਸਾਹਿਬਾਨ ਦੀ ਪਾਵਨ ਚਰਨ ਛੋਹ ਪ੍ਰਾਪਤ ਅਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਵਸਾਈ ਨਗਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਸ਼ਤਾਬਦੀ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ਼ਤਾਬਦੀ ਕਮੇਟੀ ਦੇ ਮੈਂਬਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ ਅਤੇ ਸ਼੍ਰੋਮਣੀ ਕਮੇਟੀ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਕੀਰਤਪੁਰ ਸਾਹਿਬ ਪੁੱਜੇ। ਇਸ ਮੌਕੇ ਉਨ੍ਹਾਂ ਨੇ ਸ਼ਤਾਬਦੀ ਸਮਾਗਮਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਤੋਂ ਪਹਿਲਾਂ ਪ੍ਰਬੰਧਾਂ ਸਬੰਧੀ ਇਕੱਤਰਤਾ ਵੀ ਕੀਤੀ। ਇਕੱਤਰਤਾ ਤੋਂ ਬਾਅਦ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਸ਼ਤਾਬਦੀ ਦੇ ਸਮਾਗਮ 29 ਅਪ੍ਰੈਲ ਨੂੰ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਕੀਰਤਪੁਰ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੀ ਆਰੰਭਤਾ ਦੇ ਨਾਲ ਸ਼ੁਰੂ ਹੋਣਗੇ ਅਤੇ 1 ਮਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਮੁੱਖ ਸ਼ਤਾਬਦੀ ਸਮਾਗਮ ਹੋਣਗੇ, ਜਿਨ੍ਹਾਂ ਵਿਚ ਤਖ਼ਤ ਸਾਹਿਬਾਨ ਦੇ ਜਥੇਦਾਰ, ਸਿੰਘ ਸਾਹਿਬਾਨ, ਪੰਥਕ ਸ਼ਖ਼ਸੀਅਤਾਂ, ਸਿੱਖ ਸੰਪਰਦਾਵਾਂ, ਜਥੇਬੰਦੀਆਂ ਦੇ ਮੁਖੀ, ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਪ੍ਰਚਾਰਕ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਉਨ੍ਹਾਂ ਦੱਸਿਆ ਕਿ 29 ਅਪ੍ਰੈਲ ਨੂੰ ਖ਼ਾਲਸੇ ਦੇ ਪ੍ਰਗਟ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਿਸ਼ੇਸ਼ ਅੰਮ੍ਰਿਤ ਸੰਚਾਰ ਹੋਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ 29 ਅਪ੍ਰੈਲ ਨੂੰ ਰਾਤ ਨੂੰ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਵਿਖੇ ਅਖੰਡ ਕੀਰਤਨੀ ਜਥਿਆਂ ਵਲੋਂ ਰੈਣਿ ਸਬਾਈ ਕੀਰਤਨ ਦਰਬਾਰ ਕੀਤਾ ਜਾਵੇਗਾ ਅਤੇ 30 ਅਪ੍ਰੈਲ ਨੂੰ ਧਾਰਮਿਕ ਦੀਵਾਨ ਸਜਾਏ ਜਾਣਗੇ। ਸ. ਮੰਨਣ ਨੇ ਦੱਸਿਆ ਕਿ ਸ਼ਤਾਬਦੀ ਸਬੰਧੀ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਸ਼ਤਾਬਦੀ ਦੇ ਸਾਰੇ ਸਮਾਗਮ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਵਿਖੇ ਸਜੇ ਵਿਸ਼ਾਲ ਪੰਡਾਲ ਵਿਚ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਗੁਰੂ ਹਰਿਰਾਇ ਸਾਹਿਬ ਵਲੋਂ ਕੀਰਤਪੁਰ ਸਾਹਿਬ ਵਿਖੇ ਦਵਾਖਾਨਾ ਖੋਲ੍ਹ ਕੇ ਦੀਨ-ਦੁਖੀ ਬਿਮਾਰਾਂ ਦਾ ਇਲਾਜ ਕਰਵਾਇਆ ਜਾਂਦਾ ਸੀ, ਜਿਸ ਨੂੰ ਸਮਰਪਿਤ ਸ਼ਤਾਬਦੀ ਸਮਾਗਮਾਂ ਦੌਰਾਨ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅੰਮ੍ਰਿਤਸਰ ਵਲੋਂ ਵਿਸ਼ੇਸ਼ ਮੈਡੀਕਲ ਕੈਂਪ ਵੀ ਲਗਾਇਆ ਜਾਵੇਗਾ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ ਐਡਵੋਕੇਟ, ਧਰਮ ਪ੍ਰਚਾਰ ਕਮੇਟੀ ਦੇ ਮੁੱਖ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਸਬ ਆਫਿਸ ਇੰਚਾਰਜ ਸ. ਹਰਮਿੰਦਰ ਸਿੰਘ, ਮੀਤ ਮੈਨੇਜਰ ਸ. ਭੁਪਿੰਦਰ ਸਿੰਘ, ਗੁਰਦੁਆਰਾ ਬਾਬਾ ਗੁਰਦਿੱਤਾ ਜੀ ਦੇ ਇੰਚਾਰਜ ਸ. ਸੁਖਬੀਰ ਸਿੰਘ, ਪ੍ਰਚਾਰਕ ਭਾਈ ਲਵਪ੍ਰੀਤ ਸਿੰਘ, ਭਾਈ ਹਰਵਿੰਦਰ ਸਿੰਘ ਅਤੇ ਭਾਈ ਹਰਸੁਖਮਨ ਸਿੰਘ ਆਦਿ ਵੀ ਹਾਜ਼ਰ ਸਨ।

## ਕਿਸਾਨ ਖੇਤੀ ਮਸ਼ੀਨਰੀ ਸਬਸਿਡੀ 'ਤੇ ਲੈਣ ਲਈ 12 ਮਈ ਤੱਕ ਕਰ ਸਕਦੇ ਹਨ ਆਨਲਾਈਨ ਅਪਲਾਈ

ਫਤਿਹਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਵੱਲੋ ਫ਼ਸਲੀ ਵਿਭਿੰਨਤਾ ਅਤੇ ਨਵੀਂ ਖੇਤੀ ਮਸ਼ੀਨਰੀ ਨੂੰ ਉਤਸ਼ਾਹਿਤ ਕਰਨ ਲਈ ਸੀ.ਡੀ.ਪੀ. ਅਤੇ ਸਮੈਮ ਸਕੀਮ ਸਾਲ 2026-27 ਦੌਰਾਨ ਖੇਤੀ ਮਸ਼ੀਨਰੀ ਸਬਸਿਡੀ ਤੇ ਲੈਣ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ ਜਗਦੇਵ ਸਿੰਘ ਨੇ ਦੱਸਿਆ ਕਿ ਇਨ੍ਹਾਂ ਸਕੀਮਾਂ ਤਹਿਤ ਕਿਸਾਨ ਖੇਤੀ ਮਸ਼ੀਨਰੀ ਸਬਸਿਡੀ ਤੇ ਲੈਣ ਲਈ 12 ਮਈ 2026 ਤੱਕ ਆਨਲਾਈਨ ਪੋਰਟਲ ਤੇ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵਿਅਕਤੀਗਤ ਕਿਸਾਨ ਕਸਟਮ ਹਾਈਰਿੰਗ ਸੈਂਟਰ ਵਿਖੇ ਸੀ.ਡੀ.ਪੀ ਸਕੀਮ ਹੇਠ ਫ਼ਸਲੀ ਵਿਭਿੰਨਤਾ ਲਈ ਮਸ਼ੀਨਾਂ ਨੂਮੈਟਿਕ ਪਲਾਂਟਰ, ਸੂਗਰਕੇਨ ਹਰਵੇਸਟਰ, ਮੇਜ਼ ਸ਼ੈਲਰ, ਹਾਈ ਕਲੀਰੈਂਸ ਬੂਮ ਸਪਰੇਅਰ, ਮੈਨੂਅਲਪਾਵਰ ਸਪਰੇਅਰ, ਸ਼ੂਗਰਕੇਨ ਪਲਾਂਟਰ, ਇੰਨਫੀਲਡਰ, ਗਰਾਊਂਡਨਟ ਡਿੱਗਰ, ਕਾਟਨ ਪਲਾਂਟਰ ਅਤੇ ਮਲਟੀ ਕਰਾਪ ਥਰੈਸ਼ਰ ਅਤੇ ਪੋਰਟਲ ਦੀ ਸੂਚੀ ਵਿੱਚ ਦਰਜ ਮਸ਼ੀਨਾਂ ਲਈ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ।ਇਸ ਤੋਂ ਇਲਾਵਾ ਸਮੈਮ ਸਕੀਮ ਅਧੀਨ ਵਿਅਕਤੀਗਤ ਕਿਸਾਨ ਅਤੇ ਕਸਟਮ ਹਾਈਰਿੰਗ ਸੈਂਟਰਾਂ ਲਈ ਡੀ.ਐਸ.ਆਰ, ਪੀ.ਟੀ.ਓ ਉਪਰੇਟਿਡ ਬੰਡ ਫਾਰਮਰ, ਹਾਈ ਕਲੀਰੈਂਸ ਬੂਮ ਸਪਰੇਅਰ, ਪੀ.ਟੀ.ਓ ਉਪਰੇਟਿਡ ਫਰਟੀਲਾਈਜ਼ਰ ਸਪਰੈਡਰ, ਪੈਡੀ ਟਰਾਂਸਪਲਾਂਟਰ, ਟਰੈਕਟਰ ਆਪਰੇਟਿਡ ਬੂਮ ਸਪਰੇਅਰ, ਨਰਸਰੀ ਸੀਡਰ, ਟਰੈਕਟਰ ਆਪਰੇਟਿਡ ਇਲੈਕਟਰੋਸਟੈਟਿਕ ਸਪਰੇਅਰ ਆਦਿ ਮਸ਼ੀਨਾਂ ਨੂੰ ਆਨਲਾਇਨ ਅਪਲਾਈ ਕੀਤਾ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਨਾਲ ਖੇਤੀ ਕਰਨੀ ਸੌਖੀ ਹੋਣ ਦੇ ਨਾਲ-ਨਾਲ, ਸਮੇਂ ਦੀ ਬੱਚਤ ਵੀ ਹੋਵੇਗੀ, ਲੇਬਰ ਦਾ ਖਰਚਾ ਘੱਟ ਹੋਵੇਗਾ ਅਤੇ ਪਾਣੀ ਦੀ ਬੱਚਤ ਹੋਵੇਗੀ ਨਾਲ ਹੀ ਕਿਸਾਨਾਂ ਦਾ ਮੁਨਾਫਾ ਵੀ ਵਧੇਗਾ। ਉਨ੍ਹਾਂ ਕਿਹਾ ਕਿ ਜੇਕਰ ਆਨਲਾਈ ਅਪਲਾਈ ਕਰਨ ਸਬੰਧੀ ਕੋਈ ਸਮੱਸਿਆਂ ਆਉਂਦੀ ਹੈ ਤਾਂ ਕਿਸਾਨ ਆਪਣੇ ਸਬੰਧਤ ਬਲਾਕ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰਨ।

## ਕਬੱਡੀ ਖਿਡਾਰੀ ਮਨਦੀਪ ਬੱਲਰਾਂ ਸਨਮਾਨਤ

ਦਿੜ੍ਹਬਾ ਮੰਡੀ, 24 ਅਪ੍ਰੈਲ ( ਸੁਖਵਿੰਦਰ ਸਿੰਘ ਵਿਰਕ) ਭੁਲੱਥ ਕਬੱਡੀ ਕੱਪ ਤੇ ਲੱਖਾਂ ਰੁਪਏ ਦੀਆਂ ਕਬੱਡੀਆ ਪਾ ਕੇ ਚਰਚਾ ਵਿੱਚ ਆਏ ਸੰਗਰੂਰ ਜ਼ਿਲ੍ਹੇ ਦੇ ਪਿੰਡ ਬੱਲਰਾਂ ਦੇ ਨੌਜਵਾਨ ਮਨਦੀਪ ਸਿੰਘ ਦਾ ਜ਼ਿਲਾ ਕਬੱਡੀ ਐਸੋਸੀਏਸ਼ਨ ਸੰਗਰੂਰ ਵੱਲੋਂ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਵਿੱਚ ਸਨਮਾਨ ਕੀਤਾ ਗਿਆ ਹੈ । ਬਹੁਤ ਗਰੀਬ ਪਰਿਵਾਰ ਵਿੱਚ ਪੈਦਾ ਹੋਏ ਮਨਦੀਪ ਸਿੰਘ ਨੇ ਆਪਣੀ ਮਿਹਨਤ ਤੇ ਜ਼ਬਰਦਸਤ ਖੇਡ ਨਾਲ ਕਬੱਡੀ ਪ੍ਰੇਮੀਆਂ ਨੂੰ ਪ੍ਰਭਾਵਿਤ ਕੀਤਾ ਹੈ । ਇਸ ਮੌਕੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਪੂਰੇ ਪੰਜਾਬ ਅਤੇ ਜਿਲਾ ਸੰਗਰੂਰ ਨੂੰ ਮਨਦੀਪ ਸਿੰਘ ਦੀ ਖੇਡ ਉਪਰ ਮਾਣ ਮਹਿਸੂਸ ਹੋਇਆ ਹੈ । ਬਹੁਤ ਘੱਟ ਸਾਧਨਾਂ ਵਾਲੇ ਘਰ ਤੋਂ ਉੱਠ ਕੇ ਉਹਨਾਂ ਦੁਨੀਆਂ ਵਿੱਚ ਆਪਣੀ ਵੱਡੀ ਪਹਿਚਾਣ ਬਣਾਈ ਹੈ ਜਿਸ ਦਾ ਸਿਹਰਾ ਉਹਨਾਂ ਦੇ ਪਰਿਵਾਰ ਅਤੇ ਕੋਚ ਬਲਵਿੰਦਰ ਰਾਮ ਬੂੰਦੀ ਅੰਤਰ ਰਾਸ਼ਟਰੀ ਕਬੱਡੀ ਖਿਡਾਰੀ ਨੂੰ ਜਾਂਦਾ ਹੈ।ਪੰਜਾਬ ਕਬੱਡੀ ਐਸੋਸੀਏਸ਼ਨ ਅਤੇ ਜਿਲਾ ਕਬੱਡੀ ਐਸੋਸੀਏਸ਼ਨ ਹਮੇਸ਼ਾ ਅਜਿਹੇ ਖਿਡਾਰੀਆਂ ਨਾਲ ਸਹਿਯੋਗ ਕਰਦਾ ਹੈ । ਇਸ ਮੌਕੇ ਅੰਤਰ ਰਾਸ਼ਟਰੀ ਕਬੱਡੀ ਕੁਮੈਂਟੇਟਰ ਸਤਪਾਲ ਸਿੰਘ ਖਡਿਆਲ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਅਜਿਹੇ ਹੋਣਹਾਰ ਖਿਡਾਰੀਆਂ ਦੀ ਮਦਦ ਕਰਨੀ ਚਾਹੀਦੀ ਹੈ । ਉਹਨਾਂ ਕਿਹਾ ਕਿ ਪੰਜਾਬ ਪੁਲਿਸ, ਬਿਜਲੀ ਬੋਰਡ, ਮੰਡੀਕਰਨ ਬੋਰਡ ਵਰਗੇ ਅਦਾਰਿਆ ਵਿੱਚ ਦੁਬਾਰਾ ਖਿਡਾਰੀ ਭਰਤੀ ਕਰਕੇ ਮਾਨ ਸਰਕਾਰ ਟੀਮਾ ਬਣਾਵੇ । ਮਨਦੀਪ ਬੱਲਰਾਂ ਲਈ ਸਿਰਫ਼ ਸਾਬਾਸ਼ੀ ਨਹੀਂ ਸਗੋਂ ਸਰਕਾਰ ਨੌਕਰੀ ਦਾ ਪ੍ਰਬੰਧ ਕਰੇ। ਜਿਲਾ ਕਬੱਡੀ ਐਸੋਸੀਏਸ਼ਨ ਸੰਗਰੂਰ ਵੱਲੋਂ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ, ਚੇਅਰਮੈਨ ਡਾ ਮੱਘਰ ਸਿੰਘ ਸਿਹਾਲ, ਸੈਕਟਰੀ ਡਾ ਜਨਕ ਰਾਜ ਸ਼ਰਮਾ, ਸੀਨੀਅਰ ਵਾਈਸ ਪ੍ਰਧਾਨ ਹਰਵਿੰਦਰ ਸਿੰਘ ਕਾਲਾ, ਮੀਤ ਪ੍ਰਧਾਨ ਬਲਜੀਤ ਸਿੰਘ ਢੀਂਡਸਾ, ਆਰਗਨੇਜਰ ਸੈਕਟਰੀ ਹਰਪਾਲ ਸਿੰਘ ਖਡਿਆਲ, ਾ ਆਦਿ ਨੇ ਮਨਦੀਪ ਸਿੰਘ ਦੀ ਇਸ ਵੱਡੀ ਪ੍ਰਾਪਤੀ ਉੱਤੇ ਵਧਾਈ ਦਿੱਤੀ ਹੈ ।

## ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਗਾ ਕੇ ਸੁੱਟਣ ਵਾਲੀ ਵਾਰਦਾਤ ਹੱਲ : ਸਰਤਾਜ ਸਿੰਘ ਚਾਹਲ

### 03 ਦੋਸ਼ੀ ਕਾਬੂ, ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਵੀ ਬ੍ਰਾਮਦ



ਧੂਰੀ, 24 ਅਪ੍ਰੈਲ ਰਾਜੇਸ਼ਵਰ ਪਿੰਟੂ, ਅਮਨ ਗਰਗਸੰਗਰੂਰ ਦੇ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਹੈ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਪੁਲਿਸ ਨੇ ਧੂਰੀ ਵਿਖੇ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਗਾ ਕੇ ਸੁੱਟਣ ਵਾਲੀ ਵਾਰਦਾਤ ਹੱਲ ਕਰ ਲਈ। ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਥਾਣਾ ਸਿਟੀ ਧੂਰੀ ਦੇ ਏਰੀਆ ਵਿੱਚ ਰਿਹਾਇਸ਼ੀ ਮਕਾਨ ਵਿੱਚ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਉਸਨੂੰ ਅੱਗ ਲਗਾ ਕੇ ਸੁੱਟਣ ਵਾਲੇ 03 ਦੋਸੀਆਂ ਨੂੰ ਗ੍ਰਿਫਤਾਰ ਕਰਕੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਵੀ ਬ੍ਰਾਮਦ ਕਰਵਾ ਲਿਆ ਗਿਆ ਹੈ।ਸ੍ਰੀ ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਸਿਟੀ ਧੂਰੀ ਵਿਖੇ ਇਤਲਾਹ ਮਿਲੀ ਸੀ ਕਿ ਮਿਤੀ 20.04.2026 ਨੂੰ ਕਰੀਬ 11 ਵਜੇ ਰਾਤ 03 ਅਣਪਛਾਤਿਆਂ ਨੇ ਦਰਸ਼ਨ ਕੁਮਾਰ ਵਾਸੀ ਧੂਰੀ ਦੇ ਰਿਹਾਇਸ਼ੀ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਿਆ ਸੀ। ਜਿਸ 'ਤੇ ਮੁਕੱਦਮਾ ਨੰਬਰ 59 ਮਿਤੀ 21.04.2026 ਅ/ਧ 326(ਜੀ) ਬੀ ਐਨ ਐਸ ਅਤੇ 05 ਦੀ ਪੰਜਾਬ ਪ੍ਰੀਵੈਂਨਸ਼ਨ ਆਫ ਡੈਮੇਜ ਟੂ ਪਬਲਿਕ ਐਂਡ ਪ੍ਰਾਈਵੇਟ ਪ੍ਰਾਪਰਟੀ ਐਕਟ 2014 ਅਧੀਨ ਥਾਣਾ ਸਿਟੀ ਧੂਰੀ ਵਿਖੇ 03 ਅਣਪਛਾਤੇ ਦੋਸ਼ੀਆਂ ਖ਼ਿਲਾਫ਼ ਦਰਜ ਕਰਕੇ ਤਫਤੀਸ਼ ਕੀਤੀ ਗਈ।ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਇਸ ਮੁਕੱਦਮੇ ਨੂੰ ਹੱਲ ਕਰਨ ਲਈ ਐਸ ਪੀ ਜਾਂਚ ਦਵਿੰਦਰ ਅੱਤਰੀ ਦੀ ਅਗਵਾਈ ਹੇਠ ਡੀ ਐਸ ਪੀ ਧੂਰੀ ਗੁਰਪ੍ਰੀਤ ਸਿੰਘ, ਅਤੇ ਡੀ ਐਸ ਪੀ (ਡਿਟੈਕਟਿਵ) ਸੰਗਰੂਰ ਸੰਜੀਵ ਸਿੰਗਲਾ ਦੀ ਨਿਗਰਾਨੀ ਹੇਠ ਇੰਚਾਰਜ ਸੀ.ਆਈ.ਏ ਬਹਾਦਰ ਸਿੰਘ ਵਾਲਾ ਇੰਸਪੈਕਟਰ ਸੰਦੀਪ ਸਿੰਘ ਅਤੇ ਮੁੱਖ ਅਫਸਰ ਥਾਣਾ ਸਿਟੀ ਧੂਰੀ ਇੰਸਪੈਕਟਰ ਜਸਵੀਰ ਸਿੰਘ ਦੀਆਂ ਟੀਮਾਂ ਬਣਾ ਕੇ ਤਫਤੀਸ਼ ਕੀਤੀ ਗਈ।ਐਸ ਐਸ ਪੀ ਨੇ ਦੱਸਿਆ ਕਿ ਇਸ ਦੌਰਾਨ ਲਮਿਤੀ 23.04.2026 ਨੂੰ ਦੋਸੀਆਂ ਵੰਸ਼ ਉਰਫ ਕਾਲੀ ਪੁੱਤਰ ਰਾਹੁਲ, ਸਮੀਰ ਉਰਫ ਕਾਕਾ ਪੁੱਤਰ ਸੰਜੀਵ ਕੁਮਾਰ, ਸਮੀਰ ਉਰਫ ਪੋਪੀ ਪੁੱਤਰ ਰਾਮਵੀਰ ਵਾਸੀਆਨ ਨੇੜੇ ਬੱਸ ਸਟੈਂਡ, ਧੂਰੀ ਨੂੰ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਗਿਆ ਤੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਬ੍ਰਾਮਦ ਕੀਤਾ ਗਿਆ। ਇਨ੍ਹਾਂ ਤੋਂ ਡੂੰਘਾਈ ਨਾਲ ਪੁੱਛ ਗਿੱਛ ਕਰਨ 'ਤੇ ਇਹ ਗੱਲ ਸਾਹਮਣੇ ਆਈ ਕਿ ਉਹਨਾਂ ਨੇ ਰੋਹਿਤ ਉਰਫ ਘੋੜਾ ਪੁੱਤਰ ਰਾਜਨ ਵਾਸੀ ਨੇੜੇ ਬੱਸ ਸਟੈਂਡ ਧੂਰੀ ਦੇ ਕਹਿਣ 'ਤੇ ਉਸਦੇ ਸਹੁਰੇ ਰਣਜੀਤ ਸਿੰਘ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਣਾ ਸੀ, ਪ੍ਰੰਤੂ ਗਲਤੀ ਨਾਲ ਉਹਨਾਂ ਨੇ ਦਰਸ਼ਨ ਕੁਮਾਰ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੌਲ ਪਾ ਕੇ ਅੱਗ ਲਗਾ ਕੇ ਸੁੱਟ ਦਿੱਤਾ ਸੀ। ਉਨ੍ਹਾਂ ਕਿਹਾ ਕਿ ਦੋਸੀਆਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਬੀ ਐਸ. ਸੀ. ਬੀ.ਐਡ ਦੇ ਵਿਦਿਆਰਥੀਆਂ ਨੇ ਟੈਟ ਦੀ ਪ੍ਰੀਖਿਆ 'ਚ ਕੀਤਾ ਸ.ਫਲ ਪ੍ਰਦਰਸ਼ਨ

ਲਹਿਰਾਗਾਗਾ 24 ਅਪ੍ਰੈਲ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ) ਵਿੱਦਿਆ ਰਤਨ ਕਾਲਜ, ਖੋਖਰ ਕਲਾਂ ਦੇ ਬੀ.ਐਸ ਸੀ.ਬੀ.ਐਡ ਚਾਰ ਸਾਲਾ ਕੋਰਸ ਦੇ ਵਿਦਿਆਰਥੀਆਂ ਵੱਲੋਂ ਅਧਿਆਪਕ ਯੋਗਤਾ ਪ੍ਰੀਖਿਆ ਸ਼ਾਨਦਾਰ ਢੰਗ ਨਾਲ ਪਾਸ ਕਰਨ ਦੀ ਖ਼ੁਸ਼ੀ ਮਨਾਈ ਗਈ। ਅਧਿਆਪਕ ਯੋਗਤਾ ਟੈਸਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਹਿਤਿਕਾ ਵਾਸੀ ਲਹਿਰਾਗਾਗਾ ਨੇ 105 ਅੰਕ, ਮੀਨਾਕਸ਼ੀ ਵਾਸੀ ਮੂਣਕ ਨੇ 90 ਅੰਕ ,ਮਹਿਕਦੀਪ ਕੌਰ ਵਾਸੀ ਖੜਿਆਲ ਨੇ 90 ਅੰਕ, ਪ੍ਰਾਪਤ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਮਨਦੀਪ ਸ਼ਰਮਾ ਨੇ ਸਫਲ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਅਤੇ ਸੰਸਥਾ ਦੇ ਉੱਚ ਸਿੱਖਿਆ ਮਿਆਰ ਦਾ ਪ੍ਰਤੀਕ ਹਨ।ਸੰਸਥਾ ਦੇ ਚੈਅਰਮੈਨ ਸ਼੍ਰੀ ਚੈਰੀ ਗੋਇਲ ਅਤੇ ਐਮ. ਡੀ. ਸ਼੍ਰੀ ਹਿਮਾਂਸ਼ੂ ਗਰਗ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾਂ ਵਿਦਿਆਰਥੀਆਂ ਨੂੰ ਗੁਣਵੱਤਾ ਵਾਲੀ ਸਿੱਖਿਆ ਅਤੇ ਪ੍ਰੇਰਨਾਦਾਇਕ ਵਾਤਾਵਰਨ ਪ੍ਰਦਾਨ ਕਰਦਾ ਰਹੇਗਾ।ਇਸ ਤੋਂ ਇਲਾਵਾ, ਸਮੂਹ ਸਟਾਫ ਨੇ ਵੀ ਵਿਦਿਆਰਥੀਆਂ ਦੀ ਇਸ ਕਾਮਯਾਬੀ ਤੇ ਖੁਸ਼ੀ ਪ੍ਰਗਟ ਕੀਤੀ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## ਪਿੰਡ ਅਗੰਮਪੁਰ ਵਿਖੇ ਧਰਤੀ ਦਿਵਸ ਮਨਾਇਆ

ਸ੍ਰੀ ਅਨੰਦਪੁਰ ਸਾਹਿਬ 24 ਅਪ੍ਰੈਲ ਤਰਲੋਚਨ ਸਿੰਘ ਪਿੰਡ ਅਗੰਮਪੁਰ ਵਿਚ ਖੇਤੀ ਵਿਰਾਸਤ ਪੰਜਾਬ ਅਤੇ ਗ੍ਰਾਮ ਪੰਚਾਇਤ ਵੱਲੋਂ ਮਿਲਕੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ ਇਸ ਕਾਰਜਕਰਮ ਦੇ ਮੁੱਖ ਮਹਿਮਾਨ ਪਿੰਡ ਦੇ ਸਰਪੰਚ ਜਯੋਤੀ ਰਾਣਾ ਸਨ ਪ੍ਰੋਗਰਾਮ ਦੀ ਪ੍ਰਧਾਨਗੀ ਐਡਵੋਕੇਟ ਸਤਬੀਰ ਸਿੰਘ ਰਾਣਾ ਨੇ ਕੀਤੀ। ਮੁੱਖ ਵਕਤਾ ਖੇਤੀ ਵਿਰਾਸਤ ਦੇ ਨਿਦੇਸ਼ਕ ਡਾਕਟਰ ਸੁਰਿੰਦਰ ਸਿੰਘ ਬੋਲਦਿਆਂ ਦੱਸਿਆ ਕਿ ਕਿਸ ਤਰ੍ਹਾਂ ਮਨੁੱਖ ਨੇ ਆਪਣੇ ਵਿਕਾਸ ਅਤੇ ਲਾਲਚ ਸਦਕਾ ਧਰਤੀ ਨੂੰ ਕਿਸ ਤਰ੍ਹਾਂ ਨੁਕਸਾਨ ਪਹੁੰਚਾਇਆ ਹੈ।ਸਿਰਫ ਸਨਾਤਨ ਸੱਭਿਅਤਾ ਹੀ ਧਰਤੀ ਨੂੰ ਆਪਣੀ ਮਾਂ ਮੰਨਦੀ ਹੈ ਬਾਕੀ ਇਸ ਧਰਤੀ ਨੂੰ ਆਪਣੀ ਦੁਨੀਆਂ ਸੋਚਦੀ ਹੈ ਇਹ ਜਨਮ ਇੱਕ ਬਾਰ ਮਿਲਿਆ ਇਸ ਕਰਕੇ ਧਰਤੀ ਦੇ ਸੰਸਾਧਨਾਂ ਨੂੰ ਆਪਣੇ ਲਈ ਇਸਤੇਮਾਲ ਕਰੋ ਅੱਜ ਅਸੀਂ ਆਪਣੀ ਧਰਤੀ ਮਾਂ ਨੂੰ ਖੇਤੀ ਵਿੱਚ ਜ਼ਹਿਰਾਂ ਨਾਲ ਭਰ ਦਿੱਤਾ ਦਰੱਖਤ ਖਤਮ ਕਰ ਦਿੱਤੇ ਨਦੀਆਂ ਖਤਮ ਅਤੇ ਗੰਦਲੀਆਂ ਕਰ ਦਿੱਤੀਆਂ । ਹੁਣ ਮਨੁੱਖ ਚੰਦ ਦੇ ਰਹਿਣ ਦੀ ਕੋਸ਼ਿਸ਼ ਕਰ ਰਿਹਾ ਹੈ ਆਉਣ ਵਾਲੀ ਪੀੜ੍ਹੀ ਨੂੰ ਬਚਾਉਣ ਲਈ ਸਭ ਨੂੰ ਮਿਲਕੇ ਧਰਤੀ ਨੂੰ ਉਪਰੋਕਤ ਖਤਰਿਆਂ ਤੋਂ ਬਚਾਉਣ ਲਈ ਉਪਰਾਲੇ ਕਰਨੇ ਪੈਣਗੇ । ਇਸ ਮੌਕੇ ਸਤਬੀਰ ਸਿੰਘ ਜੀ ਨੇ ਵੀ ਆਪਣੇ ਵਿਚਾਰ ਰੱਖੇ ਮੰਚ ਸੰਚਾਲਨ ਸੁਮਨਦੀਪ ਕੌਰ ਨੇ ਕੀਤਾ। ਇਸ ਮੌਕੇ ਰਾਜੇਸ਼ ਜੱਸੀ, ਕਿਰਣਦੀਪ ਬਬਲੂ, ਦਵਿੰਦਰ ਵਰਮਾ, ਭਾਜਪਾ ਆਗੂ ਗੋਪਾਲ ਰਾਣਾ, ਕੁਲਦੀਪ ਸਿੰਘ, ਪੰਚ ਠਾਕੁਰ ਰਾਣਾ, ਮਨਜੀਤ ਕੌਰ ਆਦਿਕ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਿਰ ਸਨ।

# ਸੰਗਰੂਰ ਪੁਲਿਸ ਨੇ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਗਾ ਕੇ ਸੁੱਟਣ ਵਾਲੀ ਵਾਰਦਾਤ ਕੀਤੀ ਹਲ

ਸੰਗਰੂਰ, 24 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਸੰਗਰੂਰ ਦੇ ਜ਼ਿਲ੍ਹਾ ਪੁਲਿਸ



ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਹੈ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਪੁਲਿਸ ਨੇ ਧੂਰੀ ਵਿਖੇ ਰਿਹਾਇਸ਼ੀ ਮਕਾਨ 'ਚ ਕੱਚ ਦੀ ਬੋਤਲ ਵਿੱਚ ਪੈਟਰੋਲ ਨੂੰ ਅੱਗ ਲਗਾ ਕੇ ਸੁੱਟਣ ਵਾਲੀ ਵਾਰਦਾਤ ਹੱਲ ਕਰ ਲਈ। ਮੀਡੀਆ ਨਾਲ ਗੱਲਬਾਤ ਕਰਦਿਆਂ ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਥਾਣਾ ਸਿਟੀ ਧੂਰੀ ਦੇ ਏਰੀਆ ਵਿੱਚ ਰਿਹਾਇਸ਼ੀ ਮਕਾਨ ਵਿੱਚ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਉਸਨੂੰ ਅੱਗ ਲਗਾ ਕੇ ਸੁੱਟਣ ਵਾਲੇ 3 ਦੋਸੀਆਂ ਨੂੰ ਗ੍ਰਿਫਤਾਰ ਕਰਕੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਵੀ ਬ੍ਰਾਮਦ ਕਰਵਾ ਲਿਆ ਗਿਆ ਹੈ। ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਸਿਟੀ ਧੂਰੀ ਵਿਖੇ ਇਤਲਾਹ ਮਿਲੀ ਸੀ ਕਿ 20.04.2026 ਨੂੰ ਕਰੀਬ 11 ਵਜੇ ਰਾਤ 3 ਅਣਪਛਾਤਿਆਂ ਨੇ ਦਰਸ਼ਨ ਕੁਮਾਰ ਵਾਸੀ ਧੂਰੀ ਦੇ ਰਿਹਾਇਸ਼ੀ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਿਆ ਸੀ। ਜਿਸ 'ਤੇ ਮੁਕੱਦਮਾ ਨੰਬਰ 59 ਮਿਤੀ 21.04.2026 ਅ/ਧ 326(ਜੀ) ਬੀ ਐਨ ਐਸ ਤੇ 5 ਦੀ ਪੰਜਾਬ ਪ੍ਰੀਵੈਂਨਸ਼ਨ ਆਫ ਡੈਮੇਜ ਟੂ ਪਬਲਿਕ ਐਂਡ ਪ੍ਰਾਈਵੇਟ ਪ੍ਰਾਪਰਟੀ ਐਕਟ 2014 ਅਧੀਨ ਥਾਣਾ ਸਿਟੀ ਧੂਰੀ ਵਿਖੇ 3 ਅਣਪਛਾਤੇ ਦੋਸ਼ੀਆਂ ਖ਼ਿਲਾਫ਼ ਦਰਜ ਕਰਕੇ ਤਫਤੀਸ਼ ਕੀਤੀ ਗਈ। ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਇਸ ਮੁਕੱਦਮੇ ਨੂੰ ਹੱਲ ਕਰਨ ਲਈ ਐਸ ਪੀ ਜਾਂਚ ਦਵਿੰਦਰ ਅੱਤਰੀ ਦੀ ਅਗਵਾਈ ਹੇਠ ਡੀ ਐਸ ਪੀ ਧੂਰੀ ਗੁਰਪ੍ਰੀਤ ਸਿੰਘ ਤੇ ਡੀ ਐਸ ਪੀ (ਡਿਟੈਕਟਿਵ) ਸੰਗਰੂਰ ਸੰਜੀਵ ਸਿੰਗਲਾ ਦੀ ਨਿਗਰਾਨੀ ਹੇਠ ਇੰਚਾਰਜ ਸੀ.ਆਈ.ਏ ਬਹਾਦਰ ਸਿੰਘ ਵਾਲਾ ਇੰਸਪੈਕਟਰ ਸੰਦੀਪ ਸਿੰਘ ਤੇ ਮੁੱਖ ਅਫਸਰ ਥਾਣਾ ਸਿਟੀ ਧੂਰੀ ਇੰਸਪੈਕਟਰ ਜਸਵੀਰ ਸਿੰਘ ਦੀਆਂ ਟੀਮਾਂ ਬਣਾ ਕੇ ਤਫਤੀਸ਼ ਕੀਤੀ ਗਈ। ਐਸ ਐਸ ਪੀ ਨੇ ਦੱਸਿਆ ਕਿ ਇਸ ਦੌਰਾਨ ਲਮਿਤੀ 23.04.2026 ਨੂੰ ਦੋਸੀਆਂ ਵੰਸ਼ ਉਰਫ ਕਾਲੀ ਪੁੱਤਰ ਰਾਹੁਲ, ਸਮੀਰ ਉਰਫ ਕਾਕਾ ਪੁੱਤਰ ਸੰਜੀਵ ਕੁਮਾਰ, ਸਮੀਰ ਉਰਫ ਪੋਪੀ ਪੁੱਤਰ ਰਾਮਵੀਰ ਵਾਸੀਆਨ ਨੇੜੇ ਬੱਸ ਸਟੈਂਡ, ਧੂਰੀ ਨੂੰ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਗਿਆ ਤੇ ਵਾਰਦਾਤ ਸਮੇਂ ਵਰਤਿਆ ਮੋਟਰਸਾਇਕਲ ਬ੍ਰਾਮਦ ਕੀਤਾ ਗਿਆ। ਇਨ੍ਹਾਂ ਤੋਂ ਡੂੰਘਾਈ ਨਾਲ ਪੁੱਛ ਗਿੱਛ ਕਰਨ 'ਤੇ ਇਹ ਗੱਲ ਸਾਹਮਣੇ ਆਈ ਕਿ ਉਹਨਾਂ ਨੇ ਰੋਹਿਤ ਉਰਫ ਘੋੜਾ ਪੁੱਤਰ ਰਾਜਨ ਵਾਸੀ ਨੇੜੇ ਬੱਸ ਸਟੈਂਡ ਧੂਰੀ ਦੇ ਕਹਿਣ 'ਤੇ ਉਸਦੇ ਸਹੁਰੇ ਰਣਜੀਤ ਸਿੰਘ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟਣਾ ਸੀ, ਪ੍ਰੰਤੂ ਗਲਤੀ ਨਾਲ ਉਹਨਾਂ ਨੇ ਦਰਸ਼ਨ ਕੁਮਾਰ ਦੇ ਮਕਾਨ ਅੰਦਰ ਕੱਚ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਅੱਗ ਲਗਾ ਕੇ ਸੁੱਟ ਦਿੱਤਾ ਸੀ। ਉਨ੍ਹਾਂ ਕਿਹਾ ਕਿ ਦੋਸੀਆਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ 'ਚ ਕਾਨੂੰਨ ਪਾਸ ਹੋਣ ਦੀ ਖ਼ੁਸ਼ੀ ਵਿੱਚ 'ਆਪ' ਆਗੂਆਂ ਨੇ ਅਖੰਡ ਪਾਠ ਸਾਹਿਬ ਕਰਵਾਇਆ

ਅਰਨੋ, 24 ਅਪ੍ਰੈਲ (ਕਰਮਵੀਰ ਸਿੰਘ): ਸੀਨੀਅਰ ਆਪ ਆਗੂ ਜਸਵਿੰਦਰ



ਸਿੰਘ ਨੰਬਰਦਾਰ ਸ਼ੇਰਗੜ੍ਹ ਨੇ ਪ੍ਰੈਸ ਵਾਲਿਆਂ ਨੂੰ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਵਰਕਰਾਂ ਤੇ ਆਗੂਆਂ ਨੇ ਪਿੰਡ ਸ਼ੇਰਗੜ੍ਹ ਵਿੱਚ ਅਖੰਡ ਪਾਠ ਸਾਹਿਬ ਕਰਾਇਆ, ਪਿੱਛਲੇ ਲੰਬੇ ਸਮੇਂ ਤੋਂ ਪੰਜਾਬ ਵਿੱਚ ਬਹੁਤ ਜ਼ਿਆਦਾ ਗੁਰੂ ਮਹਾਰਾਜ ਦੇ ਅੰਗਾਂ ਨੂੰ ਲੈ ਕੇ ਬੇਅਦਬੀਆਂ ਹੋ ਰਹੀਆਂ ਸਨ। ਗੁਰੂ ਮਹਾਰਾਜ ਦੇ ਅਦਬ ਦੇ ਵਿੱਚ ਸਤਿਕਾਰ ਦੇ ਵਿੱਚ ਮੰਗ ਉੱਠੀ ਭਾਈ ਗੁਰਜੀਤ ਸਿੰਘ ਖਾਲਸਾ ਨੇ ਸਮਾਣੇ ਟਾਵਰ ਮੋਰਚਾ ਜਿਹੜਾ ਲੱਗਾ ਸੀ ਕਾਫੀ ਲੰਬੇ ਸਮੇਂ ਤੋਂ ਔਰ ਉਹਨੇ ਸਾਰੇ ਹੀ ਵਿਸ਼ਵ ਭਰ ਦੀਆਂ ਸਿੱਖ ਸੰਗਤਾਂ ਦਾ ਧਿਆਨ ਰੱਖਦੇ ਹੋਏ, ਉਸ ਮੋਰਚੇ ਨੂੰ ਬੜੀ ਤਰੀਕੇ ਨਾਲ ਉਹਨਾਂ ਨੇ ਚਲਾ ਕੇ ਤੇ ਕਾਮਯਾਬ ਕਰਕੇ ਤੇ ਸਰਕਾਰ ਤੋਂ ਕਾਨੂੰਨ ਬਣਵਾਣ ਵਿੱਚ ਬਹੁਤ ਵੱਡੀ ਕਾਮਯਾਬੀ ਹਾਸਿਲ ਕੀਤੀ ਭਾਈ ਗੁਰਜੀਤ ਸਿੰਘ ਖਾਲਸਾ ਨੇ ਗੁਰੂ ਮਹਾਰਾਜ ਦੇ ਸਤਿਕਾਰ ਦੇ ਵਿੱਚ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੇ ਵਿੱਚ 13 ਅਪ੍ਰੈਲ 2026 ਨੂੰ ਵਿਧਾਨ ਸਭਾ ਦੇ ਵਿੱਚ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਕਾਨੂੰਨ ਪਾਸ ਕੀਤਾ ਅਤੇ ਰਾਜਪਾਲ ਤੋਂ ਸਾਈਨ ਕਰਾਣ ਤੋਂ ਬਾਅਦ ਨੋਟੀਫਿਕੇਸ਼ਨ ਜਾਰੀ ਕਰਕੇ ਸਰਕਾਰ ਨੇ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਦੇ ਵਿੱਚ ਕਾਨੂੰਨ ਬਣ ਚੁੱਕਾ ਹੈ, ਉਹਦੇ ਹੀ ਸ਼ੁਕਰਾਨੇ ਦੇ ਤਹਿਤ ਅੱਜ ਬਲਾਕ ਪ੍ਰਧਾਨ ਪਿਸ਼ੋਰਾ ਸਿੰਘ ਅਤੇ ਸਮੁੱਚੀ ਸਾਰੀ ਆਮ ਆਦਮੀ ਪਾਰਟੀ ਟੀਮ ਦੋਵੇਂ ਪੰਚਾਇਤਾਂ ਸ਼ੇਰਗੜ੍ਹ ਖੁਰਦ ਪੰਚਾਇਤ ਤੇ ਨਗਰ ਸ਼ੇਰਗੜ੍ਹ ਦੀ ਪੰਚਾਇਤ ਵੱਲੋਂ ਗੁਰਦੁਆਰਾ ਸਾਹਿਬ ਦੇ ਵਿੱਚ ਸੁਖਮਨੀ ਸਾਹਿਬ ਦਾ ਪਾਠ ਕਰਾ ਕੇ ਤੇ ਮਹਾਰਾਜ ਦਾ ਸ਼ੁਕਰਾਨਾ ਕੀਤਾ ਗਿਆ ਤੇ ਸੱਚੇ ਪਾਤਸ਼ਾਹ ਤੁਸੀਂ ਸਾਰਿਆਂ ਨੂੰ ਬਲ ਬਖ਼ਸ਼ਿਆ ਤੇ ਗੁਰੂ ਮਹਾਰਾਜ ਨੇ ਇਹ ਆਪ ਕਿਰਪਾ ਕਰਕੇ ਸਰਕਾਰ ਤੋਂ ਜਿਹੜਾ ਕਾਨੂੰਨ ਬਣਵਾਇਆ ਬੜੇ ਲੰਬੇ ਸਮੇਂ ਤੋਂ ਸਰਕਾਰਾਂ ਦੇ ਟਾਈਮ ਬੜੀ ਮੰਗ ਉੱਠਦੀ ਰਹੀ ਕਿ ਇਹ ਕਾਨੂੰਨ ਬਣਨਾ ਚਾਹੀਦਾ ਪਰ ਉਹ ਗੁਰੂ ਮਹਾਰਾਜ ਨੇ ਹੁਣ ਕਿਰਪਾ ਕੀਤੀ ਹੈ ਭਾਈ ਗੁਰਜੀਤ ਸਿੰਘ ਦੇ ਸੰਘਰਸ਼ ਕਰਕੇ ਸਾਰਾ ਕੰਮ ਨਿਪਰੇ ਚੜ੍ਹਿਆ।

ਇਸ ਮੌਕੇ ਤੇ ਆਪ ਆਗੂ ਮਾਲਕ ਸਿੰਘ, ਸੁਰਿੰਦਰਪਾਲ ਸਿੰਘ, ਪਲਵਿੰਦਰ ਸਿੰਘ, ਆਪ ਆਗੂ ਸਤੀਸ਼ ਕੁਮਾਰ, ਮਾਲਕ ਸਿੰਘ ਪੰਚ, ਪ੍ਰਵੀਨ ਕਸ਼ਯਪ, ਦਰਸ਼ਨ ਸਿੰਘ ਮੈਲੂਵਾਲੀਆ, ਗਿਆਨੀ ਬਾਵਾ, ਮਾਲਕ ਸਿੰਘ ਸਰਪੰਚ, ਕਸ਼ਮੀਰ ਸਿੰਘ ਕੰਬੋਜ, ਹਰਜੀਤ ਸਿੰਘ ਮਤਾ, ਨਰਿੰਦਰ ਸਿੰਘ ਮਤਾ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਉਸਾਰੇ ਜਾ ਰਹੇ ਨੇ ਖੇਡ ਗਰਾਊਂਡ ਤੇ ਮਿੰਨੀ ਪਾਰਕ : ਡਾ. ਬਲਜੀਤ ਕੌਰ



ਮਲੋਟ/ਸ੍ਰੀ ਮੁਕਤਸਰ ਸਾਹਿਬ, 24 ਅਪ੍ਰੈਲ (ਐਚ.ਐਸ. ਕਪੂਰ): ਮਲੋਟ ਸ਼ਹਿਰ ਨੂੰ ਸੁੰਦਰ ਬਣਾਉਣ ਦੇ ਮਕਸਦ ਨਾਲ ਖੇਡ ਗਰਾਉਂਡ ਅਤੇ ਮਿੰਨੀ ਪਾਰਕ ਉਸਾਰੇ ਜਾ ਰਹੇ ਹਨ, ਇਹ ਜਾਣਕਾਰੀ ਡਾ. ਬਲਜੀਤ ਕੌਰ, ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ, ਮੰਤਰੀ ਪੰਜਾਬ ਨੇ ਮਲੋਟ ਵਿਖੇ ਨਵੇਂ ਬਣੇ ਵਾਲੀਵਾਲ ਗਰਾਉਂਡ ਦਾ ਉਦਘਾਟਨ ਕਰਦਿਆਂ ਸਾਂਝੀ ਕੀਤੀ। ਉਹਨਾਂ ਦੱਸਿਆ ਕਿ ਇਸ ਖੇਡ ਗਰਾਉਂਡ ਤੇ ਪਾਰਕ ਬਣਨ ਨਾਲ ਸ਼ਹਿਰ ਨਿਵਾਸੀਆਂ ਨੂੰ ਬਹੁਤ ਫਾਇਦਾ ਹੋਵੇਗਾ ਅਤੇ ਲੋਕਾਂ ਨੂੰ ਸਾਫ ਸੁਥਰਾ ਵਾਤਾਵਰਣ ਮਿਲੇਗਾ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨ ਨਸ਼ਿਆਂ ਵਰਗੀਆਂ ਭੈੜੀਆਂ ਆਦਤਾਂ ਤੋਂ ਬਚ ਕੇ ਤੰਦਰੁਸਤ ਬਨਣ ਅਤੇ ਇਸ ਦੀ ਤਰਜ਼ 'ਤੇ ਹਲਕੇ ਦੇ 24 ਪਿੰਡਾਂ ਵਿੱਚ ਖੇਡ ਸਟੇਡੀਅਮ ਉਸਾਰੇ ਜਾ ਰਹੇ ਹਨ।

ਜਿਕਰਯੋਗ ਹੈ ਕਿ ਇਸ ਖੇਡ ਗਰਾਉਂਡ 'ਤੇ ਕੈਬਨਿਟ ਮੰਤਰੀ ਨੇ ਆਪਣੇ ਨਿੱਜੀ ਫੰਡ ਵਿੱਚੋਂ 10 ਲੱਖ ਰੁਪਏ ਖਰਚ ਕਰਕੇ ਪੰਚਾਇਤੀ ਰਾਜ ਵਿਭਾਗ ਰਾਹੀਂ ਤਿਆਰ ਕਰਵਾਇਆ ਗਿਆ ਹੈ। ਇਸ ਮੌਕੇ ਤੇ ਲਵ ਬੱਤਰਾ, ਰਾਜੀਵ ਉਪਲ, ਗੁਰਮੀਤ ਸਿੰਘ ਵਿਰਦੀ, ਜਗਨ ਨਾਥ ਸ਼ਰਮਾ, ਨਿਰਮਲ ਸਿੰਘ, ਨਿੱਜੀ ਸਹਾਇਕ ਅਰਸ਼ਦੀਪ ਸਿੰਘ ਅਤੇ ਛਿੰਦਰਪਾਲ ਸਿੰਘ ਵੀ ਮੌਜੂਦ ਸਨ।

# ਗੜ੍ਹੇਮਾਰੀ ਨਾਲ ਨੁਕਸਾਨੀਆਂ ਫ਼ਸਲਾਂ ਲਈ ਮਾਨ ਸਰਕਾਰ ਵੱਲੋਂ 123.28 ਕਰੋੜ ਦੀ ਰਾਹਤ ਮਨਜ਼ੂਰ : ਖੁੱਡੀਆਂ

ਮਲੋਟ, 24 ਅਪ੍ਰੈਲ (ਅਮਨਦੀਪ ਸਿੰਘ ਮਹਿਰਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਨੇ ਗੜ੍ਹੇਮਾਰੀ ਕਾਰਨ ਨੁਕਸਾਨ ਝੱਲਣ ਵਾਲੇ ਕਿਸਾਨਾਂ ਲਈ ਵੱਡਾ ਫੈਸਲਾ ਲੈਂਦਿਆਂ 123.28 ਕਰੋੜ ਰੁਪਏ ਦਾ ਰਾਹਤ ਪੈਕੇਜ ਮਨਜ਼ੂਰ ਕੀਤਾ ਹੈ। ਇਹ ਰਾਹਤ ਸੱਤ ਜ਼ਿਲ੍ਹਿਆਂ ਦੇ 111 ਪਿੰਡਾਂ ਵਿੱਚ 92,695 ਏਕੜ ਰਕਬੇ 'ਚ ਹੋਏ ਫਸਲੀ



ਨੁਕਸਾਨ ਲਈ ਦਿੱਤੀ ਜਾਵੇਗੀ। ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੁਕਸਾਨ ਦਾ ਮੁਲਾਂਕਣ ਪੂਰਾ ਹੋਣ ਦੇ ਤੁਰੰਤ ਬਾਅਦ ਸਰਕਾਰ ਨੇ ਇਹ ਫੈਸਲਾ ਕੀਤਾ ਹੈ, ਤਾਂ ਜੋ ਕਿਸਾਨਾਂ ਨੂੰ ਸਮੇਂ ਸਿਰ ਰਾਹਤ ਮਿਲ ਸਕੇ ਅਤੇ ਉਹ ਵਾਢੀ ਦੇ ਮੌਸਮ ਵਿੱਚ ਹੋਏ ਨੁਕਸਾਨ ਤੋਂ ਉਭਰ ਸਕਣ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕੁੱਲ 123,28,05,938 ਰੁਪਏ ਦੇ ਪੈਕੇਜ ਵਿੱਚ 992 ਏਕੜ ਵਿੱਚ 26% ਤੋਂ 32% ਨੁਕਸਾਨ, 61,115 ਏਕੜ 'ਚ 33% ਤੋਂ 75% ਨੁਕਸਾਨ ਤੇ 30,588 ਏਕੜ ਵਿੱਚ 76% ਤੋਂ 100% ਤੱਕ ਨੁਕਸਾਨ ਸ਼ਾਮਲ ਹੈ।

ਮੰਤਰੀ ਮੁਤਾਬਕ ਜ਼ਿਲ੍ਹਾ ਫਾਜ਼ਿਲਕਾ ਨੂੰ ਸਭ ਤੋਂ ਵੱਧ 44.24 ਕਰੋੜ ਰੁਪਏ ਦੀ ਰਾਹਤ ਮਿਲੀ ਹੈ, ਜਦਕਿ ਸ੍ਰੀ ਮੁਕਤਸਰ ਸਾਹਿਬ ਨੂੰ 43.01 ਕਰੋੜ ਰੁਪਏ, ਬਠਿੰਡਾ ਨੂੰ 22.83 ਕਰੋੜ ਰੁਪਏ, ਮੋਗਾ ਨੂੰ 7.73 ਕਰੋੜ ਰੁਪਏ ਤੇ ਅੰਮ੍ਰਿਤਸਰ ਨੂੰ 5.26 ਕਰੋੜ ਰੁਪਏ ਦੀ ਰਾਹਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਫਿਰੋਜ਼ਪੁਰ ਅਤੇ ਰੂਪਨਗਰ ਦੇ ਕਿਸਾਨਾਂ ਲਈ ਕ੍ਰਮਵਾਰ 17.10 ਲੱਖ ਅਤੇ 1.35 ਲੱਖ ਰੁਪਏ ਦੀ ਮਦਦ ਮਨਜ਼ੂਰ ਕੀਤੀ ਗਈ ਹੈ। ਸਰਕਾਰ ਨੇ ਦੁਹਰਾਇਆ ਹੈ ਕਿ ਉਹ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਕੁਦਰਤੀ ਆਫ਼ਤ ਦੇ ਸਮੇਂ ਤੁਰੰਤ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ।

## ਕਣਕ ਦੇ ਸੀਜ਼ਨ 'ਚ ਆੜ੍ਹਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਡੀ.ਸੀ. ਨਾਲ ਮੀਟਿੰਗ

ਲਹਿਰਾਗਾਗਾ, 24 ਅਪ੍ਰੈਲ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਲਹਿਰਾਗਾਗਾ ਦੇ ਸੰਜੀਵ ਸਿੰਗਲਾ ਵਾਈਸ ਪ੍ਰਧਾਨ ਆੜ੍ਹਤੀ



ਐਸੋਸੀਏਸ਼ਨ ਪੰਜਾਬ ਨੇ ਜਾਣਕਾਰੀ ਦਿੰਦੇ ਹੋਇਆ ਦੱਸਿਆ ਕ ਅੱਜ ਰਵਿੰਦਰ ਚੀਮਾ ਸਰਪ੍ਰਸਤ ਆੜ੍ਹਤੀ ਐਸੋਸੀਏਸ਼ਨ ਪੰਜਾਬ ਜੀ ਮੌਜੂਦਗੀ ਵਿੱਚ ਡੀਸੀ ਸਾਹਬ ਸੰਗਰੂਰ ਨਾਲ ਮੀਟਿੰਗ ਹੋਈ ਇਸ ਮੀਟਿੰਗ ਵਿੱਚ ਧੂਰੀ ਤੋਂ ਆੜ੍ਹਤੀ ਐਸੋਸੀਏਸ਼ਨ ਦੇ ਜਿਲਾ ਪ੍ਰਧਾਨ ਬਲਵਿੰਦਰ ਕੁਮਾਰ ਬਬਲੂ ਜੀ ਧੂਰੀ ਤੇ ਸ਼ੈਲਰ ਐਸੋਸ਼ੀਏਸ਼ਨ ਦੇ ਪ੍ਰਧਾਨ ਸੁਰੇਸ਼ ਕੁਮਾਰ ਜਿੰਦਲ ਜੀ ,ਰੋਮਪਾਲ ਰੋਮੀ ਜੀ ਅਤੇ ਹੋਰ ਕਈ ਜਿਲਿਆ ਦੇ ਪ੍ਰਧਾਨ ਸਾਹਿਬਾਨ ਵੀ ਹਾਜਿਰ ਸੀ ਅਤੇ ਉਹਨਾਂ ਨੂੰ ਮੰਡੀਆ ਚ ਆ ਰਹੀ ਬਾਰਦਾਨੇ ਅਤੇ ਲਿਫਟਿੰਗ ਦ ਗੰਭੀਰ ਸਮੱਸਿਆ ਵਾਰੇ ਜਾਣੂ ਕਰਵਾਇਆ ਗਿਆ, ਜਿਸ ਉਪਰੰਤ ਡੀਸੀ ਸਾਹਬ ਨੇ ਤੁਰੰਤ ਕਾਰਵਾਈ ਕਰਦਿਆ ਵੱਖ ਵੱਖ ਅਧਿਕਾਰੀ ਦੀ ਡਿਊਟੀ ਲਗਾਈ ਅਤੇ ਸਮੱਸਿਆ ਦਾ ਹੱਲ ਹੋਣ ਦਾ ਭਰੋਸਾ ਦਿਵਾਇਆ ,ਨਾਲ ਹੀ ਉਹਨਾਂ ਨੇ ਸਾਡੀ ਮੰਗ ਨੂੰ ਧਿਆਨ ਵਿੱਚ ਰੱਖ ਦੇ ਹੋਏ ਏਹੇ ਦਸਿਆ ਕਿ ਇਸ ਵਾਰ ਕਣਕ ਨੂੰ ਸ਼ੈਲਰਾਂ ਵਿੱਚ ਜਾ ਪ੍ਰਾਈਵੇਟ ਓਪਨ ਪਲੰਥ ਚ ਸਟੋਰ ਕਰਵਾਇਆ ਜਾਵੇਗਾ ਅਤੇ ਕਣਕ ਦੀਆ ਲਗਨ ਵਾਲੀਆ ਸਪੈਸ਼ਲਾ ਨੂੰ ਚਾਵਲ ਦੀਆ ਸਪੈਸ਼ਲਾ ਚ ਕਨਵਰਟ ਕੀਤਾ ਜਾਵੇਗਾ ਅਤੇ ਚਾਵਲ ਗੋਦਾਮ ਖਾਲੀ ਕਰਵਾਏ ਜਾਣਗੇ ਤੇ ਸ਼ੈਲਰਆ ਦਾ ਚਾਵਲ ਡਿਲੀਵਰ ਕਰਵਾਇਆ ਜਾਵੇਗਾ ,ਤਾ ਜੋ ਆਉਣ ਵਾਲੀ ਜੀਰੀ ਦੀ ਫ਼ਸਲ ਵਿਕਣ ਚ ਕੋਈ ਦਿੱਕਤ ਨਾ ਆਵੇ।

# ਇਲਾਕਾ ਨਿਵਾਸੀਆਂ ਨੇ ਸਰਕਾਰ ਨੂੰ ਸੜਕ ਦਾ ਅਧੂਰਾ ਕੰਮ ਪੂਰਾ ਕਰਨ ਦੀ ਕੀਤੀ ਮੰਗ

ਖਨੌਰੀ, 24 ਅਪ੍ਰੈਲ (ਓਮਪ੍ਰਕਾਸ਼ ਮੁਆਲ): ਖਨੌਰੀ ਬੱਸ ਸਟੈਂਡ ਵਾਲੇ ਕੱਟ ਤੋਂ ਭਾਖੜਾ ਨਹਿਰ ਕਿਨਾਰੇ ਬਣੀ ਸੜਕ ਜਿਸ ਨੂੰ ਠਸਕਾ ਟੋਹਾਣਾ ਮਾਰਗ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਜਿਸ ਦੀ ਬਹੁਤ ਹੀ ਜ਼ਿਆਦਾ ਮਾੜੀ ਹਾਲਤ ਨੂੰ ਦੇਖਦੇ ਹੋਏ ਪਿਛਲੇ ਦਿਨੀਂ ਪੰਜਾਬ ਦੇ ਕੈਬਨਿਟ ਮੰਤਰੀ ਤੇ ਹਲਕਾ ਲਹਿਰਾਗਾਗਾ ਦੇ ਵਿਧਾਇਕ ਬਰਿੰਦਰ ਗੋਇਲ ਵੱਲੋਂ ਇਸ ਦਾ ਨੀਂਹ ਪੱਥਰ ਰੱਖਣ ਉਪਰੰਤ ਇਸ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ ਤੇ ਇਸ ਤੇ ਖਨੌਰੀ ਤੋਂ ਠਸਕਾ ਪਿੰਡ ਵਾਲੇ ਪੁੱਲ ਤੱਕ ਪੱਥਰ ਮਿੱਟੀ ਵਗੈਰਾ ਪਾ ਦਿੱਤਾ ਗਿਆ ਸੀ ਜਿਸ ਨੂੰ ਦੇਖਦੇ ਹੋਏ ਲੋਕਾਂ ਵਿੱਚ ਇਸ ਦੀ ਕਿਰਨ ਵੇਖਣ ਨੂੰ ਮਿਲ ਰਹੀ ਸੀ ਕਿ ਇਸ ਸੜਕ ਦਾ ਕੰਮ ਜਲਦੀ ਨੇਪਰੇ ਚੜ੍ਹ ਜਾਵੇਗਾ। ਪ੍ਰੰਤੂ ਲੰਮਾਂ ਸਮਾਂ ਲੰਘਣ ਤੋਂ ਬਾਅਦ ਵੀ ਇਸ ਤੇ ਪ੍ਰੀਮਿਕਸ ਨਹੀਂ ਪਾਇਆ ਗਿਆ ਹੈ । ਜਿਸ ਕਾਰਨ ਰਾਹਗੀਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਾੜ੍ਹੀ ਦਾ ਸੀਜ਼ਨ ਹੋਣ ਕਾਰਨ ਪਿੰਡਾਂ ਵਾਲੇ ਇਸ ਸੜਕ ਰਾਹੀਂ ਹੀ ਖਨੌਰੀ ਵੱਲ



ਨੂੰ ਆਉਂਣ ਜਾਣ ਕਰਦੇ ਹਨ। ਰਾਹ ਵਿੱਚ ਪਏ ਪੱਥਰ ਉਨ੍ਹਾਂ ਲਈ ਜੀਅ ਦਾ ਜੰਜਾਲ ਬਣ ਰਹੇ ਹਨ। ਖਿਲਰੇ ਪੱਥਰਾਂ ਕਾਰਨ ਸਾਧਨ ਚਲਾਉਣ ਲਈ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸੜਕ ਬਣਾਉਣ ਦਾ ਕੰਮ ਪਿਛਲੇ ਕਾਫੀ ਸਮੇਂ ਤੋਂ ਬੰਦ ਪਿਆ ਹੈ। ਇਸ ਸੜਕ ਤੇ ਪਾਈ ਗਈ ਮਿੱਟੀ ਹਰ ਸਮੇਂ ਉਡਦੀ ਰਹਿੰਦੀ ਹੈ ਜੋ ਇਥੋਂ ਲੰਘਣ ਵਾਲਿਆਂ ਲਈ ਜਿਥੇ ਵੱਡੀ ਮੁਸੀਬਤ ਬਣੀ ਹੋਈ ਹੈ ਉਥੇ ਹੀ ਸੜਕ ਬਣਾਉਣ ਲਈ ਪਾਏ ਗਏ ਪੱਥਰ ਵੀ ਇਥੋਂ ਲੰਘਣ ਵਾਲਿਆਂ ਲਈ ਵੱਡੀ ਪ੍ਰੇਸ਼ਾਨੀ ਬਣੇ ਹੋਏ ਹਨ। ਇਸੇ ਪ੍ਰਕਾਰ ਪਿੰਡ ਠਸਕਾ ਤੋਂ ਹਰੀਗੜ੍ਹ ਗੇਹਲਾਂ, ਰਾਮ ਪੁਰਾ ਨੂੰ ਜਾਣ ਵਾਲੀ ਸੜਕ ਤੇ ਪ੍ਰੀਮਿਕਸ ਪਾਇਆ ਗਿਆ ਹੈ । ਜਿਸ ਵਿੱਚ ਪਿੰਡ ਠਸਕਾ ਭੁੱਲਣ ਵਿੱਚਕਾਰ ਅਤੇ ਪਿੰਡ ਮਹਾਂ ਸਿੰਘਵਾਲਾ ਅਤੇ ਹਰੀਗੜ੍ਹ ਗੇਹਲਾਂ ਵਿਚਕਾਰ ਕਈ ਕੱਟ ਅਧੂਰੇ ਛੱਡੇ ਹੋਏ ਹਨ ਜਿਨ੍ਹਾਂ ਵਿਚ ਖਿਲਰੇ ਪੱਥਰ ਹਾਦਸਿਆਂ ਨੂੰ ਖੁੱਲ੍ਹਾ ਸੱਦਾ ਦੇ ਰਹੇ ਹਨ। ਜਿਨ੍ਹਾਂ ਵਿੱਚੋ ਲੰਘਣ ਵੇਲੇ ਰਾਹਗੀਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਮਾਜ ਸੇਵਕ ਮਹਾਂਵੀਰ ਸੈਣੀ ਭੁੱਲਣ ਨੇ ਦੱਸਿਆ ਕਿ ਇਨ੍ਹਾਂ ਅਧੂਰੇ ਪਏ ਸੜਕਾਂ ਦੇ ਕੰਮਾਂ ਕਾਰਨ ਲੋਕਾਂ ਵਿੱਚ ਭਾਰੀ ਅਫ਼ਸੋਸ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਮਾਰਗ ਜਿਸ ਨੂੰ ਖਨੌਰੀ ਟੋਹਾਣਾ ਮਾਰਗ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਜਿਸ ਤੋਂ ਦੀ ਰੋਜ਼ਾਨਾ ਲੋਕ ਖਨੌਰੀ ਟੋਹਾਣਾ ਲਈ ਆਉਣ ਜਾਣ ਕਰਦੇ ਹਨ ਦੇ ਅਧੂਰੇ ਰਹਿੰਦੇ ਕੰਮ ਨੂੰ ਪਹਿਲ ਦੇ ਆਧਾਰ ਤੇ ਪੂਰਾ ਕਰਵਾਇਆ ਜਾਵੇ। ਤਾਂ ਜ਼ੋ ਕਿਸੇ ਦਾ ਜਾਨੀ ਜਾਂ ਮਾਲੀ ਨੁਕਸਾਨ ਹੋਣ ਤੋਂ ਬਚਾ ਹੋ ਸਕੇ।

# ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਪਿੰਡ ਹਰਚੰਦਪੁਰਾ ਵਿਖੇ ਗਊਸ਼ਾਲਾ ਦਾ ਦੌਰਾ

ਧੂਰੀ, 24 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਹਰਚੰਦਪੁਰਾ ਵਿਖੇ ਸਥਿਤ



ਗਊਸ਼ਾਲਾ ਦਾ ਦੌਰਾ ਕਰਕੇ ਉੱਥੇ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਗਊਸ਼ਾਲਾ ਪ੍ਰਬੰਧਕਾਂ ਅਤੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਹਾਲ ਹੀ ਵਿੱਚ ਵਾਪਰੀ ਅੱਗ ਦੀ ਘਟਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਗਊਸ਼ਾਲਾ ਵਿੱਚ ਸਟੋਰ ਕੀਤੀ ਤੂੜੀ ਨੂੰ ਅਚਾਨਕ ਅੱਗ ਲੱਗ ਗਈ ਸੀ, ਜਿਸ ਕਾਰਨ ਵੱਡੇ ਪੱਧਰ 'ਤੇ ਚਾਰੇ ਦਾ ਨੁਕਸਾਨ ਹੋਇਆ। ਓ.ਐਸ.ਡੀ. ਸੁਖਵੀਰ ਸਿੰਘ ਨੇ ਮੌਕੇ 'ਤੇ ਨੁਕਸਾਨ ਦੀ ਸਮੀਖਿਆ ਕਰਦਿਆਂ ਕਿਹਾ ਕਿ ਗਊਸ਼ਾਲਾ ਵਿੱਚ ਰਹਿੰਦੇ ਪਸ਼ੂਆਂ ਦੀ ਸੰਭਾਲ ਸਭ ਤੋਂ ਵੱਡੀ ਤਰਜੀਹ ਹੈ ਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਨੇ ਅੱਗ ਤੋਂ ਬਚਾਅ ਲਈ ਅਗਾਊਂ ਇੰਤਜ਼ਾਮ, ਜਿਵੇਂ ਕਿ ਸੁਰੱਖਿਆ ਉਪਕਰਣ, ਪਾਣੀ ਦੀ ਉਪਲਬਧਤਾ ਤੇ ਸਟੋਰੇਜ ਪ੍ਰਬੰਧਾਂ ਨੂੰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ।

ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਗਊਸ਼ਾਲਾਵਾਂ ਦੀ ਸੰਭਾਲ ਅਤੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਜਿੱਥੇ ਵੀ ਲੋੜ ਪਵੇਗੀ, ਉੱਥੇ ਤੁਰੰਤ ਮਦਦ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਇਸ ਘਟਨਾ ਨਾਲ ਪ੍ਰਭਾਵਿਤ ਗਊਸ਼ਾਲਾ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਗਊਸ਼ਾਲਾ ਪ੍ਰਬੰਧਕਾਂ ਨੇ ਓ.ਐਸ.ਡੀ. ਸੁਖਵੀਰ ਸਿੰਘ ਨੂੰ ਅੱਗ ਦੀ ਘਟਨਾ ਤੋਂ ਬਾਅਦ ਆ ਰਹੀਆਂ ਦਿੱਕਤਾਂ ਬਾਰੇ ਜਾਣੂ ਕਰਵਾਇਆ ਅਤੇ ਤੁਰੰਤ ਦੌਰਾ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਗਊਸ਼ਾਲਾ ਕਮੇਟੀ ਦੇ ਖ਼ਜ਼ਾਨਚੀ ਬਸੰਤ ਕੁਮਾਰ, ਚੌਧਰੀ ਪਵਨ ਕੁਮਾਰ ਵਰਮਾ, ਐਡਵੋਕੇਟ ਬ੍ਰਿਜ ਭੂਸ਼ਣ, ਟੇਕ ਬਹਾਦਰ ਸਮੇਤ ਗਊਸ਼ਾਲਾ ਦੇ ਹੋਰ ਪ੍ਰਬੰਧਕ ਵੀ ਮੌਜੂਦ ਸਨ।

## ਰਜਿੰਦਰ ਦੀਪਾ ਨੇ ਵੋਟਰ ਲਿਸਟਾਂ 'ਚ ਲਾਏ ਧਾਂਦਲੀ ਦੇ ਦੋਸ਼

ਸੁਨਾਮ ਊਧਮ ਸਿੰਘ ਵਾਲਾ, 24 ਅਪ੍ਰੈਲ (ਰਾਊਵਰਿੰਦਰ ਸਿੰਘ ਮਠਾੜੂ/ ਮੋਹਣ ਸ਼ਰਮਾ): ਨਗਰ ਕੌਂਸਲ ਦੀਆਂ ਚੋਣਾਂ ਲਈ ਬਣੀਆਂ ਵੋਟਰ ਲਿਸਟਾਂ ਵਿੱਚ ਰਜਿੰਦਰ ਦੀਪਾ ਵੱਲੋਂ ਇੱਕ ਪ੍ਰੈਸ ਕਾਨਫਰਸ ਦੌਰਾਨ ਧਾਂਦਲੀ ਦੇ ਅਰੋਪ ਲਗਾਏ ਗਏ ਹਨ। ਦੀਪਾ ਨੇ ਕਿਹਾ ਕਿ 15 ਅਪ੍ਰੈਲ ਲਿਸਟਾਂ ਲਾਉਣੀਆਂ ਸਨ ਅਤੇ 23 ਅਪ੍ਰੈਲ ਤੱਕ ਇਤਰਾਜ ਲਾਉਣ ਦਾ ਸਮਾਂ



ਸੀ ਪਹਿਲਾਂ ਤਾਂ ਪ੍ਰਸ਼ਾਸਨ ਵੱਲੋਂ ਵੋਟਰ ਲਿਸਟਾਂ ਹੀ ਨਹੀਂ ਦਿੱਤੀਆਂ ਜਾ ਰਹੀਆਂ ਸਨ, 17 ਤਰੀਕ ਨੂੰ ਵਿਰੋਧੀ ਪਾਰਟੀਆਂ ਦੇ ਦਬਾਅ ਤੋਂ ਬਾਅਦ ਵੋਟਰ ਲਿਸਟਾਂ ਦਿੱਤੀਆਂ ਗਈਆਂ। ਦੀਪਾ ਨੇ ਕਿਹਾ ਕਿ ਪੰਚਾਇਤ ਦੀਆਂ ਚੋਣਾਂ ਸ਼ਹਿਰ ਦੇ ਵਾਰਡਾਂ ਵਿੱਚ ਪਾ ਰੱਖੀਆਂ ਹਨ ਕਈ ਵਾਰਡਾਂ ਵਿੱਚ ਵੋਟਰਾਂ ਦੇ ਨਾਮ ਕੱਟੇ ਗਏ ਹਨ ਜਾਂ ਇਧਰ ਉਧਰ ਕਰ ਦਿੱਤੇ ਗਏ ਹਨ ਜਿੱਥੇ 10-20 ਵੋਟਾਂ ਨਾਲ ਬਹੁਤ ਫਰਕ ਪੈ ਜਾਂਦਾ ਹੈ,ਇਹ ਅਣਗਹਿਲੀ ਹੈ ਜਾ ਜਾਣ ਬੁਝ ਕੇ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਜਿੱਥੇ ਗ਼ਲਤ ਲੱਗਦਾ ਹੈ ਇਤਰਾਜ ਅਸੀਂ ਲਾ ਦਿੱਤੇ ਹਨ। ਉਹਨਾਂ ਦੋਸ਼ ਲਾਇਆ ਕਿ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਵੋਟਰ ਲਿਸਟਾਂ ਵਿੱਚ ਧਾਂਦਲੀ ਕੀਤੀ ਜਾ ਰਹੀ ਹੈ, ਸੱਤਾਧਾਰੀ ਧਿਰ ਵੱਲੋਂ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੇ ਕਾਗਜ ਰੱਦ ਕਰਾਉਣ ਦੀ ਕੋਸ਼ਿਸ਼ ਵੀ ਕੀਤੀ ਜਾਵੇਗੀ ਉਹਨਾਂ ਕਿਹਾ ਕੇ ਅਸੀਂ ਪੰਜਾਬ ਚੋਣ ਕਮਿਸ਼ਨ ਤੱਕ ਵੀ ਪਹੁੰਚ ਕਰਾਂਗੇ ਤਾਂ ਕਿ ਕਿਸੇ ਦੇ ਕਾਗਜ ਨਜਾਇਜ਼ ਤੌਰ ਤੇ ਰੱਦ ਨਹੀਂ ਕੀਤੇ ਜਾਣੇ ਚਾਹੀਦੇ। ਉਹਨਾਂ ਕਿਹਾ ਕਿ ਕਿਸੇ ਸੜਕ ਚੌਂਕ ਦਾ ਨਾਮ ਰੱਖਣ ਤੋਂ ਪਹਿਲਾਂ ਨਗਰ ਕੌਂਸਲ ਵਿੱਚ ਮਤਾ ਪਾਇਆ ਜਾਂਦਾ ਹੈ ਡਿਪਟੀ ਕਮਿਸ਼ਨਰ ਕੋਲ ਜਾਂਦਾ ਹੈ ਤੇ ਫਿਰ ਸੂਬਾ ਸਰਕਾਰ ਤੋਂ ਪਾਸ ਹੋ ਕੇ ਆਉਂਦਾ ਹੈ ਉਸ ਤੋਂ ਬਾਅਦ ਹੀ ਸੜਕ ਚੌਂਕ ਦਾ ਨਾਮ ਰੱਖਿਆ ਜਾਂਦਾ ਹੈ ਇਸ ਬਾਰੇ ਨਗਰ ਕੌਂਸਲ ਹੀ ਦੱਸ ਸਕਦੀ ਹੈ।

# ਬੱਲ੍ਹੋ ਤੋ ਉੱਠੀ ਸਿੱਖਿਆ ਦੀ ਚੰਗਿਆੜੀ : ਹੁਣ ਹਾਜ਼ਰੀ ਲਾਓ ਤੇ ਨਕਦ ਇਨਾਮ ਘਰ ਲੈ ਜਾਓ

ਬਠਿੰਡਾ, 24 ਅਪ੍ਰੈਲ (ਜਗਸੀਰ ਭੁੱਲਰ): ਰਾਸਟਰੀ ਪੰਚਾਇਤੀ ਰਾਜ ਦਿਵਸ ਦੇ ਇਤਿਹਾਸਕ ਮੌਕੇ ਤੇ ਗ੍ਰਾਮ ਪੰਚਾਇਤ ਬੱਲ੍ਹੋ ਨੇ ਸਿੱਖਿਆ ਤੇ ਸੰਵਿਧਾਨਕ ਸਕਤੀਕਰਨ ਦੀ ਇੱਕ ਨਵੀ ਮਿਸਾਲ ਪੇਸ ਕਰਦਿਆ ਪੂਰੇ ਸੂਬੇ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਤਰਨਜੋਤ ਵੈਲਫੇਅਰ ਸੁਸਾਇਟੀਦੇ ਸਹਿਯੋਗ ਨਾਲ ਪਿੰਡ ਦੀ ਯੂਥ ਲਾਇਬਰੇਰੀ ਵਿੱਚ ਕਰਵਾਏ ਗਏ ਵਿਸੇਸ ਸੈਮੀਨਾਰ ਦੌਰਾਨ ਪੰਚਾਇਤ ਨੇ ਆਪਣੀ ਦੂਰਅੰਦੇਸੀ ਬੱਲ੍ਹੋ ਵਿਦਿਆ ਰਤਨ ਸਕੀਮ ਰਾਹੀ ਸਰਕਾਰੀ ਸਕੂਲਾਂ ਵਿੱਚ 100 ਫੀਸਦੀ ਹਾਜਰੀ ਦਰਜ ਕਰਵਾਉਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ 2100-2100 ਰੁਪਏ ਦੀ ਨਕਦ ਰਾਸੀ ਤੇ ਸਨਮਾਨ ਪੱਤਰਾਂ ਨਾਲ ਨਿਵਾਜ ਕੇ ਸਿੱਖਿਆ ਕ੍ਰਾਂਤੀ ਦਾ ਹੋਕਾ ਦਿੱਤਾ ਗਿਆ।ਨਕਦ ਰਾਸ਼ੀ ਤੇ ਪ੍ਰਸੰਸਾ ਪੱਤਰ ਦੇਣ ਦੀ ਰਸਮ ਸੂਗਰਫੈਡ ਪੰਜਾਬ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਅਦਾ ਕੀਤੀ।ਸਰਪੰਚ ਅਮਰਜੀਤ ਕੌਰ ਦੀ ਪ੍ਰਧਾਨਗੀ ਤੇ ਸੂਗਰਫੈਡ ਪੰਜਾਬ ਦੇ ਚੇਅਰਮੈਨ ਐਡ. ਨਵਦੀਪ ਸਿੰਘ ਜੀਦਾ ਦੀ ਮੁੱਖ ਪ੍ਰਾਹੁਣਚਾਰੀ ਹੇਠ ਹੋਏ ਇਸ ਸਮਾਗਮ ਨੇ ਜਿੱਥੇ 73 ਵੀ ਸੰਵਿਧਾਨਕ ਸੋਧ ਰਾਹੀ ਮਿਲੇ ਪੰਚਾਇਤੀ ਅਧਿਕਾਰਾਂ ਦੀ ਗੂੰਜ ਪਾਈ ਉੱਥੇ ਹੀ ਪਿੰਡ ਦੇ ਸਰਬਪੱਖੀ ਵਿਕਾਸ ਲਈ



ਇੱਕ ਨਵਾਂ ਤੇ ਮਜਬੂਤ ਰੋਡਮੈਪ ਵੀ ਪੇਸ ਕੀਤਾ। ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਸੰਬੋਧਨ ਕਰਦਿਆ ਕਿਹਾ ਕਿ ਪੰਚਾਇਤ ਤੇ ਤਰਨਜੋਤ ਵੈਲਫੇਅਰ ਸੁਸਾਇਟੀ ਵਧਾਈ ਦੀ ਪਾਤਰ ਹੈ ਜਿਸ ਨੇ ਸਿੱਖਿਆ ਨੂੰ ਤਰਜੀਹ ਦੇ ਕੇ ਸਾਬਤ ਕਰ ਦਿੱਤਾ ਹੈ ਕਿ ਇੱਕ ਜਾਗਰੂਕ ਪੰਚਾਇਤ ਪਿੰਡ ਦੀ ਨੁਹਾਰ ਕਿਵੇ ਬਦਲ ਸਕਦੀ ਹੈ। ਉਨਾਂ ਕਿਹਾ ਕਿ ਭਾਰਤੀ ਸੰਵਿਧਾਨ ਦੀ 73 ਵੀ ਸੋਧ ਨੇ ਪੰਚਾਇਤਾਂ ਨੂੰ ਅਸਲ ਤਾਕਤ ਅਤੇ ਵੱਧ ਅਧਿਕਾਰ ਦਿੱਤੇ ਹਨ। ਅੱਜ ਪੰਚਾਇਤਾਂ ਗਲੀਆ ਨਾਲੀਆਂ ਤੱਕ ਸੀਮਤ ਨਹੀ ਸਗੋ ਪਿੰਡ ਦੇ ਵਿਕਾਸ ਸਿੱਖਿਆ ਤੇ ਸਿਹਤ ਵਰਗੇ ਅਹਿਮ ਫੈਸਲੇ ਲੈਣ ਲਈ ਸੁਤੰਤਰ ਹਨ ਅਤੇ ਗ੍ਰਾਮ ਸਭਾ ਲੋਕਤੰਤਰ ਦੀ ਸਭ ਤੋ ਮਜਬੂਤ ਇਕਾਈ ਹੈ। ਸਮਾਗਮ ਦੌਰਾਨ ਪੰਚਾਇਤ ਨੂੰ ਲੜਾਈ ਝਗੜੇ ਨਿਬੇੜਨ ਅਤੇ ਵਿਕਾਸ ਕਾਰਜਾਂ ਵਿੱਚ ਵੱਧ ਸਹਿਯੋਗ ਦੇਣ ਵਾਲੇ ਅਵਤਾਰ ਸਿੰਘ ਟੋਫੀ ਨੰਬਰਦਾਰ ਨੂੰ ਮੈਨ ਆਫ ਦਾ ਵਿਲੇਜ ਚੁਣਨ ਤੇ 5100 ਰੁਪਏ ਦੀ ਰਾਸੀ ਦਾ ਚੈਕ ਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਸਰਕਾਰੀ ਸਕੀਮਾ ਤੇ ਪੰਚਾਇਤ ਦਿਵਸ ਦੀ ਮਹੱਤਤਾ ਤੋ ਜਾਣੂ ਕਰਵਾਇਆ ਗਿਆ। ਸਟੇਜ ਦਾ ਸੰਚਾਲਨ ਭੁਪਿੰਦਰ ਸਿੰਘ ਜਟਾਣਾ ਨੇ ਕੀਤਾ। ਇਸ ਮੌਕੇ ਸੰਸਥਾ ਦੇ ਪ੍ਰਧਾਨ ਕਰਮਜੀਤ ਸਿੰਘ, ਡਾ. ਰਾਘਵ ਸ਼ਰਮਾ, ਬਲਾਕ ਕੋਆਡੀਨੇਟਰ ਹਰਿੰਦਰ ਸਿੰਘ, ਮੁੱਖ ਅਧਿਆਪਕਾ ਜੋਤੀ ਗਰਗ, ਅਧਿਆਪਕ ਰਾਜੇਸ਼ ਕੁਮਾਰ, ਪ੍ਰਧਾਨ ਰਣਜੀਤ ਸਿੰਘ, ਅਵਤਾਰ ਸਿੰਘ ਨੰਬਰਦਾਰ, ਪ੍ਰਧਾਨ ਹਰਬੰਸ ਸਿੰਘ, ਪੰਚ ਹਰਬੰਸ ਸਿੰਘ, ਹਾਕਮ ਸਿੰਘ, ਕਰਮਜੀਤ ਸਿੰਘ, ਰਾਮ ਸਿੰਘ, ਰਣਜੀਤ ਕੌਰ, ਪਰਮਜੀਤ ਕੌਰ, ਰਾਜਵੀਰ ਕੌਰ, ਹਰਵਿੰਦਰ ਕੌਰ ਤੇ ਪਰਮਜੀਤ ਸਿੰਘ ਹਾਜ਼ਰ ਸਨ।

## ਬਠਿੰਡਾ 'ਚ ਸਾਈਬਰ ਠੱਗੀ; ਖਾਤਾ ਬਲਾਕ ਕਰਕੇ ਲੱਖਾਂ ਉਡਾਏ

ਬਠਿੰਡਾ, 24 ਅਪ੍ਰੈਲ (ਦੀਪਕ ਸ਼ਰਮਾ): ਸਾਈਬਰ ਅਪਰਾਧੀਆਂ ਨੇ ਦੇਸ਼ ਦੀ ਸੁਰੱਖਿਆ ਵਿੱਚ ਤੈਨਾਤ ਇੱਕ ਫੌਜੀ ਨੂੰ ਵੀ ਨਹੀਂ ਬਖ਼ਸ਼ਿਆ। ਤਾਜਾ ਮਾਮਲਾ ਸਥਾਨਕ ਕੈਂਟ ਦਾ ਹੈ ਜਿੱਥੇ ਦੇ ਵਸਨੀਕ ਇੱਕ ਫੌਜੀ ਨਾਲ ਸਾਈਬਰ ਠੱਗਾਂ ਨੇ ਲੱਖਾਂ ਰੁਪਏ ਦੀ ਠੱਗੀ ਮਾਰੀ ਹੈ। ਪੀੜਿਤ ਹੋ ਲੋ ਇਸ ਸਬੰਧੀ ਸਥਾਨਕ ਸਾਈਬਰ ਥਾਣਾ ਵਿਖੇ ਕੇਸ ਦਰਜ ਕਰਵਾਇਆ ਗਿਆ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਪੀੜਿਤ ਨੇ ਦੱਸਿਆ ਹੈ ਕਿ ਠੱਗਾਂ ਨੇ ਉਸ ਦੇ ਯੂ.ਪੀ.ਆਈ. ਤੇ ਬੈਂਕ ਐਪ ਬਲਾਕ ਕਰਕੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਇਸ ਸਬੰਧੀ ਜਾਂਚ ਅਧਿਕਾਰੀ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਮਨੋਜ ਕੁਮਾਰ ਵਾਸੀ ਬਠਿੰਡਾ ਕੈਂਟ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ ਅਣਪਛਾਤੇ ਵਿਅਕਤੀਆਂ ਨੇ ਉਸ ਦੇ ਸਟੇਟ ਬੈਂਕ ਖਾਤੇ ਨਾਲ ਲਿੰਕ ਯੂ.ਪੀ.ਆਈ. ਤੇ ਯੋਨੋ ਐਪ ਬਲੋਕ ਕਰਕੇ 2,26,989 ਰੁਪਏ ਕਢਵਾ ਲਏ ਹਨ। ਇਸ ਸਬੰਧੀ ਪੀੜਤ ਦੀ ਸ਼ਿਕਾਇਤ ਤੇ ਸਾਈਬਰ ਕਰਾਈਮ ਪੁਲਿਸ ਨੇ ਆਈ.ਟੀ. ਐਕਟ ਤੇ ਬੀ.ਐਨ.ਐਸ. ਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਕਥਿਤ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਸਿਹਤ ਸਿਸਟਮ ਦੀ ਸਕੈਨਿੰਗ ਕਰਨ ਬਠਿੰਡਾ ਪਹੁੰਚੀ ਡਾਇਰੈਕਟਰ ਦੀ ਅਗਵਾਈ ਹੇਠ ਵਿਸ਼ੇਸ਼ ਟੀਮ

ਬਠਿੰਡਾ, 24 ਅਪ੍ਰੈਲ (ਦੀਪਕ ਸ਼ਰਮਾ): ਪੰਜਾਬ ਸਿਹਤ ਵਿਭਾਗ ਦੇ ਡਾਇਰੈਕਟਰ ਡਾ. ਅਨਿਲ ਗੋਇਲ ਦੀ ਅਗਵਾਈ ਹੇਠ ਸ਼ੁੱਕਰਵਾਰ ਨੂੰ ਇੱਕ ਉੱਚ ਪੱਧਰੀ ਆਡਿਟ ਟੀਮ ਨੇ ਸਥਾਨਕ ਸ਼ਹੀਦ ਭਾਈ ਮਨੀ ਸਿੰਘ ਸਿਵਲ ਹਸਪਤਾਲ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਤੇ ਵਿੱਤੀ ਪਾਰਦਰਸ਼ਤਾ ਦੀ ਬਾਰੀਕੀ ਨਾਲ ਜਾਂਚ ਸ਼ੁਰੂ ਕੀਤੀ ਹੈ। ਇਸ ਜਾਂਚ ਦਾ ਮੁੱਖ ਕੇਂਦਰ ਬਿੰਦੂ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਤਹਿਤ ਕੀਤੇ ਜਾ ਰਹੇ ਆਪਰੇਸ਼ਨ ਤੇ ਉਹਨਾਂ ਨਾਲ ਜੁੜੇ ਖ਼ਰਚੇ ਹਨ। ਟੀਮ ਵੱਲੋਂ ਗਰਭਵਤੀ ਔਰਤਾਂ ਦੇ ਸੀਜ਼ੇਰੀਅਨ ਤੇ ਨਾਰਮਲ ਡਿਲੀਵਰੀ ਕੇਸਾਂ ਸਮੇਤ ਗੋਡੇ ਬਦਲਣ ਵਰਗੀਆਂ ਸਰਜਰੀਆਂ ਦਾ ਪੂਰਾ ਰਿਕਾਰਡ ਕਬਜ਼ੇ ਵਿੱਚ ਲੈ ਲਿਆ ਗਿਆ ਹੈ। ਆਡਿਟ ਟੀਮ ਵਿੱਚ ਵਿੱਤ ਵਿਭਾਗ ਤੇ ਅਪਰੇਸ਼ਨ ਥੀਏਟਰ ਦੇ ਮਾਹਿਰ ਅਧਿਕਾਰੀ ਸ਼ਾਮਲ ਹਨ, ਜੋ ਇਸ ਗੱਲ ਦੀ ਪੜਤਾਲ ਕਰ ਰਹੇ ਹਨ ਕਿ ਕੀ ਕੀਤੇ ਗਏ ਆਪਰੇਸ਼ਨ ਵਾਕਈ ਜ਼ਰੂਰੀ ਸਨ ਜਾਂ ਸਿਰਫ਼ ਬੀਮਾ ਕਲੇਮ ਹਾਸਲ ਕਰਨ ਲਈ ਕੀਤੇ ਗਏ। ਡਾ. ਅਨਿਲ ਗੋਇਲ ਨੇ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਬਿਮਾਰੀ ਲਈ ਸਰਕਾਰੀ ਪੈਕੇਜ 85 ਹਜ਼ਾਰ ਰੁਪਏ ਤੈਅ ਹੈ, ਤਾਂ ਉਸ ਤੋਂ ਵੱਧ ਦਾ ਬਿੱਲ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਟੀਮ ਇਸ ਪਹਿਲੂ 'ਤੇ ਵੀ ਕੰਮ ਕਰ ਰਹੀ ਹੈ ਕਿ ਜੇਕਰ ਮਰੀਜ਼ਾਂ ਨੂੰ ਦਵਾਈਆਂ ਬਾਹਰੋਂ ਖ਼ਰੀਦਣੀਆਂ ਪਈਆਂ, ਤਾਂ ਉਸ ਵੇਲੇ ਸਰਕਾਰੀ ਸਟਾਕ ਦੀ ਕੀ ਸਥਿਤੀ ਸੀ।



ਪ੍ਰੈੱਸ ਕਾਨਫਰੰਸ ਦੌਰਾਨ ਜਦੋਂ ਗੋਡੇ ਬਦਲਣ ਦੇ ਮਾਮਲੇ ਵਿੱਚ ਨਿੱਜੀ ਹਸਪਤਾਲਾਂ ਦੀ ਸ਼ੱਕੀ ਭੂਮਿਕਾ ਬਾਰੇ ਪੁੱਛਿਆ ਗਿਆ, ਤਾਂ ਡਾਇਰੈਕਟਰ ਨੇ ਇਸ ਮਾਮਲੇ ਤੋਂ ਅਣਜਾਣਤਾ ਪ੍ਰਗਟਾਈ। ਹਾਲਾਂਕਿ, ਐਂਬੂਲੈਂਸਾਂ ਵੱਲੋਂ ਮਰੀਜ਼ਾਂ ਤੋਂ ਪੈਸੇ ਵਸੂਲਣ ਦੀਆਂ ਸ਼ਿਕਾਇਤਾਂ 'ਤੇ ਉਹਨਾਂ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਕਿਹਾ ਕਿ ਮਰੀਜ਼ਾਂ ਅਤੇ ਉਹਨਾਂ ਦੇ ਵਾਰਸਾਂ ਨਾਲ ਸਿੱਧਾ ਸੰਪਰਕ ਕਰਕੇ ਫੀਡਬੈਕ ਲਈ ਜਾਵੇਗੀ ਅਤੇ ਲਾਪਰਵਾਹੀ ਪਾਏ ਜਾਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਉਦਯੋਗ ਮੁੱਖੀ ਸਾਈਬਰ ਸੁਰੱਖਿਆ ਪ੍ਰੋਗਰਾਮਾਂ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਤੇ ਐੱਲ.ਐਂਡ.ਟੀ. ਐਜੂਟੈਕ ਵਿਚਕਾਰ ਦੁਵੱਲਾ ਸਮੌਝਤਾ

ਤਲਵੰਡੀ ਸਾਬੋ, 24, ਅਪ੍ਰੈਲ, (ਰਾਮ ਜਿੰਦਲ ਜਗਾ): ਉਦਯੋਗਿਕ ਤੇ ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਸਮੇਂ ਦੇ ਹਾਣ ਦਾ ਬਣਾਉਣ ਲਈ ਸਾਈਬਰ ਸੁਰੱਖਿਆ ਆਧਰਿਤ ਬੀ.ਟੈਕ. ਐਂਡ ਬੀ.ਸੀ.ਏ. ਪ੍ਰੋਗਰਾਮ ਸ਼ੁਰੂ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਤੇ ਐੱਲ.ਐਂਡ.ਟੀ. ਐਜੂਟੈਕ ਵੱਲੋਂ ਦੁਵੱਲਾ ਸਮੌਝਤਾ ਸਹੀਬੱਧ ਕੀਤਾ ਗਿਆ। ਇਹ ਸਮੌਝਤਾ ਜੀ.ਕੇ.ਯੂ ਵੱਲੋਂ ਚਾਂਸਲਰ ਗੁਰਲਾਭ ਸਿੰਘ ਸਿੱਧੂ, ਪ੍ਰੋ. ਵਾਈਸ ਚਾਂਸਲਰ, ਡਾ. ਪੀਯੂਸ਼ ਵਰਮਾ ਅਤੇ ਐੱਲ.ਐਂਡ.ਟੀ. ਐਜੂਟੈਕ ਵੱਲੋਂ ਡਾ. ਪਰਵੀਨ ਦੁਆਰਾ ਹਸਤਾਖਰਿਤ ਕੀਤਾ ਗਿਆ। ਇਸ ਮੌਕੇ ਜਨਰਲ ਸਕੱਤਰ ਇੰਜੀ. ਸੁਖਵਿੰਦਰ ਸਿੰਘ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਮੌਝਤੇ ਬਾਰੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਸਿੱਧੂ ਨੇ ਕਿਹਾ ਕਿ ਉਦਯੋਗਾਂ ਦੀ ਲੋੜ ਅਨੁਸਾਰ ਪਾਠਕ੍ਰਮ ਡਿਜ਼ਾਇਨ ਕਰਨ ਲਈ ਵਿੱਦਿਅਕ ਸੰਸਥਾਵਾਂ ਅਤੇ ਉਦਯੋਗਾਂ ਵਿਚਕਾਰ ਸਹਿਯੋਗ ਹੋਣਾ ਜ਼ਰੂਰੀ ਹੈ ਅਤੇ ਕਿਹਾ ਕਿ ਇਹ ਸਮੌਝਤਾ ਵਿਦਿਆਰਥੀਆਂ ਤੇ ਖੋਜਾਰਥੀਆਂ ਦੇ ਹੁਨਰ ਕਾਰਨ ਰੁਜ਼ਗਾਰ ਹਾਸਿਲ ਕਰਨ ਵਿੱਚ ਸਹਾਈ ਹੋਵੇਗਾ। ਡਾ. ਵਰਮਾ ਨੇ ਸਮੌਝਤੇ ਨੂੰ ਅਕਾਦਮਿਕ ਤੇ ਉਦਯੋਗਿਕ ਖੇਤਰ ਦੇ ਪਾੜ੍ਹੇ ਨੂੰ ਪੂਰਨ ਦਾ ਇੱਕ ਲਾਭਦਾਇਕ ਸਾਧਨ ਦੱਸਿਆ। ਵਰਸਿਟੀ ਪ੍ਰਬੰਧਕਾਂ ਦਾ ਧੰਨਵਾਦ ਕਰਦੇ ਹੋਏ, ਉਹਨਾਂ ਇਸ ਪਹਿਲ ਕਦਮੀ ਦੀ ਸ਼ਲਾਘਾ ਕੀਤੀ। ਡੀਨ ਅਕਾਦਮਿਕ ਡਾ. ਖਾਨ ਨੇ ਕਿਹਾ ਕਿ ਵਰਸਿਟੀ ਅਕਾਦਮਿਕ ਉੱਤਮਤਾ ਨੂੰ ਬਣਾਈ ਰੱਖਣ ਲਈ ਵਚਨਬੱਧ ਹੈ। ਇਸ ਲਈ ਇਹ ਸਮੌਝਤਾ ਵਰਸਿਟੀ ਅਤੇ ਐੱਲ.ਐਂਡ.ਟੀ. ਐਜੂਟੈਕ ਵੱਲੋਂ ਅਕਾਦਮਿਕ ਉੱਚ ਗੁਣਵੱਤਾ ਨੂੰ ਅਗਾਂਹ ਵੱਲ ਲੈ ਕੇ ਜਾਏਗਾ, ਜੋ ਵਿਦਿਆਰਥੀਆਂ ਲਈ ਰੁਜ਼ਗਾਰ ਦੀਆਂ ਨਵੀਆਂ ਸੰਭਾਵਨਾਵਾਂ ਪੈਦਾ ਕਰੇਗਾ। ਐੱਲ.ਐਂਡ.ਟੀ. ਦੇ ਪ੍ਰਤੀਨਿਧੀਆਂ ਨੇ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਸਾਈਬਰ ਸੁਰੱਖਿਆ ਆਧੁਨਿਕ ਡਿਜ਼ੀਟਲ ਦੁਨੀਆਂ ਲਈ ਵੱਡੀ ਚੁਣੌਤੀ ਹੈ। ਇਸ ਲਈ ਦੋਹਾਂ ਧਿਰਾਂ ਵੱਲੋਂ ਕੀਤਾ ਗਿਆ ਇਹ ਸਮੌਝਤਾ ਇਸ ਖੇਤਰ ਵਿੱਚ ਨਵੇਂ ਰਾਹ ਖੋਲੇਗਾ। ਉਹਨਾਂ ਇਸ ਨੂੰ ਅਗਾਂਹਵਧੂ ਪਹਿਲ ਕਦਮੀ ਦੱਸਦੇ ਹੋਏ ਕਿਹਾ ਕਿ ਵਿਦਿਆਰਥੀ ਇਸ ਖੇਤਰ ਵਿੱਚ ਕੈਰੀਅਰ ਤਿਆਰ ਕਰ ਸਕਦੇ ਹਨ।




# ਬਠਿੰਡਾ ਜੇਲ੍ਹ ਵਿੱਚੋਂ ਮੋਬਾਈਲ ਫ਼ੋਨ ਬਰਾਮਦਗੀ ਉਪਰੰਤ ਅਣਪਛਾਤੇ ਵਿਅਕਤੀ ਵਿਰੁੱਧ ਮਾਮਲਾ ਦਰਜ

ਬਠਿੰਡਾ, 24 ਅਪ੍ਰੈਲ (ਦੀਪਕ ਸ਼ਰਮਾ): ਕੇਂਦਰੀ ਜੇਲ੍ਹ ਬਠਿੰਡਾ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਸੰਨ੍ਹ ਲਾਉਣ ਦਾ ਇੱਕ ਹੋਰ ਮਾਮਲਾ ਸਾਹਮਣੇ ਆਇਆ ਹੈ। ਇਸ ਵਾਰ ਤਲਾਸ਼ੀ ਦੌਰਾਨ ਇੱਕ ਮੋਬਾਈਲ ਫੋਨ ਮਿਲਣ ਕਾਰਨ ਅਣਪਛਾਤੇ ਵਿਅਕਤੀ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪਾਬੰਦੀ ਸ਼ੁਦਾ ਵਸਤੂਆਂ ਤੇ ਨਸ਼ੀਲੇ ਪਦਾਰਥ ਮਿਲਣ ਕਾਰਨ ਸਥਾਨਕ ਜੇਲ੍ਹ ਲਗਾਤਾਰ ਚਰਚਾ ਵਿੱਚ ਰਹਿੰਦੀ ਹੈ। ਕੁਝ ਦਿਨ ਪਹਿਲਾਂ ਹੀ ਸਥਾਨਕ ਪੁਲਿਸ ਨੇ ਕੇਂਦਰੀ ਸੁਰੱਖਿਆ ਬਲ ਦੇ ਇੱਕ ਮੁਲਾਜ਼ਮ ਨੂੰ ਨਸ਼ੀਲੀਆਂ ਵਸਤੂਆਂ ਸਮੇਤ ਗ੍ਰਿਫਤਾਰ ਕੀਤਾ ਸੀ। ਇਸ ਤੋਂ ਪਹਿਲਾਂ ਵੀ ਸਥਾਨਕ ਪੁਲਿਸ ਦੇ ਕਈ ਮੁਲਾਜ਼ਮ ਜੇਲ੍ਹ ਵਿੱਚ ਨਸ਼ਾ ਪਹੁੰਚਾਉਣ ਦੇ ਦੋਸ਼ ਹੇਠ ਫੜੇ ਗਏ ਹਨ।

ਦੂਜੇ ਪਾਸੇ ਬਠਿੰਡਾ ਦੀ ਜੇਲ੍ਹ ਨੂੰ ਹਾਈ ਸਿਕਿਓਰਟੀ ਜੇਲ ਵਜੋਂ ਜਾਣਿਆ ਜਾਂਦਾ ਹੈ। ਜਿਸ ਕਾਰਨ ਸੂਬੇ ਦੇ ਅਤੇ ਬਾਹਰਲੇ ਸੂਬਿਆਂ ਦੇ ਕਈ ਖਤਰਨਾਕ ਗੈਂਗਸਟਰਾਂ ਨੂੰ ਇੱਥੇ ਰੱਖਿਆ ਗਿਆ। ਜਿਸ ਦੇ ਚਲਦੇ ਆ ਜੇਲ੍ਹ ਦੀ ਸੁਰੱਖਿਆ ਦਾ ਜਿੰਮਾ ਸਥਾਨਕ ਪੁਲਿਸ ਤੋਂ ਇਲਾਵਾ ਨੀਮ ਫੌਜੀ ਦਲਾਂ ਦੇ ਕੋਲ ਵੀ ਹੈ। ਇਸ ਤਰ੍ਹਾਂ ਦੀ ਸੁਰੱਖਿਆ ਛੱਤਰੀ ਹੋਣ ਦੇ ਬਾਵਜੂਦ ਪਾਬੰਦੀਸ਼ੁਧਾਂ ਵਸਤੂਆਂ ਅਤੇ ਮੋਬਾਇਲ ਫੋਨ ਮਿਲਣਾ ਸੁਰੱਖਿਆ ਪ੍ਰਬੰਧਾਂ ਤੇ ਕਈ ਸਵਾਲ ਖੜ੍ਹੇ ਕਰਦਾ ਹੈ

ਜਾਣਕਾਰੀ ਅਨੁਸਾਰ ਲੰਘੀ 22 ਅਪ੍ਰੈਲ ਨੂੰ ਜੇਲ੍ਹ ਪ੍ਰਸ਼ਾਸਨ ਵੱਲੋਂ ਕੀਤੀ ਗਈ ਅਚਨਚੇਤ ਚੈਕਿੰਗ ਦੌਰਾਨ ਮੋਬਾਇਲ ਫੋਨ ਦੀ ਬਰਾਮਦਗੀ ਕੀਤੀ ਗਈ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸ.ਥ. ਦੀਵਾਨ ਚੰਦ ਨੇ ਦੱਸਿਆ ਕਿ ਸਹਾਇਕ ਸੁਪਰਡੈਂਟ ਅਨੁ ਮਲਿਕ ਦੀ ਸ਼ਿਕਾਇਤ 'ਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ 22 ਅਪ੍ਰੈਲ ਨੂੰ ਚੈਕਿੰਗ ਦੌਰਾਨ ਜੇਲ੍ਹ ਵਿੱਚੋਂ ਇੱਕ ਵੀਵੋ ਕੰਪਨੀ ਦਾ ਫ਼ੋਨ ਬਰਾਮਦ ਹੋਇਆ। ਜਿਸ ਦੇ ਸਬੰਧ ਵਿੱਚ ਸ਼ਿਕਾਇਤ ਮਿਲਣ ਤੇ ਪੁਲਿਸ ਨੇ ਪ੍ਰੀਜਨ ਐਕਟ ਤਹਿਤ ਅਣਪਛਾਤੇ ਵਿਅਕਤੀ ਵਿਰੁੱਧ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਜੇਲ੍ਹ ਦੇ ਅੰਦਰ ਇਹ ਫ਼ੋਨ ਕਿਸ ਤਰ੍ਹਾਂ ਪਹੁੰਚਿਆ।

# ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਭਾਸ਼ਣ ਮੁਕਾਬਲੇ ਕਰਵਾਏ




ਭਗਤਾ ਭਾਈ ਕਾ/ਸਮਾਧ ਭਾਈ, 24 ਅਪ੍ਰੈਲ (ਸਵਰਨ ਸਿੰਘ ਭਗਤਾ): ਮਾਤਾ ਬਲਜਿੰਦਰ ਕੌਰ ਮੈਮੋਰੀਅਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ (ਮੋਗਾ) ਵਿਖੇ ਛੇਵੀਂ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਲਈ ਡੇਕਲਮੇਸ਼ਨ (ਭਾਸ਼ਣ) ਮੁਕਾਬਲਾ ਬੜੇ ਉਤਸ਼ਾਹ ਭਰੇ ਮਾਹੌਲ 'ਚ ਕਰਵਾਇਆ ਗਿਆ। ਇਹ ਮੁਕਾਬਲਾ ਹਾਊਸ ਕੋਆਰਡੀਨੇਟਰ ਕਰਮਜੀਤ ਕੌਰ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ, ਜਿਸ 'ਚ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਵਿਸ਼ਵਾਸ ਨਾਲ ਪੇਸ਼ ਕੀਤੇ। ਮੁਕਾਬਲੇ ਦੇ ਨਤੀਜਿਆਂ ਅਨੁਸਾਰ ਸਤਲੁਜ ਹਾਊਸ ਦੀ ਸੁਖਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਸ਼ਿਵਾਲਿਕ ਹਾਊਸ ਦੀ ਨਵਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਹਿਮਾਲਿਆ ਹਾਊਸ ਦੀ ਜਸ਼ਨਪ੍ਰੀਤ ਕੌਰ ਤੀਸਰੇ ਸਥਾਨ 'ਤੇ ਰਹੀ। ਮੁਕਾਬਲੇ ਲਈ ਜੱਜਾਂ ਦੀ ਭੂਮਿਕਾ ਅੰਜੇ ਕੁਮਾਰ ਤੇ ਰੁਪਿੰਦਰ ਕੌਰ ਵੱਲੋਂ ਨਿਭਾਈ ਗਈ, ਜਿਨ੍ਹਾਂ ਨੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦਾ ਨਿਰਪੱਖ ਤੇ ਸੁਚੱਜਾ ਮੁਲਾਂਕਣ ਕੀਤਾ। ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ, ਚੇਅਰਪਰਸਨ ਰਣਧੀਰ ਕੌਰ, ਡਾਇਰੈਕਟਰ ਕੋਹਿਨੂਰ ਸਿੱਧੂ, ਪ੍ਰਿੰਸੀਪਲ ਸ਼ਸ਼ੀਕਾਂਤ, ਸੀਨੀਅਰ ਕੋਆਰਡੀਨੇਟਰ ਰੰਜੀਵ ਸ਼ਰਮਾ, ਇਗਜ਼ਾਮੀਨੇਸ਼ਨ ਕੋਆਰਡੀਨੇਟਰ ਦਮਨਜੋਤ ਕੌਰ, ਜੂਨੀਅਰ ਕੋਆਰਡੀਨੇਟਰ ਰਪਿੰਦਰ ਕੌਰ, ਪ੍ਰਾਇਮਰੀ ਕੋਆਰਡੀਨੇਟਰ ਪੁਸ਼ਪਕਲਾ ਰੇਥੀਸ਼, ਕਿੰਡਰਗਾਰਟਨ ਕੋਆਰਡੀਨੇਟਰ ਮੋਨਿਕਾ ਚਲਾਣਾ, ਸਪੋਰਟਸ ਕੋਆਰਡੀਨੇਟਰ ਸੰਦੀਪ ਕੌਰ ਤੇ ਆਈ.ਟੀ. ਕੋਆਰਡੀਨੇਟਰ ਗੁਰਵਿੰਦਰ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ। ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਹੋਰ ਵਿਦਿਆਰਥੀਆਂ ਨੂੰ ਵੀ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਤੇ ਬੋਲਣ ਦੀ ਕਲਾ ਨੂੰ ਨਿਖਾਰਦੇ ਹਨ।

# ਖ਼ਾਲਸਾ ਕਾਲਜ ਵਿਖੇ ਕਰਵਾਇਆ ਫੈਸ਼ਨ ਸ਼ੋਅ

ਭਗਤਾ ਭਾਈ ਕਾ, 24 ਅਪ੍ਰੈਲ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਤੇ ਸਿਕੰਦਰ ਸਿੰਘ ਮਲੂਕਾ ਸਾਬਕਾ ਕੈਬਨਿਟ ਪੰਜਾਬ ਤੇ ਆਨਰੇਰੀ ਸਕੱਤਰ ਕਾਲਜ ਦੀ ਰਹਿਨੁਮਾਈ ਤੇ ਦਿਸ਼ਾ ਦੇ ਅਨੁਸਾਰ ਚੱਲ ਰਹੀ ਇਲਾਕੇ ਦੀ ਨਾਮਵਾਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਭਗਤਾ ਭਾਈਕਾ ਵੱਲੋਂ ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਦੀ ਸੁਯੋਗ




ਅਗਵਾਈ ਹੇਠ ਕਾਲਜ ਵਿਖੇ ਫੈਸ਼ਨ ਟੈਕਨਾਲੋਜੀ ਵਿਭਾਗ ਵਲੋਂ ਫੈਸ਼ਨ ਸ਼ੋਅ ਕਰਵਾਇਆ ਗਿਆ।ਜਿਸ ਵਿੱਚ ਬੀ ਐਸ ਸੀ ਫੈਸ਼ਨ ਟੈਕਨਾਲੋਜੀ ਭਾਗ ਪਹਿਲਾ, ਦੂਜਾ ਤੇ ਤੀਜਾ ਦੀਆਂ ਵਿਦਿਆਰਥਣਾਂ ਵੱਲੋਂ ਤਿਆਰ ਕੀਤੇ ਪਹਿਰਾਵਿਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਦੌਰਾਨ ਕੋਮਲਪ੍ਰੀਤ ਕੌਰ ਨੇ "ਬੈਸਟ ਡਿਜ਼ਾਈਨਰ 2026" ਦਮਨਦੀਪ ਕੌਰ ਤੇ ਗੁਰਪ੍ਰੀਤ ਕੌਰ ਨੇ "ਬੈਸਟ ਡਰੈੱਸ" ਦਾ ਖਿਤਾਬ ਹਾਸਲ ਕੀਤਾ। ਇਸ ਸਮੇਂ ਪ੍ਰੋ. ਜਗਦੀਪ ਕੌਰ ਤੇ ਰਮਨਦੀਪ ਕੌਰ (ਰਮਨ ਬੁਟੀਕ) ਨੇ ਜੱਜ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਸਮੇਂ ਫੈਸ਼ਨ ਸ਼ੋ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਕਿਹਾ ਕਿ ਲੜਕੀਆਂ ਦਾ ਆਰਥਿਕ ਪੱਖ ਤੋਂ ਸਵੈ ਨਿਰਭਰ ਹੋਣਾ ਸਮੇਂ ਦੀ ਲੋੜ ਹੈ ਕਿਉਂਕਿ ਔਰਤਾਂ ਅੱਜ ਹਰੇਕ ਖੇਤਰ ਵਿੱਚ ਮੋਹਰੀ ਹੋ ਕੇ ਸਮਾਜ ਨੂੰ ਆਪਣਾ ਵਡਮੁੱਲਾ ਯੋਗਦਾਨ ਦੇ ਰਹੀਆਂ ਹਨ। ਇਸ ਮੌਕੇ ਫੈਸ਼ਨ ਟੈਕਨੋਲੋਜੀ ਵਿਭਾਗ ਦੇ ਮੁਖੀ ਪ੍ਰੋਫੈਸਰ ਜਿੰਕਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਕਿੱਤਾ-ਮੁਖੀ ਕੋਰਸ ਵਿਦਿਆਰਥਣਾਂ ਨੂੰ ਸਵੈ-ਰੁਜ਼ਗਾਰ ਯੋਗ ਬਣਾਉਂਦੇ ਹਨ। ਉਨ੍ਹਾਂ ਨੂੰ ਪੂਰੇ ਉਤਸ਼ਾਹ ਨਾਲ ਅਜਿਹੇ ਮੁਕਾਬਲਿਆਂ 'ਚ ਹਿੱਸਾ ਲੈਣਾ ਚਾਹੀਦਾ ਹੈ। ਵਿਦਿਆਰਥੀਆਂ ਨੂੰ ਹੁਨਰਵੰਦ ਬਣਾਉਣ ਲਈ ਵਰਕਸ਼ਾਪ, ਇੰਡਸਟਰੀ ਟੂਰ ਤੇ ਪ੍ਰਦਰਸ਼ਨੀਆਂ ਲਗਾਈਆਂ ਜਾਂਦੀਆਂ ਹਨ। ਇਸ ਪ੍ਰੋਗਰਾਮ ਦੀ ਸਫਲਤਾ ਵਿੱਚ ਵਿਭਾਗ ਦੇ ਪ੍ਰੋ. ਸੁਰਿੰਦਰ ਕੌਰ, ਪ੍ਰੋ. ਜਸਵਿੰਦਰ ਕੌਰ ਨੇ ਭਰਪੂਰ ਯੋਗਦਾਨ ਪਾਇਆ।

# ਆੜ੍ਹਤੀਆ ਦਾ ਵਫ਼ਦ ਡੀ.ਸੀ. ਸੰਗਰੂਰ ਨੂੰ ਮਿਲਿਆ

ਧੂਰੀ, 24 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਆੜ੍ਹਤੀਆ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਇੱਕ ਵਫ਼ਦ ਨੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਕੁਮਾਰ ਬਬਲੂ ਦੀ ਅਗਵਾਈ ਹੇਠ ਜ਼ਿਲ੍ਹਾ ਸੰਗਰੂਰ ਦੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨਾਲ ਮੁਲਾਕਾਤ ਕੀਤੀ। ਇਸ ਮੌਕੇ ਵਫ਼ਦ ਨੇ ਮੌਜੂਦਾ ਕਣਕ ਖਰੀਦ ਮੌਸਮ ਦੌਰਾਨ ਮੰਡੀਆਂ 'ਚ



ਆ ਰਹੀਆਂ ਦਿੱਕਤਾਂ ਤੇ ਪ੍ਰਬੰਧਕੀ ਚੁਣੌਤੀਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ। ਐਸੋਸੀਏਸ਼ਨ ਦੇ ਆਗੂਆਂ ਨੇ ਦੱਸਿਆ ਕਿ ਕਣਕ ਦੀ ਆਮਦ ਵਧਣ ਕਾਰਨ ਮੰਡੀਆਂ ਵਿੱਚ ਸਟਾਕ ਦਾ ਬੋਝ ਵਧਦਾ ਜਾ ਰਿਹਾ ਹੈ, ਜਿਸ ਨਾਲ ਕਿਸਾਨਾਂ ਅਤੇ ਆੜ੍ਹਤੀਆਂ ਦੋਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਐਸੋਸੀਏਸ਼ਨ ਦੇ ਸੂਬਾ ਚੇਅਰਮੈਨ ਰਵਿੰਦਰ ਸਿੰਘ ਚੀਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਣਕ ਦੀ ਖਰੀਦ ਸੁਚੱਜੇ ਢੰਗ ਨਾਲ ਚੱਲ ਰਹੀ ਹੈ, ਪਰ ਲਿਫਟਿੰਗ ਦੀ ਰਫ਼ਤਾਰ ਹੌਲੀ ਹੋਣ ਕਾਰਨ ਮੰਡੀਆਂ ਵਿੱਚ ਅਨਾਜ ਦੀ ਭਰਮਾਰ ਹੋ ਰਹੀ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਬੇਨਤੀ ਕੀਤੀ ਕਿ ਲਿਫਟਿੰਗ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾਵੇ ਅਤੇ ਜ਼ਿਲ੍ਹਾ ਸੰਗਰੂਰ ਦੀਆਂ ਵੱਖ-ਵੱਖ ਮੰਡੀਆਂ ਵਿੱਚ ਵੱਧ ਤੋਂ ਵੱਧ ਸਪੈਸ਼ਲ ਰੇਲਗੱਡੀਆਂ ਜਾਂ ਵਾਹਨਾਂ ਦੀ ਵਿਵਸਥਾ ਕੀਤੀ ਜਾਵੇ, ਤਾਂ ਜੋ ਅਨਾਜ ਨੂੰ ਸਮੇਂ ਸਿਰ ਗੁਦਾਮਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੰਡੀਆਂ ਵਿੱਚ ਮਜ਼ਦੂਰਾਂ ਤੇ ਆਵਾਜਾਈ ਸਾਧਨਾਂ ਦੀ ਸੰਖਿਆ ਵਧਾਈ ਜਾਵੇ, ਤਾਂ ਜੋ ਖਰੀਦ ਪ੍ਰਕਿਰਿਆ ਬਿਨਾਂ ਰੁਕਾਵਟ ਜਾਰੀ ਰਹੇ ਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਝੱਲਣੀ ਪਵੇ।

ਇਸ ਮੌਕੇ ਸ਼ੈਲਰ ਐਸੋਸੀਏਸ਼ਨ ਦੇ ਆਗੂ ਤੇ ਧੂਰੀ ਇੰਡਸਟਰੀ ਚੈਂਬਰ ਦੇ ਪ੍ਰਧਾਨ ਸੁਰੇਸ਼ ਜਿੰਦਲ ਤੇ ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਸਮੇਤ ਹੋਰ ਕਈ ਆਗੂ ਵੀ ਹਾਜ਼ਰ ਸਨ। ਡੀ.ਸੀ. ਰਾਹੁਲ ਚਾਬਾ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਮੰਡੀਆਂ ਵਿੱਚ ਲਿਫਟਿੰਗ ਦੀ ਗਤੀ ਨੂੰ ਤੇਜ਼ ਕਰਨ ਲਈ ਜਰੂਰੀ ਕਦਮ ਚੁੱਕੇ ਜਾਣਗੇ ਤੇ ਕਿਸਾਨਾਂ ਤੇ ਆੜ੍ਹਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

# ਦੇਸੀ ਪਿਸਤੌਲ ਤੇ ਤਿੰਨ ਜ਼ਿੰਦਾ ਕਾਰਤੂਸਾਂ ਸਮੇਤ ਇੱਕ ਕਾਬੂ

ਤਲਵੰਡੀ ਸਾਬੋ, 24 ਅਪ੍ਰੈਲ (ਰਾਮ ਜਿੰਦਲ ਜਗਾ): ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਨਸ਼ਾ ਅਤੇ ਗੈਂਗਸਟਰਾ ਨੂੰ ਪੰਜਾਬ ਵਿੱਚੋਂ ਖਤਮ ਕਰਨ ਦੇ ਤਹਿਤ ਅੱਜ ਥਾਣਾ ਤਲਵੰਡੀ ਸਾਬੋ ਦੀ ਪੁਲਿਸ ਨੂੰ ਸਮੇਂ ਸਫਲਤਾ ਹਾਸਲ ਹੋਈ ਜਦੋਂ ਇੱਕ ਵਿਅਕਤੀ ਪਾਸੋਂ ਦੇਸੀ ਪਿਸਟਲ 32 ਬੋਰ ਤੇ ਤਿੰਨ ਜਿੰਦਾ ਕਾਰਤੂਸ ਬਰਾਮਦ ਹੋਣ ਦਾ ਸਮਾਂਚਾਰ ਪ੍ਰਾਪਤ ਹੋਇਆ ।ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਐਸ ਆਈ ਕੁਲਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਦੁਰਾਨੇ ਗਸਤ ਰਾਮਾ ਬਾਈਪਾਸ ਕੋਲ ਇੱਕ ਵਿਅਕਤੀ ਪੁਲਿਸ ਨੇ ਸ਼ੱਕੀ ਹਾਲਤ ਵਿੱਚ ਦੇਖਿਆ ਜਿਸ ਨੂੰ ਸ਼ੱਕ ਦੇ ਅਧਾਰ ਤੇ ਰੋਕ ਕੇ ਜਦੋਂ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ ਇੱਕ ਦੇਸੀ ਪਿਸਟਲ 32 ਬੋਰ ਤਿੰਨ ਜਿੰਦਾ ਕਾਰਤੂਸ ਬਰਾਮਦ ਹੋਏ ਪੁਲਿਸ ਵੱਲੋਂ ਥਾਣਾ ਤਲਵੰਡੀ ਸਾਬੋ ਵਿਖੇ ਦੋਸ਼ੀ ਤੇ ਮੁਕਦਮਾ ਨੰ. 93 25,54, 59 ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਹਵਾਲਾਤ ਬੰਦ ਕਰ ਦਿੱਤਾ ਦੋਸ਼ੀ ਦੀ ਪਹਿਚਾਣ ਸੁਰਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਬਾਸੀ ਘੁੱਦਾ ਵਜੋਂ ਹੋਈ ਪੁਲਿਸ ਨੇ ਅਗਲੀ ਕਾਰਵਾਈ ਡੂੰਗਾਈ ਨਾਲ ਸ਼ੁਰੂ ਕਰ ਦਿੱਤੀ।

# ਤਨਖ਼ਾਹਾਂ ਨਾ ਮਿਲਣ ਕਾਰਨ ਸਫ਼ਾਈ ਕਰਮਚਾਰੀਆਂ ਦਾ ਨਗਰ ਕੌਂਸਲ ਨਾਲ ਅੜਿਆ ਪੇਚ, ਹੜਤਾਲ ਜਾਰੀ



ਭਦੌੜ, 24 ਅਪ੍ਰੈਲ (ਸੁਖਵਿੰਦਰ ਪਲਾਹਾ) : ਨਗਰ ਕੌਂਸਲ ਭਦੌੜ ਦੇ ਸਫ਼ਾਈ ਸੇਵਕਾਂ ਵੱਲੋਂ ਪਿਛਲੇ 3 ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਦੇ ਵਿਰੋਧ ਵਿੱਚ ਸ਼ੁਰੂ ਕੀਤੀ ਗਈ ਹੜਤਾਲ ਅੱਜ 7 ਵੇਂ ਦਿਨ ਵੀ ਲਗਾਤਾਰ ਜਾਰੀ ਰਹੀ। ਇਸ ਮਸਲੇ ਨੂੰ ਸੁਲਝਾਉਣ ਲਈ ਅੱਜ ਨਗਰ ਕੌਂਸਲ ਦਫ਼ਤਰ ਵਿਖੇ ਕਾਰਜ ਸਾਧਕ ਅਫ਼ਸਰ ਹਰਪ੍ਰੀਤ ਸਿੰਘ ਅਤੇ ਅਕਾਊਂਟੈਂਟ ਰਾਹੁਲ ਕੁਮਾਰ ਵੱਲੋਂ ਸਫ਼ਾਈ ਸੇਵਕਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ ਪਰ ਤਨਖਾਹਾਂ ਦੀ ਅਦਾਇਗੀ ਸਬੰਧੀ ਕੋਈ ਪੱਕਾ ਭਰੋਸਾ ਨਾ ਮਿਲਣ ਕਾਰਨ ਇਹ ਗੱਲਬਾਤ ਪੂਰੀ ਤਰ੍ਹਾਂ ਬੇਸਿੱਟਾ ਰਹੀ। ਸਫ਼ਾਈ ਸੇਵਕ ਯੂਨੀਅਨ ਦੇ ਆਗੂਆਂ ਜਸਵਿੰਦਰ ਸਿੰਘ ਜੱਸੂ, ਮੋਹਨ ਲਾਲ ਅਤੇ ਰਮੇਸ਼ ਕੁਮਾਰ ਨੇ ਦੋ ਟੁੱਕ ਸ਼ਬਦਾਂ ਵਿੱਚ ਕਿਹਾ ਕਿ ਪੱਕੇ ਮੁਲਾਜ਼ਮਾਂ ਦੀ 3 ਮਹੀਨੇ ਦੀ ਅਤੇ ਕੱਚੇ ਤੇ ਆਊਟਸੋਰਸ ਕਰਮਚਾਰੀਆਂ ਦੀ 2-2 ਮਹੀਨੇ ਦੀ ਤਨਖਾਹ ਰੁਕੀ ਹੋਣ ਕਾਰਨ ਉਨ੍ਹਾਂ ਦੇ ਘਰਾਂ ਦੇ ਚੁੱਲ੍ਹੇ ਬਲਣੇ ਬੰਦ ਹੋ ਗਏ ਹਨ। ਉਨ੍ਹਾਂ ਰੋਸ ਪ੍ਰਗਟਾਇਆ ਕਿ ਪ੍ਰਸ਼ਾਸਨ ਅਤੇ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ ਜਿਸ ਕਾਰਨ ਉਨ੍ਹਾਂ ਨੂੰ ਮਜਬੂਰਨ ਸੰਘਰਸ਼ ਦਾ ਰਸਤਾ ਅਖਤਿਆਰ ਕਰਨਾ ਪਿਆ ਹੈ। ਸਫ਼ਾਈ ਸੇਵਕਾਂ ਨੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਐਲਾਨ ਕੀਤਾ ਕਿ ਜਦੋਂ ਤੱਕ ਬਕਾਇਆ ਤਨਖਾਹਾਂ ਉਨ੍ਹਾਂ ਦੇਖਾਤਿਆਂ ਵਿੱਚ ਜਮ੍ਹਾਂ ਨਹੀਂ ਹੁੰਦੀਆਂ ਉਦੋਂ ਤੱਕ ਸ਼ਹਿਰ ਦੀ ਸਫ਼ਾਈ ਦਾ ਕੰਮ ਮੁਕੰਮਲ ਤੌਰ @ਤੇ ਬੰਦ ਰਹੇਗਾ। ਦੂਜੇ ਪਾਸੇ ਹੜਤਾਲ ਕਾਰਨ ਸ਼ਹਿਰ ਵਿੱਚ ਗੰਦਗੀ ਦੇ ਢੇਰ ਲੱਗਣੇ ਸ਼ੁਰੂ ਹੋ ਗਏ ਹਨ ਪਰ ਮੁਲਾਜ਼ਮ ਆਪਣੀ ਜ਼ਿੱਦ @ਤੇ ਅੜ੍ਹੇ ਹੋਏ ਹਨ ਕਿਉਂਕਿ ਉਨ੍ਹਾਂ ਅਨੁਸਾਰ ਹੜਤਾਲ ਕੀਤੇ ਬਿਨਾਂ ਅਧਿਕਾਰੀਆਂ ਦੀ ਨੀਂਦ ਨਹੀਂ ਖੁੱਲ੍ਹਦੀ।

# ਅਮਲਾ ਸਿੰਘ ਵਾਲਾ ਸਕੂਲ ਵਿੱਚ ਮਨਾਇਆ ਧਰਤੀ ਦਿਵਸ



ਬਰਨਾਲਾ, 24 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਅਮਲਾ ਸਿੰਘ ਵਾਲਾ ਵਿਖੇ ਧਰਤੀ ਦਿਵਸ ਹੈੱਡ ਟੀਚਰ ਨਰਿੰਦਰ ਕੁਮਾਰ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਜਿੱਥੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਬੂਟੇ ਲਗਾਏ ਗਏ ਉੱਥੇ ਵਿਦਿਆਰਥੀਆਂ ਦੇ ਧਰਤੀ ਦਿਵਸ ਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਇਹਨਾਂ ਪੇਂਟਿੰਗਾਂ ਵਿੱਚ ਬੱਚਿਆਂ ਦੁਆਰਾ ਫੈਕਟਰੀਆਂ ਦੁਆਰਾ ਫੈਲਾਏ ਜਾ ਰਹੇ ਪ੍ਰਦੂਸ਼ਣ ਬਾਰੇ ,ਪਾਣੀ ਬਚਾਓ ,ਧਰਤੀ ਬਚਾਓ , ਰੁੱਖਾਂ ਨੂੰ ਬਚਾਉਣ ਬਾਰੇ ਆਦਿ ਪੇਂਟਿੰਗ ਬਣਾਈਆਂ ਗਈਆਂ। ਇਸ ਮੌਕੇ ਬੋਲਦਿਆਂ ਅਧਿਆਪਕਾ ਲਖਵਿੰਦਰ ਕੌਰ ਨੇ ਬੱਚਿਆਂ ਨੂੰ ਕਿਹਾ ਕਿ ਛੋਟੇ ਛੋਟੇ ਕਦਮ ਪੁੱਟ ਕੇ ਅਸੀਂ ਵੱਡਾ ਯੋਗਦਾਨ ਪਾ ਸਕਦੇ ਹਾਂ ਜਿਵੇਂ ਵੱਧ ਤੋਂ ਵੱਧ ਪੌਦੇ ਲਗਾ ਕੇ ,ਪਾਣੀ ਦੀ ਸੰਭਾਲ ਕਰਕੇ, ਮੀਂਹ ਦੇ ਪਾਣੀ ਨੂੰ ਸੰਭਾਲ ਕੇ ,ਸੁੱਕੇ ਅਤੇ ਗਿੱਲੇ ਕੂੜੇ ਨੂੰ ਵੱਖ ਵੱਖ ਰੱਖ ਕੇ , ਹੈੱਡ ਟੀਚਰ ਨਰਿੰਦਰ ਕੁਮਾਰ ਨੇ ਸੰਬੋਧਨ ਕਰਕੇ ਕਿਹਾ ਕਿ ਧਰਤੀ ਸਾਡੀ ਮਾਂ ਵਰਗੀ ਹੈ ਜੋ ਸਾਨੂੰ ਰਹਿਣ ਲਈ ਥਾਂ ,ਖਾਣ ਲਈ ਅੰਨ ਅਤੇ ਜਿਉਣ ਲਈ ਆਕਸੀਜਨ ਦਿੰਦੀ ਹੈ ।ਧਰਤੀ ਦਿਵਸ ਸਿਰਫ਼ ਇੱਕ ਦਿਨ ਦਾ ਜਸ਼ਨ ਨਹੀਂ ਸਗੋਂ ਹਰ ਰੋਜ਼ ਧਰਤੀ ਦੀ ਸੰਭਾਲ ਕਰਨ ਦਾ ਪ੍ਰਣ ਲੈਣ ਦਾ ਦਿਨ ਹੈ ,ਉਹਨਾਂ ਨਾਰਾ ਦਿੱਤਾ ਧਰਤੀ ਬਚਾਓ ,ਜੀਵਨ ਬਚਾਓ । ਇਸ ਮੌਕੇ ਚਿੱਤਰ ਕਲਾ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਗੁਰਜੋਤ ਕੌਰ, ਦੂਜਾ ਸਥਾਨ ਏਕਮਨੂਰ ਕੌਰ, ਤੀਜਾ ਸਥਾਨ ਗੁਰਨੂਰ ਕੌਰ ਅਤੇ ਲਵਲੀਨ ਕੌਰ ਨੇ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਗਗਨਦੀਪ ਸਿੰਘ ਅਧਿਆਪਕ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਨੀਲਮ ਯਾਦਵ ਤੇ ਨਵਜੋਤ ਕੌਰ ਹਾਜ਼ਰ ਸਨ।

# ਸਹਿਕਾਰੀ ਖੇਤੀਬਾੜੀ ਸਭਾ ਚੋਣਾਂ ਦੇ ਨਤੀਜੇ ਐਲਾਨੇ, ਹੇਰਾਫੇਰੀ ਦੇ ਦੋਸ਼ਾਂ ਨਾਲ ਵਿਵਾਦ ਗਹਿਰਾਇਆ



ਤਪਾ ਮੰਡੀ, 24 ਅਪ੍ਰੈਲ (ਭੂਸ਼ਨ ਘੜੈਲਾ/ ਰਾਜੂ ਮਹਿਰਾ) : ਸਹਿਕਾਰੀ ਖੇਤੀਬਾੜੀ ਸਭਾ ਚੋਣਾਂ ਦੇ ਨਤੀਜੇ ਐਲਾਨੇ, ਹੇਰਾਫੇਰੀ ਦੇ ਦੋਸ਼ਾਂ ਨਾਲ ਵਿਵਾਦ ਗਹਿਰਾਇਆ ਦੀ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਦੀਆਂ ਚੋਣਾਂ ਬੀਤੀ ਕੱਲ ਰਿਟਰਨਿੰਗ ਅਫਸਰ ਤਲਵਿੰਦਰ ਸਿੰਘ ਅਤੇ ਸਹਾਇਕ ਰਿਟਰਨਿੰਗ ਅਫਸਰ ਹਰਸ਼ ਬਾਂਸਲ ਦੀ ਦੇਖ-ਰੇਖ ਹੇਠ ਹੋਈਆਂ ਜਿਸ ਵਿੱਚ ਕੁਲ ਵੋਟਾਂ ਵਿੱਚੋਂ 412 ਵੋਟਾਂ ਪੋਲ ਹੋਈਆਂ ਜਿਸ ਨਾਲ ਵੋਟਿੰਗ ਦਰ ਸੰਤੋਸ਼ਜਨਕ ਰਹੀ। ਚੋਣ ਪ੍ਰਕਿਰਿਆ ਦੌਰਾਨ ਥਾਣਾ ਮੁੱਖੀ ਨਵਦੀਪ ਕੌਰ , ਚੌਕੀ ਇੰਚਾਰਜ ਬਲਜੀਤ ਸਿੰਘ ਢਿੱਲੋਂ, ਥਾਣਾ ਮੁੱਖੀ ਰੂੜੇਕੇ ਕਲਾਂ ਬਲਵਿੰਦਰ ਸਿੰਘ, ਸਹਾਇਕ ਥਾਣੇਦਾਰ ਗੁਰਪਿਆਰ ਸਿੰਘ, ਸਹਾਇਕ ਥਾਣੇਦਾਰ ਸੇਵਾ ਸਿੰਘ ਦੀ ਅਗਵਾਈ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਸਨ। ਰਿਟਰਨਿੰਗ ਅਫਸਰ ਤਲਵਿੰਦਰ ਸਿੰਘ ਨੇ ਦੱਸਿਆ ਕਿ 11 ਮੈਂਬਰੀ ਸਭਾ ਵਿੱਚੋਂ ਦੋ ਮੈਂਬਰ ਪਹਿਲਾਂ ਹੀ ਬਿਨਾ ਮੁਕਾਬਲੇ ਚੁਣੇ ਗਏ ਸਨ। ਬਾਕੀ ਅਸਥਾਨਾਂ ਲਈ ਹੋਈ ਚੋਣ ਵਿੱਚ ਕੁੱਲ ਨੌਂ ਮੈਂਬਰਾਂ ਦੀ ਚੋਣ ਹੋਣੀ ਸੀ, ਜਿਸ ਵਿੱਚ 2 ਔਰਤਾਂ ਲਈ ਵੀ ਅਸਥਾਨ ਰੱਖੇ ਗਏ ਸਨ। ਐਲਾਨੇ ਨਤੀਜਿਆਂ ਅਨੁਸਾਰ ਕੁਲਵਿੰਦਰ ਸਿੰਘ ਚੱਠਾ 43 ਵੋਟਾਂ, ਨਿਰਮਲ ਸਿੰਘ 44 ਵੋਟਾਂ, ਬਲਦੀਪ ਸਿੰਘ 39 ਵੋਟਾਂ, ਕੁਲਵੰਤ ਸਿੰਘ ਧਾਲੀਵਾਲ 38 ਵੋਟਾਂ, ਲਖਵੀਰ ਸਿੰਘ 37 ਵੋਟਾਂ, ਗੁਲਾਬ ਸਿੰਘ ਨੂੰ 33 ਵੋਟਾਂ ਅਤੇ ਸੁਖਦੇਵ ਸਿੰਘ 27 ਵੋਟਾਂ ਤੋਂ ਇਲਾਵਾ ਔਰਤ ਵਰਗ ਵਿੱਚ ਰਣਜੀਤ ਕੌਰ ਨੂੰ 46 ਵੋਟਾਂ ਅਤੇ ਪ੍ਰਦੀਪ ਕੌਰ ਨੂੰ 33 ਵੋਟਾਂ ਮਿਲੀਆਂ, ਜਿਨ੍ਹਾਂ ਨੂੰ ਜੇਤੂ ਘੋਸ਼ਿਤ ਕੀਤਾ ਗਿਆ। ਇਸ ਤਰ੍ਹਾਂ ਕੁੱਲ ਨੌਂ ਮੈਂਬਰ ਚੁਣੇ ਗਏ। ਦੂਜੇ ਪਾਸੇ, ਹਾਰੇ ਹੋਏ ਉਮੀਦਵਾਰਾਂ ਵੱਲੋਂ ਚੋਣ ਪ੍ਰਕਿਰਿਆ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਜਾ ਰਹੇ ਹਨ।ਇਸ ਮੌਕੇ ਟਹਿਲਪਰੀਤ ਸਿੰਘ, ਹਰਵਿੰਦਰ ਸਿੰਘ ਅਤੇ ਕਰਮਜੀਤ ਕੌਰ ਸਮੇਤ ਹੋਰ ਉਮੀਦਵਾਰਾਂ ਨੇ ਦੋਸ਼ ਲਾਇਆ ਕਿ ਵੋਟਾਂ ਦੀ ਗਿਣਤੀ ਦੌਰਾਨ ਅਧਿਕਾਰੀਆਂ ਵੱਲੋਂ ਹੇਰਾਫੇਰੀ ਕੀਤੀ ਗਈ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਵੋਟਾਂ ਦੀ ਮੁੜ ਗਿਣਤੀ ਕਰਵਾਈ ਜਾਵੇ ਜਾਂ ਫਿਰ ਚੋਣਾਂ ਦੁਬਾਰਾ ਕਰਵਾਈਆਂ ਜਾਣ। ਇਸ ਮੌਕੇ ਹਾਜਰ ਸਕੱਤਰ ਬਲੌਰ ਸਿੰਘ,ਜਸਵਿੰਦਰ ਸਿੰਘ ਚੱਠਾ,ਰੇਸ਼ਮ ਸਿੰਘ ਸਿਧੂ,ਸਿਕੰਦਰ ਸਿੰਘ ਸਰਾਫ,ਗੁਰਪ੍ਰੀਤ ਸਿੰਘ ਸੁਮਲ,ਨੰਬਰਦਾਰ ਜੁਗਰਾਜ ਸਿੰਘ,ਹਰਦੀਪ ਸਿੰਘ ਸੇਖੋਂ,ਜਗਜੀਤ ਸਿੰਘ ਸਿਧੂ ਆਦਿ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸਿਰੋਪਾਉ ਦੇਕੇ ਸਨਮਾਨਿਤ ਕੀਤਾ ਗਿਆ।

# ਸਬ ਡਵੀਜ਼ਨ ਦਿੜ੍ਹਬਾ ’ਚ ਪੁਲਿਸ ਨੇ 15 ਨਸ਼ਾ ਤਸਕਰ ਕਾਬੂ ਕਰਕੇ 12 ਜਣਿਆਂ ਦੀ ਨਸ਼ਾ ਮੁਕਤੀ ਆਰੰਭੀ : ਐਸ.ਐਸ.ਪੀ.



ਦਿੜ੍ਹਬਾ ਮੰਡੀ, 24 ਅਪ੍ਰੈਲ: (ਸੁਖਵਿੰਦਰ ਸਿੰਘ ਵਿਰਕ) :ਸੰਗਰੂਰ ਪੁਲਿਸ ਨੇ ਸਬ ਡਵੀਜਨ ਦਿੜ੍ਹਬਾ ਅੰਦਰ ‘ਯੁੱਧ ਨਸ਼ਿਆਂ ਵਿਰੁੱਧ’ ਅਤੇ ‘ਪਿੰਡਾਂ ਦੇ ਪਹਿਰੇਦਾਰ’ ਮੁਹਿੰਮ ਦੌਰਾਨ ਨਸ਼ਾ ਤਸਕਰਾਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ 15 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਪ੍ਰਗਟਾਵਾ ਸੰਗਰੂਰ ਦੇ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਕਰਦਿਆਂ ਦੱਸਿਆ ਕਿ ਨਸ਼ਿਨਆਂ ਵਿਰੁੱਧ ਮੁਹਿੰਮ ਦੇ ਚੰਗੇ ਨਤੀਜੇ ਸਾਹਮਣੇ ਆ ਰਹੇ ਹਨ।ਸ੍ਰ ਚਾਹਲ ਨੇ ਦੱਸਿਆ ਕਿ ਦਿੜ੍ਹਬਾ ਸਬ ਡਵੀਜਨ ਦੀ ਪੁਲਿਸ ਨੇ 17 ਅਪ੍ਰੈਲ ਤੋਂ 23 ਅਪ੍ਰੈਲ 2026 ਤੱਕ ਐਨ.ਡੀ.ਪੀ.ਐਸ ਐਕਟ ਤਹਿਤ 09 ਮੁੱਕਦਮੇ ਦਰਜ ਕਰਕੇ 15 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਤੇ ਇੰਨਾਂ ਵੱਖ-ਵੱਖ ਮੁੱਕਦਮਿਆਂ ਵਿੱਚ 228 ਨਸ਼ੀਲੀਆਂ ਗੋਲੀਆਂ ਅਤੇ 24 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਤੋਂ ਇਲਾਵਾ ਨਸ਼ੇ ਦੀ ਦਲਦਲ ਵਿੱਚ ਫਸੇ 07 ਵਿਅਕਤੀਆਂ ਨੂੰ ਨਸ਼ਾ ਮੁਕਤੀ ਕੇਂਦਰ ਵਿੱਚ ਭਰਤੀ ਕਰਵਾਇਆ ਹੈ ਅਤੇ 05 ਵਿਅਕਤੀਆਂ ਦੀ ਓਟ ਸੈਂਟਰ ਵਿੱਚ ਰਜਿਸਟਰੇਸ਼ਨ ਕਰਵਾਕੇ ਦਵਾਈ ਸ਼ੁਰੂ ਕਰਵਾਈ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਬ ਡਵੀਜਨ ਦਿੜ੍ਹਬਾ ਦੀ ਪੁਲਿਸ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ ਟਰੈਫਿਕ ਚਲਾਣ ਕੀਤੇ ਗਏ ਅਤੇ ਅਮਨ ਕਾਨੂੰਨ ਵਿੱਚ ਖਲਲ ਪਾਉਣ ਵਾਲੇ 18 ਵਿਅਕਤੀਆਂ ਖ਼ਿਲਾਫ਼ ਰੋਕੂ ਕਾਰਵਾਈ ਕੀਤੀ ਗਈ। ਇਲਾਕੇ ਵਿੱਚ ਆਮ ਪਬਲਿਕ ਦੀ ਸੁਰੱਖਿਆ ਦੇ ਮੱਦੇ ਨਜ਼ਰ ਦਿਨ-ਰਾਤ ਸਮੇਂ ਨਾਕਾਬੰਦੀ ਅਤੇ ਪੈਟਰੋਲਿੰਗ ਦੌਰਾਨ 60 ਸ਼ੱਕੀ ਵਿਅਕਤੀਆਂ ਖਿਲਾਫ 172 ਬੀ.ਐਨ.ਐਸ.ਐਸ. ਤਹਿਤ ਕਾਰਵਾਈ ਕੀਤੀ ਗਈ ਹੈ।ਐਸ.ਐਸ.ਪੀ ਚਾਹਲ ਨੇ ਲੋਕਾਂ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ,ਸਪੋਰਟਸ ਕਲੱਬਾਂ,ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਲੋਕਾਂ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੇ ਕਾਲੇ ਕਾਰੋਬਾਰ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹ ਦੇਣ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸੰਗਰੂਰ ਪੁਲਿਸ ਵਚਨਬੱਧ ਹੈ ਕਿ ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾਣ।

# ਕਾਲਾ ਚੀਮਾ ਦੇ ਹੋਏ ਅੰਨ੍ਹੇ ਕਤਲ ਦੀ ਗੁੱਥੀ ਸੁਲਝੀ ਪੁਲਿਸ ਨੇ ਤਿੰਨ ਨੌਜਵਾਨਾਂ ਨੂੰ ਕੀਤਾ ਗ੍ਰਿਫ਼ਤਾਰ



ਧਨੌਲਾ, 24 ਅਪ੍ਰੈਲ (ਬਘੇਲ ਸਿੰਘ ਧਾਲੀਵਾਲ / ਚਮਕੌਰ ਸਿੰਘ ਗੱਗੀ): ਸਥਾਨਕ ਨਗਰ ਧਨੌਲਾ ਵਿੱਚ ਛੇ ਮਹੀਨੇ ਪਹਿਲਾਂ ਧਨੌਲਾ ਬਾਈਪਾਸ ਦਾਨ ਗੜ ਰੋਡ ’ਤੇ ਹਰਜਿੰਦਰ ਸਿੰਘ ਉਰਫ ਕਾਲਾ ਚੀਮਾ ਦੇ ਹੋਏ ਅੰਨ੍ਹੇ ਕਤਲ ਦੀ ਗੁੱਥੀ ਬਰਨਾਲਾ ਪੁਲਿਸ ਨੇ ਸੁਲਝਾਉਂਦਿਆਂ ਤਿੰਨ ਨੌਜਵਾਨਾਂ ਨੂੰ ਗਿਰਫਤਾਰ ਕਰਨ ਵਿੱਚ ਸਫ਼ਲਤਾ ਹਾਸਿਲ ਕੀਤੀ ਹੈ, ਜਿਸ ਸਬੰਧੀ ਡੀ ਐਸ ਪੀ ਬਰਨਾਲਾ ਸਤਬੀਰ ਸਿੰਘ ਬੈਂਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 5 ਨਵੰਬਰ 2025 ਦੀ ਰਾਤ ਨੂੰ ਇੱਕ ਖੇਤ ਮੋਟਰ ’ਤੇ ਨੌਜਵਾਨ ਦੀ ਲਾਸ਼ ਮਿਲੀ ਸੀ ਜਿਸ ਦੇ ਸਿਰ ’ਤੇ ਕਾਫੀ ਗੰਭੀਰ ਸੱਟਾਂ ਦੇ ਨਿਸ਼ਾਨ ਸਨ, ਜਿਸ ਨੂੰ ਕਬਜੇ ਵਿੱਚ ਕਰ ਮਿਰਤਕ ਦੇ ਪਰਿਵਾਰਿਕ ਮੈਂਬਰ ਦੇ ਬਿਆਨ ’ਤੇ ਮੁੱਕਦਮਾ ਨੰਬਰ 157 ਅਣਪਛਾਤੇ ਵਿਅਕਤੀਆਂ ਖਿਲਾਫ ਕਤਲ ਦਾ ਮਾਮਲਾ ਦਰਜ ਕਰਕੇ ਤਫਤੀਸ਼ ਆਰੰਭ ਦਿੱਤੀ ਗਈ ਸੀ। ਉਹਨਾਂ ਕਿਹਾ ਕਿ ਬਰਨਾਲਾ ਧਨੌਲਾ ਪੁਲਿਸ ਵੱਲੋਂ ਕੀਤੀ ਅਣਥੱਕ ਮਿਹਨਤ ਸਦਕਾ ਤਿੰਨ ਵਿਅਕਤੀਆਂ ਨੂੰ ਗਿਰਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ। ਉਹਨਾਂ ਦੱਸਿਆ ਕਿ ਮਾਰਨ ਵਾਲੇ ਮਿਰਤਕ ਦੇ ਚਾਚੇ ਤਾਇਆਂ ਦੇ ਬੇਟੇ ਹਨ, ਜਿਨ੍ਹਾਂ ਦੀ ਪਹਿਚਾਣ ਗੁਰਪ੍ਰੀਤ ਸਿੰਘ ਹਰਵਿੰਦਰ ਸਿੰਘ ਅਤੇ ਹਰਪ੍ਰੀਤ ਸਿੰਘ, ਜਿਨ੍ਹਾਂ ਦਾ ਮਿਰਤਕ ਨਾਲ ਜਮੀਨੀ ਵਿਵਾਦ ਚੱਲ ਰਿਹਾ ਸੀ, ਜਿਸ ਵਿਚ ਮਿਰਤਕ ਨੇ ਕੋਈ ਜਮੀਨ ਦਾ ਸੌਦਾ ਕਰਵਾਇਆ ਸੀ, ਜਿਸ ਵਿੱਚ ਹਰਵਿੰਦਰ ਸਿੰਘ ਨਾਲ ਕੁਝ ਪੈਸਿਆਂ ਦਾ ਲੈਣ ਦੇਣ ਸਾਹਮਣੇ ਆਇਆ ਸੀ। ਜਿਸ ਕਾਰਨ ਉਹਨਾਂ ਵੱਲੋਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ, ਪਰ ਇਸ ਸਾਰੀ ਘਟਨਾ ਦੇ ਦੂਜੇ ਪੱਖ ਨਾਜਾਇਜ਼ ਸਬੰਧਾਂ ਕਾਰਨ ਕੀਤਾ ਗਿਆ ਕਤਲ ਬਾਰੇ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੰਦਿਆਂ ਡੀ ਐਸ ਪੀ ਨੇ ਦੱਸਿਆ ਕਿ ਮੁੱਢਲੀ ਪੁੱਛਗਿਛ ਵਿੱਚ ਜਮੀਨੀ ਵਿਵਾਦ ਸਾਹਮਣੇ ਆਇਆ ਹੈ। ਨਾਜਾਇਜ਼ ਸਬੰਧ ਕਿਸ ਨਾਲ ਸਨ ਕਤਲ ਦੇ ਮੁੱਖ ਕਾਰਨਾਂ ਸਮੇਤ ਵਜਾ ਰੰਜਿਸ਼ ਬਾਰੇ ਰਿਮਾਂਡ ਲੈਣ ਤੋਂ ਬਾਅਦ ਪੂਰੀ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾਵੇਗੀ। ਜਿਕਰਯੋਗ ਹੈ ਕਿ ਕਾਲਾ ਚੀਮਾ ਦੇ ਕਤਲ ਤੋਂ ਬਾਅਦ ਲੋਕ ਚਰਚਾ ਕਥਿਤ ਤੌਰ ’ਤੇ ਜਨਾਨੀ ਅਤੇ ਅਣਖ ਖਾਤਰ ਕੀਤੇ ਕਤਲ ਬਾਰੇ ਚੱਲ ਰਹੀ ਸੀ, ਜਿਸ ਬਾਰੇ ਪੁਲਿਸ ਨੇ ਦੋਵਾਂ ਪਹਿਲੂਆਂ ’ਤੇ ਕੰਮ ਕੀਤਾ, ਭਾਵੇਂ ਪੁਲਿਸ ਵਲੋਂ ਇਸ ਨੂੰ ਜਮੀਨੀ ਵਿਵਾਦ ਪੈਸਿਆਂ ਦੇ ਲੈਣ ਦੇਣ ਕਾਰਨ ਕੀਤਾ ਗਿਆ ਕਤਲ ਦੱਸਿਆ ਜਾ ਰਿਹਾ ਪਰ ਲੋਕ ਅੱਜ ਵੀ ਇਸ ਕਤਲ ਨੂੰ ਅਣਖ ਖਾਤਰ ਕੀਤਾ ਗਿਆ ਕਤਲ ਆਖ ਰਹੇ ਹਨ।

# ਮਰਦਮਸ਼ੁਮਾਰੀ 2027 : ਸੁਪਰਵਾਈਜ਼ਰਾਂ ਅਤੇ ਗਿਣਤੀਕਾਰਾਂ ਦੀ ਟ੍ਰੇਨਿੰਗ ਸ਼ੁਰੂ



ਬਰਨਾਲਾ, 24 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਭਾਰਤ ਸਰਕਾਰ ਵੱਲੋਂ ਕਰਵਾਈ ਜਾ ਰਹੀ ਮਰਦਮਸ਼ੁਮਾਰੀ 2027 ਦੇ ਪਹਿਲੇ ਪੜਾਅ ਤਹਿਤ ਸਵੈ ਗਣਨਾ ਅਤੇ ਹਾਊਸ ਲਿਸਟਿੰਗ ਆਉਂਦੇ ਦਿਨੀਂ ਸ਼ੁਰੂ ਹੋਣ ਵਾਲੀ ਹੈ ਜਿਸ ਤਹਿਤ ਅੱਜ ਜ਼ਿਲ੍ਹੇ ਦੀਆਂ ਤਿੰਨਾਂ ਸਬ ਡਿਵੀਜ਼ਨਾਂ ਵਿੱਚ ਫੀਲਡ ਸਟਾਫ਼ ਦੀ ਟ੍ਰੇਨਿੰਗ ਸ਼ੁਰੂ ਹੋ ਗਈ ਹੈ। ਅੱਜ ਡਿਪਟੀ ਕਮਿਸ਼ਨਰ ਬਰਨਾਲਾ ਸਹਿਤ ਪ੍ਰਮੁੱਖ ਜਨਗਣਨਾ ਅਫ਼ਸਰ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੰਧੂ ਪੱਤੀ ਅਤੇ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਵਿੱਚ ਚੱਲ ਰਹੀ ਟ੍ਰੇਨਿੰਗ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਮਰਦਮਸ਼ੁਮਾਰੀ 2027 ਦਾ ਕਾਰਜ ਬਹੁਤ ਅਹਿਮ ਹੈ ਅਤੇ ਹਰ ਅਧਿਕਾਰੀ ਤੇ ਕਰਮਚਾਰੀ ਦਾ ਇਹ ਨੈਤਿਕ ਫ਼ਰਜ ਹੈ ਕਿ ਉਹ ਪੂਰੀ ਤਨਦੇਹੀ ਨਾਲ ਇਸ ਕਾਰਜ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਵੇ। ਓਹਨਾਂ ਸਾਰੇ ਸਟਾਫ਼ ਨੂੰ ਇਸ ਕਾਰਜ ਨੂੰ ਸੰਜੀਦਗੀ ਨਾਲ ਕਰਨ ਦਾ ਸੱਦਾ ਦਿੱਤਾ ਇਸੇ ਤਰ੍ਹਾਂ ਐੱਸ ਡੀ ਐਮ ਮਹਿਲ ਕਲਾਂ ਸ੍ਰੀਮਤੀ ਕ੍ਰਿਤਿਕਾ ਗੋਇਲ ਵੱਲੋਂ ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲ ਕਲਾਂ ਵਿੱਚ ਟ੍ਰੇਨਿੰਗ ਦਾ ਜਾਇਜ਼ਾ ਗਿਆ। ਓਹਨਾਂ ਨੇ ਮਰਦਮਸ਼ੁਮਾਰੀ ਦੇ ਕੰਮ ਵਿੱਚ ਲੱਗੇ ਸਮੁੱਚੇ ਅਮਲੇ ਵੱਲੋਂ ਟ੍ਰੇਨਿੰਗ ਪ੍ਰਾਪਤ ਕਰਨ ਵਿੱਚ ਦਿਖਾਈ ਜਾ ਰਹੀ ਰੁਚੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਧ ਵੱਧ ਲੋਕਾਂ ਨੂੰ ਸਵੈ ਗਣਨਾ ਲਈ ਪ੍ਰੇਰਿਤ ਕੀਤਾ ਜਾਵੇ। ਦੱਸਣਯੋਗ ਹੈ ਕਿ ਜਨਗਣਨਾ 2027 ਦੇ ਪਹਿਲੇ ਪੜਾਅ ਤਹਿਤ 15 ਮਈ ਤੋਂ 13 ਜੂਨ 2026 ਤੱਕ ਘਰਾਂ ਦਾ ਸੂਚੀਕਰਨ (8*®) ਸ਼ੁਰੂ ਹੋਵੇਗਾ। ਇਹ ਦੇਸ਼ ਦੀ ਪਹਿਲੀ ਡਿਜੀਟਲ ਜਨਗਣਨਾ ਹੋਵੇਗੀ, ਜਿਸ ਵਿੱਚ 30 ਅਪ੍ਰੈਲ ਤੋਂ 14 ਮਈ 2026 ਤੱਕ ਸੈਲਫ-ਇਨਿਊਮਰੇਸ਼ਨ (ਖੁਦ ਜਾਣਕਾਰੀ ਭਰਨ) ਦੀ ਸਹੂਲਤ ਵੀ ਮਿਲੇਗੀ।

# 669 ਆਂਗਨਵਾੜੀ ਸੈਂਟਰਾਂ ’ਚ ਪੋਸ਼ਣ ਪਖਵਾੜਾ ਤਹਿਤ ਲਗਾਏ ਕੈਂਪ



ਬਰਨਾਲਾ, 24 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ 9 ਅਪ੍ਰੈਲ ਤੋਂ 23 ਅਪ੍ਰੈਲ ਤੱਕ ਮਨਾਏ ਜਾ ਰਹੇ ਪੋਸ਼ਣ ਪਖਵਾੜਾ ਜਾਗਰੂਕਤਾ ਮੁਹਿੰਮ ਦੇ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰਪਾਲ ਕੌਰ ਧਾਰੀਵਾਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਬਰਨਾਲਾ ‘ਚ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਜਿਸ ਤਹਿਤ ਜ਼ਿਲ੍ਹੇ ਦੇ 669 ਆਂਗਣਵਾੜੀ ਸੈਂਟਰਾਂ ‘ਚ ਇਸ ਮਹਿੰਮ ਨੂੰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸਦਾ ਮੁੱਖ ਉਦੇਸ਼ ਮਾਪਿਆਂ ਨੂੰ ਬੱਚਿਆਂ ਦੇ ਸਹੀ ਪੋਸ਼ਣ ਬਾਰੇ ਜਾਣਕਾਰੀ ਦੇਣਾ ਅਤੇ ਮਹਿਲਾਵਾਂ ਤੇ ਬੱਚਿਆਂ ਦੀ ਸਿਹਤ ਵਿੱਚ ਸੁਧਾਰ ਲਿਆਉਣਾ ਸੀ। ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੱਲੋਂ ਘਰ - ਘਰ ਜਾ ਕੇ ਮਾਤਾਵਾਂ ਨੂੰ ਸੰਤੁਲਿਤ ਆਹਾਰ,ਸਫਾਈ ਅਤੇ ਸਿਹਤ ਸੰਬੰਧੀ ਜਰੂਰੀ ਜਾਣਕਾਰੀ ਦਿੱਤੀ ਗਈ। ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਪੋਸ਼ਣ ਯੁਕਤ ਖੁਰਾਕ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਇਸ ਮੁਹਿੰਮ ਦੌਰਾਨ ਪੋਸਟਰ ਤਿਆਰ ਕਰਨ ਅਤੇ ਸਮੂਹ ਚਰਚਾਵਾਂ ਰਾਹੀਂ ਲੋਕਾਂ ਨੂੰ ਜਾਗਰੂਕਤਾ ਕੀਤਾ ਗਿਆ। ਇਸ ਦੇ ਨਾਲ ਹੀ ਰੋਜਾਨਾ ਦੀਆ ਆਦਤਾਂ ਜਿਵੇਂ ਕਿ ਹੱਥ ਧੋਣਾਂ, ਸਮੁੱਚੇ ਘਰ ਅਤੇ ਆਲੇ-ਦੁਆਲੇ ਦੀ ਸਾਫ-ਸਫਾਈ ਅਤੇ ਅਨੀਮੀਆ ਤੋਂ ਬਚਾਅ ਵਰਗੇ ਮਹੱਤਵਪੂਰਨ ਵਿਸ਼ਿਆਂ ਬਾਰੇ ਜਾਗਰੂਕ ਕੀਤਾ ਗਿਆ । ਆਂਗਣਵਾੜੀ ਸੈਂਟਰਾਂ @ਚ ਪੋਸ਼ਣ ਥਾਲੀ ਦੇ ਮਾਡਲ ਪੇਸ਼ ਕਰਕੇ ਲੋਕਾਂ ਨੂੰ ਸੰਤੁਲਿਤ ਖੁਰਾਕ ਦੀ ਚੋਣ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ 0-6 ਸਾਲ ਦੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਵੱਡੀ ਗਿਣਤੀ ‘ਚ ਭਾਗ ਲਿਆ। ਇਸ ਉਪਰਾਲੇ ਨਾਲ ਸਮਾਜ ‘ਚ ਪੋਸ਼ਣ ਪ੍ਰਤੀ ਜਾਗਰੂਕਤਾ ‘ਚ ਵਾਧਾ ਹੋਣ ਦੇ ਨਾਲ-ਨਾਲ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਨਾ ਮਿਲੇਗੀ।

# ਵਿਦਿਆਰਥੀ ਪਾਠਕ੍ਰਮ ਦੇ ਨਾਲ ਨਾਲ ਹੋਰ ਪੁਸਤਕਾਂ ਪੜ੍ਹਨ ਦੀ ਆਦਤ ਵੀ ਪਾਉਣ



ਬਰਨਾਲਾ, 24 ਅਪ੍ਰੈਲ ( ਸੁਖਵਿੰਦਰ ਸਿੰਘ ਭੰਡਾਰੀ) : ਇਨਸਾਨ ਖਾਸ ਕਰਕੇ ਵਿਦਿਆਰਥੀਆਂ ਦੇ ਜੀਵਨ @ਚ ਪੁਸਤਕਾਂ ਦਾ ਬਹੁਤ ਵੱਡਾ ਮਹੱਤਵ ਹੈ। ਵਿਦਿਆਰਥੀਆਂ ਨੂੰ ਪਾਠਕ੍ਰਮ ਦੇ ਨਾਲ ਨਾਲ ਹੋਰ ਪੁਸਤਕਾਂ ਪੜ੍ਹਨ ਦੀ ਆਦਤ ਪਾਉਣੀ ਚਾਹੀਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਮਾਜ ਸੇਵੀ ਭੋਲਾ ਸਿੰਘ ਵਿਰਕ, ਸੰਜੀਵ ਬਾਂਸਲ ਐਮ ਡੀ ਕੋਪਲ ਕੰਪਨੀ ਸੂਲਰ ਘਰਾਟ ਵਾਲੇ, ਸੀਨੀਅਰ ਐਡਵੋਕੇਟ ਰਾਜੀਵ ਮਿੱਤਲ, ਸਾਹਿਤਕਾਰ ਡਾ ਰਾਹੁਲ ਰੁਪਾਲ, ਬਸੰਤ ਕੁਮਾਰ ਗੋਇਲ ਚੇਅਰਮੈਨ ਨੇਤ ਰਾਮ ਟਰੱਸਟ ਬਰਨਾਲਾ ਅਤੇ ਡਾ ਰਾਜੀਵ ਸ਼ਰਮਾ ਨੇ ਕਿਹਾ ਕਿ ਪਾਠਕ੍ਰਮ ਦੀਆਂ ਪੁਸਤਕਾਂ ਦੇ ਨਾਲ ਨਾਲ ਹੋਰ ਪੁਸਤਕਾਂ ਪੜ੍ਹਨ ਲਈ ਵਿਦਿਆਰਥੀਆਂ ਨੂੰ ਆਦਤ ਪਾਉਣੀ ਚਾਹੀਦੀ ਹੈ॥ ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮੋਬਾਈਲ ਤੋਂ ਦੂਰੀ ਬਣਾ ਕੇ ਪੁਸਤਕ ਨਾਲ ਨੇੜਤਾ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਾਠਕ ਜ਼ਿਲ੍ਹਾ ਭਾਸ਼ਾ ਦਫ਼ਤਰ ਬਰਨਾਲਾ ਦੇ ਪੁਸਤਕ ਵਿੱਕਰੀ ਕੇਂਦਰ ਤੋਂ ਬਹੁਤ ਹੀ ਘੱਟ ਕੀਮਤ @ਤੇ ਪੁਸਤਕਾਂ ਦੀ ਖ਼ਰੀਦ ਕਰ ਸਕਦੇ ਹਨ। ਉਕਤ ਸਮਾਜ ਸੇਵੀਆਂ ਨੇ ਆਪਣੇ ਸੰਬੋਧਨ @ਚ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰਹਿ ਕੇ ਪੁਸਤਕਾਂ ਨਾਲ ਨੇੜਤਾ ਵਧਾਉਣ ਲਈ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਇਨਸਾਨ ਦੇ ਜੀਵਨ ਨੂੰ ਰੌਸ਼ਨ ਕਰਨ @ਚ ਪੁਸਤਕਾਂ ਦੀ ਹਮੇਸ਼ਾ ਦੀ ਮੁੱਖ ਭੂਮਿਕਾ ਰਹੀ ਹੈ। ਪੁਸਤਕਾਂ ਪੜ੍ਹ ਕੇ ਪ੍ਰਾਪਤ ਕੀਤੇ ਗਿਆਨ ਨਾਲ ਵਿਦਿਆਰਥੀਆਂ ਦੀ ਪੂਰਨ ਸ਼ਖ਼ਸੀਅਤ ਉਸਾਰੀ ਹੁੰਦੀ ਹੈ ਅਤੇ ਉਹ ਗਿਆਨਵਾਨ ਅਤੇ ਸੰਸਕਾਰੀ ਬਣਦੇ ਹਨ।

# ਵਾਰਡ ਨੰਬਰ 11 ਤੋਂ ਆਜ਼ਾਦ ਚੋਣ ਲੜਨ ਦਾ ਐਲਾਨ

## ਵਾਰਡਬੰਦੀ ਮਸਲੇ ’ਤੇ ਮੈਂ ਸ਼ਹਿਰ ਵਾਸੀਆਂ ਨਾਲ : ਦਰਸ਼ਨ ਘਾਰੂ



ਬੁਢਲਾਡਾ, 24 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) :ਆਮ ਆਦਮੀ ਪਾਰਟੀ ਦੇ ਨਿਰਧੜਕ ਆਗੂ ਵਜੋਂ ਜਾਣੇ ਜਾਂਦੇ ਦਰਸ਼ਨ ਘਾਰੂ ਨੇ ਕਿਹਾ ਹੈ ਕੇ ਮੇਰੇ ਲਈ ਸ਼ਹਿਰ ਨਿਵਾਈ ਪਹਿਲਾਂ ਹਨ ਪਾਰਟੀ ਬਾਅਦ ਵਿੱਚ ਮੈਂ ਬੋਹਾ ਵਾਰਡਬੰਦੀ ਦੇ ਮਸਲੇ ’ਤੇ ਸ਼ਹਿਰ ਨਿਵਾਸੀਆਂ ਨਾਲ ਖੜ੍ਹਾ ਹਾਂ.। ਉਹਨਾਂ ਕਿਹਾ ਕਿ ਸ਼ਹਿਰ ਨਿਵਾਸੀਆਂ ਤੋਂ ਮਿਲ ਰਹੇ ਅਥਾਹ ਪਿਆਰ ਨੂੰ ਦੇਖਦੇ ਹੋਏ ਮੈਂ ਪਾਰਟੀਬਾਜ਼ੀ ਤੋਂ ਉੱਪਰ ਉਠਕੇ ਅਜ਼ਾਦ ਚੋਣ ਲੜਾਂਗਾ।ਘਾਰੂ ਵੱਲੋਂ ਲਏ ਇਸ ਫੈਸਲੇ ਦੀ ਭਰਪੂਰ ਸ਼ਲਾਘਾ ਹੋ ਰਹੀ ਹੈ. ਘਾਰੂ ਵੱਲੋਂ ਲੜਕੀਆਂ ਦੇ ਸਕੂਲ ’ਤੇ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਹਟਾਉਣ ਲਈ ਕੀਤੇ ਗਏ ਅਣਥੱਕ ਯਤਨ ਵੀ ਉਹਨਾਂ ਦੀ ਜਿੱਤ ਦਾ ਰਾਹ ਪੱਧਰਾ ਕਰਨਗੇ।ਇਸ ਤੋਂ ਇਲਾਵਾ ਬਰਸਾਤਾਂ ਦੇ ਸੀਜਨ ਦੌਰਾਨ ਘਾਰੂ ਨੇ ਪਾਣੀ ਦੀ ਨਿਕਾਸੀ ਲਈ ਬਣੇ ਵਾਟਰ ਪਲਾਂਟ ਨੂੰ ਚਲਵਾਉਣ ਲਈ ਤਕੜੀ ਜੱਦੋ ਜਹਿਦ ਕੀਤੀ ਖੁਦ ਪਾਣੀ ਵਿੱਚ ਵੜਕੇ ਅੱਧੀ ਅੱਧੀ ਰਾਤ ਤਕ ਮਿੱਟੀ ਨਾਲ ਮਿੱਟੀ ਹੁੰਦੇ ਰਹੇ, ਜਿਸ ਕਾਰਨ ਉਹ ਸ਼ਹਿਰ ਨਿਵਾਸੀਆਂ ਦੇ ਦਿਲ ਜਿੱਤਣ ਵਿੱਚ ਸਫਲ ਰਹੇ ਪਰ ਜੇ ਦੇਖਿਆ ਜਾਵੇ ਤਾਂ ਪਾਰਟੀ ਨੇ ਉਹਨਾਂ ਦੀ ਮਿਹਨਤ ਦਾ ਬਣਦਾ ਮੁੱਲ ਨਹੀਂ ਪਾਇਆ, ਸਗੋਂ ਉਹਨਾਂ ਦੇ ਕੰਮ ਨੂੰ ਹਮੇਸ਼ਾ ਨਜ਼ਰਅੰਦਾਜ਼ ਕੀਤਾ। ਅਜਿਹੇ ਵਿੱਚ ਘਾਰੂ ਹੋਰ ਵੀ ਵੱਡੇ ਫੈਸਲੇ ਲੈ ਸਕਦੇ ਹਨ। ਹੁਣ ਵੀ ਇਹਨਾਂ ਨੇ ਜੋ ਅਜਾਦ ਚੋਣ ਲੜਨ ਦਾ ਫੈਸਲਾ ਕੀਤਾ ਹੈ ਇਸਦੇ ਪਿੱਛੇ ਹੋਰ ਵੀ ਕਾਰਨ ਹੋ ਸਕਦੇ ਹਨ ਪਰ ਫਿਲਹਾਲ ਉਹਨਾਂ ਨੇ ਸ਼ਹਿਰ ਵਿੱਚ ਕੀਤੀ ਗਈ ਗ਼ਲਤ ਵਾਰਡ ਬੰਦੀ ਕਾਰਨ ਲੋਕਾਂ ਦੇ ਰੋਹ ਨੂੰ ਦੇਖਦੇ ਹੋਏ ਪਾਰਟੀ ਨੂੰ ਇੱਕ ਪਾਸੇ ਕਰਕੇ ਲੋਕਾਂ ਨਾਲ ਖੜ੍ਹਨ ਦਾ ਫੈਸਲਾ ਕੀਤਾ ਹੈ।

# ਮੱਛਰਾਂ ਤੋਂ ਫ਼ੈਲਣ ਵਾਲੀ ਬਿਮਾਰੀ ਮਲੇਰੀਆ ਘਾਤਕ ਅਤੇ ਜਾਨਲੇਵਾ ਵਿਸ਼ੇ ’ਤੇ ਜਾਗਰੂਕਤਾ ਗੋਸ਼ਟੀ ਕਰਵਾਈ



ਬਰਨਾਲਾ, 24 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਹਰ ਸਾਲ 25 ਅਪ੍ਰੈਲ ਦਾ ਦਿਨ ਮਲੇਰੀਆ ਬਾਰੇ ਜਨ-ਜਾਗਰੂਕਤਾ ਲਈ ਵਿਸ਼ਵ ਪੱਧਰ ਤੇ ਮਨਾਇਆ ਜਾਂਦਾ ਹੈ । ਮਲੇਰੀਆ ਮੱਛਰਾਂ ਤੋਂ ਫ਼ੈਲਣ ਵਾਲੀ ਇੱਕ ਘਾਤਕ ਜਾਨਲੇਵਾ ਬਿਮਾਰੀ ਹੈ,ਇਸ ਲਈ ਮਲੇਰੀਆ ਬੀਮਾਰੀ ਤੋਂ ਸੁਚੇਤ ਰਹਿਣਾ ਬਹੁਤ ਜ਼ਰੂਰੀ ਹੈ। ਇਸ ਜਾਗਰੂਕਤਾ ਗੋਸ਼ਟੀ ਚ ਆਪਣੇ ਵਿਚਾਰ ਸਾਂਝੇ ਕਰਦਿਆਂ ਡਾਕਟਰ ਰਾਹੁਲ ਰੁਪਾਲ, ਸਮਾਜ ਸੇਵੀ ਨੀਰਜ ਸਿੰਗਲਾ ਪ੍ਰਧਾਨ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ, ਪ੍ਰੋਫ਼ੈਸਰ ਡਾ ਮਨਦੀਪ ਸਿੰਘ ਘਈ, ਕੁਲਦੀਪ ਸਿੰਘ ਸੰਧੂ ਗੁੱਗ ਪ੍ਰਧਾਨ ਮਨ ਮਸੀਹਾ ਫਾਊਂਡੇਸ਼ਨ ਬਰਨਾਲਾ, ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੋਸਾਇਟੀ ਬਰਨਾਲਾ ਦੇ ਸਕੱਤਰ ਹਰਮਨਜੀਤ ਸਿੰਘ ਰੁਪਾਲ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਗੁਰਮੀਤ ਸਿੰਘ ਮੀਮਸਾ ਨੇ ਕਿਹਾ ਕਿ ਗਰਮੀਆਂ ਦਾ ਮੌਸਮ ਸ਼ੁਰੂ ਹੁੰਦਿਆਂ ਹੀ ਮੱਛਰਾਂ ਦੀ ਭਰਮਾਰ ਵੱਧਣ ਨਾਲ ਮਲੇਰੀਆ ਬੁਖਾਰ ਦੇ ਮਰੀਜ਼ਾਂ ਦੀ ਗਿਣਤੀ ਵੀ ਵਧਣੀ ਸ਼ੁਰੂ ਹੋ ਜਾਂਦੀ ਹੈ ਜੋ ਇੱਕ ਬਹੁਤ ਵੱਡਾ ਚਿੰਤਾਂ ਦਾ ਵਿਸ਼ਾ ਹੈ । ਬਰਸਾਤ ਦੇ ਮੌਸਮ ਵਿੱਚ ਮਲੇਰੀਆ ਦੀ ਰੋਕਥਾਮ ਲਈ ਆਪਾ ਆਪਣੇ ਘਰਾਂ ਦੀਆਂ ਛੱਤਾਂ ਤੇ ਖਾਲੀ ਪਏ ਬਰਤਨਾਂ , ਟਾਇਰਾਂ ਅਤੇ ਹੋਰ ਕਬਾੜ ਨੂੰ ਢੱਕ ਕੇ ਰੱਖੀਏ। ਫਰਿੱਜ,ਕੂਲਰ ਆਦਿ ਨੂੰ ਹਰ ਹਫ਼ਤੇ ਖਾਲੀ ਕਰਕੇ ਸੁਕਾਉਣਾ ਬਹੁਤ ਜਰੂਰੀ ਹੈ, ਪਸ਼ੂਆਂ ਨੂੰ ਪਾਣੀ ਪਿਲਾਉਣ ਵਾਲੀਆਂ ਖੇਲਾਂ ਨੂੰ ਹਰ ਹਫ਼ਤੇ ਖਾਲੀ ਕਰਕੇ ਸਾਫ਼ ਕਰੀਏ। ਮਲੇਰੀਆ ਹੋਣ ਦੀ ਹਾਲਤ ਚ ਤੁਰੰਤ ਨੇੜੇ ਦੀ ਸਿਹਤ ਸੰਸਥਾ ਜਾਂ ਸਰਕਾਰੀ ਹਸਪਤਾਲ ਨਾਲ ਸੰਪਰਕ ਕਰਕੇ ਆਪਣਾ ਇਲਾਜ ਕਰਵਾਉਣਾ ਚਾਹੀਦਾ ਹੈ। ਮਲੇਰੀਆ ਦੀ ਰੋਕਥਾਮ ਲਈ ਜਾਗਰੂਕਤਾ ਸਰਗਰਮੀਆਂ ਅਮਲ ’ਚ ਲਿਆਣੀਆਂ ਚਾਹੀਦੀਆਂ ਹਨ। ਇਸ ਵਿਸ਼ਵਵਿਆਪੀ ਬਿਮਾਰੀ ਤੋਂ ਮੁਕਤੀ ਲਈ ਵਿਦਿਅਕ ਅਦਾਰਿਆਂ ਵਿੱਚ ਸਵੇਰ ਦੀ ਸਭਾ ਮੌਕੇ ਵਿਦਿਆਰਥੀਆਂ ਅਤੇ ਸਟਾਫ ਨੂੰ ਮੱਛਰਾਂ ਨੂੰ ਪੈਦਾ ਹੋਣ ਤੋਂ ਰੋਕਣ ਅਤੇ ਆਲਾ-ਦੁਆਲਾ ਸਾਫ ਰੱਖਣ ਸਬੰਧੀ ਪ੍ਰੇਰਿਤ ਕਰਕੇ ਇਸ ਮੁਹਿੰਮ ਵਿੱਚ ਸ਼ਾਮਿਲ ਕਰਨਾ ਚਾਹੀਦਾ ਹੈ।

# ਵਾਈ.ਐਸ. ਸਕੂਲ ਨੇ ਨੇਚਰ ਕਲੱਬ ਨਾਲ ਮਿਲ ਕੇ ਪੰਛੀਆਂ ਲਈ ਆਲ੍ਹਣੇ ਲਗਾਏ



ਬਰਨਾਲਾ, 24 ਅਪ੍ਰੈਲ (ਹਮੀਰ ਸਿੰਘ) : YS ਸਕੂਲ ਬਰਨਾਲਾ ਨੇ ਨੇਚਰ ਕਲੱਬ ਬਰਨਾਲਾ ਸ਼੍ਰੀ ਸਕੂਲ ਕੌਸ਼ਲ ਅਤੇ ਸ਼੍ਰੀ ਸੁਮਿਤ ਬਾਂਸਲ ਦੀ ਅਗਵਾਈ ਵਿੱਚ ਨੌਜਵਾਨ ਵਿਦਿਆਰਥੀਆਂ ਵਿੱਚ ਵਾਤਾਵਰਨ ਜਾਗਰੂਕਤਾ ਵਧਾਉਣ ਲਈ ਸਾਂਝ ਪਾਈ ਹੈ। ਇਸ ਮੌਕੇ ‘ਜੂਨੀਅਰ ਨੇਚਰ ਕਲੱਬ’ ਦੀ ਸ਼ੁਰੂਆਤ ਕੀਤੀ ਗਈ, ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ ਅਸਲੀ ਜੀਵਨ ਵਿੱਚ ਵਾਤਾਵਰਨ ਸੰਬੰਧੀ ਗਤੀਵਿਧੀਆਂ ਨਾਲ ਜੋੜਨਾ ਹੈ। ਵਿਦਿਆਰਥੀਆਂ ਨੇ ਨੇੜਲੇ ਰਿਹਾਇਸ਼ੀ ਇਲਾਕਿਆਂ ਵਿੱਚ ਪੰਛੀਆਂ ਲਈ ਆਲ੍ਹਣੇ ਲਗਾ ਕੇ ਸਥਾਨਕ ਪੰਛੀਆਂ ਦੀ ਸੰਭਾਲ ਵਿੱਚ ਯੋਗਦਾਨ ਪਾਇਆ। ਇਸ ਪਹਿਲ ਦਾ ਮਕਸਦ ਸ਼ਹਿਰੀ ਜੰਗਲੀ ਜੀਵਾਂ ਦੀ ਸੰਭਾਲ ਨੂੰ ਉਤਸ਼ਾਹਿਤ ਕਰਨਾ ਅਤੇ ਪੰਛੀ-ਮਿੱਤਰ ਵਾਤਾਵਰਣ ਤਿਆਰ ਕਰਨਾ ਹੈ। ਇਸ ਦੇ ਨਾਲ- ਨਾਲ ਵਿਦਿਆਰਥੀਆਂ ਅਤੇ ਨੇਚਰ ਕਲੱਬ ਦੇ ਮੈਂਬਰਾਂ ਵੱਲੋਂ ਰੁੱਖ ਲਗਾਉਣ ਦੀ ਮੁਹਿੰਮ ਵੀ ਚਲਾਈ ਗਈ, ਜਿਸ ਨਾਲ ਹਰੇ-ਭਰੇ ਇਲਾਕੇ ਨੂੰ ਹੋਰ ਹਰਿਆ -ਭਰਿਆ ਬਣਾਇਆ ਜਾ ਸਕੇ। ਇਸ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੇ ਜੈਵਿਕ ਵਿਭਿੰਨਤਾ, ਸੰਰੱਖਣ ਅਤੇ ਟਿਕਾਊ ਜੀਵਨ ਦੇ ਮਹੱਤਵ ਨੂੰ ਅਮਲੀ ਤੌਰ ’ਤੇ ਸਿੱਖਿਆ।ਇਹ ਗਤੀਵਿਧੀ ਸਕੂਲ ਦੀ ਪ੍ਰਯੋਗਾਤਮਕ ਸਿੱਖਿਆ ਅਤੇ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਨੂੰ ਦਰਸਾਉਂਦੀ ਹੈ। ਸਥਾਨਕ ਸਮੁਦਾਇ ਨਾਲ ਵੀ ਵਿਦਿਆਰਥੀਆਂ ਦੀ ਭਾਗੀਦਾਰੀ ਮਜ਼ਬੂਤ ਹੋਈ, ਜਦੋਂ ਉਹਨਾਂ ਨੇ ਉੱਥੇ ਰਹਿਣ ਵਾਲਿਆਂ ਨਾਲ ਜੁੜ ਕੇ ਇਸ ਪਹਿਲ ਨੂੰ ਅੱਗੇ ਵਧਾਇਆ। ਇਹ ਸਮਾਗਮ ਨੌਜਵਾਨਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਭਵਿੱਖ ਲਈ ਪ੍ਰਕਿਰਤੀ ਦੀ ਰੱਖਿਆ ਕਰਨ ਲਈ ਪ੍ਰੇਰਿਤ ਕਰਦਾ ਹੈ।

# ਜਾਗਰੂਕਤਾ ਅਤੇ ਸਾਵਧਾਨੀ ਡੇਂਗੂ ਤੋਂ ਬਚਾਅ ਦਾ ਸਭ ਤੋਂ ਸੌਖਾ ਅਤੇ ਅਸਰਦਾਰ ਉਪਾਅ : ਡਾ. ਸਤਵੰਤ ਸਿੰਘ ਔਜਲਾ



ਧਨੌਲਾ, 24 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ, ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਬਲਾਕ ਧਨੌਲਾ ਦੇ ਵੱਖ ਵੱਖ ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਬਾਰੇ ਜਾਗਰੂਕ ਕੀਤਾ ਗਿਆ। ਇਸ ਦੌਰਾਨ ਟੀਮ ਵੱਲੋਂ ਘਰਾਂ, ਗਲੀ- ਮੁਹੱਲਿਆਂ ਅਤੇ ਇਮਾਰਤਾਂ ’ਚ ਲੱਗੇ ਕੂਲਰਾਂ, ਗਮਲਿਆਂ ਅਤੇ ਪੰਛੀਆਂ ਲਈ ਰੱਖੇ ਕਸੋਰਿਆਂ ਤੋਂ ਇਲਾਵਾ ਕਬਾੜ ਵਿਚ ਪਏ ਸਮਾਨ ਦਾ ਮੁਆਇਨਾ ਕੀਤਾ ਗਿਆ ਅਤੇ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਲਈ ਹਰ ਸ਼ੁੱਕਰਵਾਰ ‘ਡ੍ਰਾਈ ਡੇਅ’ ਮਨਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਸਾਰੇ ਸਰਕਾਰੀ ਹਸਪਤਾਲਾਂ ਅਤੇ ਸਮੁਦਾਇਕ ਸਿਹਤ ਕੇਂਦਰਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਕੀਤਾ ਜਾਂਦਾ ਹੈ ਪਰ ਕਈ ਵਾਰ ਅਣਗਹਿਲੀ ਵਰਤਣ ’ਤੇ ਇਹ ਰੋਗ ਜਾਨਲੇਵਾ ਸਾਬਿਤ ਹੁੰਦਾ ਹੈ। ਇਸ ਦੇ ਮੱਦੇਨਜ਼ਰ ‘ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ’ ਮੁਹਿੰਮ ਤਹਿਤ ਸਿਹਤ ਵਿਭਾਗ ਦੀ ਟੀਮ ਵੱਲੋਂ ਘਰ ਘਰ ਜਾ ਕੇ ਲੋਕਾਂ ਨੂੰ ਹਫ਼ਤੇ ਵਿੱਚ ਘੱਟੋ ਘੱਟ ਇਕ ਵਾਰ ਘਰ ਵਿਚ ਲੱਗੇ ਕੂਲਰ, ਗਮਲੇ ਜਾਂ ਮਿੱਟੀ ਦੇ ਬਰਤਨ ਸਾਫ਼ ਕਰ ਕੇ ਧੁੱਪ ਲਗਵਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਤੇਜ਼ ਬੁਖ਼ਾਰ, ਚਮੜੀ ਉੱਤੇ ਦਾਣੇ, ਸਿਰ ਤੇ ਅੱਖਾਂ ਦੇ ਪਿੱਛੇ ਦਰਦ, ਅਤੇ ਨੱਕ ਜਾਂ ਮਸੂੜਿਆਂ ’ਚੋਂ ਖ਼ੂਨ ਆਉਣ ਜਿਹੇ ਡੇਂਗੂ ਦੇ ਲੱਛਣ ਵਿਖਾਈ ਦੇਣ ’ਤੇ ਨਜ਼ਦੀਕੀ ਸਿਹਤ ਕੇਂਦਰ ’ਤੇ ਜਾਣ ਅਤੇ ਡਾਕਟਰੀ ਸਲਾਹ ਲਏ ਬਗੈਰ ਕੋਈ ਵੀ ਦਵਾਈ ਨਾ ਖਾਣ ਦੀ ਅਪੀਲ ਕੀਤੀ। ਬੀ.ਈ.ਈ ਰਤਿਕਾ ਓਬਰਾਏ ਨੇ ਦੱਸਿਆ ਕਿ ਇਸ ਮੌਕੇ ਐੱਸ.ਆਈ ਪਰਵਿੰਦਰ ਸਿੰਘ, ਹਰਜਿੰਦਰ ਸਿੰਘ ਅਤੇ ਦਰਸ਼ਪ੍ਰੀਤ ਸਿੰਘ, ਮਲਟੀਪਰਪਜ਼ ਹੈਲਥ ਵਰਕਰ ਲਖਵਿੰਦਰ ਸਿੰਘ ਅਤੇ ਕੁਲਦੀਪ ਸਿੰਘ ਵਿਰਕ, ਨਰਸਿੰਗ ਕਾਲਜ ਦੇ ਵਿਦਿਆਰਥੀ ਲਖਵੀਰ, ਨੀਤਾ, ਸੁਮਨਦੀਪ, ਸੁਖਮਨਪ੍ਰੀਤ, ਸੁਖਪ੍ਰੀਤ, ਜਸਪ੍ਰੀਤ, ਰਮਨ, ਲੋਮਹਰਸ਼ ਅਤੇ ਬਲਵਿੰਦਰ ਸਿੰਘ ਹਾਜ਼ਰ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਧਰਤੀ ਦਿਵਸ ਉਤਸ਼ਾਹ ਨਾਲ ਮਨਾਇਆ



ਬਰਨਾਲਾ, 24 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧਰਤੀ ਦਿਵਸ ਬੜੇ ਉਤਸ਼ਾਹ ਅਤੇ ਜਾਗਰੂਕਤਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਚਾਰਟ ਤਿਆਰ ਕਰਨਾ, ਪ੍ਰਭਾਵਸ਼ਾਲੀ ਨਾਅਰੇ ਲਿਖਣਾ ਅਤੇ ਧਰਤੀ ਦੀ ਸੰਭਾਲ ਸੰਬੰਧੀ ਸੰਦੇਸ਼ ਦੇਣਾ ਸ਼ਾਮਲ ਸੀ। ਬੱਚਿਆਂ ਨੇ ਆਪਣੇ ਚਾਰਟਾਂ ਰਾਹੀਂ ਇਹ ਦਰਸਾਇਆ ਕਿ ਅਸੀਂ ਧਰਤੀ ਨੂੰ ਕਿਵੇਂ ਹਰਾ-ਭਰਾ ਅਤੇ ਸੁੰਦਰ ਰੱਖ ਸਕਦੇ ਹਾਂ। ਉਨ੍ਹਾਂ ਵੱਲੋਂ ਲਿਖੇ ਨਾਅਰੇ ਲੋਕਾਂ ਨੂੰ ਪਰਿਆਵਰਨ ਬਚਾਉਣ ਲਈ ਪ੍ਰੇਰਿਤ ਕਰ ਰਹੇ ਸਨ। ਇਸ ਦੇ ਨਾਲ ਹੀ ਬੱਚਿਆਂ ਨੇ ਇੱਕ ਛੋਟੀ ਜਿਹੀ ਜਾਗਰੂਕਤਾ ਰੈਲੀ ਕੱਢ ਕੇ ਸਮਾਜ ਨੂੰ ਧਰਤੀ ਦੀ ਸੰਭਾਲ ਲਈ ਸੰਦੇਸ਼ ਦਿੱਤਾ। ਪ੍ਰੋਗਰਾਮ ਦੌਰਾਨ ਧਰਤੀ ਬਚਾਓ ਵਿਸ਼ੇ ’ਤੇ ਇੱਕ ਪ੍ਰਭਾਵਸ਼ਾਲੀ ਨਾਟਕ ਵੀ ਪੇਸ਼ ਕੀਤਾ ਗਿਆ, ਜਿਸ ਨੇ ਸਭ ਦਾ ਧਿਆਨ ਖਿੱਚਿਆ ਅਤੇ ਗਹਿਰਾ ਸੰਦੇਸ਼ ਦਿੱਤਾ। ਇਸ ਨਾਟਕ ਦੀ ਤਿਆਰੀ ਮੈਡਮ ਸਰਬਜੀਤ ਕੌਰ ਅਤੇ ਮੈਡਮ ਜਸਪ੍ਰੀਤ ਕੌਰ ਵੱਲੋਂ ਕਰਵਾਈ ਗਈ। ਸਕੂਲ ਦੇ ਮੁੱਖ ਅਧਿਆਪਕ ਅਸ਼ਵਨੀ ਕੁਮਾਰ ਨੇ ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਧਰਤੀ ਸਾਡਾ ਸਾਂਝਾ ਘਰ ਹੈ, ਜਿੱਥੇ ਅਸੀਂ ਰਹਿੰਦੇ, ਸਿੱਖਦੇ ਅਤੇ ਆਪਣੀ ਜ਼ਿੰਦਗੀ ਗੁਜ਼ਾਰਦੇ ਹਾਂ। ਜੇ ਧਰਤੀ ਸਿਹਤਮੰਦ ਰਹੇਗੀ ਤਾਂ ਹੀ ਅਸੀਂ ਖੁਸ਼ਹਾਲ ਜੀਵਨ ਬਤੀਤ ਕਰ ਸਕਦੇ ਹਾਂ। ਉਨ੍ਹਾਂ ਨੇ ਇਹ ਵੀ ਚੇਤਾਵਨੀ ਦਿੱਤੀ ਕਿ ਅੱਜ ਦੇ ਸਮੇਂ ਵਿੱਚ ਪ੍ਰਦੂਸ਼ਣ, ਪਲਾਸਟਿਕ ਦੀ ਵਧ ਰਹੀ ਵਰਤੋਂ ਅਤੇ ਦਰੱਖਤਾਂ ਦੀ ਕਟਾਈ ਕਾਰਨ ਧਰਤੀ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਹੈ। ਇਸ ਲਈ ਇਹ ਸਾਡੀ ਸਾਂਝੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੀ ਧਰਤੀ ਦੀ ਸੰਭਾਲ ਲਈ ਅੱਗੇ ਆਈਏ। ਅਸੀਂ ਵੱਧ ਤੋਂ ਵੱਧ ਦਰੱਖਤ ਲਗਾਵਾਂਗੇ। ਇਸ ਸਮਾਗਮ ਵਿੱਚ ਗੁਰਦੀਪ ਸਿੰਘ, ਜਗਸੀਰ ਸਿੰਘ, ਮੈਡਮ ਜਸਪ੍ਰੀਤ ਕੌਰ, ਮੈਡਮ ਸਰਬਜੀਤ ਕੌਰ ਹਾਜ਼ਰ ਸਨ।

# ਖੇਤੀ ਮਸ਼ੀਨਰੀ ’ਤੇ ਸਬਸਿਡੀ ਲੈਣ ਲਈ ਕਿਸਾਨ 15 ਮਈ ਤੱਕ ਕਰਨ ਆਨਲਾਈਨ ਅਪਲਾਈ : ਡਾ. ਸੁਖਪਾਲ ਸਿੰਘ ਗਿੱਲ



ਬਰਨਾਲਾ, 24 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਰਨਾਲਾ ਵੱਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਆਧੁਨਿਕ ਖੇਤੀ ਨਾਲ ਜੋੜਨ, ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਪਰਾਲੀ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਸਕੀਮਾਂ ਤਹਿਤ ਸਬਸਿਡੀ ’ਤੇ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਡਾ. ਸੁਖਪਾਲ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਕਿਸਾਨ, ਨਿੱਜੀ ਕਿਸਾਨ, ਕਸਟਮ ਹਾਈਰਿੰਗ ਸੈਂਟਰ ਅਤੇ ਪੰਚਾਇਤਾਂ, ਐਫ ਪੀ ਓ ਪੋਰਟਲ ਰਾਹੀਂ ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਮੈਮ (SMAM) ਅਤੇ ਕ੍ਰਾਪ ਰੈਜ਼ਿਡਿਊ ਮੈਨੇਜਮੈਂਟ (CRM) ਸਕੀਮਾਂ ਹੇਠ ਪਰਾਲੀ ਪ੍ਰਬੰਧਨ ਲਈ ਸੁਪਰ ਐਸ.ਐਮ.ਐਸ., ਹੈਪੀ ਸੀਡਰ, ਸੁਪਰ ਸੀਡਰ, ਸਟ੍ਰਾ ਰੀਪਰ, ਜ਼ੀਰੋ ਟਿੱਲ ਡ੍ਰਿਲ, ਬੇਲਰ, ਰੇਕ, ਸਰਫੇਸ ਸੀਡਰ ਅਤੇ ਪੈਡੀ ਸਟਰਾਅ ਚੌਪਰ/ਸ਼ਰੇਡਰ ਆਦਿ ਮਸ਼ੀਨਾਂ ‘ਤੇ ਸਬਸਿਡੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਸੀ.ਡੀ.ਪੀ. (CDP) ਸਕੀਮ ਹੇਠ ਫ਼ਸਲੀ ਵਿਭਿੰਨਤਾ ਲਈ ਨੁਮੈਟਿਕ ਪਲਾਂਟਰ, ਮੇਜ਼ ਸ਼ੈਲਰ, ਸ਼ੂਗਰਕੇਨ ਹਰਵੇਸਟਰ/ਪਲਾਂਟਰ, ਗਰਾਊਂਡਨਟ ਡਿੱਗਰ, ਕਾਟਨ ਪਲਾਂਟਰ ਅਤੇ ਮਲਟੀ ਕਰਾਪ ਥਰੈਸ਼ਰ ਆਦਿ ਮਸ਼ੀਨਾਂ ‘ਤੇ ਵੀ ਸਬਸਿਡੀ ਉਪਲੱਬਧ ਹੈ। ਇਸ ਦੇ ਨਾਲ ਹੀ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਲਈ ਡੀ.ਐਸ.ਆਰ (DSR) ਮਸ਼ੀਨ, ਪੈਡੀ ਟਰਾਂਸਪਲਾਂਟਰ, ਹਾਈ ਕਲੀਅਰੈਂਸ ਬੂਮ ਸਪਰੇਅਰ, ਨਰਸਰੀ ਸੀਡਰ ਅਤੇ ਪੀ.ਟੀ.ਓ. ਉਪਰੇਟਿਡ ਫਰਟੀਲਾਈਜ਼ਰ ਸਪਰੈਡਰ ਆਦਿ ਆਧੁਨਿਕ ਮਸ਼ੀਨਾਂ ਲਈ ਵੀ ਅਪਲਾਈ ਕਰ ਸਕਦੇ ਹਨ। ਡਾ. ਗਿੱਲ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ, ਤਾਂ ਜੋ ਖੇਤੀ ਲਾਗਤਾਂ ਵਿੱਚ ਕਮੀ ਲਿਆਂਦੀ ਜਾ ਸਕੇ, ਲੇਬਰ ਦੀ ਬਚਤ ਹੋਵੇ ਅਤੇ ਪਾਣੀ ਦੀ ਸੰਭਾਲ ਕਰਕੇ ਵਾਤਾਵਰਣ ਦੀ ਰੱਖਿਆ ਕੀਤੀ ਜਾ ਸਕੇ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜੇਕਰ ਕਿਸੇ ਕਿਸਾਨ ਨੂੰ ਆਨਲਾਈਨ ਅਰਜ਼ੀ ਭਰਨ ਵਿੱਚ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਆਪਣੇ ਸਬੰਧਤ ਬਲਾਕ ਖੇਤੀਬਾੜੀ ਦਫ਼ਤਰ ਜਾਂ ਬਰਨਾਲਾ ਸਥਿਤ ਖੇਤੀਬਾੜੀ ਇੰਜੀਨੀਅਰਿੰਗ ਸ਼ਾਖਾ ਨਾਲ ਸੰਪਰਕ ਕਰ ਸਕਦੇ ਹਨ।



# ਪਟਿਆਲਾ-ਆਸ/ਪਾਸ



# ਇੰਦਰਜੀਤ ਸਿੰਘ ਸੰਧੂ ਨੇ ਪਦਮਸ਼੍ਰੀ ਡਾ.ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਿਆ

### ➢ਸਿਹਤ ਦੀ ਜਾਣਕਾਰੀ ਲੈ ਕੇ ਤੰਦਰੁਸਤੀ ਲਈ ਕੀਤੀ ਦੁਆ



ਸਨੌਰ, 24 ਅਪ੍ਰੈਲ (ਪ੍ਰਥਮ ਕੁਮਾਰ) : ਚੜ੍ਹਦੀਕਲਾ ਅਦਾਰੇ ਦੇ ਚੇਅਰਮੈਨ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਦੇ ਹਾਲ-ਚਾਲ ਦੀ ਜਾਣਕਾਰੀ ਲੈਣ ਲਈ ਪੰਜਾਬ ਸਰਕਾਰ ਦੇ ਕੰਨਵੇਅਰ ਦੇ ਉਪ ਚੇਅਰਮੈਨ ਸ. ਇੰਦਰਜੀਤ ਸਿੰਘ ਸੰਧੂ ਆਪਣੀ ਟੀਮ ਸਮੇਤ ਉਨ੍ਹਾਂ ਦੇ ਨਿਵਾਸ ਸਥਾਨ ਤੇ ਪਹੁੰਚੇ। ਇਸ ਮੌਕੇ ’ਤੇ ਸ. ਸੰਧੂ ਨੇ ਡਾ.ਦਰਦੀ ਦੇ ਸਿਹਤ ਦੀ ਜਾਣਕਾਰੀ ਲੈ ਕੇ ਉਨ੍ਹਾਂ ਦੀ ਚੰਗੀ ਤੰਦਰੁਸਤੀ ਲਈ ਦੁਆ ਕੀਤੀ। ਡਾ. ਜਗਜੀਤ ਸਿੰਘ ਦਰਦੀ ਨੇ ਵੀ ਆਪਣੇ ਉਪਰੰਤ ਸਨਮਾਨ ਅਤੇ ਸੁਚਿੰਤਾ ਲਈ ਸ. ਸੰਧੂ ਦਾ ਧੰਨਵਾਦ ਕੀਤਾ। ਇਸ ਮੌਕੇ ’ਤੇ ਸ. ਸੰਧੂ ਨੇ ਡਾ.ਦਰਦੀ ਦੀਆਂ ਸਮਾਜਿਕ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਉਪਲੱਬਧੀਆਂ ਦੀ ਸੱਤਕਾਰ ਭਰੀ ਸਰਾਹਨਾ ਕੀਤੀ ਤੇ ਇਸ ਦੇ ਨਾਲ ਇੰਦਰਜੀਤ ਸਿੰਘ ਸੰਧੂ ਨੇ ਡਾ. ਜਗਜੀਤ ਸਿੰਘ ਦਰਦੀ ਦੀ ਸਿਹਤ ਅਤੇ ਲੰਮੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ’ਤੇ ਡਾ. ਜਗਜੀਤ ਸਿੰਘ ਦਰਦੀ ਵੱਲੋਂ, ਸ. ਸੰਧੂ ਨੂੰ ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ, ਮੈਨੇਜਰ ਪਰਮਜੀਤ ਸਿੰਘ, ਵਿਸ਼ੇਸ਼ ਪ੍ਰਤੀਨਿਧ ਗੁਰਮੁੱਖ ਸਿੰਘ ਰੁਪਾਣਾ, ਅਮਰਜੀਤ ਸਿੰਘ ਪੱਤਰਕਾਰ, ਸਤੀਸ਼ ਕੁਮਾਰ, ਨੀਲ ਕਮਲ ਨੂੰ ਕਿਤਾਬਾਂ ਭੇਟ ਕੀਤੀਆਂ। ਅਤੇ ਇੰਦਰਜੀਤ ਸੰਧੂ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਆਪਣੀ ਮੁਲਾਕਾਤ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਾਂਝਾ ਕੀਤਾ ਕਿ ਦਰਦੀ ਸਾਹਿਬ ਦੀ ਸਿਹਤ ਵਿੱਚ ਹੁਣ ਕਾਫੀ ਸੁਧਾਰ ਆਇਆ ਹੈ। ਸਾਨੂੰ ਉਮੀਦ ਹੈ ਕਿ ਉਹ ਜਲਦੀ ਹੀ ਪੂਰੀ ਤਰ੍ਹਾਂ ਸਿਹਤਮੰਦ ਹੋ ਜਾਣਗੇ ਅਤੇ ਸੰਧੂ ਨੇ ਦੱਸਿਆ ਕਿ ਡਾ. ਜਗਜੀਤ ਸਿੰਘ ਦਰਦੀ ਨਾਲ ਉਨ੍ਹਾਂ ਦੀ ਗੱਲਬਾਤ ਵਿੱਚ ਮੁੱਖ ਤੌਰ ’ਤੇ ਸਮਾਜ ਵਿੱਚ ਚੱਲ ਰਹੀਆਂ ਵੱਖ-ਵੱਖ ਘਟਨਾਵਾਂ ’ਤੇ ਗਹਿਰਾਈ ਨਾਲ ਗੱਲਬਾਤ ਹੋਈ। ਇੰਦਰਜੀਤ ਸੰਧੂ ਨੇ ਇਸ ਗੱਲਬਾਤ ਨੂੰ ਬਹੁਤ ਹੀ ਗਿਆਨਵਰਧਕ ਦੱਸਿਆ, ਇਸ ਦੇ ਨਾਲ ਉਹਨਾਂ ਨੇ ਇਹ ਵੀ ਦੱਸਿਆ ਕਿ ਸਮਾਜਿਕ ਮੁੱਦੇ ਅਤੇ ਉਹਨਾਂ ਦਾ ਇਤਿਹਾਸ ਨਾਲ ਸੰਬੰਧ ਵੀ ਅਹਿਮ ਹਿੱਸਾ ਹੈ।

## ਚਾਚੇ-ਭਤੀਜੇ ਦੀ ਕੀਤੀ ਕੁੱਟਮਾਰ

### ਸੋਨੇ ਦੀ ਚੈਨ ਤੇ ਮੋਬਾਇਲ ਫੋਨ ਖੋਹਿਆ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਗੁਰਸਿਮਰਨ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਖੇੜਾ ਜੱਟਾ ਨੇ ਕਥਿਤ ਦੋਸ਼ੀਆਂ ਅਕਾਸ਼, ਗੌਰਵ, ਰਣਵੀਰ, ਕੀਰਤ, ਰਜਿੰਦਰ ਵਾਸੀ ਪਿੰਡ ਜਲਾਲਖੇੜਾ, ਜੱਸੀ, ਪਵਨ, ਜੱਸ ਮਹਿਲ ਵਾਸੀ ਪਿੰਡ ਦੁੱਧੜ ਅਤੇ 8-10 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਚਾਚੇ ਗੁਰਜਿੰਦਰ ਸਿੰਘ ਨਾਲ ਕਾਰ ’ਤੇ ਸਵਾਰ ਹੋ ਕੇ ਜਲਾਲਖੇੜਾ ਪਾਸ ਜਾ ਰਿਹਾ ਸੀ ਤਾਂ ਕਥਿਤ ਦੋਸ਼ੀਆਂ ਨੇ ਉਸ ਨੂੰ ਘੇਰ ਲਿਆ ਅਤੇ ਦੋਵਾਂ ਦੀ ਕੁੱਟਮਾਰ ਕਰਨ ਲੱਗ ਪਏ ਤੇ ਕੁੱਟਮਾਰ ਕਰਦੇ ਹੋਏ ਕਥਿਤ ਦੋਸ਼ੀ ਕੀਰਤ ਦੇ ਘਰ ਲੈ ਗਏ, ਜਿੱਥੇ ਪਹਿਲਾ ਤੋਂ ਜੱਸੀ ਅਤੇ ਜੱਸ ਮਹਿਲ ਸਮੇਤ ਅਣਪਛਾਤੇ ਵਿਅਕਤੀ ਦੇ ਮੌਜੂਦ ਸਨ, ਜਿਹਨਾਂ ਨੇ ਉਸ ’ਤੇ ਉਸਦੇ ਚਾਚੇ ਦੀ ਤੇਜ਼ਧਾਰ ਹਥਿਆਰਾਂ ਨਾਲ ਕੁੱਟਮਾਰ ਕੀਤੀ, ਜੋ ਕਥਿਤ ਦੋਸ਼ੀ ਕੀਰਤ, ਗੌਰਵ, ਅਕਾਸ਼ ਨੇ ਉਸ ਦੀ ਕਾਰ ਨੂੰ ਅੱਗ ਲਗਾ ਕੇ ਸਾੜ੍ਹ ਦਿੱਤਾ ਅਤੇ ਫਿਰ ਉਸ ਨੂੰ ਇੱਕ ਕਮਰੇ ਅੰਦਰ ਬੰਦ ਕਰ ਦਿੱਤਾ, ਜਿੱਥੋਂ ਉਸ ਦਾ ਚਾਚਾ ਭੱਜ ਗਿਆ ਤੇ ਕਥਿਤ ਦੋਸ਼ੀਆਂ ਨੇ ਉਸ ਦੀ ਕੁੱਟਮਾਰ ਕੀਤੀ ਤੇ ਉਸ ਨੂੰ ਵੀ ਉੱਥੋਂ ਭਜਾ ਦਿੱਤਾ, ਜੋ ਕਥਿਤ ਦੋਸ਼ੀਆਂ ਨੇ ਉਸ ਦੇ ਚਾਚੇ ਦੇ ਗਲ ਵਿੱਚ ਪਾਈ ਸੋਨੇ ਦੀ ਚੈਨ ਤੇ ਮੋਬਾਇਲ ਫੋਨ ਮਾਰਕਾ ਆਈਫੋਨ-15 ਵੀ ਖੋਹ ਕਰ ਲਿਆ ਸੀ। ਪੁਲਿਸ ਨੇ ਧਾਰਾ 140(3), 304, 324(5), 118(1), 115(2), 127(2), 351(2), 190, 191(3) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਵਿਧਾਇਕ ਅਮਰਗੜ੍ਹ ਵੱਲੋਂ ਸਿੱਖਿਆ ਕ੍ਰਾਂਤੀ 2.0 ਤਹਿਤ ਅਮਰਗੜ੍ਹ ਹਲਕੇ ’ਚ ਕਰੀਬ 61 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਅਮਰਗੜ੍ਹ/ਮਲੇਰਕੋਟਲਾ, 24 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ 2.0 ਦੇ ਤਹਿਤ ਵਿਧਾਨ ਸਭਾ ਹਲਕਾ ਅਮਰਗੜ੍ਹ ਵਿੱਚ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ ’ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਪਿੰਡ ਖਾਨਪੁਰ, ਦੁੱਗਰੀ, ਹਥੋਆ, ਹੈਦਰ ਨਗਰ, ਬਾਦਸ਼ਾਹਪੁਰ ਅਤੇ ਸਰੋਦ ਦੇ ਸਰਕਾਰੀ ਸਕੂਲਾਂ ਵਿੱਚ ਲਗਭਗ 60 ਲੱਖ 96 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਨਪੁਰ ਵਿਖੇ 10 ਲੱਖ 98 ਹਜ਼ਾਰ ਰੁਪਏ ਦੀ ਲਾਗਤ ਨਾਲ ਸਾਇੰਸ ਲੈਬ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਥੋਆ ਵਿਖੇ 07 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਕਲਾਸ ਰੂਮ, ਸਰਕਾਰੀ ਹਾਈ ਸਕੂਲ ਦੁੱਗਰੀ ਵਿਖੇ 10 ਲੱਖ 98 ਹਜ਼ਾਰ ਰੁਪਏ ਨਾਲ ਸਾਇੰਸ ਲੈਬ, ਸਰਕਾਰੀ ਹਾਈ ਸਕੂਲ ਸਰੋਦ ਵਿਖੇ 10 ਲੱਖ 98 ਹਜ਼ਾਰ ਰੁਪਏ ਨਾਲ ਸਾਇੰਸ ਲੈਬ, ਸਰਕਾਰੀ ਮਿਡਲ ਸਕੂਲ ਹੈਦਰ ਨਗਰ ਵਿਖੇ 13 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਗਈ ਚਾਰਦੀਵਾਰੀ ਅਤੇ ਸਰਕਾਰੀ ਮਿਡਲ ਸਕੂਲ ਬਾਦਸ਼ਾਹਪੁਰ ਵਿਖੇ 07 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਕਲਾਸ ਰੂਮ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਕਰਕੇ ਪੰਜਾਬ ਦਾ ਚਹੁੰਮੁਖੀ ਵਿਕਾਸ ਸੰਭਵ ਹੋਇਆ ਹੈ ਅਤੇ ਇਸੇ ਸੋਚ ਕਰਕੇ ਸੂਬੇ ਵਿੱਚ ਸਿੱਖਿਆ ਖੇਤਰ ਵਿੱਚ ਬੇਮਿਸਾਲ ਤਰੱਕੀ ਹੋ ਰਹੀ ਹੈ। ਉਨ੍ਹਾਂ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਇਹਨਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਵਿਦਿਆਰਥੀਆਂ ਤੱਕ ਪਹੁੰਚਾਇਆ ਜਾਵੇ, ਤਾਂ ਜੋ ਸਿੱਖਿਆ ਦਾ ਮਿਆਰ ਹੋਰ ਉੱਚਾ ਹੋ ਸਕੇ।

# ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਵੱਲੋਂ ਸਕੂਲਾਂ, ਆਂਗਨਵਾੜੀ ਕੇਂਦਰਾਂ ’ਤੇ ਡਿਪੂਆਂ ਦੀ ਅਚਨਚੇਤ ਚੈਕਿੰਗ

### ➢ਮਿਡ-ਡੇ-ਮੀਲ ਦੀ ਗੁਣਵੱਤਾ, ਸਫਾਈ ਅਤੇ ਪੀਣ ਵਾਲੇ ਪਾਣੀ ਦੇ ਮਾਪਦੰਡਾਂ ’ਤੇ ਦਿੱਤਾ ਖਾਸ ਧਿਆਨ

ਅਮਰਗੜ੍ਹ/ਮਾਲੇਰਕੋਟਲਾ, 24 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਜ਼ਿਲ੍ਹਾ ਮਾਲੇਰਕੋਟਲਾ ਦੇ ਵੱਖ-ਵੱਖ ਸਰਕਾਰੀ ਸਕੂਲਾਂ, ਆਂਗਣਵਾੜੀ ਸੈਂਟਰਾਂ ਅਤੇ ਰਾਸ਼ਨ ਡਿਪੂਆਂ ਦਾ ਅਚਨਚੇਤੀ ਦੌਰਾ ਕਰਕੇ ਪ੍ਰਬੰਧਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਖਾਸ ਤੌਰ ’ਤੇ ਮਿਡ ਡੇ ਮੀਲ ਦੀ ਗੁਣਵੱਤਾ, ਪੈਕਿੰਗ ਵਾਲੇ ਭੋਜਨ ਪਦਾਰਥਾਂ ਦੀ ਮਿਆਦ, ਸਫਾਈ ਪ੍ਰਬੰਧ ਅਤੇ ਪੀਣ ਵਾਲੇ ਪਾਣੀ ਦੀ ਉਪਲਬਧਤਾ ਦਾ ਜਾਇਜ਼ਾ ਲਿਆ। ਉਨ੍ਹਾਂ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ ਪੀਣ ਵਾਲੇ ਪਾਣੀ ਦੇ ਸੈਂਪਲ ਖੁਦ ਲਏ ਅਤੇ ਪਾਣੀ ਦੇ ਟੀ.ਡੀ.ਐਸ ਪੱਧਰ ਚੈਕਿੰਗ ਵੀ ਕੀਤੀ। ਇਸ ਮੌਕੇ ਉਨ੍ਹਾਂ ਮਿਡ ਡੇ ਮੀਲ ਵਿੱਚ ਤਿਆਰ ਕੀਤੀ ਸਬਜੀ ਦਾ ਜਾਇਕਾ ਲਿਆ ਅਤੇ ਸੁਆਦ ਅਤੇ ਕੁਆਲਟੀ ਤੇ ਤਸੱਲੀ ਦਾ ਪ੍ਰਗਟਾਵਾ ਵੀ ਕੀਤਾ । ਸੇਖੋਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਿਹਤ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾ ਸਕਦਾ, ਇਸ ਲਈ ਮਿਡ-ਡੇ-ਮੀਲ ਦੀ ਗੁਣਵੱਤਾ ਅਤੇ ਸੁਰੱਖਿਆ ਯਕੀਨੀ ਬਣਾਉਣਾ ਅਤਿ ਜ਼ਰੂਰੀ ਹੈ। ਉਨ੍ਹਾਂ ਨੇ ਹਦਾਇਤ ਕੀਤੀ ਕਿ ਕੁਕਿੰਗ ਸਟਾਫ ਦੀ ਨਿਯਮਿਤ ਮੈਡੀਕਲ ਜਾਂਚ ਕਰਵਾਈ ਜਾਵੇ ਅਤੇ ਖਾਣਾ ਤਿਆਰ ਕਰਨ ਸਮੇਂ ਸਫਾਈ ਦੇ ਸਾਰੇ ਮਾਪਦੰਡਾਂ ਦੀ ਪਾਲਣਾ ਕੀਤੀ ਜਾਵੇ। ਉਨ੍ਹਾਂ ਸਿੱਖਿਆ ਵਿਭਾਗ ਅਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹੇ ਦੇ ਸਾਰੇ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ ਪੀਣ ਵਾਲੇ ਪਾਣੀ ਦੇ ਸੈਂਪਲ ਲਏ ਜਾਣ



ਅਤੇ ਟੀ.ਡੀ.ਐਸ. ਦੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਹੀ ਸਾਫ਼ ਪਾਣੀ ਉਪਲਬਧ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਪਾਣੀ ਦੀ ਗੁਣਵੱਤਾ ਸਿੱਧੇ ਤੌਰ ‘ਤੇ ਬੱਚਿਆਂ ਦੀ ਸਿਹਤ ਨਾਲ ਜੁੜੀ ਹੋਈ ਹੈ, ਇਸ ਲਈ ਇਸ ਵਿੱਚ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੈਂਬਰ ਸੇਖੋਂ ਨੇ ਮਿਡ ਡੇ ਮੀਲ ਲਈ ਵਰਤੇ ਜਾਣ ਵਾਲੇ ਅਨਾਜ ਅਤੇ ਰਸਦ ਦੇ ਸਟੋਰੇਜ ਤਰੀਕਿਆਂ ਦੀ ਵੀ ਜਾਂਚ ਕੀਤੀ ਅਤੇ ਹਦਾਇਤ ਕੀਤੀ ਕਿ ਅਨਾਜ ਨੂੰ ਲੰਮੇ ਸਮੇਂ ਲਈ ਸਟੋਰ ਨਾ ਕੀਤਾ ਜਾਵੇ ਅਤੇ ਸਮੇਂ-ਸਮੇਂ ‘ਤੇ ਧੁੱਪ ਅਤੇ ਹਵਾ ਲਗਾ ਕੇ ਇਸਦੀ ਗੁਣਵੱਤਾ ਬਣਾਈ ਰੱਖੀ ਜਾਵੇ।ਫੀਲਡ ਵਿਜਟ ਦੌਰਾਨ ਉਨ੍ਹਾਂ ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ ਵਿਖੇ ਸਥਾਪਿਤ ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਯ ਦੇ ਹੋਸਟਲ ਮੈਸ, ਮਾਡਲ ਆਂਗਨਵਾੜੀ ਸੈਂਟਰ ਰਾਣਵਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁਰਥਲਾ ਮੰਡੇਰ ਦੇ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਹਦਾਇਤ ਕੀਤੀ ਕਿ ਹਰ ਸਕੂਲ ਅਤੇ ਆਂਗਣਵਾੜੀ ਕੇਂਦਰ ਵਿੱਚ ਪੰਜਾਬ ਸਟੇਟ ਫੂਡ ਕਮਿਸ਼ਨ ਦਾ ਹੈਲਪਲਾਈਨ ਨੰਬਰ 98767-64545 ਅਤੇ ਈ-ਮੇਲ punjabfoodcommission@gmail.com ਸਪੱਸ਼ਟ ਤੌਰ ’ਤੇ ਦਰਸਾਇਆ ਜਾਵੇ ਅਤੇ ਸ਼ਿਕਾਇਤ ਪੇਟੀ ਲਗਾਈ ਜਾਵੇ, ਤਾਂ ਜੋ ਲੋਕ ਆਪਣੀਆਂ ਸਮੱਸਿਆਵਾਂ ਸਿੱਧੇ ਤੌਰ ’ਤੇ ਦਰਜ ਕਰਵਾ ਸਕਣ। ਉਨ੍ਹਾਂ ਨੇ ਕਿਹਾ ਕਿ ਨਿਗਰਾਨੀ ਅਤੇ ਜਾਗਰੂਕਤਾ ਰਾਹੀਂ ਹੀ ਭੋਜਨ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕਦਾ ਹੈ।

## ਤੰਬਾਕੂ ਦੇ ਨੁਕਸਾਨ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ, ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ



ਪਟਿਆਲਾ, 24 ਅਪ੍ਰੈਲ (ਰੁਪਾਣਾ) : ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਦੇ ਹੁਕਮਾ ਅਨੁਸਾਰ ਅਨੁਸਾਰ ਅਤੇ ਸਿਵਲ ਸਰਜਨ ਡਾ. ਸ਼ੈਲੀ ਜੇਤਲੀ ਜ਼ਿਲ੍ਹਾ ਪਟਿਆਲਾ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਜਿਲੇ ਅੰਦਰ ਤੰਬਾਕੂ ਵਿਰੋਧੀ ਗਤੀਵਿਧੀਆਂ ਤਹਿਤ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਲੋਕਾਂ ਨੂੰ ਤੰਬਾਕੂ ਦੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਜਨਤਕ ਥਾਵਾਂ ’ਤੇ ਤੰਬਾਕੂ ਸੇਵਨ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਵੀ ਕੀਤੀ ਗਈ। ਉਨ੍ਹਾਂ ਕਿਹਾ ਕਿ ਤੰਬਾਕੂ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਕੁੱਲ 10 ਚਲਾਨ ਕੱਟੇ ਗਏ। ਉਨ੍ਹਾਂ ਹੋਰ ਦੱਸਿਆ ਕਿ ਇਹ ਕਾਰਵਾਈ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਕੀਤੀ ਗਈ, ਜਿਸ ਵਿੱਚ ਰਾਜਪੁਰਾ ਰੋਡ, ਸਰਹੰਦੀ ਗੇਟ, ਬਸ ਸਟੈਂਡ, ਰੇਲਵੇ ਸਟੇਸ਼ਨ ਅਤੇ ਸਰਹੰਦ ਰੋਡ ਸ਼ਾਮਲ ਹਨ। ਇਸ ਦੌਰਾਨ ਲੋਕਾਂ ਨੂੰ ਕਾਨੂੰਨ ਦੀ ਪਾਲਣਾ ਕਰਨ ਅਤੇ ਤੰਬਾਕੂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਿਹਤ ਵਿਭਾਗ ਦੇ ਐਸ.ਆਈ. ਅਨਿਲ ਗੁਰੂ ਵੀ ਮੌਜੂਦ ਸਨ ਅਤੇ ਉਨ੍ਹਾਂ ਵੱਲੋਂ ਵੀ ਇਸ ਮੁਹਿੰਮ ਵਿੱਚ ਸਹਿਯੋਗ ਦਿੱਤਾ ਗਿਆ। ਸਿਹਤ ਵਿਭਾਗ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਤੰਬਾਕੂ ਉਤਪਾਦਾਂ ਤੋਂ ਦੂਰ ਰਹਿ ਕੇ ਆਪਣੀ ਅਤੇ ਸਮਾਜ ਦੀ ਸਿਹਤ ਦੀ ਰੱਖਿਆ ਕਰਨ।

# ਨੌਜਵਾਨ ਨਸ਼ੇ ਰੂਪੀ ਅੱਤਵਾਦ ਦੇ ਖ਼ਾਤਮੇ ਲਈ ਲਾਮਬੰਦ ਹੋ ਕੇ ਅੱਗੇ ਆਉਣ : ਡਾ. ਮਲਕੀਤ ਮਾਨ, ਪਰਮਿੰਦਰ ਭਲਵਾਨ




ਪਟਿਆਲਾ, 24 ਅਪ੍ਰੈਲ (ਚ.ਨ.ਸ) : ਸਰਕਾਰੀ ਆਈਟੀ ਆਈ ਲੜਕਿਆਂ ਵਿਖੇ ਯੁਵਕ ਸੇਵਾਵਾਂ ਵਿਭਾਗ ਪਟਿਆਲਾ,ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ,ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪ੍ਰਿੰਸੀਪਲ-ਕਮ-ਐਸਟਿਟ. ਡਾਇਰੈਕਟਰ ਹਰਵਿੰਦਰ ਸਿੰਘ ਦੀ ਅਗਵਾਈ ਅਤੇ ਪੰਜ ਪੰਜਾਬ ਬਟਾਲੀਅਨ ਐਨ ਸੀ ਸੀ ਦੇ ਬ੍ਰਿਗੇਡੀਅਰ ਐਚ ਐਸ ਸੰਧੂ,ਕਰਨਲ ਸੰਦੀਪ ਰੋਓਏ, ਐਡਮਿਨ ਅਫਸਰ ਕਰਨਲ ਸ੍ਰੀ ਨਿਵਾਸਨ, ਸੂਬੇਦਾਰ ਮੇਜਰ ਹਰਵਿੰਦਰ ਸਿੰਘ ਦੀ ਅਗਵਾਈ ਹੇਠ ਸਮਾਜਿਕ ਨਿਆਂ ਅਤੇ ਸ਼ਸ਼ਕਤੀਕਰਨ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਡਾਕਟਰ ਮਲਕੀਤ ਸਿੰਘ ਮਾਨ ਐਸਟਿਟ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਨੇ ਸ਼ਿਰਕਤ ਕੀਤੀ।ਜਿਸ ਵਿੱਚ ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ , ਮੈਂਬਰ ਜ਼ਿਲ੍ਹਾ ਸਾਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤੀ। ਪ੍ਰੋਗਰਾਮ ਦਾ ਉਦਘਾਟਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤਾ। ਇਸ ਮੌਕੇ ਲੈਫਟੀਨੈਂਟ ਅਤੇ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ ਜਗਦੀਪ ਸਿੰਘ ਜੋਸ਼ੀ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ ਤੇ ਆਈ ਟੀ ਆਈ ਦੇ ਟ੍ਰੇਨਿੰਗ ਅਫ਼ਸਰ ਸੁਖਵੰਤ ਸਿੰਘ, ਹੋਸਟਲ ਸੁਪਰਡੈਂਟ ਅਨਿਲ ਖੰਨਾ, ਉਪਕਾਰ ਸਿੰਘ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ, ਜੁਗਰਾਜ ਚਹਿਲ, ਤੇਜਿੰਦਰ ਮਡੋੜ, ਰਾਮ ਸਿੰਘ, ਕਿਰਨਾਂ ਦੇਵੀ, ਰਾਜ ਕੁਮਾਰ ਵੀ ਹਾਜ਼ਰ ਸਨ।ਇਸ ਮੌਕੇ ਡਾਕਟਰ ਮਲਕੀਤ ਸਿੰਘ ਮਾਨ ਐਸਟਿਟ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪਟਿਆਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਐਨ ਸੀ ਸੀ ਕੈਡਿਟਸ,ਐਨ ਐਸ ਐਸ ਅਤੇ ਰੈਡ ਰਿਬਨ ਕਲੱਬ ਦੇ ਵਲੰਟੀਅਰਜ਼ ਵੱਲੋਂ ਭਾਰਤ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਚਲਨ ਦਾ ਪ੍ਰਣ ਲੈਣਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖੋਖਲਾ ਕਰਦੇ ਜਾ ਰਹੇ ਹਨ ਅਤੇ ਹਰ ਦਿਨ ਨਸ਼ਿਆਂ ਕਾਰਨ ਨੌਜਵਾਨਾ ਦੀਆਂ ਮੌਤਾ ਹੋ ਰਹੀਆਂ ਹਨ ਜੋਂ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਉਹਨਾਂ ਕਿਹਾ ਕਿ ਨਸ਼ਿਆਂ ਕਾਰਨ ਬੁਢਾਪੇ ਦਾ ਸਹਾਰਾ ਨੌਜਵਾਨ ਪੁੱਤਰਾ ਦੀਆਂ ਅਰਥੀਆਂ ਨੂੰ ਮੋਢਾ ਮਾਪਿਆਂ ਨੂੰ ਦੇਣਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਗੋਲਾ ਬਰੂਦ ਦੇ ਅੱਤਵਾਦ ਵਾਂਗ ਪੰਜਾਬ ਵਿਚੋਂ ਨਸ਼ਿਆਂ ਰੂਪੀ ਅੱਤਵਾਦ ਦੇ ਖਾਤਮੇ ਲਈ ਨੌਜਵਾਨਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣ ਤਾ ਹੀ ਅਸੀਂ ਮੁੜ ਆਪਣੇ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕਾਂਗੇ।ਇਸ ਮੌਕੇ ਐਨ ਸੀ ਸੀ ਕੈਡਿਟਸ ਪਲਕ, ਸ਼ਗਨਪ੍ਰੀਤ ਕੌਰ, ਮਨੀਸ਼ਾ ਦੇਵੀ, ਪ੍ਰਦੀਪ ਕੌਰ, ਅੰਕਿਤ, ਜਸਪ੍ਰੀਤ ਸਿੰਘ, ਇੰਦਰਜੀਤ ਸਿੰਘ, ਲਵਪ੍ਰੀਤ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਯੂਥ ਆਗੂ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ ਵੱਲੋਂ ਡਰੱਗ ਫਰੀ ਵਲੱਡ ਕੈਲੋਫੋਰਨੀਆਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਕਿਤਾਬਾਂ ਵੀ ਵੰਡੀਆਂ ਗਈਆਂ।

## ਪੰਜਾਬੀ ਯੂਨੀਵਰਸਿਟੀ ਦੇ ਨਾਰੀ ਅਧਿਐਨ ਕੇਂਦਰ ਵੱਲੋਂ ਨਾਰੀ ਤਾਕਤ ਦੇ ਬਿਰਤਾਂਤ ਸਬੰਧੀ ਵਿਸ਼ੇ ’ਤੇ ਸੈਮੀਨਾਰ



ਪਟਿਆਲਾ, 24 ਅਪ੍ਰੈਲ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਨਾਰੀ ਅਧਿਐਨ ਕੇਂਦਰ ਵੱਲੋਂ ਨਾਰੀ ਤਾਕਤ ਦੇ ਬਿਰਤਾਂਤ ਸਬੰਧੀ ਵਿਸ਼ੇ ’ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਵੱਖ-ਵੱਖ ਔਰਤ ਬੁਲਾਰਿਆਂ ਨੇ ਆਪਣੀ ਜ਼ਿੰਦਗੀ ਦੇ ਸੰਘਰਸ਼ ਅਤੇ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ। ਇਸ ਸੈਮੀਨਾਰ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤੀ ਗਈ। ਉਨ੍ਹਾਂ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਸਮਾਜ ਨੂੰ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਪ੍ਰਤੀ ਆਪਣਾ ਨਜ਼ਰੀਆ ਬਦਲਣ ਦੀ ਲੋੜ ਹੈ। ਸਾਨੂੰ ਉਨ੍ਹਾਂ ’ਤੇ ਤਰਸ ਖਾਣ ਦੀ ਬਜਾਏ ਉਨ੍ਹਾਂ ਦੀਆਂ ਭਾਵਨਾਵਾਂ ਅਤੇ ਲੋੜਾਂ ਪ੍ਰਤੀ ਸੰਵੇਦਨਸ਼ੀਲ ਹੋਣਾ ਚਾਹੀਦਾ ਹੈ। ਸੈਮੀਨਾਰ ਦੌਰਾਨ ਸਟੇਟ ਐਵਾਰਡੀ ਅਤੇ ਪਦਮ ਸ਼੍ਰੀ ਨੌਮੀਨੇਟਡ ਡਾ. ਅਨੁਪਮਾ ਗੁਪਤਾ ਅਤੇ ਪ੍ਰੋਫੈਸਰ ਆਫ ਐਂਟਰਪ੍ਰਨਿਓਰਸ਼ਿਪ, ਟੈਡਐਕਸ ਸਪੀਕਰ ਅਤੇ ਐਕਸਪਰਟ ਫਾਊਂਡਰ ‘ਡਰਾਈਵ ਆਨ ਮਾਈ ਔਨ’ ਡਾ. ਅਨੀਤਾ ਸ਼ਰਮਾ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਜ਼ਿੰਦਗੀ ਦੇ ਵਿੱਚ ਆਉਂਦੇ ਉਤਰਾਅ-ਚੜ੍ਹਾਅ ਸਾਨੂੰ ਹੋਰ ਵੀ ਮਜ਼ਬੂਤ ਬਣਾ ਦਿੰਦੇ ਹਨ। ਇਨ੍ਹਾਂ ਬੁਲਾਰਿਆਂ ਨੇ ਆਪੋ ਆਪਣੀ ਕਹਾਣੀ ਦੇ ਹਵਾਲੇ ਨਾਲ ਗੱਲ ਕਰਦਿਆਂ ਕਿਹਾ ਕਿ ਕਈ ਵਾਰ ਜਦੋਂ ਅਸੀਂ ਪ੍ਰਸਥਿਤੀਆਂ ਬਦਲਣ ਦੇ ਅਸਮਰੱਥ ਹੋਈਏ ਤਾਂ ਸਾਨੂੰ ਮਨੋਸਥਿਤੀਆਂ ਬਦਲ ਲੈਣੀਆਂ ਚਾਹੀਦੀਆਂ ਹਨ।ਡਾਇਰੈਕਟਰ, ਯੋਜਨਾ ਅਤੇ ਨਿਰੀਖਣ ਡਾ. ਸੁਖਜੀਤ ਕੌਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੁੰਦਿਆਂ ਆਪਣੇ ਨਿੱਜੀ ਤਜਰਬੇ ਦੇ ਅਧਾਰ ’ਤੇ ਸੋਚ ਬਦਲਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਵਿੱਦਿਅਕ ਸੰਸਥਾਵਾਂ ਅਤੇ ਹੋਰਨਾਂ ਅਦਾਰਿਆਂ ਵਿੱਚ ਵਿਸ਼ੇਸ਼ ਲੋੜਾਂ ਵਾਲੇ ਲੋਕਾਂ ਲਈ ਲੋੜੀਂਦਾ ਪ੍ਰਬੰਧ ਕਰਨ ਦੀ ਲੋੜ ਹੈ। ਨਾਰੀ ਅਧਿਐਨ ਕੇਂਦਰ ਦੇ ਡਾਇਰੈਕਟਰ ਡਾ. ਨੈਨਾ ਸ਼ਰਮਾ ਨੇ ਸਵਾਗਤੀ ਭਾਸ਼ਣ ਦੌਰਾਨ ਸਮਾਗਮ ਦੇ ਵਿਸ਼ੇ ਸਬੰਧੀ ਟਿੱਪਣੀਆਂ ਕੀਤੀਆਂ। ਸੈਂਟਰ ਆਫ ਦੀ ਇੰਪਾਵਰਮੈਂਟ ਆਫ ਪਰਸਨ ਵਿਦ ਡਿਸਏਬਿਲਿਟੀ ਦੇ ਕੋਆਰਡੀਨੇਟਰ ਡਾ. ਕਿਰਨ ਨੇ ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਪਰਿਵਾਰਕ ਸਹਾਰਿਆਂ ਦੀ ਮਹੱਤਤਾ ਬਾਰੇ ਦੱਸਿਆ। ਅਖੀਰ ਵਿੱਚ ਡੀਨ ਕਾਲਜ ਡਿਵੈਲਪਮੈਂਟ ਕੌਂਸਲ ਪ੍ਰੋਫੈਸਰ ਬਲਰਾਜ ਸੈਣੀ ਨੇ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਖੋਜਾਰਥੀਆਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾ. ਰਮਿੰਦਰ ਕੌਰ ਨੇ ਨਿਭਾਈ।

## ਵੀਰ ਹਕੀਕਤ ਰਾਏ ਸਕੂਲ ਵਿਖੇ ਮੌਕ ਡਰਿੱਲ ਬਾਰੇ ਜਾਣਕਾਰੀ ਦਿੱਤੀ



ਪਟਿਆਲਾ, 24 ਅਪ੍ਰੈਲ (ਚ.ਨ.ਸ.) : ਵੀਰ ਹਕੀਕਤ ਰਾਏ ਸਕੂਲ ਵਿਖੇ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ ਮੌਕ ਡਰਿੱਲ ਬਾਰੇ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੂੰ ਦੇਸ਼ ਪ੍ਰੇਮੀ ਅਤੇ ਮਾਨਵਤਾ ਦੇ ਮਦਦਗਾਰ ਫ਼ਰਿਸ਼ਤੇ ਬਣਾਉਣਾ, ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਦਾ ਪ੍ਰਮੁੱਖ ਮਿਸ਼ਨ ਹੈ ਇਸ ਲਈ ਸਰਕਾਰਾਂ, ਜ਼ਿਲ੍ਹਾ ਮੈਜਿਸਟਰੇਟ ਅਤੇ ਪੰਜਾਬ ਹੋਮ ਗਾਰਡ ਸਿਵਲ ਡਿਫੈਂਸ ਦੇ ਨੋਡਲ ਅਫਸਰ ਦੀਆਂ ਹਦਾਇਤਾਂ ਅਨੁਸਾਰ ਉਨ੍ਹਾਂ ਦੇ ਐਨ ਸੀ ਸੀ ਕੇਡਿਟਜ, ਐਨ ਐਸ ਐਸ ਵੰਲਟੀਅਰਾਂ ਅਤੇ ਸਕਾਊਟ ਗਾਈਡ ਨੂੰ ਸ਼੍ਰੀ ਕਾਕਾ ਰਾਮ ਵਰਮਾ,ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ ਟ੍ਰੇਨਰ ਨੇ ਮੌਕ ਡਰਿੱਲਾਂ, ਫਸਟ ਏਡ,ਸੀ ਪੀ ਆਰ, ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ ਕਰਕੇ ਮੌਕੇ ’ਤੇ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਦੀ ਮਹੱਤਤਾ ਦੱਸੀ। ਤਾਂ ਜੋ ਭਵਿੱਖ ਵਿੱਚ ਆਉਣ ਵਾਲੀਆਂ ਕੁਦਰਤੀ, ਮੌਸਮੀ ਮਨੁੱਖੀ ਆਫਤਾਵਾਂ, ਜੰਗਾਂ ਮਹਾਂਮਾਰੀਆਂ, ਘਰੈਲੂ ਅਤੇ ਆਵਾਜਾਈ ਦੁਰਘਟਨਾਵਾਂ ਸਮੇਂ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਤਬਾਹੀਆਂ ਤੋਂ ਬਚਾਉਣ ਲਈ ਉਨ੍ਹਾਂ ਦੇ ਵਿਦਿਆਰਥੀਆਂ ਅਧਿਆਪਕਾਂ ਤਿਆਰ ਬਰ ਤਿਆਰ ਰਹਿਣ। ਪ੍ਰਿੰਸੀਪਲ ਸ਼੍ਰੀਮਤੀ ਸਰਲਾ ਭਟਨਾਗਰ ਨੇ ਦੱਸਿਆ ਕਿ ਵਿਦਿਆਰਥੀਆਂ ਦੀਆਂ 10 ਟੀਮਾਂ ਬਣਾ ਕੇ ਮੌਕ ਡਰਿੱਲ ਕਰਵਾਉਣ ਸਮੇਂ ਡਿਊਟੀਆਂ ਲਗਾਈਆਂ ਗਈਆਂ। ਸਕੂਲ ਵਿਖੇ 28 ਅਪ੍ਰੈਲ ਨੂੰ ਅੰਤਰਰਾਸ਼ਟਰੀ ਘਰੈਲੂ ਅਤੇ ਕੰਮ ਵਾਲੀਆਂ ਥਾਵਾਂ ਤੇ ਦੁਰਘਟਨਾਵਾਂ ਘਟਾਉਣ ਦਿਵਸ਼ ਮੌਕੇ, ਪੰਜਾਬ ਹੋਮ ਗਾਰਡ ਸਿਵਲ ਡਿਫੈਂਸ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਮੌਕ ਡਰਿੱਲ ਕਰਵਾਈਆਂ ਜਾਣਗੀਆਂ। ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਵਿਖੇ ਸਾਲ ਵਿੱਚ ਦੋ ਤਿੰਨ ਵਾਰ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਫਸਟ ਏਡ ਫਾਇਰ ਸੇਫਟੀ ਮੌਕ ਡਰਿੱਲਾਂ ਕਰਵਾਈਆਂ ਜਾਣਗੀਆਂ ਤਾਂ ਜੋ ਮਹੱਲਿਆ, ਕਾਲੋਨੀਆਂ ਅਤੇ ਪਬਲਿਕ ਸਥਾਨਾਂ ਤੇ ਉਨ੍ਹਾਂ ਦੇ ਵਿਦਿਆਰਥੀਆਂ ਅਧਿਆਪਕਾਂ ਵਲੋਂ ਮੌਕ ਡਰਿੱਲਾਂ ਕਰਵਾਕੇ ਨਾਗਰਿਕਾਂ ਨੂੰ ਆਪਣੇ ਬਚਾਅ ਅਤੇ ਪੀੜਤਾਂ ਦੀ ਸਹਾਇਤਾ ਕਰਨ ਲਈ ਉਤਸ਼ਾਹਿਤ ਕੀਤਾ ਜਾਵੇਗਾ , ਕਿਉਂਕਿ ਦੇਸ਼ ਸਮਾਜ ਘਰ ਪਰਿਵਾਰਾਂ ਨੂੰ ਸੁਰੱਖਿਅਤ, ਸਿਹਤਮੰਦ, ਖੁਸ਼ਹਾਲ, ਉੱਨਤ ਬਣਾਉਣ ਲਈ ਸਾਡੀ ਸਾਰਿਆਂ ਦੀ ਜ਼ੁੰਮੇਵਾਰੀ ਬਣਦੀ ਹੈ।

## ਪੁਲਿਸ ਡੀ.ਏ.ਵੀ.ਪਬਲਿਕ ਸਕੂਲ ਵਿਖੇ ਅੰਗਰੇਜ਼ੀ ਕੈਲੀਗ੍ਰਾਫੀ ਮੁਕਾਬਲਾ

ਪਟਿਆਲਾ, 24 ਅਪ੍ਰੈਲ (ਚ.ਨ.ਸ.): ਪੁਲਿਸ ਡੀ.ਏ.ਵੀ.ਪਬਲਿਕ ਸਕੂਲ ਪਟਿਆਲਾ ਵਿੱਚ ਵਿਦਿਆਰਥੀਆਂ ਦੀ ਲਿਖਣ ਕਲਾ ਨੂੰ ਨਿਖਾਰਨ ਅਤੇ ਉਨ੍ਹਾਂ ਵਿੱਚ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਅੰਗਰੇਜ਼ੀ ਕੈਲੀਗਰਾਫੀ (ਸੁੰਦਰ ਲਿਖਾਈ) ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਹ ਮੁਕਾਬਲਾ ਤੀਜੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਅਤੇ ਜਜ਼ਬੇ ਨਾਲ ਭਾਗ ਲਿਆ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਸੁੰਦਰ ਲਿਖਾਈ, ਅੱਖਰਾਂ ਦੀ ਸਹੀ ਬਣਤਰ, ਸਫ਼ਾਈ ਅਤੇ ਪ੍ਰਸਤੁਤੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੱਜ ਮੰਡਲ ਵੱਲੋਂ ਹਰ ਵਿਦਿਆਰਥੀ ਦੀ ਲਿਖਾਈ ਨੂੰ ਧਿਆਨ ਨਾਲ ਵੇਖਦਿਆਂ ਉਨ੍ਹਾਂ ਦੀ ਕਲਾ ਅਤੇ ਮਿਹਨਤ ਦੇ ਆਧਾਰ ’ਤੇ ਮੁਲਾਂਕਣ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸਰਦਾਰ ਰਾਜਵੰਤ ਸਿੰਘ ਨੇ ਇਸ ਮੌਕੇ ’ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਨਾ ਸਿਰਫ਼ ਲਿਖਾਈ ਨੂੰ ਸੁਧਾਰਦੇ ਹਨ, ਸਗੋਂ ਵਿਦਿਆਰਥੀਆਂ ਵਿੱਚ ਧੀਰਜ, ਇਕਾਗਰਤਾ ਅਤੇ ਆਤਮ-ਵਿਸ਼ਵਾਸ ਵੀ ਵਧਾਉਂਦੇ ਹਨ। ਉਨ੍ਹਾਂ ਨੇ ਸਾਰੇ ਭਾਗੀਦਾਰਾਂ ਦੀ ਪ੍ਰਸ਼ੰਸਾ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ।

## ਜਾਗਦੇ ਰਹੋ ਕਲੱਬ ਨੇ ਖ਼ੂਨਦਾਨ ਕੈਂਪ ਲਗਾਇਆ



ਦੇਵੀਗੜ੍ਹ, 24 ਅਪ੍ਰੈਲ (ਗੁਰਜੀਤ ਢੋਟ) : ਜਾਗਦੇ ਰਹੋ ਕਲੱਬ ਪਟਿਆਲਾ ਨੇ ਭਾਰਤ ਗੈਸ ਏਜੰਸੀ ਸਨੌਰ ਵਿਖੇ, ਖ਼ੂਨਦਾਨ ਕੈਂਪ ਲਗਾਇਆ।ਖ਼ੂਨਦਾਨ ਕੈਂਪ ਦਾ ਰਸਮੀਂ ਉਦਘਾਟਨ ਹਰਮਨਜੀਤ ਸਿੰਘ ਅਤੇ ਰਾਜਨ ਸਨੌਰ ਨੇ ਖ਼ੂਨਦਾਨ ਕਰਕੇ ਕੀਤਾ।ਖ਼ੂਨਦਾਨ ਕੈਂਪ ਵਿੱਚ ਹਰਮਨਪ੍ਰੀਤ ਸਿੰਘ, ਜਸਕਰਨ ਸਿੰਘ, ਬਖਸੀਸ ਸਿੰਘ, ਜਸਵੰਤ ਸਿੰਘ, ਅਮਰਦਾਸ, ਕੁਲਬੀਰ ਖਾਨ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ, ਦਰਸਨ ਸਿੰਘ,ਵਿਕਰਮ ਕੁਮਾਰ, ਗੁਰਪ੍ਰੀਤ ਸਿੰਘ ਅਤੇ ਗਗਨਪ੍ਰੀਤ ਕੁਮਾਰ ਸਮੇਤ 15 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਹਰਮਨਜੀਤ ਸਿੰਘ ਨੇ ਕਿਹਾ ਕਿ ਜਾਗਦੇ ਰਹੋ ਕਲੱਬ ਪਟਿਆਲਾ ਭਾਰਤ ਦੀ ਨੰਬਰ ਇੱਕ ਸੰਸਥਾ ਹੈ।ਹਰਕ੍ਰਿਸ਼ਨ ਸਿੰਘ ਸੁਰਜੀਤ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਮੈਨੇਜਰ ਬਿੰਦਰ ਸਿੰਘ ਭਾਰਤ ਗੈਸ, ਜਨਰਲ ਸਕੱਤਰ ਦੀਦਾਰ ਸਿੰਘ ਬੋਸਰ, ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਤੇਜਿੰਦਰ ਸਿੰਘ ਮੰਡੌਰ, ਰਣਜੀਤ ਸਿੰਘ ਬੋਸਰ, ਕਰਮਵੀਰ ਸਿੰਘ ਅਤੇ ਹਰਕ੍ਰਿਸ਼ਨ ਸਿੰਘ ਸੁਰਜੀਤ ਆਦਿ ਹਾਜ਼ਰ ਸੀ।

## ਕੇਅਰ ਕੰਪੈਨੀਅਨ ਪ੍ਰੋਗਰਾਮ ਤਹਿਤ ਦਿੱਤੀ ਟ੍ਰੇਨਿੰਗ



ਪਟਿਆਲਾ, 24 ਅਪ੍ਰੈਲ (ਰੁਪਾਣਾ) : ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਅਤੇ ਮੈਡੀਕਲ ਸੁਪਰਡੇਂਟ ਮਾਤਾ ਕੁਸ਼ੱਲਿਆ ਹਸਪਤਾਲ ਡਾ.ਵਿਕਾਸ ਗੋਇਲ ਦੀ ਅਗਵਾਈ ਹੇਠ ਕਾਨਫਰੰਸ ਹਾਲ, ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਵਿਖੇ ਸਟਾਫ ਨਰਸਾਂ ਨੂੰ ਮਾਵਾਂ ਅਤੇ ਨਵਜੰਮੇ ਬੱਚਿਆਂ ਦੀ ਦੇਖਭਾਲ ਲਈ ਕੇਅਰ ਕੰਪੈਨੀਅਨ ਪ੍ਰੋਗਰਾਮ ਤਹਿਤ ਟ੍ਰੇਨਿੰਗ ਕਰਵਾਈ ਗਈ। ਇਸ ਟ੍ਰੇਨਿੰਗ ਦੌਰਾਨ ਦੱਸਿਆ ਗਿਆ ਕਿ ਬੱਚੇ ਦੇ ਜਨਮ ਸਮੇਂ ਬੱਚੇ ਦੀ ਸੰਭਾਲ ਦੇ ਨਾਲ-ਨਾਲ ਮਾਂ ਦੀ ਸਿਹਤ ਸੰਭਾਲ ਵੱਲ ਵੀ ਖਾਸ ਧਿਆਨ ਦੇਣ ਦੀ ਜ਼ਰੂਰਤ ਹੁੰਦੀ ਹੈ। ਟ੍ਰੇਨਿੰਗ ਦਿੰਦਿਆ ਕੇਅਰ ਕੰਪੈਨੀਅਨ ਪ੍ਰੋਗਰਾਮ ਦੇ ਟ੍ਰੇਨਰ ਡਾ.ਅਤੁਲ ਨੇ ਦੱਸਿਆ ਕਿ ਬੱਚੇ ਦੀ ਸਾਂਭ ਸੰਭਾਲ ਕਰਨੀ ਪੂਰੇ ਪਰਿਵਾਰ ਦੀ ਜਿੰਮੇਵਾਰੀ ਹੁੰਦੀ ਹੈ। ਇਸ ਲਈ ਜਣੇਪੇ ਮੌਕੇ ਨਾਲ ਆਏ ਪਰਿਵਾਰਿਕ ਮੈਂਬਾਂ ਨੂੰ ਵੀ ਦੱਸਿਆ ਜਾਵੇ ਕਿ ਨਵੀਂ ਮਾਂ ਨੂੰ ਪੌਸ਼ਟਿਕ ਖੁਰਾਕ ਦੇਣੀ ਕਿੰਨੀ ਜ਼ਰੂਰੀ ਹੈ। ਇਸ ਦੇ ਨਾਲ ਹੀ ਬੱਚੇ ਦੀ ਸਾਂਭ ਸੰਭਾਲ ਬਾਰੇ ਵੀ ਪਿਤਾ ਨੂੰ ਜਾਣਕਾਰੀ ਦਿੱਤੀ ਜਾਣੀ ਚਾਹੀਦੀ ਹੈ। ਪਿਤਾ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਬੱਚੇ ਨੂੰ ਗੋਦੀ ਕਿਵੇਂ ਚੁੱਕਣਾ, ਦੁੱਧ ਪਿਲਾਏ ਜਾਣ ਤੋਂ ਬਾਦ ਡਕਾਰ ਦਵਾਉਣਾ ਅਤੇ ਸਾਫ ਸਫਾਈ ਦਾ ਖਿਆਲ ਰੱਖਣਾ ਆਉਣਾ ਚਾਹੀਦਾ ਹੈ। ਉਹਨਾਂ ਦੱਸਿਆ ਕਿ ਇਸ ਲਈ ਸਾਰੀਆ ਸਿਹਤ ਸੰਸਥਾਵਾਂ ਤੇ ਫਲਿਪ ਚਾਰਟ, ਪੋਸਟਰ, ਵੀਡਿਊ ਆਦਿ ਰਾਹੀਂ ਮਹਿਲਾਵਾਂ ਦੇ ਨਾਲ ਆਏ ਪਰਿਵਾਰਕ ਮੈਂਬਰਾਂ ਨੂੰ ਵੀ ਜਾਣਕਾਰੀ ਦਿੱਤੀ ਜਾਵੇ। ਮਾਂ ਦੇ ਨਾਲ-ਨਾਲ ਬੱਚੇ ਦੇ ਪਿਤਾ, ਦਾਦੀ , ਨਾਨੀ ਅਤੇ ਹੋਰ ਰਿਸ਼ਤੇਦਾਰਾਂ ਨੂੰ ਵੀ ਜੱਚਾ ਬੱਚਾ ਦੀ ਸਾਂਭ ਸੰਭਾਲ ਬਾਰੇ ਸਮਝਾਇਆ ਜਾਵੇ। ਉਹਨਾਂ ਨੇ ਅੱਗੇ ਆਖਿਆ ਕਿ ਏ.ਐਨ.ਸੀ ਦੌਰਾਨ ਜੇ ਕਿਸੇ ਕਿਸਮ ਦੀ ਜਾਣਕਾਰੀ ਚਾਹੀਦੀ ਹੋਵੇ ਤਾਂ ਉਸ ਲਈ ਸਰਕਾਰ ਵੱਲੋਂ ਟੋਲ ਫਰੀ ਨੰ 18008899389 ਨਾਲ ਸੰਪਰਕ ਕੀਤਾ ਜਾਵੇ। ਇਸ ਮੌਕੇ ਡੀ.ਐਫ.ਵੀ.ਓ ਡਾ.ਬਲਕਾਰ ਸਿੰਘ, ਐਸ.ਐਮ.ਓ ਡਾ.ਜੈਦੀਪ ਭਾਟੀਆ, ਡਾ.ਸੁਰਭੀ, ਡਾ.ਰਾਨੀ, ਡੀ.ਪੀ.ਐਮ ਰਿਤਿਕਾ ਗਰੋਵਰ ਅਤੇ ਮਾਸ ਮੀਡੀਆ ਵਿੰਗ ਦੀ ਟੀਮ ਮੌਜੂਦ ਸੀ।

## ਮਾਡਰਨ ਸਕੂਲ ਦੇ ਫੁੱਟਬਾਲ ਟੂਰਨਾਮੈਂਟ ’ਚ ਚੋਟੀ ਦੀਆਂ ਟੀਮਾਂ ਨੇ ਜਿੱਤ ਹਾਸਲ ਕੀਤੀ



ਪਟਿਆਲਾ, 24 ਅਪ੍ਰੈਲ (ਚ.ਨ.ਸ.) : ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਨੇ 23 ਅਤੇ 24 ਅਪ੍ਰੈਲ ਨੂੰ ਅੰਡਰ-17 ਲੜਕਿਆਂ ਦਾ ਅੰਤਰ-ਸਕੂਲ ਫੁੱਟਬਾਲ ਟੂਰਨਾਮੈਂਟ ਸਫਲਤਾਪੂਰਵਕ ਕਰਵਾਇਆ, ਜਿਸ ਵਿੱਚ ਚੋਟੀ ਦੇ 8 ਸਕੂਲਾਂ ਨੇ ਹਿੱਸਾ ਲਿਆ ਅਤੇ ਇੱਕ ਮੁਕਾਬਲੇ ਵਾਲਾ ਖੇਡ ਮਾਹੌਲ ਬਣਾਇਆ। ਫਾਈਨਲ ਸਟੈਂਡਿੰਗ ਵਿੱਚ, ਆਰਮੀ ਪਬਲਿਕ ਸਕੂਲ, ਪਟਿਆਲਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਉਸ ਤੋਂ ਬਾਅਦ ਮੇਜ਼ਬਾਨ, ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਦੂਜੇ ਸਥਾਨ ’ਤੇ ਰਿਹਾ, ਜਦੋਂਕਿ ਮਾਊਂਟ ਲਿਟਰਾ ਜ਼ੀ ਸਕੂਲ ਤੀਜੇ ਸਥਾਨ ’ਤੇ ਰਿਹਾ। ਇਹ ਪ੍ਰੋਗਰਾਮ ਸਕੂਲ ਪ੍ਰਧਾਨ, ਜੁਝਾਰ ਸਿੰਘ ਅਤੇ ਮੁੱਖ ਮਹਿਮਾਨ ਗੋਬਿੰਦ ਰਾਣਾ ਦੀ ਮੌਜੂਦਗੀ ਨਾਲ ਸੰਪੰਨ ਹੋਇਆ, ਜਿਨ੍ਹਾਂ ਨੇ ਖਿਡਾਰੀਆਂ ਨੂੰ ਪ੍ਰੇਰਿਤ ਕੀਤਾ ਅਤੇ ਮੁਕਾਬਲੇ ਦੇ ਉੱਚ ਮਿਆਰ ਦੀ ਸ਼ਲਾਘਾ ਕੀਤੀ। ਟੂਰਨਾਮੈਂਟ ਦੇ ਖਿਡਾਰੀ ਦਾ ਪੁਰਸਕਾਰ ਸੁਖਮਨਪ੍ਰੀਤ ਨੂੰ ਦਿੱਤਾ ਗਿਆ, ਜਦੋਂਕਿ ਗੋਲਡਨ ਬੂਟ ਪੁਰਸਕਾਰ ਆਰਮੀ ਪਬਲਿਕ ਸਕੂਲ, ਪਟਿਆਲਾ ਦੇ ਦੋਵੇਂ ਅਰਪਨਵੀਰ ਸਿੰਘ ਨੂੰ ਦਿੱਤਾ ਗਿਆ।

## ਖ਼ਾਲਸਾ ਕਾਲਜ ਵਿਖੇ ਡਿਜੀਟਲ ਮੀਮ ਤਿਆਰ ਕਰਨ ਸਬੰਧੀ ਦੋ-ਰੋਜ਼ਾ ਵਰਕਸ਼ਾਪ



ਪਟਿਆਲਾ, 24 ਅਪ੍ਰੈਲ (ਚ.ਨ.ਸ.) : ਜਨਰਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ ਖ਼ਾਲਸਾ ਕਾਲਜ, ਪਟਿਆਲਾ ਦੀ ਪ੍ਰੀਖਿਆ ਸ਼ਾਖਾ ਵੱਲੋਂ ਕਾਲਜ ਦੇ ਕਾਰਜਾਂ ਨੂੰ ਵਧੇਰੇ ਆਧੁਨਿਕ ਬਣਾਉਣ ਲਈ ਡਿਜੀਟਲ ਮੀਮ ਤਿਆਰ ਕਰਨ ਅਤੇ ਹੋਰ ਕਾਰਜਾਂ ਨੂੰ ਡਿਜੀਟਲ ਕਰਨ’ ਹਿਤ ਇਕ ਵਿਸ਼ੇਸ਼ ਦੋ-ਰੋਜ਼ਾ ਵਰਕਸ਼ਾਪ ਲਗਾਈ ਗਈ। ਇਹ ਵਰਕਸ਼ਾਪ ਕਾਲਜ ਦੇ ਭਾਈ ਦਇਆ ਸਿੰਘ ਬਲਾਕ ਕੰਪਿਊਟਰ ਲੈਬ ਵਿੱਚ ਆਯੋਜਿਤ ਕੀਤੀ ਗਈ। ਇਸ ਸਿਖਲਾਈ ਪ੍ਰੋਗਰਾਮ ਵਿੱਚ ਪ੍ਰੋ. ਲਾਲ ਸਿੰਘ ਨੇ ਰਿਸੋਰਸ ਪਰਸਨ ਵਜੋਂ ਸ਼ਿਰਕਤ ਕੀਤੀ ਅਤੇ ਹਾਜ਼ਰ ਸਟਾਫ਼ ਨੂੰ ਡਿਜੀਟਲ ਤਕਨੀਕਾਂ ਦੀ ਬਾਰੀਕੀ ਨਾਲ ਜਾਣਕਾਰੀ ਦਿੱਤੀ। ਵਰਕਸ਼ਾਪ ਦੇ ਉਦਘਾਟਨ ਮੌਕੇ ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਜੋਕੇ ਸਮੇਂ ਵਿੱਚ ਦਫ਼ਤਰੀ ਕੰਮਕਾਜ ਨੂੰ ਤਕਨੀਕ ਨਾਲ ਜੋੜਨਾ ਬਹੁਤ ਜ਼ਰੂਰੀ ਹੈ, ਤਾਂ ਜੋ ਕੰਮ ਵਿੱਚ ਪਾਰਦਰਸ਼ਤਾ ਅਤੇ ਤੇਜ਼ੀ ਲਿਆਂਦੀ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਕਾਲਜ ਆਪਣੇ ਸਮੁੱਚੇ ਸਿਸਟਮ ਨੂੰ ਪੇਪਰਲੈੱਸ ਬਣਾਉਣ ਵੱਲ ਵਧ ਰਿਹਾ ਹੈ। ਇਸ ਮੌਕੇ ਕੰਟਰੋਲਰ ਪ੍ਰੀਖਿਆਵਾਂ ਡਾ. ਜਸਪ੍ਰੀਤ ਕੌਰ ਵੀ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਿਜੀਟਲ ਮੀਮ ਰਾਹੀਂ ਪ੍ਰੀਖਿਆ ਸ਼ਾਖਾ ਦੇ ਰਿਕਾਰਡ ਨੂੰ ਸੰਭਾਲਣਾ ਅਤੇ ਤਿਆਰ ਕਰਨਾ ਬਹੁਤ ਸੁਖਾਲਾ ਹੋ ਜਾਵੇਗਾ ਅਤੇ ਇਸ ਨਾਲ ਕਰਮਚਾਰੀਆਂ ਦੀ ਕਾਰਜਕੁਸ਼ਲਤਾ ਵਿੱਚ ਵੀ ਵਾਧਾ ਹੋਵੇਗਾ। ਇਸ ਵਰਕਸ਼ਾਪ ਵਿੱਚ ਪ੍ਰੀਖਿਆ ਸ਼ਾਖਾ ਦੇ 19 ਮੈਂਬਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਕ੍ਰਿਸ਼ਨ ਕੁਮਾਰ, ਸੁਖਜਿੰਦਰਪਾਲ ਸਿੰਘ, ਸ਼ਮਸ਼ੇਰ ਸਿੰਘ, ਜਗਜੀਤ ਸਿੰਘ, ਹਰਸਿਮਰਨ ਸਿੰਘ, ਬਰਿੰਦਰਪਾਲ ਸਿੰਘ, ਪਾਲ ਸਿੰਘ, ਜਸਵੰਤ ਸਿੰਘ, ਸ. ਵਰਿੰਦਰ ਸਿੰਘ, ਹਰਵਿੰਦਰ ਸਿੰਘ ਰਾਏ, ਜਤਿੰਦਰ ਸਿੰਘ, ਕੁਲਵਿੰਦਰ ਸਿੰਘ, ਖੁਸ਼ਵੰਤ ਕੌਰ, ਲਖਵਿੰਦਰ ਸਿੰਘ, ਵਿਸ਼ਾਲ ਗਿੱਲ, ਜਗਰੂਪ ਸਿੰਘ, ਸਰਬਜੀਤ ਸਿੰਘ ਅਤੇ ਸ. ਸਿਮਰਨਜੋਤ ਸਿੰਘ ਸ਼ਾਮਲ ਸਨ।



# ਪਟਿਆਲਾ-ਆਸ/ਪਾਸ



## ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਵੱਲੋਂ ਸਤਲੁਜ ਦਰਿਆ 'ਚ ਮੱਛੀਆਂ ਦੇ ਮਰਨ ਦੀ ਜਾਂਚ

ਪਟਿਆਲਾ, 24 ਅਪ੍ਰੈਲ (ਰੁਪਾਨਾ/ਦੀਪਕ ਜੈਦਕਾ) : ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਹਰੀਕੇ ਹੈੱਡ ਵਰਕਸ ਦੇ ਨੇੜੇ ਸਤਲੁਜ ਦਰਿਆ ਵਿੱਚ ਮੱਛੀਆਂ ਦੇ ਮਰਨ ਦੀ ਘਟਨਾ ਦੀ ਵਿਸਤ੍ਰਿਤ ਫੀਲਡ ਜਾਂਚ ਮੁਕੰਮਲ ਕਰ ਲਈ ਗਈ ਹੈ। ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਜਾਂਚ ਦੇ ਨਤੀਜਿਆਂ ਅਨੁਸਾਰ, ਦਰਿਆ ਦੇ ਸੈਂਪਲ ਲਏ ਗਏ ਹਿੱਸੇ ਵਿੱਚ ਅਜਿਹਾ ਕੋਈ ਵੀ ਜ਼ਹਿਰੀਲਾ ਤੱਤ ਨਹੀਂ ਪਾਇਆ ਗਿਆ ਹੈ, ਜੋ ਉਦਯੋਗਿਕ ਪ੍ਰਦੂਸ਼ਨ ਵੱਲ ਇਸ਼ਾਰਾ ਕਰਦਾ ਹੋਵੇ। ਬੁਲਾਰੇ ਨੇ ਅੱਗੇ ਦੱਸਿਆ ਕਿ ਬੋਰਡ ਨੂੰ 3 ਅਪ੍ਰੈਲ ਨੂੰ ਇੱਕ ਵੀਡੀਓ ਪ੍ਰਾਪਤ ਹੋਈ ਸੀ, ਜਿਸ ਵਿੱਚ ਮਰੀਆਂ ਹੋਈਆਂ ਮੱਛੀਆਂ ਦਿਖਾਈ ਦੇ ਰਹੀਆਂ ਸਨ। ਅਗਲੇ ਹੀ ਦਿਨ ਪੀ.ਪੀ.ਸੀ.ਬੀ. ਦੀ ਟੀਮ ਨੇ ਵਿਗਿਆਨਕ ਸਟਾਫ ਅਤੇ ਮੱਛੀ ਪਾਲਣ ਵਿਭਾਗ ਦੇ ਸਹਿਯੋਗ ਨਾਲ ਪਿੰਡ ਗੱਟਾ ਬਾਦਸ਼ਾਹ, ਦੀਨੇਕੇ ਨੇੜੇ ਹਰੀਕੇ ਹੈੱਡ ਵਰਕਸ ਵਾਲੀ ਥਾਂ ਦਾ ਦੌਰਾ ਕੀਤਾ। ਮੌਕੇ ਦੇ ਨਿਰੀਖਣ ਦੌਰਾਨ ਹਰੀਕੇ ਹੈੱਡ ਵਰਕਸ ਦੇ ਹੇਠਲੇ ਪਾਸੇ (ਡਾਊਨਸਟ੍ਰੀਮ), ਖਾਸ ਕਰਕੇ ਫਿਸ਼ ਲੈਡਰ ਅਤੇ ਬੈਰਾਜ ਦੇ ਕੁਝ ਖਾਸ ਗੇਟਾਂ ਕੋਲ ਮਰੀਆਂ ਹੋਈਆਂ ਮੱਛੀਆਂ ਪਾਈਆਂ ਗਈਆਂ, ਜਦਕਿ ਉੱਪਰਲੇ ਪਾਸੇ (ਅੱਪਸਟ੍ਰੀਮ) ਕੋਈ ਵੀ ਮਰੀ ਹੋਈ ਮੱਛੀ ਨਹੀਂ ਦੇਖੀ ਗਈ। ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਦੇ ਬੁਲਾਰੇ ਨੇ ਕਿਹਾ ਕਿ ਮੁੱਢਲੇ ਟੈਸਟਾਂ ਦੇ ਨਤੀਜੇ ਦਰਸਾਉਂਦੇ ਹਨ ਕਿ ਪਾਣੀ ਵਿੱਚ ਆਕਸੀਜਨ ਦੀ ਮਾਤਰਾ ਅਤੇ ਤੇਜ਼ਾਬੀਪਣ ਦਾ ਪੱਧਰ ਆਮ ਹੈ, ਜੋ ਜਲਜੀ ਜੀਵਾਂ ਲਈ ਢੁਕਵਾਂ ਹੈ। ਸੈਂਪਲਾਂ ਦੀ ਰਿਪੋਰਟ ਵਿੱਚ ਕੋਈ ਗੰਭੀਰ ਜ਼ਹਿਰੀਲਾਪਣ ਨਹੀਂ ਪਾਇਆ ਗਿਆ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਮੱਛੀਆਂ ਦੀ ਮੌਤ ਉਦਯੋਗਿਕ ਪ੍ਰਦੂਸ਼ਨ ਕਾਰਨ ਨਹੀਂ ਹੋਈ। ਪਾਣੀ ਦੇ ਨਮੂਨਿਆਂ ਦੇ ਵਿਸ਼ਲੇਸ਼ਣ ਨੇ ਨਤੀਜੇ ਦਿਖਾਏ, ਜਿਸ ਵਿੱਚ, ਡਿਜ਼ੌਲਵਡ ਆਕਸੀਜਨ (ਡੀਓ) ਦਾ ਪੱਧਰ 6.2 ਤੋਂ 7.7 ਮਿਲੀਗ੍ਰਾਮ ਪ੍ਰਤੀ ਲੀਟਰਦੇ ਵਿਚਕਾਰ ਰਿਹਾ, ਜੋ ਜਲਜੀ ਜੀਵਾਂ ਲਈ ਢੁਕਵਾਂ ਹੈ। ਪੀ ਐਚ ਪੱਧਰ 6.8 ਤੋਂ 7.5 ਦੇ ਵਿਚਕਾਰ ਸੀ, ਜੋ ਪ੍ਰਵਾਨਿਤ ਸੀਮਾ ਦੇ ਅੰਦਰ ਹੈ। ਭਾਰੀ ਧਾਤਾਂ, ਸੂਖਮ ਤੱਤਾਂ ਅਤੇ ਕੀਟਨਾਸ਼ਕਾਂ ਦੀ ਮਾਤਰਾ ਵੀ ਤੈਅ ਸੀਮਾ ਦੇ ਅੰਦਰ ਪਾਈ ਗਈ। ਉਨ੍ਹਾਂ ਦੱਸਿਆ ਕਿ ਮੱਛੀ ਪਾਲਣ ਵਿਭਾਗ ਵੱਲੋਂ ਇਕੱਠੇ ਕੀਤੇ ਗਏ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਯੂਨੀਵਰਸਿਟੀ ਵੱਲੋਂ ਜਾਂਚੇ ਗਏ ਮੱਛੀਆਂ ਦੇ ਨਮੂਨਿਆਂ ਵਿੱਚ ਵੀ ਮੌਤ ਦੇ ਸਹੀ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ, ਕਿਉਂਕਿ ਨਮੂਨੇ ਬਹੁਤ ਜ਼ਿਆਦਾ ਗਲ਼-ਸੜ ਚੁੱਕੇ ਸਨ। ਪੁਰਾਣੇ ਇਤਿਹਾਸ ਅਨੁਸਾਰ ਅਪ੍ਰੈਲ ਅਤੇ ਮਈ ਦੇ ਮਹੀਨੇ ਮੱਛੀਆਂ ਦੇ ਪ੍ਰਜਨਨ ਦਾ ਸਮਾਂ ਹੁੰਦਾ ਹੈ ਅਤੇ ਇਸ ਦੌਰਾਨ ਮੱਛੀਆਂ ਦਾ ਮਰਨਾ ਇੱਕ ਆਮ ਗੱਲ ਹੈ। ਬੁਲਾਰੇ ਅਨੁਸਾਰ ਬੋਰਡ ਵੱਲੋਂ ਸਤਲੁਜ ਵਿੱਚ ਮੱਛੀਆਂ ਦੇ ਮਰਨ ਦੇ ਹੋਰ ਸਥਾਨਕ ਜਾਂ ਸੰਭਾਵਿਤ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

## ਗੁਰੂ ਸਿਧਾਂਤਾਂ ਅਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਅਤੇ ਨੈਤਿਕ ਜ਼ਿੰਮੇਵਾਰੀ : ਐਡਵੋਕੇਟ ਧਾਮੀ

### ➢ਸਰਕਾਰ-ਏ-ਖ਼ਾਲਸਾ: ਇੱਕ ਪੁਨਰ ਚਿੰਤਨ ਵਿਸ਼ੇ 'ਤੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ



ਬਹਾਦਰਗੜ੍ਹ/ਪਟਿਆਲਾ, 24 ਅਪ੍ਰੈਲ (ਰੁਪਾਨਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਅਧੀਨ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ ਵਿਚ ਸਿੱਖਿਆ ਸਕੱਤਰ ਦੇ ਦਿਸ਼ਾ ਨਿਰਦੇਸ਼ਾਂ ਹੇਠ 'ਸਰਕਾਰ ਏਖ਼ਾਲਸਾ: ਇੱਕ ਪੁਨਰ ਚਿੰਤਨ' ਵਿਸ਼ੇ 'ਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ, ਪਟਿਆਲਾ ਵਿਖੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਤੋਂ ਵਿਦਵਾਨਾਂ, ਖੋਜ ਕਰਤਿਆਂ, ਪ੍ਰੋਫੈਸਰ ਸਾਹਿਬਾਨ ਅਤੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਲਗਭਗ 90 ਪਰਚੇ ਪੜ੍ਹੇ ਗਏ। ਸੈਮੀਨਾਰਾਂ ਦੀ ਸ਼ੁਰੂਆਤ ਖਾਲਸਾ ਕਾਲਜ, ਪਟਿਆਲਾ ਦੇ ਵਿਦਿਆਰਥੀਆਂ ਵੱਲੋਂ ਉਦਘਾਟਨੀ ਸ਼ਬਦ ਰਾਹੀਂ ਕੀਤੀ ਗਈ। ਡਾ. ਰਜਿੰਦਰ ਕੌਰ, ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ, ਲੁਧਿਆਣਾ ਨੇ ਸਵਾਗਤੀ ਭਾਸ਼ਣ ਦਿੱਤਾ ਅਤੇ ਮੰਚ ਸੰਚਾਲਨ ਵੀ ਕੀਤਾ। ਇਸ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹਿਸਟਰੀ ਵਿਭਾਗ ਦੇ ਰਿਟਾ. ਪ੍ਰੋ. ਸੁਲੱਖਣ ਸਿੰਘ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਕਿਹਾ ਕਿ ਇਸ ਸੈਮੀਨਾਰ ਦਾ ਵਿਸ਼ਾ ਸਿਰਫ ਇਤਿਹਾਸਕ ਅਧਿਐਨ ਤੱਕ ਸੀਮਿਤ ਨਹੀਂ, ਸਗੋਂ ਸਾਡੇ ਸਮਾਜਿਕ, ਰਾਜਨੀਤਿਕ ਅਤੇ ਨੈਤਿਕ ਮੁੱਲ੍ਹਾਂ ਨਾਲ ਜੁੜਿਆ ਹੋਇਆ ਹੈ। ਸਰਕਾਰ ਏ ਖ਼ਾਲਸਾ ਦੀ ਸੰਕਲਪਨਾ ਸਾਨੂੰ ਸਿੱਖ ਇਤਿਹਾਸ ਦੇ ਸੁਨਹਿਰੀ ਯੁੱਗ ਵੱਲ ਲੈ ਜਾਂਦੀ ਹੈ, ਜਿੱਥੇ ਨਿਆਂ, ਸਮਾਨਤਾ ਅਤੇ ਸੇਵਾ ਦੇ ਮੂਲ ਸਿਧਾਂਤਾਂ 'ਤੇ ਅਧਾਰਿਤ ਪ੍ਰਬੰਧ ਸਥਾਪਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਸਮੁੱਚੀ ਸ਼ਖ਼ਸੀਅਤ ਨੂੰ ਸਮਝਣ ਲਈ ਪਾਠਕਾਂ, ਸਰੋਤਿਆਂ ਅਤੇ ਆਪ ਵਿਅਕਤੀ ਨੂੰ ਜਾਣਕਾਰੀ ਹੋਣੀ ਜ਼ਰੂਰੀ ਹੈ, ਜਿਸ ਵਿੱਚ ਇਹ ਸੈਮੀਨਾਰ ਆਪਣਾ ਵਿਸ਼ੇਸ਼ ਯੋਗਦਾਨ ਪਾਵੇਗਾ। ਮਹਾਰਾਜਾ ਰਣਜੀਤ ਸਿੰਘ ਦੇ ਸਮਕਾਲ ਵਿੱਚ ਰਾਜ-ਪ੍ਰਬੰਧ, ਸਿਧਾਂਤ ਅਤੇ ਧਰਮ ਆਦਿ ਪੱਖਾਂ ਨੂੰ ਵੀ ਇਸ ਸੈਮੀਨਾਰ ਵਿੱਚ ਵਿਚਾਰਿਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਏ ਖ਼ਾਲਸਾ ਸਿਰਫ਼ ਇੱਕ ਰਾਜਨੀਤਿਕ ਪ੍ਰਣਾਲੀ ਨਹੀਂ ਸੀ, ਸਗੋਂ ਨਿਆਂ, ਸਮਾਨਤਾ ਅਤੇ ਧਾਰਮਿਕ ਆਜਾਦੀ ਦੇ ਅਧਾਰ ਤੇ ਖੜੀ ਇੱਕ ਵਿਲੱਖਣ ਪ੍ਰਣਾਲੀ ਸੀ। ਉਨ੍ਹਾਂ ਕਿਹਾ ਕਿ ਅੱਜ ਦੇ ਸੈਮੀਨਾਰ ਦਾ ਉਦੇਸ਼ ਸਿਰਫ਼ ਇਤਿਹਾਸ ਨੂੰ ਯਾਦ ਕਰਨਾ ਹੀ ਨਹੀਂ, ਸਗੋਂ ਉਸ ਤੋਂ ਸੇਧ ਲੈਣਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਵੱਲੋਂ ਮਿਲੇ ਹੋਏ ਗੁਰੂ ਸਿਧਾਂਤਾਂ ਦੀ ਬਖ਼ਸ਼ਿਸ ਅਤੇ ਵਡਿਆਈਆਂ ਨੂੰ ਬਰਕਰਾਰ ਰੱਖਣਾ ਮਨੁੱਖ ਦੀ ਧਾਰਮਿਕ ਅਤੇ ਨੈਤਿਕ ਜਿੰਮੇਵਾਰੀ ਹੈ। ਉਦਘਾਟਨੀ ਸਮਾਰੋਹ ਦੀ ਸਮਾਪਤੀ ਮੌਕੇ ਸਿੱਖਿਆ ਸਕੱਤਰ ਸੁਖਮਿੰਦਰ ਸਿੰਘ ਵੱਲੋਂ ਪੁੱਜੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਗਿਆ ਅਤੇ ਡਾ. ਪਰਮਜੀਤ ਕੌਰ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਅਤੇ ਡਾ. ਦਵਿੰਦਰ ਸਿੰਘ, ਖਾਲਸਾ ਕਾਲਜ, ਪਟਿਆਲਾ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ। ਸੈਮੀਨਾਰ ਦੇ ਵਿਸ਼ੇਸ਼ ਭਾਸ਼ਣ ਵਿੱਚ ਪ੍ਰੋ. ਮੁਹੰਮਦ ਇਦਰੀਸ, ਪ੍ਰੋ. ਹਿਸਟਰੀ ਵਿਭਾਗ ਅਤੇ ਇੰਚਾਰਜ, ਸ਼ਹੀਦ ਊਧਮ ਸਿੰਘ ਚੇਅਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਕਿਹਾ ਕਿ ਸਰਕਾਰ ਏ ਖ਼ਾਲਸਾ ਦੀ ਨੀਂਹ ਸਚਾਈ, ਨਿਆਂ, ਨਿਰਭਉਤਾ ਅਤੇ ਸੇਵਾ ਦੇ ਅਸੂਲਾਂ 'ਤੇ ਟਿੱਕੀ ਸੀ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਇਹ ਪ੍ਰਣਾਲੀ ਕਿਸੇ ਇੱਕ ਵਰਗ ਜਾਂ ਧਰਮ ਲਈ ਨਹੀਂ ਸੀ, ਬਲਕਿ ਸਮੁੱਚੀ ਲੋਕਾਈ ਲਈ ਸੀ, ਜਿਸ ਵਿੱਚ ਸ਼ਾਸਨ ਦਾ ਮਤਲਬ ਹਕੂਮਤ ਨਹੀਂ, ਬਲਕਿ ਸੇਵਾ ਸੀ। ਸੱਤਾ ਦਾ ਮਤਲਬ ਦਬਦਬਾ ਨਹੀਂ, ਸਗੋਂ ਜਿੰਮੇਵਾਰੀ ਸੀ। ਮਹਾਰਾਜਾ ਦਾ ਆਮ ਰਾਜ ਨਾ ਹੋ ਕੇ ਧਰਮਨਿਰਪੇਖਤਾ ਅਤੇ ਸਮਾਨਤਾ ਦਾ ਰਾਜ ਸੀ। ਇਸ ਮੌਕੇ ਚਾਰ ਟੈਕਨੀਕਲ ਸੈਸ਼ਨ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਚੇਅਰਪਰਸਨ ਵੱਜੋਂ ਡਾ. ਜਸਬੀਰ ਸਿੰਘ, ਡਾ. ਸੰਦੀਪ ਕੌਰ, ਡਾ. ਜਗਜੀਵਨ ਸਿੰਘ ਨੇ ਸ਼ਮੂਲੀਅਤ ਕੀਤੀ। ਡਾ. ਬਲਜੀਤ ਸਿੰਘ ਵਿਰਕ, ਡਾ. ਪਰਨੀਤ ਕੌਰ ਢਿੱਲੋਂ ਅਤੇ ਡਾ. ਰਾਕੇਸ਼ ਬਾਵਾ ਨੇ ਵਿਸ਼ੇਸ਼ ਬੁਲਾਰਿਆਂ ਵੱਜੋਂ ਵਿਸ਼ੇਸ਼ ਭੂਮਿਕਾ ਨਿਭਾਈ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਗੁਰਮੀਤ ਸਿੰਘ ਬੂਹ, ਮੈਂਬਰ, ਇੰਚਾਰਜ ਵਿੱਦਿਆ (ਸਕੂਲ), ਸ. ਰਘਬੀਰ ਸਿੰਘ ਸਹਾਰਨਮਾਜਰਾ, ਮੈਂਬਰ, ਜਥੇਦਾਰ ਜਸਮੇਰ ਸਿੰਘ ਲਾਛੜੂ ਆਦਿ ਵੀ ਮੌਜੂਦ ਸਨ।

## ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁ. ਸ੍ਰੀ ਅੰਗਦ ਦਰਬਾਰ ਸਾਹਿਬ ਵਿਖੇ ਸੰਪਟ ਪਾਠ ਸਾਹਿਬ 26 ਤੱਕ

ਪਟਿਆਲਾ, 24 ਅਪ੍ਰੈਲ (ਚ.ਨ.ਸ.):ਵਿਸ਼ਵ ਸ਼ਾਂਤੀ ਮਨੁੱਖਤਾ ਦੇ ਕਲਿਆਣ ਤੇ ਸਰਬਤ ਦੇ ਭਲੇ ਲਈ ਸੇਵਾ, ਸਿਮਰਨ ਅਤੇ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅੰਗਦ ਦੇਵ ਜੀ ਦੇ 522ਵੇਂ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਮਹਿਲ ਮਾਤਾ ਖੀਵੀ ਜੀ ਦੇ 517 ਸਾਲਾ ਜਨਮ ਦਿਨ ਦੇ ਸਬੰਧ ਵਿਚ 43ਵਾਂ ਸੰਪਟ ਅਖੰਡ ਪਾਠ ਸਾਹਿਬ ਦਿਨ ਸੋਮਵਾਰ ਮਿਤੀ 20 ਅਪ੍ਰੈਲ ਤੋਂ 26 ਅਪ੍ਰੈਲ ਤੱਕ ਗੁਰਦੁਆਰਾ ਦਰਬਾਰ ਸ੍ਰੀ ਅੰਗਦ ਸਾਹਿਬ ਸਰਹੰਦੀ ਗੇਟ, ਪਟਿਆਲਾ ਵਿਖੇ ਇਸ ਸਾਲ ਵੀ ਸਮਾਗਮ ਹੋ ਰਿਹਾ ਹੈ। ਇਸ ਮੌਕੇ ਸਵੇਰੇ ਅਤੇ ਸ਼ਾਮ ਦੇ ਪ੍ਰੋਗਰਾਮਾਂ ਵਿਚ ਗੁਰੂ ਘਰ ਦੇ ਕੀਰਤਨੀਏ ਅਤੇ ਕਥਾ ਵਾਚਕ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕਰਨਗੇ। ਗੁਰੂ ਕੇ ਲੰਗਰ ਅਤੁਟ ਵਰਤਣਗੇ।

## ਰਣਧੀਰ ਸਿੰਘ ਰੱਖੜਾ ਵੱਲੋਂ ਕੁਲਵਿੰਦਰ ਸਿੰਘ ਲਵਲੀ ਦਾ ਸਨਮਾਨ



ਪਟਿਆਲਾ, 24 ਅਪ੍ਰੈਲ (ਚ.ਨ.ਸ) : ਕੁਲਵਿੰਦਰ ਸਿੰਘ ਲਵਲੀ ਨੂੰ ਸ਼੍ਰੋਮਣੀ ਅਕਾਲੀ ਦੱਲ ਪੁਨਰ ਸੁਰਜੀਤ ਪਾਰਟੀ ਦਾ ਮੁੱਖ ਬੁਲਾਰਾ ਅਤੇ ਜਰਨਲ ਸਕੱਤਰ ਬਣਨ 'ਤੇ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਰੱਖੜਾ ਨੇ ਸਨਮਾਨਿਤ ਕੀਤਾ। ਇਸ ਸਮੇਂ ਕੁਲਵਿੰਦਰ ਸਿੰਘ ਲਵਲੀ ਨੇ ਕਿਹਾ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਜੋ ਐਲਾਨ ਨਾਮਾ ਤਿਆਰ ਕੀਤਾ ਹੈ ਉਹ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਨੁਹਾਰ ਬਦਲੇਗਾ ਅਤੇ ਪੰਥ ਵਿੱਚ ਇਕ ਨਵੀਂ ਰੂਹ ਫੂਕੀ ਜਾਵੇਗੀ। ਉਨ੍ਹਾਂ ਕਿਹਾ ਭਾਈ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਵਾਰਿਸ ਪੰਜਾਬ ਨਾਲ ਸਮਝੌਤਾ ਕਰਨਾ ਸ਼ਲਾਘਾਯੋਗ ਉੱਦਮ ਹੈ, ਜਿਸ ਵਿਚ ਪ੍ਰਧਾਨ ਸਾਹਿਬ ਦੀ ਦੂਰਅੰਦੇਸ਼ੀ ਹੈ ਅਤੇ ਸਿੱਖਾ ਵਿਚ ਖੁਸ਼ੀ ਦੀ ਲਹਿਰ ਹੈ। ਜਦੋਂ ਗੁਰੂ ਦੀ ਵਿਚਾਰਧਾਰਾ ਨਾਲ ਚੱਲਣ ਵਾਲੇ ਲੋਕ ਇਕੱਠੇ ਹੋਣਗੇ ਤਾਂ ਪੰਥ ਇੱਕ ਨਵਾਂ ਰੂਪ ਧਾਰਨ ਕਰੇਗਾ ਉਨ੍ਹਾਂ ਨੇ ਇਸ ਸਮਝੌਤੇ ਨੂੰ ਨੇਪਰੇ ਚਾੜ੍ਹਨ ਵਿੱਚ ਇਆਲੀ ਦੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ ਅਤੇ ਸ. ਸੁਰਜੀਤ ਸਿੰਘ ਰੱਖੜਾ ਨੇ ਭਾਈ ਗੁਰਜੀਤ ਸਿੰਘਜੋ ਟਾਵਰ ਤੇ ਲਮਾ ਸਮਾਂ ਬੈਠੇ ਸੀ ਉਨ੍ਹਾਂ ਦੀ ਪੰਥਕ ਸੋਚ ਨੂੰ ਸਮਝਦੇ ਹੋਏ ਉਨ੍ਹਾਂ ਦਾ ਦਿਲੋਂ ਸਾਥ ਦਿੱਤਾ। ਆਉਣ ਵਾਲਾ ਸਮਾਂ ਪੁਨਰ ਸੁਰਜੀਤ ਅਕਾਲੀ ਦੱਲ ਅਤੇ ਹਮਖਿਆਲੀ ਪਾਰਟੀਆਂ ਦਾ ਹੈ ਜੋ ਪੰਜਾਬ ਅਤੇ ਪੰਜਾਬੀਆਂ ਲਈ ਤਰੱਕੀ ਦਾ ਰਾਹ ਸਾਬਿਤ ਹੋਵੇਗੀ।

## ਕੁੱਟਮਾਰ ਸਬੰਧੀ ਮਾਮਲਾ ਦਰਜ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਈਨ ਪਟਿਆਲਾ ਪੁਲਿਸ ਕੋਲ ਗੀਨਾ ਪਤਨੀ ਮੰਗਤ ਰਾਮ ਵਾਸੀ ਵਾਰਡ ਨੰ. 1 ਬਾਜੀਗਰ ਬਸਤੀ ਅਬਲੋਵਾਲ ਪਟਿਆਲਾ ਨੇ ਕਥਿਤ ਦੋਸ਼ੀਆਂ ਮੰਗਤ ਰਾਮ, ਪ੍ਰਕਾਸ਼ ਸਿੰਘ ਵਾਸੀ ਬਾਜ਼ੀਗਰ ਬਸਤੀ ਨਾਭਾ ਰੋਡ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਮੰਗਤ ਰਾਮ, ਉਸ ਦਾ ਪਤੀ ਹੈ ਅਤੇ ਪ੍ਰਕਾਸ਼ ਸਿੰਘ ਸਹੁਰਾ ਹੈ, ਜੋ ਕਥਿਤ ਦੋਸ਼ੀਆਂ ਨੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115(2), 126(2), 351(2),3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## 'ਅਸੀਂ ਜਿੱਤ ਗਏ ਓਏ': ਭਾਈ ਗੁਰਜੀਤ ਸਿੰਘ ਖ਼ਾਲਸਾ

### ਟਾਵਰ ਤੋਂ ਉੱਤਰ ਕੇ ਭਾਈ ਖ਼ਾਲਸਾ ਨੇ ਧਰਤੀ ਮਾਤਾ ਨੂੰ ਨਮਸਕਾਰ ਕੀਤਾ



ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ) : ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਨੂੰਨ ਬਨਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਸ਼ੁੱਕਰਵਾਰ ਸਵੇਰੇ ਜ਼ਿਲ੍ਹਾ ਪਟਿਆਲਾ ਪ੍ਰਸ਼ਾਸਨ ਵੱਲੋਂ 400 ਫੁੱਟ ਉੱਚੇ ਟਾਵਰ ਤੋਂ ਸੁਰੱਖਿਅਤ ਹੇਠਾਂ ਉਤਾਰ ਲਿਆ ਗਿਆ ਹੈ। ਭਾਈ ਗੁਰਜੀਤ ਸਿੰਘ ਨੂੰ ਟਾਵਰ ਤੋਂ ਹੇਠਾਂ ਉਤਾਰਨ ਲਈ ਲਗਭਗ 2 ਘੰਟੇ ਦਾ ਸਮਾਂ ਲੱਗਿਆ। ਟਾਵਰ ਤੋਂ ਹੇਠਾਂ ਉਤਰਦੇ ਹੀ ਭਾਈ ਗੁਰਜੀਤ ਸਿੰਘ ਖਾਲਸਾ ਨੇ ਧਰਤੀ ਮਾਤਾ ਨੂੰ ਨਮਸਕਾਰ ਕੀਤਾ, ਅਤੇ ਫਿਰ ਉੱਚੀ ਆਵਾਜ਼ ਵਿੱਚ ਕਿਹਾ ਕਿ ਅਸੀਂ ਜਿੱਤ ਗਏ ਓਏ।ਓਪਰੰਤ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰੇ ਲਗਾਉਂਦੇ ਹੋਏ ਉਨ੍ਹਾਂ ਨੇ ਐਸ.ਡੀ.ਐਮ. ਰਿਚਾ ਗੋਇਲ, ਡੀ.ਐਸ.ਪੀ. ਫਤਿਹ ਸਿੰਘ ਬਰਾੜ ਅਤੇ ਸਮੁੱਚੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਇਸ ਉਪਰੰਤ ਉਨ੍ਹਾਂ ਦੀ ਮਾਹਿਰ ਡਾਕਟਰਾਂ ਵੱਲੋਂ ਮੈਡੀਕਲ ਜਾਂਚ ਤੋ ਬਾਅਦ ਉਨ੍ਹਾਂ ਨੂੰ ਮੁਹੱਲਾ ਅਮਾਮਗੜ੍ਹ ਸਥਿਤ ਉਨ੍ਹਾਂ ਦੀ ਮਾਸੀ ਦੇ ਘਰ ਲਿਜਾਇਆ ਗਿਆ। ਮਾਸੀ ਦੇ ਘਰ ਮੀਡੀਆ ਨਾਲ ਗੱਲਬਾਤ ਕਰਦਿਆਂ ਭਾਈ ਗੁਰਜੀਤ ਸਿੰਘ ਖਾਲਸਾ ਨੇ ਕਿਹਾ ਕਿ ਬੇਅਦਬੀ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਨੂੰਨ ਬਣਾਉਣ ਦੀ ਉਨ੍ਹਾਂ ਦੀ ਮੰਗ ਨੂੰ ਭਾਵੇਂ 18 ਮਹੀਨਿਆਂ ਤੋਂ ਵੱਧ ਦਾ ਸਮਾਂ ਲਗ ਗਿਆ, ਪਰ ਉਨ੍ਹਾਂ ਦੇ ਸੰਘਰਸ਼ ਨੂੰ ਸਫਲਤਾ 24 ਫਰਵਰੀ 2026 ਤੋਂ ਬਾਅਦ ਉਦੋਂ ਮਿਲੀ, ਜਦੋਂ ਉਨ੍ਹਾਂ ਦਾ ਸਾਥ ਦੇਣ ਵਾਲੀ ਸੰਗਤ ਨੇ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਧਰਮ ਯੁੱਧ ਮੋਰਚਾ ਲਗਾ ਦਿੱਤਾ। ਇਸ ਤੋਂ ਬਾਅਦ ਹੀ ਸਰਕਾਰੀ ਤੰਤਰ ਹਰਕਤ ਵਿੱਚ ਆਇਆ ਅਤੇ ਉਨ੍ਹਾਂ ਦੀ ਆਵਾਜ਼ ਸਰਕਾਰ ਤੱਕ ਪਹੁੰਚੀ। ਇਸ ਤੋਂ ਬਾਅਦ ਭਾਈ ਗੁਰਜੀਤ ਸਿੰਘ ਖਾਲਸਾ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿਖੇ ਪਹੁੰਚੇ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 22 ਅਪ੍ਰੈਲ ਤੋਂ ਪ੍ਰਕਾਸ਼ ਕੀਤਾ ਗਿਆ ਸੀ, ਉਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਅਤੇ ਆਸ਼ੀਰਵਾਦ ਲਿਆ। ਧਰਮ ਯੁੱਧ ਮੋਰਚਾ ਕਮੇਟੀ ਵੱਲੋਂ ਲਗਾਈ ਸਟੇਜ 'ਤੇ ਸੰਗਤ ਦੇ ਸਨਮੁਖ ਹੁੰਦਿਆਂ ਪੰਜ ਜੈਕਾਰੇ ਲਗਾ ਕੇ ਸੰਗਤ ਦਾ ਧੰਨਵਾਦ ਕੀਤਾ।

## ਸ੍ਰੀ ਕਾਲੀ ਮਾਤਾ ਮੰਦਰ ਨੇੜੇ ਪੈਂਡਿੰਗ 'ਰਜਿੰਦਰਾ ਲੇਕ' ਪ੍ਰੋਜੈਕਟ ਨੂੰ ਮਿਲੀ ਰਫ਼ਤਾਰ

### ਮੇਅਰ ਕੁੰਦਨ ਗੋਗੀਆ ਵੱਲੋਂ ਮੌਕੇ ਦਾ ਜਾਇਜ਼ਾ



ਪਟਿਆਲਾ, 24 ਅਪ੍ਰੈਲ (ਚ.ਨ.ਸ) : ਸ਼ਾਹੀ ਸ਼ਹਿਰ ਪਟਿਆਲਾ ਦੇ ਇਤਿਹਾਸਕ ਅਤੇ ਪ੍ਰਸਿੱਧ ਸ੍ਰੀ ਕਾਲੀ ਮਾਤਾ ਮੰਦਰ ਦੇ ਬਿਲਕੁਲ ਨਜ਼ਦੀਕ ਸਥਿਤ ਰਜਿੰਦਰਾ ਲੇਕ ਦੀ ਨੁਹਾਰ ਬਦਲਣ ਲਈ ਲੰਬੇ ਸਮੇਂ ਤੋਂ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਮੇਅਰ ਕੁੰਦਨ ਗੋਗੀਆ ਦੀ ਪਹਿਲ ਸਦਕਾ ਮੁੜ ਰਫ਼ਤਾਰ ਮਿਲੀ ਹੈ। ਮੇਅਰ ਨੇ ਅੱਜ ਖੁਦ ਲੇਕ ਦਾ ਦੌਰਾ ਕੀਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਦੇ ਸਖ਼ਤ ਨਿਰਦੇਸ਼ ਦਿੱਤੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਰਜਿੰਦਰਾ ਲੇਕ ਸ਼ਹਿਰ ਦੀ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਦਾ ਪ੍ਰਤੀਕ ਹੈ। ਇਸ ਪ੍ਰੋਜੈਕਟ ਦੇ ਤਹਿਤ ਲੇਕ ਦੀ ਮੁਕੰਮਲ ਸਫ਼ਾਈ ਕੀਤੀ ਜਾਵੇਗੀ ਅਤੇ ਪਾਣੀ ਦੀ ਗੁਣਵੱਤਾ ਨੂੰ ਬਰਕਰਾਰ ਰੱਖਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ। ਇਸ ਤੋਂ ਇਲਾਵਾ, ਲੇਕ ਦੇ ਆਲੇ-ਦੁਆਲੇ ਹਰਿਆਲੀ ਵਧਾਉਣ ਲਈ ਨਵੀਂ ਪਲਾਨਿੰਗ ਕੀਤੀ ਗਈ ਹੈ ਅਤੇ ਲੋਕਾਂ ਦੇ ਟਹਿਲਣ ਲਈ ਵਾਕਿੰਗ ਟਰੈਕ ਅਤੇ ਬੈਠਣ ਲਈ ਆਧੁਨਿਕ ਬੈਂਚ ਲਗਾਏ ਜਾਣਗੇ। ਮੇਅਰ ਨੇ ਸਪੱਸ਼ਟ ਕੀਤਾ ਕਿ ਲੇਕ 'ਤੇ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰੇ ਅਤੇ ਰਾਤ ਦੇ ਸਮੇਂ ਲਈ ਖ਼ੂਬਸੂਰਤ ਲਾਈਟਿੰਗ ਦਾ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਹਦਾਇਤ ਕੀਤੀ ਕਿ ਕੰਮ ਦੀ ਗੁਣਵੱਤਾ ਵਿੱਚ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਸਾਰਾ ਪ੍ਰੋਜੈਕਟ ਤੈਅ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾਵੇ ਤਾਂ ਜੋ ਲੋਕ ਇਸ ਦਾ ਆਨੰਦ ਮਾਣ ਸਕਣ। ਪਿਛਲੇ ਕਈ ਸਾਲਾਂ ਤੋਂ ਇਸ ਪ੍ਰੋਜੈਕਟ ਦੇ ਲਟਕਣ ਕਾਰਨ ਸ਼ਹਿਰ ਵਾਸੀਆਂ ਵਿੱਚ ਨਿਰਾਸ਼ਾ ਸੀ, ਪਰ ਮੇਅਰ ਕੁੰਦਨ ਗੋਗੀਆ ਵੱਲੋਂ ਕੀਤੀ ਗਈ ਇਸ ਨਿੱਜੀ ਪਹਿਲ ਨੇ ਲੋਕਾਂ ਵਿੱਚ ਮੁੜ ਉਮੀਦ ਜਗਾਈ ਹੈ। ਸ਼ਹਿਰ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਮੀਦ ਜਤਾਈ ਕਿ ਜਲਦ ਹੀ ਰਜਿੰਦਰਾ ਲੇਕ ਪਟਿਆਲਾ ਦੇ ਮੁੱਖ ਸੈਰ-ਸਪਾਟਾ ਕੇਂਦਰ ਵਜੋਂ ਉਭਰੇਗੀ। ਇਸ ਮੌਕੇ ਨਗਰ ਨਿਗਮ ਦੇ ਇੰਜੀਨੀਅਰਿੰਗ ਵਿਭਾਗ ਦੇ ਉੱਚ ਅਧਿਕਾਰੀ ਅਤੇ ਹੋਰ ਸਟਾਫ਼ ਮੈਂਬਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਜੇਲ੍ਹ ਮੰਤਰੀ ਵੱਲੋਂ ਪਟਿਆਲਾ ਸੈਂਟਰਲ ਜੇਲ੍ਹ ਵਿਖੇ ਉਜਾਲਾ ਨਰਸਰੀ ਅਤੇ ਨਵੀਂ ਲਾਇਬ੍ਰੇਰੀ ਦਾ ਉਦਘਾਟਨ



ਪਟਿਆਲਾ, 24 ਅਪ੍ਰੈਲ (ਰੁਪਾਣਾ/ਵਿਨੋਦ ਸ਼ਰਮਾ) : ਪੰਜਾਬ ਦੇ ਸੰਸਦੀ ਮਾਮਲਿਆਂ, ਐਨ.ਆਰ.ਆਈ. ਮਾਮਲਿਆਂ ਅਤੇ ਜੇਲ੍ਹਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਸੈਂਟਰਲ ਜੇਲ੍ਹ ਪਟਿਆਲਾ ਦਾ ਵਿਸ਼ੇਸ਼ ਦੌਰਾ ਕਰਦਿਆਂ ਜੇਲ੍ਹ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਉਜਾਲਾ ਨਰਸਰੀ ਅਤੇ ਨਵੀਂ ਤਿਆਰ ਕੀਤੀ ਗਈ ਜੇਲ੍ਹ ਲਾਇਬ੍ਰੇਰੀ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਉਜਾਲਾ ਨਰਸਰੀ ਦਾ ਮਕਸਦ ਕੈਦੀਆਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਉਨ੍ਹਾਂ ਨੂੰ ਰਚਨਾਤਮਕ ਗਤੀਵਿਧੀਆਂ ਨਾਲ ਜੋੜਨਾ ਹੈ। ਨਵੀਂ ਲਾਇਬ੍ਰੇਰੀ ਕੈਦੀਆਂ ਨੂੰ ਸਿੱਖਿਆ ਅਤੇ ਜਾਣਕਾਰੀ ਪ੍ਰਾਪਤ ਕਰਨ ਦੇ ਵਧੀਆ ਮੌਕੇ ਪ੍ਰਦਾਨ ਕਰੇਗੀ, ਜਿਸ ਨਾਲ ਉਹ ਆਪਣੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆ ਸਕਣਗੇ। ਜੇਲ੍ਹ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਜੇਲ੍ਹਾਂ ਨੂੰ ਸੁਧਾਰ ਅਤੇ ਪੁਨਰਵਾਸ ਦੇ ਕੇਂਦਰਾਂ ਵਿੱਚ ਤਬਦੀਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਲ੍ਹਾਂ ਨੂੰ ਨਸ਼ਾ-ਮੁਕਤ ਬਣਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ ਅਤੇ ਇਸ ਦਿਸ਼ਾ ਵਿੱਚ ਜੇਲ੍ਹ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਉਨ੍ਹਾਂ ਸ਼ਲਾਘਾ ਕੀਤੀ। ਆਪਣੇ ਦੌਰੇ ਦੌਰਾਨ ਮੰਤਰੀ ਨੇ ਜੇਲ੍ਹ ਹਸਪਤਾਲ, ਬੈਰਕਾਂ ਅਤੇ ਆਮ ਆਦਮੀ ਕਲੀਨਿਕ ਸਮੇਤ ਵੱਖ-ਵੱਖ ਇਕਾਈਆਂ ਦੀ ਜਾਂਚ ਕੀਤੀ ਅਤੇ ਕੈਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕੈਦੀਆਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਉਨ੍ਹਾਂ ਦੇ ਸਿਹਤ, ਸਿੱਖਿਆ ਅਤੇ ਪੁਨਰਵਾਸ ਲਈ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਜੇਲ੍ਹ ਵਿਭਾਗ ਦੇ ਸਕੱਤਰ ਮੁਹੰਮਦ ਤਈਅਬ, ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ, ਜੇਲ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ, ਐਡੀਸ਼ਨਲ ਸੁਪਰਡੈਂਟ ਜੈਦੀਪ ਸਿੰਘ, ਐਡੀਸ਼ਨਲ ਸੁਪਰਡੈਂਟ ਅਰਪਣਜੋਤ ਸਿੰਘ, ਡਿਪਟੀ ਸੁਪਰਡੈਂਟ ਸਿਕਿਉਰਿਟੀ ਆਦਰਸ਼ਪਾਲ ਸਿੰਘ ਅਤੇ ਸਹਾਇਕ ਕਰਨਵੀਰ ਸਿੰਘ ਮੌਜੂਦ ਸਨ।

## ਮਿਲੇਨੀਅਮ ਵਰਲਡ ਸਕੂਲ ਵੱਲੋਂ ਇਨਾਮ ਵੰਡ ਸਮਾਰੋਹ



ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ): ਮਿਲੇਨੀਅਮ ਵਰਲਡ ਸਕੂਲ, ਸਮਾਣਾ ਵੱਲੋਂ ਵਿਦਿਆਰਥੀਆਂ ਦੀਆਂ ਉਪਲਬਧੀਆਂ ਨੂੰ ਸਨਮਾਨਿਤ ਕਰਨ ਲਈ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਵਿੱਚ ਵਿਦਿਆਰਥੀ, ਮਾਪੇ ਅਤੇ ਸਕੂਲ ਦਾ ਸਟਾਫ ਵੱਡੀ ਗਿਣਤੀ ਵਿੱਚ ਸ਼ਾਮਲ ਹੋਇਆ। ਸਮਾਰੋਹ ਦੀ ਸ਼ੁਰੂਆਤ ਧਾਰਮਿਕ ਗੀਤ ਨਾਲ ਕੀਤੀ। ਮੁੱਖ ਮਹਿਮਾਨ ਮਨਿਕ ਰਾਜ ਸਿੰਗਲਾ ਤੇ ਚੇਅਰਮੈਨ ਡਾ. ਕੇ. ਕੇ. ਜੌਹਰੀ ਨੇ ਦੀਪ ਜਲਾ ਕੇ ਸਮਾਗਮ ਦੀ ਸ਼ੁਰੂਆਤ ਕੀਤੀ। ਸਮਾਰੋਹ 'ਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਚੇਅਰਮੈਨ ਡਾ. ਕੇ. ਕੇ. ਜੌਹਰੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਮਿਸਿਜ਼ ਸ਼ਾਲਿਨੀ ਕਾਜਲਾ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਨੇ ਲੋੜਵੰਦ ਵਿਦਿਆਰਥੀਆਂ ਨੂੰ ਬੂਟ ਵੰਡੇ



ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ): ਸਮਾਜ ਸੇਵੀ ਸੰਸਥਾ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਦੀ ਅਗਵਾਈ ਵਿੱਚ ਆਪਣੇ ਸਮਾਜ ਸੇਵੀ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਸਾਧੂਗੜ੍ਹ ਵਿਖੇ ਲੋੜਵੰਦ ਵਿਦਿਆਰਥੀਆਂ ਨੂੰ ਬੂਟ ਵੰਡੇ। ਇਸ ਮੌਕੇ ਬਲਾਕ ਐਜੂਕੇਸ਼ਨ ਅਫਸਰ ਗੁਰਪ੍ਰੀਤ ਸਿੰਘ ਗੋਲਡੀ ਦੇ ਦੱਸਣ ਅਨੁਸਾਰ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਸਾਧੂਗੜ੍ਹ ਵਿਖੇ ਲੋੜਵੰਦ ਵਿਦਿਆਰਥੀਆਂ ਨੂੰ ਬੂਟ ਵੰਡੇ ਗਏ। ਇਸ ਮੌਕੇ ਸਕੂਲ ਦੇ ਮੈਡਮ ਸ਼ਿਲਕੀ ਨੇ ਸੰਸਥਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਿਵ ਸੰਕਰ ਯੂਥ ਸੇਵਾ ਦਲ ਵਰਗੀਆਂ ਸਮਾਜ ਸੇਵੀ ਸੰਸਥਾਵਾਂ ਵੱਲੋਂ ਸਕੂਲ ਦੇ ਵਿਦਿਆਰਥੀਆਂ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਜਾਂਦਾ ਹੈ।

## ਪਬਲਿਕ ਕਾਲਜ 'ਚ ਵਿਸ਼ਵ ਧਰਤੀ ਦਿਵਸ ਮੌਕੇ ਪੌਦੇ ਲਗਾਏ



ਸਮਾਣਾ, 24 ਅਪ੍ਰੈਲ, (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਦੇ ਸਾਇੰਸ ਵਿਭਾਗ ਅਤੇ ਈਕੋ ਕਲੱਬ ਵੱਲੋ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ ਜਿਸ ਦਾ ਵਿਸ਼ਾ ਸਾਡੀ ਸ਼ਕਤੀ, ਸਾਡਾ ਗ੍ਰਹਿ ਸੀ। ਇਸ ਮੌਕੇ ਕਾਲਜ ਦੇ ਬੋਟੈਨੀਕਲ ਗਾਰਡਨ ਵਿੱਚ ਪੌਦੇ ਲਗਾਉਣ ਦੀ ਮੁਹਿੰਮ ਆਯੋਜਿਤ ਕਰਵਾਈ ਗਈ। ਇਸ ਮੁਹਿੰਮ ਦੀ ਸ਼ੁਰੂਆਤ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵੱਖ-ਵੱਖ ਤਰ੍ਹਾਂ ਦੇ ਬੂਟੇ ਲਗਾ ਕੇ ਕੀਤੀ। ਇਸ ਮੌਕੇ ਡਾ. ਪੋਲੀਟੀਕਲ ਸਾਇੰਸ ਵਿਭਾਗ ਤੋ ਇਲਾਵਾ ਈਕੋ ਕਲੱਬ ਅਤੇ ਸਾਇੰਸ ਵਿਭਾਗ ਦੇ ਅਧਿਆਪਕਾ ਨੇ ਵੱਖ-ਵੱਖ ਤਰ੍ਹਾਂ ਦੇ ਫੁੱਲਾਂ ਦੇ ਬੂਟੇ ਲਗਾ ਕੇ ਇਸ ਮੁਹਿੰਮ ਵਿੱਚ ਆਪਣਾ ਯੋਗਦਾਨ ਮੋਨੀਟਾ ਸਲੂਜਾ, ਮੁੱਖੀ ਅੰਗਰੇਜੀ ਵਿਭਾਗ ਅਤੇ ਪ੍ਰੋ. ਹਰਪ੍ਰੀਤ ਕੌਰ, ਮੁੱਖੀ ਪਾਇਆ। ਕਾਲਜ ਪ੍ਰਿੰਸੀਪਲ ਨੇ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਇਸ ਮੁਹਿੰਮ ਨੂੰ ਭਵਿੱਖ ਵਿੱਚ ਵੀ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਲਈ ਕਾਲਜ ਦੇ ਸਾਇੰਸ ਵਿਭਾਗ, ਈਕੋ ਕਲੱਬ ਅਤੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਇਸ ਮੌਕੇ ਸਾਇੰਸ ਵਿਭਾਗ ਅਤੇ ਈਕੋ ਕਲੱਬ ਦੇ ਅਧਿਆਪਕ ਡਾ. ਹਰਨੀਤ ਕੌਰ, ਡਾ. ਨਿਧੀ ਬਾਂਸਲ, ਡਾ. ਇੰਦਰਪ੍ਰੀਤ ਸਿੰਘ ਗਰੋਵਰ, ਡਾ. ਰੁਪਿੰਦਰ ਕੌਰ (ਕੈਮਿਸਟਰੀ ਵਿਭਾਗ), ਪ੍ਰੋ. ਕੁਲਜੀਤ ਕੌਰ, ਪ੍ਰੋ. ਪੂਨਮ ਧੀਮਾਨ, ਡਾ. ਪੀ.ਐਸ. ਸੰਧੂ ਅਤੇ ਪ੍ਰੋ. ਸਿਮਰਨ ਮੌਜੂਦ ਰਹੇ।

## ਜ਼ਿਲ੍ਹਾ ਬਾਰ ਐਸੋਸੀਏਸ਼ਨ ਨੇ ਅੱਜ ਰੱਖਿਆ ਨੋ-ਵਰਕ ਦਿਵਸ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਜ਼ਿਲ੍ਹਾ ਬਾਰ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਬਾਰ ਦੇ ਸਮੂਹ ਮੈਂਬਰਾਂ ਅਤੇ ਜ਼ਿਲ੍ਹਾ ਬਾਰ ਦੇ ਪ੍ਰਧਾਨ ਐਡਵੋਕੇਟ ਮਨਵੀਰ ਸਿੰਘ ਟਿਵਾਣਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਫੈਸਲਾ ਲਿਆ ਅਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਵੱਲੋਂ ਅੱਜ ਨੋ-ਵਰਕ ਦਿਵਸ ਦੇ ਤੌਰ 'ਤੇ ਮਨਾਇਆ ਗਿਆ ਅਤੇ ਇਹ ਨੋ-ਵਰਕ ਦੀ ਕਾਲ ਜੋ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਵੱਲੋਂ ਦਿੱਤੀ ਗਈ ਸੀ, ਉਸ ਸਬੰਧੀ ਵਕੀਲਾਂ ਅਤੇ ਬਾਰ ਦੇ ਮੈਂਬਰਾਂ ਨੇ ਜੋ ਅਪੁਆਇੰਟਮੈਂਟ ਆਫ ਸਰਪੰਚ ਜੋ ਮੀਡੀਏਟਰ ਦੇ ਤੌਰ 'ਤੇ ਹੈਲਪ ਡੈਸਕ ਜੋ ਕਿ ਫੈਮਿਲੀ ਕੋਰਟਸ ਅਤੇ ਸਪੈਸ਼ਲ ਕੋਰਟਸ ਦੇ ਬਾਹਰ ਲਗਾਏ ਗਏ ਹਨ, ਉਸ ਦਾ ਜ਼ਿਲ੍ਹਾ ਬਾਰ ਨੇ ਕਡੈਮਨ ਕੀਤਾ ਹੈ।

## ਕੋਆਪਰੇਟਿਵ ਸੁਸਾਇਟੀ ਦੀ ਚੋਣ



ਸਮਾਣਾ, 24 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾ) : ਪਿੰਡ ਕੁਲਾਰਾਂ ਵਿਖੇ ਕੋਆਪਰੇਟ ਸੁਸਾਇਟੀ ਦੀ ਚੋਣ ਹੋਈ, ਜਿਸ ਵਿੱਚ 11 ਮੈਂਬਰਾਂ ਨੇ ਜਿੱਤ ਹਾਸਿਲ ਕੀਤੀ। ਚੋਣ ਵਿੱਚ ਗੁਰਚਰਨ ਸਿੰਘ, ਜਸਵਿੰਦਰ ਕੌਰ, ਨਛੱਤਰ ਕੌਰ, ਸਤਪਾਲ ਸਿੰਘ,ਭਿੰਦਰ ਸਿੰਘ,ਲਾਡੀ ਸਿੰਘ, ਹਰਸਤਿੰਦਰ ਸਿੰਘ,ਗਿਆਨ ਸਿੰਘ, ਪਿਆਰਾ ਸਿੰਘ, ਅਵਤਾਰ ਸਿੰਘ, ਰਾਜਿੰਦਰ ਕੌਰ ਜੇਤੂ ਉਮੀਦਵਾਰ ਰਹੇ। ਇਸ ਮੌਕੇ ਬਲਾਕ ਆਮ ਆਦਮੀ ਪਾਰਟੀ ਪ੍ਰਧਾਨ ਡਾਕਟਰ ਮੁਕੇਸ਼ ਕੁਮਾਰ ਸ਼ਰਮਾ ਦੱਸਿਆ ਕਿ ਜੇਤੂ ਮੈਂਬਰਾ ਵਿੱਚੋਂ ਸੱਤ ਆਮ ਆਦਮੀ ਪਾਰਟੀ ਦੇ ਮੈਂਬਰ ਹਨ ਉਨ੍ਹਾਂ ਕਿਹਾ ਕਿ ਐਮਐਲਏ ਕੁਲਵੰਤ ਸਿੰਘ ਦੀ ਰਹਿਨੁਮਾਈ ਹੇਠ ਪ੍ਰਧਾਨਗੀ ਦੀ ਚੋਣ ਕਰਕੇ ਕੋਆਪਰੇਟ ਸੁਸਾਇਟੀ ਦਾ ਕੰਮ ਬਹੁਤ ਹੀ ਵਧੀਆ ਤਰੀਕੇ ਨਾਲ ਚਲਾਇਆ ਜਾਵੇਗਾ। ਇਸ ਮੌਕੇ ਡਾਕਟਰ ਸ਼ਰਮਾ ਅਤੇ ਗੋਬਿੰਦ ਨਗਰ ਕੁਲਾਰਾਂ ਦੇ ਸਰਪੰਚ ਦਰਸ਼ਨ ਸਿੰਘ ਵੱਲੋਂ ਸਾਰੇ ਜੇਤੂ ਉਮੀਦਵਾਰਾਂ ਨੂੰ ਵਧਾਈਆਂ ਦਿੱਤੀਆਂ ਗਈਆਂ।

## ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਨਰਸਿੰਗ ਵਿਦਿਆਰਥੀਆਂ ਦੇ ਸਹਿਯੋਗ ਨਾਲ ਚਲਾਇਆ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ

### ➢17 ਥਾਵਾਂ 'ਤੇ ਮੱਛਰਾਂ ਦਾ ਲਾਰਵਾ ਪਾਏ ਜਾਣ 'ਤੇ ਕਰਵਾਇਆ ਨਸ਼ਟ: ਡਾ.ਸ਼ੈਲੀ ਜੇਤਲੀ



ਪਟਿਆਲਾ, 24 ਅਪ੍ਰੈਲ (ਰੁਪਾਣਾ) : ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਵਿਸ਼ੇਸ ਤੌਰ 'ਤੇ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ ਚਲਾਇਆ ਗਿਆ, ਜਿਸ ਦੀ ਅਗਵਾਈ ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਨੇ ਕੀਤੀ। ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ/ਕਾਲਜਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰ ਦੇ ਸਹਿਯੋਗ ਨਾਲ ਡੇਂਗੂ ਲਾਰਵੇ ਦੀ ਜਾਂਚ ਲਈ ਲਾਰਵੇ ਦੇ ਹਾਟ-ਸਪਾਟ ਇਲਾਕਿਆਂ ਦੀ ਚੈਕਿੰਗ ਲਈ ਜ਼ਿਲ੍ਹੇ ਭਰ ਵਿੱਚ ਸਪੈਸ਼ਲ ਕੰਪੇਨ ਚਲਾਈ ਗਈ, ਜਿਸ ਤਹਿਤ ਪਟਿਆਲਾ ਸ਼ਹਿਰ ਵਿੱਚ ਲਾਹੌਰੀ ਗੇਟ, ਗੁਰੂ ਨਾਨਕ ਨਗਰ, ਸੁਖਰਾਮ ਕਲੋਨੀ, ਬਡੂੰਗਰ ਆਦਿ ਵਿੱਚ ਜਾ ਕੇ ਚੈਕਿੰਗ ਕੀਤੀ ਗਈ। ਇਸ ਮੌਕੇ ਘਰ-ਘਰ ਜਾ ਕੇ ਆਮ ਜਨਤਾ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਗਈ ਅਤੇ ਪਾਣੀ ਦੇ ਖੜੇ ਸਰੋਤਾਂ ਦੀ ਚੈਕਿੰਗ ਕੀਤੀ ਗਈ। ਜਿਨ੍ਹਾਂ ਘਰਾਂ ਅਤੇ ਥਾਵਾਂ ਵਿੱਚ ਡੇਂਗੂ ਦਾ ਲਾਰਵਾ ਮਿਲਿਆ, ਉਸ ਨੂੰ ਮੌਕੇ 'ਤੇ ਹੀ ਨਸ਼ਟ ਕੀਤਾ ਗਿਆ ਅਤੇ ਚੇਤਾਵਨੀ ਨੋਟਿਸ ਵੀ ਦਿੱਤੇ ਗਏ। ਲੋਕਾਂ ਨੂੰ ਦੱਸਿਆ ਗਿਆ ਕਿ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਆਪਣੇ ਘਰਾਂ ਦੀਆਂ ਛੱਤਾਂ ਜਾਂ ਵਿਹੜੇ ਵਿੱਚ ਪਏ ਕਬਾੜ ਆਦਿ ਸਮਾਨ ਵਿੱਚ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ, ਆਲੇ ਦੁਆਲੇ ਦੀ ਸਾਫ-ਸਫਾਈ ਵੱਲ ਖਾਸ ਧਿਆਨ ਦਿੱਤਾ ਜਾਵੇ। ਇਸ ਅਭਿਆਨ ਵਿੱਚ ਟੀਮਾਂ ਦਾ ਨਿਰੀਖਣ ਸਿਵਲ ਸਰਜਨ ਸਮੇਤ ਜ਼ਿਲ੍ਹਾ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਵੱਲੋਂ ਕੀਤਾ ਗਿਆ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਪਣੇ ਆਲੇ ਦੁਆਲੇ ਦੀ ਸਫਾਈ ਰੱਖੀ ਜਾਵੇ ਅਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ,ਪਾਣੀ ਦੀ ਨਿਕਾਸੀ ਕੀਤੀ ਜਾਵੇ। ਜ਼ਿਲ੍ਹਾ ਐਪੀਡੇਮਿਲੋਜਿਸਟ ਡਾ. ਸੁਮੀਤ ਸਿੰਘ ਨੇ ਦੱਸਿਆ ਕਿ ਡੇਂਗੂ ਵਿਰੋਧੀ ਚਲਾਏ ਡਰਾਈ ਡੇਅ ਅਭਿਆਨ ਅਧੀਨ ਸਟਾਫ ਦੀਆਂ ਟੀਮਾਂ ਨਾਲ ਨਰਸਿੰਗ ਵਿਦਿਆਰਥੀਆਂ ਵੱਲੋਂ ਜ਼ਿਲ੍ਹੇ ਭਰ ਦੇ 16837 ਘਰਾਂ ਵਿਚ ਪਹੁੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ 17 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਸਿਹਤ ਟੀਮਾਂ ਵੱਲੋਂ ਖੁਸ਼ਕ ਦਿਵਸ ਮੁਹਿਮ ਤਹਿਤ 33119 ਤੋਂ ਵੱਧ ਘਰਾਂ ਦਾ ਸਰਵੇ ਕੀਤਾ ਜਾ ਚੁੱਕਾ ਹੈ, ਜਿਹਨਾਂ ਵਿੱਚ 34 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ ਕਿਸੇ ਕਿਸਮ ਦਾ ਬੁਖਾਰ ਹੋਣ ਤੇ ਜਾਂਚ ਕਰਵਾਉਣੀ ਯਕੀਨੀ ਬਣਾਈ ਜਾਵੇ। ਬੁਖਾਰ ਹੋਣ ਦੀ ਸੂਰਤ ਵਿੱਚ ਪੈਰਾਸੀਟਾਮੋਲ ਦੀ ਗੋਲੀ ਹੀ ਲਈ ਜਾਵੇ, ਹੋਰ ਦਵਾਈ ਡਾਕਟਰੀ ਸਲਾਹ ਨਾਲ ਹੀ ਲਈ ਜਾਵੇ। ਲੋਕਾਂ ਨੂੰ ਰਿਪੈਲੈਂਟ ਵਰਤਣ ਦੀ ਸਲਾਹ ਦਿੱਤੀ ਜਾਂਦੀ ਹੈ। ਉਹਨਾਂ ਕਿਹਾ ਕਿ ਇਹ ਗਤੀਵਿਧੀਆਂ ਲਗਾਤਾਰ ਜਾਰੀ ਰਹਿਣਗੀਆਂ।

## ਸ੍ਰੀ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਚੋਣਾਂ 26 ਨੂੰ



ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ) : ਸ੍ਰੀ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ 26 ਅਪ੍ਰੈਲ ਨੂੰ ਅਗਰਵਾਲ ਬਿਰਾਦਰੀ ਦੀਆਂ ਹੋਣ ਵਾਲੀਆਂ ਚੋਣਾਂ ਸਬੰਧੀ ਰਿਟਰਨਿੰਗ ਅਫਸਰ ਐਸ.ਡੀ.ਐਮ. ਰੀਚਾ ਗੋਇਲ ਅਤੇ ਡੀ.ਐਸ.ਪੀ. ਫਤਿਹ ਸਿੰਘ ਬਰਾੜ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਨਿਗਰਾਨੀ ਹੇਠ ਚੋਣ ਕਮੇਟੀ ਅਤੇ ਚੋਣ ਅਮਲੇ ਨਾਲ ਮੀਟਿੰਗ ਕਰਕੇ ਪ੍ਰਬੰਧਾਂ ਦੀ ਸਥਿਤੀ ਬਾਰੇ ਜਾਣਿਆ,ਤੇ ਕਮੇਟੀ ਨੂੰ ਭਰੋਸਾ ਦਿੱਤਾ ਕਿ ਚੋਣਾਂ ਅਮਨ ਸ਼ਾਂਤੀ ਨਾਲ ਕਰਵਾਉਣ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਸਮੂਹ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਭਾਈਚਾਰੇ ਦੀਆਂ ਵੋਟਾਂ ਬਿਨਾਂ ਕਿਸੇ ਪੱਖਪਾਤ ਤੋਂ ਅਮਨ ਸ਼ਾਂਤੀ ਨਾਲ ਪਾਈਆਂ ਜਾਣ। ਇਸ ਮੌਕੇ ਚੋਣ ਕਮੇਟੀ ਚੇਅਰਮੈਨ ਰਾਮ ਬਾਂਸਲ ਨੇ ਦੱਸਿਆ ਕਿ ਅਗਰਵਾਲ ਬਿਰਾਦਰੀ ਦੀਆਂ ਕੁਲ 3566 ਵੋਟਾਂ ਵਿੱਚੋਂ ਪ੍ਰਧਾਨ ਅਤੇ 14 ਮੈਂਬਰਾਂ ਦੀ ਚੋਣ ਹਰ ਤਿੰਨ ਸਾਲ ਬਾਅਦ ਕੀਤੀ ਜਾਂਦੀ ਹੈ। ਜੋ ਸਕੂਲਾਂ, ਮੰਦਰਾਂ ਅਤੇ ਧਰਮਸ਼ਾਲਾ ਦੀ ਦੇਖ-ਰੇਖ ਕਰਦੀ ਹੈ। ਉਹਨਾਂ ਅੱਗੇ ਦੱਸਿਆ ਕਿ ਪ੍ਰਧਾਨਗੀ ਪਦ ਲਈ ਤਿੰਨ ਉਮੀਦਵਾਰ ਦਰਸ਼ਨ ਕੁਮਾਰ ਮਿੱਤਲ, ਦੇਵਕੀ ਨੰਦਨ ਸਿੰਗਲਾ ਅਤੇ ਰਕੇਸ਼ ਕੁਮਾਰ ਗਰਗ ਚੋਣ ਮੈਦਾਨ 'ਚ ਹਨ। 14 ਮੈਂਬਰਾਂ ਵਿੱਚੋਂ ਛੇ ਮੈਂਬਰ ਏ ਜੋਨ ਤੋਂ ਪ੍ਰਵੇਸ਼ ਕੁਮਾਰ, ਡੀ ਜੋਨ ਤੋਂ ਸਾਜਨ ਕੁਮਾਰ ਜਿੰਦਲ, ਈ-ਜੋਨ ਤੋਂ ਸੰਦੀਪ ਬਾਂਸਲ, ਐਫ ਜੋਨ ਤੋਂ ਮਨੀਸ਼ ਅਗਰਵਾਲ, ਜੇ ਜੋਨ ਤੋਂ ਨਵੀਨ ਗੋਇਲ ਅਤੇ ਐਨ ਜੋਨ ਤੋਂ ਬ੍ਰਿਸ਼ਭਾਨ ਕਾਂਸਲ ਬਿਨਾਂ ਮੁਕਾਬਲਾ ਜੇਤੂ ਰਹੇ। ਬਾਕੀ ਰਹਿੰਦੇ ਅੱਠ ਜੋਨਾਂ ਤੋਂ 17 ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਉਹਨਾਂ ਅੱਗੇ ਦੱਸਿਆ ਕਿ 26 ਅਪ੍ਰੈਲ ਦਿਨ ਐਤਵਾਰ ਨੂੰ ਵੋਟਾਂ ਸਵੇਰੇ 8 ਵਜੇ ਤੋਂ ਸਾਮ ਪੰਜ ਵਜੇ ਤੱਕ ਬੈਲਟ ਪੇਪਰਾਂ ਰਾਹੀ ਪੈਣਗੀਆਂ। ਬੈਲਟ ਪੇਪਰ ਤੇ ਨੋਟਾਂ ਦਾ ਨਿਸ਼ਾਨ ਵੀ ਲਗਾਇਆ ਗਿਆ ਹੈ ਜੇ ਕਿਸੇ ਵੋਟਰ ਨੂੰ ਕੋਈ ਉਮੀਦਵਾਰ ਪਸੰਦ ਨਹੀਂ ਤਾਂ ਉਹ ਨੋਟਾਂ ਨੂੰ ਵੋਟ ਪਾ ਸਕਦਾ ਹੈ। ਉਪਰੰਤ 6 ਵਜੇ ਵੋਟਾਂ ਦੀ ਗਿਣਤੀ ਪਬਲਿਕ ਸਕੂਲ ਵਿੱਚ ਕਰਕੇ ਨਤੀਜੇ ਐਲਾਨੇ ਜਾਣਗੇ। ਇਸ ਮੌਕੇ ਮਦਨ ਮਿੱਤਲ, ਸ਼ਸ਼ੀਭੂਸ਼ਣ ਸਿੰਗਲਾ, ਰਜਤ ਗੋਇਲ, ਮਨੀਸ਼ ਰੋਕੀ, ਵਿਨੋਦ ਸਿੰਗਲਾ, ਬੀ ਕੇ ਗੁਪਤਾ, ਤਰਸੇਮ ਗਰਗ, ਜੀਵਨ ਬਘਰੋਲ, ਰਕੇਸ਼ ਕੁਮਾਰ, ਵਿਜੇ ਮਿੱਤਲ ਤੋਂ ਇਲਾਵਾ ਪ੍ਰਸ਼ਾਸਨਿਕ ਅਧਿਕਾਰੀ ਤੇ ਚੋਣ ਅਮਲਾ ਦੇ ਮੁਲਾਜ਼ਮ ਮੌਜੂਦ ਸਨ।